ਵੀਰਵਾਰ, 20 ਅਗਸਤ, 2026
4 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 79

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 20 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਬਜ਼ੁਰਗਾਂ ਵੱਲੋਂ ਬੱਚਿਆਂ ਨੂੰ ਜਾਇਦਾਦ ਤੋਂ ਬੇਦਖਲ ਕਰਨ ਦਾ ਅਧਿਕਾਰ

## ਹਰ ਬੰਦੇ ਨੂੰ ਪੂਰੀ ਜ਼ਿੰਦਗੀ ਮਾਣ ਨਾਲ ਜਿਊਣ ਦਾ ਹੱਕ : ਸੁਪਰੀਮ ਕੋਰਟ

**ਨਵੀਂ ਦਿੱਲੀ (ਨ ਜ਼ ਸ) :** ਸੁਪਰੀਮ ਕੋਰਟ ਨੇ ਬੁੱਧਵਾਰ ਫੈਸਲਾ ਸੁਣਾਇਆ ਕਿ ਬਜ਼ੁਰਗ ਨਾਗਰਿਕ ਆਪਣੇ ਬੱਚਿਆਂ ਨੂੰ ਆਪਣੀ ਜਾਇਦਾਦ ਤੋਂ ਬੇਦਖਲ ਕਰ ਸਕਦੇ ਹਨ। ਅਦਾਲਤ ਨੇ ਕਿਹਾ ਕਿ ਵਧਦੀ ਉਮਰ ਅਸੁਰੱਖਿਆ ਜਾਂ ਅਪਮਾਨ ਦੀ ਨਿਸ਼ਾਨੀ ਨਹੀਂ ਹੋਣੀ ਚਾਹੀਦੀ। ਹਰ ਵਿਅਕਤੀ ਨੂੰ ਆਪਣੀ ਪੂਰੀ ਜ਼ਿੰਦਗੀ ਮਾਣ ਨਾਲ ਜਿਊਣ ਦਾ ਅਧਿਕਾਰ ਹੈ।

ਸੁਪਰੀਮ ਕੋਰਟ ਨੇ ਇਲਾਹਾਬਾਦ ਹਾਈ ਕੋਰਟ ਦੇ ਉਸ ਹੁਕਮ ਨੂੰ ਵੀ ਉਲਟਾ ਦਿੱਤਾ, ਜਿਸ ਵਿੱਚ ਟ੍ਰਿਬਿਊਨਲ ਅਦਾਲਤ ਵੱਲੋਂ ਪੁੱਤਰ ਅਤੇ ਨੂੰਹ ਨੂੰ ਘਰ ਤੋਂ ਬੇਦਖਲ ਕਰਨ ਦੇ ਹੁਕਮ ਨੂੰ ਰੱਦ ਕੀਤਾ ਗਿਆ ਸੀ। ਅਦਾਲਤ ਨੇ ਕਿਹਾ ਕਿ ਟ੍ਰਿਬਿਊਨਲ ਨੂੰ ਬਜ਼ੁਰਗਾਂ ਦੀ ਇੱਜ਼ਤ ਦੀ ਰੱਖਿਆ ਲਈ ਜਾਇਦਾਦ ਤੋਂ ਬੱਚਿਆਂ ਨੂੰ ਬੇਦਖਲ ਕਰਨ ਦਾ ਹੁਕਮ ਦੇਣ ਦਾ ਅਧਿਕਾਰ ਹੈ।

ਜਸਟਿਸ ਪੀ ਐੱਸ ਨਰਸਿਮਹਾ ਅਤੇ ਜਸਟਿਸ ਅਲੋਕ ਅਰਾਧੇ ਦੀ ਬੈਂਚ ਨੇ ਕਿਹਾ ਕਿ ਕਾਨੂੰਨ ਦਾ ਉਦੇਸ਼ ਬਜ਼ੁਰਗਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣਾ ਹੈ। ਇੱਕ ਸੱਭਿਅਕ ਸਮਾਜ ਦਾ ਮਿਆਰ ਅਕਸਰ ਆਪਣੇ ਬਜ਼ੁਰਗਾਂ ਨੂੰ ਦਿੱਤੇ ਜਾਣ ਵਾਲੇ ਮਾਣ, ਸਤਿਕਾਰ ਅਤੇ ਸੁਰੱਖਿਆ ਦੁਆਰਾ ਨਿਰਧਾਰਤ ਹੁੰਦਾ ਹੈ। ਇਸ ਮਾਮਲੇ ਵਿੱਚ ਲਖਨਊ ਦੇ ਵਿਕਾਸ ਨਗਰ ਦੇ ਵਸਨੀਕ ਰਵੀ ਕਾਂਤ ਗੁਪਤਾ ਵੱਲੋਂ ਅਪੀਲ ਦਾਇਰ ਕੀਤੀ ਗਈ ਸੀ। 5 ਜੂਨ, 2022 ਨੂੰ ਗੁਪਤਾ ਨੇ ਜ਼ਿਲ੍ਹਾ ਮੈਜਿਸਟਰੇਟ ਕੋਲ ਇੱਕ ਅਰਜ਼ੀ ਦਾਇਰ ਕਰਕੇ ਆਪਣੇ ਪੁੱਤਰ ਨੂੰ ਘਰੋਂ ਕੱਢਣ ਦੀ ਮੰਗ ਕੀਤੀ ਸੀ। ਘਰ ਉਸ ਦੀ ਆਪਣੀ ਜਾਇਦਾਦ ਸੀ। ਇਹ ਮਾਮਲਾ ਉਦੋਂ ਸਾਹਮਣੇ ਆਇਆ, ਜਦੋਂ ਗੁਪਤਾ ਦੀ 81 ਸਾਲਾ ਮਾਂ ਨੂੰ ਆਪਣਾ ਘਰ ਛੱਡ ਕੇ ਇੱਕ ਬਿਰਧ ਆਸ਼ਰਮ ਵਿੱਚ ਰਹਿਣ ਲਈ ਮਜਬੂਰ ਕੀਤਾ ਗਿਆ।

ਐੱਸ ਡੀ ਐੱਮ ਨੇ 15 ਨਵੰਬਰ 2022 ਨੂੰ ਪੁੱਤਰ ਨੂੰ ਘਰੋਂ ਕੱਢਣ ਦਾ ਹੁਕਮ ਦਿੱਤਾ। ਜ਼ਿਲ੍ਹਾ ਮੈਜਿਸਟਰੇਟ ਨੇ 9 ਅਗਸਤ, 2023 ਨੂੰ ਹੁਕਮ ਨੂੰ ਬਰਕਰਾਰ ਰੱਖਦੇ ਹੋਏ ਪੁੱਤਰ ਅਤੇ ਨੂੰਹ ਨੂੰ ਘਰ ਖਾਲੀ ਕਰਨ ਦਾ ਨਿਰਦੇਸ਼ ਦਿੱਤਾ। ਪੁੱਤਰ ਅਤੇ ਨੂੰਹ ਨੇ ਐੱਸ ਡੀ ਐੱਮ ਅਤੇ ਜ਼ਿਲ੍ਹਾ ਮੈਜਿਸਟਰੇਟ ਦੇ ਹੁਕਮਾਂ ਨੂੰ ਇਲਾਹਾਬਾਦ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ। ਹਾਈ ਕੋਰਟ ਨੇ ਕਿਹਾ ਕਿ 2007 ਦਾ ਕਾਨੂੰਨ ਬਜ਼ੁਰਗਾਂ ਨੂੰ ਆਪਣੇ ਬੱਚਿਆਂ ਨੂੰ ਆਪਣੀ ਜਾਇਦਾਦ ਤੋਂ ਬੇਦਖਲ ਕਰਨ ਦਾ ਅਧਿਕਾਰ ਨਹੀਂ ਦਿੰਦਾ ਸੀ। ਇਸ ਤੋਂ ਬਾਅਦ ਦੋਵੇਂ ਹੁਕਮ ਰੱਦ ਕਰ ਦਿੱਤੇ ਗਏ।

ਸੁਪਰੀਮ ਕੋਰਟ ਨੇ ਕਿਹਾ ਕਿ ਹਾਈ ਕੋਰਟ ਨੇ ਟ੍ਰਿਬਿਊਨਲ ਦੇ ਹੁਕਮਾਂ ਵਿੱਚ ਦਖਲ ਦੇ ਕੇ ਗਲਤੀ ਕੀਤੀ ਹੈ। ਇਸ ਨੇ ਸਪੱਸ਼ਟ ਕੀਤਾ ਕਿ ਟ੍ਰਿਬਿਊਨਲ ਜੇ ਰੱਖ-ਰਖਾਅ ਅਤੇ ਸੁਰੱਖਿਆ ਨੂੰ ਸੁਰੱਖਿਅਤ ਕਰਨ ਲਈ ਜ਼ਰੂਰੀ ਸਮਝਦਾ ਹੈ ਤਾਂ ਉਹ ਬੇਦਖਲੀ ਦਾ ਹੁਕਮ ਦੇ ਸਕਦਾ ਹੈ।

• ਬਾਕੀ ਸਫਾ 2 'ਤੇ

## ਪੀ ਐੱਮ ਕੇਅਰਜ਼ ਫੰਡ ਸਕੂਲਾਂ ਦੀ ਹਾਲਤ ਸੁਧਾਰਨ ਲਈ ਖਰਚਿਆ ਜਾਵੇ : ਦੀਪਕੇ



**ਨਵੀਂ ਦਿੱਲੀ (ਨ ਜ਼ ਸ) :** ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਬਾਨੀ ਅਭਿਜੀਤ ਦੀਪਕੇ ਨੇ ਬੁੱਧਵਾਰ ਕਿਹਾ ਕਿ ਪੀ ਐੱਮ ਕੇਅਰਜ਼ ਫੰਡ ਦੀ ਵਰਤੋਂ ਪੇਂਡੂ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਅਤੇ 1,000 ਤੋਂ ਵੱਧ ਨਵੇਂ ਹਾਈ-ਟੈੱਕ ਸਕੂਲ ਬਣਾਉਣ ਲਈ ਕੀਤੀ ਜਾ ਸਕਦੀ ਹੈ। ਇੱਕ ਆਡਿਟ ਰਿਪੋਰਟ ਮੁਤਾਬਕ ਪੀ ਐੱਮ ਕੇਅਰਜ਼ ਫੰਡ ਵਿੱਚ 31 ਮਾਰਚ 2025 ਤੱਕ 8,452 ਕਰੋੜ ਰੁਪਏ ਜਮ੍ਹਾਂ ਸਨ। ਦੀਪਕੇ ਨੇ ਕਿਹਾ ਕਿ ਇੱਕ ਪਾਸੇ, 8,500 ਕਰੋੜ ਰੁਪਏ ਅਣਵਰਤੇ ਪਏ ਹਨ, ਦੂਜੇ ਪਾਸੇ ਦੇਸ਼ ਦੇ ਬੱਚੇ ਸਕੂਲ ਜਾਣ ਲਈ ਇੱਕ ਚੰਗੀ ਸੜਕ, ਚੰਗੇ ਬੈਂਚਾਂ ਤੇ ਪੀਣ ਵਾਲੇ ਪਾਣੀ ਲਈ ਰੋ ਰਹੇ ਹਨ। ਇਸ ਪੈਸੇ ਦੀ ਵਰਤੋਂ ਸਕੂਲਾਂ ਲਈ ਕਿਉਂ ਨਹੀਂ ਕੀਤੀ ਜਾ ਸਕਦੀ? ਮੰਨ ਲਈਏ ਕਿ ਇੱਕ ਵਧੀਆ ਸਕੂਲ

• ਬਾਕੀ ਸਫਾ 2 'ਤੇ

# ਭਾਰਤ ਨੇ ਪਾਕਿਸਤਾਨ ਨੂੰ 5-3 ਨਾਲ ਹਰਾਇਆ




### ਭਾਰਤ ਅਗਲੇ ਦੌਰ 'ਚ, ਪਾਕਿਸਤਾਨ ਬਾਹਰ

**ਐਮਸਟਲਵੀਨ (ਹਾਲੈਂਡ)**-ਹਾਕੀ ਵਿਸ਼ਵ ਕੱਪ ਦੇ ਇਕ ਅਹਿਮ ਮੈਚ ਵਿਚ ਭਾਰਤ ਨੇ ਪਾਕਿਸਤਾਨ ਨੂੰ 5-3 ਨਾਲ ਹਰਾ ਕੇ ਅੱਗਲੇ ਦੌਰ ਵਿਚ ਪ੍ਰਵੇਸ਼ ਕਰ ਲਿਆ ਹੈ। ਭਾਰਤੀ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਤੇ ਪਾਕਿਸਤਾਨੀ ਖਿਡਾਰੀਆਂ ਦੀ ਹਰ ਕੋਸ਼ਿਸ ਨੂੰ ਨਾਕਾਮ ਕਰ ਦਿੱਤਾ। ਪਹਿਲੇ ਕੁਆਰਟਰ 'ਚ ਭਾਰਤ 2-0 ਨਾਲ ਅੱਗੇ ਸੀ। ਦੂਜੇ ਕੁਆਰਟਰ 'ਚ ਬਹੁਤ ਤੇਜ ਹਾਕੀ ਖੇਡੀ ਗਈ। ਦੋਨਾਂ ਟੀਮਾਂ ਨੇਂ 15 ਮਿੰਟਾਂ ਵਿੱਚ ਚਾਰ ਗੋਲ ਕੀਤੇ । ਭਾਰਤ ਪਹਿਲੇ ਕੁਆਰਟਰ ਤੋਂ ਬਾਅਦ ਮਜ਼ਬੂਤੀ ਨਾਲ ਕੰਟਰੋਲ ਵਿੱਚ ਦਿਖਾਈ ਦੇ ਰਿਹਾ ਸੀ ਤੇ 3-0 ਦੀ ਬੜ੍ਹਤ ਨਾਲ ਅੱਗੇ ਸੀ। ਪਾਕਿਸਤਾਨ ਨੇ ਜਵਾਬੀ ਹਮਲਾ ਕਰਕੇ ਇਸ ਨੂੰ 3-1 ਕਰ ਦਿੱਤਾ ਪਰ ਭਾਰਤ ਨੇ ਜਲਦੀ ਹੀ 4-1 'ਤੇ ਆਪਣੀ ਤਿੰਨ ਗੋਲਾਂ ਦੀ ਬੜ੍ਹਤ ਨੂੰ ਬਹਾਲ ਕਰ ਦਿੱਤਾ। ਪਾਕਿਸਤਾਨ ਨੇ ਤੁਰੰਤ ਜਵਾਬ ਦਿੰਦਿਆਂ ਸਕੋਰ 4-2 ਕਰ ਦਿੱਤਾ। ਭਾਰਤ ਨੇ ਤੀਜੇ ਕੁਆਰਟਰ 'ਚ ਪੰਜਵਾਂ ਗੋਲ ਪੈਨਲਟੀ ਸਟਰੋਕ ਦੁਆਰਾ ਕਰਕੇ ਸਕੋਰ 5-2 ਕਰ ਦਿੱਤਾ। ਪੈਨਲਟੀ ਸਟਰੋਕ ਹਾਰਦਿਕ ਸਿੰਘ ਨੇ ਲਾਈ। ਆਖਰੀ ਗੋਲ ਪਾਕਿਸਤਾਨ ਨੇ ਕਰਕੇ ਗੋਲਾਂ ਦਾ ਫਰਕ 5-3 ਕਰ ਦਿੱਤਾ। ਹਾਫ ਟਾਈਮ ਦੀ ਸੀਟੀ ਵੱਜਣ ਤੋਂ ਪਹਿਲਾਂ ਸੁਖਜੀਤ ਸਿੰਘ ਨੂੰ ਗ੍ਰੀਨ ਕਾਰਡ ਦਿਖਾਇਆ ਗਿਆ। ਭਾਰਤ ਨੇ ਆਪਣਾ ਪਹਿਲਾ ਮੈਚ ਵੇਲਜ਼ ਖ਼ਿਲਾਫ਼ 3-1 ਨਾਲ ਜਿੱਤਿਆ। ਫਿਰ ਇੰਗਲੈਂਡ ਖ਼ਿਲਾਫ਼ 4-2 ਨਾਲ ਕਰਾਰੀ ਹਾਰ ਦਾ ਸਾਹਮਣਾ ਕਰਨਾ ਪਿਆ ਸੀ।

# ਖੇਡਾਂ ਵਤਨ ਪੰਜਾਬ ਦੀਆਂ 5 ਤੋਂ

**ਚੰਡੀਗੜ੍ਹ (ਗੁਰਜੀਤ ਬਿੱਲਾ) :** ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ' ਦੀ ਸ਼ੁਰੂਆਤ 5 ਸਤੰਬਰ ਨੂੰ ਬਠਿੰਡਾ ਤੋਂ ਹੋਵੇਗੀ ਅਤੇ 29 ਨਵੰਬਰ ਨੂੰ ਪਟਿਆਲਾ ਵਿਖੇ ਇਸ ਦਾ ਸਮਾਪਨ ਹੋਵੇਗਾ। ਇਨ੍ਹਾਂ ਵਿੱਚ 9 ਉਮਰ ਵਰਗਾਂ ਦੇ ਅਧੀਨ 28 ਖੇਡਾਂ ਕਰਵਾਈਆਂ ਜਾਣਗੀਆਂ। ਇਸ ਵਾਰ 10 ਲੱਖ ਤੋਂ ਵੱਧ ਖਿਡਾਰੀ ਹਿੱਸਾ ਲੈਣਗੇ।

ਮਾਨ ਨੇ ਕਿਹਾ ਕਿ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲਿਆਂ ਨੂੰ ਕ੍ਰਮਵਾਰ 10 ਹਜ਼ਾਰ, 7 ਹਜ਼ਾਰ ਅਤੇ 5 ਹਜ਼ਾਰ ਰੁਪਏ ਨਗਦ ਇਨਾਮ ਦਿੱਤਾ ਜਾਵੇਗਾ। ਉਨ੍ਹਾ ਦੱਸਿਆ ਕਿ 3 ਤੋਂ 15 ਸਤੰਬਰ ਤੱਕ ਬਲਾਕ ਪੱਧਰੀ ਅਤੇ 20 ਤੋਂ 30 ਸਤੰਬਰ ਤੱਕ ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਏ ਜਾਣਗੇ, ਜਦੋਂ ਕਿ 10 ਅਕਤੂਬਰ ਤੋਂ 23 ਨਵੰਬਰ ਤੱਕ ਸੂਬਾ ਪੱਧਰੀ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾ ਇਹ ਵੀ ਕਿਹਾ ਕਿ ਇਸ ਵਾਰ 25 ਤੋਂ 28 ਨਵੰਬਰ ਤੱਕ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਪੈਰਾ ਖੇਡਾਂ ਵੀ ਕਰਵਾਈਆਂ ਜਾਣਗੀਆਂ। ਮੁੱਖ ਮੰਤਰੀ ਨੇ ਕਿਹਾ, "ਇਨ੍ਹਾਂ ਖੇਡਾਂ ਰਾਹੀਂ ਸਾਡਾ ਉਦੇਸ਼ ਆਪਣੇ ਬੱਚਿਆਂ ਅਤੇ ਨੌਜਵਾਨਾਂ ਨੂੰ ਕੌਮੀ ਅਤੇ ਕੌਮਾਂਤਰੀ ਪੱਧਰ ਦੇ ਮੁਕਾਬਲਿਆਂ ਲਈ ਤਿਆਰ ਕਰਨਾ ਹੈ। 'ਖੇਡਾਂ ਵਤਨ ਪੰਜਾਬ ਦੀਆਂ' ਦੀ ਵਿਸ਼ੇਸ਼ਤਾ ਇਹ ਹੈ ਕਿ ਇਹ ਵੱਖ-ਵੱਖ ਪੀੜ੍ਹੀਆਂ ਨੂੰ ਆਪਸ ਵਿੱਚ ਜੋੜਦੀ ਹੈ। ਪਿਛਲੇ ਐਡੀਸ਼ਨਾਂ ਵਿੱਚ ਇੱਕੋ ਪਰਵਾਰ ਦੀਆਂ ਤਿੰਨ ਪੀੜ੍ਹੀਆਂ, ਜਿਸ ਵਿੱਚ ਦਾਦਾ, ਪਿਤਾ ਅਤੇ ਪੁੱਤਰ ਸ਼ਾਮਲ ਸਨ, ਨੇ ਖੇਡਾਂ ਵਿੱਚ ਹਿੱਸਾ ਲਿਆ ਸੀ।" ਉਨ੍ਹਾ ਕਿਹਾ, 'ਇਸ ਸਾਲ ਬਹੁਤ ਹੀ ਸਰਲ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਕੀਤੀ ਹੈ ਅਤੇ ਰਜਿਸਟ੍ਰੇਸ਼ਨ ਬਿਲਕੁੱਲ ਮੁਫ਼ਤ ਹੈ। ਖੇਡ ਵਿਭਾਗ ਨੇ ਪਹਿਲੀ ਵਾਰ ਕੋਡ ਆਧਾਰਤ ਰਜਿਸਟ੍ਰੇਸ਼ਨ ਸ਼ੁਰੂ ਕੀਤੀ ਹੈ, ਜਿਸ ਨਾਲ ਖਿਡਾਰੀ ਕਿਸੇ ਵੀ ਸਮੇਂ ਅਤੇ ਕਿਤੇ ਵੀ ਰਜਿਸਟਰ ਕਰ ਸਕਦੇ ਹਨ।' ਮੁੱਖ ਮੰਤਰੀ ਨੇ ਦੱਸਿਆ ਕਿ ਖੇਡ ਵਿਭਾਗ ਦੇ ਪੋਰਟਲ ਰਾਹੀਂ ਵੀ ਰਜਿਸਟ੍ਰੇਸ਼ਨ ਕੀਤੀ ਜਾ ਸਕਦੀ ਹੈ ਅਤੇ ਇਹ ਪ੍ਰਕਿਰਿਆ ਪਹਿਲਾਂ ਹੀ ਚੱਲ ਰਹੀ ਹੈ।

ਮੁੱਖ ਮੰਤਰੀ ਨੇ ਦੱਸਿਆ ਕਿ ਪਹਿਲੀ ਵਾਰ ਲੜਕਿਆਂ ਅਤੇ ਲੜਕੀਆਂ ਦੋਵਾਂ ਲਈ ਟੈਨਿਸ ਬਾਲ ਕ੍ਰਿਕਟ ਨੂੰ ਪ੍ਰਦਰਸ਼ਨੀ ਖੇਡ ਵਜੋਂ ਸ਼ਾਮਲ ਕੀਤਾ ਗਿਆ ਹੈ। ਮਸ਼ਾਲ ਮਾਰਚ (ਟਾਰਚ ਰਿਲੇਅ) 12 ਅਗਸਤ ਨੂੰ ਸ਼ੁਰੂ ਹੋਈ ਸੀ ਅਤੇ 5 ਸਤੰਬਰ ਨੂੰ ਆਪਣੀ ਮੰਜ਼ਲ 'ਤੇ ਪਹੁੰਚਣ ਤੋਂ ਪਹਿਲਾਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚੋਂ ਲੰਘੇਗੀ। ਉਨ੍ਹਾ ਕਿਹਾ ਕਿ

• ਬਾਕੀ ਸਫਾ 2 'ਤੇ

## ਐੱਨ ਟੀ ਏ ਤੋਂ ਜਵਾਬ ਤਲਬ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਬੁੱਧਵਾਰ ਨੈਸ਼ਨਲ ਟੈਸਟਿੰਗ ਏਜੰਸੀ (ਐੱਨ ਟੀ ਏ) ਨੂੰ ਰਾਧਾਕ੍ਰਿਸ਼ਨਨ ਪੈਨਲ ਅਤੇ ਨੰਦਨ ਨੀਲੇਕਣੀ ਕਮੇਟੀ ਦੀਆਂ ਸਿਫਾਰਸ਼ਾਂ ਨੂੰ ਲਾਗੂ ਕਰਨ ਲਈ ਚੁੱਕੇ ਗਏ ਕਦਮਾਂ ਬਾਰੇ ਜਾਣਕਾਰੀ ਦੇਣ ਦੇ ਨਿਰਦੇਸ਼ ਦਿੱਤੇ ਹਨ। ਕੋਰਟ ਨੇ ਨੋਟ ਕੀਤਾ ਕਿ ਨੀਟ ਪ੍ਰੀਖਿਆਵਾਂ ਵਿੱਚ ਸੁਧਾਰਾਂ ਨੂੰ ਸੰਸਥਾਗਤ ਬਣਾਉਣ ਦੀ ਲੋੜ ਹੈ। ਜਸਟਿਸ ਪੀ ਐੱਸ ਨਰਸਿਮਹਾ ਅਤੇ ਆਲੋਕ ਅਰਾਧੇ ਦੀ ਬੈਂਚ ਨੇ ਸੌਲਿਸਟਰ ਜਨਰਲ ਤੁਸ਼ਾਰ ਮਹਿਤਾ ਨੂੰ ਇਸ ਮਾਮਲੇ ਵਿੱਚ ਇੱਕ ਤਾਜ਼ਾ ਹਲਫ਼ਨਾਮਾ ਦਾਖਲ ਕਰਨ ਲਈ ਕਿਹਾ। ਬੈਂਚ ਨੇ ਕਿਹਾ, "ਰਾਧਾਕ੍ਰਿਸ਼ਨਨ ਕਮੇਟੀ ਨੇ ਬਿਲਕੁਲ ਸਹੀ ਕਿਹਾ ਹੈ ਕਿ ਇਹ ਇੱਕ ਪ੍ਰਣਾਲੀਗਤ ਸਮੱਸਿਆ ਹੈ, ਜਿਸ ਨੂੰ ਸੰਸਥਾਗਤ ਬਣਾਉਣ ਦੀ ਲੋੜ ਹੈ, ਜੋ ਕਿ ਇਸ ਦਾ ਸਭ ਤੋਂ ਮਹੱਤਵਪੂਰਨ ਹਿੱਸਾ ਹੈ। ਕਾਗਜ਼ 'ਤੇ ਇਹ ਪ੍ਰਕਿਰਿਆ ਹਰ ਪੱਖੋਂ ਠੀਕ ਹੈ, ਪਰ ਫਿਰ ਇੱਕ ਪ੍ਰੀਖਿਆ ਹੁੰਦੀ ਹੈ ਅਤੇ ਜਦੋਂ ਤੱਕ ਦੂਜੀ ਪ੍ਰੀਖਿਆ ਹੁੰਦੀ ਹੈ, ਇਹ ਬਿਲਕੁਲ ਇੱਕ ਨਵਾਂ ਚਿੱਤਰ ਬਣ ਜਾਂਦਾ ਹੈ।" ਤੁਸ਼ਾਰ ਮਹਿਤਾ ਨੇ ਦਾਅਵਾ ਕੀਤਾ ਕਿ ਨੀਟ ਪ੍ਰੀਖਿਆਵਾਂ ਲਈ ਮੌਜੂਦਾ ਸਿਸਟਮ ਫੂਲਪਰੂਫ ਹੈ ਅਤੇ ਇਸ ਵਿੱਚ ਸੰਨ੍ਹ ਲਗਾਉਣੀ ਮੁਸ਼ਕਲ ਹੈ।

## ਪੰਜਾਬ ਨੂੰ ਲੁੱਟਣ ਵਾਲਿਆਂ ਤੋਂ ਇਮਾਨਦਾਰੀ ਦੇ ਸਰਟੀਫਿਕੇਟ ਦੀ ਲੋੜ ਨਹੀਂ: ਮਾਨ



**ਚੰਡੀਗੜ੍ਹ :** ਮੁੱਖ ਮੰਤਰੀ ਭਗਵੰਤ ਮਾਨ ਨੇ 'ਆਪ' ਦੇ ਸੀਨੀਅਰ ਆਗੂ ਸਤਿੰਦਰ ਜੈਨ ਦੀ ਗ੍ਰਿਫਤਾਰੀ ਨੂੰ ਲੈ ਕੇ ਕੇਂਦਰ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਭਾਜਪਾ ਦੇ ਪੰਜਾਬ ਵਿੱਚ ਪੈਰ ਨਹੀਂ ਲੱਗ ਰਹੇ ਹਨ, ਇਸੇ ਕਰਕੇ ਉਹ ਜੈਨ ਅਤੇ ਹੋਰ ਵਿਰੋਧੀ ਧਿਰਾਂ ਦੇ ਆਗੂਆਂ ਨੂੰ ਫੜ ਕੇ ਜੇਲ੍ਹਾਂ ਵਿੱਚ ਬੰਦ ਕਰਨ ਲੱਗੀ ਹੋਈ ਹੈ। ਭਾਜਪਾ ਜਮਹੂਰੀਅਤ-ਵਿਰੋਧੀ ਢੰਗ ਨਾਲ ਕਾਰਵਾਈ ਕਰ ਰਹੀ ਹੈ। ਮਾਨ ਨੇ ਕਿਹਾ ਕਿ ਈ ਡੀ ਝੂਠ ਦਾ ਪੁਲੰਦਾ ਲਿਖ ਕੇ ਭੇਜ ਰਹੀ ਹੈ। ਭਾਜਪਾ ਕੇਂਦਰੀ ਜਾਂਚ ਏਜੰਸੀਆਂ ਦੀ ਵਰਤੋਂ ਕਰਕੇ ਵਿਰੋਧੀਆਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਮੁੱਖ ਮੰਤਰੀ ਨੇ ਵਿਰੋਧੀ ਪਾਰਟੀਆਂ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਵਿਰੋਧੀ ਪਾਰਟੀਆਂ ਕੋਲ ਕੋਈ ਕੰਮ ਨਹੀਂ ਹੈ, ਜਿਨ੍ਹਾਂ ਨੇ ਪਿਛਲਾ ਲੰਮਾ ਸਮਾਂ ਪੰਜਾਬ ਨੂੰ ਲੁੱਟਿਆ, ਅੱਜ ਉਹ ਆਮ ਆਦਮੀ ਪਾਰਟੀ ਉੱਤੇ ਉਂਗਲ ਚੁੱਕ ਰਹੀਆਂ ਹਨ। ਭਾਜਪਾ ਵੱਲੋਂ ਆਪਣੀ ਸਰਕਾਰ 'ਤੇ ਕੀਤੇ ਜਾ ਰਹੇ ਹਮਲਿਆਂ 'ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਨੂੰ ਉਨ੍ਹਾਂ ਲੋਕਾਂ ਤੋਂ ਇਮਾਨਦਾਰੀ, ਦੇਸ਼ ਭਗਤੀ ਜਾਂ ਰਾਸ਼ਟਰਵਾਦ ਦਾ ਕੋਈ ਸਰਟੀਫਿਕੇਟ ਨਹੀਂ ਚਾਹੀਦਾ, ਜਿਨ੍ਹਾਂ ਪੰਜਾਬ ਅਤੇ ਇਸ ਦੇ ਲੋਕਾਂ ਨੂੰ ਬੇਰਹਿਮੀ ਨਾਲ ਲੁੱਟਿਆ ਹੈ। ਪੰਜਾਬ ਵਿੱਚ ਹੜ੍ਹਾਂ ਦੀ ਸਥਿਤੀ ਬਾਰੇ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦਰਿਆਵਾਂ ਅਤੇ ਡੈਮਾਂ ਵਿੱਚ ਪਾਣੀ ਦੇ ਪੱਧਰ 'ਤੇ ਲਗਾਤਾਰ ਨਜ਼ਰ ਰੱਖ ਰਹੀ ਹੈ। ਸੂਬੇ ਦੇ ਲੋਕਾਂ ਨੂੰ ਇਸ ਬਾਰੇ ਘਬਰਾਉਣ ਦੀ ਕੋਈ ਲੋੜ ਨਹੀਂ। ਜਗਤਾਰ ਸਿੰਘ ਹਵਾਰਾ ਦੀ ਪੈਰੋਲ ਬਾਰੇ ਮੁੱਖ ਮੰਤਰੀ ਨੇ ਕਿਹਾ, 'ਜੇਲ੍ਹ ਵਿੱਚ ਬੰਦ ਜਗਤਾਰ ਸਿੰਘ ਹਵਾਰਾ ਨੂੰ ਮਾਨਵਤਾ ਦੇ ਆਧਾਰ 'ਤੇ ਆਪਣੀ ਬਿਮਾਰ ਮਾਂ ਨੂੰ ਮਿਲਣ ਲਈ ਪੈਰੋਲ ਦਿੱਤੀ ਜਾਣੀ ਚਾਹੀਦੀ ਹੈ। ਮੈਂ ਇਹ ਮੁੱਦਾ ਪੰਜਾਬ ਦੇ ਰਾਜਪਾਲ ਕੋਲ ਪਹਿਲਾਂ ਹੀ ਉਠਾ ਚੁੱਕਾ ਹਾਂ। ਹੁਣ ਇਸ ਬਾਰੇ ਅੰਤਮ ਫ਼ੈਸਲਾ ਭਾਰਤ ਸਰਕਾਰ ਨੇ ਲੈਣਾ ਹੈ।'

## ਬੰਬੀਹਾ ਗੈਂਗ ਦੇ 3 ਮੈਂਬਰ ਮਲੇਸ਼ੀਆ ਤੋਂ ਪੰਜਾਬ ਲਿਆਂਦੇ

**ਚੰਡੀਗੜ੍ਹ. (ਗੁਰਜੀਤ ਬਿੱਲਾ) :** ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਕੇਂਦਰੀ ਏਜੰਸੀਆਂ ਦੀ ਮਦਦ ਨਾਲ ਦਵਿੰਦਰ ਬੰਬੀਹਾ ਗੈਂਗ ਦੇ ਤਿੰਨ ਲੋੜੀਂਦੇ ਮੈਂਬਰਾਂ ਜਸਪ੍ਰੀਤ ਸਿੰਘ ਉਰਫ ਜਸ ਬਹਿਬਲ (ਫਰੀਦਕੋਟ) ਅਤੇ ਅਜੇ ਸਿੰਘ ਤੇ ਪਵਨਦੀਪ ਸਿੰਘ (ਸ੍ਰੀ ਗੰਗਾਨਗਰ) ਨੂੰ ਮਲੇਸ਼ੀਆ ਤੋਂ ਭਾਰਤ ਡਿਪੋਰਟ ਕਰਵਾ ਕੇ ਦਿੱਲੀ ਹਵਾਈ ਅੱਡੇ ਤੋਂ ਪੰਜਾਬ ਪੁਲਸ ਨੇ ਗ੍ਰਿਫਤਾਰ ਕਰਕੇ ਪੰਜਾਬ ਲੈ ਆਂਦਾ ਹੈ। ਜਸ ਬਹਿਬਲ ਨੂੰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਾਬਕਾ ਆਗੂ ਯਾਦਵਿੰਦਰ ਸਿੰਘ ਅਤੇ ਜੀਵਨਜੋਤ ਸਿੰਘ ਚਾਹਲ ਉਰਫ ਜੁਗਨੂੰ ਦੇ ਡਰਾਈਵਰ ਦੇ 2025 ਦੇ ਕਤਲ ਕੇਸ ਦੇ ਸੰਬੰਧ ਵਿੱਚ ਰਸਮੀ ਤੌਰ 'ਤੇ ਗ੍ਰਿਫਤਾਰ ਕਰ ਲਿਆ ਗਿਆ ਹੈ। ਅਜੇ ਸਿੰਘ ਅਤੇ ਪਵਨਦੀਪ ਸਿੰਘ ਨੇ 2025 ਵਿੱਚ ਲੁਧਿਆਣਾ ਵਿੱਚ ਹੈਂਡ-ਗ੍ਰਨੇਡ ਧਮਾਕਾ ਕਰਨ ਲਈ ਆਪਣੇ ਜ਼ਮੀਨੀ ਕਾਰਕੁੰਨਾਂ ਨੂੰ ਕੰਮ ਸੌਂਪਿਆ ਸੀ। ਹਾਲਾਂਕਿ ਲੁਧਿਆਣਾ ਕਮਿਸ਼ਨਰੇਟ ਪੁਲਸ ਨੇ ਉਨ੍ਹਾਂ ਦੇ ਦੋ ਸਾਥੀਆਂ ਨੂੰ ਗ੍ਰਿਫਤਾਰ ਕਰਕੇ ਹਮਲੇ ਨੂੰ ਨਾਕਾਮ ਕਰ ਦਿੱਤਾ ਸੀ।

## ਮੇਜਰ ਅਮਰੀਕਾ 'ਚ ਅੱਤ-ਲੋੜੀਂਦਾ



**ਵਾਸ਼ਿੰਗਟਨ :** ਜੱਗੂ ਭਗਵਾਨਪੁਰੀਆ ਗੈਂਗ ਦਾ ਮੁੱਖ ਕਾਰਕੁੰਨ ਮੇਜਰ ਸਿੰਘ ਐੱਫ ਬੀ ਆਈ ਦੇ ਸਭ ਤੋਂ ਵੱਧ ਲੋੜੀਂਦੇ ਅਪਰਾਧੀਆਂ ਦੀ ਸੂਚੀ ਵਿੱਚ ਸ਼ਾਮਲ ਹੋ ਗਿਆ ਹੈ। ਐੱਫ ਬੀ ਆਈ ਮੁਤਾਬਕ ਮੇਜਰ ਸਿੰਘ ਕੌਮਾਂਤਰੀ ਅਪਰਾਧਕ ਸੰਗਠਨ ਵਿੱਚ ਉਸ ਦੀ ਕਥਿਤ ਸ਼ਮੂਲੀਅਤ ਲਈ ਲੋੜੀਂਦਾ ਹੈ। ਸੰਗਠਨ ਬਿਨਾਂ ਲਾਇਸੈਂਸ ਦੇ ਹਥਿਆਰਾਂ ਦੇ ਵਪਾਰ ਦੇ ਧੰਦੇ ਵਿੱਚ ਸ਼ਾਮਲ ਹੋਣ ਤੇ ਨਿਯੰਤਰਤ ਪਦਾਰਥ ਵੰਡਣ ਦੀਆਂ ਸਰਗਰਮੀਆਂ ਵਿੱਚ ਸ਼ਾਮਲ ਹੈ।

## ਹੋਟਲ 'ਚ ਅੱਗ, 9 ਮੌਤਾਂ

**ਕੋਲਕਾਤਾ :** ਮਿਰਜ਼ਾ ਗਾਲਿਬ ਸੜਕ 'ਤੇ ਸਥਿਤ ਇੱਕ ਪੰਜ ਮੰਜ਼ਲਾ ਹੋਟਲ 'ਚ ਮੰਗਲ-ਬੁੱਧ ਦੀ ਰਾਤ 1:45 ਵਜੇ ਭਿਆਨਕ ਅੱਗ ਲੱਗਣ ਕਾਰਨ 4 ਸਾਲਾ ਮਾਸੂਮ ਬੱਚੇ ਅਤੇ ਦੋ ਔਰਤਾਂ ਸਮੇਤ 9 ਲੋਕਾਂ ਦੀ ਮੌਤ ਹੋ ਗਈ, ਜਦਕਿ 6 ਗੰਭੀਰ ਜ਼ਖਮੀ ਹੋ ਗਏ। ਬਚਾਅ ਟੀਮਾਂ ਨੇ 80 ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ। ਮ੍ਰਿਤਕਾਂ ਵਿੱਚ ਬੰਗਲਾਦੇਸ਼ੀ ਨਾਗਰਿਕ ਵੀ ਸ਼ਾਮਲ ਹੈ। ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਟ ਮੰਨਿਆ ਜਾ ਰਿਹਾ ਹੈ। ਹੋਟਲ ਮਾਲਕ ਫਰਾਰ ਹੋ ਗਿਆ ਹੈ।

# ਕੰਗਨਾ ਬਾਬੇ ਨੂੰ ਪੈ ਨਿਕਲੀ



**ਨਵੀਂ ਦਿੱਲੀ (ਨ ਜ਼ ਸ) :** ਭਾਜਪਾ ਸਾਂਸਦ ਤੇ ਅਦਾਕਾਰਾ ਕੰਗਨਾ ਰਣੌਤ ਨੇ ਬਾਬਾ ਰਾਮਦੇਵ ਵੱਲੋਂ ਉਸ ਬਾਰੇ ਕੀਤੀਆਂ ਗਈਆਂ ਟਿੱਪਣੀਆਂ ਨੂੰ ਲੈ ਕੇ ਬੁੱਧਵਾਰ ਤਿੱਖਾ ਹਮਲਾ ਕਰਦਿਆਂ ਕਿਹਾ, 'ਬਾਬਾ ਜੀ ਮੇਰੀ ਜਵਾਨੀ ਜਾਂ ਬੈੱਡਰੂਮ ਬਾਰੇ ਸੁਪਨੇ ਨਾ ਦੇਖੋ। ਘੱਟੋ ਘੱਟ ਮੈਨੂੰ ਸੁਪਰੀਮ ਕੋਰਟ ਨੇ ਕਦੇ ਝਿੜਕਿਆ ਨਹੀਂ। (ਪਤੰਜਲੀ ਦਾ ਮਾਲਕ ਰਾਮਦੇਵ ਆਪਣੇ ਉਤਪਾਦਾਂ ਨੂੰ ਲੈ ਕੇ ਅਦਾਲਤਾਂ ਤੋਂ ਝਿੜਕਾਂ ਖਾ ਚੁੱਕਾ ਹੈ)।' ਉਸ ਨੇ ਕਿਹਾ, 'ਇਸ ਲਈ ਮੈਨੂੰ ਚਰਿੱਤਰ ਦੇ ਸਬਕ ਨਾ ਦਿਓ। ਤੁਮਸੇ ਤੋ ਬਹੁਤ ਜ਼ਿਆਦਾ ਬੇਹਤਰ ਹੈ ਮੇਰਾ ਕਿਰਦਾਰ (ਇੱਥੇ ਕੋਈ ਧੋਖਾਧੜੀ ਨਹੀਂ ਮਿਲੀ)।'

ਇੱਕ ਸਮਾਗਮ ਵਿੱਚ ਜਦੋਂ ਬਾਬਾ ਰਾਮਦੇਵ ਨੂੰ ਇੱਕ ਪੀੜ੍ਹੀ ਦਾ ਵਰਣਨ ਕਰਨ ਲਈ ਕੰਗਨਾ ਦੀਆਂ ਟਿੱਪਣੀਆਂ ਬਾਰੇ ਪੁੱਛਿਆ ਗਿਆ ਤਾਂ ਉਸ ਨੇ ਉਸ ਦੀ ਸਿੱਖਿਆ 'ਤੇ ਸਵਾਲ ਉਠਾਉਣੇ ਸ਼ੁਰੂ ਕਰ ਦਿੱਤੇ। ਰਾਮਦੇਵ ਨੇ ਕਿਹਾ, 'ਉਸ ਦਾ ਬਚਪਨ ਕਿਹੋ ਜਿਹਾ ਸੀ? ਉਸ ਦੀ ਜਵਾਨੀ ਕਿਹੋ ਜਿਹੀ ਸੀ? ਉਸ ਦੀਆਂ ਪਿਛਲੀਆਂ ਪ੍ਰਾਪਤੀਆਂ ਕਿਹੋ ਜਿਹੀਆਂ ਹਨ? ਮੈਂ ਅਜਿਹੇ ਲੋਕਾਂ ਬਾਰੇ ਗੱਲ ਨਹੀਂ ਕਰਨਾ ਚਾਹੁੰਦਾ। ਨੌਜਵਾਨਾਂ ਨੂੰ ਪੀੜ੍ਹੀ ਦਾ ਗਟਰ ਕਹਿਣਾ ਇੱਕ ਭ੍ਰਿਸ਼ਟ ਦਿਮਾਗ ਦੀ ਨਿਸ਼ਾਨੀ ਹੈ।' ਕੰਗਨਾ ਨੇ ਜੰਤਰ-ਮੰਤਰ ਦੇ ਕੁਝ ਨੌਜਵਾਨ ਪ੍ਰਦਰਸ਼ਨਕਾਰੀਆਂ ਅਤੇ ਔਰਤਾਂ ਨੂੰ 'ਪੀੜ੍ਹੀ ਦਾ ਗਟਰ' ਕਿਹਾ ਸੀ ਤੇ ਉਨ੍ਹਾਂ 'ਤੇ ਪੱਛਮੀ ਮਾਨਸਿਕਤਾ ਅਪਣਾਉਣ ਦਾ ਦੋਸ਼ ਲਗਾਇਆ ਸੀ।

ਕੰਗਨਾ ਨੇ ਬਾਬਾ ਰਾਮਦੇਵ ਅਤੇ ਸੁਪਰੀਮ ਕੋਰਟ ਬਾਰੇ ਜਿਸ ਨੁਕਤੇ ਦਾ ਜ਼ਿਕਰ ਕੀਤਾ ਹੈ, ਉਹ 2024 ਦਾ ਹੈ। ਕੰਪਨੀ ਵੱਲੋਂ ਗੁੰਮਰਾਹਕੁੰਨ ਇਸ਼ਤਿਹਾਰਬਾਜ਼ੀ ਸੰਬੰਧੀ ਅਦਾਲਤ ਦੇ ਪਹਿਲਾਂ ਦੇ ਹੁਕਮਾਂ ਦੀ ਉਲੰਘਣਾ ਕਰਨ ਤੋਂ ਬਾਅਦ ਸੁਪਰੀਮ ਕੋਰਟ ਨੇ ਬਾਬਾ ਰਾਮਦੇਵ ਅਤੇ ਪਤੰਜਲੀ ਦੇ ਐੱਮ ਡੀ ਆਚਾਰੀਆ ਬਾਲਕ੍ਰਿਸ਼ਨ ਨੂੰ ਤਲਬ ਕੀਤਾ ਸੀ। ਉਨ੍ਹਾਂ ਨੂੰ ਇਹ ਦੱਸਣ ਲਈ ਕਿਹਾ ਗਿਆ ਸੀ ਕਿ ਬਿਮਾਰੀਆਂ ਨੂੰ ਠੀਕ ਕਰਨ ਦਾ ਦਾਅਵਾ ਕਰਨ ਵਾਲੇ ਇਸ਼ਤਿਹਾਰਾਂ 'ਤੇ ਪਾਬੰਦੀ ਲਗਾਉਣ ਵਾਲੇ ਸੁਪਰੀਮ ਕੋਰਟ ਦੇ ਹੁਕਮਾਂ ਦੀ ਉਲੰਘਣਾ ਕਰਨ ਲਈ ਉਨ੍ਹਾਂ ਵਿਰੁੱਧ ਮਾਣਹਾਨੀ ਦੀ ਕਾਰਵਾਈ ਕਿਉਂ ਨਹੀਂ ਕੀਤੀ ਜਾਣੀ ਚਾਹੀਦੀ। ਬਾਬਾ ਰਾਮਦੇਵ ਨੇ ਫਿਰ ਗੁੰਮਰਾਹਕੁੰਨ ਇਸ਼ਤਿਹਾਰਾਂ ਦੇ ਮਾਮਲੇ ਵਿੱਚ ਸੁਪਰੀਮ ਕੋਰਟ ਦੇ ਹੁਕਮਾਂ ਦੀ ਪਾਲਣਾ ਨਾ ਕਰਨ ਲਈ ਬਿਨਾਂ ਸ਼ਰਤ ਮੁਆਫੀ ਮੰਗੀ।

# ਖੜਗੇ ਨੇ ਨੌਜਵਾਨ ਬੇਚੈਨੀ ਤੇ ਚੜ੍ਹਾਵਾ ਚੋਰੀ ਨੂੰ ਲੈ ਕੇ ਮੋਦੀ ਸਰਕਾਰ ਨੂੰ ਘੇਰਿਆ



**ਨਵੀਂ ਦਿੱਲੀ (ਨ ਜ਼ ਸ) :** ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਬੁੱਧਵਾਰ ਨੂੰ ਨੌਜਵਾਨਾਂ ਦੇ ਭਵਿੱਖ, ਰਾਮ ਮੰਦਰ ਟਰੱਸਟ ਦਾਨ ਵਿੱਚ ਵਿੱਤੀ ਬੇਨਿਯਮੀਆਂ ਅਤੇ ਸਰਹੱਦ 'ਤੇ ਚੀਨੀ ਕਬਜ਼ੇ ਦੀਆਂ ਰਿਪੋਰਟਾਂ ਨੂੰ ਲੈ ਕੇ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ 'ਤੇ ਨਿਸ਼ਾਨਾ ਸਾਧਿਆ ਤੇ ਪੁੱਛਿਆ ਕਿ ਕੀ ਸਿੱਖਿਆ, ਜਨਤਕ ਪੈਸੇ ਅਤੇ ਰਾਸ਼ਟਰੀ ਸੁਰੱਖਿਆ ਦੇ ਮੁੱਦਿਆਂ 'ਤੇ ਸਰਕਾਰ 'ਤੇ ਅਜੇ ਵੀ ਭਰੋਸਾ ਕੀਤਾ ਜਾ ਸਕਦਾ ਹੈ? ਰਾਸ਼ਟਰੀ ਰਾਜਧਾਨੀ ਦੇ ਇੰਦਰਾ ਭਵਨ ਵਿੱਚ ਕਾਂਗਰਸ ਵਰਕਿੰਗ ਕਮੇਟੀ (ਸੀ ਡਬਲਯੂ ਸੀ) ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਖੜਗੇ ਨੇ ਕਿਹਾ ਕਿ ਪਾਰਟੀ ਦੇ ਸਾਹਮਣੇ ਸਭ ਤੋਂ ਵੱਡੀ ਚਿੰਤਾ ਦੇਸ਼ ਦੇ ਨੌਜਵਾਨਾਂ ਵਿੱਚ ਵੱਧ ਰਹੀ ਨਿਰਾਸ਼ਾ ਹੈ, ਜਿਨ੍ਹਾਂ ਨੂੰ ਉਨ੍ਹਾਂ ਨੇ ਦੋਸ਼ ਲਗਾਇਆ ਕਿ ਵਧਦੀ ਸਿੱਖਿਆ ਲਾਗਤ, ਸਕੂਲ ਬੰਦ ਹੋਣ, ਪੇਪਰ ਲੀਕ ਹੋਣ, ਭਰਤੀ ਪ੍ਰੀਖਿਆ ਬੇਨਿਯਮੀਆਂ ਅਤੇ ਨਿਯੁਕਤੀਆਂ ਵਿੱਚ ਦੇਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਖੜਗੇ ਨੇ ਕਿਹਾ ਕਿ ਭਾਰਤ ਦੁਨੀਆ ਦੇ ਸਭ ਤੋਂ ਨੌਜਵਾਨ ਦੇਸ਼ਾਂ ਵਿੱਚੋਂ ਇੱਕ ਹੈ, ਫਿਰ ਵੀ ਸਾਡੇ ਨੌਜਵਾਨ ਮਿਆਰੀ ਸਿੱਖਿਆ ਅਤੇ ਅਰਥਪੂਰਨ ਰੁਜ਼ਗਾਰ ਲੱਭਣ ਲਈ ਸੰਘਰਸ਼ ਕਰ ਰਹੇ ਹਨ । ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ ਦੀ ਪੂਰਵ ਸੰਧਿਆ 'ਤੇ ਯਾਦ ਕਰਦੇ ਹੋਏ, ਖੜਗੇ ਨੇ ਕਿਹਾ ਕਿ ਕਾਂਗਰਸ ਸਰਕਾਰਾਂ ਨੇ ਨੌਜਵਾਨਾਂ, ਸਿੱਖਿਆ ਅਤੇ ਹੁਨਰ ਵਿਕਾਸ ਨੂੰ ਆਪਣੀਆਂ ਨੀਤੀਆਂ ਦੇ ਕੇਂਦਰ ਵਿੱਚ ਰੱਖਿਆ ਸੀ। ਉਨ੍ਹਾਂ ਕਿਹਾ ਕਿ ਰਾਜੀਵ ਗਾਂਧੀ ਨੇ ਵੋਟ ਪਾਉਣ ਦੀ ਉਮਰ 21 ਤੋਂ ਘਟਾ ਕੇ 18 ਸਾਲ ਕੀਤੀ ਸੀ, ਨਵੋਦਿਆ ਵਿਦਿਆਲਿਆ ਨੈੱਟਵਰਕ ਦਾ ਵਿਸਥਾਰ ਕੀਤਾ ਸੀ ਅਤੇ ਸਿੱਖਿਆ ਨੂੰ ਰੁਜ਼ਗਾਰ ਅਤੇ ਹੁਨਰ ਵਿਕਾਸ ਨਾਲ ਜੋੜਿਆ ਸੀ। ਉਨ੍ਹਾਂ ਕਿਹਾ ਕਿ ਅੱਜ ਕਾਂਗਰਸ ਨੂੰ ਸਿੱਖਿਆ ਤੋਂ ਰੁਜ਼ਗਾਰ ਤੱਕ ਦਾ ਇੱਕ ਸਪੱਸ਼ਟ ਰੋਡਮੈਪ ਪੇਸ਼ ਕਰਨਾ ਚਾਹੀਦਾ ਹੈ ਤਾਂ ਜੋ ਸਾਡੇ ਨੌਜਵਾਨਾਂ ਨੂੰ ਬਿਹਤਰ ਮੌਕੇ ਅਤੇ ਵਧੇਰੇ ਸੁਰੱਖਿਅਤ ਭਵਿੱਖ ਮਿਲ ਸਕੇ। ਖੜਗੇ ਨੇ ਦੋਸ਼ ਲਗਾਇਆ ਕਿ ਮੋਦੀ ਸਰਕਾਰ ਦੇ ਅਧੀਨ ਸਥਿਤੀ ਹੋਰ ਵੀ ਵਿਗੜ ਗਈ ਹੈ, ਉਨ੍ਹਾਂ ਦਾਅਵਾ ਕੀਤਾ ਕਿ ਨਵੇਂ ਸਕੂਲ ਖੋਲ੍ਹਣ ਦੀ ਬਜਾਏ, ਹਾਲ ਹੀ ਦੇ ਸਾਲਾਂ ਵਿੱਚ ਲਗਭਗ 94,000 ਸਕੂਲ ਬੰਦ ਹੋ ਗਏ ਹਨ, ਜਦੋਂ ਕਿ ਉੱਚ ਸਿੱਖਿਆ ਮਹਿੰਗੀ ਹੁੰਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੇਪਰ ਲੀਕ, ਭਰਤੀ ਪ੍ਰੀਖਿਆਵਾਂ ਵਿੱਚ ਬੇਨਿਯਮੀਆਂ ਅਤੇ ਨਿਯੁਕਤੀਆਂ ਵਿੱਚ ਦੇਰੀ ਨਾਲ ਗਰੀਬ ਵਰਗ ਦੇ ਵਿਦਿਆਰਥੀ ਸਭ ਤੋਂ ਵੱਧ ਪ੍ਰਭਾਵਿਤ ਹੋਏ ਹਨ। "ਦੇਸ਼ ਭਰ ਦੇ ਨੌਜਵਾਨ ਗੁੱਸੇ ਵਿੱਚ ਹਨ। ਇਹ ਗੁੱਸਾ ਰਾਤੋ-ਰਾਤ ਨਹੀਂ ਉਭਰਿਆ," ਖੜਗੇ ਨੇ ਕਿਹਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਦੀ ਬਜਾਏ ਵਾਰ-ਵਾਰ ਅਸਥਾਈ ਉਪਾਵਾਂ ਦਾ ਸਹਾਰਾ ਲਿਆ ਹੈ। ਖੜਗੇ ਨੇ ਕਿਹਾ ਕਿ ਰਾਮ ਮੰਦਰ ਟਰੱਸਟ ਨੂੰ ਪ੍ਰਾਪਤ ਹੋਏ ਪੈਸੇ, ਸੋਨੇ ਅਤੇ ਹੋਰ ਦਾਨਾਂ ਬਾਰੇ ਗੰਭੀਰ ਸਵਾਲ ਉੱਠਦੇ ਰਹਿੰਦੇ ਹਨ। ਲੋਕਾਂ ਨੂੰ ਇਹ ਜਾਣਨ ਦਾ ਅਧਿਕਾਰ ਹੈ ਕਿ ਇਨ੍ਹਾਂ ਦਾਨਾਂ ਦਾ ਲੇਖਾ-ਜੋਖਾ ਕਿਵੇਂ ਕੀਤਾ ਜਾ ਰਿਹਾ ਹੈ ਅਤੇ ਕਿਵੇਂ ਵਰਤਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵਿੱਤੀ ਬੇਨਿਯਮੀਆਂ ਦੇ ਦੋਸ਼ਾਂ 'ਤੇ ਚੁੱਪ ਕਿਉਂ ਰਹੀ ਹੈ। ਖੜਗੇ ਨੇ ਭਾਰਤੀ ਸਰਹੱਦ 'ਤੇ ਚੀਨੀ ਕਬਜ਼ੇ ਦੀਆਂ ਰਿਪੋਰਟਾਂ ਦਾ ਹਵਾਲਾ ਦਿੰਦਿਆਂ ਸਰਕਾਰ 'ਤੇ ਜਨਤਾ ਨੂੰ ਸਪੱਸ਼ਟ ਜਾਣਕਾਰੀ ਪ੍ਰਦਾਨ ਕਰਨ ਵਿੱਚ ਅਸਫਲ ਰਹਿਣ ਦਾ ਦੋਸ਼ ਲਗਾਇਆ। ਸੀ ਡਬਲਯੂ ਸੀ ਦੀ ਮੀਟਿੰਗ ਵਿੱਚ ਕਾਂਗਰਸ ਸੰਸਦੀ ਪਾਰਟੀ ਦੀ ਚੇਅਰਪਰਸਨ ਸੋਨੀਆ ਗਾਂਧੀ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਕਾਂਗਰਸ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ, ਕੇ ਸੀ ਵੇਣੂਗੋਪਾਲ, ਜੈਰਾਮ ਰਮੇਸ਼, ਕਰਨਾਟਕ ਦੇ ਉਪ ਮੁੱਖ ਮੰਤਰੀ ਡੀ ਕੇ ਸ਼ਿਵਕੁਮਾਰ ਅਤੇ ਹੋਰ ਸੀਨੀਅਰ ਪਾਰਟੀ ਨੇਤਾ ਸ਼ਾਮਲ ਹੋਏ।

# ਕਸ਼ਮੀਰ ਬਾਰੇ ਐਡਵਾਈਜ਼ਰੀ 'ਤੇ ਨਜ਼ਰਸਾਨੀ ਕਰਾਂਗੇ : ਗੋਰ

**ਸ੍ਰੀਨਗਰ :** ਭਾਰਤ ਵਿੱਚ ਅਮਰੀਕੀ ਰਾਜਦੂਤ ਸਰਜੀਓ ਗੋਰ ਨੇ ਬੁੱਧਵਾਰ ਕਿਹਾ ਕਿ ਅਮਰੀਕਾ ਜੰਮੂ-ਕਸ਼ਮੀਰ ਲਈ ਜਾਰੀ ਟਰੈਵਲ ਐਡਵਾਈਜ਼ਰੀ ਦੀ ਸਮੀਖਿਆ ਕਰੇਗਾ, ਕਿਉਂਕਿ ਕੇਂਦਰ ਸਰਕਾਰ ਅਤੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਇਸ ਖੇਤਰ ਨੂੰ ਵਧੇਰੇ ਸੁਰੱਖਿਅਤ ਬਣਾਉਣ ਲਈ ਕਦਮ ਚੁੱਕੇ ਹਨ।

ਜੰਮੂ-ਕਸ਼ਮੀਰ ਅਤੇ ਲੱਦਾਖ ਦੇ ਦੋ ਦਿਨਾਂ ਦੌਰੇ 'ਤੇ ਬੁੱਧਵਾਰ ਨੂੰ ਸ੍ਰੀਨਗਰ ਪਹੁੰਚੇ ਗੋਰ ਨੇ ਉਮਰ ਅਬਦੁੱਲਾ ਨਾਲ ਇੱਕ ਸਾਂਝੀ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਕਿ ਜੰਮੂ-ਕਸ਼ਮੀਰ ਭਾਰਤ ਦਾ ਅਹਿਮ ਹਿੱਸਾ ਅਤੇ ਇੱਕ ਬੇਹੱਦ ਖੂਬਸੂਰਤ ਜਗ੍ਹਾ ਹੈ। ਗੋਰ ਨੇ ਕਿਹਾ, "ਅਮਰੀਕਾ ਯਾਤਰਾ ਨਾਲ ਜੁੜੀਆਂ ਚਿਤਾਵਨੀਆਂ ਜਾਰੀ ਕਰਦਾ ਹੈ ਅਤੇ ਅਸੀਂ ਸਮੇਂ-ਸਮੇਂ 'ਤੇ ਇਨ੍ਹਾਂ ਦੀ ਸਮੀਖਿਆ ਵੀ ਕਰਦੇ ਹਾਂ। ਮੈਂ ਅੱਜ ਇੱਥੇ ਕੋਈ ਵੱਡਾ ਐਲਾਨ ਤਾਂ ਨਹੀਂ ਕਰ ਸਕਦਾ, ਪਰ ਅਸੀਂ ਇਸ ਮੁੱਦੇ 'ਤੇ ਵਿਚਾਰ ਜ਼ਰੂਰ ਕਰਾਂਗੇ।" ਉਸ ਨੇ ਕਿਹਾ, "ਸਾਡਾ ਮੰਨਣਾ ਹੈ ਕਿ ਨਵੀਂ ਦਿੱਲੀ, ਇੱਥੋਂ ਦੇ ਮੁੱਖ ਮੰਤਰੀ ਅਤੇ ਇੱਥੋਂ ਦੇ ਪ੍ਰਸ਼ਾਸਨ ਨੇ ਇਸ ਖੇਤਰ ਨੂੰ ਹੋਰ ਜ਼ਿਆਦਾ ਸੁਰੱਖਿਅਤ ਬਣਾਉਣ ਲਈ ਕੁਝ ਬਿਹਤਰੀਨ ਕਦਮ ਚੁੱਕੇ ਹਨ। ਇਸ ਲਈ ਅਸੀਂ ਇਸ ਗੱਲ 'ਤੇ ਵਿਚਾਰ ਕਰਾਂਗੇ ਕਿ ਕੀ ਅਮਰੀਕਾ ਵੱਲੋਂ ਜਾਰੀ ਯਾਤਰਾ ਚਿਤਾਵਨੀ ਦੇ ਪੱਧਰ ਨੂੰ ਘਟਾਇਆ ਜਾਣਾ ਚਾਹੀਦਾ ਹੈ। ਮੈਨੂੰ ਲੱਗਦਾ ਹੈ ਕਿ ਬਹੁਤ ਸਾਰੇ ਅਮਰੀਕੀ ਜੰਮੂ-ਕਸ਼ਮੀਰ ਆ ਕੇ ਇਸ ਦੀ ਖੂਬਸੂਰਤੀ ਦਾ ਦੀਦਾਰ ਕਰਨਾ ਅਤੇ ਇੱਥੇ ਮੌਜੂਦ ਮੌਕਿਆਂ ਬਾਰੇ ਜਾਣਨਾ ਪਸੰਦ ਕਰਨਗੇ।" ਉਮਰ ਨੇ ਕਿਹਾ ਕਿ ਉਨ੍ਹਾ ਨੂੰ ਪੂਰੀ ਉਮੀਦ ਹੈ ਕਿ ਆਉਣ ਵਾਲੇ ਸਾਲਾਂ ਵਿੱਚ ਅਮਰੀਕਾ ਅਤੇ ਜੰਮੂ-ਕਸ਼ਮੀਰ ਵਿਚਕਾਰ ਸੰਬੰਧ ਹੋਰ ਜ਼ਿਆਦਾ ਵਿਆਪਕ ਅਤੇ ਮਜ਼ਬੂਤ ਹੋਣਗੇ।

## ਇਮਰਾਨ ਖਾਨ ਆਪਣੀ ਪਤਨੀ ਬੁਸ਼ਰਾ ਬੀਬੀ ਤੇ ਭੈਣ ਨੂੰ ਮਿਲੇ

**ਇਸਲਾਮਾਬਾਦ-** ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਅਤੇ ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀ ਟੀ ਆਈ) ਦੇ ਸੰਸਥਾਪਕ ਇਮਰਾਨ ਖਾਨ ਨੇ ਅਡਿਆਲਾ ਜੇਲ੍ਹ ਵਿੱਚ ਆਪਣੀ ਪਤਨੀ ਬੁਸ਼ਰਾ ਬੀਬੀ ਅਤੇ ਭੈਣ ਨੂਰੀਨ ਨਿਆਜ਼ੀ ਨਾਲ ਮੁਲਾਕਾਤ ਕੀਤੀ। ਸੁਪਰੀਮ ਕੋਰਟ ਦੇ ਹੁਕਮਾਂ ਤੋਂ ਬਾਅਦ ਭੈਣ ਨੂਰੀਨ ਨਿਆਜ਼ੀ ਲਗਭਗ 9 ਮਹੀਨਿਆਂ ਵਿੱਚ ਪਹਿਲੀ ਵਾਰ ਇਮਰਾਨ ਖਾਨ ਨੂੰ ਮਿਲੇ। ਉਨ੍ਹਾਂ ਦੀ ਮੁਲਾਕਾਤ ਲਗਭਗ 15 ਮਿੰਟ ਚੱਲੀ। ਨੂਰੀਨ ਨੇ ਖਾਨ ਨੂੰ ਇਸਲਾਮਾਬਾਦ ਦੇ ਸ਼ਿਫਾ ਹਸਪਤਾਲ ਵਿੱਚ ਉਨ੍ਹਾਂ ਦੇ ਪ੍ਰਸਤਾਵਿਤ ਤਬਾਦਲੇ ਸੰਬੰਧੀ ਸੁਪਰੀਮ ਕੋਰਟ ਦੇ ਹੁਕਮਾਂ ਬਾਰੇ ਜਾਣਕਾਰੀ ਦਿੱਤੀ, ਉਨ੍ਹਾਂ ਦੀ ਸਿਹਤ ਬਾਰੇ ਪੁੱਛਿਆ ਅਤੇ ਚੱਲ ਰਹੇ ਕਾਨੂੰਨੀ ਮਾਮਲਿਆਂ ਬਾਰੇ ਚਰਚਾ ਕੀਤੀ। ਇਮਰਾਨ ਖਾਨ ਨੇ ਆਪਣੀ ਪਤਨੀ ਬੁਸ਼ਰਾ ਬੀਬੀ ਨਾਲ ਵੀ ਮੁਲਾਕਾਤ ਕੀਤੀ, ਜਿਸ ਨਾਲ ਮੁਲਾਕਾਤ ਲਗਭਗ 30-35 ਮਿੰਟ ਚੱਲੀ। ਇਸ ਤੋਂ ਪਹਿਲਾਂ ਬੁਸ਼ਰਾ ਬੀਬੀ ਨੇ ਆਪਣੀ ਧੀ ਮੁਬਾਸ਼ਰਾ ਸ਼ੇਖ ਅਤੇ ਭਰਜਾਈ ਮਹਿਰੁਨਿਸਾਹ ਨਾਲ ਮੁਲਾਕਾਤ ਕੀਤੀ ਸੀ। ਜਿਕਰਯੋਗ ਹੈ ਕਿ ਜਸਟਿਸ ਸ਼ਾਹਿਦ ਵਹੀਦ ਦੀ ਅਗਵਾਈ ਵਾਲੀ ਤਿੰਨ ਮੈਂਬਰੀ ਸੁਪਰੀਮ ਕੋਰਟ ਦੇ ਬੈਂਚ ਦੁਆਰਾ ਸਰਕਾਰ ਨੂੰ ਇਮਰਾਨ ਖਾਨ ਅਤੇ ਉਸ ਦੇ ਪਰਿਵਾਰ ਵਿਚਕਾਰ ਹਫਤਾਵਾਰੀ ਮੀਟਿੰਗਾਂ ਦੀ ਸਹੂਲਤ ਦੇਣ ਦੇ ਨਿਰਦੇਸ਼ ਦਿੱਤੇ ਗਏ ਸਨ।

## ਅੱਜ-ਨਾਮਾ

ਮੁਸ਼ਕਲ ਖਾਨ ਇਮਰਾਨ ਦੀ ਘਟੀ ਨਾਹੀਂ,
ਟੱਸ ਤੋਂ ਮੱਸ ਨਹੀਂ ਹੋਈ ਸਰਕਾਰ ਬੇਲੀ।
ਅਦਾਲਤ ਹੁਕਮ ਵੀ ਦੇਵੇ ਤਾਂ ਨਹੀਂ ਮੰਨੇ,
ਸ਼ਰੀਫਾਂ ਕੀਤਾ ਨਾ ਉਂਜ ਇਨਕਾਰ ਬੇਲੀ।
ਜੇਲ੍ਹ ਦੇ ਵਿੱਚ ਇਮਰਾਨ ਬੀਮਾਰ ਕਹਿੰਦੇ,
ਹੁੰਦਾ ਨਾ ਸਿਹਤ ਦਾ ਕੋਈ ਸੁਧਾਰ ਬੇਲੀ।
ਪਤਨੀ ਪਿੱਛੋਂ ਫਿਰ ਭੈਣ ਵੀ ਮਿਲ ਆਈ,
ਦਿੱਤਾ ਬਾਕੀ ਨਹੀਂ ਜਾਣ ਪਰਵਾਰ ਬੇਲੀ।
ਰਾਜਸੀ ਪੱਖ ਤੋਂ ਉਹਦੀ ਸੀ ਚੜ੍ਹੀ ਗੁੱਡੀ,
ਬਹੁਤੇ ਵਕਤ ਨਹੀਂ ਟਿਕੇ ਹਾਲਾਤ ਬੇਲੀ।
ਸੱਤਾ ਮਿਲੀ ਫਿਰ ਜਿਨ੍ਹਾਂ ਦੇ ਪਿਆ ਪਿੱਛੇ,
ਉਹ ਹੀ ਦਿੰਦੇ ਇਮਰਾਨ ਨੂੰ ਮਾਤ ਬੇਲੀ।

-ਤੀਸ ਮਾਰ ਖਾਂ

# ਪੰਜਾਬੀ ਯੂਨੀਵਰਸਿਟੀ 'ਚ ਵਿਦਿਆਰਥੀਆਂ ਨੂੰ ਜਾਗੋ ਕੱਢਣ ਤੋਂ ਰੋਕਣ 'ਤੇ ਤਣਾਅ



**ਪਟਿਆਲਾ (ਨ ਜ਼ ਸ) :** ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਮੰਗਲਵਾਰ ਰਾਤ ਅੱਠ ਦਿਨਾਂ ਤੋਂ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਅਤੇ ਪੁਲਸ ਵਿਚਾਲੇ ਝੜਪ ਹੋ ਗਈ। ਵਿਦਿਆਰਥੀ ਵਧੀ ਹੋਈ ਫੀਸ ਵਾਪਸ ਲੈਣ ਅਤੇ ਹੋਰ ਮੰਗਾਂ ਨੂੰ ਲੈ ਕੇ ਵਾਈਸ ਚਾਂਸਲਰ ਦੀ ਰਿਹਾਇਸ਼ ਵੱਲ ਇੱਕ 'ਜਾਗੋ' ਕੱਢਣ ਦੀ ਕੋਸ਼ਿਸ਼ ਕਰ ਰਹੇ ਸਨ, ਪਰ ਯੂਨੀਵਰਸਿਟੀ ਪ੍ਰਸ਼ਾਸਨ ਅਤੇ ਮੌਕੇ 'ਤੇ ਤਾਇਨਾਤ ਭਾਰੀ ਪੁਲਸ ਫੋਰਸ ਨੇ ਉਨ੍ਹਾਂ ਨੂੰ ਰੋਕ ਲਿਆ, ਜਿਸ ਤੋਂ ਬਾਅਦ ਦੋਵਾਂ ਧਿਰਾਂ ਵਿਚਾਲੇ ਧੱਕਾਮੁੱਕੀ ਅਤੇ ਝੜਪ ਹੋ ਗਈ। ਪ੍ਰਦਰਸ਼ਨਕਾਰੀ ਵਿਦਿਆਰਥੀਆਂ ਦਾ ਦੋਸ਼ ਹੈ ਕਿ ਉਹ ਸ਼ਾਂਤਮਈ ਢੰਗ ਨਾਲ ਜਾਗੋ ਕੱਢ ਰਹੇ ਸਨ, ਪਰ ਪੁਲਸ ਨੇ ਉਨ੍ਹਾਂ ਦੇ ਅੰਦੋਲਨ ਨੂੰ ਦਬਾਉਣ ਲਈ ਜਬਰਨ ਰੋਕਿਆ। ਵਿਦਿਆਰਥੀਆਂ ਦੀ ਮੰਗ ਹੈ ਕਿ ਵੱਖ-ਵੱਖ ਕੋਰਸਾਂ ਅਤੇ ਸੇਵਾਵਾਂ ਦੀਆਂ ਫੀਸਾਂ ਵਿੱਚ 16 ਤੋਂ 102 ਫੀਸਦੀ ਅਤੇ ਹੋਸਟਲ ਫੀਸ ਵਿੱਚ 42 ਫੀਸਦੀ ਤੱਕ ਦਾ ਭਾਰੀ ਵਾਧਾ ਵਾਪਸ ਲਿਆ ਜਾਵੇ।

ਵਿਦਿਆਰਥੀ ਯੂਨੀਵਰਸਿਟੀ 'ਚ 4 ਨਵੇਂ ਹੋਸਟਲਾਂ ਦੇ ਨਿਰਮਾਣ ਦੀ ਮੰਗ ਵੀ ਕਰ ਰਹੇ ਹਨ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਤੋਂ ਯੂਨੀਵਰਸਿਟੀ ਸਿਰ ਚੜ੍ਹਿਆ ਲੱਗਭੱਗ 150 ਕਰੋੜ ਰੁਪਏ ਦਾ ਕਰਜ਼ਾ ਮੁਆਫ ਕਰਨ ਦੀ ਮੰਗ ਕੀਤੀ ਹੈ। ਹਾਲਾਂਕਿ ਬੁੱਧਵਾਰ ਸਵੇਰੇ ਕੈਂਪਸ 'ਚ ਸ਼ਾਂਤੀ ਰਹੀ, ਪਰ ਵਿਦਿਆਰਥੀਆਂ ਨੇ ਸਪੱਸ਼ਟ ਕੀਤਾ ਹੈ ਕਿ ਮੰਗਾਂ ਮੰਨੇ ਜਾਣ ਤੱਕ ਉਨ੍ਹਾਂ ਦਾ ਸੰਘਰਸ਼ ਜਾਰੀ ਰਹੇਗਾ।


ਭਾਵੇਂ ਪੰਜਾਬੀ ਯੂਨੀਵਰਸਿਟੀ ਨੇ ਮੰਗਲਵਾਰ ਵੱਖ-ਵੱਖ ਅਕਾਦਮਿਕ ਕੋਰਸਾਂ ਲਈ ਫੀਸ ਵਾਧੇ ਨੂੰ ਅੰਸ਼ਕ ਤੌਰ 'ਤੇ ਵਾਪਸ ਲੈਣ ਦਾ ਐਲਾਨ ਕੀਤਾ ਹੈ, ਪਰ ਵਿਦਿਆਰਥੀਆਂ ਨੇ ਫੀਸ ਵਾਧੇ ਨੂੰ ਪੂਰੀ ਤਰ੍ਹਾਂ ਵਾਪਸ ਲੈਣ ਦੀ ਮੰਗ ਕਰਦੇ ਹੋਏ ਵਾਈਸ ਚਾਂਸਲਰ ਜਗਦੀਪ ਸਿੰਘ ਦੇ ਦਫਤਰ ਦੇ ਬਾਹਰ ਧਰਨਾ ਜਾਰੀ ਰੱਖਿਆ। ਵਾਈਸ ਚਾਂਸਲਰ ਜਗਦੀਪ ਸਿੰਘ ਨੇ ਕਿਹਾ ਕਿ ਲਗਭਗ ਪੰਜ ਸਾਲਾਂ ਤੋਂ ਬਾਅਦ ਕੀਤਾ ਫੀਸ ਵਾਧਾ ਹੁਣ ਲਗਭਗ 7.5 ਫੀਸਦੀ ਰਹੇਗਾ।

ਵਾਈਸ ਚਾਂਸਲਰ ਨੇ ਕਿਹਾ ਕਿ ਯੂਨੀਵਰਸਿਟੀ ਕਈ ਸਾਲਾਂ ਤੋਂ ਵਿੱਤੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੀ ਸੀ ਅਤੇ ਹੋਰ ਰਾਜ ਯੂਨੀਵਰਸਿਟੀਆਂ ਵਾਂਗ ਅਕਾਦਮਿਕ, ਖੋਜ, ਬੁਨਿਆਦੀ ਢਾਂਚੇ ਅਤੇ ਵਿਦਿਆਰਥੀ ਭਲਾਈ ਗਤੀਵਿਧੀਆਂ ਨੂੰ ਕਾਇਮ ਰੱਖਣ ਲਈ ਵਾਧੂ ਸਰੋਤ ਪੈਦਾ ਕਰਨ ਦੀ ਲੋੜ ਸੀ।

ਵਿਦਿਆਰਥੀਆਂ ਮੁਤਾਬਕ ਉਹ ਵੀਰਵਾਰ ਤੋਂ ਅੰਦੋਲਨ ਨੂੰ ਤੇਜ਼ ਕਰਨਗੇ ਅਤੇ ਵਿਧਾਇਕਾਂ ਤੇ ਮੰਤਰੀਆਂ ਨੂੰ ਯੂਨੀਵਰਸਿਟੀ ਕੈਂਪਸ ਵਿੱਚ ਨਹੀਂ ਆਉਣ ਦੇਣਗੇ। ਫੀਸ ਵਾਧੇ ਵਿਰੋਧੀ ਮੋਰਚੇ ਦੇ ਮੈਂਬਰ ਗੁਰਦਾਸ ਨੇ ਕਿਹਾ, 'ਕੁਝ ਕੋਰਸਾਂ ਲਈ ਫੀਸ ਵਾਧਾ ਦੁੱਗਣੇ ਤੋਂ ਵੀ ਵੱਧ ਹੈ। ਪੰਜਾਬ ਸਰਕਾਰ ਨੇ ਐਲਾਨ ਕੀਤਾ ਸੀ ਕਿ ਉਹ 150 ਕਰੋੜ ਦਾ ਕਰਜ਼ਾ ਮੁਆਫ ਕਰੇਗੀ, ਪਰ ਇੱਕ ਪੈਸਾ ਵੀ ਮੁਆਫ ਨਹੀਂ ਕੀਤਾ ਗਿਆ। ਯੂਨੀਵਰਸਿਟੀ ਹਰ ਸਾਲ ਕਰਜ਼ੇ 'ਤੇ 14 ਕਰੋੜ ਰੁਪਏ ਵਿਆਜ ਵਜੋਂ ਅਦਾ ਕਰ ਰਹੀ ਹੈ।'

## 'ਇੰਟੈਕ ਨੈਸ਼ਨਲ ਹੈਰੀਟੇਜ ਕੁਇਜ਼-2026' ਮੁਕਾਬਲਾ ਕਰਾਇਆ

**ਮਾਲੇਰਕੋਟਲਾ (ਅਸਗਰ ਪਰਿਹਾਰ)**- ਇੰਡੀਅਨ ਨੈਸ਼ਨਲ ਟਰੱਸਟ ਫਾਰ ਆਰਟ ਐਂਡ ਕਲਚਰਲ ਹੈਰੀਟੇਜ (ਇੰਟੈਕ) ਵੱਲੋਂ ਸੋਹਰਾਬ ਪਬਲਿਕ ਸਕੂਲ ਵਿਖੇ 'ਇੰਟੈਕ ਨੈਸ਼ਨਲ ਹੈਰੀਟੇਜ ਕੁਇਜ਼-2026' ਮੁਕਾਬਲੇ ਦਾ ਆਯੋਜਨ ਕੀਤਾ ਗਿਆ।ਇਸ ਵਿੱਚ ਇਲਾਕੇ ਦੇ 08 ਸਕੂਲਾਂ ਦੇ 90 ਦੇ ਲਗਭਗ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਸਭ ਤੋਂ ਪਹਿਲਾਂ ਵਿਦਿਆਰਥੀਆਂ ਦਾ ਲਿਖਤੀ ਪੇਪਰ ਲਿਆ ਗਿਆ, ਜਿਸ ਵਿੱਚ 08 ਟੀਮਾਂ ਨੇ ਪੂਰੇ ਅੰਕ ਪ੍ਰਾਪਤ ਕਰਕੇ ਟਾਪ ਕੀਤਾ।ਇਸ ਤੋਂ ਬਾਅਦ ਕਰਾਏ ਗਏ ਓਰਲ (ਜ਼ਬਾਨੀ) ਕੁਇਜ਼ ਮੁਕਾਬਲੇ 'ਚ ਬਹੁਤ ਹੀ ਫਸਵਾਂ ਮੁਕਾਬਲਾ ਦੇਖਣ ਨੂੰ ਮਿਲਿਆ।ਅਖੀਰ 'ਦੀ ਟਾਊਨ ਸਕੂਲ' ਦੀ ਟੀਮ ਜੇਤੂ ਬਣੀ ਤੇ ਨਮਨ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਤਰ੍ਹਾਂ ਸੋਹਰਾਬ ਪਬਲਿਕ ਸਕੂਲ ਦੇ ਆਬਿਦ ਮਨਵਰ ਤੇ ਆਜ਼ਮ ਜਾਵੇਦ ਨੇ ਦੂਜਾ ਸਥਾਨ ਤੇ ਸੋਹਰਾਬ ਪਬਲਿਕ ਸਕੂਲ ਦੇ ਹੀ ਮਨੀਬ ਪ੍ਰਸਾਦ ਚੰਗੋਈਆ ਤੇ ਬਬਲੂ ਕੁਮਾਰ ਨੇ ਤੀਜਾ ਸਥਾਨ ਹਾਸਲ ਕੀਤਾ। ਇੰਟੈਕ ਮਾਲੇਰਕੋਟਲਾ ਚੈਪਟਰ ਦੇ ਕਨਵੀਨਰ ਡਾ. ਸਲੀਮ ਮੁਹੰਮਦ ਨੇ ਭਾਗ ਲੈਣ ਵਾਲਿਆਂ ਸਮੂਹ ਟੀਮਾਂ ਤੇ ਅਧਿਆਪਕਾਂ ਦਾ ਧੰਨਵਾਦ ਕੀਤਾ।ਉਨ੍ਹਾਂ ਐਲਾਨ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਮਾਲੇਰਕੋਟਲਾ ਦੇ ਆਰਟ ਤੇ ਕਲਚਰਲ ਹੈਰੀਟੇਜ 'ਤੇ ਅਧਾਰਤ ਵਿਸ਼ੇਸ਼ ਮੁਕਾਬਲਾ ਕਰਾਇਆ ਜਾਵੇਗਾ।



## ਸਰਕਾਰ ਤੋਂ ਨਿਰਾਸ਼ ਲੋਕਾਂ ਨੇ ਆਪਣੇ ਬਲਬੂਤੇ ਗਲੀ ਦੀ ਹਾਲਤ ਸੁਧਾਰਨ ਲਈ ਕੰਮ ਕੀਤਾ ਸ਼ੁਰੂ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਚੀਮਾ ਦੀ ਮੀਹਾਂ ਸਿੰਘ ਵਾਲੀ ਗਲੀ ਦੇ ਲਗਭਗ 40 ਘਰਾਂ ਦੇ 125-130 ਲੋਕ ਪਿਛਲੇ ਕਈ ਮਹੀਨਿਆਂ ਤੋਂ ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ ਹਨ। ਸੜਕ ਦੇ ਬਿਲਕੁਲ ਵਿਚਕਾਰ ਸੀਵਰੇਜ ਲਾਈਨ ਪਾ ਕੇ ਬਣਾਏ ਗਏ ਸੀਵਰੇਜ ਦੇ ਹੋਲ ਸੜਕ ਦੇ ਪੱਧਰ ਤੋਂ 3-4 ਫੁੱਟ ਉੱਚੇ ਛੱਡ ਦਿੱਤੇ ਗਏ ਹਨ। ਹਾਲਾਤ ਇਹ ਹਨ ਕਿ ਨਾ ਕਾਰ ਲੰਘ ਸਕਦੀ ਹੈ ਅਤੇ ਨਾ ਹੀ ਟਰੈਕਟਰ। ਜਦੋਂ ਤੋਂ ਸੀਵਰੇਜ ਪਾਈ ਹੈ ਇਸ ਗਲੀ ਵਿੱਚ ਇੱਕ ਵੀ ਕਾਰ ਦਾਖਲ ਨਹੀਂ ਹੋ ਸਕੀ।ਲੋਕ ਇਸ ਮਸਲੇ ਨੂੰ ਲੈ ਕੇ ਕਈ ਵਾਰ ਅਮਨ ਅਰੋੜਾ ਕੋਲ ਪਹੁੰਚ ਕਰ ਚੁੱਕੇ ਹਨ, ਪਰ ਕੋਈ ਹੱਲ ਨਹੀਂ ਹੋਇਆ। ਇਸ ਲਈ ਹੁਣ ਲੋਕਾਂ ਨੂੰ ਆਪਣੀ ਸਮੱਸਿਆ ਦਾ ਹੱਲ ਵੀ ਆਪਣੇ ਪੱਧਰ 'ਤੇ ਕਰਨਾ ਪੈ ਰਿਹਾ ਹੈ। ਇਸ ਕੰਮ ਲਈ ਦਾਮਨ ਬਾਜਵਾ ਨੇ ਆਪਣੀ ਤਰਫੋਂ ?31,000 ਦਾ ਯੋਗਦਾਨ ਪਾਇਆ ਹੈ, ਜਦ ਕਿ ਬਾਕੀ ਲਗਭਗ 40 ਘਰਾਂ ਵੱਲੋਂ ?3,000-?3,000 ਇਕੱਠੇ ਕੀਤੇ ਜਾ ਰਹੇ ਹਨ। ਦਾਮਨ ਬਾਜਵਾ ਨੇ ਕਿਹਾ ਕਿ ਉਹ ਆਪਣੀ ਸਮਰੱਥਾ ਅਨੁਸਾਰ ਅੱਗੇ ਵੀ ਹਰ ਯੋਗਦਾਨ ਦੇਣਗੇ। ਦਾਮਨ ਬਾਜਵਾ ਵੱਲੋਂ ਚੁੱਕੇ ਗਏ ਇਸ ਅਹਿਮ ਕਦਮ ਨੂੰ ਵੇਖਦੇ ਹੋਏ ਚੀਮਾਂ ਤੋਂ ਭਾਜਪਾ ਦੇ ਪੁਰਾਣੇ ਆਗੂ ਜੀਵਨ ਬਾਂਸਲ ਦੁਆਰਾ 11000 ਰੁਪਏ ਦਾ ਹਿੱਸਾ ਪਾਇਆ ਗਿਆ।ਆਗੂਆਂ ਨੇ ਕਿਹਾ ਕਿ ਸਰਕਾਰ ਦੇ ਰਵਈਏ ਕਾਰਨ ਅੱਜ ਚੀਮਾ ਦੇ ਲੋਕ ਆਪਣੇ ਪੈਸੇ ਨਾਲ ਗਲੀ ਠੀਕ ਕਰਨ ਲਈ ਮਜਬੂਰ ਹਨ। ਇਸ ਮੌਕੇ ਹਰਮਨਦੇਵ ਬਾਜਵਾ, ਜੀਵਨ ਬਾਂਸਲ ਭਾਜਪਾ ਆਗੂ ਚੀਮਾਂ, ਨਰਿੰਦਰ ਸ਼ੋਰੀ ਭਾਜਪਾ ਸਰਕਲ ਪ੍ਰਧਾਨ, ਵਾਰਡ ਵਾਸੀ ਬਲਵਿੰਦਰ ਸਿੰਘ , ਗੁਰਤੇਜ ਸਿੰਘ, ਸਤਗੁਰੂ ਸਿੰਘ, ਮਨਿੰਦਰ ਸਿੰਘ ਅਤੇ ਵਾਰਡ ਗਲੀ ਵਾਸੀ ਹਾਜ਼ਰ ਸਨ



## ਖਾਦਾਂ ਦੀ ਕੀਮਤ ਵਧਣ ਕਾਰਨ ਕਿਸਾਨਾਂ ਉਪਰ ਪਿਆ ਭਾਰੀ ਬੋਝ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਖਾਦ ਕੰਪਨੀਆਂ ਵੱਲੋਂ ਕਿਸਾਨਾਂ ਨੂੰ ਇੱਕ ਹੋਰ ਆਰਥਿਕ ਝਟਕਾ ਦਿੰਦਿਆਂ ਸਭ ਤੋਂ ਵੱਧ ਵਰਤੀ ਜਾਣ ਵਾਲੀ ਐਨ ਪੀ ਕੇ ਖਾਦ ਵਿਚ 1100 ਰੁਪਏ ਪ੍ਰਤੀ ਕੁਇੰਟਲ (550 ਰੁਪਏ ਪ੍ਰਤੀ ਗੱਟਾ 50 ਕਿਲੋ) ਵਾਧਾ ਕਰਕੇ ਕਿਸਾਨਾਂ 'ਤੇ ਵਾਧੂ ਬੋਝ ਪਾ ਦਿੱਤਾ ਗਿਆ ਹੈ। ਇਹ ਖਾਦ ਬਠਿੰਡਾ ਤੇ ਰਾਮਾਂ ਮੰਡੀ ਸਮੇਤ ਪੰਜਾਬ ਦੇ ਬਾਜ਼ਾਰਾਂ ਵਿਚ ਵਧੇ ਹੋਏ ਰੇਟ 'ਤੇ ਆ ਚੁੱਕੀ ਹੈ ਤੇ ਇਹ ਵਾਧਾ ਚੁੱਪ ਚੁਪੀਤੇ ਕਰ ਦਿੱਤਾ ਗਿਆ ਹੈ।ਇਸ ਹਿਸਾਬ ਨਾਲ ਖਾਦ ਦੀ ਕੀਮਤ 32 ਫੀਸਦੀ ਵਧ ਗਈ ਹੈ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਟਿਕੈਤ ਦੇ ਸੂਬਾ ਜਨਰਲ ਸਕੱਤਰ ਸਰੂਪ ਸਿੰਘ ਰਾਮਾਂ ਅਤੇ ਕਿਸਾਨ ਆਗੂ ਸਤਿਨਾਮ ਸਿੰਘ ਬਹਿਰੂ ਨੇ ਦੱਸਿਆ ਕਿ ਖਾਦ ਕੰਪਨੀਆਂ ਨੇ ਐਨ ਪੀ ਕੇ ਖਾਦ ਗਰੇਡ 12:32:16 ਦੀ ਕੀਮਤ 2250 ਰੁਪਏ ਪ੍ਰਤੀ ਗੱਟਾ ਕਰ ਦਿੱਤੀ ਹੈ। ਜਦਕਿ ਇਹ ਅਕਤੂਬਰ 2025 ਵਿਚ ਇਹ 1700 ਰੁਪਏ ਪ੍ਰਤੀ ਗੱਟਾ ਸੀ। ਦੇਸ਼ ਵਿਚ ਡੀਜ਼ਲ, ਵਧਦੀ ਮਹਿੰਗਾਈ ਕਾਰਨ ਕਿਸਾਨ ਪਹਿਲਾਂ ਹੀ ਆਪਣੇ ਪਰਿਵਾਰ, ਫਸਲ ਅਤੇ ਪਸ਼ੂਆਂ ਨੂੰ ਲੈ ਕੇ ਕਾਫ਼ੀ ਚਿੰਤਤ ਹਨ। ਹੁਣ ਖਾਦਾਂ, ਬੀਜ, ਖੇਤੀ ਦੀ ਲਾਗਤ ਵਧਣ ਕਾਰਨ ਕਿਸਾਨਾਂ ਨੂੰ ਦੁੱਗਣੀ ਮਾਰ ਝੱਲਣੀ ਪਵੇਗੀ

## ਉਪਕਰਣ ਵੰਡ ਕੈਂਪ ਰਾਹੀਂ 62 ਲੋੜਵੰਦਾਂ ਤੱਕ ਪਹੁੰਚੀ ਸਹਾਇਤਾ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)** - ਜਿੱਥੇ ਸੇਵਾ ਹੁੰਦੀ ਹੈ, ਉੱਥੇ ਹੀ ਰੱਬ ਵੱਸਦਾ ਹੈ ਦੇ ਸੰਕਲਪ ਨੂੰ ਅੱਗੇ ਵਧਾਉਂਦਿਆਂ ਸਮਾਜ ਸੇਵੀ ਅਤੇ ਆਮ ਆਦਮੀ ਪਾਰਟੀ ਫਰੀਦਕੋਟ ਦੇ ਸੀਨੀਅਰ ਆਗੂ ਆਰਸ਼ ਸਚਰ ਵੱਲੋਂ ਲੋਕ ਸੇਵਾ ਦੀ ਮੁਹਿੰਮ ਤਹਿਤ 7ਵਾਂ ਮੁਫ਼ਤ ਸਹਾਇਕ ਉਪਕਰਣ ਵੰਡ ਕੈਂਪ ਲਗਾਇਆ ਗਿਆ।ਇਸ ਕੈਂਪ ਦੌਰਾਨ ਲਗਭਗ 62 ਲੋੜਵੰਦ ਭੈਣਾਂ-ਭਰਾਵਾਂ ਨੂੰ ਨਿਸ਼ੁਲਕ ਸਹਾਇਕ ਉਪਕਰਣ ਮੁਹੱਈਆ ਕਰਵਾਏ ਗਏ। ਇਸ ਉਪਰਾਲੇ ਦਾ ਮੁੱਖ ਮਕਸਦ ਲੋੜਵੰਦ ਅਤੇ ਦਿਵਿਆਂਗ ਵਿਅਕਤੀਆਂ ਨੂੰ ਉਨ੍ਹਾਂ ਦੀ ਰੋਜ਼ਮਰ੍ਹਾ ਜ਼ਿੰਦਗੀ ਵਿੱਚ ਵੱਧ ਤੋਂ ਵੱਧ ਸਹੂਲਤ ਅਤੇ ਆਤਮਨਿਰਭਰਤਾ ਪ੍ਰਦਾਨ ਕਰਨਾ ਹੈ।ਇਸ ਮੌਕੇ ਆਰਸ਼ ਸਚਰ ਨੇ ਕਿਹਾ ਕਿ, ਲੋਕ ਸੇਵਾ ਮੇਰੇ ਲਈ ਸਿਰਫ਼ ਇੱਕ ਮੁਹਿੰਮ ਨਹੀਂ, ਸਗੋਂ ਇੱਕ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਮਿਸ਼ਨ 2027 ਤਹਿਤ ਫਰੀਦਕੋਟ ਦੇ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ, ਲੋੜਵੰਦ ਪਰਿਵਾਰਾਂ ਦੀ ਸਹਾਇਤਾ ਕਰਨ ਅਤੇ ਉਨ੍ਹਾਂ ਨੂੰ ਵੱਖ-ਵੱਖ ਲੋਕ ਭਲਾਈ ਸਕੀਮਾਂ ਨਾਲ ਜੋੜਨ ਦੇ ਯਤਨ ਲਗਾਤਾਰ ਜਾਰੀ ਰਹਿਣਗੇ।



## ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਸਹੁੰ ਚੁੱਕ ਸਮਾਗਮ

**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਹਾਇਕ ਕਮਿਸ਼ਨਰ ਸ. ਹਰਬੰਸ ਸਿੰਘ ਦੀ ਅਗਵਾਈ ਹੇਠ ਨਸ਼ਾ ਮੁਕਤ ਭਾਰਤ ਅਭਿਆਨ ਦੀ ਛੇਵੀਂ ਵਰ੍ਹੇਗੰਢ ਦੇ ਮੌਕੇ ਤੇ ਡੀ.ਸੀ ਦਫ਼ਤਰ ਵਿੱਚ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਹਾਇਕ ਕਮਿਸ਼ਨਰ ਸ. ਹਰਬੰਸ ਸਿੰਘ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਦੀ ਸ਼ੁਰੂਆਤ ਕੀਤੀ ਗਈ ਸੀ ਤੇ ਇਸ ਸਾਲ ਇਸ ਅਭਿਆਨ ਨੂੰ ਕਰਦੇ ਹੋਏ 6 ਸਾਲ ਹੋ ਗਏ ਹਨ ਤੇ ਅੱਜ ਇਸ ਦੀ ਛੇਵੀਂ ਵਰ੍ਹੇਗੰਢ ਦੇ ਮੌਕੇ ਰਾਸ਼ਟਰੀ ਪੱਧਰ 'ਤੇ ਇਹ ਸਹੁੰ ਚੁੱਕ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਮਕਸਦ ਦੇਸ਼ ਭਰ ਦੇ ਲਗਭਗ 20 ਕਰੋੜ ਨਾਗਰਿਕਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁੱਕਣ ਲਈ ਲਾਮਬੰਦ ਕਰਨਾ ਹੈ ਅਤੇ ਇੱਕ ਨਸ਼ਾ ਮੁਕਤ ਭਾਰਤ ਦੇ ਸੁਪਨੇ ਨੂੰ ਪੂਰਾ ਕਰਨਾ ਹੈ।

## ਨੌਜਵਾਨ ਦੀ ਭੇਦਭਰੇ ਹਾਲਾਤ 'ਚ ਮੌਤ

**ਧੂਰੀ ( ਮਨੋਹਰ ਸਿੰਘ ਸੱਗੂ)** - ਸਥਾਨਕ ਸ਼ਹਿਰ ਵਿੱਚ ਸਿਟੀ ਪੁਲਿਸ ਥਾਣੇ ਨੇੜੇ ਇੱਕ ਨੌਜਵਾਨ ਦੀ ਲਾਸ਼ ਮਿਲਣ ਨਾਲ ਸ਼ਹਿਰ ਵਿੱਚ ਗਮਗੀਨ ਮਾਹੌਲ ਬਣ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਸਿਟੀ ਪੁਲਿਸ ਥਾਣੇ ਨੇੜੇ ਮਸਜਿਦ ਵਾਲੀ ਗਲੀ ਕੋਲ ਸੜਕ ਕਿਨਾਰੇ ਕਰੀਬ 28-30 ਸਾਲਾ ਨੌਜਵਾਨ ਮ੍ਰਿਤਕ ਹਾਲਤ ਵਿੱਚ ਪਿਆ ਮਿਲਿਆ। ਮੌਕੇ ਤੋਂ ਮਿਲੀ ਜਾਣਕਾਰੀ ਮੁਤਾਬਕ ਮ੍ਰਿਤਕ ਦੇ ਹੱਥ ਵਿੱਚ ਫੜੀ ਅਤੇ ਕਸੂਤੀ ਬਾਂਹ ਕੱਸੀ ਸਰਿੰਜ ਮਿਲੀ। ਇਸ ਕਾਰਨ ਮੌਤ ਨਸ਼ੇ ਦੀ ਓਵਰਡੋਜ਼ ਨਾਲ ਹੋਣ ਦਾ ਖਦਸ਼ਾ ਪ੍ਰਗਟਾਇਆ ਜਾ ਰਿਹਾ ਸੀ। ਹਾਲਾਂ ਕਿ ਮੌਤ ਦੇ ਅਸਲ ਕਾਰਨਾਂ ਬਾਰੇ ਪੋਸਟਮਾਰਟਮ ਤੋਂ ਬਾਅਦ ਪਤਾ ਲੱਗੇਗਾ। ਥਾਣਾ ਸਿਟੀ ਦੇ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਨੇ ਲਾਸ਼ ਮਿਲਣ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਮ੍ਰਿਤਕ ਮਿਲਿਆ ਨੌਜਵਾਨ ਨਾਲ ਲੱਗਦੇ ਪਿੰਡ ਬਰੜਵਾਲ ਦਾ ਦੱਸਿਆ ਜਾ ਰਿਹਾ ਹੈ।

## ਆਜ਼ਾਦੀ ਦਿਹਾੜੇ ਮੌਕੇ ਤੀਜ ਦਾ ਤਿਉਹਾਰ ਮਨਾਇਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਿਰ, ਰਾਮਪੁਰਾ ਫੂਲ ਵਿਖੇ 15 ਅਗਸਤ ਨੂੰ ਆਜ਼ਾਦੀ ਦਿਹਾੜੇ ਦੇ ਪਾਵਨ ਮੌਕੇ ਤੀਜ ਦਾ ਤਿਉਹਾਰ ਬੜੇ ਉਤਸ਼ਾਹ, ਖੁਸ਼ੀ ਅਤੇ ਪੰਜਾਬੀ ਸੱਭਿਆਚਾਰਕ ਰੰਗਾਂ ਨਾਲ ਮਨਾਇਆ ਗਿਆ।ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਮਾਤਰ ਸ਼ਕਤੀ ਦੀ ਪ੍ਰਮੁੱਖ ਦੀਦੀ ਗਗਨਪ੍ਰੀਤ ਕੌਰ ਅਤੇ ਦੀਦੀ ਪੂਜਾ ਰਾਣੀ ਨੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਮਾਂ ਸਰਸਵਤੀ ਦੇ ਚਰਨਾਂ ਵਿੱਚ ਦੀਪ ਪ੍ਰਜਵਲਿਤ ਕਰਕੇ ਕੀਤੀ ਗਈ। ਇਸ ਉਪਰੰਤ ਆਜ਼ਾਦੀ ਦਿਹਾੜੇ ਦੀ ਭਾਵਨਾ ਨੂੰ ਸਮਰਪਿਤ ਵੱਖ-ਵੱਖ ਦੇਸ਼ਭਗਤੀ ਭਰਪੂਰ ਗਤੀਵਿਧੀਆਂ ਅਤੇ ਤੀਜ ਦੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ।ਤੀਜ ਦੇ ਤਿਉਹਾਰ ਮੌਕੇ ਗਿੱਧਾ, ਬੋਲੀਆਂ ਅਤੇ ਲੋਕ ਗੀਤਾਂ ਨੇ ਸਮਾਗਮ ਨੂੰ ਪੰਜਾਬੀ ਸੱਭਿਆਚਾਰ ਦੇ ਰੰਗਾਂ ਨਾਲ ਰੰਗ ਦਿੱਤਾ। ਕਰਵਾਏ ਮੁਕਾਬਲਿਆਂ ਵਿਚ 'ਮਿਸਿਜ਼ ਤੀਜ' ਮੁਕਾਬਲੇ ਦਾ ਖਿਤਾਬ ਸੁਖਵਿੰਦਰ ਕੌਰ ਨੇ ਆਪਣੇ ਨਾਮ ਕੀਤਾ, ਜਦਕਿ 'ਮਿਸ ਤੀਜ' ਦਾ ਖਿਤਾਬ ਚੰਨਦੀਪ ਕੌਰ ਨੇ ਜਿੱਤਿਆ।ਸਕੂਲ ਦੇ ਪ੍ਰਿੰਸੀਪਲ ਸ਼੍ਰੀ ਸੰਜੀਵ ਕੁਮਾਰ ਨੇ ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਹਾਜ਼ਰ ਮਹਿਮਾਨਾਂ ਨੂੰ ਆਜ਼ਾਦੀ ਦਿਹਾੜੇ ਅਤੇ ਤੀਜ ਦੇ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਕੋਆਰਡੀਨੇਟਰ ਦੀਦੀ ਜੋਤੀ ਖੁਰਾਨਾ, ਦੀਦੀ ਨਿਰਮਲਜੀਤ ਕੌਰ ਅਤੇ ਦੀਦੀ ਆਸ਼ੂ ਰਾਣੀ ਸਮੇਤ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਰਿਹਾ।



## ਧੂਰੀ ਵਿਖੇ ਬਣੇਗਾ ਵਿਸ਼ਵ ਪੱਧਰੀ ਖੇਡ ਕੰਪਲੈਕਸ : ਢਿੱਲੋਂ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਲਘੂ ਨਿਰਯਾਤ ਨਿਗਮ ਦੇ ਚੇਅਰਮੈਨ ਅਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਧੂਰੀ ਹਲਕੇ ਦੇ ਪਿੰਡ ਜਹਾਂਗੀਰ-ਕਹੇਰੂ ਇਲਾਕੇ ਵਿੱਚ ਕਰੀਬ 39.20 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਅਤਿ-ਆਧੁਨਿਕ ਅਤੇ ਵਰਲਡ ਕਲਾਸ ਸਪੋਰਟਸ ਕੰਪਲੈਕਸ ਤਿਆਰ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਹ ਖੇਡ ਕੰਪਲੈਕਸ ਅੰਤਰਰਾਸ਼ਟਰੀ ਮਿਆਰਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਜਾ ਰਿਹਾ ਹੈ। ਇਸ ਵਿੱਚ ਖਿਡਾਰੀਆਂ ਲਈ ਐਥਲੈਟਿਕਸ ਵਾਸਤੇ ਸਿੰਥੈਟਿਕ ਟਰੈਕ, ਹਾਕੀ ਖਿਡਾਰੀਆਂ ਲਈ ਐਸਟ੍ਰੋਟਰਫ, ਆਧੁਨਿਕ ਸਵੀਮਿੰਗ ਪੂਲ, ਅਤੇ ਇੱਕ ਵਿਸ਼ਾਲ ਇਨਡੋਰ ਸਟੇਡੀਅਮ ਬਣਾਇਆ ਜਾਵੇਗਾ। ਇਸ ਤੋਂ ਇਲਾਵਾ 10 ਤੋਂ 12 ਵੱਖ-ਵੱਖ ਖੇਡਾਂ ਲਈ ਉੱਚ ਪੱਧਰੀ ਗਰਾਊਂਡ ਅਤੇ ਜ਼ਰੂਰੀ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਅੱਗੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਧੂਰੀ ਹਲਕੇ ਦੀ ਸਰਬਪੱਖੀ ਤਰੱਕੀ ਅਤੇ ਵਿਕਾਸ ਲਈ ਤੱਤਪਰ ਹਨ।



# ਭਾਕਿਯੂ ਕਾਦੀਆਂ ਵੱਲੋਂ ਮੋਰਚੇ 'ਚ ਵੱਡੀ ਗਿਣਤੀ 'ਚ ਸ਼ਾਮਿਲ ਹੋਣ ਦਾ ਐਲਾਨ



**ਜ਼ੀਰਾ (ਨਰਿੰਦਰ ਅਨੇਜਾ )** - ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਮਹੀਨੇਵਾਰ ਮੀਟਿੰਗ ਗੁਰਦੁਆਰਾ ਸਾਹਿਬ ਜਾਹਰਾ ਪੀਰ ਸਨੇਰ ਵਿਖੇ ਬਲਾਕ ਪ੍ਰਧਾਨ ਸੁਖਦੇਵ ਸਿੰਘ ਸਨੇਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਯੂਨੀਅਨ ਦੇ ਅਹੁਦੇਦਾਰ ਅਤੇ ਮੈਂਬਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ। ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਪਾਣੀ ਦੇ ਮਸਲੇ ਸਬੰਧੀ ਕਾਨੂੰਨ ਦੀ ਧਾਰਾ 78 ,79 ਅਤੇ 80 ਰੱਦ ਕਰਵਾਉਣ, ਕਿਸਾਨਾਂ ਦੇ ਸਿਰ ਚੜ੍ਹਿਆ ਸਮੁੱਚਾ ਕਰਜ਼ਾ ਮਾਫ ਕਰਨ,ਫਸਲਾਂ ਦੀਆਂ ਕੀਮਤਾਂ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾ ਮੁਤਾਬਕ ਨਿਸ਼ਚਿਤ ਕਰਨ, ਲੈਂਡ ਪੂਲਿੰਗ ਕਾਨੂੰਨ ਰੱਦ ਕਰਨ ਅਤੇ ਗੰਨੇ ਦਾ ਭਾਅ 500 ਰੁਪਏ ਪ੍ਰਤੀ ਕੁਇੰਟਲ ਕਰਨ ਦੀ ਮੰਗ ਨੂੰ ਲੈ ਕੇ 1 ਸਤੰਬਰ 2026 ਤੋਂ ਚੰਡੀਗੜ੍ਹ ਵਿਖੇ ਕਿਸਾਨ ਜਥੇਬੰਦੀਆਂ ਵੱਲੋਂ ਅਣਮਿਥੇ ਸਮੇਂ ਲਈ ਲਗਾਏ ਜਾ ਰਹੇ ਧਰਨੇ ਵਿੱਚ ਸ਼ਾਮਿਲ ਹੋਣ ਲਈ ਦਿੱਤੇ ਗਏ ਸੱਦੇ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਇਸ ਮੋਰਚੇ ਵਿੱਚ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣ ਦਾ ਫੈਸਲਾ ਕੀਤਾ । ਮੀਟਿੰਗ ਵਿੱਚ ਦਰਸ਼ਨ ਸਿੰਘ ਮੀਹਾਂ ਸਿੰਘ ਵਾਲਾ ਸੂਬਾ ਕਾਰਜਕਾਰੀ ਮੈਂਬਰ,ਸੁਖਦੇਵ ਸਿੰਘ ਸਨੇਰ ਬਲਾਕ ਪ੍ਰਧਾਨ ਜ਼ੀਰਾ, ਪ੍ਰੀਤਮ ਸਿੰਘ ਮੀਹਾਂ ਸਿੰਘ ਵਾਲਾ ਸੀਨੀਅਰ ਮੀਤ ਪ੍ਰਧਾਨ ਜਿਲਾ ਫਿਰੋਜ਼ਪੁਰ, ਹਰਪ੍ਰੀਤ ਸਿੰਘ ਲੌਂਗੋਦੇਵਾ ਸੀਨੀਅਰ ਆਗੂ,ਪਰਮਜੀਤ ਵਿਦਿਆਰਥੀ,ਸੰਤਾ ਸਿੰਘ ਗਿੱਲ,ਸੁਖਦੇਵ ਸਿੰਘ, ਹਰਪ੍ਰੀਤ ਸਿੰਘ ਰਟੌਲ ਰੋਹੀ, ਗੁਰਜੰਟ ਸਿੰਘ ਮਹੀਆਂਵਾਲਾ, ਗੁਰਚਰਨ ਸਿੰਘ ਸਨੇਰ, ਗੁਰਦੇਵ ਸਿੰਘ,ਸੁੱਚਾ ਸਿੰਘ,ਗੁਰਚਰਨ ਸਿੰਘ ਬਾਜਵਾ, ਪਾਲ ਸਿੰਘ,ਮਨਦੀਪ ਸਿੰਘ ਅਲੀਪੁਰ,ਗੁਲਜਾਰ ਸਿੰਘ ਸਰਪ੍ਰਸਤ,ਭਜਨ ਸਿੰਘ ਮਨਸੂਰਵਾਲ ਕਲਾਂ,ਕਰਮ ਸਿੰਘ ਨਿਸ਼ਾਨ ਸਿੰਘ,ਬਲਕਾਰ ਸਿੰਘ,ਪ੍ਰੇਮ ਸਿੰਘ,ਗੁਰਪ੍ਰੀਤ ਸਿੰਘ ਗੋਗੋਆਣੀ,ਆਤਮਜੀਤ ਸਿੰਘ ਗੋਗੋਆਣੀ,ਰਾਮ ਸਿੰਘ ਸੇਖਵਾਂ,ਅਮਰੀਕ ਸਿੰਘ,ਪਰਮਜੀਤ ਸਿੰਘ ਸੇਖਵਾਂ, ਆਤਮਾ ਸਿੰਘ ਪ੍ਰਧਾਨ ਮਨਸੂਰਦੇਵਾ, ਮਹਿੰਦਰ ਸਿੰਘ, ਗੁਰਅਵਤਾਰ ਸਿੰਘ,ਜਸਪਾਲ ਸਿੰਘ ਫੌਜੀ,ਰਾਮ ਸਿੰਘ ਧਾਲੀਵਾਲ,ਅਮਰੀਕ ਸਿੰਘ ਅਵਾਨ,ਹਰਜੀਤ ਸਿੰਘ ਅਵਾਨ,ਮੁਖਤਿਆਰ ਸਿੰਘ,ਅਵਤਾਰ ਸਿੰਘ,ਹਰਭਜਨ ਸਿੰਘ ਫੇਰੋਕੇ,ਜਸਵੰਤ ਸਿੰਘ ਜ਼ੀਰਾ,ਗੁਰਸੇਵਕ ਸਿੰਘ ਫੇਰੋਕੇ, ਪਰਮਿੰਦਰਜੀਤ ਸਿੰਘ ਜ਼ੀਰਾ,ਅਮਰ ਸਿੰਘ, ਮੋਹਨ ਸਿੰਘ ਨੰਬਰਦਾਰ ਫੇਰੋਕੇ,ਜਸਵੰਤ ਸਿੰਘ ਨਾਮਦੇਵ, ਜਰਨੈਲ ਸਿੰਘ ਭੁੱਲਰ,ਗੁਰਦੀਪ ਸਿੰਘ ਰਿਟਾਇਰਡ ਕਾਨੂੰਗੋ ਜ਼ੀਰਾ,ਅੰਗਰੇਜ਼ ਸਿੰਘ ਅਟਵਾਲ, ਜਗਤਾਰ ਸਿੰਘ ਸ਼ਾਹਵਾਲਾ, ਕਮਲਜੀਤ ਸਿੰਘ ਠੱਠਾ ਸਾਹਿਬ, ਸੁਖਚਰਨ ਸਿੰਘ,ਥਾਣਾ ਸਿੰਘ,ਤਰਸੇਮ ਸਿੰਘ ਜ਼ੀਰਾ,ਗੁਰਤੇਜ ਸਿੰਘ ਸਨੇਰ,ਗੁਰਦੀਪ ਸਿੰਘ ਬਾਠ,ਭਗਵੰਤ ਸਿੰਘ ਬੋਤੀਆਂਵਾਲਾ,ਜਸਵੀਰ ਸਿੰਘ,ਪ੍ਰਤਾਪ ਸਿੰਘ, ਬੋਹੜ ਸਿੰਘ ਅਮਰ ਸਿੰਘ,ਚਾਨਣ ਸਿੰਘ,ਸ਼ਾਂਤੀ ਸਰੂਪ, ਬਾਬਾ ਗੁਰਚਰਨ ਸਿੰਘ,ਤਰਲੋਚਨ ਸਿੰਘ,ਵਕੀਲਪਾਲ ਸਿੰਘ, ਮਰੂੜ ਅਤੇ ਜਸਪਾਲ ਸਿੰਘ ਮਰੂੜ ਆਦਿ ਹਾਜ਼ਰ ਸਨ।

## ਹੁਕਮਰਾਨ ਕਰਦੇ ਹਨ ਪ੍ਰਚਾਰ ਸਾਧਨਾਂ ਦੀ ਦੁਰਵਰਤੋਂ : ਟਿਵਾਣਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਭਾਰਤ ਦੇ ਹੁਕਮਰਾਨ ਆਪਣੇ ਆਪ ਨੂੰ ਧਰਮੀ, ਵਿਧਾਨਿਕ ਲੀਹਾਂ ਉਤੇ ਚੱਲਣ ਵਾਲੇ ਮੁਲਕ ਦੀ ਬਿਹਤਰੀ ਕਰਨ ਵਾਲੇ ਸਾਬਤ ਕਰਨ ਲਈ ਹਰ ਹੀਲੇ ਵਸੀਲੇ ਦੀ ਵਰਤੋਂ ਕਰ ਰਹੇ ਹਨ ਅਤੇ ਅਜਿਹਾ ਪ੍ਰਚਾਰ ਤੇ ਪ੍ਰਸਾਰ ਕਰਨ ਲਈ ਪ੍ਰਚਾਰ ਸਾਧਨਾਂ ਤੇ ਮਾਲੀ ਸਾਧਨਾਂ ਦੀ ਵੱਡੇ ਪੱਧਰ 'ਤੇ ਦੁਰਵਰਤੋਂ ਕਰਦੇ ਨਜਰ ਆ ਰਹੇ ਹਨ ਪਰ ਇਸ ਦੇ ਬਾਵਜੂਦ ਹੁਕਮਰਾਨ ਇਥੋਂ ਦੇ ਨਿਵਾਸੀਆਂ ਦੇ ਮਨ-ਆਤਮਾ ਉਤੇ ਰਾਜ ਕਰਨ ਵਾਲੀਆਂ ਸਤਿਕਾਰਿਤ ਸਖਸ਼ੀਅਤਾਂ ਨਹੀਂ ਬਣ ਸਕੀਆਂ । ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ ) ਨੇ ਇਹ ਵਿਚਾਰ ਪ੍ਰਗਟ ਕਰਦਿਆਂ ਕਿਹਾ ਹੈ ਕਿ 543 ਸੰਸਦ ਮੈਬਰਾਂ ਵਿਚੋਂ 326 ਸੰਸਦ ਮੈਬਰਾਂ ਉਤੇ ਅਤੇ 14 ਸੂਬਿਆਂ ਦੇ ਮੁੱਖ ਮੰਤਰੀਆ ਉਤੇ ਸੰਗੀਨ ਅਪਰਾਧਿਕ ਕੇਸ ਦਰਜ ਹਨ । ਫਿਰ ਅਜਿਹੇ ਇਖਲਾਕ ਤੋਂ ਗਿਰੇ ਹੋਏ ਹੁਕਮਰਾਨ ਇਥੋਂ ਦੇ ਨਿਵਾਸੀਆਂ ਦੀ ਅਗਵਾਈ ਕਿਵੇਂ ਕਰ ਸਕਦੇ ਹਨ।

## ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਢੱਡੇ ਵਿਖੇ ਮੇਲਾ ਉਤਸ਼ਾਹ ਨਾਲ ਮਨਾਇਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਲਵਾ ਖੇਤਰ ਦੀ ਮੋਹਰੀ ਵਿਦਿਅਕ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਢੱਡੇ ਵਿਖੇ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਸੇ ਨੂੰ ਸੰਭਾਲਣ, ਪ੍ਰਫੁੱਲਤ ਕਰਨ ਅਤੇ ਨਵੀਂ ਪੀੜ੍ਹੀ ਨੂੰ ਇਸ ਨਾਲ ਜੋੜਨ ਦੇ ਉਦੇਸ਼ ਨਾਲ ਵਿਰਾਸਤੀ ਮੇਲਾ ਬੜੀ ਧੂਮ-ਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸੰਸਥਾ ਦੇ ਚੇਅਰਮੈਨ ਸ. ਕੁਲਵੰਤ ਸਿੰਘ ਸਿੱਧੂ, ਮੈਨੇਜਿੰਗ ਡਾਇਰੈਕਟਰ ਸ. ਗੁਰਬਿੰਦਰ ਸਿੰਘ ਬੱਲੀ, ਡਾਇਰੈਕਟਰ ਐਡਮਿਨਿਸਟ੍ਰੇਸ਼ਨ ਸ. ਪਰਮਿੰਦਰ ਸਿੰਘ ਸਿੱਧੂ ਨੇ ਪੰਜਾਬੀ ਵਿਰਸੇ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਆਪਣੀ ਮਾਂ-ਬੋਲੀ, ਸੱਭਿਆਚਾਰ, ਰਵਾਇਤਾਂ ਅਤੇ ਵਿਰਾਸਤੀ ਕਦਰਾਂ-ਕੀਮਤਾਂ ਨਾਲ ਜੁੜੇ ਰਹਿਣਾ ਸਾਡੀ ਨੌਜਵਾਨ ਪੀੜ੍ਹੀ ਦੀ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਅਮੀਰ ਵਿਰਸੇ ਨੂੰ ਜਾਣਨ, ਸੰਭਾਲਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਜਾਣਕਾਰੀ ਦਿੰਦੇ ਦੱਸਿਆ ਕਿ ਵਿਰਾਸਤੀ ਮੇਲੇ ਦੌਰਾਨ ਵਿਦਿਆਰਥੀਆਂ ਨੇ ਪੰਜਾਬ ਦੀਆਂ ਪੁਰਾਤਨ ਰਵਾਇਤਾਂ, ਲੋਕ-ਗੀਤਾਂ, ਲੋਕ-ਨਾਚਾਂ, ਪੁਰਾਤਨ ਵਸਤੂਆਂ ਦੀ ਪ੍ਰਦਰਸ਼ਨੀ ਅਤੇ ਪੇਂਡੂ ਜੀਵਨ ਦੀਆਂ ਝਲਕੀਆਂ ਦਾ ਖੂਬ ਆਨੰਦ ਮਾਣਿਆ। ਇਸ ਮੌਕੇ ਵਿਸ਼ੇਸ਼ ਮਹਿਮਾਨ ਦੀ ਹਾਜ਼ਰੀ ਭਰਦੇ ਹੋਏ ਮੈਡਮ ਹਰਮਨਜੋਤ ਕੌਰ ਨੇ ਪੀਂਘ ਦੀ ਰਸਮ ਦੀ ਸ਼ੁਰੂਆਤ ਕਰਕੇ ਵਿਰਾਸਤੀ ਮੇਲੇ ਦੀ ਰੌਣਕ ਨੂੰ ਹੋਰ ਵੀ ਵਧਾ ਦਿੱਤਾ ਅਤੇ ਉਨ੍ਹਾਂ ਨਾਲ ਮੈਡਮ ਬਲਵਿੰਦਰ ਕੌਰ ਨੇ ਵੀ ਵਿਰਾਸਤੀ ਮੇਲੇ ਵਿੱਚ ਸਿਰਕਤ ਕੀਤੀ। ਮੇਲੇ ਦੌਰਾਨ ਵਿਦਿਆਰਥਣਾਂ ਨੇ ਪਿੱਪਲਾਂ ਅਤੇ ਬੋਹੜਾਂ ਦੀ ਛਾਂ ਹੇਠ ਰਵਾਇਤੀ ਪੀਂਘਾਂ ਝੂਟ ਕੇ ਪੰਜਾਬ ਦੇ ਪੁਰਾਣੇ ਪੇਂਡੂ ਜੀਵਨ ਦੀਆਂ ਯਾਦਾਂ ਨੂੰ ਤਾਜ਼ਾ ਕੀਤਾ। ਸੰਸਥਾ ਦੇ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਨੇ ਦੱਸਿਆ ਕਿ ਵਿਰਾਸਤੀ ਮੇਲੇ ਦੌਰਾਨ ਵਿਦਿਆਰਥਣਾਂ ਲਈ ਪੰਜਾਬ ਦੇ ਪੁਰਾਣੇ ਪੇਂਡੂ ਪਕਵਾਨਾਂ ਦੀ ਯਾਦ ਤਾਜ਼ਾ ਕਰਵਾਉਂਦਿਆਂ ਖੀਰ-ਪੂੜਿਆਂ ਦਾ ਲੰਗਰ ਵੀ ਲਗਾਇਆ ਗਿਆ।



## ਕਾਂਗਰਸ 27 ਦੀਆਂ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ : ਰਾਜਿੰਦਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** - ਕਾਂਗਰਸ ਸੀਨੀਅਰ ਆਗੂ ਰਾਜਿੰਦਰ ਸਿੰਘ ਵੱਲੋਂ ਮਿਸ਼ਨ 2027ਤਹਿਤ ਕਾਂਗਰਸ ਨੂੰ ਬੂਥ ਪੱਧਰ 'ਤੇ ਮਜਬੂਤ ਕਰਨ ਲਈ ਮੁਹਿੰਮ ਵਿੱਢ ਦਿੱਤੀ ਗਈ ਹੈ। ਪਟਿਆਲਾ ਵਿਖੇ ਕਾਂਗਰਸ ਦੇ ਆਗੂਆਂ ਅਤੇ ਵਰਕਰਾਂ ਨੂੰ ਸਬੋਧਨ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਿੰਦਰ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਕੀਤੇ ਚੋਣ ਵਾਅਦੇ ਸਿਰਫ ਕਾਗਜੀ ਵਿਖਾਵਾ ਹਨ ਅਤੇ ਪੂਰੇ ਕੀਤੇ ਜਾ ਰਹੇ ਵਾਅਦਿਆਂ ਦੀ ਜਮੀਨੀ ਸੱਚਾਈ ਹੋਰ ਹੈ! ਉਹਨਾਂ ਕਿਹਾ ਕਿ 2027 ਦੀਆਂ ਅਗਾਮੀ ਚੋਣਾਂ ਲਈ ਕਾਂਗਰਸ ਪੂਰੀ ਤਰਾਂ ਤਿਆਰ ਹੈ । ਰਾਜਿੰਦਰ ਸਿੰਘ ਅਨੁਸਾਰ ਪੰਜਾਬ 'ਚ ਆਲੋਚਨਾਵਾਂ ਨਾਲ ਜੁੜੇ ਸੋਸ਼ਲ ਮੀਡੀਆ ਪੇਜਾਂ ਵਿਰੁੱਧ 48 ਕਾਪੀ ਰਾਈਟ ਸਟ੍ਰਾਈਕ ਕੀਤੀਆਂ ਗਈਆਂ, ਜਿਸ ਤੋਂ ਬਾਅਦ 30 ਲੱਖ ਤੋਂ ਵੱਧ ਫਾਲੋਅਰਜ਼ ਵਾਲੇ ਪੇਜ ਵੀ ਬੰਦ ਹੋ ਗਏ। ਉਨ੍ਹਾਂ ਇਨ੍ਹਾਂ ਘਟਨਾਵਾਂ ਨੂੰ ਪ੍ਰਗਟਾਵੇ ਦੀ ਆਜ਼ਾਦੀ ਲਈ ਗੰਭੀਰ ਚਿੰਤਾ ਦੱਸਿਆ । ਉਹਨਾਂ ਨੇ ਪੰਜਾਬ ਸਰਕਾਰ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜੇਕਰ ਸਰਕਾਰ ਕੋਲ ਛੁਪਾਉਣ ਲਈ ਕੁਝ ਨਹੀਂ ਹੈ, ਤਾਂ ਉਹ ਆਲੋਚਨਾ ਤੋਂ ਇੰਨੀ ਚਿੰਤਤ ਕਿਉਂ ਹੈ। ਇਸ ਮੌਕੇ ਕਾਂਗਰਸ ਦੇ ਬਲਾਕ ਪ੍ਰਧਾਨ ਨਾਇਬ ਸਿੰਘ ਭਾਨਰੀ, ਡਾ ਰਾਜ ਕੁਮਾਰ ਡਕਾਲਾ ਸਿੱਪੀ ਧਾਲੀਵਾਲ, ਨੰਬਰਦਾਰ ਹਰਵਿੰਦਰ ਸਿੰਘ ਬੀਬੀਪੁਰ, ਸੁਖਦੇਵ ਨਿਜ਼ਾਮਨੀ ਵਾਲਾ, ਦਵਿੰਦਰ ਸਿੰਘ ਸਰਪੰਚ ਰਾਮਗੜ੍ਹ ਸਮੇਤ ਹੋਰ ਬਹੁਤ ਸਾਰੇ ਆਗੂ ਮੌਜੂਦ ਸਨ!

# ਪੁਲਸ ਨੇ ਕਤਲ ਮੁਕੱਦਮੇ ਦੇ ਮੁਲਜ਼ਮਾਂ ਨੂੰ ਕੁਝ ਹੀ ਘੰਟਿਆਂ 'ਚ ਕੀਤਾ ਕਾਬੂ

**ਮਾਨਸਾ, (ਆਤਮਾ ਸਿੰਘ ਪਮਾਰ)** : ਸ੍ਰੀ ਭਾਗੀਰਥ ਸਿੰਘ ਮੀਨਾ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ ਨੇ ਦੱਸਿਆ ਕਿ ਮਾਨਸਾ ਪੁਲਸ ਵੱਲੋਂ ਪਿੰਡ ਨੰਗਲ ਕਲਾਂ ਵਿਖੇ ਹੋਏ ਕਤਲ ਦੇ ਮੁਲਜ਼ਮਾਂ ਚੋਂ ਨੂੰ ਕੁੱਝ ਘੰਟਿਆਂ ਦੇ ਅੰਦਰ-ਅੰਦਰ ਹੀ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਉਨ੍ਹਾਂ ਅੱਗੇ ਦੱਸਿਆ ਗਿਆ ਕਿ ਲੰਘੀ 17 ਅਗਸਤ ਨੂੰ ਚੌਕੀ ਕੋਟਧਰਮੂ ਵਿਖੇ ਇੰਚਾਰਜ ਥਾਣੇਦਾਰ ਬਲਜਿੰਦਰ ਸਿੰਘ ਨੂੰ ਇਤਲਾਹ ਮਿਲੀ ਕਿ ਅਮਨਦੀਪ ਕੁਮਾਰ ਉਰਫ਼ ਮੰਗੂ ਪੁੱਤਰ ਤਰਸੇਮ ਸਿੰਘ ਵਾਸੀ ਨੰਗਲ ਕਲਾਂ ਉਮਰ ਕਰੀਬ 36 ਸਾਲ ਦੇ ਲੜਾਈ ਝਗੜਾ ਹੋਣ ਕਰਕੇ ਸੱਟਾਂ ਵੱਜੀਆਂ ਹਨ, ਜਿਸ ਨੇ ਆਪਣਾ ਬਿਆਨ ਲਿਖਵਾਇਆ ਕਿ 17 ਅਸਗਤ ਨੂੰ 3.30 ਵਜੇ ਦੁਪਹਿਰ ਸਮੇ ਪਿੰਡ ਵਾਲੇ ਗੁਰੂਘਰ ਵਾਲੀ ਫਿਰਨੀ ਜਾ ਰਿਹਾ ਸੀ ਤਾਂ ਉਸੇ ਪਿੰਡ ਦਾ ਮੌਜੂਦਾ ਸਰਪੰਚ ਰੇਸ਼ਮ ਸਿੰਘ ਉਰਫ ਜਿੰਦਾ ਪੁੱਤਰ ਜਗਦੀਸ਼ ਸਿੰਘ ਵਾਸੀ ਨੰਗਲ ਕਲਾਂ ਸਮੇਤ ਗਗਨਪ੍ਰੀਤ ਸਿੰਘ ਉਰਫ ਗਗਨ ਪੁੱਤਰ ਗੁਰਮੀਤ ਸਿੰਘ ਵਾਸੀ ਜਵਾਹਰਕੇ, ਸ਼ਗਨਦੀਪ ਸਿੰਘ ਉਰਫ ਸ਼ਗਨੀ ਪੁੱਤਰ ਮਿੱਠੂ ਸਿੰਘ ਵਾਸੀ ਗੁਰਨੇ ਖੁਰਦ, ਖੁਸਪਿੰਦਰ ਸਿੰਘ ਉਰਫ ਖੁਸ਼ ਪੁੱਤਰ ਹਰਵਿੰਦਰ ਸਿੰਘ ਵਾਸੀ ਭੰਮੇ ਕਲਾਂ, ਬਾਦਲ ਸਿੰਘ ਪੁੱਤਰ ਰਾਜ ਸਿੰਘ ਵਾਸੀ ਭੰਮੇ ਕਲਾਂ, ਕੁਲਦੀਪ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਭੰਮੇ ਕਲਾਂ ਤੇ 4/5 ਹੋਰ ਨਾ ਮਲੂਮ ਵਿਆਕਤੀ ਜਿਨ੍ਹਾਂ ਪਾਸ ਲੋਹੇ ਦੇ ਰਾਡ, ਸੱਬਲ ਅਤੇ ਕ੍ਰਿਪਾਨਾਂ ਆਦਿ ਸਨ, ਜੋ ਆਪਣੀ ਸਵਿਫਟ ਡਿਜ਼ਇਰ ਅਤੇ ਸਕਾਰਪਿਓ ਗੱਡੀ ਵਿਚ ਆ ਕੇ ਮਾਰ ਦੇਣ ਦੀ ਨੀਅਤ ਨਾਲ ਹਮਲਾ ਕਰਕੇ ਉਸ ਦੇ ਕਾਫੀ ਸੱਟਾਂ ਮਾਰੀਆਂ ਤੇ ਰੌਲਾ ਪਾਉਣ 'ਤੇ ਮੌਕੇ ਤੋਂ ਭੱਜ ਗਏ। ਉਸ ਨੇ ਦੱਸਿਆ ਕਿ ਸਰਪੰਚੀ ਦੀਆਂ ਵੋਟਾਂ ਸਮੇ ਮੇਰੀ ਸਰਪੰਚ ਰੇਸ਼ਮ ਸਿੰਘ ਨਾਲ ਬਹਿਸ ਹੋਈ ਸੀ, ਉਸ ਸਮੇਂ ਤੋਂ ਹੀ ਸਰਪੰਚ ਰੇਸ਼ਮ ਸਿੰਘ ਮੇਰੇ ਨਾਲ ਖਾਰ ਰੱਖਦਾ ਸੀ, ਇਸ ਕਰਕੇ ਹੀ ਇਹ ਹਮਲਾ ਹੋਇਆ ਹੈ, ਜਿਸ 'ਤੇ ਸ:ਥ: ਦਲੇਰ ਸਿੰਘ 232/ਮਾ ਚੌਕੀ ਕੋਟਧਰਮੁ ਨੇ ਅਮਨਦੀਪ ਸਰਮਾ ਉਕਤ ਦੇ ਬਿਆਨ ਪਰ ਬਰਖਿਲਾਫ ਰੇਸ਼ਮ ਸਿੰਘ ਉਰਫ ਜਿੰਦਾ ਪੁੱਤਰ ਜਗਦੀਸ਼ ਸਿੰਘ ਵਾਸੀ ਨੰਗਲ ਕਲਾਂ ਸਮੇਤ ਗਗਨਪ੍ਰੀਤ ਸਿੰਘ ਉਰਫ ਗਗਨ ਪੁੱਤਰ ਗੁਰਮੀਤ ਸਿੰਘ ਵਾਸੀ ਜਵਾਹਰਕੇ, ਸ਼ਗਨਦੀਪ ਸਿੰਘ ਉਰਫ ਸ਼ਗਨੀ ਪੁੱਤਰ ਮਿੱਠੂ ਸਿੰਘ ਵਾਸੀ ਗੁਰਨੇ ਖੁਰਦ, ਖੁਸਪਿੰਦਰ ਸਿੰਘ ਉਰਫ ਖੁਸ਼ੂ ਪੁੱਤਰ ਹਰਵਿੰਦਰ ਸਿੰਘ ਵਾਸੀ ਭੰਮੇ ਕਲਾਂ, ਬਾਦਲ ਸਿੰਘ ਪੁੱਤਰ ਰਾਜ ਸਿੰਘ ਵਾਸੀ ਭੰਮੇ ਕਲਾ ਕੁਲਦੀਪ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਭੰਮੇ ਕਲਾਂ ਤੇ 4/5 ਹੋਰ ਨਾਮਲੂਮ 'ਤੇ ਥਾਣਾ ਸਦਰ ਮਾਨਸਾ ਵਿਖੇ ਮੁਕੱਦਮਾ ਦਰਜ ਕੀਤਾ ਗਿਆ।ਮੁਕੱਦਮੇ ਦੀ ਅਹਿਮੀਅਤ ਨੂੰ ਦੇਖਦਿਆਂ ਹਰਜਿੰਦਰ ਸਿੰਘ ਗਿੱਲ ਉਪ ਕਪਤਾਨ ਪੁਲਿਸ (ਸ: ਡ:) ਮਾਨਸਾ ਦੀ ਦੇਖ-ਰੇਖ ਹੇਠਾਂ ਇੰਸ. ਬਲਕੌਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਮਾਨਸਾ, ਇੰਸ: ਜਸਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਸਦਰ ਮਾਨਸਾ ਤੇ ਥਾਣੇ: ਬਲਜਿੰਦਰ ਸਿੰਘ ਇੰਚਾਰਜ ਪੁਲਿਸ ਚੌਂਕੀ ਕੋਟ ਧਰਮੂ ਦੀ ਅਗਵਾਈ 'ਚ ਵੱਖ-ਵੱਖ ਪੁਲਸ ਟੀਮਾਂ ਦਾ ਗਠਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ 18.08.2026 ਨੂੰ ਇੰਸ. ਜਸਪ੍ਰੀਤ ਸਿੰਘ ਮੁੱਖ ਅਫ਼ਸਰ ਥਾਣਾ ਸਦਰ ਮਾਨਸਾ ਨੂੰ ਇਤਲਾਹ ਮਿਲੀ ਕਿ ਮੁਕੱਦਮੇ ਦਾ ਮਦਈ ਅਮਨਦੀਪ ਸ਼ਰਮਾ ਦੀ ਇਲਾਜ ਦੌਰਾਨ ਮੌਤ ਹੋ ਗਈ ਹੈ ਤਾਂ ਇੰਸ. ਜਸਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਸਦਰ ਮਾਨਸਾ ਨੇ ਮ੍ਰਿਤਕ ਦੇ ਭਰਾ ਵਰਿੰਦਰ ਕੁਮਾਰ ਦਾ ਤਰਤੀਮਾ ਬਿਆਨ ਲਿਖ ਕੇ ਮੁਕੱਦਮੇ ਵਿੱਚ ਰਾਹੀ ਰਪਟ ਨੰਬਰ 37 ਮਿਤੀ 18.8.2026 ਨਾਲ ਜੁਰਮ ਅ/ਧ 103(1) ਬੀ.ਐਨ.ਐਸ ਤਹਿਤ ਵਾਧਾ ਕਰਕੇ ਤਫ਼ਤੀਸ਼ ਅਮਲ ਵਿਚ ਲਿਆ ਕੇ ਦੌਰਾਨੇ ਤਫ਼ਤੀਸ਼ 19 ਅਗਸਤ, 2026 ਨੂੰ ਮੁਕੱਦਮਾ ਹਜਾ ਦੇ ਮੁੱਖ ਮੁਲਜ਼ਮ ਸਰਪੰਚ ਰੇਸ਼ਮ ਸਿੰਘ ਉਰਫ ਜਿੰਦਾ ਪੁੱਤਰ ਜਗਦੀਸ਼ ਸਿੰਘ ਵਾਸੀ ਨੰਗਲ ਕਲਾਂ, ਗਗਨਪ੍ਰੀਤ ਸਿੰਘ ਉਰਫ਼ ਗਗਨ ਪੁੱਤਰ ਗੁਰਮੀਤ ਸਿੰਘ ਵਾਸੀ ਜਵਾਹਰਕੇ ਤੇ ਸ਼ਗਨਦੀਪ ਸਿੰਘ ਉਰਫ ਸ਼ਗਨੀ ਪੁੱਤਰ ਮਿੱਠੂ ਸਿੰਘ ਵਾਸੀ ਗੁਰਨੇ ਖੁਰਦ ਨੂੰ ਰਮਦਿੱਤੇਵਾਲਾ ਚੌਕ ਮਾਨਸਾ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਬਾਕੀ ਦੋਸ਼ੀਆਂ ਦੀ ਗ੍ਰਿਫ਼ਤਾਰੀ ਹਾਲੇ ਬਾਕੀ ਹੈ। ਸੀਨੀਅਰ ਪੁਲਸ ਕਪਤਾਨ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।ਇਸ ਤੋਂ ਇਲਾਵਾ ਕਤਲ ਦੌਰਾਨ ਵਰਤੇ ਹਥਿਆਰ ਤੇ ਵਹੀਕਲਾਂ ਨੂੰ ਵੀ ਬਰਾਮਦ ਕਰਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਬਾਕੀ ਮੁਲਜ਼ਮਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ ।




## ਟੱਕਰ ਪਰਵਾਰ ਤੇ ਮਹੱਲਾ ਵਾਸੀਆਂ ਦੇ ਸਹਿਯੋਗ ਨਾਲ ਲੰਗਰ ਲਗਾਇਆ

**ਕੋਟ ਈਸੇ ਖਾਂ (ਅਰੋੜਾ )** - ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਥਾਨਕ ਸ਼ਹਿਰ ਦੀ ਧਰਮਕੋਟ ਰੋਡ 'ਤੇ ਦੇਸਰਾਜ ਟੱਕਰ ਪਰਿਵਾਰ ਅਤੇ ਮਹੱਲਾ ਵਾਸੀਆਂ ਦੇ ਸਹਿਯੋਗ ਨਾਲ ਲੰਗਰ ਲਗਾਇਆ ਗਿਆ। ਇਸ ਮੌਕੇ ਵਾਰਡ ਨੰਬਰ ਚਾਰ ਤੋਂ ਕੌਂਸਲਰ ਸੁਖਨਜੀਤ ਕੌਰ ਟੱਕਰ ਦੇ ਪਤੀ ਅਮਨ ਟੱਕਰ ਨੇ ਜਾਣਕਾਰੀ ਦਿੰਦਿਆਂ ਹੋਏ ਦੱਸਿਆ ਕਿ ਸਾਉਣ ਮਹੀਨੇ ਨੂੰ ਮੁੱਖ ਰੱਖਦੇ ਹੋਏ ਹਰ ਸਾਲ ਮੁਹੱਲਾ ਵਾਸੀਆਂ ਦੇ ਸਹਿਯੋਗ ਨਾਲ ਦਾਲ -ਪ੍ਰਸ਼ਾਦਾ, ਖੀਰ ਪ੍ਰਸ਼ਾਦ ਆਦਿ ਦਾ ਲੰਗਰ ਲਗਾਇਆ ਜਾਂਦਾ ਹੈ ਜਿੱਥੇ ਕਿ ਮਾਤਾ ਚਿੰਤਪੁਰਨੀ ਦੇ ਧਾਮ ਜਾਣ ਆਉਣ ਵਾਲੇ ਸ਼ਰਧਾਲੂ ਇਥੇ ਰੁਕ ਕੇ ਬੜੀ ਸ਼ਰਧਾ ਭਾਵਨਾ ਨਾਲ ਲੰਗਰ ਛਕਦੇ ਹਨ ਅਤੇ ਸਾਡੇ ਸਮੂਹ ਸੇਵਾਦਾਰਾਂ ਵੱਲੋਂ ਬਹੁਤ ਹੀ ਪ੍ਰੇਮ ਪਿਆਰ ਨਾਲ ਲੰਗਰ ਛਕਾਇਆ ਜਾਂਦਾ ਹੈ। ਬੀਬੀਆਂ ਭੈਣਾਂ ਵੱਲੋਂ ਬਹੁਤ ਵਧੀਆ ਢੰਗ ਨਾਲ ਪ੍ਰਸ਼ਾਦੇ ਤਿਆਰ ਕੀਤੇ ਜਾਂਦੇ ਹਨ ਅਤੇ ਸੇਵਾ ਕੀਤੀ ਜਾਂਦੀ ਹੈ। ਇਸ ਮੌਕੇ ਅਮਨ ਟੱਕਰ, ਲਵ ਟੱਕਰ, ਰੋਹਿਤ, ਤਰਸੇਮ ਸਿੰਘ, ਰਾਜ ਕੁਮਾਰ ਤੋਂ ਇਲਾਵਾ ਹੋਰ ਸੇਵਾਦਾਰ ਹਾਜਰ ਸਨ

## ਖਾਦਾਂ ਦੇ ਵਧੇ ਭਾਅ ਵਾਪਸ ਨਾ ਹੋਏ ਤਾਂ ਹੋਵੇਗਾ ਸੰਘਰਸ਼ - ਢੀਂਡਸਾ

**ਸਮਰਾਲਾ (ਸੁਰਜੀਤ ਸਿੰਘ)**- ਬੀ ਕੇ ਯੂ (ਲੱਖੋਵਾਲ) ਦੇ ਜਿਲ੍ਹਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਖਾਦ ਕੰਪਨੀਆਂ ਵੱਲੋਂ ਰੇਟਾਂ ਵਿੱਚ ਵਾਧਾ ਤੁਰੰਤ ਵਾਪਸ ਨਾ ਲਿਆ ਗਿਆ ਤਾਂ ਕਿਸਾਨ ਸੜਕਾਂ 'ਤੇ ਉਤਰਨ ਲਈ ਮਜ਼ਬੂਰ ਹੋ ਜਾਣਗੇ। ਉਨ੍ਹਾਂ ਅੱਗੇ ਕਿਹਾ ਕਿ ਹੁਣ ਆਲੂ ਅਤੇ ਕਣਕ ਬੀਜਣ ਦਾ ਸਮਾਂ ਆਉਣ ਤੋਂ ਪਹਿਲਾਂ ਹੀ ਖਾਦ ਕੰਪਨੀਆਂ ਨੇ ਅਸਮਾਨ ਛੂਹਦੇ ਭਾਅ ਵਧਾ ਕੇ ਕਿਸਾਨਾਂ ਦੀ ਨੀਂਦ ਹਰਾਮ ਕਰ ਦਿੱਤੀ ਹੈ ਕਿਉਂਕਿ ਕਿਸਾਨ ਤਾਂ ਪਹਿਲਾਂ ਹੀ ਪਿਛਲੀਆਂ ਦੋ ਫਸਲਾਂ ਦੀ ਮਾਰ ਹੇਠ ਆਉਣ ਕਰਕੇ ਕਰਜੇ ਹੇਠ ਦਬਿਆ ਹੋਇਆ ਹੈ।ਉਨ੍ਹਾਂ ਅੱਗੇ ਕਿਹਾ ਕਿ ਖਾਦਾਂ ਦੇ ਵਧਾਏ ਭਾਅ ਦਾ ਬੀ. ਕੇ. ਯੂ. (ਲੱਖੋਵਾਲ) ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ ਅਤੇ ਸਰਕਾਰ ਕੋਲੋਂ ਵੱਧ ਤੋਂ ਵੱਧ ਸਬਸਿਡੀ ਦੇਣ ਦੀ ਮੰਗ ਕਰਦੀ ਹੈ।



ਸਫਾ 1 ਦੇ ਬਾਕੀ...

### ਪੀ ਐੱਮ ਕੇਅਰਜ਼ ਫੰਡ ਸਕੂਲਾਂ ਦੀ ਹਾਲਤ ਸੁਧਾਰਨ ਲਈ ਖਰਚਿਆ ਜਾਵੇ : ਦੀਪਕੇ

ਬਣਾਉਣ ਦੀ ਲਾਗਤ ਲਗਭਗ 8 ਕਰੋੜ ਰੁਪਏ ਹੈ, ਤਾਂ 8,500 ਕਰੋੜ ਰੁਪਏ ਵਿੱਚ, 1,000 ਤੋਂ ਵੱਧ ਨਵੇਂ ਹਾਈ-ਟੈੱਕ ਮਾਡਲ ਸਕੂਲ ਬਣਾਏ ਜਾ ਸਕਦੇ ਹਨ। ਉਨ੍ਹਾ ਕਿਹਾ ਕਿ ਲੋਕ ਪ੍ਰਧਾਨ ਮੰਤਰੀ ਨੂੰ ਬੇਨਤੀ ਕਰਨ ਕਿ ਕਿਰਪਾ ਕਰਕੇ ਪੀ ਐੱਮ ਕੇਅਰਜ਼ ਫੰਡ ਦੀ ਵਰਤੋਂ ਲੋਕਾਂ ਲਈ, ਸਿੱਖਿਆ ਤੇ ਗਰੀਬ ਬੱਚਿਆਂ ਦੇ ਸਕੂਲਾਂ ਲਈ ਕਰਨ। ਪ੍ਰਧਾਨ ਮੰਤਰੀ ਨੂੰ ਵੀ ਦਿਖਾਉਣਾ ਚਾਹੀਦਾ ਹੈ ਕਿ ਉਹ ਅਸਲ ਵਿੱਚ ਲੋਕਾਂ ਦੀ ਪਰਵਾਹ ਕਰਦੇ ਹਨ।

### ਖੇਡਾਂ ਵਤਨ ਪੰਜਾਬ ਦੀਆਂ 5 ਤੋਂ

40 ਸਾਲ ਤੱਕ ਦੀ ਉਮਰ ਦੇ ਤਗ਼ਮਾ ਜੇਤੂਆਂ ਨੂੰ ਗ੍ਰੇਡੇਸ਼ਨ ਸਰਟੀਫਿਕੇਟ ਵੀ ਮਿਲੇਗਾ, ਜਿਸ ਨਾਲ ਉਹ ਸਰਕਾਰੀ ਨੌਕਰੀਆਂ ਵਿੱਚ ਖੇਡ ਕੋਟੇ ਦਾ ਲਾਭ ਲੈਣ ਦੇ ਯੋਗ ਹੋ ਜਾਣਗੇ। ਪਹਿਲੇ ਤਿੰਨ ਸੀਜ਼ਨਾਂ ਦੌਰਾਨ ਖਿਡਾਰੀਆਂ ਵਿੱਚ 25.51 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਗਈ ਸੀ, ਜੋ ਇਨ੍ਹਾਂ ਖੇਡਾਂ ਦੀ ਭਾਰੀ ਸਫ਼ਲਤਾ ਨੂੰ ਦਰਸਾਉਂਦੀ ਹੈ। ਉਨ੍ਹਾ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਿਰਫ਼ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ 1,744 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਸਾਲ 2022 ਤੋਂ ਬਾਅਦ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸੂਬੇ ਭਰ ਦੇ 40,415 ਖਿਡਾਰੀਆਂ ਨੂੰ ਕੁੱਲ 135 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਗਈ ਹੈ।

### ਬਜ਼ੁਰਗਾਂ ਨੂੰ ਬੱਚਿਆਂ ਨੂੰ ਜਾਇਦਾਦ ਤੋਂ ਬੇਦਖਲ ਕਰਨ ਦਾ ਅਧਿਕਾਰ

ਅਦਾਲਤ ਨੇ ਨੋਟ ਕੀਤਾ ਕਿ ਟ੍ਰਿਬਿਊਨਲ ਐਕਟ ਦੀ ਧਾਰਾ 7 ਦੇ ਤਹਿਤ ਬਣਾਏ ਗਏ ਹਨ ਅਤੇ ਧਾਰਾ 8 ਉਨ੍ਹਾਂ ਨੂੰ ਸਿਵਲ ਅਦਾਲਤਾਂ ਵਾਂਗ ਹੀ ਸ਼ਕਤੀਆਂ ਪ੍ਰਦਾਨ ਕਰਦੀ ਹੈ। ਹਾਲਾਂਕਿ, ਧਾਰਾ 27 ਸਿਵਲ ਅਦਾਲਤਾਂ ਦੇ ਅਧਿਕਾਰ ਖੇਤਰ ਨੂੰ ਸੀਮਤ ਕਰਦੀ ਹੈ। ਇਸ ਲਈ ਟ੍ਰਿਬਿਊਨਲਾਂ ਕੋਲ ਕਾਨੂੰਨ ਦੇ ਉਦੇਸ਼ ਨੂੰ ਲਾਗੂ ਕਰਨ ਲਈ ਜ਼ਰੂਰੀ ਕਦਮ ਚੁੱਕਣ ਦੀ ਵੀ ਸ਼ਕਤੀ ਹੈ।

ਐੱਸ ਵਨੀਤਾ ਬਨਾਮ ਡਿਪਟੀ ਕਮਿਸ਼ਨਰ (2021) ਦਾ ਹਵਾਲਾ ਦਿੰਦੇ ਹੋਏ ਅਦਾਲਤ ਨੇ ਕਿਹਾ ਕਿ ਜੇ ਮਾਪਿਆਂ ਜਾਂ ਬਜ਼ੁਰਗ ਨਾਗਰਿਕਾਂ ਦੀ ਦੇਖਭਾਲ ਅਤੇ ਸੁਰੱਖਿਆ ਲਈ ਜ਼ਰੂਰੀ ਹੋਵੇ ਤਾਂ ਟ੍ਰਿਬਿਊਨਲ ਬੇਦਖਲੀ ਦਾ ਹੁਕਮ ਦੇ ਸਕਦਾ ਹੈ। ਇਸ ਦਾ ਮਤਲਬ ਹੈ ਕਿ ਬੱਚਿਆਂ ਨੂੰ ਜਾਇਦਾਦ ਤੋਂ ਹਟਾਉਣਾ ਵੀ ਬਜ਼ੁਰਗਾਂ ਦੇ ਅਧਿਕਾਰਾਂ ਦੀ ਰੱਖਿਆ ਦਾ ਇੱਕ ਤਰੀਕਾ ਹੋ ਸਕਦਾ ਹੈ।

ਅਦਾਲਤ ਨੇ ਨੋਟ ਕੀਤਾ ਕਿ ਬਾਅਦ ਵਿੱਚ ਸਮਤੋਲਾ ਦੇਵੀ ਬਨਾਮ ਉੱਤਰ ਪ੍ਰਦੇਸ਼ ਰਾਜ (2025) ਅਤੇ ਕਮਲ ਕਾਂਤ ਮਿਸ਼ਰਾ ਬਨਾਮ ਐਡੀਸ਼ਨਲ ਕੁਲੈਕਟਰ (2025) ਵਿੱਚ ਵੀ ਇਹੀ ਕਾਨੂੰਨੀ ਸਥਿਤੀ ਦੁਹਰਾਈ ਗਈ ਸੀ।

## ਪੰਜਾਬ 'ਚ ਆਈ ਵਿਕਾਸ ਕ੍ਰਾਂਤੀ : ਹਡਾਣਾ

**ਸਨੌਰ /ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**- ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਹਲਕਾ ਸਨੌਰ ਦੇ ਪਿੰਡ ਮੋਹਲਗੜ੍ਹ, ਅਹਿਰੂ ਕਲਾਂ, ਧਗੜੋਲੀ, ਬਿੰਜਲ ਜੱਟਾ ਵਿਖੇ ਹੋਈ ਲੋਕ ਮਿਲਣੀ ਦੌਰਾਨ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਬੀਤੇ ਸਮੇਂ ਦੌਰਾਨ ਕੀਤੇ ਗਏ ਲੋਕ-ਪੱਖੀ ਕਾਰਜਾਂ ਅਤੇ ਇਤਿਹਾਸਕ ਫ਼ੈਸਲਿਆਂ ਨੇ ਸੂਬੇ ਵਿੱਚ ਵਿਕਾਸ ਦੀ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਚੋਣਾਂ ਵੇਲੇ ਦਿੱਤੀਆਂ ਸਾਰੀਆਂ ਮੁੱਖ ਗਾਰੰਟੀਆਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਕੇ ਲੋਕਾਂ ਦਾ ਵਿਸ਼ਵਾਸ ਜਿੱਤਿਆ ਹੈ।ਇਸ ਮੌਕੇ ਉਨ੍ਹਾਂ ਨਾਲ ਸਿਮਰਜੀਤ ਸਿੰਘ ਸੋਹਲ ਵਾਈਸ ਚੇਅਰਮੈਨ, ਬਲਾਕ ਪ੍ਰਧਾਨ ਹਰਨਾਮ ਸਿੰਘ, ਸਰਪੰਚ ਬਲਵਿੰਦਰ ਕੌਰ, ਸੰਜੀਵ ਕੁਮਾਰ ਸਰਪੰਚ, ਦੇਵ ਰਾਜ ਸਰਪੰਚ, ਅਨੀਤਾ ਦੇਵੀ ਸਰਪੰਚ, ਤਰਸੇਮ ਕੁਮਾਰ ਬਲਾਕ ਸਮਿਤੀ ਮੈਂਬਰ ਅਤੇ ਹੋਰ ਆਪ ਆਗੂ ਤੇ ਵੱਖ ਵੱਖ ਪਿੰਡ ਦੇ ਲੋਕ ਮੌਜੂਦ ਰਹੇ।



## ਕਾਂਗਰਸ ਤੇ ਆਮ ਆਦਮੀ ਪਾਰਟੀ ਨੂੰ ਛੱਡ ਕੇ ਅਕਾਲੀ ਦਲ 'ਚ ਸ਼ਾਮਿਲ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਹਲਕਾ ਰਾਮਪੁਰਾ ਫੂਲ 'ਚ ਕਾਂਗਰਸ ਤੇ ਆਪ ਨੂੰ ਉਸ ਮੌਕੇ ਵੱਡਾ ਸਿਆਸੀ ਝੱਟਕਾ ਲੱਗਿਆ ਜਦੋਂ ਜਲਾਲ, ਆਕਲੀਆ, ਗੁਰੂਸਰ ਤੇ ਦਿਆਲਪੁਰਾ ਦੇ ਦਰਜਨਾਂ ਨੌਜਵਾਨਾਂ ਨੇ ਕਾਂਗਰਸ ਤੇ ਆਪ ਤੋਂ ਕਿਨਾਰਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ 'ਚ ਸ਼ਮੂਲੀਅਤ ਕਰ ਲਈ ।ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਦੀ ਅਗਵਾਈ 'ਚ ਅਕਾਲੀ ਦਲ ਦਾ ਪੱਲਾ ਫ਼ੜਨ ਵਾਲ਼ੇ ਨੌਜਵਾਨਾਂ ਵਿਚ ਜਗਸੀਰ ਸਿੰਘ ਜਲਾਲ, ਗੁਰਪ੍ਰੀਤ ਸਿੰਘ ਆਕਲੀਆ, ਹਰਦੀਪ ਸਿੰਘ ਗੁਰੂਸਰ, ਅਵੀ ਗੁਰੂਸਰ, ਬੇਅੰਤ ਸਿੰਘ ਜਲਾਲ, ਹਰਮਨ ਦਿਆਲਪੁਰਾ, ਬਲਕਾਰ ਸਿੰਘ ਆਕਲੀਆ, ਰਣਜੀਤ ਸਿੰਘ ਆਕਲੀਆ, ਮੇਜਰ ਸਿੰਘ ਜਲਾਲ, ਗਗਨਦੀਪ ਸਿੰਘ ਜਲਾਲ, ਗੁਰਪ੍ਰੀਤ ਸਿੰਘ ਜਲਾਲ, ਕਰਨਜੋਤ ਸਿੰਘ ਗੁਰੂਸਰ ਅਤੇ ਸਹਿਜਪ੍ਰੀਤ ਸਿੰਘ ਜਲਾਲ ਆਦਿ ਸ਼ਾਮਿਲ ਹਨ ਜਿਨ੍ਹਾਂ ਨੂੰ ਮਲੂਕਾ ਨੇ ਪਾਰਟੀ 'ਚ ਜੀ ਆਇਆਂ ਕਿਹਾ ਤੇ ਸਨਮਾਨਿਤ ਕੀਤਾ। ਮਲੂਕਾ ਨੇ ਕਿਹਾ ਕੇ ਅਖੌਤੀ ਇਨਕਲਾਬ ਅਤੇ ਬਦਲਾਅ ਦੇ ਨਾਅਰੇ ਹੇਠ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉਤਰੀ ਤੇ ਵਿਸ਼ੇਸ਼ ਤੌਰ 'ਤੇ ਦੇਸ਼ ਤੇ ਸੂਬੇ ਦਾ ਭਵਿੱਖ ਨੌਜਵਾਨ ਵਰਗ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਿਹਾ । ਇਸ ਮੌਕੇ ਲਖਵੀਰ ਸਿੰਘ ਗੁਰੂਸਰ, ਹਰਪਾਲ ਸਿੰਘ ਮਲੂਕਾ, ਦਰਸ਼ਨ ਸਿੰਘ ਢਿੱਲੋਂ ਹਾਜ਼ਰ ਸਨ

## ਤਰਕਸ਼ੀਲ਼ ਪੁਸਤਕ ਮੇਲੇ ਦੀਆਂ ਤਿਆਰੀਆਂ ਮੁਕੰਮਲ

**ਬਰਨਾਲਾ (ਰਾਜਿੰਦਰ ਬਰਾੜ)** - ਤਰਕਸ਼ੀਲ ਸੁਸਾਇਟੀ ਪੰਜਾਬ ਜੋਨ ਬਰਨਾਲਾ ਦੇ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਨੇ ਦੱਸਿਆ ਕਿ ਤਰਕਸ਼ੀਲ਼ ਸੁਸਾਇਟੀ ਪੰਜਾਬ ਵੱਲੋਂ ਨਾਮਵਰ ਤਰਕਸ਼ੀਲ਼ ਬੁੱਧੀਜੀਵੀ ਡਾ.ਨਰਿੰਦਰ ਦਾਭੋਲਕਰ ਦੀ ਯਾਦ ਨੂੰ ਸਮਰਪਿਤ 21 ਤੋਂ 23 ਅਗਸਤ ਤੱਕ ਲੱਗਣ ਵਾਲੇ ਤਿੰਨ ਰੋਜ਼ਾ ਪੁਸਤਕ ਮੇਲੇ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੇਲੇ ਦੀ ਪ੍ਰਬੰਧਕ ਕਮੇਟੀ ਦੇ ਆਗੂਆਂ ਦੀਪ ਦਿਲਬਰ,ਅਮਿਤ ਮਿੱਤਰ,ਖੁਸ਼ਵੰਤ ਬਰਗਾੜੀ ਅਤੇ ਵਰਿੰਦਰ ਦਿਵਾਨਾ ਨੇ ਦੱਸਿਆ ਕਿ ਤਰਕਸ਼ੀਲ ਭਵਨ, ਸੰਘੇੜਾ ਬਾਈਪਾਸ ਬਰਨਾਲੇ ਵਿਖੇ ਲੱਗਣ ਵਾਲੇ ਇਸ ਤਿੰਨ ਰੋਜ਼ਾ ਪੁਸਤਕ ਮੇਲੇ ਦਾ ਉਦਘਾਟਨ ਡਾ.ਦਾਭੋਲਕਰ ਦੀ ਬੇਟੀ ਡਾ.ਮੁਕਤਾ ਦਾਭੋਲਕਰ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪੁਸਤਕ ਮੇਲੇ ਵਿੱਚ ਨਾਮਵਰ ਪਬਲਿਸ਼ਰਾਂ ਵੱਲੋਂ ਲੋਕ ਪੱਖੀ,ਇਨਕਲਾਬੀ ਅਤੇ ਅਗਾਂਹਵਧੂ ਸਾਹਿਤ ਦੇ ਸਟਾਲਾਂ ਦੀ ਪ੍ਰਦਰਸ਼ਨੀ ਤੋਂ ਇਲਾਵਾ ਵਿਗਿਆਨਕ ਚੇਤਨਾ,ਉਸਾਰੂ ਸਾਹਿਤ,ਪੱਤਰਕਾਰੀ ਅਤੇ ਸਿਹਤ ਸੰਭਾਲ ਆਦਿ ਵਿਸ਼ਿਆਂ ਸੰਬੰਧੀ ਬੁੱਧੀਜੀਵੀਆਂ,ਸਾਹਿਤਕਾਰਾਂ ਅਤੇ ਸਿਹਤ ਮਾਹਿਰਾਂ ਦੇ ਸੈਮੀਨਾਰ ਕੀਤੇ ਜਾਣਗੇ ਅਤੇ ਵਿਦਿਆਰਥੀਆਂ ਦੇ ਸੁੰਦਰ ਲਿਖਾਈ ਮੁਕਾਬਲੇ,ਪੋਸਟਰ ਮੁਕਾਬਲੇ ਕਰਵਾਉਣ ਸਮੇਤ ਗਾਇਕੀ ਤੇ ਸਭਿਆਚਾਰਕ ਪ੍ਰੋਗਰਾਮਾਂ ਦੀ ਪੇਸ਼ਕਾਰੀ ਵੀ ਹੋਵੇਗੀ।

## ਅਧਿਆਤਮਿਕ ਸ਼ਾਂਤੀ ਤੇ ਸਾਂਝੀ ਭਲਾਈ ਨੂੰ ਸਮਰਪਤ ਸਮਾਗਮ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਮਹਿਲਾ ਵਿਕਾਸ ਅਤੇ ਸ਼ਿਕਾਇਤ ਨਿਵਾਰਣ ਸੈੱਲ ਵੱਲੋਂ ਯੂਨੀਵਰਸਿਟੀ ਕੈਂਪਸ ਸਥਿਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਉਂਦਿਆਂ ਅਧਿਆਤਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਉਦੇਸ਼ ਯੂਨੀਵਰਸਿਟੀ ਭਾਈਚਾਰੇ ਵਿੱਚ ਅਧਿਆਤਮਿਕ ਸੁਖ-ਸ਼ਾਂਤੀ, ਆਪਸੀ ਸਦਭਾਵਨਾ, ਨਿਮਰਤਾ ਅਤੇ ਸਕਾਰਾਤਮਕ ਮਾਹੌਲ ਨੂੰ ਉਤਸ਼ਾਹਿਤ ਕਰਨਾ ਸੀ।ਇਸ ਮੌਕੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਉਨ੍ਹਾਂ ਨੇ ਸੈੱਲ ਵੱਲੋਂ ਅਜਿਹੇ ਅਰਥਪੂਰਨ ਧਾਰਮਿਕ ਅਤੇ ਅਧਿਆਤਮਿਕ ਸਮਾਗਮ ਕਰਵਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਵੀ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਪ੍ਰੋ. ਤੇਜਬੀਰ ਸਿੰਘ, ਰਜਿਸਟਰਾਰ; ਪ੍ਰੋ. ਨਵਦੀਪ ਕੌਰ, ਡੀਨ ਰਿਸਰਚ; ਡਾ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ ਅਤੇ ਡਾ. ਅੰਕਦੀਪ ਕੌਰ ਅਟਵਾਲ, ਡਾਇਰੈਕਟਰ, ਅੰਦਰੂਨੀ ਗੁਣਵਤਾ ਵਧਾਉ ਸੈੱਲ ਨੇ ਵੀ ਹਾਜ਼ਰੀ ਭਰੀ।ਸਮਾਗਮ ਡਾ. ਕਿਰਨਦੀਪ ਕੌਰ, ਕਨਵੀਨਰ, ਮਹਿਲਾ ਵਿਕਾਸ ਅਤੇ ਸ਼ਿਕਾਇਤ ਨਿਵਾਰਣ ਸੈੱਲ ਦੀ ਅਗਵਾਈ ਹੇਠ ਕਰਵਾਇਆ ਗਿਆ। ਸੈੱਲ ਮੈਂਬਰ ਡਾ. ਕੰਚਨ ਅਤੇ ਡਾ. ਰਿਚਾ ਬਰਾੜ ਨੇ ਵੀ ਸਰਗਰਮ ਭੂਮਿਕਾ ਨਿਭਾਈ



## ਜੈਤੋ ਤਹਿਸੀਲ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਮੀਟਿੰਗ ਅੱਜ

**ਕੋਟਕਪੂਰਾ (ਰਛਪਾਲ ਭੁੱਲਰ)**- ਸਾਂਝੀ ਤਾਲਮੇਲ ਕਮੇਟੀ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਾਰ 27 ਅਗਸਤ ਨੂੰ ਪੰਜਾਬ ਦੇ ਸਮੂਹ ਸਰਕਾਰੀ ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ ਲੈ ਕੇ ਪੰਜਾਬ ਦਾ ਸਾਰਾ ਸਰਕਾਰੀ ਕੰਮ ਬਿਲਕੁੱਲ ਠੱਪ ਕਰਨ ਦਾ ਐਲਾਨ ਕੀਤਾ ਹੋਇਆ ਹੈ।ਇਸ ਐਕਸ਼ਨ ਪ੍ਰੋਗਰਾਮ ਨੂੰ ਲਾਗੂ ਕਰਨ ਲਈ ਫਰੀਦਕੋਟ ਤਹਿਸੀਲ ਦੀ ਮੀਟਿੰਗ ਕਰਨ ਤੋਂ ਬਾਅਦ ਜੈਤੋ ਅਤੇ ਕੋਟਕਪੂਰਾ ਤਹਿਸੀਲਾਂ ਦੀਆਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਜਥੇਬੰਦੀਆਂ ਦੇ ਆਗੂ ਪ੍ਰੇਮ ਚਾਵਲਾ, ਕੁਲਵੰਤ ਸਿੰਘ ਚਾਨੀ , ਰਣਜੀਤ ਸਿੰਘ ਮੱਲਾ, ਸੁਖਵਿੰਦਰ ਸਿੰਘ ਸੁੱਖੀ, ਵੀਰ ਇੰਦਰਜੀਤ ਸਿੰਘ ਪੁਰੀ, ਬਲਬੀਰ ਸਿੰਘ ਸਿਬੀਆਂ, ਗੁਰਦੀਪ ਸਿੰਘ ਜੈਤੋ, ਗੁਰਮੀਤ ਸਿੰਘ ਜੈਤੋ, ਨਰਿੰਦਰਜੀਤ ਸਿੰਘ, ਚੰਦਰ ਸ਼ੇਖਰ, ਸੁਭਾਸ਼ ਸ਼ਰਮਾ ਕੋਟਕਪੂਰਾ, ਜਗਸੀਰ ਸਿੰਘ ਖਾਰਾ, ਕੁਲਵਿੰਦਰ ਸਿੰਘ ਮੌੜ, ਪ੍ਰੀਤ ਭਗਵਾਨ ਸਿੰਘ, ਕਰਨਵੀਰ ਸਿੰਘ ਝੱਖੜ ਵਾਲਾ, ਕੁਲਵਿੰਦਰ ਸਿੰਘ ਬਰਾੜ, ਇਕਬਾਲ ਸਿੰਘ ਰਣ ਸਿੰਘ ਵਾਲਾ, ਹਰਪ੍ਰੀਤ ਸਿੰਘ ਖਾਲਸਾ, ਹਰਪ੍ਰੀਤ ਸਿੰਘ ਬਿਜਲੀ ਬੋਰਡ, ਅਧਿਆਪਕ ਆਗੂ ਗੁਰਨਾਮ ਸਿੰਘ ਬਾਹਮਣ ਵਾਲਾ, ਅਮੋਲਕ ਸਿੰਘ ਸਿੱਧੂ, ਜਸਜੀਤ ਸਿੰਘ ਢੈਪਈ, ਗੁਰਪ੍ਰੀਤ ਸਿੰਘ ਔਲਖ, ਜਤਿੰਦਰ ਸਿੰਘ ਢਿੱਲਵਾਂ ਕਲਾਂ, ਆਸ਼ਾ ਵਰਕਰਾਂ ਦੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ, ਮਿਡ ਡੇਅ ਮੀਲ ਵਰਕਰਾਂ ਦੇ ਪ੍ਰਧਾਨ ਲਖਵਿੰਦਰ ਕੌਰ ਨੇ ਦੱਸਿਆ ਹੈ ਕਿ ਤਹਿਸੀਲ ਜੈਤੋ ਦੀ ਮੀਟਿੰਗ 20 ਅਗਸਤ ਨੂੰ ਦੁਪਹਿਰ ਠੀਕ 3 ਵਜੇ ਪੈਨਸ਼ਨਰ ਭਵਨ ਜੈਤੋ (ਨੇੜੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜੈਤੋ) ਵਿਖੇ ਤੇ ਤਹਿਸੀਲ ਕੋਟਕਪੂਰਾ ਦੀ ਮੀਟਿੰਗ 21 ਅਗਸਤ ਨੂੰ ਦੁਪਹਿਰ ਠੀਕ 3 ਵਜੇ ਲਾਲਾ ਲਾਜਪਤ ਰਾਏ ਮਿਊਂਸਪਲ ਪਾਰਕ ਕੋਟਕਪੂਰਾ ਵਿਖ (ਗੁੱਡ ਮਾਰਨਿੰਗ ਕਲੱਬ ਵਾਲੇ ਸ਼ੈੱਡ ਹੇਠਾਂ) ਕੀਤੀ ਜਾ ਰਹੀ ਹੈ।ਆਗੂਆਂ ਨੇ ਅੱਗੇ ਦੱਸਿਆ ਕਿ ਸੂਬਾ ਕਮੇਟੀ ਦੇ ਪ੍ਰੋਗਰਾਮ ਅਨੁਸਾਰ ਪੰਜਾਬ ਭਰ ਦੇ ਸਮੂਹ ਮੁਲਾਜ਼ਮਾਂ ਵੱਲੋਂ 27 ਅਗਸਤ ਨੂੰ ਸਮੂਹਿਕ ਛੁੱਟੀ ਲੈ ਕੇ ਸਰਕਾਰੀ ਕੰਮ ਬਿਲਕੁਲ ਠੱਪ ਕੀਤਾ ਜਾਵੇਗਾ।ਇਸ ਸਮੇਂ ਤਹਿਸੀਲ ਤੇ ਜ਼ਿਲ੍ਹਾ ਪੱਧਰੀ ਰੈਲੀਆਂ ਵਿੱਚ ਮੁਲਾਜ਼ਮਾਂ ਤੋਂ ਇਲਾਵਾ ਪੈਨਸ਼ਨਰ ਵੀ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ।

## ਡਾ. ਨਵਦੀਪ ਕੌਰ ਨੂੰ ਸੂਫ਼ੀ ਗਾਇਕ ਪ੍ਰੋਫ਼ੈਸਰ ਜੱਸੀ ਖ਼ਾਨ ਤੇ ਹੋਰਨਾਂ ਵੱਲੋਂ ਮੁਬਾਰਕਾਂ

**ਹਠੂਰ (ਲਵਲੀ ਕੁਮਾਰ)**-ਪੰਜਾਬ ਯੂਨੀਵਰਸਿਟੀ ਦੇ ਇੰਡੀਅਨ ਥੀਏਟਰ ਵਿਭਾਗ ਦੀ ਚੇਅਰਪਰਸਨ ਡਾ. ਨਵਦੀਪ ਕੌਰ ਨੂੰ ਥੀਏਟਰ ਨਿਰਦੇਸ਼ਨ ਦੇ ਖੇਤਰ ਵਿੱਚ ਸਾਲ 2025 ਦਾ ਵਕਾਰੀ ਸੰਗੀਤ ਨਾਟਕ ਅਕਾਦਮੀ ਐਵਾਰਡ ਪ੍ਰਦਾਨ ਕੀਤਾ ਗਿਆ।ਇਹ ਵਿਸ਼ੇਸ ਸਨਮਾਨ ਭਾਰਤ ਦੀ ਰਾਸ਼ਟਰਪਤੀ ਸ੍ਰੀਮਤੀ ਦਰੋਪਦੀ ਮੁਰਮੂ ਵੱਲੋਂ ਪ੍ਰਦਾਨ ਕੀਤਾ ਗਿਆ।ਡਾ. ਨਵਦੀਪ ਕੌਰ ਨੂੰ ਇਹ ਪੁਰਸਕਾਰ ਥੀਏਟਰ ਨਿਰਦੇਸ਼ਨ ਦੇ ਖੇਤਰ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਅਤੇ ਉੱਤਮ ਕਾਰਜਾਂ ਲਈ ਦਿੱਤਾ ਗਿਆ ਹੈ। ਪ੍ਰਸਿੱਧ ਲੋਕ ਗਾਇਕ ਪ੍ਰੋਫੈਸਰ ਜੱਸੀ ਖ਼ਾਨ ਨੇ ਡਾ. ਨਵਦੀਪ ਕੌਰ ਨੂੰ ਸੰਗੀਤ ਨਾਟਕ ਅਕਾਦਮੀ ਐਵਾਰਡ ਮਿਲਣ 'ਤੇ ਮੁਬਾਰਕਾ ਦਿੰਦਿਆ ਕਿਹਾ ਕਿ ਡਾ. ਨਵਦੀਪ ਕੌਰ ਦੀ ਇਹ ਪ੍ਰਾਪਤੀ ਥੀਏਟਰ ਦੇ ਖੇਤਰ ਨਾਲ ਜੁੜੇ ਕਲਾਕਾਰਾਂ ਅਤੇ ਵਿਦਿਆਰਥੀਆਂ ਲਈ ਮਾਣ ਵਾਲੀ ਗੱਲ ਹੈ। ਡਾ. ਨਵਦੀਪ ਕੌਰ ਨੂੰ ਚੇਅਰਮੈਨ ਦਰਸ਼ਨ ਲੰਬੀ,ਲੋਕ ਗਾਇਕ ਯੁੱਧਵੀਰ ਮਾਣਕ, ਲੋਕ ਗਾਇਕ ਬਰਿੰਦਰ ਵਿੱਕੀ ਕੈਨੇਡਾ, ਲੱਕੀ ਸੰਧੂ ਕੈਨੇਡਾ,ਲੋਕ ਗਾਇਕ ਲਵੀ ਸੰਧੂ,ਏ ਐੱਸ ਖ਼ਾਨ ਪਟਿਆਲਾ ਨੇ ਸ਼ੁਭਕਾਮਨਾਵਾਂ ਦਿੱਤੀਆਂ ਹਨ।



## ਖਾਲਸਾ ਸਕੂਲ ਤਲਵੰਡੀ ਸਾਬੋ 'ਚ ਇੱਕ ਰੋਜ਼ਾ ਕੌਮੀ ਸੇਵਾ ਯੋਜਨਾ ਕੈਂਪ ਲੱਗਾ

**ਤਲਵੰਡੀ ਸਾਬੋ (ਜਗਦੀਪ ਗਿੱਲ)** - ਸਥਾਨਕ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਵਿੱਚ ਚੱਲ ਰਹੇ ਕੌਮੀ ਸੇਵਾ ਯੋਜਨਾ ਯੂਨਿਟ ਅਧੀਨ ਡਾ ਮਲਕੀਤ ਸਿੰਘ ਮਾਨ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਬਠਿੰਡਾ ਦੀਆਂ ਹਦਾਇਤਾਂ ਅਨੁਸਾਰ, ਪ੍ਰਿੰਸੀਪਲ ਸ੍ਰ ਬਿਕਰਮਜੀਤ ਸਿੰਘ ਸਿੱਧੂ ਦੀ ਪ੍ਰਧਾਨਗੀ ਅਤੇ ਗੁਰਸੰਦੀਪ ਸਿੰਘ, ਪ੍ਰੋਗਰਾਮ ਅਫਸਰ ਕੌਮੀ ਸੇਵਾ ਯੋਜਨਾ ਯੂਨਿਟ ਦੀ ਅਗਵਾਈ ਅਧੀਨ ਸਕੂਲ ਵਿੱਚ ਇਕ ਰੋਜ਼ਾ ਕੈਂਪ ਲਗਾਇਆ ਗਿਆ ਜਿਸ ਦੌਰਾਨ ਸਕੂਲ ਕੈਂਪਸ ਦੇ ਬਾਹਰ ਪਿਛਲੇ ਸਾਲ ਮਾਲਵਾ ਵੈਲਫ਼ੇਅਰ ਕਲੱਬ ਤਲਵੰਡੀ ਸਾਬੋ ਦੇ ਸਹਿਯੋਗ ਨਾਲ ਲਗਾਏ ਗਏ ਬੂਟਿਆਂ ਦੀ ਛਾਂਟ ਛਟਾਈ ਕੀਤੀ ਗਈ । ਇਸ ਤੋਂ ਇਲਾਵਾ ਸਕੂਲ ਵਿੱਚ ਸਫਾਈ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੇ ਦੌਰਾਨ ਸਕੂਲ ਅਤੇ ਆਲੇ- ਦੁਆਲੇ ਦੀਆਂ ਵੱਖ- ਵੱਖ ਥਾਵਾਂ ਉਤੇ ਬੱਚਿਆਂ ਦੀ ਮਦਦ ਦੇ ਨਾਲ ਸਫਾਈ ਕੀਤੀ ਗਈ । ਇਸ ਮੌਕੇ ਪ੍ਰਿੰਸੀਪਲ ਸ. ਬਿਕਰਮਜੀਤ ਸਿੰਘ ਸਿੱਧੂ ਵੱਲੋਂ ਵਿਦਿਆਰਥੀਆ ਵੱਲੋਂ ਕੀਤੇ ਗਏ ਕੰਮ ਦੀ ਸ਼ਲਾਘਾ ਕੀਤੀ ਗਈ ਅਤੇ ਵਿਦਿਆਰਥੀਆ ਨੂੰ ਵੱਧ ਤੋਂ ਵੱਧ ਸਮਾਜਿਕ ਕੰਮਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ।ਇਸ ਦੌਰਾਨ ਸਕੂਲ ਦੇ ਸਹਾਇਕ ਪ੍ਰੋਗਰਾਮ ਅਫਸਰ ਗਗਨਦੀਪ ਸਿੰਘ, ਅਧਿਆਪਕ ਸਾਹਿਬਾਨ ਹਰਪਾਲ ਸਿੰਘ, ਸ. ਕਰਮਜੀਤ ਸਿੰਘ ,ਮੈਡਮ ਜਸਵੀਰ ਕੌਰ,ਮੈਡਮ ਅਰੁਨ ਦੀਪ ਹਾਜ਼ਰ ਸਨ ।




ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : **nawanzamana@gmail.com * Web : www.nawanzamana.in**

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਡੀ ਸੀ ਦਫ਼ਤਰ ਅੱਗੇ ਵਿੱਤ ਮੰਤਰੀ ਦੀ ਅਰਥੀ ਫੂਕੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਸੂਬੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਵਲੋਂ ਬਣਾਈ ਗਈ ਸਾਂਝੀ ਤਾਲਮੇਲ ਕਮੇਟੀ ਵੱਲੋਂ ਐਲਾਨੇ ਗਏ ਸੰਘਰਸ਼ ਦੇ ਤਹਿਤ ਸਾਂਝੀ ਤਾਲਮੇਲ ਕਮੇਟੀ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਗੁਰਦੀਪ ਸਿੰਘ ਬਾਜਵਾ, ਜਗਦੀਸ਼ ਠਾਕੁਰ, ਅਸ਼ਵਨੀ ਅਵਸਥੀ, ਹਰਜਿੰਦਰਪਾਲ ਸਿੰਘ ਪੰਨੂ, ਅਜੈ ਸਨੋਤਰਾ, ਜੋਗਿੰਦਰ ਸਿੰਘ, ਬੋਬਿੰਦਰ ਸਿੰਘ, ਮਨਜਿੰਦਰ ਸਿੰਘ ਸੰਧੂ, ਅਮਨ ਸ਼ਰਮਾ, ਡਾ. ਸੰਤ ਸੇਵਕ ਸਰਕਾਰੀਆ ਅਤੇ ਮਦਨ ਲਾਲ ਮੰਨਣ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਦਫ਼ਤਰ ਸਾਹਮਣੇ ਵਿੱਤ ਮੰਤਰੀ ਪੰਜਾਬ ਦੀ ਅਰਥੀ ਫੂਕੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਉਪਰੋਕਤ ਆਗੂਆਂ ਤੋਂ ਇਲਾਵਾ ਸੂਬਾ ਕਨਵੀਨਰ ਜਰਮਨਜੀਤ ਸਿੰਘ ਛੱਜਲਵੱਡੀ, ਸੁਖਦੇਵ ਰਾਜ ਕਾਲੀਆ, ਪ੍ਰਸ਼ਾਂਤ ਸ਼ਰਮਾ, ਰਮੇਸ਼ ਕੁਮਾਰ, ਗੁਰਿੰਦਰ ਸਿੰਘ ਘੁੱਕੇਵਾਲੀ, ਸੁੱਚਾ ਸਿੰਘ ਟਰਪਈ , ਰਜੇਸ਼ ਪ੍ਰਾਸਰ , ਬਲਰਾਜ ਸਿੰਘ ਭੰਗੂ, ਕਰਮਜੀਤ ਕੇਪੀ, ਓਂਕਾਰ ਸਿੰਘ, ਜਤਿੰਦਰ ਲਖਣਪਾਲ , ਚਰਨ ਸਿੰਘ ਸੰਧੂ, ਲਖਵਿੰਦਰ ਸਿੰਘ ਗਿੱਲ, ਮਨਜਿੰਦਰ ਸਿੰਘ, ਨਰਿੰਦਰ ਪਾਲ ਸ਼ਰਮਾਂ , ਬਿਕਰਮਜੀਤ ਸਿੰਘ , ਬਲਦੇਵ ਸਿੰਘ ਸੰਧੂ, ਕਰਤਾਰ ਸਿੰਘ ਐਮ ਏ ਨੇ ਕਿਹਾ ਕਿ 7 ਅਗਸਤ ਦੀ ਚੰਡੀਗੜ੍ਹ ਰੈਲੀ ਵਿੱਚ ਐਲਾਨੇ ਗਏ ਸੰਘਰਸ਼ ਦੇ ਤਹਿਤ 27 ਅਗਸਤ ਨੂੰ ਪੰਜਾਬ ਭਰ ਦੇ ਸਾਰੇ ਹੀ ਵਿਭਾਗਾਂ ਦੇ ਮੁਲਾਜ਼ਮਾਂ ਵਲੋਂ ਸਮੂਹਿਕ ਛੁੱਟੀ ਲੈ ਕੇ ਕੰਮ ਬੰਦ ਕਰਨ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ




ਲਈ ਅਤੇ ਪੰਜਾਬ ਦੇ ਵਿੱਤ ਮੰਤਰੀ ਵੱਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਸੰਘਰਸ਼ੀਆਂ ਨੂੰ ਐਂਟੀ ਸਟੇਟ ਕਹਿਣ ਤੇ ਪੰਜਾਬ ਭਰ ਵਿੱਚ ਵਿੱਤ ਮੰਤਰੀ ਦੇ ਪੁਤਲੇ ਫੂਕੇ ਗਏ ਹਨ ਅਤੇ 27 ਅਗਸਤ ਦੇ ਸੰਘਰਸ਼ ਦੀ ਤਿਆਂਰੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ 27 ਅਗਸਤ ਨੂੰ ਮੁੱਖ ਮੰਤਰੀ ਵਲੋਂ ਮੀਟਿੰਗ ਨੂੰ ਰੱਦ ਕੀਤਾ ਗਿਆ ਜਾਂ ਮੀਟਿੰਗ ਵਿੱਚ ਮੰਗਾਂ ਨੂੰ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਨੂੰ ਭੁਲਾ ਕੇ ਮੁਲਾਜ਼ਮ-ਪੈਨਸ਼ਨਰ ਵਿਰੋਧੀ ਨੀਤੀਆਂ ਪਹਿਲੀਆਂ ਸਰਕਾਰਾਂ ਨਾਲੋਂ ਵੀ ਤੇਜ਼ੀ ਨਾਲ ਲਾਗੂ ਕੀਤੀਆਂ ਜਾ ਰਹੀਆਂ ਹਨ, ਸਰਕਾਰ ਵਲੋਂ ਕਰਜ਼ਾ ਚੁੱਕ ਕੇ ਰੋਜ਼ਗਾਰ ਦੇਣ ਦੀ ਥਾਂ ਸਿਰਫ ਸੱਤਾ ਹਾਸਲ ਕਰਨ ਲਈ ਪੰਜਾਬ ਦੇ ਲੋਕਾਂ ਨੂੰ ਮੁਫਤਖੋਰੇ ਬਣਾਇਆ ਜਾ ਰਿਹਾ ਹੈ। ਮਾਨਯੋਗ ਉੱਚ ਅਦਾਲਤ ਵਲੋਂ ਜਾਰੀ ਕੀਤੇ ਮਹਿੰਗਾਈ ਭੱਤੇ ਸਬੰਧੀ ਹੁਕਮਾਂ ਨੂੰ ਵੀ ਟਿੱਚ ਸਮਝਿਆ ਜਾ ਰਿਹਾ ਹੈ, ਆਗੂਆਂ ਨੇ ਚੇਤਾਵਨੀ ਦਿੱਤੀ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਮੁਲਾਜ਼ਮਾਂ, ਪੈਨਸ਼ਨਰਾਂ, ਕਿਸਾਨਾਂ ਅਤੇ ਹੋਰ ਮਿਹਨਤਕਸ਼ ਲੋਕਾਂ ਦੇ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ। ਬੁਲਾਰਿਆਂ ਨੇ ਕਿਹਾ ਕਿ ਇਹ ਸੰਘਰਸ਼ 18% ਮਹਿੰਗਾਈ ਭੱਤਾ ਜਾਰੀ ਕਰਾਉਣ, ਪੈਨਸ਼ਨਰਾਂ ਤੇ 2.59 ਗੁਣਾਂਕ ਲਾਗੂ ਕਰਾਉਣ, ਪੁਰਾਣੀ ਪੈਨਸ਼ਨ ਬਹਾਲ ਕਰਵਾਉਣ, ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮ ਪੱਕੇ ਕਰਾਉਣ ਅਤੇ ਮਾਣ ਭੱਤਾ/ਇਨਸੈਂਟਿਵ ਮੁਲਾਜ਼ਮਾ ਤੇ ਘੱਟੋ-ਘੱਟ ਤਨਖਾਹ ਸਕੇਲ ਲਾਗੂ ਕਰਾਉਣ, ਪ੍ਰੋਬੇਸ਼ਨਲ ਪੀਰੀਅਡ ਪੂਰੀ ਤਨਖਾਹ ਸਮੇਤ ਇਕ ਸਾਲ ਕਰਵਾਉਣ, ਕੇਂਦਰੀ ਤਨਖਾਹ ਸਕੇਲ ਰੱਦ ਕਰਕੇ ਪੰਜਾਬ ਸਕੇਲ ਲਾਗੂ ਕਰਵਾਉਣ, ਬੰਦ ਕੀਤੇ ਭੱਤੇ ਸੋਧ ਕੇ ਬਹਾਲ ਕਰਾਉਣ, ਅਤੇ 200 ਰੁਪਏ ਜਜ਼ੀਆ ਟੈਕਸ ਖਤਮ ਕਰਵਾਉਣ ਲਈ ਕੀਤਾ ਜਾ ਰਿਹਾ ਹੈ ਰੈਲੀ ਉਪਰੰਤ ਰੋਸ ਮਾਰਚ ਕਰਕੇ ਡਿਪਟੀ ਕਮਿਸ਼ਨਰ ਦਫ਼ਤਰ ਸਾਹਮਣੇ ਚੌਕ ਵਿੱਚ ਨਾਅਰਿਆਂ ਦੀ ਗੂੰਜ ਵਿੱਚ ਵਿੱਤ ਮੰਤਰੀ ਦੀ ਅਰਥੀ ਫੂਕੀ ਗਈ। ਇਸ ਉਪਰੰਤ ਆਗੂਆਂ ਵਲੋਂ ਮੀਟਿੰਗ ਕਰਕੇ 27 ਅਗਸਤ ਨੂੰ ਸਮੂਹਿਕ ਛੁੱਟੀ ਲੈ ਕੇ ਰੋਸ ਪ੍ਰਦਰਸ਼ਨ ਕਰਨ ਸਬੰਧੀ ਵੀ ਪ੍ਰੋਗਰਾਮ ਉਲੀਕਿਆ ਗਿਆ। ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਜੁਗਰਾਜ ਸਿੰਘ, ਨਵਦੀਪ ਸਿੰਘ, ਰਵਿੰਦਰ ਮਜੀਠਾ, ਗੁਰਸੇਵਕ ਸਿੰਘ, ਨਰੇਸ਼ ਕੁਮਾਰ, ਹਰਪ੍ਰੀਤ ਸਿੰਘ ਸੋਹੀਆਂ, ਹਰਚਰਨ ਸਿਂਘ, ਦੀਪਕ ਸ਼ਰਮਾ ਤੇ ਹੋਰ ਵੀ ਕਈ ਆਗੂ ਹਾਜ਼ਰ ਸਨ।

# ਤਰੁਣ ਚੁੱਘ ਨੂੰ ਇੰਚਾਰਜ ਨਿਯੁਕਤ ਕਰਨ 'ਤੇ ਭਾਜਪਾ ਹਾਈਕਮਾਂਡ ਦਾ ਧੰਨਵਾਦ

**ਛੇਹਰਟਾ, (ਮਨੋਜ ਕੁਮਾਰ) :** ਭਾਜਪਾ ਆਗੂਆਂ ਤੇ ਵਰਕਰਾਂ ਨੇ ਸੀਨੀਅਰ ਭਾਜਪਾ ਨੇਤਾ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੂੰ ਰਾਸ਼ਟਰੀ ਦਫ਼ਤਰ ਇੰਚਾਰਜ ਤੇ ਗੁਜਰਾਤ ਇੰਚਾਰਜ ਨਿਯੁਕਤ ਕਰਨ



'ਤੇ ਖੁਸ਼ੀ ਪ੍ਰਗਟ ਕਰਦਿਆਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਹੈ। ਸਾਬਕਾ ਮੀਡੀਆ ਪੈਨਲਿਸਟ ਹੇਮੰਤ ਪਿੰਕੀ ਨੇ ਕਿਹਾ ਕਿ ਤਰੁਣ ਚੁੱਘ ਦਾ ਪਾਰਟੀ ਪ੍ਰਤੀ ਸਮਰਪਣ, ਵਰਕਰਾਂ ਨਾਲ ਸੰਪਰਕ ਤੇ ਵਿਆਪਕ ਤਜਰਬਾ ਉਨ੍ਹਾਂ ਨੂੰ ਇਸ ਮਹੱਤਵਪੂਰਨ ਜ਼ਿੰਮੇਵਾਰੀ ਦੇ ਯੋਗ ਬਣਾਉਂਦਾ ਹੈ। ਉਨ੍ਹਾਂ ਦੀ ਅਗਵਾਈ ਹੇਠ ਗੁਜਰਾਤ ਵਿਚ ਭਾਜਪਾ ਨੂੰ ਯਕੀਨੀ ਤੌਰ 'ਤੇ ਨਵੀਂ ਤਾਕਤ ਮਿਲੇਗੀ। ਭਾਜਪਾ ਜ਼ਿਲ੍ਹਾ ਉਪ ਪ੍ਰਧਾਨ ਸਰਬਜੀਤ ਸਿੰਘ ਸ਼ੈਂਟੀ ਨੇ ਕਿਹਾ ਕਿ ਤਰੁਣ ਚੁੱਘ ਦੀ ਗੁਜਰਾਤ ਇੰਚਾਰਜ ਵਜੋਂ ਨਿਯੁਕਤੀ ਪੰਜਾਬ ਸਮੇਤ ਪੂਰੇ ਭਾਜਪਾ ਪਰਿਵਾਰ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਚੁੱਘ ਦੀ ਕੁਸ਼ਲ ਅਗਵਾਈ ਤੇ ਵਰਕਰਾਂ ਨਾਲ ਸ਼ਾਨਦਾਰ ਤਾਲਮੇਲ ਪਾਰਟੀ ਨੂੰ ਨਵੀਂ ਊਰਜਾ ਤੇ ਦਿਸ਼ਾ ਪ੍ਰਦਾਨ ਕਰੇਗਾ। ਤਰੁਣ ਚੁੱਘ ਦੇ ਓ. ਐੱਸ. ਡੀ. ਰਾਜੇਸ਼ ਮਹਿਤਾ ਨੇ ਕਿਹਾ ਕਿ ਭਾਜਪਾ ਹਾਈਕਮਾਨ ਵੱਲੋਂ ਤਰੁਣ ਚੁੱਘ 'ਤੇ ਜੋ ਭਰੋਸਾ ਪ੍ਰਗਟਾਇਆ ਗਿਆ ਹੈ, ਬਹੁਤ ਸ਼ਲਾਘਾਯੋਗ ਹੈ। ਉਨ੍ਹਾਂ ਅੱਗੇ ਕਿਹਾ ਕਿ ਚੁੱਘ ਨੇ ਹਮੇਸ਼ਾ ਪਾਰਟੀ ਨੂੰ ਸਭ ਤੋਂ ਉਪਰ ਮੰਨਦੇ ਹੋਏ ਪੂਰੀ ਸਮਰਪਣ ਭਾਵਨਾ ਤੇ ਸਖ਼ਤ ਮਿਹਨਤ ਨਾਲ ਕੰਮ ਕੀਤਾ ਹੈ। ਹੁਣ ਉਨ੍ਹਾਂ ਦੀ ਅਗਵਾਈ ਹੇਠ ਪਾਰਟੀ ਗੁਜਰਾਤ ਵਿਚ ਨਵੀਆਂ ਉਚਾਈਆਂ 'ਤੇ ਪਹੁੰਚੇਗੀ। ਨੌਜਵਾਨ ਆਗੂ ਕਾਰਤਿਕ ਮਹਾਜਨ ਨੇ ਕਿਹਾ ਕਿ ਤਰੁਣ ਚੁੱਘ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਨੂੰ ਮਿਲੀ ਨਵੀਂ ਜ਼ਿੰਮੇਵਾਰੀ ਨੇ ਨੌਜਵਾਨ ਵਰਕਰਾਂ ਵਿਚ ਉਤਸ਼ਾਹ ਭਰਿਆ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਚੁੱਘ ਦੇ ਮਾਰਗਦਰਸ਼ਨ ਹੇਠ ਗੁਜਰਾਤ ਵਿਚ ਭਾਜਪਾ ਦਾ ਜਥੇਬੰਦਕ ਢਾਂਚਾ ਹੋਰ ਮਜ਼ਬੂਤ ਤੇ ਪ੍ਰਭਾਵਸ਼ਾਲੀ ਹੋਵੇਗਾ।

# ਜ਼ਿਲ੍ਹਾ ਪੱਧਰੀ ਬਾਸਕਿਟਬਾਲ ਮੈਚ 'ਚ ਜੇਤੂ ਵਿਦਿਆਰਥਣਾਂ



**ਤਰਨਤਾਰਨ (ਪ੍ਰਿਤਪਾਲ ਸਿੰਘ)-** 70ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ 2026-27 ਤਹਿਤ ਜ਼ਿਲ੍ਹਾ ਤਰਨ ਤਾਰਨ ਦੇ ਸ਼ਹਿਰ ਪੱਟੀ ਵਿਖੇ ਸਥਿਤ ਦਾ ਬ੍ਰਿਟਿਸ਼ ਸਕੂਲ ਵਿੱਚ ਅੰਡਰ-17 (ਲੜਕੀਆਂ) ਦੇ ਬਾਸਕਿਟਬਾਲ ਮੁਕਾਬਲੇ ਕਰਵਾਏ ਗਏ।ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਸਕੂਲ, ਗੋਇੰਦਵਾਲ ਸਾਹਿਬ ਦੀਆਂ ਵਿਦਿਆਰਥਣਾਂ ਗੋਇੰਦਵਾਲ ਸਾਹਿਬ ਜੋਨ ਵੱਲੋਂ ਹਿੱਸਾ ਲਿਆ ਅਤੇ ਸ਼ਾਨਦਾਰ ਖੇਡ ਪ੍ਰਦਰਸ਼ਨ ਕਰਦਿਆਂ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਹਾਸਲ ਕਰਕੇ ਰਾਜ ਪੱਧਰ ਖੇਡਾਂ ਲਈ ਆਪਣੀ ਜਗ੍ਹਾ ਬਣਾ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਵਿਦਿਆਰਥਣਾਂ ਨੇ ਪੂਰੇ ਮੁਕਾਬਲੇ ਦੌਰਾਨ ਆਪਣੀ ਖੇਡ ਪ੍ਰਤਿਭਾ, ਅਨੁਸ਼ਾਸਨ, ਟੀਮ ਵਰਕ ਅਤੇ ਜਿੱਤ ਦੇ ਜਜ਼ਬੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਸਫਲਤਾ ਪਿੱਛੇ ਸਕੂਲ ਦੇ ਕੋਚ ਸਾਹਿਬਾਨ ਸੁਖਵਿੰਦਰ ਸਿੰਘ, ਰਾਜਬੀਰ ਕੌਰ ਅਤੇ ਅਨੂਦੀਪ ਕੌਰ ਦੀ ਵਿਸ਼ੇਸ਼ ਯੋਗ ਅਗਵਾਈ ਅਤੇ ਅਹਿਮ ਯੋਗਦਾਨ ਰਿਹਾ।ਕੋਚ ਸਾਹਿਬਾਨ ਵੱਲੋਂ ਖਿਡਾਰਨ ਵਿਦਿਆਰਥਣਾਂ ਨੂੰ ਨਿਰੰਤਰ ਅਭਿਆਸ, ਤਕਨੀਕੀ ਸਿਖਲਾਈ ਅਤੇ ਬਿਹਤਰ ਪ੍ਰਦਰਸ਼ਨ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

# ਆਰ. ਡੀ. ਖੋਸਲਾ ਸਕੂਲ ਦੇ ਐਥਲੀਟਾਂ ਦੀ ਜ਼ਿਲ੍ਹਾ ਪੱਧਰੀ ਵੁਸ਼ੂ ਮੁਕਾਬਲੇ ਲਈ ਚੋਣ

**ਬਟਾਲਾ (ਡਾ. ਮਲਵਿੰਦਰ ਸਿੰਘ)-** ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਖੇਡਾਂ ਦੇ ਅੰਤਰਗਤ ਆਯੋਜਿਤ ਜ਼ਿਲ੍ਹਾ ਪੱਧਰੀ ਵੁਸ਼ੂ ਟੂਰਨਾਮੈਂਟ



ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਕੂਲ ਦਾ ਨਾਮ ਰੌਸ਼ਨ ਕੀਤਾ।ਬਾਬਾ ਬੰਦਾ ਸਿੰਘ ਬਹਾਦਰ ਸਕੂਲ ਵਿੱਚ ਹੋਏ ਇਸ ਮੁਕਾਬਲੇ ਵਿੱਚ, ਸਕੂਲ ਦੇ ਐਥਲੀਟਾਂ ਨੇ ਆਪਣੀ ਪ੍ਰਤਿਭਾ, ਅਨੁਸ਼ਾਸਨ ਅਤੇ ਸ਼ਾਨਦਾਰ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ, ਕੁੱਲ ਸੱਤ ਸੋਨੇ, ਦੋ ਚਾਂਦੀ ਅਤੇ ਦੋ ਕਾਂਸੇ ਦੇ ਤਗਮੇ ਜਿੱਤੇ।ਐਥਲੀਟਾਂ ਦੇ ਇਸ ਸ਼ਾਨਦਾਰ ਪ੍ਰਦਰਸ਼ਨ ਦੇ ਨਤੀਜੇ ਵਜੋਂ ਸੱਤ ਵਿਦਿਆਰਥੀਆਂ ਦੀ ਚੋਣ ਰਾਜ ਪੱਧਰੀ ਮੁਕਾਬਲੇ ਲਈ ਹੋਈ, ਜੋ ਕਿ ਸਕੂਲ ਲਈ ਬਹੁਤ ਮਾਣ ਵਾਲੀ ਗੱਲ ਹੈ।ਐਥਲੀਟਾਂ ਨੇ ਸਖ਼ਤ ਮਿਹਨਤ, ਨਿਰੰਤਰ ਅਭਿਆਸ ਅਤੇ ਦ੍ਰਿੜ ਇਰਾਦੇ ਨਾਲ ਇਹ ਉਪਲਬਧੀ ਹਾਸਲ ਕੀਤੀ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਾਰੇ ਜੇਤੂ ਐਥਲੀਟਾਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਮਨਜਿੰਦਰ ਸਿੰਘ ਨੂੰ ਇਸ ਸ਼ਾਨਦਾਰ ਸਫਲਤਾ 'ਤੇ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ, ਲੀਡਰਸ਼ਿਪ ਅਤੇ ਟੀਮ ਭਾਵਨਾ ਪੈਦਾ ਕਰਦੀਆਂ ਹਨ।ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਪ੍ਰਾਪਤੀਆਂ ਪ੍ਰਾਪਤ ਕਰਨ ਲਈ ਉਤਸ਼ਾਹਿਤ ਕਰਦਾ ਹੈ।ਰਾਜ ਪੱਧਰ ਲਈ ਚੁਣੇ ਗਏ ਸਾਰੇ ਖਿਡਾਰੀਆਂ ਨੂੰ ਆਉਣ ਵਾਲੇ ਮੁਕਾਬਲੇ ਲਈ ਸ਼ੁਭਕਾਮਨਾਵਾਂ ਦਿੰਦੇ ਹੋਏ, ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਉਹ ਰਾਜ ਪੱਧਰ 'ਤੇ ਵੀ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਕੂਲ ਅਤੇ ਖੇਤਰ ਦਾ ਨਾਮ ਰੌਸ਼ਨ ਕਰਨਗੇ।

# ਵਰੁਣ ਭਗਤ ਸਾਥੀਆਂ ਸਣੇ ਭੀਮ ਐਕਸ਼ਨ ਕਮੇਟੀ 'ਚ ਸ਼ਾਮਿਲ



**ਜੈਂਤੀਪੁਰ (ਸੁਖਬੀਰ ਸਿੱਧੂ)-** ਅੰਮ੍ਰਿਤਸਰ ਵਿਖੇ ਭੀਮ ਐਕਸ਼ਨ ਕਮੇਟੀ ਦੀ ਇੱਕ ਬਹੁਤ ਹੀ ਅਹਿਮ ਅਤੇ ਖਾਸ ਮੀਟਿੰਗ ਆਯੋਜਿਤ ਕੀਤੀ ਗਈ।ਇਸ ਮੀਟਿੰਗ ਦੌਰਾਨ ਵਰੁਣ ਭਗਤ ਨੇ ਆਪਣੇ ਸਾਥੀਆਂ ਸਮੇਤ ਭੀਮ ਐਕਸ਼ਨ ਕਮੇਟੀ ਵਿੱਚ ਸ਼ਮੂਲੀਅਤ ਕੀਤੀ।ਵਰੁਣ ਭਗਤ ਦੇ ਕਮੇਟੀ 'ਚ ਸ਼ਾਮਿਲ ਹੋਣ 'ਤੇ ਭੀਮ ਐਕਸ਼ਨ ਕਮੇਟੀ ਲੀਡਰਸ਼ਿਪ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੀਆਂ ਸਮਾਜਿਕ ਅਤੇ ਸਿਆਸੀ ਸੇਵਾਵਾਂ ਨੂੰ ਦੇਖਦੇ ਹੋਏ ਭੀਮ ਐਕਸ਼ਨ ਕਮੇਟੀ ਦੀ ਉਚ ਲੀਡਰਸ਼ਿਪ ਵੱਲੋਂ ਵਰੁਣ ਭਗਤ ਨੂੰ ਅੰਮ੍ਰਿਤਸਰ ਦਾ ਸ਼ਹਿਰੀ ਪ੍ਰਧਾਨ ਥਾਪਿਆ ਗਿਆ।ਇਸ ਖਾਸ ਅਤੇ ਅਹਿਮ ਮੌਕੇ 'ਤੇ ਪਾਰਟੀ ਦੇ ਫਾਊਂਡਰ ਪ੍ਰਧਾਨ ਨਿਤੀਸ਼ ਭੀਮ, ਮਨੀ ਗਿੱਲ, ਦੀਪਕ ਬੈਂਸ, ਸੁਨੀਲ ਸਾਈਂ, ਸੁਖਵਿੰਦਰ ਸੁੱਖ ਅਤੇ ਹੋਰ ਵੀ ਕਈ ਪ੍ਰਮੁੱਖ ਸਾਥੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਈਟੀਓ ਨੇ ਪੁਲਸ ਸਾਂਝ ਕੇਂਦਰ ਜੰਡਿਆਲਾ ਗੁਰੂ ਦੀ ਕੀਤੀ ਅਚਨਚੇਤ ਚੈਕਿੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਪੁਲਸ ਸਾਂਝ ਕੇਂਦਰ, ਜੰਡਿਆਲਾ ਗੁਰੂ ਵਿਖੇ ਅਚਨਚੇਤ ਚੈਕਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਸਾਂਝ ਕੇਂਦਰ ਵਿੱਚ ਤਾਇਨਾਤ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਹਾਜ਼ਰੀ ਚੈੱਕ ਕਰਨ ਦੇ ਨਾਲ-ਨਾਲ ਆਮ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਵੱਖ-ਵੱਖ ਸੇਵਾਵਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਉਨ੍ਹਾਂ ਸਾਂਝ ਕੇਂਦਰ ਦੇ ਰਿਕਾਰਡ, ਕੰਮਕਾਜ ਦੇ ਢੰਗ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਸਬੰਧੀ ਵੀ ਜਾਣਕਾਰੀ ਹਾਸਲ ਕੀਤੀ। ਇਸ ਦੌਰਾਨ ਉਨ੍ਹਾਂ ਸਾਂਝ ਕੇਂਦਰ ਵਿਖੇ ਆਏ ਲੋਕਾਂ ਨਾਲ ਗੱਲਬਾਤ ਕਰਕੇ ਕੇਂਦਰ ਦੀ ਕਾਰਗੁਜ਼ਾਰੀ ਅਤੇ ਉਨ੍ਹਾਂ ਨੂੰ ਮਿਲ ਰਹੀਆਂ ਸੇਵਾਵਾਂ ਸਬੰਧੀ ਫੀਡਬੈਕ ਵੀ ਪ੍ਰਾਪਤ ਕੀਤਾ। ਇਸ ਮੌਕੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੁਲਸ ਸਾਂਝ ਕੇਂਦਰ ਲੋਕਾਂ ਅਤੇ ਪੁਲਿਸ ਦਰਮਿਆਨ ਸਾਂਝ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸਥਾਪਿਤ ਕੀਤੇ ਗਏ ਹਨ। ਇਨ੍ਹਾਂ ਕੇਂਦਰਾਂ ਦਾ ਮੁੱਖ ਮਕਸਦ ਆਮ ਲੋਕਾਂ ਨੂੰ ਪੁਲਸ ਨਾਲ ਸਬੰਧਤ ਵੱਖ-ਵੱਖ ਸੇਵਾਵਾਂ ਇੱਕ ਸੁਚੱਜੇ, ਸੁਖਾਵੇਂ ਅਤੇ ਲੋਕ-ਪੱਖੀ ਮਾਹੌਲ ਵਿੱਚ ਮੁਹੱਈਆ ਕਰਵਾਉਣਾ ਹੈ। ਸਾਂਝ ਕੇਂਦਰ ਬਾਰੇ ਜਾਣਕਾਰੀ ਦਿੰਦਿਆਂ ਈ.ਟੀ.ਓ. ਨੇ ਦੱਸਿਆ ਕਿ ਇੱਥੇ ਲੋਕਾਂ ਨੂੰ ਵੱਖ-ਵੱਖ ਪੁਲਿਸ ਸਬੰਧੀ ਸੇਵਾਵਾਂ ਨਿਰਧਾਰਤ ਸਮੇਂ ਅੰਦਰ



ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਵਿੱਚ ਸ਼ਿਕਾਇਤ ਦੀ ਪ੍ਰਾਪਤੀ, ਸ਼ਿਕਾਇਤ 'ਤੇ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ, ਐਫ.ਆਈ.ਆਰ. ਜਾਂ ਡੀ.ਡੀ.ਆਰ. ਦੀ ਕਾਪੀ, ਸੜਕ ਹਾਦਸੇ ਦੇ ਕੇਸ ਵਿੱਚ ਅਨਟਰੇਸਡ ਰਿਪੋਰਟ ਦੀ ਕਾਪੀ, ਵਾਹਨ ਚੋਰੀ ਦੇ ਕੇਸ ਵਿੱਚ ਅਨਟਰੇਸਡ ਰਿਪੋਰਟ ਦੀ ਕਾਪੀ ਅਤੇ ਚੋਰੀ ਦੇ ਕੇਸ ਵਿੱਚ ਅਨਟਰੇਸਡ ਰਿਪੋਰਟ ਦੀ ਕਾਪੀ ਸ਼ਾਮਲ ਹਨ।

# ਬਹਿਰਾਮਪੁਰ ਜਾਣ ਵਾਲੀ ਸੜਕ ਕੰਢੇ ਪਿਆ ਵੱਡਾ ਪਾੜ; ਵਾਪਰ ਸਕਦੈ ਕੋਈ ਵੱਡੇ ਹਾਦਸਾ

**ਗੁਰਦਾਸਪੁਰ (ਜਨਕ ਮਹਾਜਨ)-** ਗੁਰਦਾਸਪੁਰ ਤੋਂ ਬਹਿਰਾਮਪੁਰ ਜਾਣ ਵਾਲੀ ਸੜਕ 'ਤੇ ਸਥਿਤ ਕੇਸ਼ੋਪੁਰ ਕਮਿਊਨਿਟੀ ਰਿਜ਼ਰਵ ਨਜ਼ਦੀਕ ਸੜਕ ਕੰਢੇ ਭਾਰੀ ਮੀਂਹ ਪੈਣ ਨਾਲ ਵੱਡਾ ਪਾੜ ਪੈਣ ਕਰਕੇ ਲੋਕਾਂ ਦਾ ਸੜਕ ਤੋਂ ਲੰਘਣਾ ਬੇਹੱਦ ਮੁਸ਼ਕਿਲ ਹੋ ਗਿਆ ਹੈ। ਪਹਿਲਾਂ ਵੀ ਇਸ ਸੜਕ ਵਿਚਕਾਰ ਪਏ ਪਾੜ ਨੂੰ ਸਬੰਧਿਤ ਵਿਭਾਗ ਵੱਲੋਂ ਭਰ ਕੇ ਸੜਕ ਦੀ ਮੁਰੰਮਤ ਤੋਂ ਇਲਾਵਾ ਵੱਡੀ ਪੁਲੀ ਵੀ ਬਣਾਈ ਗਈ ਸੀ ਪਰ ਹੁਣ ਪਾਣੀ ਦੇ ਤੇਜ਼ ਵਹਾਅ ਨੇ ਫ਼ਿਰ ਸੜਕ ਦੇ ਕੰਢਿਆਂ ਨੂੰ ਖੋਰ ਕੇ ਰੱਖ ਦਿੱਤਾ ਹੈ। ਇਸ ਸੜਕ ਦੇ ਕੰਢੇ ਨਜ਼ਦੀਕੀ ਲੋਕਾਂ ਵੱਲੋਂ ਵੱਡੇ-ਵੱਡੇ ਪੱਥਰ, ਬੂਟੇ ਅਤੇ ਤੇ ਬੋਰੀਆਂ ਵਗੈਰਾ ਰੱਖੀਆਂ ਗਈਆਂ ਹਨ ਤਾਂ ਜੋ ਕੋਈ ਵੀ ਅਣਜਾਣ ਵਾਹਨ ਚਾਲਕ ਇੱਥੋਂ ਲੰਘਣ ਸਮੇਂ ਸੜਕ ਵਿਚਕਾਰ ਡਿੱਗ ਨਾ ਸਕੇ। ਇਸ ਸੜਕ ਰਾਹੀਂ ਵੱਡੀ ਗਿਣਤੀ ਵਿਚ ਸਕੂਲੀ ਬੱਚੇ ਸਕੂਲ ਅਤੇ ਲੋਕ ਆਪਣੇ ਕੰਮਕਾਜ ਲਈ ਆਉਂਦੇ-ਜਾਂਦੇ ਹਨ ਅਤੇ ਸੜਕ ਤੋਂ ਰੋਜ਼ਾਨਾ ਦਿਨ-ਰਾਤ ਆਵਾਜਾਈ ਲੱਗੀ ਰਹਿੰਦੀ ਹੈ। ਲੋਕਾਂ ਨੇ ਸੰਬੰਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ ਤੋਂ ਬਹਿਰਾਮਪੁਰ ਜਾਣ ਵਾਲੀ ਸੜਕ ਕੰਢੇ ਉਕਤ ਜਗ੍ਹਾ ਤੇ ਪਾਣੀ ਦੇ ਤੇਜ਼ ਵਹਾਓ ਨੂੰ ਦੇਖਦੇ ਹੋਏ ਕੋਈ ਪੱਕਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ। ਜਦ ਇਸ ਸੰਬੰਧੀ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਦੇ ਐੱਸ.ਡੀ.ਓ. ਲਵਜੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿਚ ਆ ਗਿਆ ਹੈ, ਉਹ ਜਲਦੀ ਹੀ ਸੜਕ ਕੰਢੇ ਪਏ ਪਾੜ ਨੂੰ ਭਰ ਕੇ ਜ਼ਰੂਰੀ ਮੁਰੰਮਤ ਕਰਵ ਦੇਣਗੇ।



# ਤੇਜ਼ ਮੀਂਹ ਤੇ ਡਰੇਨਾਂ ਦੀ ਘਟੀਆ ਸਫਾਈ ਕਾਰਨ ਖੇਤਾਂ 'ਚ ਪਾਣੀ ਭਰਿਆ, ਸੜਕਾਂ ਦਾ ਭਾਰੀ ਨੁਕਸਾਨ

**ਗੁਰਦਾਸਪੁਰ, (ਜਨਕ ਮਹਾਜਨ)-** ਬੀਤੀ ਰਾਤ ਤੇਜ਼ ਮੀਂਹ ਨੇ ਬੇਟ ਇਲਾਕੇ ਅੰਦਰ ਜਲ ਥਲ ਕਰ ਦਿੱਤਾ ਅਤੇ ਡਰੇਨਾਂ ਦੀ ਘਟੀਆ ਸਫਾਈ ਹੋਣ ਨਾਲ ਪਾਣੀ ਕਿਸਾਨਾਂ ਦੇ ਖੇਤਾਂ ਵਿੱਚ ਦੋ ਦੋ ਫੁੱਟ ਤੋਂ ਵੀ ਵੱਧ ਫਿਰ ਰਿਹਾ ਹੈ ਅਤੇ ਇਸ ਨਾਲ ਹਰੇ ਚਾਰੇ ਦੀਆਂ ਫਸਲਾਂ ਖੇਤਾਂ ਵਿੱਚ ਲੰਬੀਆਂ ਪੈ ਗਈਆਂ ਹਨ ਅਤੇ ਕਮਾਦ ਖੜਾ ਡਿੱਗ ਪਿਆ ਹੈ।ਤਿਬੜੀ



ਛਾਉਣੀ ਦੇ ਨਾਲ ਲੱਗਦੀਆਂ ਜ਼ਮੀਨਾਂ ਦੀਆਂ ਫਸਲਾਂ ਦਾ ਵੀ ਭਾਰੀ ਨੁਕਸਾਨ ਹੋਇਆ ਹੈ ਅਤੇ ਇਲਾਕੇ ਅੰਦਰ ਵਗਦੀ ਸੇਮ ਨਹਿਰ ਦਾ ਪਾਣੀ ਲੋਕਾਂ ਦੇ ਖੇਤਾਂ ਵਿੱਚ ਜਾਣ ਕਰਕੇ ਕਿਸਾਨ ਕਾਫੀ ਚਿੰਤਿਤ ਹੋਏ ਪਏ ਹਨ।ਇਸ ਸਬੰਧੀ ਕਿਸਾਨ ਪ੍ਰਤਾਪ ਸਿੰਘ ਸੈਣੀ, ਕਾਬਲ ਸਿੰਘ ਸੈਣੀ, ਦਿਲਬਾਗ ਸਿੰਘ ਸੂਬੇਦਾਰ, ਇਕਬਾਲ ਸਿੰਘ, ਜਸਵਿੰਦਰ ਸਿੰਘ ਲਾਡੀ, ਨਿਸ਼ਾਨ ਸਿੰਘ, ਤਜਿੰਦਰ ਸਿੰਘ, ਲੰਬਰਦਾਰ ਹਰਭਜਨ ਸਿੰਘ ਨੇ ਦੱਸਿਆ ਕਿ ਡਰੇਨ ਵਿਭਾਗ ਦੀ ਉਸ ਸਮੇਂ ਪੋਲ ਖੁੱਲੀ ਜਦੋਂ ਡਰੇਨਾਂ ਦਾ ਪਾਣੀ ਨਹਿਰ ਵਿੱਚ ਡਿੱਗਣ ਦੀ ਬਜਾਏ ਕਿਸਾਨਾਂ ਦੇ ਖੇਤਾਂ ਵਿੱਚ ਜਾ ਵੜਿਆ ਅਤੇ ਫਸਲਾਂ ਪਾਣੀ ਵਿੱਚ ਬਹੁਤ ਬੁਰੀ ਤਰ੍ਹਾਂ ਨਾਲ ਡੁੱਬੀਆਂ ਪਈਆਂ ਹਨ।ਇਸ ਨਾਲ ਕਿਸਾਨਾ ਦਾ ਮਹਿਕਮੇ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਜੇਕਰ ਇੱਕ ਹੋਰ ਭਾਰੀ ਮੀਂਹ ਪੈ ਗਿਆ ਤਾਂ ਕਿਸਾਨਾਂ ਦੀਆਂ ਫਸਲਾਂ ਦਾ ਹੋਰ ਵੀ ਜ਼ਿਆਦਾ ਨੁਕਸਾਨ ਹੋ ਜਾਵੇਗਾ। ਇਸੇ ਤਰ੍ਹਾਂ ਗੁਰਦਾਸਪੁਰ ਦੇ ਅੰਡਰ ਬ੍ਰਿਜ ਅੰਦਰ ਵੀ ਭਾਰੀ ਮਾਤਰਾ ਵਿੱਚ ਪਾਣੀ ਖੜਾ ਹੈ ਜਿੱਥੋਂ ਲੋਕਾਂ ਦਾ ਲੰਘਣਾ ਮੁਸ਼ਕਿਲ ਹੋਇਆ ਪਿਆ ਹੈ ਅਤੇ ਲੋਕਾਂ ਨੂੰ ਦੂਜੇ ਰਸਤਿਆਂ ਰਾਹੀਂ ਸ਼ਹਿਰ ਅੰਦਰ ਦਾਖਿਲ ਹੋਣਾ ਪੈ ਰਿਹਾ ਹੈ। ਅੰਡਰ ਬ੍ਰਿਜ ਅੰਦਰ ਭਾਰੀ ਮਾਤਰਾ ਵਿੱਚ ਖੜੇ ਪਾਣੀ ਵਿੱਚ ਦੋ ਪਹੀਆ ਵਾਹਨ ਬੰਦ ਹੋਣ ਨਾਲ ਲੋਕਾਂ ਵੱਲੋਂ ਬੜੀ ਮੁਸ਼ਕਿਲ ਨਾਲ ਆਪਣੇ ਵਾਹਨਾਂ ਨੂੰ ਬਾਹਰ ਕੱਢਿਆ ਜਾ ਰਿਹਾ ਹੈ।ਇੱਥੋਂ ਤੱਕ ਕਿ ਸ਼ਹਿਰ ਦੇ ਨੀਵੇਂ ਏਰੀਏ ਅੰਦਰ ਲੋਕਾਂ ਦੇ ਘਰਾਂ ਵਿੱਚ ਵੀ ਪਾਣੀ ਚਲਾ ਗਿਆ ਹੈ।

ਜਿਸ ਕਰਕੇ ਕਾਫੀ ਨੁਕਸਾਨ ਹੋਇਆ।ਲੋਕਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਸ਼ਹਿਰ ਅੰਦਰ ਪਾਣੀ ਦੇ ਨਿਕਾਸ ਤੇ ਨਾਲ ਨਾਲ ਬੇਟ ਇਲਾਕੇ ਅੰਦਰ ਡਰੇਨਾਂ ਦੀ ਸਫਾਈ ਦੀ ਜਾਂਚ ਨਿਰਪੱਖ ਕਰਵਾਈ ਜਾਵੇ ਤਾਂ ਜੋ ਵੱਡਾ ਘਪਲਾ ਲੋਕਾਂ ਸਾਹਮਣੇ ਨਸ਼ਰ ਹੋ ਸਕੇ।

# ਪੈਂਥਰ ਡਵੀਜ਼ਨ ਨੇ ਸ਼ਹੀਦਾਂ ਤੇ ਵੀਰ ਨਾਰੀਆਂ ਨੂੰ ਸਮਰਪਿਤ ਮਹਿਲਾ ਬਾਈਕ ਰੈਲੀ ਕੱਢੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਆਜ਼ਾਦੀ ਦਿਵਸ ਦੀ ਭਾਵਨਾ ਨੂੰ ਸਮਰਪਿਤ, ਭਾਰਤੀ ਫੌਜ ਦੇ ਸ਼ਹੀਦ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕਰਨ, ਵੀਰ ਨਾਰੀਆਂ ਦੇ ਹੌਸਲੇ ਅਤੇ ਕੁਰਬਾਨੀ ਨੂੰ ਸਲਾਮ ਕਰਨ ਅਤੇ ਮਹਿਲਾ ਸਸ਼ਕਤੀਕਰਨ ਦਾ ਸੰਦੇਸ਼ ਦੇਣ ਦੇ ਉਦੇਸ਼ ਨਾਲ ਪੈਂਥਰ ਡਿਵੀਜ਼ਨ ਵੱਲੋਂ ਮਹਿਲਾ ਬਾਈਕ ਰੈਲੀ ਦਾ ਆਯੋਜਨ ਕੀਤਾ ਗਿਆ। ਰੈਲੀ ਓਲਡ ਅੰਮ੍ਰਿਤਸਰ ਕੈਂਟ ਤੋਂ ਨਿਊ ਅੰਮ੍ਰਿਤਸਰ ਮਿਲਟਰੀ ਸਟੇਸ਼ਨ ਸਥਿਤ ਡੋਗਰਾਈ ਵਾਰ ਮੈਮੋਰੀਅਲ ਤੱਕ ਕੱਢੀ ਗਈ।

ਰੈਲੀ ਦੀ ਅਗਵਾਈ ਪੈਂਥਰ ਡਵੀਜ਼ਨ ਐੱਫ. ਡਬਲਿਊ. ਓ. ਦੀ ਚੇਅਰਪਰਸਨ ਗੁਲਮੋਹਰ ਕੁਰਲ ਕਪੂਰ ਨੇ ਕੀਤੀ, ਜਦਕਿ ਐੱਫ.ਡਬਲਿਊ.ਓ. ਪੈਂਥਰ ਡਿਵੀਜ਼ਨ ਦੀ ਵਾਈਸ ਚੇਅਰਪਰਸਨ ਸ਼੍ਰੀਮਤੀ ਸੰਤੋਸ਼ ਛਿੱਲਰ ਨੇ ਰੈਲੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਰੈਲੀ ਵਿੱਚ ਪੈਂਥਰ ਡਿਵੀਜ਼ਨ ਦੇ ਅਧਿਕਾਰੀਆਂ, ਜੇ. ਸੀ. ਓਜ਼ ਅਤੇ ਹੋਰ ਰੈਂਕਾਂ ਦੇ ਪਰਿਵਾਰਾਂ ਨਾਲ ਸਬੰਧਤ 46 ਮਹਿਲਾ ਬਾਈਕ ਰਾਈਡਰਾਂ ਨੇ ਪੂਰੇ ਉਤਸ਼ਾਹ ਅਤੇ ਜਜ਼ਬੇ ਨਾਲ ਭਾਗ ਲਿਆ। ਡੋਗਰਾਈ ਵਾਰ ਮੈਮੋਰੀਅਲ ਵਿਖੇ ਪਹੁੰਚਣ ਉਪਰੰਤ ਰੈਲੀ ਵਿੱਚ ਸ਼ਾਮਲ ਮਹਿਲਾਵਾਂ ਨੇ ਇਤਿਹਾਸਕ ਬੈਟਲ ਆਫ਼ ਡੋਗਰਾਈ ਦੌਰਾਨ ਦੇਸ਼ ਦੀ ਰੱਖਿਆ ਲਈ ਸਰਵਉੱਚ ਬਲਿਦਾਨ ਦੇਣ ਵਾਲੇ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਨੇ ਸ਼ਹੀਦ ਸੈਨਿਕਾਂ ਦੀ ਬਹਾਦਰੀ, ਸ਼ੌਰਿਆ ਅਤੇ ਕੁਰਬਾਨੀ ਨੂੰ ਨਮਨ ਕਰਦਿਆਂ ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰੱਖਿਆ ਲਈ ਉਨ੍ਹਾਂ ਵੱਲੋਂ ਦਿੱਤੇ ਗਏ ਮਹਾਨ ਬਲਿਦਾਨ ਨੂੰ ਯਾਦ ਕੀਤਾ। ਇਸ ਮੌਕੇ ਮਹਿਲਾਵਾਂ ਨਾਲ ਵਿਸ਼ੇਸ਼ ਸੰਵਾਦ ਸੈਸ਼ਨ ਵੀ ਕਰਵਾਇਆ ਗਿਆ, ਜਿਸ ਦੌਰਾਨ ਮਹਿਲਾ ਸਸ਼ਕਤੀਕਰਨ, ਆਤਮ-ਵਿਸ਼ਵਾਸ ਅਤੇ ਸਮਾਜ ਵਿੱਚ ਮਹਿਲਾਵਾਂ ਦੀ ਭੂਮਿਕਾ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਤੋਂ ਇਲਾਵਾ ਵੀਰ ਨਾਰੀਆਂ ਦਾ ਵਿਸ਼ੇਸ਼ ਸਨਮਾਨ ਕਰਦਿਆਂ ਰਾਸ਼ਟਰ ਪ੍ਰਤੀ ਉਨ੍ਹਾਂ ਦੇ ਹੌਂਸਲੇ, ਦ੍ਰਿੜਤਾ, ਤਿਆਗ ਅਤੇ ਅਹਿਮ ਯੋਗਦਾਨ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਭਾਰਤੀ ਫੌਜ ਦੀ ਸ਼ਾਨ, ਬਹਾਦਰੀ ਅਤੇ ਜਜ਼ਬੇ ਨੂੰ ਸਲਾਮ ਕਰਦਿਆਂ ਦੇਸ਼ ਪ੍ਰਤੀ ਸਮਰਪਣ ਅਤੇ ਏਕਤਾ ਦਾ ਸਾਂਝਾ ਸੰਕਲਪ ਲਿਆ ਗਿਆ।

# ਉਸਮਾਨਪੁਰ ਸਿਟੀ ਤੋਂ ਧਾਰਮਿਕ ਅਸਥਾਨਾਂ ਲਈ ਤਿੰਨ ਬੱਸਾਂ ਰਵਾਨਾ

**ਬਟਾਲਾ, (ਡਾ. ਮਲਵਿੰਦਰ ਸਿੰਘ)-** ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਸ਼ੈਰੀ ਕਲਸੀ ਦੀ ਰਿਹਾਇਸ਼ ਉਸਮਾਨਪੁਰ ਸਿਟੀ ਬਟਾਲਾ ਤੋਂ ਤਿੰਨ ਏ. ਸੀ. ਸਲਿੱਪਰ ਬੱਸਾਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਸਮੇਤ ਰਵਾਨਾ ਕੀਤਾ ਗਿਆ।ਇਸ ਮੌਕੇ ਰਾਜਬੀਰ ਕੌਰ ਕਲਸੀ ਧਰਮਪਤਨੀ ਵਿਧਾਇਕ ਸ਼ੈਰੀ ਕਲਸੀ ਨੇ ਯਾਤਰਾ



ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਉਨ੍ਹਾਂ ਦੇ ਸੁਖਮਈ ਅਤੇ ਸੁਰੱਖਿਅਤ ਸਫ਼ਰ ਦੀ ਕਾਮਨਾ ਕੀਤੀ ਇਸ ਮੌਕੇ ਯਾਤਰਾ 'ਤੇ ਜਾਣ ਵਾਲੀ ਸੰਗਤ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲੀ।

ਰਵਾਨਾ ਹੋਈਆਂ ਤਿੰਨੋਂ ਏਸੀ ਸਲਿੱਪਰ ਬੱਸਾਂ ਵਿੱਚ ਕੁੱਲ 99 ਸ਼ਰਧਾਲੂ ਸਵਾਰ ਹਨ, ਜਿਨ੍ਹਾਂ ਵਿੱਚ ਹਰੇਕ ਬੱਸ ਵਿੱਚ 33 ਸ਼ਰਧਾਲੂ ਯਾਤਰਾ ਕਰ ਰਹੇ ਹਨ। ਇੱਕ ਬੱਸ ਖਾਟੂ ਸ਼ਿਆਮ ਜੀ ਅਤੇ ਸਾਲਾਸਰ ਧਾਮ, ਦੂਜੀ ਬੱਸ ਮਥੁਰਾ ਅਤੇ ਵਰਿੰਦਾਵਨ ਅਤੇ ਤੀਜੀ ਬੱਸ ਹਰਿਦੁਆਰ ਅਤੇ ਰਿਸ਼ੀਕੇਸ਼ ਦੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਹੋਈ।ਰਾਜਬੀਰ ਕੌਰ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬਟਾਲਾ ਵਾਸੀਆਂ ਲਈ ਬਹੁਤ ਖੁਸ਼ੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਵੱਲੋਂ ਤੀਰਥ ਯਾਤਰਾ ਲਈ ਬਟਾਲਾ ਵਿਧਾਨ ਸਭਾ ਹਲਕੇ ਤੋਂ ਤਿੰਨ ਨਵੇਂ ਰੂਟ ਸ਼ੁਰੂ ਕੀਤੇ ਗਏ ਹਨ।ਉਨ੍ਹਾਂ ਦੱਸਿਆ ਇਸ ਤੋਂ ਪਹਿਲਾਂ ਸੰਗਤਾਂ ਨੂੰ ਸ੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਸਮੇਤ ਵੱਖ-ਵੱਖ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਦੀ ਸਹੂਲਤ ਅਤੇ ਆਰਾਮ ਨੂੰ ਧਿਆਨ ਵਿੱਚ ਰੱਖਦਿਆਂ ਏ.ਸੀ ਸਲਿੱਪਰ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਹੈ। ਇਹ ਯਾਤਰਾ ਤਿੰਨ ਦਿਨ ਅਤੇ ਤਿੰਨ ਰਾਤਾਂ ਦੀ ਹੋਵੇਗੀ ਅਤੇ ਯਾਤਰਾ ਦੌਰਾਨ ਸ਼ਰਧਾਲੂਆਂ ਦੇ ਆਉਣ-ਜਾਣ, ਰਹਿਣ-ਸਹਿਣ ਅਤੇ ਖਾਣ-ਪੀਣ ਸਮੇਤ ਲੋੜੀਂਦੇ ਪ੍ਰਬੰਧਾਂ ਦਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ।ਯਾਤਰਾ ਤੇ ਗਏ ਸ਼ਰਧਾਲੂਆਂ ਵੱਲੋਂ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।

# 20 ਨੂੰ ਵੱਖ-ਵੱਖ ਜ਼ਿਲ੍ਹਿਆਂ 'ਚ ਹੋਣਗੇ ਵੱਡੇ ਇਕੱਠ : ਬੀਕੇਯੂ ਉਗਰਾਹਾਂ



**ਜੈਂਤੀਪੁਰ (ਸੁਖਬੀਰ ਸਿੱਧੂ)-** ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ 20 ਅਗਸਤ ਨੂੰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਵੱਡੇ ਇਕੱਠ ਕਰਕੇ ਭਾਰਤ-ਅਮਰੀਕਾ ਟਰੇਡ ਡੀਲ ਵਾਰਤਾ ਰੱਦ ਕਰਵਾਉਣ ਅਤੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ ਹੈ।ਇਸੇ ਤਹਿਤ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਪਿੰਡ ਮੱਝੂਪੁਰਾ ਵਿਖੇ ਵਿਸ਼ਵ ਬੈਂਕ ਵੱਲੋਂ ਲਗਾਏ ਜਾ ਰਹੇ ਪਾਣੀ ਸਾਫ਼ ਕਰਨ ਦੇ ਪਲਾਂਟ ਅੱਗੇ ਵੱਡਾ ਇਕੱਠ ਕੀਤਾ ਜਾਵੇਗਾ।ਇਸ ਪ੍ਰੋਗਰਾਮ ਦੀਆਂ ਤਿਆਰੀਆਂ ਨੂੰ ਲੈ ਕੇ ਬੀਕੇਯੂ ਏਕਤਾ ਉਗਰਾਹਾਂ ਦੇ ਮਜੀਠਾ ਬਲਾਕ ਦੀ ਅਹਿਮ ਮੀਟਿੰਗ 17 ਅਗਸਤ ਸੋਮਵਾਰ ਨੂੰ ਸਵੇਰੇ 11 ਵਜੇ ਗੁਰਦੁਆਰਾ ਬਾਬਾ ਮਾਹਣਾ ਜੀ ਸਾਹਿਬ, ਪਿੰਡ ਤਲਵੰਡੀ ਖੁੰਮਣ ਵਿਖੇ ਹੋਵੇਗੀ।ਮੀਟਿੰਗ ਦੀ ਅਗਵਾਈ ਬਲਾਕ ਪ੍ਰਧਾਨ ਜਗਜੀਵਨ ਸਿੰਘ ਤਲਵੰਡੀ ਕਰਨਗੇ।ਜ਼ਿਲ੍ਹਾ ਕਮੇਟੀ ਦੇ ਆਗੂ ਬਘੇਲ ਸਿੰਘ ਕੋਟਮੁਗਲ ਵੀ ਮੀਟਿੰਗ ਵਿੱਚ ਪਹੁੰਚ ਕੇ ਆਗੂਆਂ ਅਤੇ ਵਰਕਰਾਂ ਨਾਲ ਵਿਚਾਰ-ਵਟਾਂਦਰਾ ਕਰਨਗੇ।ਬਲਾਕ ਆਗੂਆਂ ਨੇ ਸਮੂਹ ਪਿੰਡ ਇਕਾਈਆਂ ਅਤੇ ਕਿਸਾਨਾਂ-ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਮੀਟਿੰਗ ਵਿੱਚ ਸਮੇਂ ਸਿਰ ਪਹੁੰਚ ਕੇ 20 ਅਗਸਤ ਦੇ ਪ੍ਰੋਗਰਾਮ ਦੀ ਲਾਮਬੰਦੀ ਨੂੰ ਮਜ਼ਬੂਤ ਕੀਤਾ ਜਾਵੇ ਅਤੇ 20 ਅਗਸਤ ਨੂੰ ਮੱਝੂਪੁਰਾ ਵਿਖੇ ਹੋਣ ਵਾਲੇ ਵੱਡੇ ਇਕੱਠ ਵਿੱਚ ਆਪਣੀ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਮੌਕੇ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਤੇ ਔਰਤਾਂ ਪਹੁੰਚੀਆਂ।

# ਸਾਵਣ ਅਸ਼ਟਮੀ ਮੌਕੇ ਮਹਿੰਦੀ ਸਮਾਗਮ ਕਰਵਾਇਆ

**ਤਰਨਤਾਰਨ (ਪ੍ਰਿਤਪਾਲ ਸਿੰਘ)-** ਸਾਵਣ ਅਸ਼ਟਮੀ ਦੇ ਪਵਿੱਤਰ ਮੌਕੇ ਪ੍ਰਾਰਥਨਾ ਸਭਾ ਤਰਨ ਤਾਰਨ ਵੱਲੋਂ ਪ੍ਰਾਚੀਨ ਮਾਤਾ ਚਿੰਤਪੁਰਨੀ ਸਵਰਨ ਮੰਦਰ, ਤਹਿਸੀਲ ਬਾਜ਼ਾਰ ਵਿਖੇ ਮਹਿੰਦੀ ਦਾ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ



ਵਿੱਚ ਮਹਿਲਾਵਾਂ ਅਤੇ ਸ਼ਹਿਰ ਵਾਸੀਆਂ ਨੇ ਸ਼ਮੂਲੀਅਤ ਕੀਤੀ।ਸਮਾਗਮ ਦੌਰਾਨ ਮਹਿਲਾਵਾਂ ਦੇ ਹੱਥਾਂ 'ਤੇ ਮਹਿੰਦੀ ਲਗਾਈ ਗਈ ਅਤੇ ਸਾਵਣ ਅਸ਼ਟਮੀ ਦੇ ਪਵਿੱਤਰ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ।ਮਹਿੰਦੀ ਲਗਾਉਣ ਦੀ ਸੇਵਾ ਵਿੱਚ ਪਿੰਕੀ ਸ਼ਰਮਾ, ਅੰਜੂ ਵਾਸਲ, ਰੋਸ਼ਨੀ ਸ਼ਰਮਾ, ਕਨਿਕਾ ਅਰੋੜਾ, ਵੰਦਨਾ ਗੁਪਤਾ, ਮਨਜੋਤ ਬਾਲਾ, ਆਰਤੀਆ ਸ਼ਰਮਾ, ਅਨੀਤਾ ਕਾਲੜਾ, ਪਾਇਲ ਕਪੂਰ, ਪਲਵੀ ਸਿਸੋਦੀਆ, ਪੂਜਾ ਭੱਟ, ਜੋਤੀ ਪੁਰੀ, ਨੀਰੂ ਸੂਦ, ਜੋਤੀ, ਬਲਜੀਤ, ਸੰਗੀਤਾ, ਮਹੰਤ ਵਿਜੈ, ਨਰੋਤਮ ਸ਼ਰਮਾ, ਪੂਨਮ ਚੋਪੜਾ, ਵਰਸ਼ਾ, ਵਨੀਤਾ, ਪੂਨਮ ਵਾਲੀਆ ਅਤੇ ਤਮੰਨਾ ਬਜਾਜ ਵੱਲੋਂ ਸਹਿਯੋਗ ਦਿੱਤਾ ਗਿਆ।ਇਸ ਮੌਕੇ ਪੰਡਿਤ ਪ੍ਰਕਾਸ਼ ਕੌਸ਼ਿਕ, ਪੰਡਿਤ ਚੰਦਨ ਤਿਵਾੜੀ, ਪੰਡਿਤ ਚੰਦਰ ਸ਼ੇਖਰ ਆਜ਼ਾਦ ਅਤੇ ਪੰਡਿਤ ਮਾਇਆ ਵੱਲੋਂ ਵੀ ਵਿਸ਼ੇਸ਼ ਸਹਿਯੋਗ ਕੀਤਾ ਗਿਆ।ਸਮਾਗਮ ਵਿੱਚ ਧਾਰਮਿਕ ਮਾਹੌਲ ਦੇ ਨਾਲ-ਨਾਲ ਸੱਭਿਆਚਾਰਕ ਰੰਗ ਵੀ ਦੇਖਣ ਨੂੰ ਮਿਲਿਆ।ਪ੍ਰਬੰਧਕਾਂ ਨੇ ਦੱਸਿਆ ਕਿ ਸਾਵਣ ਅਸ਼ਟਮੀ ਵਰਗੇ ਧਾਰਮਿਕ ਅਤੇ ਸੱਭਿਆਚਾਰਕ ਸਮਾਗਮ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਮਹਿਲਾਵਾਂ ਨੂੰ ਆਪਣੇ ਵਿਰਸੇ ਅਤੇ ਤਿਉਹਾਰਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਸਮਾਗਮ ਵਿੱਚ ਸਹਿਯੋਗ ਕਰਨ ਵਾਲੇ ਸਾਰੇ ਸੇਵਾਦਾਰਾਂ ਅਤੇ ਧਾਰਮਿਕ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਗਿਆ।

# ਏਡੀਸੀ (ਪੇਂਡੂ ਵਿਕਾਸ) ਸੁਰਿੰਦਰ ਸਿੰਘ ਵੱਲੋਂ ਠੋਸ ਕੂੜਾ ਪ੍ਰਬੰਧਨ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਵੱਲੋਂ ਅੱਜ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡਾਂ ਵਿੱਚ ਚੱਲ ਰਹੇ ਠੋਸ ਕੂੜਾ ਪ੍ਰਬੰਧਨ ਦੇ ਕੰਮਾਂ ਸਬੰਧੀ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਕੀਤੀ



ਗਈ। ਮੀਟਿੰਗ ਦੌਰਾਨ ਉਨ੍ਹਾਂ ਠੋਸ ਕੂੜਾ ਪ੍ਰਬੰਧਨ ਦੇ ਕੰਮਾਂ ਵਿੱਚ ਹੋਰ ਤੇਜ਼ੀ ਲਿਆਉਣ ਲਈ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੇ ਦੱਸਿਆ ਕਿ ਜ਼ਿਲ੍ਹੇ ਦੇ 21 ਪਿੰਡਾਂ ਵਿੱਚ ਠੋਸ ਕੂੜਾ ਪ੍ਰਬੰਧਨ ਦਾ ਕੰਮ ਪਹਿਲਾਂ ਹੀ ਵੱਖ-ਵੱਖ ਤਰੀਕਿਆਂ ਨਾਲ ਚੱਲ ਰਿਹਾ ਹੈ। ਇਨ੍ਹਾਂ ਪਿੰਡਾਂ ਵਿੱਚ ਘਰੇਲੂ ਪੱਧਰ 'ਤੇ ਗਿੱਲੇ ਅਤੇ ਸੁੱਕੇ ਕੂੜੇ ਦੀ ਵੱਖ-ਵੱਖ ਢੰਗ ਨਾਲ ਸੰਭਾਲ ਕੀਤੀ ਜਾ ਰਹੀ ਹੈ ਅਤੇ ਘਰ-ਘਰ ਤੋਂ ਵੇਸਟ ਕੁਲੈਕਟਰਾਂ ਰਾਹੀਂ ਕੂੜਾ ਇਕੱਠਾ ਕੀਤਾ ਜਾ ਰਿਹਾ ਹੈ। ਉਨ੍ਹਾਂ ਸਰਪੰਚਾਂ ਅਤੇ ਪੰਚਾਇਤ ਸਕੱਤਰਾਂ ਨੂੰ ਕਿਹਾ ਕਿ ਪਿੰਡਾਂ ਵਿੱਚ ਕੰਪੋਸਟ ਪਿੱਟਾਂ ਬਣਾਈਆਂ ਜਾਣ ਅਤੇ ਠੋਸ ਕੂੜਾ ਪ੍ਰਬੰਧਨ ਪ੍ਰੋਜੈਕਟਾਂ ਤਹਿਤ ਸੈਗਰੀਗੇਸ਼ਨ ਸ਼ੈੱਡ ਵੀ ਬਣਾਏ ਜਾਣ। ਉਨ੍ਹਾਂ ਕਿਹਾ ਕਿ ਇਨ੍ਹਾਂ ਕੰਮਾਂ ਲਈ 15ਵੇਂ ਵਿੱਤ ਕਮਿਸ਼ਨ ਦੇ ਫੰਡਾਂ ਦੀ ਵਰਤੋਂ ਕੀਤੀ ਜਾਵੇ। ਉਨ੍ਹਾਂ ਹਰ ਪਿੰਡ ਵਿੱਚ ਵੇਸਟ ਕੁਲੈਕਟਰ ਦੀ ਉਪਲਬਧਤਾ ਯਕੀਨੀ ਬਣਾਉਣ ਅਤੇ ਸੈਲਫ਼ ਹੈਲਪ ਗਰੁੱਪਾਂ ਨਾਲ ਸਬੰਧਤ ਮਹਿਲਾਵਾਂ ਨੂੰ ਵੀ ਠੋਸ ਕੂੜਾ ਪ੍ਰਬੰਧਨ ਦੀਆਂ ਗਤੀਵਿਧੀਆਂ ਨਾਲ ਜੋੜਨ ਲਈ ਕਿਹਾ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੇ ਪਿੰਡਾਂ ਵਿੱਚ ਠੋਸ ਕੂੜਾ ਪ੍ਰਬੰਧਨ ਦੀ ਨਿਗਰਾਨੀ ਲਈ ਕਮੇਟੀਆਂ ਬਣਾਉਣ ਦੀ ਹਦਾਇਤ ਵੀ ਕੀਤੀ। ਉਨ੍ਹਾਂ ਕਿਹਾ ਕਿ ਇਹ ਕਮੇਟੀਆਂ ਪਿੰਡਾਂ ਵਿੱਚ ਠੋਸ ਕੂੜਾ ਪ੍ਰਬੰਧਨ ਨਾਲ ਸਬੰਧਤ ਕੰਮਾਂ ਦੀ ਨਿਗਰਾਨੀ ਕਰਨਗੀਆਂ ਅਤੇ ਲੋਕਾਂ ਨੂੰ ਗਿੱਲੇ ਅਤੇ ਸੁੱਕੇ ਕੂੜੇ ਦੀ ਸਹੀ ਸੰਭਾਲ ਬਾਰੇ ਜਾਗਰੂਕ ਕਰਨਗੀਆਂ।

# ਬੀ. ਐੱਸ. ਐੱਨ. ਐੱਲ. ਵੱਲੋਂ ਆਜ਼ਾਦੀ ਦਿਹਾੜੇ 'ਤੇ ਵਿਸ਼ੇਸ਼ ਯੋਜਨਾਵਾਂ ਦੀ ਸ਼ੁਰੂਆਤ

**ਗੁਰਦਾਸਪੁਰ, (ਜਨਕ ਮਹਾਜਨ)-** ਬਲਬੀਰ ਸਿੰਘ ਡੀ. ਜੀ. ਐੱਮ. ਜ਼ਿਲ੍ਹਾ ਪਠਾਨਕੋਟ ਅਤੇ ਗੁਰਦਾਸਪੁਰ ਦੀ ਅਗਵਾਈ ਹੇਠ ਸੁਤੰਤਰਤਾ ਦਿਵਸ ਮੌਕੇ ਬੀ.ਐੱਸ.ਐੱਨ.ਐੱਲ. ਦੁਆਰਾ ਵਧੀਆ ਸੇਵਾਵਾਂ ਮੁਹੱਈਆ ਕਰਵਾਉਣ ਸਬੰਧੀ ਡੀ.ਈ.ਟੀ. ਗੁਰਦੀਪ ਸਿੰਘ ਤੇ



ਡੀ.ਈ.ਟੀ. ਹੀਰਾ ਲਾਲ ਗੁਰਦਾਸਪੁਰ ਦੀ ਦੇਖ-ਰੇਖ ਹੇਠ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੱਸਿਆ ਕਿ ਮੋਬਾਇਲ ਅਤੇ ਫਾਈਬਰ ਉਪਭੋਗਤਾਵਾਂ ਦੇ ਲਈ ਵਿਸ਼ੇਸ਼ ਯੋਜਨਾਵਾਂ ਸ਼ੁਰੂ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਯੋਜਨਾਵਾਂ ਦਾ ਉਦੇਸ਼ ਗਾਹਕਾਂ ਨੂੰ ਬਿਹਤਰ ਦੂਰ ਸੰਚਾਰ ਅਤੇ ਇੰਟਰਨੈੱਟ ਸੁਵਿਧਾਵਾਂ ਮੁਹੱਈਆ ਕਰਵਾਉਣਾ ਹੈ ਅਤੇ ਵੱਧ ਤੋਂ ਵੱਧ ਗ੍ਰਾਹਕਾਂ ਨੂੰ ਬੀ.ਐੱਸ.ਐੱਨ.ਐੱਲ ਨਾਲ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਇਨ੍ਹਾਂ ਵਿਸ਼ੇਸ਼ ਯੋਜਨਾਵਾਂ ਦਾ ਲਾਭ 12 ਸਤੰਬਰ ਤੱਕ ਲਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਮੋਬਾਇਲ ਉਪਭੋਗਤਾਵਾਂ ਦੇ ਲਈ 1 ਰੁਪਏ ਦੀ ਵਿਸ਼ੇਸ਼ ਯੋਜਨਾ ਸ਼ੁਰੂ ਕੀਤੀ ਗਈ ਹੈ ਜਿਸ ਦੇ ਤਹਿਤ ਉਹ ਸਿੰਮ ਕਾਰਡ ਦੇ ਨਾਲ 24 ਦਿਨਾਂ ਤੱਕ ਪ੍ਰਤੀ ਦਿਨ 1 ਜੀਬੀ ਡਾਟਾ ਅਤੇ ਅਨਲਿਮਿਟਡ ਕਾਲਿੰਗ ਤੋਂ ਇਲਾਵਾ 100 ਮੈਸੇਜ ਭੇਜਣ ਦੀ ਫਰੀ ਸੁਵਿਧਾ ਪਾ ਸਕਦੇ ਹਨ। ਇਸ ਤੋਂ ਇਲਾਵਾ 2399 ਦੇ ਸਾਲਾਨਾ ਰੀਚਾਰਜ ਨਾਲ 47 ਦਿਨਾਂ ਦੀ ਵਾਧੂ ਵੈਧਤਾ ਮਿਲੇਗੀ, ਜਿਸ ਨਾਲ ਸੇਵਾ ਦੀ ਮਿਆਦ 365 ਦਿਨਾਂ ਤੋਂ ਵਧਾ ਕੇ 412 ਦਿਨ ਹੋ ਜਾਵੇਗੀ। ਫਾਈਬਰ ਇੰਟਰਨੈੱਟ ਉਪਭੋਗਤਾਵਾਂ ਲਈ ਵਿਸ਼ੇਸ਼ ਯੋਜਨਾਵਾਂ ਵੀ ਲਾਗੂ ਕੀਤੀਆਂ ਗਈਆਂ ਹਨ ਜਿਵੇਂ ਕਿ 495 ਯੋਜਨਾ 90 ਦਿਨਾਂ ਦੀ ਮਿਆਦ ਲਈ ਪ੍ਰਤੀ ਮਹੀਨਾ 100 ਦੀ ਵਿਸ਼ੇਸ਼ ਛੋਟ ਦੀ ਪੇਸ਼ਕਸ਼ ਕਰੇਗੀ। ਇਸ ਤੋਂ ਇਲਾਵਾ ਇਕ ਨਵਾਂ 1199 ਪ੍ਰਤੀ ਮਹੀਨਾ ਯੋਜਨਾ 25 ਤੋਂ ਵੱਧ ਮਨੋਰੰਜਨ ਸੇਵਾਵਾਂ ਦੇ ਨਾਲ 200 ਮੈਗਾਬਿਟ ਪ੍ਰਤੀ ਸਕਿੰਟ ਤੱਕ ਦੀ ਇੰਟਰਨੈੱਟ ਸਪੀਡ ਦੀ ਪੇਸ਼ਕਸ਼ ਕਰੇਗੀ। ਪੇਂਡੂ ਉਪਭੋਗਤਾਵਾਂ ਲਈ ਇਕ ਵਿਸ਼ੇਸ਼ 259 ਇੰਟਰਨੈੱਟ ਯੋਜਨਾ ਵੀ ਪੇਸ਼ ਕੀਤੀ ਗਈ ਹੈ, ਜੋ 25 ਮੈਗਾਬਿਟ ਪ੍ਰਤੀ ਸਕਿੰਟ ਤੱਕ ਦੀ ਸਪੀਡ ਦੀ ਪੇਸ਼ਕਸ਼ ਕਰਦੀ ਹੈ। ਇਸ ਮੌਕੇ ਉਪ ਮਹਾ ਪ੍ਰਬੰਧਕ ਬਲਬੀਰ ਸਿੰਘ ਨੇ ਗਾਹਕਾਂ ਨੂੰ ਇਨ੍ਹਾਂ ਵਿਸ਼ੇਸ਼ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਭਾਰਤ ਸੰਚਾਰ ਨਿਗਮ ਲਿਮਟਿਡ ਸ਼ਹਿਰੀ ਅਤੇ ਗ੍ਰਾਮੀਣ ਖੇਤਰ ਵਿੱਚ ਬਿਹਤਰ ਦੂਰ ਸੰਚਾਰ ਸੁਵਿਧਾ ਬੁਲੰਦ ਕਰਵਾਉਣ ਲਈ ਹਮੇਸ਼ਾ ਵਚਨਬੱਧ ਹੈ। ਇਸ ਮੌਕੇ ਉਨ੍ਹਾਂ ਨਾਲ ਜਗਦੀਪ ਸਿੰਘ ਐੱਸ. ਡੀ. ਓ., ਵਿਪਨ ਅੱਤਰੀ ਇੰਜ. ਨੈੱਟਵਰਕ, ਮਮਤਾ ਜੇ. ਟੀ. ਓ. ਅਤੇ ਅੰਜੂ ਏ. ਓ. (ਐੱਸ) ਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

# ਤਿੰਨ ਰੋਜ਼ਾ ਵੋਟਰ ਜਾਗਰੂਕਤਾ ਤੇ ਰਜਿਸਟ੍ਰੇਸ਼ਨ ਕੈਂਪ ਦਾ ਆਗਾਜ਼


**ਬਿਆਸ/ ਬੁਤਾਲਾ (ਪਰਮਜੀਤ ਸਿੰਘ ਰੱਖੜਾ/ ਨਿਰਮਲ ਸਿੰਘ ਸੰਘਾ)** ਪੰਜਾਬ ਸਰਕਾਰ ਅਤੇ ਉਚੇਰੀ ਸਿੱਖਿਆ ਵਿਭਾਗ ਵੱਲੋਂ ਪ੍ਰਾਪਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਿਆਂ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਮਰੱਥ ਅਧਿਕਾਰੀਆਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ, ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਦੀ ਅਗਵਾਈ ਹੇਠ ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਤਿੰਨ ਰੋਜ਼ਾ ਵੋਟਰ ਜਾਗਰੂਕਤਾ ਅਤੇ ਰਜਿਸਟ੍ਰੇਸ਼ਨ ਕੈਂਪ ਦਾ ਆਗਾਜ਼ 18 ਅਗਸਤ ਨੂੰ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਹ ਤਿੰਨ ਰੋਜ਼ਾ ਕੈਂਪ 18, 22 ਤੇ 25 ਅਗਸਤ ਨੂੰ ਲਗਾਇਆ ਜਾ ਰਿਹਾ ਹੈ। ਇਸ ਕੈਂਪ ਦਾ ਮੁੱਖ ਉਦੇਸ਼ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨਾ ਅਤੇ ਯੋਗ ਨੌਜਵਾਨਾਂ ਦੀ ਵੋਟਰ ਵਜੋਂ ਰਜਿਸਟ੍ਰੇਸ਼ਨ ਨੂੰ ਯਕੀਨੀ ਬਣਾਉਣਾ ਹੈ। ਇਸ ਮੌਕੇ ਕਾਲਜ ਵਿਦਿਆਰਥੀਆਂ ਨੇ ਵੋਟ ਦੀ ਰਜਿਸਟਰੇਸ਼ਨ ਕਰਵਾਉਣ ਵਿੱਚ ਅਹਿਮ ਭੂਮਿਕਾ ਅਦਾ ਕੀਤੀ। ਇਸ ਮੌਕੇ ਇਲੈਕਸ਼ਨ ਇੰਚਾਰਜ ਸ੍ਰੀ ਪ੍ਰਸ਼ਾਂਤ, ਅਸੈਂਬਲੀ ਲੈਵਲ ਮਾਸਟਰ ਟ੍ਰੇਨਰ ਸ. ਨਵਦੀਪ ਸਿੰਘ ਬਦੇਸ਼ਾਂ ਅਤੇ ਗਗਨਦੀਪ ਸਿੰਘ, ਇਲੈਕਸ਼ਨ ਕਲਰਕ ਰੁਪਿੰਦਰ ਕੌਰ, ਆਈ ਟੀ ਟੀਮ ਵਿੱਚੋਂ ਸ੍ਰੀਮਤੀ ਗਗਨਦੀਪ ਕੌਰ ਅਤੇ ਆਈ ਟੀ ਇੰਚਾਰਜ ਪ੍ਰਭਜੋਤ ਸਿੰਘ ਨੇ ਵਿਸ਼ੇਸ਼ ਭੂਮਿਕਾ ਨਿਭਾਈ ਅਤੇ ਕੈਂਪ ਨੂੰ ਸੁਚੱਜੇ ਢੰਗ ਨਾਲ ਚਲਾਉਣ ਵਿੱਚ ਆਪਣਾ ਸਹਿਯੋਗ ਦਿੱਤਾ। ਇਸ ਮੌਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਜੀ ਦੇ ਓ ਐੱਸ ਡੀ ਹਰਇਕਬਾਲ



ਸਿੰਘ ਵੀ ਸ਼ਾਮਲ ਹੋਏ। ਇਸ ਮੌਕੇ ਇਲਾਕੇ ਦੀਆਂ ਵੱਖ-ਵੱਖ ਸ਼ਖ਼ਸੀਅਤਾਂ ਨੇ ਵੀ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਇਨ੍ਹਾਂ ਵਿੱਚ ਲਾਜਪਾਲ ਸਿੰਘ, ਸਰਪੰਚ ਜੱਲੂਵਾਲ, ਅਜਮੇਰ ਸਿੰਘ, ਸਰਪੰਚ ਬੇਦਾਦਪੁਰ, ਪਵਨਦੀਪ ਸਿੰਘ ਭਲਾਈਪੁਰ, ਕਿਸਾਨ ਪ੍ਰਧਾਨ, ਵਿਸ਼ਾਲ, ਜੋਗਬੀਰ ਸਿੰਘ ਜੋਗੀ, ਚੇਅਰਮੈਨ ਅਤੇ ਹਲਕਾ ਬਾਬਾ ਬਕਾਲਾ ਦੇ ਸੋਸ਼ਲ ਮੀਡੀਆ ਇੰਚਾਰਜ ਭਗਵੰਤ ਵਜ਼ੀਰ ਭੁੱਲਰ ਆਦਿ ਸ਼ਾਮਲ ਸਨ।ਇਸ ਮੌਕੇ ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਹਰ ਯੋਗ ਨਾਗਰਿਕ ਦਾ ਵੋਟਰ ਵਜੋਂ ਰਜਿਸਟਰ ਹੋਣਾ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਸੁਚੱਜੀ ਵਰਤੋਂ ਕਰਨਾ ਬਹੁਤ ਮਹੱਤਵਪੂਰਨ ਹੈ। ਉਨ੍ਹਾ ਕਿਹਾ ਕਿ ਨੌਜਵਾਨ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਨੂੰ ਵੋਟ ਦੇ ਅਧਿਕਾਰ ਅਤੇ ਚੋਣ ਪ੍ਰਕਿਰਿਆ ਪ੍ਰਤੀ ਜਾਗਰੂਕ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾ ਕਾਲਜ ਵੱਲੋਂ ਵਿਦਿਆਰਥੀਆਂ ਨੂੰ ਵੋਟਰ ਰਜਿਸਟ੍ਰੇਸ਼ਨ ਲਈ ਪ੍ਰੇਰਿਤ ਕਰਨ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਉਪਰਾਲੇ ਦੀ ਸ਼ਲਾਘਾ ਕੀਤੀ।ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ ਕਿਹਾ ਕਿ ਕਾਲਜ ਦਾ ਉਦੇਸ਼ ਵਿਦਿਆਰਥੀਆਂ ਨੂੰ ਸਿਰਫ਼ ਵਿੱਦਿਅਕ ਤੌਰ 'ਤੇ ਹੀ ਨਹੀਂ, ਸਗੋਂ ਇੱਕ ਜ਼ਿੰਮੇਵਾਰ ਅਤੇ ਜਾਗਰੂਕ ਨਾਗਰਿਕ ਵਜੋਂ ਵੀ ਤਿਆਰ ਕਰਨਾ ਹੈ। ਉਨ੍ਹਾ ਕਿਹਾ ਕਿ ਵੋਟ ਸਾਡਾ ਅਧਿਕਾਰ ਹੋਣ ਦੇ ਨਾਲ-ਨਾਲ ਲੋਕਤੰਤਰ ਪ੍ਰਤੀ ਸਾਡੀ ਜ਼ਿੰਮੇਵਾਰੀ ਵੀ ਹੈ। ਇਸ ਤਿੰਨ ਰੋਜ਼ਾ ਕੈਂਪ ਰਾਹੀਂ ਵਿਦਿਆਰਥੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਵੋਟਰ ਰਜਿਸਟ੍ਰੇਸ਼ਨ ਸੰਬੰਧੀ ਲੋੜੀਂਦੀ ਜਾਣਕਾਰੀ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਕਾਲਜ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਸਮਾਜਿਕ ਅਤੇ ਲੋਕਤੰਤਰੀ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰਨ ਲਈ ਅਜਿਹੇ ਉਪਰਾਲੇ ਜਾਰੀ ਰੱਖੇਗਾ।ਕੈਂਪ ਦੌਰਾਨ ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਵੋਟਰ ਰਜਿਸਟ੍ਰੇਸ਼ਨ, ਵੋਟਰ ਸੂਚੀ ਵਿੱਚ ਨਾਂਅ ਦਰਜ ਕਰਵਾਉਣ ਅਤੇ ਚੋਣ ਪ੍ਰਕਿਰਿਆ ਨਾਲ ਸੰਬੰਧਤ ਜ਼ਰੂਰੀ ਜਾਣਕਾਰੀ ਪ੍ਰਦਾਨ ਕੀਤੀ ਗਈ। ਕਾਲਜ ਪ੍ਰਬੰਧਨ ਵੱਲੋਂ ਨੌਜਵਾਨਾਂ ਨੂੰ ਲੋਕਤੰਤਰ ਦੀ ਮਜ਼ਬੂਤੀ ਲਈ ਆਪਣੇ ਵੋਟ ਦੇ ਅਧਿਕਾਰ ਦੀ ਸੁਚੱਜੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ। ਰਾਜਨੀਤੀ ਸ਼ਾਸਤਰ ਦੇ ਮਨਦੀਪ ਸਿੰਘ ਦੁਆਰਾ ਇਸ ਪ੍ਰੋਗਰਾਮ ਨੂੰ ਕੋਆਰਡੀਨੇਟ ਕੀਤਾ ਗਿਆ। ਇਸ ਮੌਕੇ ਕਾਲਜ ਸਟਾਫ ਹਾਜ਼ਰ ਸੀ।

# ਹਲਕਾ ਇੰਚਾਰਜ ਜੱਸਾ ਪੱਟੀ ਤੇ ਚੇਅਰਮੈਨ ਬਹਿੜਵਾਲ ਨੂੰ ਐੱਨ ਐੱਚ ਐੱਮ ਯੂਨੀਅਨ ਨੇ ਸੌਂਪੇ ਮੰਗ ਪੱਤਰ

**ਚੋਹਲਾ ਸਾਹਿਬ (ਰਮਨ ਚੱਢਾ)-** ਲੰਮੇ ਸਮੇਂ ਤੋਂ ਨਿਗੂਣੀਆਂ ਤਨਖਾਹਾਂ ਤੇ ਸਿਹਤ ਸਹੂਲਤਾਂ ਪ੍ਰਦਾਨ ਕਰਨ ਵਾਲੇ ਐੱਨ ਐੱਚ ਐੱਮ ਕਰਮਚਾਰੀ ਰੈਗੂਲਰ ਹੋਣ ਲਈ ਲਗਾਤਾਰ ਜੂਝ ਰਹੇ ਹਨ ਅਤੇ ਪੂਰੇ ਪੰਜਾਬ ਵਿੱਚ ਰੋਸ ਮੁਜ਼ਾਹਰੇ ਅਤੇ ਧਰਨੇ ਲਗਾਏ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ



ਪ੍ਰਗਟਾਵਾ ਐੱਨ ਐੱਚ ਐੱਮ ਯੂਨੀਅਨ ਤਰਨ ਤਾਰਨ ਦੇ ਜ਼ਿਲ੍ਹਾ ਜਨਰਲ ਸਕੱਤਰ ਮਨਦੀਪ ਸਿੰਘ ਨੇ ਪੱਤਰਕਾਰਾਂ ਨਾਲ ਗਲਬਾਤ ਦੌਰਾਨ ਕੀਤਾ। ਉਨ੍ਹਾਂ ਦੱਸਿਆ ਕਿ ਐੱਨ ਐੱਚ ਐੱਮ ਕਰਮਚਾਰੀ ਬਹੁਤ ਘੱਟ ਤਨਖਾਹਾਂ ਤੇ ਸਿਹਤ ਸਹੂਲਤਾਂ ਪ੍ਰਦਾਨ ਕਰਦੇ ਆ ਰਹੇ ਹਨ ਅਤੇ ਰਿਵਾਇਤੀ ਪਾਰਟੀਆਂ ਤੋਂ ਲੈ ਹੁਣ ਤੱਕ ਰੈਗੂਲਰ ਹੋਣ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਨਾਂ ਨੂੰ ਪੂਰਾ ਭਰੋਸਾ ਦਿੱਤਾ ਸੀ ਕਿ ਆਮ ਆਦਮੀਂ ਪਾਰਟੀ ਦੀ ਸਰਕਾਰ ਬਣਨ ਤੇ ਉਨ੍ਹਾਂ ਸਾਰੇ ਮੁਲਾਜ਼ਮਾਂ ਨੂੰ ਰੈਗੂਲਰ ਕਰ ਦਿੱਤਾ ਜਾਵੇਗਾ ਪਰ ਅਫਸੋਸ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਨਾਂ ਨੂੰ ਰੈਗੂਲਰ ਕਰਨ ਵਿੱਚ ਟਾਲ ਮਟੋਲ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਯੂਨੀਅਨ ਦੇ ਪੰਜਾਬ ਆਗੂਆਂ ਦੇ ਸੱਦੇ ਤੇ ਪੂਰੇ ਪੰਜਾਬ ਵਿੱਚ ਹਲਕਾ ਵਿਧਾਇਕਾਂ ਨੂੰ ਮੰਗ ਪੱਤਰ ਸੌਂਪੇ ਜਾ ਰਹੇ ਹਨ ਅਤੇ ਉਨ੍ਹਾਂ ਦੀ ਯੂਨੀਅਨ ਵੱਲੋਂ ਆਮ ਆਦਮੀ ਪਾਰਟੀ ਕੈਰੋਂ ਦੇ ਇੰਚਾਰਜ ਜਸਕੰਵਰ ਸਿੰਘ ਗਿੱਲ ਜੱਸਾ ਪੱਟੀ ਨੂੰ ਅਤੇ ਗੁਰਵਿੰਦਰ ਸਿੰਘ ਬਹਿੜਵਾਲ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਤਰਨ ਤਾਰਨ ਅਤੇ ਹਲਕਾ ਜਨਰਲ ਸਕੱਤਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਮ ਮੰਗ ਪੱਤਰ ਸੌਂਪੇ ਗਏ ਹਨ। ਇਸ ਸਮੇਂ ਯੂਨੀਅਨ ਦੇ ਜਨਰਲ ਸਕੱਤਰ ਮਨਦੀਪ ਸਿੰਘ ਚੌਹਾਨ ਸਰਹਾਲੀ ਕਲਾਂ, ਵਿਸ਼ਾਲ ਕੁਮਾਰ ਬੀ ਐੱਸ ਏ ਸਰਹਾਲੀ ਕਲਾਂ, ਕੁਲਵੰਤ ਕੌਰ ਅਕਾਊਂਟੈਂਟ ਸਰਹਾਲ ਕਲਾਂ, ਕਵਲਜੀਤ ਕੌਰ ਸਟਾਫ ਨਰਸ ਸਰਹਾਲੀ ਕਲਾਂ, ਡਾਕਟਰ ਕੇ. ਪੀ ਏ. ਐੱਮ.ਓ. ਕੈਰੋਂ, ਤਰਸੇਮ ਸਿੰਘ ਫਾਰਮੇਸੀ ਅਫਸਰ ਕੈਰੋਂ, ਸਨਦੀਪ ਕੁਮਾਰ ਬੀ ਐੱਸ ਏ ਕੈਰੋਂ, ਪ੍ਰਭਜੀਤ ਸਿੰਘ ਹੋਮਿਓਪੈਥਿਕ ਡਿਸਪੈਂਸਰ ਕੈਰੋਂ, ਸਨਦੀਪ ਸਿੰਘ ਆਈਏ ਕੈਰੋਂ, ਅਮਨਦੀਪ ਕੌਰ ਸਟਾਫ ਨਰਸ, ਹਰਸ਼ਰਨ ਕੌਰ ਸਟਾਫ ਨਰਸ ਆਦਿ ਹਾਜ਼ਰ ਸਨ।

# ਕਾਰ ਰੇਲਵੇ ਫਾਟਕ ਨਾਲ ਟਕਰਾਈ, ਵੱਡਾ ਹਾਦਸਾ ਹੋਣੋਂ ਟਲਿਆ

**ਦੀਨਾਨਗਰ,(ਬਲਵਿੰਦਰ ਸਿੰਘ ਬਿੱਲਾ)-** ਪਨਿਆੜ ਰੇਲਵੇ ਫਾਟਕ ਨਾਲ ਤੇਜ਼ ਰਫਤਾਰ ਕਾਰ ਦੀ ਟੱਕਰ ਹੋਣ ਕਾਰਣ ਕਾਰ 'ਚ ਸਵਾਰ ਲੋਕ ਵਾਲ-ਵਾਲ ਬਚੇ ਜਦਕਿ ਹਾਦਸਾ ਹੋਣ ਦਾ ਅਜੇ ਤਾਈਂ ਕੋਈ ਸਪਸ਼ਟ ਕਾਰਨ ਪਤਾ ਨਹੀਂ ਚੱਲ ਸਕਿਆ।ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਜੇਕਰ ਰੇਲ ਗੱਡੀ ਲੰਘ ਰਹੀ ਹੁੰਦੀ ਤਾਂ ਬਹੁਤ ਵੱਡਾ ਨੁਕਸਾਨ ਹੋਣਾ ਸੀ।ਦੱਸ ਦਈਏ ਕੀ ਇਹ ਹਾਦਸਾ ਉਸ ਵੇਲੇ ਹੋਇਆ ਜਦ ਦੀਨਾਨਗਰ ਦੀ ਸਾਈਡ ਤੋਂ



ਗੁਰਦਾਸਪੁਰ ਨੂੰ ਜਾ ਰਹੀ ਇੱਕ ਤੇਜ਼ ਰਫਤਾਰ ਕਾਰ ਖੁੱਲੇ ਰੇਲਵੇ ਫਾਟਕ ਨਾਲ ਜਾ ਟਕਰਾਈ ਜਿਸ ਕਾਰਨ ਕਾਰ 'ਚ ਬੈਠੀਆਂ ਸਵਾਰੀਆਂ ਤਾਂ ਬਚ ਗਈਆਂ ਪਰ ਕਾਰ ਦਾ ਵੱਡਾ ਨੁਕਸਾਨ ਹੋਇਆ। ਮੌਕੇ 'ਤੇ ਮੌਜੂਦ ਲੋਕਾਂ ਦੱਸਿਆ ਕਿ ਹਾਦਸਾਗ੍ਰਸਤ ਕਾਰ ਤੇਜ਼ ਰਫਤਾਰ ਨਾਲ ਦੀਨਾਨਗਰ ਸਾਈਡ ਤੋਂ ਆ ਰਹੀ ਸੀ ਤੇ ਇਸ ਦਾ ਪਿੱਛਾ ਇੱਕ ਪੁਲਸ ਦੀ ਗੱਡੀ ਕਰ ਰਹੀ ਸੀ।ਜਦ ਕਾਰ ਰੇਲਵੇ ਫਾਟਕ ਕਰਾਸ ਕਰ ਰਹੀ ਸੀ ਤਾਂ ਬੇਕਾਬੂ ਹੋ ਕੇ ਰੇਲਵੇ ਫਾਟਕ ਨਾਲ ਟਕਰਾ ਗਈ।

ਨਵਾਂ ਜ਼ਮਾਨਾ
ਵੀਰਵਾਰ, 20 ਅਗਸਤ 2026

# ਪੀ ਐੱਮ ਕੇਅਰਜ਼ ਫੰਡ ਦਾ ਰਹੱਸ

ਪ੍ਰਧਾਨ ਮੰਤਰੀ ਨਾਗਰਿਕ ਸਹਾਇਤਾ ਅਤੇ ਐਮਰਜੈਂਸੀ ਸਥਿਤੀਆਂ ਵਿੱਚ ਰਾਹਤ ਫੰਡ (ਪੀ ਐੱਮ ਕੇਅਰਜ਼ ਫੰਡ) ਦਾ ਕੁੱਲ ਫੰਡ ਵਿੱਤੀ ਸਾਲ 2024-25 ਵਿੱਚ ਵਧ ਕੇ 8,452.07 ਕਰੋੜ ਹੋ ਗਿਆ। ਇਹ ਪਿਛਲੇ ਵਿੱਤੀ ਸਾਲ ਦੇ 7,173.03 ਕਰੋੜ ਨਾਲੋਂ ਲਗਭੱਗ 17.8 ਫੀਸਦੀ ਵੱਧ ਹੈ। ਇਸ ਸਮੇਂ ਦੌਰਾਨ ਘਰੇਲੂ ਅਤੇ ਵਿਦੇਸ਼ੀ ਦੋਵਾਂ ਦਾਨਾਂ ਵਿੱਚ ਗਿਰਾਵਟ ਆਈ, ਪਰ ਫੰਡ ਤੋਂ ਖਰਚ ਬਹੁਤ ਘੱਟ ਕੀਤੇ ਜਾਣ ਕਾਰਨ ਕੁੱਲ ਫੰਡ ਵਧ ਗਿਆ। ਉਪਲੱਬਧ ਆਡਿਟ ਰਿਪੋਰਟ ਮੁਤਾਬਕ 2024-25 ਵਿੱਚ ਕੁੱਲ ਫੰਡ ਦਾ ਸਿਰਫ 0.01 ਫੀਸਦੀ ਖਰਚ ਕੀਤਾ ਗਿਆ ਸੀ।

ਇਨ੍ਹਾਂ ਅੰਕੜਿਆਂ ਦੇ ਜਨਤਕ ਖੁਲਾਸੇ ਤੋਂ ਬਾਅਦ ਕੇਂਦਰ ਸਰਕਾਰ ਅਤੇ ਪੀ ਐੱਮ ਕੇਅਰਜ਼ ਫੰਡ ਦੀ ਪਾਰਦਰਸ਼ਤਾ ਅਤੇ ਉਪਯੋਗਤਾ 'ਤੇ ਸਵਾਲ ਉੱਠ ਰਹੇ ਹਨ। 8,452 ਕਰੋੜ ਦੀ ਉਪਲੱਬਧਤਾ ਦੇ ਬਾਵਜੂਦ ਫੰਡ ਦਾ ਸਿਰਫ 0.01 ਪ੍ਰਤੀਸ਼ਤ ਖਰਚ ਕੀਤਾ ਗਿਆ, ਜਦੋਂ ਕਿ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਕੁਦਰਤੀ ਆਫਤਾਂ ਵਾਪਰੀਆਂ ਹਨ।

ਫੰਡ ਦੀ ਆਡਿਟ ਰਿਪੋਰਟ ਮੁਤਾਬਕ 2024-25 ਵਿੱਤੀ ਸਾਲ ਵਿੱਚ ਰਿਫੰਡ ਕੱਟਣ ਤੋਂ ਬਾਅਦ ਘਰੇਲੂ ਯੋਗਦਾਨ ਲੱਗਭੱਗ 479.05 ਕਰੋੜ ਸੀ। ਇਹ ਰਕਮ 2023-24 ਵਿੱਚ ਲੱਗਭੱਗ 681.81 ਕਰੋੜ ਸੀ। ਇਹ ਇੱਕ ਸਾਲ ਵਿੱਚ ਘਰੇਲੂ ਦਾਨ ਵਿੱਚ ਲੱਗਭੱਗ 30 ਪ੍ਰਤੀਸ਼ਤ ਦੀ ਕਮੀ ਨੂੰ ਦਰਸਾਉਂਦਾ ਹੈ। ਇਸ ਵਿੱਚ ਘਰੇਲੂ ਸਵੈ-ਇੱਛਤ ਯੋਗਦਾਨ 2020-21 ਵਿੱਤੀ ਸਾਲ ਵਿੱਚ ਸਿਖਰ 'ਤੇ ਸੀ, ਲੱਗਭੱਗ 7,184 ਕਰੋੜ। ਦਾਨ ਵਿੱਚ ਗਿਰਾਵਟ ਦੇ ਬਾਵਜੂਦ ਪੀ ਐੱਮ ਕੇਅਰਜ਼ ਫੰਡ 'ਚ ਮੁੱਖ ਤੌਰ 'ਤੇ ਫਿਕਸਡ ਡਿਪਾਜ਼ਿਟ 'ਤੇ ਪ੍ਰਾਪਤ ਵਿਆਜ, ਵੱਖ-ਵੱਖ ਏਜੰਸੀਆਂ ਤੋਂ ਅਦਾਇਗੀ ਅਤੇ ਬਹੁਤ ਘੱਟ ਖਰਚੇ ਕਾਰਨ ਵਾਧਾ ਹੋਇਆ। 2024-25 ਵਿੱਚ ਫੰਡ ਨੂੰ ਫਿਕਸਡ ਡਿਪਾਜ਼ਿਟ ਤੋਂ ਲੱਗਭੱਗ 469.38 ਕਰੋੜ ਦਾ ਵਿਆਜ ਪ੍ਰਾਪਤ ਹੋਇਆ। ਵਿੱਤੀ ਸਾਲ ਦੀ ਸ਼ੁਰੂਆਤ ਵਿੱਚ, ਫੰਡ ਵਿੱਚ ਫਿਕਸਡ ਡਿਪਾਜ਼ਿਟ ਵਿੱਚ ਲੱਗਭੱਗ 6,641.57 ਕਰੋੜ ਸੀ।

ਇਸ ਤੋਂ ਇਲਾਵਾ ਵੱਖ-ਵੱਖ ਲਾਗੂ ਕਰਨ ਵਾਲੀਆਂ ਏਜੰਸੀਆਂ ਤੋਂ ਲੱਗਭੱਗ 324.66 ਕਰੋੜ ਵਾਪਸ ਕੀਤੇ ਗਏ। ਇਹ ਰਕਮ ਸੰਬੰਧਤ ਏਜੰਸੀਆਂ ਕੋਲ ਖਰਚ ਨਾ ਕੀਤੇ ਗਏ ਜਾਂ ਵਾਧੂ ਫੰਡਾਂ ਨੂੰ ਦਰਸਾਉਂਦੀ ਹੈ। ਬੈਂਕਾਂ ਤੋਂ ਫਿਕਸਡ ਡਿਪਾਜ਼ਿਟ 'ਤੇ ਕੱਟੇ ਗਏ ਟੀ ਡੀ ਐੱਸ ਦੇ ਰਿਫੰਡ ਵਜੋਂ ਲੱਗਭੱਗ 13.49 ਲੱਖ ਕਰੋੜ ਵੀ ਪ੍ਰਾਪਤ ਹੋਏ। ਇਨ੍ਹਾਂ ਸਾਰੀਆਂ ਚੀਜ਼ਾਂ ਨੂੰ ਇਕੱਠਾ ਕਰਦੇ ਹੋਏ ਫੰਡ ਨੂੰ ਵਿੱਤੀ ਸਾਲ 2024-25 ਵਿੱਚ ਲੱਗਭੱਗ 1,279.91 ਕਰੋੜ ਪ੍ਰਾਪਤ ਹੋਏ, ਜਿਸ ਵਿੱਚ ਸ਼ੁਰੂਆਤੀ ਬਕਾਇਆ ਸ਼ਾਮਲ ਨਹੀਂ ਹੈ। 2024-25 ਵਿੱਤੀ ਸਾਲ ਦੀ ਸ਼ੁਰੂਆਤ ਵਿੱਚ ਪੀ ਐੱਮ ਕੇਅਰਜ਼ ਫੰਡ ਵਿੱਚ ਕੁੱਲ 7,173.03 ਕਰੋੜ ਬੱਚਤ ਬੈਂਕ ਖਾਤਿਆਂ ਵਿੱਚ ਅਤੇ 6,641.57 ਕਰੋੜ ਫਿਕਸਡ ਡਿਪਾਜ਼ਿਟ ਵਿੱਚ ਸਨ। 31 ਮਾਰਚ, 2025 ਤੱਕ ਇਹ ਰਕਮ ਵਧ ਕੇ 605.41 ਕਰੋੜ ਬੱਚਤ ਖਾਤਿਆਂ ਵਿੱਚ ਅਤੇ 7,846.65 ਕਰੋੜ ਫਿਕਸਡ ਡਿਪਾਜ਼ਿਟ ਵਿੱਚ ਹੋ ਗਈ, ਜਿਸ ਨਾਲ ਕੁੱਲ ਫੰਡ 8,452.07 ਕਰੋੜ ਹੋ ਗਿਆ।

ਆਰ ਟੀ ਆਈ ਅਤੇ ਪਾਰਦਰਸ਼ਤਾ ਮੁੱਦਿਆਂ 'ਤੇ ਕੰਮ ਕਰਨ ਵਾਲੀ ਕਾਰਕੁੰਨ ਅੰਜਲੀ ਭਾਰਦਵਾਜ ਨੇ ਫੰਡ ਦੇ ਅੰਕੜਿਆਂ 'ਤੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਪੁੱਛਿਆ ਹੈ ਕਿ ਲਾਗੂ ਕਰਨ ਵਾਲੀਆਂ ਏਜੰਸੀਆਂ ਤੋਂ ਵਾਪਸ ਕੀਤੇ ਗਏ 324 ਕਰੋੜ ਰੁਪਏ ਕਿਹੜੇ ਪ੍ਰੋਜੈਕਟਾਂ ਜਾਂ ਭੁਗਤਾਨਾਂ ਨਾਲ ਸੰਬੰਧਤ ਸਨ ਅਤੇ ਉਨ੍ਹਾਂ ਨੂੰ ਕਿਉਂ ਵਾਪਸ ਕੀਤਾ ਗਿਆ। ਕਿਸ ਏਜੰਸੀ ਨੇ ਇਹ ਰਕਮ ਵਾਪਸ ਕੀਤੀ?

ਆਡਿਟ ਰਿਪੋਰਟ ਦੇ ਨਾਲ ਵਿਸਤ੍ਰਿਤ ਟਿੱਪਣੀਆਂ ਅਤੇ ਸੰਬੰਧਤ ਜਾਣਕਾਰੀ ਜਨਤਕ ਕਿਉਂ ਨਹੀਂ ਕੀਤੀ ਗਈ? ਰਾਜ ਸਭਾ ਮੈਂਬਰ ਪਵਨ ਖੇੜਾ ਨੇ ਕਿਹਾ ਕਿ 8,452 ਕਰੋੜ ਰੁਪਏ ਉਪਲੱਬਧ ਹੋਣ ਦੇ ਬਾਵਜੂਦ, ਰਕਮ ਦਾ ਸਿਰਫ 0.01 ਫੀਸਦੀ ਹੀ ਵਰਤਿਆ ਗਿਆ, ਜਦੋਂ ਕਿ ਦੇਸ਼ ਵਿੱਚ ਕੁਦਰਤੀ ਆਫਤਾਂ ਤੋਂ ਪ੍ਰਭਾਵਤ ਭਾਈਚਾਰਿਆਂ ਨੂੰ ਰਾਹਤ ਅਤੇ ਪੁਨਰਵਾਸ ਦੀ ਲੋੜ ਹੈ। ਇੰਨੀ ਵੱਡੀ ਰਕਮ ਵਿਹਲੀ ਕਿਉਂ ਪਈ ਹੈ। ਪੀ ਐੱਮ ਕੇਅਰਜ਼ ਫੰਡ ਐਮਰਜੈਂਸੀ ਅਤੇ ਸੰਕਟ ਦੀਆਂ ਸਥਿਤੀਆਂ ਵਿੱਚ ਰਾਹਤ ਪ੍ਰਦਾਨ ਕਰਨ ਲਈ ਬਣਾਇਆ ਗਿਆ ਸੀ, ਪਰ ਤਾਜ਼ਾ ਅੰਕੜੇ ਫੰਡ ਦਾ ਇੱਕ ਵੱਡਾ ਹਿੱਸਾ ਖਰਚ ਕਰਨ ਦੀ ਬਜਾਏ ਜਮ੍ਹਾਂ ਅਤੇ ਨਿਵੇਸ਼ ਵਜੋਂ ਦਰਸਾਉਂਦੇ ਹਨ।

ਕੇਂਦਰ ਸਰਕਾਰ ਨੇ 27 ਮਾਰਚ, 2020 ਨੂੰ ਕੋਵਿਡ-19 ਮਹਾਂਮਾਰੀ ਅਤੇ ਹੋਰ ਐਮਰਜੈਂਸੀ ਜਾਂ ਸੰਕਟ ਦੀਆਂ ਸਥਿਤੀਆਂ ਨਾਲ ਨਜਿੱਠਣ ਲਈ ਪ੍ਰਧਾਨ ਮੰਤਰੀ ਕੇਅਰਜ਼ ਫੰਡ ਦੀ ਸਥਾਪਨਾ ਕੀਤੀ ਸੀ। ਇਹ ਨਵੀਂ ਦਿੱਲੀ ਵਿੱਚ ਇੱਕ ਜਨਤਕ ਚੈਰੀਟੇਬਲ ਟਰੱਸਟ ਵਜੋਂ ਰਜਿਸਟਰਡ ਹੈ। ਪ੍ਰਧਾਨ ਮੰਤਰੀ ਇਸ ਦੇ ਅਹੁਦੇਦਾਰ ਚੇਅਰਪਰਸਨ ਹਨ, ਜਦੋਂ ਕਿ ਰੱਖਿਆ, ਗ੍ਰਹਿ ਅਤੇ ਵਿੱਤ ਮੰਤਰੀ ਇਸ ਦੇ ਅਹੁਦੇਦਾਰ ਟਰੱਸਟੀ ਹਨ। ਸਰਕਾਰ ਮੁਤਾਬਕ ਫੰਡ ਨੂੰ ਕੋਈ ਬਜਟ ਸਹਾਇਤਾ ਪ੍ਰਾਪਤ ਨਹੀਂ ਹੁੰਦੀ ਅਤੇ ਇਹ ਵਿਅਕਤੀਆਂ ਅਤੇ ਸੰਗਠਨਾਂ ਦੇ ਸਵੈ-ਇੱਛਤ ਯੋਗਦਾਨਾਂ ਦੁਆਰਾ ਫੰਡ ਕੀਤਾ ਜਾਂਦਾ ਹੈ। ਇਸ ਫੰਡ ਨੂੰ ਵਿਦੇਸ਼ੀ ਯੋਗਦਾਨ ਸਵੀਕਾਰ ਕਰਨ ਤੋਂ ਵੀ ਛੋਟ ਹੈ।

ਪੀ ਐੱਮ ਕੇਅਰਜ਼ ਫੰਡ ਦੀ ਪਾਰਦਰਸ਼ਤਾ ਲੰਬੇ ਸਮੇਂ ਤੋਂ ਸਿਆਸੀ ਅਤੇ ਕਾਨੂੰਨੀ ਬਹਿਸ ਦਾ ਵਿਸ਼ਾ ਰਹੀ ਹੈ। ਜੂਨ 2020 ਵਿੱਚ ਪ੍ਰਧਾਨ ਮੰਤਰੀ ਦਫਤਰ ਨੇ ਕਿਹਾ ਕਿ ਪੀ ਐੱਮ ਕੇਅਰਜ਼ ਫੰਡ ਆਰ ਟੀ ਆਈ ਐਕਟ, 2005 ਦੇ ਤਹਿਤ 'ਜਨਤਕ ਅਥਾਰਟੀ' ਨਹੀਂ ਹੈ। ਇਸ ਤੋਂ ਬਾਅਦ ਫੰਡ ਦੇ ਸੰਚਾਲਨ ਅਤੇ ਵਿੱਤੀ ਸਟੇਟਮੈਂਟਾਂ ਸੰਬੰਧੀ ਸੂਚਨਾ ਅਧਿਕਾਰ ਬੇਨਤੀਆਂ 'ਤੇ ਵਿਵਾਦ ਬਣਿਆ ਰਿਹਾ ਹੈ, ਜਦੋਂ ਕਿ ਆਲੋਚਕਾਂ ਨੇ ਵਧੇਰੇ ਜਨਤਕ ਜਵਾਬਦੇਹੀ ਅਤੇ ਫੰਡ ਬਾਰੇ ਵਿਸਤ੍ਰਿਤ ਜਾਣਕਾਰੀ ਦੀ ਮੰਗ ਕੀਤੀ ਹੈ। ਸਰਕਾਰ ਦਾ ਕਹਿਣਾ ਹੈ ਕਿ ਇਹ ਇੱਕ ਸਵੈ-ਇੱਛਤ ਯੋਗਦਾਨ ਟਰੱਸਟ ਹੈ ਅਤੇ ਸਰਕਾਰੀ ਬਜਟ ਤੋਂ ਫੰਡ ਪ੍ਰਾਪਤ ਨਹੀਂ ਕਰਦਾ।

ਇਹ ਅਕਸਰ ਕਿਹਾ ਗਿਆ ਹੈ ਕਿ ਜਦੋਂ ਪ੍ਰਧਾਨ ਮੰਤਰੀ ਰਾਸ਼ਟਰੀ ਰਾਹਤ ਫੰਡ ਪਹਿਲਾਂ ਹੀ ਮੌਜੂਦ ਸੀ, ਤਾਂ ਪੀ ਐੱਮ ਕੇਅਰਜ਼ ਨੂੰ ਜਨਤਕ ਜਾਂਚ ਅਤੇ ਜਵਾਬਦੇਹੀ ਦੇ ਦਾਇਰੇ ਤੋਂ ਬਾਹਰ ਕਿਉਂ ਰੱਖਿਆ ਗਿਆ ਸੀ। ਸਰਕਾਰ ਦਾਅਵਾ ਕਰਦੀ ਹੈ ਕਿ ਇਹ ਫੰਡ ਐਮਰਜੈਂਸੀ ਵਿੱਚ ਰਾਹਤ ਪ੍ਰਦਾਨ ਕਰਨ ਲਈ ਬਣਾਇਆ ਗਿਆ ਸੀ, ਜਦੋਂ ਕਿ ਮਾਹਰ ਸਵਾਲ ਕਰਦੇ ਹਨ ਕਿ ਕੁਦਰਤੀ ਆਫਤਾਂ ਦੌਰਾਨ ਇਸ ਫੰਡ ਦਾ ਸਿਰਫ ਇੱਕ ਛੋਟਾ ਜਿਹਾ ਹਿੱਸਾ, ਜਿਸ ਦੀ ਕੀਮਤ ਹਜ਼ਾਰਾਂ ਕਰੋੜ ਰੁਪਏ ਹੈ, ਹੀ ਕਿਉਂ ਖਰਚ ਕੀਤਾ ਗਿਆ।

2024-25 ਲਈ ਪੀ ਐੱਮ ਕੇਅਰਜ਼ ਫੰਡ ਦੇ ਅੰਕੜੇ ਨਾ ਸਿਰਫ ਫੰਡ ਦੇ ਆਕਾਰ ਵਿੱਚ ਵਾਧੇ ਦੀ ਕਹਾਣੀ ਦੱਸਦੇ ਹਨ, ਸਗੋਂ ਇਨ੍ਹਾਂ ਨੇ ਇਸ ਦੀ ਵਰਤੋਂ, ਪਾਰਦਰਸ਼ਤਾ, ਏਜੰਸੀਆਂ ਤੋਂ ਫੰਡਾਂ ਦੀ ਵਾਪਸੀ ਅਤੇ ਐਮਰਜੈਂਸੀ ਰਾਹਤ ਲਈ ਫੰਡਾਂ ਦੀ ਅਸਲ ਵਰਤੋਂ 'ਤੇ ਫਿਰ ਨਵੀਂ ਬਹਿਸ ਸ਼ੁਰੂ ਕਰ ਦਿੱਤੀ ਹੈ।

# ਫ਼ਾਸ਼ੀਵਾਦ ਦਾ ਨਵਾਂ ਮੁਹਾਵਰਾ

ਮੂਲ : ਜਗਦੀਸ਼ਵਰ ਚਤੁਰਵੇਦੀ
ਅਨੁਵਾਦ : ਐੱਮ ਐੱਸ ਭਾਟੀਆ

ਭਾਰਤ ਦਾ ਫਾਸ਼ੀਵਾਦ ਇਟਲੀ ਅਤੇ ਜਰਮਨੀ ਦੇ ਫਾਸ਼ੀਵਾਦ ਨਾਲੋਂ ਵੱਖਰਾ ਹੈ। ਭਾਰਤੀ ਫਾਸ਼ੀਵਾਦ ਦਾ ਧੁਰਾ ਧਾਰਮਿਕਤਾ, ਮੁਸਲਿਮ- ਵਿਰੋਧੀ ਨਫ਼ਰਤ, ਹਿੰਸਾ ਅਤੇ ਗਰੀਬੀ ਹੈ।

ਮੋਦੀ ਜੀ ਦਾ ਫਾਸ਼ੀਵਾਦ ਸਿੱਧੇ ਤੌਰ 'ਤੇ ਅਮਰੀਕੀ ਲਿਬਰਲ ਫਾਸ਼ੀਵਾਦ ਦੀ ਫੋਟੋ ਕਾਪੀ ਹੈ।

ਫਾਸ਼ੀਵਾਦ ਦਾ ਅਰਥ ਹੈ—ਜਦੋਂ ਰਾਜ ਪ੍ਰਸ਼ਾਸਨ ਨੂੰ ਕਾਰਪੋਰੇਟ ਘਰਾਣੇ ਆਪਣੇ ਹੱਥਾਂ ਵਿੱਚ ਲੈ ਲੈਣ।

ਮੋਦੀ ਨੇ ਫਾਸ਼ੀਵਾਦ ਨੂੰ ਇੱਕ ਨਵਾਂ ਰੂਪ ਦਿੱਤਾ ਹੈ। ਉਨ੍ਹਾਂ ਹਿੰਦੂਤਵ ਨੂੰ ਸਭ ਤੋਂ ਉੱਪਰ ਥਾਂ ਦਿੱਤੀ ਹੈ ਅਤੇ ਦੇਸ਼-ਵਿਦੇਸ਼ ਦੀਆਂ ਘਟਨਾਵਾਂ ਨੂੰ ਹਿੰਦੂਤਵ ਦੇ ਚੌਖਟੇ ਵਿੱਚ ਫਿੱਟ ਕਰ ਪੇਸ਼ ਕੀਤਾ ਹੈ। ਹਿੰਦੂ ਮਿਥਕਾਂ ਅਤੇ ਮਿਥਕੀ ਪਾਤਰਾਂ ਨੂੰ ਆਮ ਅਭਿਵਿਅਕਤੀ ਦਾ ਸਾਧਨ ਬਣਾਇਆ ਗਿਆ ਹੈ। ਹਿੰਦੂ ਨੈਤਿਕਤਾ ਨੂੰ ਸਰਵੋਤਮ ਨੈਤਿਕਤਾ ਵਜੋਂ ਪੇਸ਼ ਕੀਤਾ ਗਿਆ ਹੈ, ਜਿਸ ਕਾਰਨ ਦੇਸ਼ ਵਿੱਚ ਹਿੰਦੂਤਵ ਦਾ ਮਾਹੌਲ ਹੋਰ ਗੂੜ੍ਹਾ ਹੋਇਆ ਹੈ।

ਦੂਜਾ ਵੱਡਾ ਬਦਲਾਅ ਇਹ ਕੀਤਾ ਗਿਆ ਹੈ ਕਿ ਸਰਜੀਕਲ ਸਟ੍ਰਾਈਕ ਅਤੇ ਯੁੱਧ ਵਰਗੇ ਸ਼ਬਦ-ਜੋੜਾਂ ਨੂੰ ਹਿੰਦੂਤਵ ਦੀ ਨੈਤਿਕਤਾ ਨਾਲ ਜੋੜ ਦਿੱਤਾ ਗਿਆ ਹੈ। ਹੁਣ ਹਰ ਚੀਜ਼ ਦੇ ਖ਼ਿਲਾਫ਼ ਮੋਦੀ ਜੀ ਸਰਜੀਕਲ ਸਟ੍ਰਾਈਕ ਕਰ ਰਹੇ ਹਨ, ਯੁੱਧ ਕਰ ਰਹੇ ਹਨ ਜਾਂ ਅਪ੍ਰੇਸ਼ਨ ਸਿੰਧੂਰ ਚਲਾ ਰਹੇ ਹਨ।

ਮਿਸਾਲ ਵਜੋਂ—ਕਾਲੇ ਧਨ ਦੇ ਖ਼ਿਲਾਫ਼ ਸਰਜੀਕਲ ਸਟ੍ਰਾਈਕ, ਗੰਦਗੀ ਦੇ ਖ਼ਿਲਾਫ਼ ਯੁੱਧ, ਗਰੀਬੀ ਦੇ ਖ਼ਿਲਾਫ਼ ਯੁੱਧ, ਕੋਰੋਨਾ ਦੇ ਖ਼ਿਲਾਫ਼ ਯੁੱਧ, ਜੰਤਰ-ਮੰਤਰ ਅੰਦੋਲਨ ਅਤੇ ਦਿਮਾਗੀ ਨਕਸਲ ਆਦਿ ਦੇ ਖ਼ਿਲਾਫ਼ ਸਰਜੀਕਲ ਸਟ੍ਰਾਈਕ। ਕਾਰਪੋਰੇਟ ਮੀਡੀਆ ਸੱਤਾ-ਤੰਤਰ ਦੇ ਪ੍ਰਚਾਰ ਦੇ ਰੂਪ ਵਿੱਚ ਇਹ ਸਭ ਕੁਝ ਲਗਾਤਾਰ ਸਾਡੇ ਜ਼ਿਹਨ ਵਿੱਚ ਉਤਾਰ ਰਿਹਾ ਹੈ।

ਸਰਜੀਕਲ ਸਟ੍ਰਾਈਕ ਜਾਂ ਯੁੱਧ ਦੇ ਨਾਂਅ 'ਤੇ ਹਰ ਕਿਸਮ ਦੇ ਵਿਚਾਰਧਾਰਕ ਮਤਭੇਦਾਂ ਨੂੰ ਰੱਦ ਕੀਤਾ ਜਾ ਰਿਹਾ ਹੈ। ਕਿਹਾ ਜਾਂਦਾ ਹੈ ਕਿ ਵਿਚਾਰਧਾਰਕ ਮਤਭੇਦ ਵਿੱਚ ਨਾ ਲਿਆਓ। ਇਹ ਵੀ ਕਿਹਾ ਜਾਂਦਾ ਹੈ ਕਿ ਇਹ ਬਹਿਸ ਕਰਨ ਦਾ ਸਮਾਂ ਨਹੀਂ, ਕੰਮ ਕਰਨ ਦਾ ਸਮਾਂ ਹੈ—ਬਹਿਸ ਨਾ ਕਰੋ, ਸਵਾਲ ਨਾ ਪੁੱਛੋ, ਸਿਰਫ਼ ਸੱਤਾ ਦਾ ਅਨੁਸਰਨ ਕਰੋ ।

ਇੱਕ ਸਮਾਂ ਸੀ, ਜਦੋਂ ਆਮ ਆਦਮੀ ਫਿਰਕੂ ਵਿਚਾਰਾਂ ਨਾਲ ਨਫ਼ਰਤ ਕਰਦਾ ਸੀ ਅਤੇ ਆਪਣੇ ਆਪ ਨੂੰ ਉਨ੍ਹਾਂ ਤੋਂ ਦੂਰ ਰੱਖਦਾ ਸੀ, ਪਰ ਅੱਜ ਹਾਲਾਤ ਗੁਣਾਤਮਕ ਤੌਰ 'ਤੇ ਬਦਲ ਗਏ ਹਨ। ਅੱਜ ਆਮ ਆਦਮੀ ਫਿਰਕੂ ਵਿਚਾਰਾਂ ਨਾਲ ਨਫ਼ਰਤ ਨਹੀਂ ਕਰਦਾ, ਸਗੋਂ ਉਨ੍ਹਾਂ ਨਾਲ ਜੁੜਨ ਨੂੰ ਆਪਣਾ ਸੁਭਾਗ ਸਮਝਣ ਲੱਗ ਪਿਆ ਹੈ। ਕੱਲ੍ਹ ਤੱਕ ਧਾਰਮਿਕ ਪਛਾਣ ਮੁੱਖ ਨਹੀਂ ਸੀ, ਪਰ ਅੱਜ ਰੋਜ਼ਮਰ੍ਹਾ ਦੀ ਜ਼ਿੰਦਗੀ ਵਿੱਚ ਇਹ ਪ੍ਰਮੁੱਖ ਹੋ ਗਈ ਹੈ। ਪਹਿਲਾਂ ਲੋਕ ਜਾਤ ਪੁੱਛਣ ਵਿੱਚ ਸੰਕੋਚ ਕਰਦੇ ਸਨ, ਅੱਜ ਖੁੱਲ੍ਹ ਕੇ ਜਾਤ ਪੁੱਛੀ ਜਾਂਦੀ ਹੈ।

ਫਾਸ਼ੀਵਾਦ ਦੇ ਅਸਲ ਮਾਇਨੇ ਕੀ ਹਨ, ਇਸ ਬਾਰੇ ਭਾਰਤ ਵਿੱਚ ਕਾਫ਼ੀ ਬਹਿਸ ਹੈ। ਇਸ ਬਹਿਸ ਵਿੱਚ ਵੱਡੇ-ਵੱਡੇ ਵਿਦਵਾਨ ਵੀ ਉਲਝੇ ਹੋਏ ਹਨ, ਪਰ ਅੱਜ ਤੱਕ ਇਸ ਦੀ ਕੋਈ ਸਰਵ-ਪ੍ਰਵਾਨਤ ਪਰਿਭਾਸ਼ਾ ਤੈਅ ਨਹੀਂ ਹੋ ਸਕੀ। ਫਾਸ਼ੀਵਾਦ ਉਹ ਵੀ ਸੀ, ਜੋ ਹਿਟਲਰ ਅਤੇ ਮੁਸੋਲਿਨੀ ਨੇ ਕੀਤਾ; ਫਾਸ਼ੀਵਾਦ ਦਾ ਇੱਕ ਰੂਪ ਉਹ ਵੀ ਸੀ, ਜੋ ਐਮਰਜੈਂਸੀ ਦੌਰਾਨ ਸ੍ਰੀਮਤੀ ਇੰਦਰਾ ਗਾਂਧੀ ਨੇ ਕੀਤਾ ਅਤੇ ਫਾਸ਼ੀਵਾਦ ਦਾ ਇੱਕ ਰੂਪ ਉਹ ਵੀ ਹੈ ਜੋ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਰ ਰਹੇ ਹਨ ।

ਮੋਦੀ ਦੇ ਫਾਸ਼ੀਵਾਦ ਦੀਆਂ ਲੱਛਣਾਤਮਕ ਵਿਸ਼ੇਸ਼ਤਾਵਾਂ ਵੱਖਰੀਆਂ ਹਨ । ਮੋਦੀ ਜੀ ਦਾ ਫਾਸ਼ੀਵਾਦ ਵਿਕਾਸ ਅਤੇ ਗਰੀਬ ਦੇ ਮੋਢਿਆਂ 'ਤੇ ਸਵਾਰ ਹੈ, ਪਰ ਇਸ ਦੇ ਪ੍ਰਸ਼ਾਸਨ ਦੇ ਸੰਚਾਲਕ ਕਾਰਪੋਰੇਟ ਘਰਾਣੇ ਹਨ। ਇਸ ਦਾ ਧੁਰਾ ਮੀਡੀਆ ਪ੍ਰਬੰਧਨ ਅਤੇ ਰਾਜ ਦੇ ਸਰੋਤਾਂ ਦੀ ਖੁੱਲ੍ਹੀ ਲੁੱਟ ਹੈ। ਇਸ ਦਾ ਟੀਚਾ ਸਮਾਜ ਦਾ ਅਪਰਾਧੀਕਰਨ ਅਤੇ ਲੋਕਤੰਤਰੀ-ਸੰਵਿਧਾਨਕ ਢਾਂਚਿਆਂ ਨੂੰ ਢਾਹੁਣਾ ਹੈ।

ਇਹ ਆਪਣੇ ਵਿਰੋਧੀਆਂ ਨੂੰ ਰਾਸ਼ਟਰਧਰੋਹੀ ਜਾਂ ਰਾਸ਼ਟਰ-ਵਿਰੋਧੀ ਕਹਿ ਕੇ ਕਲੰਕਿਤ ਕਰਦਾ ਹੈ। ਇਸ ਕੋਲ ਮੀਡੀਆ ਅਤੇ ਸਾਈਬਰ ਮੀਡੀਆ ਦੀ ਬੇਪਨਾਹ ਤਾਕਤ ਹੈ। ਇਹ ਅਜਿਹੀ ਸੱਤਾ ਹੈ, ਜੋ ਕਿਸੇ ਦੀ ਆਵਾਜ਼ ਨਹੀਂ ਸੁਣਦੀ। ਜੇ ਜੀਣਾ ਚਾਹੁੰਦੇ ਹੋ ਤਾਂ ਸਿਰਫ਼ ਮੋਦੀ ਅਤੇ ਸੰਘ ਦੀ ਆਵਾਜ਼ ਸੁਣੋ। ਮੋਦੀ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਦਿਨ-ਰਾਤ ਮੋਦੀ ਨੂੰ ਸੁਣੋ, ਮੋਦੀ-ਭਗਤਾਂ ਨੂੰ ਸੁਣੋ।

ਦਿਲਚਸਪ ਪਹਿਲੂ ਇਹ ਹੈ ਕਿ ਇਸ ਸਮੇਂ ਮੋਦੀ ਅਤੇ ਉਨ੍ਹਾਂ ਦੇ ਭਗਤਾਂ ਤੋਂ ਇਲਾਵਾ ਕੋਈ ਬੋਲਦਾ ਹੋਇਆ ਦਿਖਾਈ ਨਹੀਂ ਦਿੰਦਾ। ਬਾਕੀ ਸਭ ਉਨ੍ਹਾਂ ਨੂੰ ਸੁਣ ਰਹੇ ਹਨ। ਜਨਤਾ ਬੋਲ ਨਹੀਂ ਰਹੀ; ਉਹ ਸਿਰਫ਼ ਸੁਣ ਰਹੀ ਹੈ ਅਤੇ ਆਗਿਆ ਦਾ ਪਾਲਣ ਕਰ ਰਹੀ ਹੈ। ਸਾਡੇ ਵਰਗੇ ਲੋਕ ਜੋ ਕੁਝ ਕਹਿ ਰਹੇ ਹਨ, ਉਸ ਨੂੰ ਨਾ ਜਨਤਾ ਸੁਣ ਰਹੀ ਹੈ ਅਤੇ ਨਾ ਸੱਤਾ। ਅਸੀਂ ਆਪਣੀ ਆਵਾਜ਼ ਆਪ ਹੀ ਸੁਣ ਰਹੇ ਹਾਂ। ਅਸੀਂ ਸਹਿਮਤ ਲੋਕਾਂ ਨੂੰ ਹੀ ਸੁਣਾ ਰਹੇ ਹਾਂ ਅਤੇ ਆਪਣੇ ਹੱਥੀਂ ਆਪਣੀ ਪਿੱਠ ਥਾਪੜ ਰਹੇ ਹਾਂ।

ਭਾਰਤੀ ਟੀ ਵੀ ਚੈਨਲਾਂ ਦਾ ਇਹ ਰੋਜ਼ਾਨਾ ਦਾ ਰਿਵਾਜ ਬਣ ਗਿਆ ਹੈ ਕਿ ਆਰ ਐੱਸ ਐੱਸ ਦੇ ਥਿੰਕ-ਟੈਂਕ ਸੰਗਠਨਾਂ ਵਿੱਚ ਕੰਮ ਕਰਨ ਵਾਲੇ ਹਿੰਦੂਤਵਵਾਦੀ ਚਿੰਤਕਾਂ ਨੂੰ ਬੁਲਾ ਕੇ ਸਮਕਾਲੀ ਵਿਸ਼ਿਆਂ 'ਤੇ ਉਨ੍ਹਾਂ ਦੀ ਰਾਇ ਸੁਣਾਈ ਜਾਂਦੀ ਹੈ। ਸਾਡਾ ਸਿਰਫ਼ ਇੱਕ ਇਤਰਾਜ਼ ਹੈ, ਜੇ ਆਰ ਐੱਸ ਐੱਸ ਆਪਣੇ ਆਪ ਨੂੰ ਸਮਾਜਿਕ ਸੰਗਠਨ ਦੱਸਦਾ ਹੈ ਤਾਂ ਉਸ ਦੇ ਵਿਚਾਰਕ ਹਰ ਸਮਕਾਲੀ ਸਿਆਸੀ ਮੁੱਦੇ 'ਤੇ ਕਿਉਂ ਬੋਲਦੇ ਹਨ? ਜੇ ਉਹ ਸਿਆਸੀ ਮੁੱਦਿਆਂ 'ਤੇ ਬੋਲਣਾ ਚਾਹੁੰਦੇ ਹਨ ਤਾਂ ਸੰਘ ਨੂੰ ਆਪਣੇ ਆਪ ਨੂੰ ਸਿਆਸੀ ਸੰਗਠਨ ਐਲਾਨਣਾ ਚਾਹੀਦਾ ਹੈ। ਇਹ ਪਖੰਡ ਬੰਦ ਹੋਣਾ ਚਾਹੀਦਾ ਹੈ।

ਦੂਜੀ ਗੱਲ, ਟੀ ਵੀ ਚੈਨਲਾਂ ਨੂੰ ਦੱਸਣਾ ਚਾਹੀਦਾ ਹੈ ਕਿ ਉਹ ਕਿਸ ਆਧਾਰ 'ਤੇ ਸੰਘ ਦੇ ਪ੍ਰਵਕਤਾਵਾਂ ਨੂੰ ਹਰ ਰੋਜ਼ ਬੁਲਾਉਂਦੇ ਹਨ? ਕੀ ਦੇਸ਼ ਵਿੱਚ ਇਹੀ ਇੱਕੋ-ਇੱਕ ਸੰਗਠਨ ਹੈ, ਜਿਸ ਦੇ ਲੋਕਾਂ ਨੂੰ ਬੁਲਾਇਆ ਜਾਣਾ ਚਾਹੀਦਾ ਹੈ? ਕੀ ਦੇਸ਼ ਵਿੱਚ ਸਮਾਜ-ਵਿਗਿਆਨ, ਵਿਗਿਆਨ ਅਤੇ ਹੋਰ ਖੇਤਰਾਂ ਦੇ ਬੁੱਧੀਜੀਵੀਆਂ ਦੀ ਘਾਟ ਹੈ? ਸੰਘ ਦੇ ਪ੍ਰਤੀਨਿਧੀਆਂ ਨੂੰ ਤਰਜੀਹ ਦੇ ਕੇ ਟੀ ਵੀ ਚੈਨਲ ਯੋਜਨਾਬੱਧ ਢੰਗ ਨਾਲ ਲੋਕਾਂ ਵਿੱਚ ਘਟੀਆ ਵਿਚਾਰਾਂ ਦਾ ਪ੍ਰਚਾਰ-ਪ੍ਰਸਾਰ ਕਰਕੇ ਹਿੰਦੂ ਫਿਰਕਾਪ੍ਰਸਤੀ ਦੇ ਫੈਲਾਅ ਵਿੱਚ ਸਿੱਧੀ ਭੂਮਿਕਾ ਨਿਭਾ ਰਹੇ ਹਨ।

ਦੰਗਾਈਆਂ ਵੱਲੋਂ ਵੱਖ-ਵੱਖ ਬਹਾਨਿਆਂ ਹੇਠ ਭਾਰਤ ਦੇ ਲੋਕਾਂ, ਮਸਜਿਦਾਂ, ਮਕਬਰਿਆਂ ਅਤੇ ਦਰਗਾਹਾਂ ਆਦਿ 'ਤੇ ਕੀਤੇ ਗਏ ਯੋਜਨਾਬੱਧ ਹਮਲਿਆਂ ਨੂੰ ਦੇਖਦਿਆਂ ਲੋਕਾਂ ਨੂੰ ਹਰ ਇਲਾਕੇ ਵਿੱਚ ਸ਼ਾਂਤੀ ਸਮੂਹ ਬਣਾਉਣੇ ਚਾਹੀਦੇ ਹਨ। ਇਹ ਅਜਿਹੇ ਸਮੂਹ ਹੋਣ, ਜੋ ਆਪਣੇ ਇਲਾਕਿਆਂ ਵਿੱਚ ਅਮਨ ਕਾਇਮ ਰੱਖਣ ਲਈ ਆਪਣੇ ਤੌਰ 'ਤੇ ਸਰਗਰਮ ਹੋਣ। ਹਰ ਇਲਾਕੇ ਵਿੱਚ ਝਗੜੇ ਜਾਂ ਤਣਾਅ ਦੀ ਤੁਰੰਤ ਸੂਚਨਾ ਦੇਣ ਵਾਲਾ ਨੈੱਟਵਰਕ ਬਣਾਇਆ ਜਾਣਾ ਚਾਹੀਦਾ ਹੈ।

ਅੱਜ ਦੇ ਯੁੱਗ ਵਿੱਚ ਸਿਆਸੀ ਐਕਸ਼ਨ, ਦੰਗੇ ਅਤੇ ਧਾਰਮਿਕ ਕਰਮਕਾਂਡ ਆਦਿ ਹਮੇਸ਼ਾ ਆਪਣੇ ਆਪ ਪੈਦਾ ਨਹੀਂ ਹੁੰਦੇ; ਇਨ੍ਹਾਂ ਦੇ ਪਿੱਛੇ ਕਈ ਵਾਰ ਯੋਜਨਾਬੰਦੀ ਕੰਮ ਕਰਦੀ ਹੈ। ਫਿਰਕੂ ਦੰਗੇ ਜਾਂ ਭਾਈਚਾਰਿਆਂ ਵਿਚਕਾਰ ਝਗੜੇ ਵੀ ਯੋਜਨਾਬੱਧ ਹਿੰਸਕ ਕਾਰਵਾਈਆਂ ਦਾ ਨਤੀਜਾ ਹੋ ਸਕਦੇ ਹਨ।

ਮਨੁੱਖ ਸੁਭਾਵਿਕ ਤੌਰ 'ਤੇ ਹਿੰਸਕ ਨਹੀਂ, ਸਗੋਂ ਸ਼ਾਂਤੀਪ੍ਰਿਯ ਹੈ। ਸੱਤਾ-ਤੰਤਰ ਵਿੱਚ ਜਿੰਨਾ ਵੱਧ ਸਰਵਸੱਤਾਵਾਦੀ ਬਦਲਾਅ ਜਾਂ ਰੁਝਾਨ ਆਵੇਗਾ, ਦੰਗਿਆਂ ਅਤੇ ਹਿੰਸਾ ਦਾ ਖ਼ਤਰਾ ਓਨਾ ਹੀ ਵਧੇਗਾ । ਇਹ ਹਿੰਸਾ ਸੱਤਾ ਵੱਲੋਂ ਵੀ ਹੋ ਸਕਦੀ ਹੈ ਅਤੇ ਹਿੰਸਕ ਗਰੋਹਾਂ ਵੱਲੋਂ ਯੋਜਨਾਬੱਧ ਢੰਗ ਨਾਲ ਵੀ। ਅਸਲ ਵਿੱਚ ਅਸੀਂ ਅਜੇ ਤੱਕ ਹਿੰਸਕ ਤਾਕਤਾਂ ਨੂੰ ਪਛਾਣਨਾ ਅਤੇ ਉਨ੍ਹਾਂ ਵਿਰੁੱਧ ਇਕਜੁੱਟ ਹੋਣਾ ਨਹੀਂ ਸਿੱਖਿਆ, ਅਸੀਂ ਡਰਦੇ ਹਾਂ ਅਤੇ ਬੋਲਦੇ ਨਹੀਂ।

ਪਤੰਗ ਉਡਾਉਣ 'ਤੇ ਹਿੰਸਾ, ਲਾਊਡ ਸਪੀਕਰ 'ਤੇ ਹਿੰਸਾ, ਮੰਦਰ-ਮਸਜਿਦ ਆਉਣ-ਜਾਣ 'ਤੇ ਹਿੰਸਾ, ਚਾਹ ਪੀਂਦਿਆਂ ਹਿੰਸਾ, ਰੈਸਟੋਰੈਂਟ ਦਾ ਬਿੱਲ ਅਦਾ ਕਰਨ 'ਤੇ ਹਿੰਸਾ, ਪਿਆਰ ਕਰਨ 'ਤੇ ਹਿੰਸਾ, ਭਜਨ ਕਰਨ 'ਤੇ ਹਿੰਸਾ ਅਤੇ ਫੇਸਬੁਕ ਕਮੈਂਟਾਂ 'ਤੇ ਹਿੰਸਾ।ਸਾਡੇ ਦੇਸ਼ ਵਿੱਚ ਕਮਾਲ ਦੇ ਦੰਗਾਈ ਸਮੂਹ ਪੈਦਾ ਹੋ ਗਏ ਹਨ। ਇਹ ਸਮੂਹ ਕਿਸੇ ਵੀ ਥਾਂ ਕਿਸੇ ਵੀ ਮਸਲੇ 'ਤੇ ਹਿੰਸਾ ਕਰਨ ਲਈ ਉਤਰ ਆਉਂਦੇ ਹਨ । ਹਰ ਸ਼ਹਿਰ ਵਿੱਚ ਹਿੰਸਕ ਸਮੂਹ ਚੌਕੰਨੇ ਰਹਿੰਦੇ ਹਨ ਅਤੇ ਖ਼ਬਰ ਮਿਲਦਿਆਂ ਹੀ ਐਕਸ਼ਨ ਵਿੱਚ ਆ ਜਾਂਦੇ ਹਨ। ਉਨ੍ਹਾਂ ਦੀ ਕਾਰਵਾਈ ਏਨੀ ਤੇਜ਼ ਹੁੰਦੀ ਹੈ ਕਿ ਸਭ ਕੁਝ ਆਪਣੇ ਆਪ ਵਾਪਰਦਾ ਹੋਇਆ ਲੱਗ ਸਕਦਾ ਹੈ, ਪਰ ਲੇਖਕ ਦੇ ਅਨੁਸਾਰ ਅਜਿਹਾ ਨਹੀਂ। ਉਸ ਦਾ ਦਾਅਵਾ ਹੈ ਕਿ ਸ਼ਹਿਰਾਂ ਵਿੱਚ ਇਨ੍ਹਾਂ ਦੀਆਂ ਸਰਗਰਮ ਇਕਾਈਆਂ ਹਨ ਅਤੇ ਹੁਕਮ ਮਿਲਦਿਆਂ ਹੀ ਉਹ ਪਹੁੰਚ ਕੇ ਕਾਰਵਾਈ ਕਰਦੀਆਂ ਹਨ।

ਇਨ੍ਹਾਂ ਹਿੰਸਕ ਤੱਤਾਂ ਨੂੰ ਪਛਾਣੋ। ਇਨ੍ਹਾਂ ਨੂੰ ਸਿਰਫ਼ ਜਾਤ, ਦਲ ਜਾਂ ਵਿਚਾਰਧਾਰਾ ਦੇ ਆਧਾਰ 'ਤੇ ਨਹੀਂ, ਸਗੋਂ ਹਿੰਸਕ-ਅਪਰਾਧੀ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਮੂਲ ਲੇਖ ਦਾ ਦਾਅਵਾ ਹੈ ਕਿ ਇਹ ਆਪਣੇ ਆਪ ਕਾਰਵਾਈ ਨਹੀਂ ਕਰ ਰਹੇ, ਸਗੋਂ ਕੇਂਦਰੀ ਕਮਾਨ ਹੇਠ ਕੰਮ ਕਰਦੇ ਹਨ ਅਤੇ ਤਨਖਾਹੀ ਸੰਗਠਿਤ ਅਪਰਾਧੀ ਗਰੋਹਾਂ ਵਾਂਗ ਕਾਰਵਾਈ ਕਰਦੇ ਹਨ । ਇਨ੍ਹਾਂ ਵਿੱਚੋਂ ਬਹੁਤੇ ਹਿੰਦੂਤਵ ਦੇ ਨਾਅਰੇ ਲਾਉਂਦੇ ਹਨ ।

ਵੱਖ-ਵੱਖ ਧਾਰਮਿਕ ਅਤੇ ਦਾਰਸ਼ਨਿਕ ਗ੍ਰੰਥਾਂ ਵਿੱਚ ਬਹੁਤ ਸਾਰੀਆਂ ਸੁੰਦਰ ਅਤੇ ਗਿਆਨਵਰਧਕ ਗੱਲਾਂ ਲਿਖੀਆਂ ਗਈਆਂ ਹਨ। ਹਿੰਦੂ ਧਰਮ ਦੇ ਵੱਖ-ਵੱਖ ਦਾਰਸ਼ਨਿਕਾਂ ਨੇ ਵੀ ਬਹੁਤ ਮਹੱਤਵਪੂਰਨ ਗਿਆਨ-ਚਰਚਾ ਕੀਤੀ ਹੈ ਅਤੇ ਇਹ ਗਿਆਨ ਅੱਜ ਇੰਟਰਨੈੱਟ 'ਤੇ ਮੁਫ਼ਤ ਉਪਲੱਬਧ ਹੈ । ਸੰਘ ਨਾਲ ਜੁੜੇ ਲੋਕ ਇਸ ਗਿਆਨ ਦਾ ਪ੍ਰਚਾਰ ਕਰਨ ਦੀ ਥਾਂ ਹਿੰਦੂ ਧਰਮ-ਗ੍ਰੰਥਾਂ ਵਿੱਚ ਲਿਖੀਆਂ ਗੱਲਾਂ ਦਾ ਵਿਗੜਿਆ ਰੂਪ ਪੇਸ਼ ਕਰਦੇ ਹਨ ਅਤੇ ਉਨ੍ਹਾਂ ਦੇ ਉਲਟ ਆਚਰਣ ਕਰਦੇ ਹਨ।ਸੰਘ ਪਰਵਾਰ ਵੱਲੋਂ ਹਿੰਦੂ ਧਰਮ ਦੇ ਨਾਂਅ 'ਤੇ ਘ੍ਰਿਣਾ ਦਾ ਪ੍ਰਚਾਰ ਕਰਨ ਦਾ ਤਰੀਕਾ ਫਾਸ਼ੀਵਾਦੀ ਤਰੀਕਾ ਹੈ । ਫੇਸਬੁਕ ਮਿੱਤਰਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਭਾਰਤ ਦੀ ਪੁਰਾਣੀ ਅਤੇ ਨਵੀਂ ਗਿਆਨ-ਸੰਪਦਾ, ਸਾਹਿਤ ਅਤੇ ਕਲਾ ਨੂੰ ਇੰਟਰਨੈੱਟ 'ਤੇ ਅਜਿਹੇ ਹਮਲਿਆਂ ਤੋਂ ਬਚਾਉਣ।

ਭਾਰਤੀ ਸਮਾਜ ਦੀ ਅਵਿਕਸਿਤ ਮਾਨਸਿਕਤਾ ਨੂੰ ਸੰਘ ਪਰਵਾਰ ਆਪਣੇ ਜ਼ਹਿਰੀਲੇ ਅਤੇ ਸਮਾਜ ਨੂੰ ਵੰਡਣ ਵਾਲੇ ਪ੍ਰਚਾਰ ਲਈ ਵਰਤ ਰਿਹਾ ਹੈ। ਨਵੀਂ ਸੰਚਾਰ ਤਕਨੀਕ, ਕੰਪਿਊਟਰ, ਇੰਟਰਨੈੱਟ ਅਤੇ ਸੋਸ਼ਲ ਮੀਡੀਆ ਦਾ ਵੀ ਆਪਣੇ ਅਵਿਗਿਆਨਕ, ਅਪ੍ਰਮਾਣਿਕ ਅਤੇ ਵਿਸ਼ੈਲੇ ਪ੍ਰਚਾਰ ਲਈ ਦੁਰਉਪਯੋਗ ਕੀਤਾ ਜਾ ਰਿਹਾ ਹੈ।

ਫੇਸਬੁਕ ਅਤੇ ਹੋਰ ਸੋਸ਼ਲ ਮੀਡੀਆ ਮੰਚਾਂ 'ਤੇ ਸੰਘ ਪਰਵਾਰ ਦੋ ਦਹਾਕਿਆਂ ਤੋਂ ਵੱਧ ਸਮੇਂ ਤੋਂ ਯੋਜਨਾਬੱਧ ਢੰਗ ਨਾਲ ਵਿਚਾਰਧਾਰਕ ਜ਼ਹਿਰ ਫੈਲਾ ਰਿਹਾ ਹੈ । ਇਸ ਜ਼ਹਿਰ ਦੇ ਕਈ ਰੂਪ ਹਨ । ਮਿਸਾਲ ਵਜੋਂ, ਜਿਉਂ ਹੀ ਕੋਈ ਧਰਮ ਨਿਰਪੱਖ, ਬਹੁਲਤਾਵਾਦੀ ਜਾਂ ਫਿਰਕੂ ਸਦਭਾਵਨਾ ਵਾਲਾ ਵਿਚਾਰ ਰੱਖਦਾ ਹੈ, ਇਹ ਲੋਕ ਆ ਕੇ ਪੂਰੀ ਤਾਕਤ ਨਾਲ ਕਾਂਗਰਸ-ਵਿਰੋਧ, ਇਸਲਾਮ-ਵਿਰੋਧ ਅਤੇ ਮੁਸਲਿਮ-ਵਿਰੋਧੀ ਨਫ਼ਰਤ ਦਾ ਪ੍ਰਚਾਰ ਕਰਨ ਲੱਗਦੇ ਹਨ। ਤੱਥਹੀਣ ਅਤੇ ਭੜਕਾਊ ਗੱਲਾਂ ਲਿਖੀਆਂ ਜਾਂਦੀਆਂ ਹਨ। ਵੱਖ-ਵੱਖ ਆਗੂਆਂ ਦੇ ਕੈਰੀਕੇਚਰ ਅਤੇ ਚਰਿੱਤਰ-ਹਨਨ ਵਾਲੀਆਂ ਤਸਵੀਰਾਂ ਪੋਸਟ ਕੀਤੀਆਂ ਜਾਂਦੀਆਂ ਹਨ। ਕਮਿਊਨਿਜ਼ਮ ਅਤੇ ਧਰਮ ਨਿਰਪੱਖ ਵਿਚਾਰਾਂ ਦਾ ਵਿਰੋਧ ਕਰਨਾ ਇਨ੍ਹਾਂ ਦੀ ਰੋਜ਼ਾਨਾ ਦੀ ਸਰਗਰਮੀ ਬਣ ਗਿਆ ਹੈ। ਇਸ ਤਰ੍ਹਾਂ ਦੀ ਸਮੱਗਰੀ ਭਾਰਤ ਦੇ ਸਿਆਸੀ ਅਤੇ ਸੱਭਿਆਚਾਰਕ ਮਾਹੌਲ ਵਿੱਚ ਜ਼ਹਿਰ ਘੋਲ ਰਹੀ ਹੈ।

ਫੇਸਬੁਕ ਨੂੰ ਇੱਕ ਉਦਾਰ ਮੰਚ ਬਣਾਉਣ ਲਈ ਮਿੱਤਰਾਂ ਨੂੰ ਸੁਚੇਤ ਯਤਨ ਕਰਨੇ ਪੈਣਗੇ । ਫੇਸਬੁਕ 'ਤੇ ਉਦਾਰ ਅਤੇ ਪਰਿਵਰਤਨਕਾਰੀ ਵਿਚਾਰਾਂ ਦਾ ਸਵਾਗਤ ਹੋਣਾ ਚਾਹੀਦਾ ਹੈ। ਜਿਹੜੇ ਲੋਕ ਸੰਕੀਰਨਤਾਵਾਦ, ਹਰ ਕਿਸਮ ਦੇ ਕੱਟੜਪੰਥ, ਅੱਤਵਾਦ ਜਾਂ ਸਮਾਜਿਕ ਨਫ਼ਰਤ ਫੈਲਾਉਂਦੇ ਹਨ, ਉਨ੍ਹਾਂ ਨੂੰ ਬਲਾਕ ਕੀਤਾ ਜਾਣਾ ਚਾਹੀਦਾ ਹੈ। ਹਿੰਦੀ ਸੋਸ਼ਲ ਮੀਡੀਆ ਵਿੱਚ ਇਹ ਬਿਮਾਰੀ ਨਾਸੂਰ ਦਾ ਰੂਪ ਧਾਰਦੀ ਜਾ ਰਹੀ ਹੈ।

ਅਸਲ ਵਿੱਚ ਦਰਸ਼ਨ ਤੋਂ ਬਿਨਾਂ ਦ੍ਰਿਸ਼ਟੀਕੋਣ ਨਹੀਂ ਬਣਦਾ। ਜਿਨ੍ਹਾਂ ਕੋਲ ਕੋਈ ਦਾਰਸ਼ਨਿਕ ਦ੍ਰਿਸ਼ਟੀ ਨਹੀਂ ਜਾਂ ਜੋ ਦਾਰਸ਼ਨਿਕ ਵਿਗਾੜ ਦਾ ਸ਼ਿਕਾਰ ਹਨ, ਉਹ ਅਕਸਰ ਅਰਥ ਦਾ ਅਨਰਥ ਕਰਦੇ ਰਹਿੰਦੇ ਹਨ। ਅਜਿਹੇ ਲੋਕ ਦ੍ਰਿਸ਼ਟੀ-ਬੰਧਨ ਦਾ ਸ਼ਿਕਾਰ ਹਨ। ਸਮਾਜਿਕ ਬੰਧਨਾਂ ਵਾਂਗ ਦ੍ਰਿਸ਼ਟੀ-ਬੰਧਨ ਵੀ ਇੱਕ ਵੱਡੀ ਸਮੱਸਿਆ ਹੈ। ਅਸਲ ਸਵਾਲ ਇਹ ਹੈ ਕਿ ਸਮਾਜਿਕ ਬੰਧਨਾਂ ਅਤੇ ਦ੍ਰਿਸ਼ਟੀ-ਬੰਧਨ ਤੋਂ ਮੁਕਤੀ ਕਿਵੇਂ ਹਾਸਲ ਕੀਤੀ ਜਾਵੇ।

ਮਾਰਕਸਵਾਦ ਇਨ੍ਹਾਂ ਦੋਵਾਂ ਤੋਂ ਮੁਕਤੀ ਹਾਸਲ ਕਰਨ ਵਿੱਚ ਮਦਦ ਕਰਦਾ ਹੈ। ਇਸੇ ਕਰਕੇ ਬੰਧਨਾਂ ਦੇ ਹਮਾਇਤੀ ਵਾਰ-ਵਾਰ ਮਾਰਕਸਵਾਦ ਅਤੇ ਮਾਰਕਸਵਾਦੀਆਂ 'ਤੇ ਹਮਲੇ ਕਰਦੇ ਰਹਿੰਦੇ ਹਨ। ਇਸੇ ਲੜੀ ਵਿੱਚ ਨਵਾਂ ਹਮਲਾ ਨਕਸਲ ਦੇ ਨਾਂਅ 'ਤੇ ਸਾਹਮਣੇ ਆਇਆ ਹੈ।

# ਸੰਪਰਕ : 99884-91002

# ਅੰਗਰੇਜ਼ੀ ਇਕ ਆਕਾਂਖੀ ਭਾਸ਼ਾ

ਰਵੀ ਜੋਸ਼ੀ

**ਭਾਰਤ ਵਿੱਚ ਅੰਗਰੇਜ਼ੀ:** ਬਸਤੀਵਾਦੀ ਭਾਸ਼ਾ ਤੋਂ ਭਾਰਤੀ ਭਾਸ਼ਾ ਤੱਕ ਭਾਰਤ ਵਿੱਚ ਅੰਗਰੇਜ਼ੀ ਦੀ ਕਹਾਣੀ ਸਿਰਫ਼ ਇੱਕ ਵਿਦੇਸ਼ੀ ਭਾਸ਼ਾ ਦੀ ਕਹਾਣੀ ਨਹੀਂ ਹੈ, ਸਗੋਂ ਇਹ ਬ੍ਰਿਟਿਸ਼ ਬਸਤੀਵਾਦ, ਸਿੱਖਿਆ, ਪ੍ਰਸ਼ਾਸਨ, ਰਾਜਨੀਤੀ ਅਤੇ ਭਾਰਤੀ ਸਮਾਜ ਵਿੱਚ ਆਏ ਬਦਲਾਅ ਨਾਲ ਜੁੜੀ ਹੋਈ ਹੈ। ਬ੍ਰਿਟਿਸ਼ ਰਾਜ ਤੋਂ ਪਹਿਲਾਂ ਭਾਰਤ ਵਿੱਚ ਫ਼ਾਰਸੀ, ਸੰਸਕ੍ਰਿਤ, ਅਰਬੀ ਅਤੇ ਵੱਖ-ਵੱਖ ਖੇਤਰੀ ਭਾਸ਼ਾਵਾਂ ਦਾ ਆਪਣਾ-ਆਪਣਾ ਮਹੱਤਵ ਸੀ। ਫ਼ਾਰਸੀ ਪ੍ਰਸ਼ਾਸਨ ਵਿੱਚ ਮਹੱਤਵਪੂਰਨ ਭਾਸ਼ਾ ਸੀ, ਜਦਕਿ ਸੰਸਕ੍ਰਿਤ ਅਤੇ ਅਰਬੀ ਰਵਾਇਤੀ ਸਿੱਖਿਆ ਅਤੇ ਧਾਰਮਿਕ ਗਿਆਨ ਨਾਲ ਜੁੜੀਆਂ ਹੋਈਆਂ ਸਨ, ਪਰ ਬ੍ਰਿਟਿਸ਼ ਰਾਜ ਦੇ ਆਉਣ ਨਾਲ ਭਾਰਤ ਦਾ ਭਾਸ਼ਾਈ ਦ੍ਰਿਸ਼ ਹੌਲੀ-ਹੌਲੀ ਬਦਲਣਾ ਸ਼ੁਰੂ ਹੋ ਗਿਆ।ਸਾਲ 1835 ਵਿੱਚ ਥਾਮਸ ਬੈਬਿੰਗਟਨ ਮੈਕਾਲੇ ਨੇ ਆਪਣਾ ਪ੍ਰਸਿੱਧ ਮਿੰਟ ਆਨ ਇੰਡੀਆਨ ਐਜੂਕੇਸ਼ਨ ਪੇਸ਼ ਕੀਤਾ। ਉਸ ਸਮੇਂ ਇਹ ਬਹਿਸ ਚੱਲ ਰਹੀ ਸੀ ਕਿ ਭਾਰਤ ਵਿੱਚ ਰਵਾਇਤੀ ਸੰਸਕ੍ਰਿਤ ਅਤੇ ਅਰਬੀ-ਫ਼ਾਰਸੀ ਸਿੱਖਿਆ ਨੂੰ ਉਤਸ਼ਾਹਤ ਕੀਤਾ ਜਾਵੇ ਜਾਂ ਪੱਛਮੀ ਗਿਆਨ ਨੂੰ ਅੰਗਰੇਜ਼ੀ ਦੇ ਮਾਧਿਅਮ ਰਾਹੀਂ ਫੈਲਾਇਆ ਜਾਵੇ। ਭਾਰਤੀ ਬੁੱਧੀਜੀਵੀਆ ਦਾ ਕਹਿਣਾ ਸੀ ਕਿ ਫਾਰਸੀ, ਅਰਬੀ, ਸੰਸਕ੍ਰਿਤ ਨੂੰ ਪਹਿਲ ਦੇਣੀ ਚਾਹੀਦੀ ਹੈ, ਪਰ ਮੈਕਾਲੇ ਨੇ ਅੰਗਰੇਜ਼ੀ ਸਿੱਖਿਆ ਦੇ ਹੱਕ ਵਿੱਚ ਜ਼ੋਰਦਾਰ ਦਲੀਲ ਦਿੱਤੀ। ਬ੍ਰਿਟਿਸ਼ ਸ਼ਾਸਕਾਂ ਲਈ ਅੰਗਰੇਜ਼ੀ ਨੂੰ ਉਤਸ਼ਾਹਤ ਕਰਨ ਦਾ ਇੱਕ ਵੱਡਾ ਕਾਰਨ ਇਹ ਵੀ ਸੀ ਕਿ ਉਨ੍ਹਾਂ ਨੂੰ ਅਜਿਹੇ ਪੜ੍ਹੇ-ਲਿਖੇ ਭਾਰਤੀਆਂ ਦੀ ਲੋੜ ਸੀ, ਜੋ ਬ੍ਰਿਟਿਸ਼ ਪ੍ਰਸ਼ਾਸਨ ਨੂੰ ਸਮਝ ਸਕਣ ਅਤੇ ਉਸ ਵਿੱਚ ਕੰਮ ਕਰ ਸਕਣ।ਬ੍ਰਿਟਿਸ਼ ਰਾਜ ਦੇ ਫੈਲਾਅ ਨਾਲ ਅੰਗਰੇਜ਼ੀ ਹੌਲੀ-ਹੌਲੀ ਪ੍ਰਸ਼ਾਸਨ, ਉੱਚ ਸਿੱਖਿਆ ਅਤੇ ਸਰਕਾਰੀ ਸੰਚਾਰ ਦੀ ਮਹੱਤਵਪੂਰਨ ਭਾਸ਼ਾ ਬਣ ਗਈ। ਯੂਨੀਵਰਸਿਟੀਆਂ, ਸਰਕਾਰੀ ਦਫ਼ਤਰਾਂ ਅਤੇ ਆਧੁਨਿਕ ਸਿੱਖਿਆ ਦੇ ਕਈ ਸੰਸਥਾਨਾਂ ਵਿੱਚ ਅੰਗਰੇਜ਼ੀ ਦੀ ਵਰਤੋਂ ਵਧਣ ਲੱਗੀ। ਇਸ ਤਰ੍ਹਾਂ ਅੰਗਰੇਜ਼ੀ ਦਾ ਸ਼ੁਰੂਆਤੀ ਉਦੇਸ਼ ਮੁੱਖ ਤੌਰ 'ਤੇ ਬ੍ਰਿਟਿਸ਼ ਬਸਤੀਵਾਦੀ ਪ੍ਰਸ਼ਾਸਨ ਦੀਆਂ ਲੋੜਾਂ ਨੂੰ ਪੂਰਾ ਕਰਨਾ ਸੀ, ਪਰ ਭਾਸ਼ਾ ਦੀ ਖ਼ਾਸੀਅਤ ਇਹ ਹੈ ਕਿ ਜਦੋਂ ਲੋਕ ਉਸ ਨੂੰ ਆਪਣਾ ਲੈਂਦੇ ਹਨ ਤਾਂ ਉਹ ਉਸ ਨੂੰ ਆਪਣੇ ਸਮਾਜਿਕ ਅਤੇ ਸੱਭਿਆਚਾਰਕ ਸੰਦਰਭ ਅਨੁਸਾਰ ਬਦਲ ਦਿੰਦੇ ਹਨ।ਭਾਰਤ ਵਿੱਚ ਵੀ ਅਜਿਹਾ ਹੀ ਹੋਇਆ ।


ਭਾਰਤੀਆਂ ਨੇ ਅੰਗਰੇਜ਼ੀ ਨੂੰ ਸਿਰਫ਼ ਬ੍ਰਿਟਿਸ਼ ਸ਼ਾਸਕਾਂ ਦੀ ਭਾਸ਼ਾ ਵਜੋਂ ਸਵੀਕਾਰ ਨਹੀਂ ਕੀਤਾ, ਸਗੋਂ ਇਸ ਨੂੰ ਆਪਣੇ ਰਾਜਨੀਤਿਕ ਅਤੇ ਬੌਧਿਕ ਉਦੇਸ਼ਾਂ ਲਈ ਵੀ ਵਰਤਿਆ। ਭਾਰਤੀ ਚਿੰਤਕਾਂ ਅਤੇ ਰਾਸ਼ਟਰਵਾਦੀਆਂ ਨੇ ਅੰਗਰੇਜ਼ੀ ਰਾਹੀਂ ਬ੍ਰਿਟਿਸ਼ ਨੀਤੀਆਂ ਦੀ ਆਲੋਚਨਾ ਕੀਤੀ, ਭਾਰਤੀ ਸਮਾਜ ਦੇ ਮੁੱਦਿਆਂ ਨੂੰ ਦੁਨੀਆ ਦੇ ਸਾਹਮਣੇ ਰੱਖਿਆ ਅਤੇ ਆਜ਼ਾਦੀ, ਰਾਜਨੀਤਕ ਅਧਿਕਾਰਾਂ ਅਤੇ ਸਮਾਜਿਕ ਸੁਧਾਰਾਂ ਬਾਰੇ ਵਿਚਾਰ ਫੈਲਾਏ।ਇਸ ਪ੍ਰਕਿਰਿਆ ਦਾ ਸਭ ਤੋਂ ਦਿਲਚਸਪ ਪੱਖ ਇਹ ਹੈ ਕਿ ਅੰਗਰੇਜ਼ੀ ਭਾਰਤ ਵਿੱਚ ਵਿਦੇਸ਼ੀ ਭਾਸ਼ਾ ਹੋਣ ਦੇ ਬਾਵਜੂਦ ਹੌਲੀ-ਹੌਲੀ ਭਾਰਤੀ ਸਮਾਜ ਦਾ ਸਥਾਈ ਹਿੱਸਾ ਬਣ ਗਈ। ਲਗਭਗ ਇੱਕ ਸਦੀ ਦੇ ਅੰਦਰ ਅੰਗਰੇਜ਼ੀ ਪ੍ਰਸ਼ਾਸਨ, ਸਿੱਖਿਆ, ਬੌਧਿਕ ਜੀਵਨ ਅਤੇ ਅਖਬਾਰ ਸੰਚਾਰ ਦੀ ਮਹੱਤਵਪੂਰਨ ਭਾਸ਼ਾ ਬਣ ਚੁੱਕੀ ਸੀ। ਆਜ਼ਾਦੀ ਤੋਂ ਬਾਅਦ ਵੀ ਇਸ ਦੀ ਮਹੱਤਤਾ ਖ਼ਤਮ ਨਹੀਂ ਹੋਈ। ਸੰਵਿਧਾਨਕ ਵਿਵਸਥਾ ਅਧੀਨ ਹਿੰਦੀ ਨੂੰ ਸੰਘ ਦੀ ਸਰਕਾਰੀ ਭਾਸ਼ਾ ਬਣਾਇਆ ਗਿਆ, ਪਰ ਅੰਗਰੇਜ਼ੀ ਨੂੰ ਵੀ ਸਰਕਾਰੀ ਕੰਮਕਾਜ ਲਈ ਜਾਰੀ ਰੱਖਿਆ ਗਿਆ। ਇਸ ਤਰ੍ਹਾਂ ਆਜ਼ਾਦ ਭਾਰਤ ਵਿੱਚ ਅੰਗਰੇਜ਼ੀ ਨੇ ਬਸਤੀਵਾਦੀ ਭਾਸ਼ਾ ਤੋਂ ਇੱਕ ਵਿਹਾਰਕ ਸੰਪਰਕ ਭਾਸ਼ਾ ਦਾ ਰੂਪ ਧਾਰ ਲਿਆ ।

ਅੱਜ ਅੰਗਰੇਜ਼ੀ ਦੀ ਭੂਮਿਕਾ ਹੋਰ ਵੀ ਵੱਡੀ ਹੋ ਚੁੱਕੀ ਹੈ। ਉੱਚ ਸਿੱਖਿਆ, ਵਿਗਿਆਨ, ਤਕਨਾਲੋਜੀ, ਡਾਕਟਰੀ, ਇੰਜੀਨੀਅਰਿੰਗ, ਕਾਨੂੰਨ, ਵਪਾਰ ਅਤੇ ਅੰਤਰਰਾਸ਼ਟਰੀ ਸੰਚਾਰ ਵਿੱਚ ਅੰਗਰੇਜ਼ੀ ਦੀ ਬਹੁਤ ਮਜ਼ਬੂਤ ਸਥਿਤੀ ਹੈ। ਭਾਰਤ ਦੇ ਲੱਖਾਂ ਵਿਦਿਆਰਥੀ ਅੰਗਰੇਜ਼ੀ ਨੂੰ ਸਿਰਫ਼ ਇੱਕ ਵਿਸ਼ੇ ਵਜੋਂ ਨਹੀਂ, ਸਗੋਂ ਬਿਹਤਰ ਸਿੱਖਿਆ, ਰੁਜ਼ਗਾਰ ਅਤੇ ਵਿਸ਼ਵ ਪੱਧਰੀ ਮੌਕਿਆਂ ਤੱਕ ਪਹੁੰਚ ਦੇ ਸਾਧਨ ਵਜੋਂ ਦੇਖਦੇ ਹਨ। ਇਸ ਲਈ ਅੰਗਰੇਜ਼ੀ ਭਾਰਤ ਵਿੱਚ ਇੱਕ ਖਾਹਿਸ਼ਮੰਦ ਭਾਸ਼ਾ ਵੀ ਬਣ ਚੁੱਕੀ ਹੈ।ਭਾਰਤ ਦੀ ਭਾਸ਼ਾਈ ਵਿਭਿੰਨਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਤਿੰਨ-ਭਾਸ਼ਾ ਫਾਰਮੂਲਾ ਇੱਕ ਮਹੱਤਵਪੂਰਨ ਨੀਤੀ ਰਹੀ ਹੈ । ਇਸ ਦਾ ਉਦੇਸ਼ ਵਿਦਿਆਰਥੀਆਂ ਨੂੰ ਇੱਕ ਤੋਂ ਵੱਧ ਭਾਸ਼ਾਵਾਂ ਨਾਲ ਜੋੜਨਾ ਸੀ, ਤਾਂ ਜੋ ਖੇਤਰੀ ਭਾਸ਼ਾਵਾਂ, ਹਿੰਦੀ ਅਤੇ ਅੰਗਰੇਜ਼ੀ ਵਿਚਕਾਰ ਸੰਤੁਲਨ ਬਣਾਇਆ ਜਾ ਸਕੇ। ਅੰਗਰੇਜ਼ੀ ਨੂੰ ਇਸ ਪ੍ਰਣਾਲੀ ਵਿੱਚ ਮਹੱਤਵਪੂਰਨ ਸਥਾਨ ਮਿਲਣ ਨਾਲ ਇਹ ਭਾਰਤ ਦੇ ਵੱਖ-ਵੱਖ ਭਾਸ਼ਾਈ ਸਮੂਹਾਂ ਨੂੰ ਜੋੜਨ ਵਾਲੀ ਸੰਪਰਕ ਭਾਸ਼ਾ ਬਣ ਗਈ ਹੈ, ਪਰ ਇਸ ਦੇ ਨਾਲ ਇੱਕ ਮਹੱਤਵਪੂਰਨ ਚਿੰਤਾ ਵੀ ਪੈਦਾ ਹੁੰਦੀ ਹੈ। ਜੇਕਰ ਸਿੱਖਿਆ, ਰੁਜ਼ਗਾਰ ਅਤੇ ਸਮਾਜਿਕ ਤਰੱਕੀ ਦੇ ਹਰ ਵੱਡੇ ਖੇਤਰ ਵਿੱਚ ਅੰਗਰੇਜ਼ੀ ਨੂੰ ਲਗਾਤਾਰ ਵੱਧ ਮਹੱਤਤਾ ਮਿਲਦੀ ਰਹੀ ਤਾਂ ਖੇਤਰੀ ਭਾਰਤੀ ਭਾਸ਼ਾਵਾਂ ਨੂੰ ਤੁਲਨਾਤਮਕ ਤੌਰ 'ਤੇ ਘੱਟ ਥਾਂ ਮਿਲ ਸਕਦੀ ਹੈ। ਇਹ ਕਹਿਣਾ ਵੀ ਕੋਈ ਹੈਰਾਨੀਜਨਕ ਗੱਲ ਨਹੀਂ ਕਿ ਆਉਣ ਵਾਲੇ ਸਮੇਂ ਵਿਚ ਅੰਗਰੇਜ਼ੀ ਭਾਰਤ ਦੀ ਖੇਤਰੀ ਭਾਸ਼ਾ ਬਣ ਸਕਦੀ ਹੈ । ਚਿੰਤਾ ਸਿਰਫ਼ ਭਾਰਤੀ ਭਾਸ਼ਾਵਾਂ ਤੱਕ ਸੀਮਿਤ ਨਹੀਂ, ਅੰਗਰੇਜ਼ੀ ਨੂੰ ਵਿਦੇਸ਼ੀ ਭਾਸ਼ਾਵਾਂ ਵਿੱਚ ਕੇਂਦਰੀ ਸਥਾਨ ਮਿਲਣ ਕਾਰਨ ਫ਼ਰੈਂਚ, ਜਰਮਨ, ਸਪੈਨਿਸ਼, ਜਾਪਾਨੀ ਵਰਗੀਆਂ ਹੋਰ ਵਿਦੇਸ਼ੀ ਭਾਸ਼ਾਵਾਂ ਨੂੰ ਤੁਲਨਾਤਮਕ ਤੌਰ 'ਤੇ ਘੱਟ ਥਾਂ ਮਿਲ ਸਕਦੀ ਹੈ । ਇਸ ਦਾ ਮਤਲਬ ਇਹ ਨਹੀਂ ਕਿ ਲੋਕ ਇਹ ਭਾਸ਼ਾਵਾਂ ਸਿੱਖਣੀਆਂ ਬੰਦ ਕਰ ਦੇਣਗੇ, ਪਰ ਅੰਗਰੇਜ਼ੀ ਦੀ ਮਜ਼ਬੂਤ ਪਕੜ ਵਿਦਿਆਰਥੀਆਂ ਦੀਆਂ ਭਾਸ਼ਾਈ ਚੋਣਾਂ ਨੂੰ ਸੀਮਤ ਕਰ ਸਕਦੀ ਹੈ। ਇਸ ਲਈ ਭਾਸ਼ਾ ਨੀਤੀ ਦਾ ਉਦੇਸ਼ ਸਿਰਫ਼ ਅੰਗਰੇਜ਼ੀ ਨੂੰ ਉਤਸ਼ਾਹਤ ਕਰਨਾ ਨਹੀਂ, ਸਗੋਂ ਵਿਦਿਆਰਥੀਆਂ ਨੂੰ ਵਿਆਪਕ ਭਾਸ਼ਾਈ ਚੋਣ ਦੇਣਾ ਵੀ ਹੋਣਾ ਚਾਹੀਦਾ ਹੈ ।ਇਸ ਦੇ ਨਾਲ ਇਹ ਵੀ ਸੱਚ ਹੈ ਕਿ ਅੰਗਰੇਜ਼ੀ ਨੂੰ ਹੁਣ ਭਾਰਤ ਵਿੱਚ ਸਿਰਫ਼ ਬ੍ਰਿਟਿਸ਼ ਭਾਸ਼ਾ ਕਹਿਣਾ ਮੁਸ਼ਕਲ ਹੈ।

ਭਾਰਤੀ ਲੇਖਕਾਂ ਨੇ ਅੰਗਰੇਜ਼ੀ ਨੂੰ ਭਾਰਤੀ ਸੱਭਿਆਚਾਰ, ਸਮਾਜ, ਮਿਥਿਹਾਸ, ਦਰਸ਼ਨ ਅਤੇ ਰੋਜ਼ਾਨਾ ਜੀਵਨ ਦੇ ਤਜਰਬਿਆਂ ਨੂੰ ਪ੍ਰਗਟ ਕਰਨ ਲਈ ਵਰਤਿਆ ਹੈ । ਭਾਰਤੀ ਅੰਗਰੇਜ਼ੀ ਨੇ ਆਪਣੀ ਸ਼ਬਦਾਵਲੀ, ਉਚਾਰਨ, ਪ੍ਰਗਟਾਵੇ ਅਤੇ ਸੱਭਿਆਚਾਰਕ ਸੰਦਰਭ ਵਿਕਸਤ ਕੀਤੇ ਹਨ । ਇਸ ਪ੍ਰਕਿਰਿਆ ਵਿੱਚ ਅੰਗਰੇਜ਼ੀ ਨੇ ਇੱਕ ਨਵਾਂ ਭਾਰਤੀ ਰੂਪ ਧਾਰਨ ਕਰ ਲਿਆ ਹੈ । ਇਸ ਅਰਥ ਵਿੱਚ ਅੰਗਰੇਜ਼ੀ ਨੇ ਭਾਰਤ ਵਿੱਚ ਆਪਣੀ ਥਾਂ ਸਿਰਫ਼ ਬਸਤੀਵਾਦੀ ਇਤਿਹਾਸ ਕਰਕੇ ਨਹੀਂ, ਸਗੋਂ ਭਾਰਤੀਆਂ ਵੱਲੋਂ ਦਹਾਕਿਆਂ ਤੋਂ ਕੀਤੀ ਜਾ ਰਹੀ ਵਰਤੋਂ ਕਰਕੇ ਬਣਾਈ ਹੈ ।ਇਸ ਲਈ ਭਾਰਤ ਦੇ ਭਵਿੱਖ ਵਿੱਚ ਬਹਿਸ ਅੰਗਰੇਜ਼ੀ ਬਨਾਮ ਭਾਰਤੀ ਭਾਸ਼ਾਵਾਂ ਦੀ ਨਹੀਂ ਹੋਣੀ ਚਾਹੀਦੀ। ਅੰਗਰੇਜ਼ੀ ਭਾਰਤ ਨੂੰ ਵਿਸ਼ਵ ਨਾਲ ਜੋੜਨ ਵਾਲੀ ਇੱਕ ਤਾਕਤਵਰ ਭਾਸ਼ਾ ਹੈ ਅਤੇ ਇਸ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰਨਾ ਵਿਹਾਰਕ ਨਹੀਂ ਹੋਵੇਗਾ । ਭਾਰਤ ਦੀ ਅਸਲ ਤਾਕਤ ਉਸ ਦੀ ਬਹੁ-ਭਾਸ਼ਾਈ ਪਹਿਚਾਣ ਹੈ। ਪੰਜਾਬੀ, ਹਿੰਦੀ, ਤਮਿਲ, ਤੇਲਗੂ, ਬੰਗਾਲੀ, ਮਰਾਠੀ, ਮਲਿਆਲਮ, ਕੰਨੜ, ਗੁਜਰਾਤੀ, ਅਸਮੀ, ਸੰਸਕ੍ਰਿਤ ਅਤੇ ਹੋਰ ਭਾਰਤੀ ਭਾਸ਼ਾਵਾਂ ਨੂੰ ਵੀ ਸਿੱਖਿਆ, ਵਿਗਿਆਨ, ਤਕਨਾਲੋਜੀ, ਪ੍ਰਸ਼ਾਸਨ ਅਤੇ ਸਾਹਿਤ ਵਿੱਚ ਬਰਾਬਰ ਮੌਕੇ ਮਿਲਣੇ ਚਾਹੀਦੇ ਹਨ। ਅੰਗਰੇਜ਼ੀ ਨੂੰ ਭਾਰਤੀ ਭਾਸ਼ਾਵਾਂ ਦੀ ਥਾਂ ਲੈਣ ਵਾਲੀ ਭਾਸ਼ਾ ਨਹੀਂ, ਸਗੋਂ ਭਾਰਤੀ ਭਾਸ਼ਾਵਾਂ ਦੇ ਨਾਲ ਚੱਲਣ ਵਾਲੀ ਸੰਪਰਕ ਭਾਸ਼ਾ ਬਣਾਉਣਾ ਹੀ ਭਾਰਤ ਦੀ ਭਾਸ਼ਾਈ ਵਿਭਿੰਨਤਾ ਨੂੰ ਬਚਾਉਣ ਦਾ ਸਭ ਤੋਂ ਵਧੀਆ ਰਸਤਾ ਹੋਵੇਗਾ।

# ਸੰਪਰਕ : 73473-09384

# ਨਕਲੀ ਪਨੀਰ, ਕੈਮੀਕਲ ਯੁਕਤ ਖੋਆ ਤੇ ਐਨਾਲਾਗ ਪਨੀਰ ਦਾ ਵਧਦਾ ਜਾਲ


ਡਾ. ਕ੍ਰਿਸ਼ਨ ਲਾਲ

ਭਾਰਤ ਵਿੱਚ ਤਿਉਹਾਰਾਂ, ਵਿਆਹਾਂ ਅਤੇ ਖਾਸ ਸਮਾਗਮਾਂ ਦੌਰਾਨ ਦੁੱਧ ਅਤੇ ਇਸ ਤੋਂ ਬਣਨ ਵਾਲੀਆਂ ਚੀਜ਼ਾਂ ਦੀ ਮੰਗ ਅਚਾਨਕ ਬਹੁਤ ਵਧ ਜਾਂਦੀ ਹੈ। ਦੇਸ਼ ਵਿੱਚ ਅਸਲ ਦੁੱਧ ਦੀ ਉਤਪਾਦਨ ਸਮਰੱਥਾ ਸੀਮਤ ਹੋਣ ਕਰਕੇ ਬਾਜ਼ਾਰ ਵਿੱਚ ਮੰਗ ਅਤੇ ਪੂਰਤੀ ਵਿਚਕਾਰ ਇੱਕ ਵੱਡਾ ਪਾੜਾ ਪੈਦਾ ਹੋ ਜਾਂਦਾ ਹੈ। ਇਸੇ ਪਾੜੇ ਦਾ ਨਜਾਇਜ਼ ਫਾਇਦਾ ਚੁੱਕਦਿਆਂ ਮਿਲਾਵਟਖੋਰਾਂ ਦਾ ਇੱਕ ਵੱਡਾ ਨੈੱਟਵਰਕ ਸਰਗਰਮ ਹੋ ਜਾਂਦਾ ਹੈ। ਅੱਜਕੱਲ੍ਹ ਬਾਜ਼ਾਰ ਵਿੱਚ ਅਸਲੀ ਦੁੱਧ ਨਾਲ ਬਣੇ ਪਨੀਰ ਦੀ ਥਾਂ ਐਨਾਲਾਗ ਪਨੀਰ, ਕੈਮੀਕਲ ਵਾਲਾ ਰਗੜੂ ਪਨੀਰ ਅਤੇ ਨਕਲੀ ਖੋਆ ਵੱਡੇ ਪੱਧਰ 'ਤੇ ਵੇਚਿਆ ਜਾ ਰਿਹਾ ਹੈ। ਮਹਾਰਾਸ਼ਟਰ ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ ਵੱਲੋਂ ਚਲਾਏ ਗਏ ਵਿਸ਼ੇਸ਼ ਅਭਿਆਨ ਦੌਰਾਨ ਹੈਰਾਨ ਕਰਨ ਵਾਲੇ ਅੰਕੜੇ ਸਾਹਮਣੇ ਆਏ ਹਨ, ਜਿਸ ਵਿੱਚ ਜਾਂਚ ਕੀਤੇ ਗਏ ਪਨੀਰ ਦੇ ਸੈਂਪਲਾਂ ਵਿੱਚੋਂ ਲਗਭਗ 35.4 ਫੀਸਦੀ ਸੈਂਪਲ ਮਿਆਰਾਂ 'ਤੇ ਖਰੇ ਨਹੀਂ ਉੱਤਰੇ ।

ਐਨਾਲਾਗ ਪਨੀਰ ਕੋਈ ਕੁਦਰਤੀ ਡੇਅਰੀ ਉਤਪਾਦ ਨਹੀਂ ਹੈ। ਇਸ ਨੂੰ ਤਿਆਰ ਕਰਨ ਲਈ ਅਸਲੀ ਦੁੱਧ ਵਿੱਚੋਂ ਮਹਿੰਗੀ ਫੈਟ ਨੂੰ ਪੂਰੀ ਤਰ੍ਹਾਂ ਕੱਢ ਲਿਆ ਜਾਂਦਾ ਹੈ ਅਤੇ ਉਸ ਦੀ ਥਾਂ ਸਸਤੇ ਵੈਜੀਟੇਬਲ ਆਇਲ ਜਾਂ ਪਾਮ ਆਇਲ ਦੀ ਵਰਤੋਂ ਕੀਤੀ ਜਾਂਦੀ ਹੈ। ਇਸ ਵਿੱਚ ਸਕਿਮਡ ਮਿਲਕ ਪਾਊਡਰ, ਸਟਾਰਚ ਅਤੇ ਇਮਲਸੀਫਾਇਰ ਮਿਲਾ ਕੇ ਇੱਕ ਅਜਿਹਾ ਮਿਸ਼ਰਣ ਬਣਾਇਆ ਜਾਂਦਾ ਹੈ, ਜੋ ਦੇਖਣ ਅਤੇ ਛੂਹਣ ਵਿੱਚ ਬਿਲਕੁਲ ਅਸਲੀ ਪਨੀਰ ਵਰਗਾ ਲੱਗਦਾ ਹੈ। ਇਸ ਤੋਂ ਵੀ ਵੱਧ ਖਤਰਨਾਕ ਰਗੜੂ ਪਨੀਰ ਹੈ, ਜਿਸ ਵਿੱਚ ਦੁੱਧ ਦੀ ਇੱਕ ਬੂੰਦ ਵੀ ਨਹੀਂ ਹੁੰਦੀ; ਇਹ ਡਿਟਰਜੈਂਟ, ਯੂਰੀਆ, ਸਿੰਥੈਟਿਕ ਦੁੱਧ ਅਤੇ ਕਾਸਟਿਕ ਸੋਡੇ ਨਾਲ ਬਣਾਇਆ ਜਾਂਦਾ ਹੈ। ਇਸੇ ਤਰ੍ਹਾਂ ਨਕਲੀ ਖੋਆ ਤਿਆਰ ਕਰਨ ਲਈ ਮੈਦਾ, ਸਟਾਰਚ, ਆਲੂ, ਖਰਾਬ ਪਾਮ ਆਇਲ ਅਤੇ ਉਦਯੋਗਿਕ ਕੈਮੀਕਲ ਰੰਗਾਂ ਦੀ ਵਰਤੋਂ ਕੀਤੀ ਜਾਂਦੀ ਹੈ, ਜਿਨ੍ਹਾਂ ਨੂੰ ਆਮ ਅੱਖ ਨਾਲ ਪਛਾਣਨਾ ਅਸੰਭਵ ਹੁੰਦਾ ਹੈ।

ਹੋਟਲਾਂ, ਢਾਬਿਆਂ, ਕੇਟਰਿੰਗ ਸਰਵਿਸਾਂ, ਹਲਵਾਈਆਂ ਅਤੇ ਸਟ੍ਰੀਟ ਫੂਡ ਵੈਂਡਰਾਂ ਵਿੱਚ ਇਸ ਐਨਾਲਾਗ ਅਤੇ ਨਕਲੀ ਪਨੀਰ/ਖੋਏ ਦੀ ਖਪਤ ਸਭ ਤੋਂ ਵੱਧ ਹੁੰਦੀ ਹੈ। ਲਾਗਤ ਬਹੁਤ ਘੱਟ ਹੋਣ ਕਾਰਨ ਇਹ ਕਾਰੋਬਾਰੀਆਂ ਦੇ ਮੁਨਾਫ਼ੇ ਨੂੰ ਕਈ ਗੁਣਾ ਵਧਾ ਦਿੰਦਾ ਹੈ। ਆਮ ਗਾਹਕ ਜਦੋਂ ਬਾਹਰੋਂ ਪਨੀਰ ਦੀਆਂ ਸਬਜ਼ੀਆਂ, ਫਾਸਟ ਫੂਡ ਜਾਂ ਖੋਏ ਤੋਂ ਬਣੀਆਂ ਮਿਠਾਈਆਂ ਖਾਂਦੇ ਹਨ, ਤਾਂ ਉਹ ਜਾਣੇ-ਅਣਜਾਣੇ ਵਿੱਚ ਜ਼ਹਿਰ ਦਾ ਸੇਵਨ ਕਰ ਰਹੇ ਹੁੰਦੇ ਹਨ। ਸਸਤੇ ਮਾਲ ਦੀ ਇਸ ਅੰਨ੍ਹੀ ਦੌੜ ਨੇ ਗੁਣਵੱਤਾ ਅਤੇ ਮਾਨਵਤਾ ਦੋਵਾਂ ਨੂੰ ਪਾਸੇ ਕਰ ਦਿੱਤਾ ਹੈ।

ਕੈਮੀਕਲਜ਼, ਸਟਾਰਚ ਅਤੇ ਖਰਾਬ ਤੇਲ ਨਾਲ ਤਿਆਰ ਕੀਤੇ ਗਏ ਇਹ ਉਤਪਾਦ ਸਰੀਰ ਦੇ ਪਾਚਨ ਪ੍ਰਣਾਲੀ 'ਤੇ ਸਿੱਧਾ ਅਤੇ ਘਾਤਕ ਹਮਲਾ ਕਰਦੇ ਹਨ । ਇਹਨਾਂ ਦੇ ਸੇਵਨ ਨਾਲ ਪੇਟ ਦਰਦ, ਗੈਸ, ਗੰਭੀਰ ਐਸਿਡਿਟੀ ਅਤੇ ਫੂਡ ਪੋਇਜ਼ਨਿੰਗ ਵਰਗੀਆਂ ਸਮੱਸਿਆਵਾਂ ਤੁਰੰਤ ਦੇਖਣ ਨੂੰ ਮਿਲਦੀਆਂ ਹਨ। ਲਗਾਤਾਰ ਅਜਿਹਾ ਭੋਜਨ ਖਾਣ ਨਾਲ ਅੰਤੜੀਆਂ ਵਿੱਚ ਸੋਜਿਸ਼ ਆ ਜਾਂਦੀ ਹੈ ਅਤੇ ਪਾਚਨ ਸ਼ਕਤੀ ਸਥਾਈ ਤੌਰ 'ਤੇ ਕਮਜ਼ੋਰ ਹੋ ਜਾਂਦੀ ਹੈ।

ਐਨਾਲਾਗ ਪਨੀਰ ਅਤੇ ਨਕਲੀ ਖੋਏ ਵਿੱਚ ਵਰਤਿਆ ਜਾਣ ਵਾਲਾ ਪਾਮ ਆਇਲ ਅਤੇ ਵੈਜੀਟੇਬਲ ਫੈਟ ਸੈਚੁਰੇਟਿਡ ਅਤੇ ਟ੍ਰਾਂਸ ਫੈਟ ਨਾਲ ਭਰਪੂਰ ਹੁੰਦਾ ਹੈ। ਇਹ ਸਰੀਰ ਵਿੱਚ ਖ਼ਰਾਬ ਕੋਲੈਸਟ੍ਰੋਲ ਦਾ ਪੱਧਰ ਬਹੁਤ ਤੇਜ਼ੀ ਨਾਲ ਵਧਾਉਂਦਾ ਹੈ । ਨਤੀਜੇ ਵਜੋਂ ਖ਼ੂਨ ਦੀਆਂ ਨਾੜੀਆਂ ਵਿੱਚ ਬਲਾਕੇਜ ਹੋਣ ਦਾ ਖ਼ਤਰਾ ਵਧ ਜਾਂਦਾ ਹੈ, ਜੋ ਘੱਟ ਉਮਰ ਵਿੱਚ ਹੀ ਦਿਲ ਦੇ ਦੌਰੇ ਅਤੇ ਹਾਈ ਬਲੱਡ ਪ੍ਰੈਸ਼ਰ ਦਾ ਕਾਰਨ ਬਣਦਾ ਹੈ। ਇਸ ਤੋਂ ਇਲਾਵਾ ਲਿਵਰ ਤੇ ਵਾਧੂ ਫੈਟ ਜਮ੍ਹਾਂ ਹੋਣ ਨਾਲ ਫੈਟੀ ਲਿਵਰ ਦੀ ਗੰਭੀਰ ਸਮੱਸਿਆ ਪੈਦਾ ਹੋ ਜਾਂਦੀ ਹੈ।

ਨਕਲੀ ਪਨੀਰ ਵਿੱਚ ਵਰਤੇ ਜਾਣ ਵਾਲੇ ਯੂਰੀਆ, ਡਿਟਰਜੈਂਟ ਅਤੇ ਕਾਸਟਿਕ ਸੋਡੇ ਵਰਗੇ ਰਸਾਇਣ ਮਨੁੱਖੀ ਸਰੀਰ ਲਈ ਧੀਮੇ ਜ਼ਹਿਰ ਸਮਾਨ ਹਨ। ਗੁਰਦੇ (ਕਿਡਨੀ) ਦਾ ਮੁੱਖ ਕੰਮ ਸਰੀਰ ਵਿੱਚੋਂ ਜ਼ਹਿਰੀਲੇ ਪਦਾਰਥਾਂ ਨੂੰ ਛਾਣ ਕੇ ਬਾਹਰ ਕੱਢਣਾ ਹੁੰਦਾ ਹੈ, ਪਰ ਇਹ ਕੈਮੀਕਲਜ਼ ਕਿਡਨੀ ਦੇ ਸੈੱਲਾਂ ਨੂੰ ਸਿੱਧਾ ਨਸ਼ਟ ਕਰ ਦਿੰਦੇ ਹਨ, ਜਿਸ ਨਾਲ ਕਿਡਨੀ ਫੇਲ੍ਹ ਹੋਣ ਦੀ ਨੌਬਤ ਆ ਜਾਂਦੀ ਹੈ। ਇਸ ਤੋਂ ਇਲਾਵਾ ਉਦਯੋਗਿਕ ਕੈਮੀਕਲਜ਼ ਅਤੇ ਸਿੰਥੈਟਿਕ ਰੰਗ ਸਰੀਰ ਦੇ ਡੀ ਐੱਨ ਏ ਨੂੰ ਨੁਕਸਾਨ ਪਹੁੰਚਾ ਕੇ ਕੈਂਸਰ ਵਰਗੀਆਂ ਜਾਨਲੇਵਾ ਬਿਮਾਰੀਆਂ ਦੇ ਸੈੱਲਾਂ ਨੂੰ ਉਤਸ਼ਾਹਤ ਕਰਦੇ ਹਨ।

ਇਸ ਵਧ ਰਹੇ ਸਿਹਤ ਸੰਕਟ ਨੂੰ ਗੰਭੀਰਤਾ ਨਾਲ ਲੈਂਦਿਆਂ ਦਿੱਲੀ- ਐੱਨ ਸੀ ਆਰ, ਛੱਤੀਸਗੜ੍ਹ, ਮਹਾਰਾਸ਼ਟਰ ਅਤੇ ਗੁਜਰਾਤ ਦੀਆਂ ਸਰਕਾਰਾਂ ਨੇ ਵੱਡੀ ਕਾਰਵਾਈ ਸ਼ੁਰੂ ਕੀਤੀ ਹੈ। ਮਹਾਰਾਸ਼ਟਰ ਦੇ ਫੂਡ ਸੇਫਟੀ ਕਮਿਸ਼ਨਰ ਟੁਕਾਰਾਮ ਮੁੰਡੇ ਨੇ 5 ਅਗਸਤ 2026 ਨੂੰ ਪੂਰੇ ਰਾਜ ਵਿੱਚ ਐਨਾਲਾਗ ਪਨੀਰ ਦੇ ਨਿਰਮਾਣ, ਭੰਡਾਰਨ, ਟ੍ਰਾਂਸਪੋਰਟ ਅਤੇ ਵਿਕਰੀ 'ਤੇ 1 ਸਾਲ ਲਈ ਮੁਕੰਮਲ ਬੈਨ ਲਗਾ ਦਿੱਤਾ ਹੈ। ਨਿਯਮਾਂ ਦੀ ਉਲੰਘਣਾ ਕਰਨ 'ਤੇ 6 ਮਹੀਨੇ ਦੀ ਜੇਲ੍ਹ ਅਤੇ 1 ਲੱਖ ਰੁਪਏ ਜੁਰਮਾਨੇ ਤੋਂ ਲੈ ਕੇ ਗੰਭੀਰ ਮਾਮਲਿਆਂ ਵਿੱਚ ਉਮਰ ਕੈਦ ਅਤੇ 10 ਲੱਖ ਰੁਪਏ ਤੱਕ ਦੇ ਜੁਰਮਾਨੇ ਦਾ ਕਾਨੂੰਨੀ ਪ੍ਰਬੰਧ ਕੀਤਾ ਗਿਆ ਹੈ । ਐੱਫ ਐੱਸ ਐੱਸ ਏ ਆਈ ਅਤੇ ਰਾਜਾਂ ਦੇ ਖੁਰਾਕ ਵਿਭਾਗਾਂ ਨੇ ਵੀ ਨਵੇਂ ਅਤੇ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ।

ਪਾਬੰਦੀ ਲਗਾਉਣ ਤੋਂ ਬਾਅਦ ਇਹਨਾਂ ਰਾਜਾਂ ਵਿੱਚ ਵਿਸ਼ੇਸ਼ ਫੂਡ ਸੇਫਟੀ ਟੀਮਾਂ ਦਾ ਗਠਨ ਕੀਤਾ ਗਿਆ ਹੈ। ਇਹ ਟੀਮਾਂ ਡੇਅਰੀਆਂ, ਪ੍ਰੋਸੈਸਿੰਗ ਪਲਾਂਟਾਂ, ਹੋਟਲਾਂ ਅਤੇ ਗੋਦਾਮਾਂ 'ਤੇ ਅਚਾਨਕ ਛਾਪੇਮਾਰੀ ਕਰ ਰਹੀਆਂ ਹਨ ਅਤੇ ਸੈਂਪਲ ਭਰ ਕੇ ਲੈਬਾਂ ਵਿੱਚ ਜਾਂਚ ਲਈ ਭੇਜ ਰਹੀਆਂ ਹਨ। ਦੋਸ਼ੀ ਪਾਏ ਜਾਣ ਵਾਲੇ ਕਾਰੋਬਾਰੀਆਂ ਦੇ ਲਾਇਸੈਂਸ ਤੁਰੰਤ ਰੱਦ ਕੀਤੇ ਜਾ ਰਹੇ ਹਨ ਅਤੇ ਭਾਰੀ ਜੁਰਮਾਨੇ ਤੇ ਜੇਲ੍ਹ ਦੀ ਸਜ਼ਾ ਰਾਹੀਂ ਮਿਲਾਵਟਖੋਰਾਂ ਵਿੱਚ ਕਾਨੂੰਨ ਦਾ ਡਰ ਪੈਦਾ ਕੀਤਾ ਜਾ ਰਿਹਾ ਹੈ।

ਕਾਨੂੰਨੀ ਪਾਬੰਦੀਆਂ ਅਤੇ ਸਰਕਾਰੀ ਛਾਪੇਮਾਰੀ ਆਪਣੀ ਥਾਂ 'ਤੇ ਮਹੱਤਵਪੂਰਨ ਹਨ, ਪਰ ਇਸ ਜਾਲ ਨੂੰ ਖ਼ਤਮ ਕਰਨ ਲਈ ਗਾਹਕਾਂ ਦਾ ਜਾਗਰੂਕ ਹੋਣਾ ਸਭ ਤੋਂ ਜ਼ਰੂਰੀ ਹੈ। ਲੋਕਾਂ ਨੂੰ ਬਹੁਤ ਸਸਤੇ ਰੇਟ 'ਤੇ ਮਿਲਣ ਵਾਲੇ ਡੇਅਰੀ ਉਤਪਾਦਾਂ ਤੋਂ ਬਚਣਾ ਚਾਹੀਦਾ ਹੈ। ਹਮੇਸ਼ਾ ਭਰੋਸੇਮੰਦ, ਐੱਫ ਐੱਸ ਐੱਸ ਏ ਆਈ-ਰਜਿਸਟਰਡ ਅਤੇ ਮਾਨਤਾ ਪ੍ਰਾਪਤ ਡੇਅਰੀਆਂ ਤੋਂ ਹੀ ਖਰੀਦਦਾਰੀ ਕਰਨੀ ਚਾਹੀਦੀ ਹੈ । ਥੋੜ੍ਹੇ ਜਿਹੇ ਪੈਸੇ ਬਚਾਉਣ ਲਈ ਨਕਲੀ ਸਮਾਨ ਖਰੀਦਣਾ ਪਰਵਾਰ ਦੀ ਸਿਹਤ ਨਾਲ ਸਮਝੌਤਾ ਹੈ। ਜੇਕਰ ਤੁਹਾਨੂੰ ਕਿਤੇ ਵੀ ਨਕਲੀ ਪਨੀਰ ਜਾਂ ਮਿਲਾਵਟੀ ਸਮਾਨ ਬਣਨ ਜਾਂ ਵਿਕਣ ਦਾ ਸ਼ੱਕ ਹੋਵੇ, ਤਾਂ ਉਸ ਦੀ ਸ਼ਿਕਾਇਤ ਤੁਰੰਤ ਫੂਡ ਸੇਫਟੀ ਵਿਭਾਗ ਨੂੰ ਦਰਜ ਕਰਵਾਓ ।

ਅਸਲੀ ਅਤੇ ਨਕਲੀ ਪਨੀਰ ਦੀ ਘਰ ਬੈਠੇ ਪਛਾਣ ਕਰਨ ਦੇ ਤਰੀਕੇ: ਆਇਓਡੀਨ ਟੈਸਟ: ਪਨੀਰ ਦੇ ਟੁਕੜੇ ਨੂੰ ਪਾਣੀ ਵਿੱਚ ਉਬਾਲ ਕੇ ਠੰਢਾ ਕਰੋ । ਇਸ 'ਤੇ ਆਇਓਡੀਨ ਦੇ ਘੋਲ ਦੀਆਂ ਕੁੱਝ ਬੂੰਦਾਂ ਪਾਓ। ਜੇਕਰ ਪਨੀਰ ਦਾ ਰੰਗ ਨੀਲਾ ਹੋ ਜਾਂਦਾ ਹੈ, ਤਾਂ ਇਸ ਵਿੱਚ ਸਟਾਰਚ/ਮੈਦੇ ਦੀ ਮਿਲਾਵਟ ਹੈ।

ਟੈਕਸਚਰ ਅਤੇ ਰਗੜ: ਅਸਲੀ ਪਨੀਰ ਨਰਮ ਹੁੰਦਾ ਹੈ, ਪਰ ਹੱਥ ਨਾਲ ਮਲਣ ਤੇ ਟੁੱਟਦਾ ਨਹੀਂ । ਨਕਲੀ ਜਾਂ ਐਨਾਲਾਗ ਪਨੀਰ ਹੱਥਾਂ ਨਾਲ ਰਗੜਨ ਤੇ ਰਬੜ ਵਾਂਗ ਖਿੰਡ ਜਾਂਦਾ ਹੈ ।

ਅਰਕ/ਸੁਆਦ: ਅਸਲੀ ਪਨੀਰ ਵਿੱਚੋਂ ਹਲਕੀ ਦੁੱਧ ਦੀ ਮਹਿਕ ਆਉਂਦੀ ਹੈ, ਜਦਕਿ ਐਨਾਲਾਗ ਪਨੀਰ ਵਿੱਚੋਂ ਕੈਮੀਕਲ ਜਾਂ ਤੇਲ ਦੀ ਬੂ ਆਉਂਦੀ ਹੈ।

# ਸੰਪਰਕ : 62831-16797

## ਬਾਲ ਸਾਹਿਤਕਾਰ ਮਹਿਲੀਆ ਸਟੇਟ ਐਵਾਰਡ ਨਾਲ ਸਨਮਾਨਤ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**- ਪੰਜਾਬੀ ਬਾਲ ਸਾਹਿਤ ਦੇ ਖੇਤਰ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ ਵਾਲੇ ਬਾਲ ਸਾਹਿਤਕਾਰ ਬਾਜ ਸਿੰਘ ਮਹਿਲੀਆ ਨੂੰ ਆਜ਼ਾਦੀ ਦਿਹਾੜੇ ਮੌਕੇ ਸਟੇਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬਾ ਪੱਧਰੀ ਸਮਾਗਮ ਦੌਰਾਨ ਉਨ੍ਹਾਂ ਨੂੰ ਇਹ ਐਵਾਰਡ ਭੇਟ ਕੀਤਾ। ਬਾਜ ਸਿੰਘ ਮਹਿਲੀਆ ਤਿੰਨ ਦਹਾਕਿਆਂ ਤੋਂ ਵੱਧ ਸਮੇਂ ਤੋਂ ਸਾਹਿਤ ਦੇ ਖੇਤਰ ਵਿੱਚ ਸਰਗਰਮ ਹਨ, ਪੰਜਾਬੀ ਦੇ ਵੱਖ-ਵੱਖ ਅਖਬਾਰਾਂ ਅਤੇ ਰਸਾਲਿਆਂ ਵਿੱਚ ਸਹਿਤ ਦੀਆਂ ਵੱਖ-ਵੱਖ ਵਿਧਧਾਵਾਂ ਵਿੱਚ ਆਪਣਾ ਯੋਗਦਾਨ ਪਾਉਣ ਵਾਲੇ ਬਾਜ ਸਿੰਘ ਮਹਿਲੀਆ ਪਿਛਲੇ ਲੰਬੇ ਸਮੇਂ ਤੋਂ ਬਾਲ ਸਾਹਿਤ ਦੇ ਖੇਤਰ ਵਿੱਚ ਸਰਗਰਮ ਹਨ।ਉਨ੍ਹਾਂ ਦੀਆਂ ਹੁਣ ਤੱਕ ਨੌਂ ਪ੍ਰਕਾਸ਼ਿਤ ਪੁਸਤਕਾਂ ਵਿੱਚੋਂ ਜ਼ਿਆਦਾਤਰ ਬਾਲ ਸਾਹਿਤ ਨਾਲ ਸੰਬੰਧਤ ਹਨ।ਉਨ੍ਹਾਂ ਵੱਲੋਂ ਲਿਖੀ ਇੱਕ ਪੁਸਤਕ ਭਾਸ਼ਾ ਵਿਭਾਗ ਪੰਜਾਬ ਅਤੇ ਇੱਕ ਪੁਸਤਕ ਨੈਸ਼ਨਲ ਬੁੱਕ ਫਰਸਟ ਦਿੱਲੀ ਵੱਲੋਂ ਪ੍ਰਕਾਸ਼ਿਤ ਕੀਤੀ ਜਾ ਚੁੱਕੀ ਹੈ ਤੇ ਉਹ ਇੱਕ ਪੁਸਤਕ ਮਿੰਨੀ ਕਹਾਣੀ ਜਾ ਦੀ ਵੀ ਸਹਿਤ ਜਗਤ ਨੂੰ ਦੇ ਚੁੱਕੇ ਹਨ।ਇਸ ਤੋਂ ਇਲਾਵਾ ਬਾਜ ਸਿੰਘ ਮਹਿਲੀਆਂ ਦੀਆਂ ਮਿੰਨੀ ਕਹਾਣੀਆਂ ਅਤੇ ਬਾਲ ਕਹਾਣੀਆਂ ਦੇਸ਼-ਵਿਦੇਸ਼ ਦੇ ਰੇਡੀਓ, ਟੈਲੀਵਿਜ਼ਨ ਚੈਨਲਾਂ ਤੋਂ ਇਲਾਵਾ ਆਕਾਸ਼ਵਾਣੀ ਰੇਡੀਓ ਜਲੰਧਰ, ਐਫਐਮ ਰੇਡੀਓ ਸਟੇਸ਼ਨ ਪਟਿਆਲਾ, ਹਰਮਨ ਰੇਡੀਓ ਆਸਟ੍ਰੇਲੀਆ ਤੇ ਡੀਡੀ ਪੰਜਾਬੀ ਟੀਵੀ ਚੈਨਲ ਉੱਤੇ ਵੀ ਅਕਸਰ ਬਰਾਡਕਾਸਟ ਹੁੰਦੀਆਂ ਰਹਿੰਦੀਆਂ ਹਨ। ਬਾਜ ਸਿੰਘ ਮਹਿਲੀਆ ਪੰਜਾਬੀ ਸਾਹਿਤ ਸਭਾ ਦੇ ਲੰਮਾ ਸਮਾਂ ਪ੍ਰਧਾਨ ਰਹਿ ਚੁੱਕੇ ਹਨ।ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਦਿੱਤੇ ਗਏ ਬਾਲ ਸਹਿਤ ਐਵਾਰਡ ਲਈ ਪੰਜਾਬੀ ਸਾਹਿਤ ਸਭਾ ਦੇ ਮੈਂਬਰਾਂ ਤੋਂ ਇਲਾਵਾ ਮੀਡੀਆ ਕਲੱਬ ਪਾਤੜਾਂ ਦੇ ਪ੍ਰਧਾਨ ਜਗਦੀਸ਼ ਸਿੰਘ ਕੰਬੋਜ, ਸਰਪ੍ਰਸਤ ਗੁਰਨਾਮ ਸਿੰਘ ਚੌਹਾਨ ਅਤੇ ਜਰਨਲ ਸਕੱਤਰ ਭੁਪਿੰਦਰਜੀਤ ਮੌਲਵੀਵਾਲਾ ਨੇ ਧੰਨਵਾਦ ਕਰਦਿਆਂ ਬਾਜ ਸਿੰਘ ਮਹਿਲੀਆ ਨੂੰ ਮੁਬਾਰਕਬਾਦ ਦਿੱਤੀ ਹੈ।

# ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ 'ਆਪ' ਸਰਕਾਰ ਵਚਨਬੱਧ : ਬਰਸਟ

**ਸਮਾਣਾ (ਗੁਰਪਿਆਰ ਸਿੰਘ ਬੱਲ)** - ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ ਦਫ਼ਤਰ ਵਿਖੇ ਲੋਕ-ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਅਤੇ ਆਮ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਲੋਕਾਂ ਅਤੇ ਪੰਚਾਇਤਾਂ ਵੱਲੋਂ ਆਪਣੇ ਪਿੰਡਾਂ



ਨਾਲ ਸਬੰਧਤ ਵਿਕਾਸ ਕਾਰਜਾਂ, ਸਮੱਸਿਆਵਾਂ, ਮੰਗਾਂ ਅਤੇ ਸੁਝਾਵਾਂ ਬਾਰੇ ਸ. ਬਰਸਟ ਨੂੰ ਜਾਣੂ ਕਰਵਾਇਆ ਗਿਆ। ਸ. ਬਰਸਟ ਨੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਬੜੇ ਧਿਆਨ ਨਾਲ ਸੁਣਿਆ ਅਤੇ ਸਬੰਧਤ ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਦੌਰਾਨ ਹਲਕਾ ਸਮਾਣਾ ਦੇ ਸਰਵਪੱਖੀ ਵਿਕਾਸ ਨੂੰ ਹੋਰ ਤੇਜ਼ ਕਰਨ ਸਬੰਧੀ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਲੋਕ ਮਿਲਣੀ ਦੌਰਾਨ ਲੋਕਾਂ ਨੂੰ ਸੰਬੋਧਨ ਕਰਦਿਆਂ ਬਰਸਟ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦੀ ਨੁਹਾਰ ਬਦਲਣਾ ਅਤੇ ਹਰ ਨਾਗਰਿਕ ਤੱਕ ਸਰਕਾਰੀ ਯੋਜਨਾਵਾਂ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਮੰਡੀ ਬੋਰਡ ਵੱਲੋਂ ਸੂਬੇ ਦੀਆਂ ਪੇਂਡੂ ਲਿੰਕ ਸੜਕਾਂ ਦੇ ਨਵੀਨੀਕਰਨ ਅਤੇ ਮੰਡੀਆਂ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਕੰਮ ਕੀਤੇ ਜਾ ਰਹੇ ਹਨ। ਇਸ ਮੌਕੇ ਅਸ਼ੋਕ ਸਿਰਸਵਾਲ ਚੇਅਰਮੈਨ ਮਾਰਕੀਟ ਕਮੇਟੀ ਪਟਿਆਲਾ, ਗੁਰਮੀਤ ਸਿੰਘ ਬਲਾਕ ਸੰਮਤੀ ਮੈਂਬਰ, ਬਲਵਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਹਰਪਾਲ ਸਿੰਘ ਬਲਾਕ ਸੰਮਤੀ ਮੈਂਬਰ, ਸੋਨੂੰ ਸਰਪੰਚ ਗੁਰੂ ਨਾਨਕ ਨਗਰ, ਜਗਸੀਰ ਸਿੰਘ ਸਰਪੰਚ ਗੁਰੂ ਤੇਗ ਬਹਾਦਰ ਨਗਰ, ਰਾਮ ਸਿੰਘ ਸਰਪੰਚ ਫਤਿਹਪੁਰ, ਗੁਰਵਿੰਦਰ ਸਿੰਘ ਸਰਪੰਚ ਕਾਕੜਾ, ਵਰਿੰਦਰ ਸਿੰਘ ਸਰਪੰਚ ਸੈਦੀਪੁਰ, ਯਾਦਵਿੰਦਰ ਸਿੰਘ ਸਰਪੰਚ ਬਸਤੀ ਗੋਬਿੰਦ ਨਗਰ, ਚਰਨਜੀਤ ਸਿੰਘ ਸਰਪੰਚ ਮਹਿਜਪੁਰ ਕਲਾਂ, ਜਗਤਾਰ ਸਿੰਘ ਸਰਪੰਚ ਬੁਜਰਕ, ਮੱਖਣ ਸਿੰਘ ਸਰਪੰਚ ਸਪਰਹੇੜੀ ਛੰਨਾ, ਗਿੰਨੀ ਖੰਗੂੜਾ ਹਲਕਾ ਵਾਇਸ ਕੁਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਜੱਸੀ ਫਤਿਹਪੁਰ ਬਲਾਕ ਪ੍ਰਧਾਨ ਤੇ ਹੋਰ ਹਾਜ਼ਰ ਸਨ।

# ਵਿੱਤ ਮੰਤਰੀ ਨਾਲ ਮੀਟਿੰਗ 27 ਤੱਕ ਮੁਲਤਵੀ ਕਰਨ ਦੇ ਵਿਰੋਧ 'ਚ ਕੰਪਿਊਟਰ ਅਧਿਆਪਕਾਂ ਵੱਲੋਂ ਰੋਸ ਪ੍ਰਦਰਸ਼ਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਦੇ ਸਰਕਾਰੀ ਸਕੂਲਾਂ ਵਿਚ ਲੰਬੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਕੰਪਿਊਟਰ ਅਧਿਆਪਕਾਂ ਦੀਆਂ ਸੇਵਾ ਮੰਗਾਂ ਸੰਬੰਧੀ ਪੰਜਾਬ ਸਰਕਾਰ ਨਾਲ ਹੋਣ ਵਾਲੀ ਮੀਟਿੰਗ ਮੁੜ ਮੁਲਤਵੀ ਕੀਤੇ ਜਾਣ ਕਾਰਨ ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਵਿਚ ਰੋਸ ਦੀ ਲਹਿਰ ਪਾਈ ਜਾ ਰਹੀ ਹੈ। ਯੂਨੀਅਨ ਆਗੂਆਂ ਨੇ ਐਲਾਨ ਕੀਤਾ ਹੈ ਕਿ ਸਰਕਾਰ ਦੇ ਇਸ ਰਵੱਈਏ ਦੇ ਵਿਰੋਧ ਵਿਚ ਤਹਿਸੀਲ ਪੱਧਰ ਅਤੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਰੋਸ ਪ੍ਰਦਰਸ਼ਨ ਕਰਕੇ ਸਰਕਾਰ ਦੇ ਲਾਰਿਆਂ ਦੀ ਪੰਡ ਫੂਕੀ ਜਾਵੇਗੀ।





ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਆਗੂ ਹਰਜੀਤ ਸਿੰਘ ਸੰਧੂ ਅਤੇ ਫਿਰੋਜ਼ਪੁਰ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਸੰਧੂ ਨੇ ਕਿਹਾ ਕਿ ਕੰਪਿਊਟਰ ਅਧਿਆਪਕਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਸੇਵਾ ਮੰਗਾਂ ਦੇ ਹੱਲ ਲਈ ਵਿੱਤ ਮੰਤਰੀ ਨਾਲ 18 ਅਗਸਤ ਨੂੰ ਮੀਟਿੰਗ ਤੈਅ ਕੀਤੀ ਗਈ ਸੀ, ਜਿਸ ਤੋਂ ਅਧਿਆਪਕਾਂ ਨੂੰ ਉਮੀਦ ਸੀ ਕਿ ਸਰਕਾਰ ਉਨ੍ਹਾਂ ਦੇ ਮਸਲਿਆਂ ਦਾ ਗੰਭੀਰਤਾ ਨਾਲ ਹੱਲ ਕਰਨ ਵੱਲ ਕਦਮ ਚੁੱਕੇਗੀ। ਪਰ ਹੁਣ ਸਰਕਾਰ ਵੱਲੋਂ ਇਹ ਮੀਟਿੰਗ 27 ਅਗਸਤ ਤੱਕ ਮੁਲਤਵੀ ਕਰ ਦਿੱਤੀ ਗਈ ਹੈ। ਯੂਨੀਅਨ ਆਗੂਆਂ ਨੇ ਕਿਹਾ ਕਿ ਵਾਰ-ਵਾਰ ਮੀਟਿੰਗਾਂ ਦੇ ਭਰੋਸੇ ਅਤੇ ਤਾਰੀਖਾਂ ਦੇਣ ਤੋਂ ਬਾਅਦ ਮੀਟਿੰਗਾਂ ਮੁਲਤਵੀ ਹੋਣਾ ਅਧਿਆਪਕਾਂ ਦੇ ਸਬਰ ਦਾ ਇਮਤਿਹਾਨ ਲੈਣ ਦੇ ਬਰਾਬਰ ਹੈ। ਉਨ੍ਹਾਂ ਕਿਹਾ ਕਿ ਹੁਣ ਕੰਪਿਊਟਰ ਅਧਿਆਪਕ ਸਰਕਾਰ ਦੇ ਲਾਰਿਆਂ 'ਤੇ ਭਰੋਸਾ ਕਰਨ ਦੀ ਬਜਾਏ ਸਰਕਾਰ ਤੋਂ ਠੋਸ ਫੈਸਲੇ ਅਤੇ ਲਿਖਤੀ ਰੂਪ ਵਿਚ ਹੱਕਾਂ ਦੀ ਪ੍ਰਾਪਤੀ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ 15 ਅਗਸਤ ਨੂੰ ਫਿਰੋਜ਼ਪੁਰ ਵਿਖੇ ਸ਼ਾਂਤਮਈ ਰੋਸ ਪ੍ਰਦਰਸ਼ਨ ਦੌਰਾਨ 700 ਤੋਂ ਵੱਧ ਕੰਪਿਊਟਰ ਅਧਿਆਪਕਾਂ ਨੂੰ ਵੱਖ-ਵੱਖ ਥਾਵਾਂ 'ਤੇ ਹਿਰਾਸਤ ਵਿਚ ਲਿਆ ਗਿਆ, ਪਰ ਇਸ ਦੇ ਬਾਵਜੂਦ ਸਰਕਾਰ ਨੇ ਅਧਿਆਪਕਾਂ ਦੀਆਂ ਮੰਗਾਂ ਦਾ ਹੱਲ ਕਰਨ ਦੀ ਬਜਾਏ ਮੀਟਿੰਗ ਨੂੰ ਮੁੜ ਅੱਗੇ ਪਾ ਦਿੱਤਾ ਹੈ। ਦਵਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਸਰਕਾਰ ਦੇ ਇਸ ਰਵੱਈਏ ਦੇ ਵਿਰੋਧ ਵਿਚ ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਤਹਿਸੀਲ ਪੱਧਰ ਅਤੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਯੂਨੀਅਨ ਦੇ ਸੂਬਾ ਆਗੂ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਜੇਕਰ ਸਰਕਾਰ ਨੇ ਹੁਣ ਵੀ ਅਧਿਆਪਕਾਂ ਨੂੰ ਵਾਰ-ਵਾਰ ਸੜਕਾਂ 'ਤੇ ਉਤਰਨਾ ਪਵੇ ਤਾਂ ਇਹ ਸਰਕਾਰ ਅਤੇ ਪ੍ਰਸ਼ਾਸਨ ਲਈ ਗੰਭੀਰ ਸਵਾਲ ਹੈ। ਯੂਨੀਅਨ ਨੇ ਸਰਕਾਰ ਨੂੰ ਅਪੀਲ ਕੀਤੀ ਕਿ 27 ਅਗਸਤ ਦੀ ਮੀਟਿੰਗ ਨੂੰ ਮੁੜ ਮੁਲਤਵੀ ਕਰਨ ਦੀ ਬਜਾਏ ਇਸ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਕੰਪਿਊਟਰ ਅਧਿਆਪਕਾਂ ਦੀਆਂ ਸਾਰੀਆਂ ਜਾਇਜ਼ ਮੰਗਾਂ 'ਤੇ ਠੋਸ ਫੈਸਲਾ ਕੀਤਾ ਜਾਵੇ। ਯੂਨੀਅਨ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਵੱਲੋਂ ਮਸਲੇ ਦਾ ਸਥਾਈ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਸੂਬਾ ਪੱਧਰ 'ਤੇ ਹੋਰ ਤਿੱਖਾ ਕੀਤਾ ਜਾਵੇਗਾ।

# ਭਾਜਪਾ ਯੁਵਾ ਮੋਰਚਾ ਦੇ ਆਗੂਆਂ ਨੇ ਫੂਕੇ ਕਾਂਗਰਸੀ ਆਗੂਆਂ ਦੇ ਪੁਤਲੇ



**ਮੋਗਾ (ਇਕਬਾਲ ਸਿੰਘ ਖਹਿਰਾ)** - ਕਾਂਗਰਸ ਦੇ ਮੁੱਖ ਦਫਤਰ ਵਿਖੇ ਆਜ਼ਾਦੀ ਦਿਵਸ ਮੌਕੇ ਕਰਵਾਏ ਗਏ ਸਮਾਰੋਹ ਦੌਰਾਨ ਸੋਨੀਆ ਗਾਂਧੀ, ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਰਾਹੁਲ ਗਾਂਧੀ ਵਲੋਂ ਵੰਦੇ ਮਾਤਰਮ ਗਾਇਨ ਦਾ ਅਪਮਾਨ ਕਰਨ ਦੇ ਵਿਰੋਧ ਵਿੱਚ ਭਾਜਪਾ ਯੁਵਾ ਮੋਰਚਾ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਗੁਰਬੀਰ ਸਿੰਘ ਰਟੌਲ ਦੀ ਅਗਵਾਈ ਹੇਠ ਮੋਗਾ ਦੇ ਭਾਰਤ ਮਾਤਾ ਮੰਦਰ ਵਿਖੇ ਇਕੱਠੇ ਹੋ ਕੇ ਰੋਸ ਮਾਰਚ ਕਰਦਿਆਂ ਚੌਂਕ ਵਿੱਚ ਇਨ੍ਹਾਂ ਕਾਂਗਰਸੀ ਆਗੂਆਂ ਦੇ ਪੁਤਲੇ ਫੂਕ ਕੇ ਰੋਹ ਭਰਪੂਰ ਨਾਰੇਬਾਜ਼ੀ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਭਾਜਪਾ ਯੁਵਾ ਮੋਰਚਾ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਗੁਰਬੀਰ ਸਿੰਘ ਰਟੌਲ ਨੇ ਕਿਹਾ ਕਿ ਕੋਈ ਵੀ ਦੇਸ਼ ਭਗਤ ਜਾਂ ਭਾਰਤੀ ਜੋ ਭਾਰਤ ਦੇ ਸੰਵਿਧਾਨ ਵਿੱਚ ਵਿਸ਼ਵਾਸ ਰੱਖਦਾ ਹੈ, ਜਾਂ ਭਾਰਤੀ ਤਿਰੰਗੇ ਦੀ ਕਦਰ ਕਰਦਾ ਹੈ, ਜਾਂ ਭਾਰਤ ਦੇ ਆਜ਼ਾਦੀ ਘੁਲਾਟੀਆਂ ਦੀ ਕਦਰ ਕਰਦਾ ਹੈ, ਉਹ ਭਾਰਤ ਦੀ ਪ੍ਰਭੂਸੱਤਾ ਅਤੇ ਅਖੰਡਤਾ ਵਿੱਚ ਵਿਸ਼ਵਾਸ ਰੱਖਦਾ ਹੈ, ਉਹ ਕਦੇ ਵੀ ਵੰਦੇ ਮਾਤਰਮ ਦਾ ਅਪਮਾਨ ਨਹੀਂ ਕਰਦਾ ਪਰ ਕਾਂਗਰਸ ਮੁੱਖ ਦਫਤਰ ਵਿਖੇ ਮਨਾਏ ਗਏ ਆਜ਼ਾਦੀ ਦਿਵਸ ਮੌਕੇ ਜਦੋਂ ਵੰਦੇ ਮਾਤਰਮ ਗਾਇਨ ਹੋ ਰਿਹਾ ਸੀ ਤਾਂ ਉਸ ਜਗ੍ਹਾ ਮੌਜੂਦ ਸੋਨੀਆ ਗਾਂਧੀ, ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਰਾਹੁਲ ਗਾਂਧੀ ਸਾਵਧਾਨ ਖੜਨ ਦੀ ਬਜਾਏ ਆਪਸ ਵਿੱਚ ਗੱਲਾਂ ਰੁਝੇ ਹੋਏ ਸਨ। ਇਸ ਮੌਕੇ ਕਸ਼ਿਸ਼ ਧਮੀਜਾ, ਸਤਨਾਮ ਸਿੰਘ ਗਿੱਲ, ਹਰਮਨਦੀਪ ਸਿੰਘ ਮੀਤਾ, ਇਸ਼ਾਰਾ ਸਿੰਘ, ਪ੍ਰਦੀਪ ਸਿੰਘ, ਜਗਜੀਤ ਸਿੰਘ, ਰੁਦਰ ਸ਼ਰਮਾ, ਕੁੱਲ ਭੂਸ਼ਣ, ਵਿਸ਼ਾਲ ਨਰੂਲਾ, ਜਸ਼ਨ ਬੁੱਟਰ, ਮਨਵੀਰ ਸਿੰਘ, ਮਨਜੋਤ ਸਿੰਘ, ਦਮਨਵੀਰ ਸਿੰਘ, ਨਰਿੰਦਰ ਸਿੰਘ, ਸਰਕਲ ਪ੍ਰਧਾਨ ਅਮਿਤ ਗੁਪਤਾ, ਓਮਾਕਾਂਤ, ਸੋਨੀ ਮੰਗਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਾਜਪਾਈ ਯੁਵਾ ਮੋਰਚਾ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

## ਭਾਜਪਾ-ਆਰ.ਐੱਸ.ਐੱਸ. ਦੀਆਂ ਨੀਤੀਆਂ ਖ਼ਿਲਾਫ਼ ਮੋਗਾ 'ਚ ਰੈਲੀ 26 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)** - ਦੇਸ਼ ਅੰਦਰ ਭਾਜਪਾ- ਆਰ.ਐਸ.ਐਸ. ਦੇ ਵੱਲੋਂ , ਲੋਕ ਵਿਰੋਧੀ, ਘੱਟ ਗਿਣਤੀਆਂ ਵਿਰੋਧੀ, ਪੰਜਾਬ ਵਿਰੋਧੀ ਅੰਨ੍ਹੇ ਕੇਂਦਰੀਕਰਨ, ਕਾਰਪੋਰੇਟ ਪੱਖੀ , ਮਨੂੰਵਾਦੀ ਅਤੇ ਸਮਾਜ ਨੂੰ ਵੰਡਣ ਵਾਲੀਆਂ ਵੰਡਪਾਊ ਨੀਤੀਆਂ ਲਾਗੂ ਕਰਨ ਲਈ ਇੱਕ ਖਤਰਨਾਕ ਫਾਸੀਵਾਦੀ ਹਮਲਾ ਵਿੱਢਿਆ ਹੋਇਆ ਹੈ, ਜਿਸ ਦਾ ਮੂੰਹ-ਤੋੜ ਜਵਾਬ ਦੇਣ ਅਤੇ ਲੋਕਾਂ ਦੇ ਹੱਕਾਂ



ਦੀ ਰਾਖੀ ਲਈ ਸੀ.ਪੀ.ਆਈ. (ਐਮ.ਐਲ.) ਨਿਊ ਡੈਮੋਕ੍ਰੇਸੀ ਵੱਲੋਂ ਆਉਂਦੀ 26 ਸਤੰਬਰ ਨੂੰ ਮੋਗਾ ਦੀ ਦਾਣਾ ਮੰਡੀ ਵਿਖੇ ਇੱਕ ਵਿਸ਼ਾਲ ਅਤੇ ਇਤਿਹਾਸਕ ਇਕੱਠ ਕੀਤਾ ਜਾ ਰਿਹਾ ਹੈ, ਜਿਸ ਨੂੰ ਫਾਸ਼ੀਵਾਦੀ ਹਮਲਿਆਂ ਵਿਰੋਧੀ ਰੈਲੀ ਦਾ ਨਾਮ ਦਿੱਤਾ ਗਿਆ ਹੈ। ਪਾਰਟੀ ਦੇ ਪ੍ਰਮੁੱਖ ਆਗੂਆਂ ਕੁਲਵਿੰਦਰ ਸਿੰਘ ਵੜੈਚ, ਗੁਰਮੁਖ ਸਿੰਘ, ਤਰਸੇਮ ਪੀਟਰ ਅਤੇ ਜਿਲਾ ਪ੍ਰਧਾਨ ਮੰਗਾ ਵੈਰੋਕੇ ਨੇ ਸਾਂਝੇ ਤੌਰ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਕੂਮਤ ਦੀਆਂ ਦੇਸ਼ ਵਿਰੋਧੀ ਚਾਲਾਂ ਨੂੰ ਬੇਨਕਾਬ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਮੌਜੂਦਾ ਕੇਂਦਰ ਸਰਕਾਰ ਦੇਸ਼ ਦੇ ਸੰਘੀ ਢਾਂਚੇ ਨੂੰ ਕੁਚਲ ਕੇ ਸ਼ਕਤੀਆਂ ਦਾ ਕੇਂਦਰੀਕਰਨ ਕਰ ਰਹੀ ਹੈ ਅਤੇ ਮਨੂਵਾਦੀ ਸੋਚ ਤਹਿਤ ਦਲਿਤਾਂ, ਮੁਸਲਮਾਨਾ, ਅੰਬੇਦਕਰ ਵਾਦੀਆਂ ਤੇ ਕਮਿਊਨਿਸਟ ਵਿਚਾਰਧਾਰਾ 'ਤੇ ਹਮਲੇ ਕਰ ਰਹੀ ਹੈ।

## ਬਰਨਾਲਾ ਰੈਲੀ ਦੀ ਤਿਆਰੀ ਸੰਬੰਧੀ ਆਗੂਆਂ ਵੱਲੋਂ ਝੰਡਾ ਮਾਰਚ

**ਮਹਿਲ ਕਲਾਂ ਪ੍ਰਦੀਪ ਸਿੰਘ ਲੋਹਗੜ੍ਹ**)-ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਦੀ ਸੂਬਾ ਕਮੇਟੀ ਦੇ ਸੱਦੇ ਉਪਰ ਜ਼ਿਲਾ ਬਰਨਾਲਾ ਦੇ ਸਕੱਤਰ ਖੁਸ਼ੀਆ ਸਿੰਘ , ਸਹਾਇਕ ਸਕੱਤਰ ਜਗਰਾਜ ਸਿੰਘ ਰਾਮਾ ਦੀ ਅਗਵਾਈ ਹੇਠ ਪਾਰਟੀ ਪ੍ਰੋਗਰਾਮ ਤਹਿਤ ਪਿੰਡ ਭੱਦਲਵੱਢ, ਅਮਲਾ ਸਿੰਘ ਵਾਲਾ,



ਗੁੰਮਟੀ, ਛਾਪਾ, ਲੋਹਗੜ੍ਹ ਵਿਖੇ ਝੰਡਾ ਮਾਰਚ, ਮੀਟਿੰਗਾਂ ਕਰਵਾ ਕੇ ਲਾਮਬੰਦ ਕੀਤਾ ਗਿਆ। ਆਗੂਆਂ ਨੇ ਦੱਸਿਆ ਕਿ ਭਖਦੀਆਂ ਮੰਗਾਂ ਦੀ ਪ੍ਰਾਪਤੀ ਲਈ 21 ਅਗਸਤ ਨੂੰ ਸੀ ਪੀ ਆਈ ਦਫ਼ਤਰ ਬਰਨਾਲਾ ਇਕੱਠੇ ਹੋਣ ਉਪਰੰਤ ਡਿਪਟੀ ਕਮਿਸ਼ਨਰ ਦਫ਼ਤਰ ਬਰਨਾਲਾ ਦੇ ਦਫ਼ਤਰ ਮੂਹਰੇ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ । ਉਨ੍ਹਾਂ ਕਿਰਤੀ ਲੋਕਾਂ ਨੂੰ ਆਪਣੀ ਜਥੇਬੰਦਕ ਸ਼ਕਤੀ ਨੂੰ ਹੋਰ ਮਜ਼ਬੂਤ ਬਣਾਉਣ ਦੀ ਅਪੀਲ ਕਰਦਿਆ ਦੱਸਿਆ ਕਿ 1 ਸਤੰਬਰ ਨੂੰ ਰਾਮ ਲੀਲਾ ਗਰਾਊਂਡ ਦਿੱਲੀ ਵਿਖੇ ਹੋ ਰਹੀ ਰੈਲੀ ਪ੍ਰਤੀ ਲੋਕਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ। ਇਸ ਮੌਕੇ ਪਰਮਜੀਤ ਕੌਰ ਅਮਲਾ ਸਿੰਘ ਵਾਲਾ, ਪ੍ਰੀਤਮ ਸਿੰਘ, ਧਰਮ ਸਿੰਘ, ਅਲੀ ਮੁਹੰਮਦ, ਭੋਲਾ ਕ੍ਰਿਪਾਲ ਸਿੰਘ ਵਾਲਾ, ਕੌਰ ਸਿੰਘ ਕਲਾਲ ਮਾਜਰਾ, ਪਰਮਜੀਤ ਸਿੰਘ ਦਰਦੀ, ਭੋਲਾ ਸਿੰਘ ਲੋਹਗੜ੍ਹ ਆਦਿ ਆਗੂਆਂ ਨੇ 21 ਅਗਸਤ ਨੂੰ ਕਾਫਲੇ ਬੰਨ੍ਹ ਕੇ ਬਰਨਾਲਾ ਪਹੁੰਚਣ ਦੀ ਅਪੀਲ ਕੀਤੀ

## ਝਾੜ ਸਾਹਿਬ ਕਾਲਜ 'ਚ ਖੇਡਾਂ ਸੰਬੰਧੀ ਓਰੀਐਂਟੇਸ਼ਨ ਪ੍ਰੋਗਰਾਮ

**ਸਮਰਾਲਾ, (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਵਿਖੇ ਵਿਦਿਆਰਥਣਾਂ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਸਰੀਰਕ ਸਿੱਖਿਆ ਵਿਭਾਗ ਵੱਲੋਂ



ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ।ਇਹ ਪ੍ਰੋਗਰਾਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਵਿਦਿਆ ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਰਹਿਨੁਮਾਈ, ਆਈ.ਕਿਊ.ਏ.ਸੀ. ਦੇ ਸਹਿਯੋਗ ਅਤੇ ਸਰੀਰਕ ਸਿੱਖਿਆ ਵਿਭਾਗ ਦੇ ਪ੍ਰੋ. ਰਣਬੀਰ ਸਿੰਘ ਸੋਮਲ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ।ਪ੍ਰੋਗਰਾਮ ਵਿੱਚ ਰਾਣਾ ਉਮਵੀਰ ਸ੍ਰੀ ਚਮਕੌਰ ਸਾਹਿਬ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਵਿਦਿਆਰਥਣਾਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਖੇਡਾਂ ਵਿਅਕਤੀ ਦੇ ਜੀਵਨ ਨੂੰ ਸੁਚੱਜਾ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਇਸ ਤੋਂ ਇਲਾਵਾ ਭਾਈ ਨੰਦ ਲਾਲ ਪਬਲਿਕ ਸਕੂਲ ਦੇ ਫੁਟਬਾਲ ਕੋਚ ਲੈਕਚਰਾਰ ਮਨਦੀਪ ਕੁਮਾਰ ਨੇ ਵਿਦਿਆਰਥਣਾਂ ਨੂੰ ਖੇਡਾਂ ਨਾਲ ਜੁੜਨ ਲਈ ਉਤਸ਼ਾਹਿਤ ਕੀਤਾ। ਕਬੱਡੀ ਕੋਚ ਰਜਿੰਦਰ ਕੌਰ, ਸ੍ਰੀ ਚਮਕੌਰ ਸਾਹਿਬ ਨੇ ਵੀ ਖੇਡਾਂ ਦੇ ਗੁਣਾਂ ਅਤੇ ਖੇਡਾਂ ਨਾਲ ਜੁੜਨ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕਿਹਾ ਕਿ ਨਵੀਆਂ ਵਿਦਿਆਰਥਣਾਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਬਹੁਤ ਲਾਹੇਵੰਦ ਸਾਬਿਤ ਹੁੰਦੇ ਹਨ।

## ਦ ਆਕਸਫ਼ੋਰਡ ਸਕੂਲ 'ਚ ਧੂਮ-ਧਾਮ ਨਾਲ ਮਨਾਈਆਂ ਤੀਆਂ-ਤੀਜ ਦੀਆਂ

**ਬਠਿੰਡਾ, (ਰਾਜੀਵ ਗੋਇਲ)** ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈਕਾ ਇੱਕ ਅਜਿਹੀ ਵਿੱਦਿਅਕ ਸੰਸਥਾ ਹੈ, ਜੋ ਹਰ ਖਾਸ ਤਿਉਹਾਰਾਂ ਨੂੰ ਬੜੇ ਉਤਸ਼ਾਹ ਨਾਲ ਮਨਾਉਂਦੀ ਹੈ। ਨਰਸਰੀ ਤੋਂ ਬਾਰ੍ਹਵੀਂ ਜਮਾਤ ਤੱਕ ਦੀਆਂ ਵਿਦਿਆਰਥਣਾਂ ਨੇ ਹਿੱਸਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਤੀਆਂ ਦੀ ਮਹੱਤਤਾ ਨੂੰ ਦੱਸ ਕੇ ਹੋਈ। ਇਸ ਤੋਂ ਬਾਅਦ ਵਿਦਿਆਰਥਣਾਂ ਵੱਲੋਂ ਲੰਬੀ ਹੇਕ ਵਾਲੇ ਗੀਤ ਗਾਏ ਗਏ। ਫਿਰ ਵਿਦਿਆਰਥਣਾਂ ਵੱਲੋਂ ਗਰੁੱਪ ਡਾਂਸ ਕੀਤਾ ਗਿਆ। ਇਸ ਮੌਕੇ ਬੈਸਟ ਪ੍ਰੋਫਾਰਮੈਂਸ ਆਫ਼ ਦਾ ਡੇਅ ਦਾ ਤਾਜ ਕੀਰਤ ਕੌਰ ਜਮਾਤ ਪੰਜਵੀਂ ਸਿਰ ਸਜਾਇਆ ਗਿਆ। ਉਸ ਤੋਂ ਉਪਰੰਤ ਸੱਭਿਆਚਾਰ ਨੂੰ ਦਰਸਾਉਂਦੇ ਟੱਪੇ ਗਾ ਕੇ ਸਰੋਤਿਆਂ ਦਾ ਮਨੋਰੰਜਨ ਕੀਤਾ। ਪੰਜਾਬ ਦਾ



ਲੋਕ ਨਾਚ ਗਿੱਧਾ ਵੀ ਪੇਸ਼ ਕੀਤਾ ਗਿਆ, ਜੋ ਹਰ ਇੱਕ ਦੇ ਦਿਲ ਨੂੰ ਟੁੰਬਦਾ ਸੀ। ਸਕੂਲ ਦੇ ਪ੍ਰਿੰਸੀਪਲ ਸ਼੍ਰੀ ਰੂਪ ਲਾਲ ਬਾਂਸਲ ਨੇ ਵਿਦਿਆਰਥਣਾਂ ਨੂੰ ਕਿਹਾ ਕਿ ਪੰਜਾਬ ਦਾ ਸੱਭਿਆਚਾਰ ਬਹੁਤ ਹੀ ਗੌਰਵਮਈ ਹੈ। ਉਨ੍ਹਾਂ ਨੇ ਤੀਜ ਦੇ ਤਿਉਹਾਰ ਦੇ ਪਿਛੋਕੜ ਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਤੀਜ ਸਾਵਣ ਦੇ ਮਹੀਨੇ ਦਾ ਤਿਉਹਾਰ ਹੈ, ਜੋ ਹਰਿਆਲੀ ਤੇ ਖੁਸ਼ਹਾਲੀ ਦਾ ਪ੍ਰਤੀਕ ਹੈ। ਇਸ ਲਈ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਸੂਬੇ ਦੀ ਹਰਿਆਲੀ ਨੂੰ ਸੰਭਾਲਦੇ ਹੋਏ ਖੁਸ਼ਹਾਲੀ ਵਿੱਚ ਵਾਧਾ ਕਰੀਏ ਤੇ ਵੱਧ ਤੋਂ ਵੱਧ ਰੁੱਖ ਲਾਈਏ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਗਤਾ ਭਾਈ ਕਾ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ ਸਕੱਤਰ) ਵੀ ਮੌਜੂਦ ਸਨ। ਉਨ੍ਹਾਂ ਵਿਦਿਆਰਥਣਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਡੀ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਇਸ ਤਰ੍ਹਾਂ ਦੇ ਉਪਰਾਲੇ ਕਰੀਏ ਕਿ ਸਾਡੀ ਆਉਣ ਵਾਲੀ ਪੀੜ੍ਹੀ ਪੰਜਾਬੀ ਸੱਭਿਆਚਾਰ ਤੇ ਪੰਜਾਬ ਦੇ ਅਮੀਰ ਵਿਰਸੇ ਤੋਂ ਜਾਣੂ ਹੋ ਸਕੇ।

## ਨਾਬਾਲਗ ਨੌਜਵਾਨ 'ਤੇ ਹਮਲਾ ਕਰਕੇ ਲੱਤਾਂ ਤੋੜੀਆਂ

**ਬਰੇਟਾ (ਰੀਤਵਾਲ)**-ਇਲਾਕੇ ਵਿੱਚ ਗੁੰਡਾਗਰਦੀ ਦਾ ਦੌਰ ਰੁਕਣ ਦਾ ਨਾਂ ਨਹੀਂ ਲੈ ਰਿਹਾ। ਪਿਛਲੇ ਦਿਨੀਂ ਲੋਕਾਂ ਵੱਲੋਂ ਵਧ ਰਹੀ ਗੁੰਡਾਗਰਦੀ ਖਿਲਾਫ਼ ਸੜਕਾਂ 'ਤੇ ਉੱਤਰ ਕੇ ਬਰੇਟਾ ਪੁਲਸ ਥਾਣੇ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ, ਪਰ ਇਸ ਦੇ ਬਾਵਜੂਦ ਬੁੱਧਵਾਰ ਫਿਰ ਅਣਪਛਾਤੇ ਵਿਅਕਤੀਆਂ ਨੇ ਇੱਕ



ਨਾਬਾਲਗ ਨੌਜਵਾਨ 'ਤੇ ਹਮਲਾ ਕਰਕੇ ਉਸ ਦੀਆਂ ਲੱਤਾਂ ਤੋੜ ਦਿੱਤੀਆਂ। ਮਿਲੀ ਜਾਣਕਾਰੀ ਮੁਤਾਬਕ ਬੀਤੀ ਬੁੱਧਵਾਰ ਦੀ ਸ਼ਾਮ ਚਾਰ ਵਜੇ ਦੇ ਕਰੀਬ ਸੋਨੂੰ ਸ਼ਰਮਾ ਵਾਸੀ ਕੁਲਰੀਆਂ ਨੂੰ ਪਿੰਡ ਮੰਡੇਰ ਵਿਖੇ ਕੁਝ ਗੁੰਡਾ ਅਨਸਰਾਂ ਨੇ ਘੇਰ ਕੇ ਉਸ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ, ਜਿਸ ਕਾਰਨ ਉਸ ਦੀਆਂ ਲੱਤਾਂ ਦੀਆਂ ਹੱਡੀਆਂ ਟੁੱਟ ਗਈਆਂ। ਪੀੜਤ ਨੂੰ ਲੋਕਾਂ ਵੱਲੋਂ ਗੰਭੀਰ ਹਾਲਤ ਵਿੱਚ ਸਿਵਲ ਹਸਪਤਾਲ ਬੁਢਲਾਡਾ ਵਿਖੇ ਦਾਖਲ ਕਰਵਾਇਆ ਗਿਆ ਹੈ। ਇਲਾਕਾ ਵਾਸੀਆਂ ਵਿੱਚ ਵਾਪਰ ਰਹੀਆਂ ਅਜਿਹੀਆਂ ਘਟਨਾਵਾਂ ਨੂੰ ਲੈ ਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ ਅਤੇ ਲੋਕਾਂ ਦਾ ਕਹਿਣਾ ਹੈ ਕਿ ਪਹਿਲਾਂ ਵੀ ਇਸ ਸਬੰਧੀ ਪ੍ਰਸ਼ਾਸਨ ਦਾ ਧਿਆਨ ਦਿਵਾਇਆ ਗਿਆ ਸੀ, ਪਰ ਕੋਈ ਠੋਸ ਕਾਰਵਾਈ ਨਹੀਂ ਹੋਈ।ਇਸ ਘਟਨਾ ਤੋਂ ਬਾਅਦ ਪੁਲਸ ਪ੍ਰਸ਼ਾਸਨ ਇੱਕ ਵਾਰ ਫਿਰ ਸਵਾਲਾਂ ਦੇ ਘੇਰੇ ਵਿੱਚ ਆ ਗਿਆ ਹੈ। ਲੋਕਾਂ ਦਾ ਦੋਸ਼ ਹੈ ਕਿ ਵਾਰ-ਵਾਰ ਸ਼ਿਕਾਇਤਾਂ ਦੇ ਬਾਵਜੂਦ ਪੁਲਸ ਵੱਲੋਂ ਗੁੰਡਾ ਅਨਸਰਾਂ ਖਿਲਾਫ਼ ਕੋਈ ਸਖ਼ਤ ਕਦਮ ਨਹੀਂ ਚੁੱਕਿਆ ਜਾ ਰਿਹਾ, ਜਿਸ ਕਾਰਨ ਅਪਰਾਧੀਆਂ ਦੇ ਹੌਸਲੇ ਬੁਲੰਦ ਹਨ। ਇਲਾਕੇ ਦੇ ਲੋਕਾਂ ਨੇ ਮੰਗ ਕੀਤੀ ਹੈ ਕਿ ਦੋਸ਼ੀਆਂ ਦੀ ਜਲਦ ਪਛਾਣ ਕਰਕੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ, ਨਹੀਂ ਤਾਂ ਇਲਾਕਾ ਵਾਸੀ ਮੁੜ ਸੜਕਾਂ 'ਤੇ ਉੱਤਰਨ ਲਈ ਮਜਬੂਰ ਹੋਣਗੇ। ਜਦ ਡੀ ਐਸ ਪੀ ਬੁਢਲਾਡਾ ਸਿਕੰਦਰ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਮੈਂ ਛੁੱਟੀ 'ਤੇ ਹਾਂ ਤੇ ਅਸੀਂ ਦੋਸ਼ੀਆਂ ਦੀ ਭਾਲ ਲਈ ਪੁਲਸ ਲਗਾ ਦਿੱਤੀ ਹੈ।

# ਮਾਤਾ ਗੁਜਰੀ ਕਾਲਜ ਵਿਖੇ ਹੋਸਟਲ ਇੰਡਕਸ਼ਨ ਪ੍ਰੋਗਰਾਮ ਕਰਵਾਇਆ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਵਿਖੇ ਨਵੇਂ ਅਕਾਦਮਿਕ ਸੈਸ਼ਨ ਦੌਰਾਨ ਹੋਸਟਲ ਵਿੱਚ ਰਹਿ ਰਹੀਆਂ ਵਿਦਿਆਰਥਣਾਂ ਨੂੰ ਹੋਸਟਲ ਦੇ ਨਿਯਮਾਂ, ਸਹੂਲਤਾਂ,



ਜ਼ਿੰਮੇਵਾਰੀਆਂ, ਸੁਰੱਖਿਆ ਪ੍ਰਬੰਧਾਂ ਅਤੇ ਸਮੁੱਚੇ ਹੋਸਟਲ ਵਾਤਾਵਰਣ ਤੋਂ ਜਾਣੂ ਕਰਵਾਉਣ ਦੇ ਉਦੇਸ਼ ਨਾਲ ਹੋਸਟਲ ਇੰਡਕਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਨਵੀਆਂ ਵਿਦਿਆਰਥਣਾਂ ਨੂੰ ਹੋਸਟਲ ਜੀਵਨ ਨਾਲ ਸੁਚੱਜੇ ਢੰਗ ਨਾਲ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਇੱਕ ਸੁਰੱਖਿਅਤ, ਅਨੁਸ਼ਾਸਿਤ, ਸਹਿਯੋਗੀ ਅਤੇ ਸੁਖਾਵਾਂ ਮਾਹੌਲ ਪ੍ਰਦਾਨ ਕਰਨ ਲਈ ਲੋੜੀਂਦੀ ਜਾਣਕਾਰੀ ਦੇਣਾ ਸੀ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹੋਸਟਲ ਜੀਵਨ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਵਿਕਾਸ ਅਤੇ ਆਤਮ-ਨਿਰਭਰਤਾ ਲਈ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।ਜ਼ੂਆਲੋਜੀ ਵਿਭਾਗ ਦੇ ਮੁਖੀ ਡਾ. ਪ੍ਰਦੀਪ ਕੌਰ ਸੰਧੂ ਨੇ ਵਿਦਿਆਰਥਣਾਂ ਨੂੰ ਵੱਖ-ਵੱਖ ਐਂਟੀ-ਰੈਗਿੰਗ ਨੀਤੀਆਂ, ਵਿਦਿਆਰਥੀ ਸੁਰੱਖਿਆ ਪ੍ਰਬੰਧਾਂ ਅਤੇ ਸ਼ਿਕਾਇਤ ਦਰਜ ਕਰਵਾਉਣ ਦੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਦੱਸਿਆ। ਇਸ ਮੌਕੇ ਡਾ. ਸਿੰਮੀ ਗੋਇਲ ਅਤੇ ਡਾ. ਰਜਨੀਸ਼ ਠਾਕੁਰ ਨੇ ਵਿਦਿਆਰਥਣਾਂ ਨੂੰ ਹੋਸਟਲ ਦੇ ਨਿਯਮਾਂ, ਆਚਾਰ ਸੰਹਿਤਾ ਅਤੇ ਰੋਜ਼ਾਨਾ ਜੀਵਨ ਨਾਲ ਸਬੰਧਿਤ ਅਨੁਸ਼ਾਸਨ ਬਾਰੇ ਜਾਣਕਾਰੀ ਦਿੱਤੀ। ਸਮਾਗਮ ਦੇ ਅਖੀਰ ਵਿੱਚ ਪੰਜਾਬੀ ਵਿਭਾਗ ਤੋਂ ਡਾ. ਸੁਖਜੀਤ ਕੌਰ ਵੱਲੋਂ ਧੰਨਵਾਦ ਦਾ ਮਤਾ ਪੇਸ਼ ਕੀਤਾ ਗਿਆ। ਇਸ ਮੌਕੇ ਡਾ. ਗਗਨਦੀਪ ਕੌਰ ਅਤੇ ਪ੍ਰੋ. ਮਨਦੀਪ ਕੌਰ ਸਮੇਤ ਹੋਸਟਲ ਦੀਆਂ ਸਮੂਹ ਵਿਦਿਆਰਥਣਾਂ ਮੌਜੂਦ ਸਨ।

## 110 ਗ੍ਰਾਮ ਹੈਰੋਇਨ, ਕੰਪਿਊਟਰ ਕੰਡਾ ਤੇ ਮੋਟਰਸਾਈਕਲ ਸਣੇ 3 ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਨੇ 110 ਗ੍ਰਾਮ ਹੈਰੋਇਨ, ਕੰਪਿਊਟਰ ਕੰਡਾ ਅਤੇ ਇਕ ਮੋਟਰਸਾਈਕਲ ਸਮੇਤ 3 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਜਾਂਚ ਅਧਿਕਾਰੀ ਐਸ.ਆਈ. ਅਮਰਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਲਈ ਥਾਣਾ ਏਰੀਏ ਵਿੱਚ ਮੌਜੂਦ ਸੀ ਅਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਸੁਖੇਰਾ ਬੋਦਲਾ ਤੋਂ ਫੱਤੂਵਾਲਾ ਨੂੰ ਜਾ ਰਹੀ ਸੀ ਤਾਂ ਰੇਤ ਦੇ ਖੱਡਿਆਂ ਕੋਲ ਪੁੱਜੇ ਤਾਂ ਸਾਹਮਣੇ ਤੋਂ ਇਕ ਮੋਟਰਸਾਈਕਲ 'ਤੇ 2 ਮੋਨੇ ਨੌਜਵਾਨ ਅਤੇ ਇਕ ਔਰਤ ਆਉਂਦੇ ਦਿਖਾਈ ਦਿੱਤੇ, ਜੋ ਗੱਡੀ ਨੂੰ ਦੇਖ ਕੇ ਮੋਟਰਸਾਈਕਲ ਨੂੰ ਰੇਤੇ ਦੇ ਖੱਡਿਆਂ ਨੂੰ ਮੋੜ ਦਿੱਤਾ ਅਤੇ ਮੋਟਰਸਾਈਕਲ ਕਰੀਬ 100 ਮੀਟਰ ਅੱਗੇ ਜਾਣ ਦੇ ਬਾਅਦ ਬੰਦ ਹੋ ਗਿਆ, ਜਿਨ੍ਹਾਂ ਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ ਤਲਾਸ਼ੀ ਕੀਤੀ ਗਈ ਤਾਂ ਉਨ੍ਹਾਂ ਕੋਲੋਂ 110 ਗ੍ਰਾਮ ਹੈਰੋਇਨ ਅਤੇ ਕੰਪਿਊਟਰ ਕੰਡਾ ਬਰਾਮਦ ਹੋਇਆ। ਪੁਲਸ ਨੇ ਸੁਰਿੰਦਰ ਸਿੰਘ ਪੁੱਤਰ ਰਾਮ ਸਿੰਘ ਵਾਸੀ ਢਾਣੀ ਮਾਂਘ ਸਿੰਘ ਵਾਲੀ, ਜੱਜ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਚੱਕ ਸੁਖੇਰਾ ਉਰਫ ਸਿੱਧੂ ਵਾਲਾ ਅਤੇ ਗੁਰਮੀਤ ਕੌਰ ਪਤਨੀ ਪ੍ਰੀਤਮ ਸਿੰਘ ਵਾਸੀ ਫੱਤੂਵਾਲਾ ਨੂੰ ਹੈਰੋਇਨ, ਕੰਪਿਊਟਰ ਕੰਡਾ ਅਤੇ ਮੋਟਰਸਾਈਕਲ ਸਮੇਤ ਹਿਰਾਸਤ ਵਿੱਚ ਲੈ ਕੇ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਪੈਰਾ-ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਦਾ ਵਫ਼ਦ ਮਿਲਿਆ ਸਿਹਤ ਡਾਇਰੈਕਟਰ ਨੂੰ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)**' ਪੈਰਾ ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਦਾ ਪ੍ਰਤੀਨਿਧ ਵਫ਼ਦ ਸਿਹਤ ਵਿਭਾਗ ਦੇ ਦੋਵਾਂ ਡਾਇਰੈਕਟਰਾਂ ਨੂੰ ਮਿਲਿਆ।ਇਹ ਮੀਟਿੰਗ ਸੰਘਰਸ਼ ਕਮੇਟੀ ਦੇ ਕੋਆਰਡੀਨੇਟਰ



ਗੁਲਜ਼ਾਰ ਖਾਨ ਤੇ ਕੋਆਰਡੀਨੇਟਰ ਨਰਿੰਦਰ ਸ਼ਰਮਾ ਦੀ ਅਗਵਾਈ ਹੇਠ ਹੋਈ, ਜਿਸ ਦੌਰਾਨ ਵੱਖ-ਵੱਖ ਕੇਡਰਾਂ ਦੀਆਂ ਮੁਲਾਜ਼ਮ ਮੰਗਾਂ ਉੱਤੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਸੰਘਰਸ਼ ਕਮੇਟੀ ਦੇ ਆਗੂਆਂ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਦਾ ਧਿਆਨ ਮੁਲਾਜ਼ਮਾਂ ਦੀਆਂ ਹੱਕੀ ਤੇ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਵੱਲ ਦਿਵਾਉਂਦਿਆਂ ਮੰਗ ਕੀਤੀ ਕਿ ਵੱਖ-ਵੱਖ ਕੇਡਰਾਂ ਵਿੱਚ ਕੰਮ ਕਰਦੇ ਆਊਟਸੋਰਸ ਮੁਲਾਜ਼ਮਾਂ ਨੂੰ ਵਿਭਾਗ ਦੇ ਅਧੀਨ ਲਿਆਂਦਾ ਜਾਵੇ, ਵੱਖ-ਵੱਖ ਕੇਡਰਾਂ ਦੇ ਵਿੱਚ ਕੰਮ ਕਰਦੇ ਕੱਚੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ, 17/7/2020 ਦਾ ਪੱਤਰ ਰੱਦ ਕਰਕੇ ਪੰਜਾਬ ਦਾ ਪੇ ਸਕੇਲ ਲਾਗੂ ਕੀਤਾ ਜਾਵੇ, ਨਾਜਾਇਜ਼ ਕੀਤੀਆਂ ਬਦਲੀਆਂ ਰੱਦ ਕੀਤੀਆਂ ਜਾਣ, ਸਬ ਸੈਂਟਰਾਂ ਉੱਤੇ ਵੈਕਸੀਨ ਪੁਚਾਉਣ ਦਾ ਪੁਖਤਾ ਪ੍ਰਬੰਧ ਕੀਤਾ ਜਾਵੇ, ਰੇਡੀਓਗ੍ਰਾਫਰਾਂ ਦੀਆਂ ਅਸਾਮੀਆਂ ਦੀ ਗਿਣਤੀ ਵਧਾਈ ਜਾਵੇ, ਸਮੂਹ ਕੇਡਰਾਂ ਦੀਆਂ ਪ੍ਰਮੋਸ਼ਨਾਂ ਸਮੇਂ ਸਿਰ ਕਰਨੀਆਂ ਯਕੀਨੀ ਬਣਾਈਆਂ ਜਾਣ, ਸੀ ਐਚ ਓ ਦਾ ਰੈਗੂਲਰ ਕੇਡਰ ਸੈਕਸ਼ਨ ਕੀਤਾ ਜਾਵੇ, ਵੱਖ-ਵੱਖ ਕੇਡਰਾਂ ਦਾ ਨਾਮ ਉਸ ਕੇਡਰ ਦੀ ਦਿੱਤੀ ਹੋਈ ਮੰਗ ਅਨੁਸਾਰ ਤਬਦੀਲ ਕੀਤਾ ਜਾਵੇ, ਮਲਟੀਪਰਪਜ਼ ਕੇਡਰ ਦੇ ਬੰਦ ਪਏ ਟ੍ਰੇਨਿੰਗ ਸਕੂਲਾਂ ਨੂੰ ਚਾਲੂ ਕੀਤਾ ਜਾਵੇ, ਸਮੂਹ ਸਿਹਤ ਮੁਲਾਜ਼ਮਾਂ ਦੀਆਂ ਸੀਨੀਆਰਤਾ ਸੂਚੀਆਂ ਸੋਧ ਕੇ ਵਿਭਾਗ ਦੀ ਵੈੱਬਸਾਈਟ ਉੱਤੇ ਅਪਲੋਡ ਕੀਤੀਆਂ ਜਾਣ ਤੋਂ ਇਲਾਵਾ ਸਮੂਹ ਕੇਡਰਾਂ ਦੀਆਂ ਵੱਖ-ਵੱਖ ਮੰਗਾਂ ਉੱਤੇ ਡਾਇਰੈਕਟਰ ਦਫ਼ਤਰ ਨਾਲ ਵਿਸਥਾਰਤ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਦੱਸਿਆ ਕਿ ਇਨ੍ਹਾਂ ਮੰਗਾਂ ਉੱਤੇ ਸਕਾਰਾਤਮਕ ਗੱਲਬਾਤ ਹੋਈ ਹੈ ਤੇ ਡਾਇਰੈਕਟਰ ਦਫ਼ਤਰ ਵੱਲੋਂ ਇਨ੍ਹਾਂ ਵਿੱਚੋਂ ਕੁਝ ਮੰਗਾਂ ਨੂੰ ਜਲਦ ਪੂਰਾ ਕਰਨ ਦਾ ਭਰੋਸਾ ਦਿੱਤਾ ਗਿਆ।ਆਗੂਆਂ ਐਲਾਨ ਕੀਤਾ ਕਿ 20 ਅਗਸਤ ਦਾ ਉਲੀਕਿਆ ਗਿਆ ਧਰਨਾ ਫਿਲਹਾਲ ਮੁਲਤਵੀ ਕਰ ਦਿੱਤਾ ਗਿਆ ਹੈ ਤੇ 2 ਸਤੰਬਰ ਨੂੰ ਕਮੇਟੀ ਦੀ ਮੀਟਿੰਗ ਕਰਕੇ ਅਗਲਾ ਫੈਸਲਾ ਲਿਆ ਜਾਵੇਗਾ।

# 'ਜਾਗੋ' ਮਾਰਚ ਸਮੇਂ ਪੁਲਸ ਤੇ ਵਿਦਿਆਰਥੀਆਂ ਵਿਚਾਲੇ ਝੜਪ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਵਿਦਿਆਰਥੀਆਂ ਤੇ ਪੁਲਸ ਵਿਚਕਾਰ ਪੰਜਾਬੀ ਯੂਨੀਵਰਸਿਟੀ ਵਿਖੇ ਬੀਤੀ ਰਾਤ ਉਸ ਵੇਲੇ ਮਾਹੌਲ ਬੇਹੱਦ ਤਣਾਅਪੂਰਨ ਹੋ ਗਿਆ, ਜਦੋਂ ਪਿਛਲੇ ਅੱਠ ਦਿਨਾਂ ਤੋਂ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਅਤੇ ਪੁਲਸ ਵਿਚਾਲੇ ਝੜਪ ਹੋ ਗਈ।ਵਿਦਿਆਰਥੀ ਵਧੀ ਹੋਈ ਫ਼ੀਸ ਵਾਪਸ ਲੈਣ ਤੇ ਹੋਰ ਮੰਗਾਂ ਨੂੰ ਲੈ ਕੇ ਵਾਈਸ ਚਾਂਸਲਰ ਦੀ ਰਿਹਾਇਸ਼ ਵੱਲ ਇੱਕ 'ਜਾਗੋ' ਮਾਰਚ



ਕੱਢਣ ਦੀ ਕੋਸ਼ਿਸ਼ ਕਰ ਰਹੇ ਸਨ, ਪਰ ਯੂਨੀਵਰਸਿਟੀ ਪ੍ਰਸ਼ਾਸਨ ਤੇ ਮੌਕੇ 'ਤੇ ਤਾਇਨਾਤ ਭਾਰੀ ਪੁਲੀਸ ਫੋਰਸ ਨੇ ਉਨ੍ਹਾਂ ਨੂੰ ਰੋਕ ਲਿਆ, ਜਿਸ ਤੋਂ ਬਾਅਦ ਦੋਵਾਂ ਧਿਰਾਂ ਵਿਚਾਲੇ ਧੱਕਾਮੁੱਕੀ ਤੇ ਝੜਪ ਹੋ ਗਈ। ਪ੍ਰਦਰਸ਼ਨਕਾਰੀ ਵਿਦਿਆਰਥੀਆਂ ਦਾ ਦੋਸ਼ ਹੈ ਕਿ ਉਹ ਸ਼ਾਂਤਮਈ ਢੰਗ ਨਾਲ ਮਾਰਚ ਕੱਢ ਰਹੇ ਸਨ, ਪਰ ਪੁਲਸ ਨੇ ਉਨ੍ਹਾਂ ਦੇ ਅੰਦੋਲਨ ਨੂੰ ਦਬਾਉਣ ਲਈ ਜਬਰਨ ਰੋਕਿਆ।ਵਿਦਿਆਰਥੀਆਂ ਨੇ ਦੱਸਿਆ ਕਿ ਵੱਖ-ਵੱਖ ਕੋਰਸਾਂ ਤੇ ਸੇਵਾਵਾਂ ਦੀਆਂ ਫ਼ੀਸਾਂ ਵਿੱਚ 16 ਤੋਂ 102 ਫੀਸਦੀ ਅਤੇ ਹੋਸਟਲ ਫ਼ੀਸ ਵਿੱਚ 42 ਫੀਸਦੀ ਤੱਕ ਦਾ ਭਾਰੀ ਵਾਧਾ ਕੀਤਾ ਗਿਆ ਹੈ, ਜਿਸ ਨੂੰ ਵਿਦਿਆਰਥੀਆਂ ਨੇ ਸਿਰੇ ਤੋਂ ਖਾਰਜ ਕਰਦਿਆਂ ਫ਼ੀਸ ਵਾਧਾ ਪੂਰੀ ਤਰ੍ਹਾਂ ਰੱਦ ਕਰਨ ਦੀ ਮੰਗ ਕੀਤੀ ਹੈ। ਫ਼ੀਸ ਵਾਧੇ ਤੋਂ ਇਲਾਵਾ ਵਿਦਿਆਰਥੀ ਯੂਨੀਵਰਸਿਟੀ 'ਚ 4 ਨਵੇਂ ਹੋਸਟਲਾਂ ਦੇ ਨਿਰਮਾਣ ਦੀ ਮੰਗ ਕਰ ਰਹੇ ਹਨ।ਉਨ੍ਹਾਂ ਅਨੁਸਾਰ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਅਧੀਨ ਪ੍ਰਸਤਾਵਿਤ ਹੋਸਟਲਾਂ ਦਾ ਕੰਮ ਪੰਜਾਬ ਸਰਕਾਰ ਵੱਲੋਂ ਆਪਣੇ ਹਿੱਸੇ ਦਾ ਫੰਡ ਜਾਰੀ ਨਾ ਕਰਨ ਕਾਰਨ ਅਧੂਰਾ ਲਮਕ ਰਿਹਾ ਹੈ।ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਤੋਂ ਯੂਨੀਵਰਸਿਟੀ ਸਿਰ ਚੜ੍ਹਿਆ ਲਗਭਗ 150 ਕਰੋੜ ਰੁਪਏ ਦਾ ਕਰਜ਼ਾ ਮੁਆਫ਼ ਕਰਨ ਦੀ ਮੰਗ ਕੀਤੀ ਹੈ।ਹਾਲਾਂਕਿ ਬੁੱਧਵਾਰ ਸਵੇਰੇ ਕੈਂਪਸ 'ਚ ਸ਼ਾਂਤੀ ਰਹੀ, ਪਰ ਵਿਦਿਆਰਥੀਆਂ ਨੇ ਸਪੱਸ਼ਟ ਕੀਤਾ ਹੈ ਕਿ ਮੰਗਾਂ ਮੰਨੇ ਜਾਣ ਤੱਕ ਉਨ੍ਹਾਂ ਦਾ ਸੰਘਰਸ਼ ਜਾਰੀ ਰਹੇਗਾ

# ਸ਼੍ਰੋਮਣੀ ਅਕਾਲੀ ਦਲ ਦੇ ਨਵ-ਨਿਯੁਕਤ ਅਹੁਦੇਦਾਰਾਂ ਦਾ ਸਨਮਾਨ

**ਜਗਰਾਉਂ (ਅਮਿਤ ਖੰਨਾ)**- ਸ਼੍ਰੋਮਣੀ ਅਕਾਲੀ ਦਲ ਹਲਕਾ ਜਗਰਾਓਂ ਵੱਲੋਂ ਪਾਰਟੀ ਦੇ ਨਵ-ਨਿਯੁਕਤ ਅਹੁਦੇਦਾਰਾਂ ਦੇ ਸਨਮਾਨ ਵਿੱਚ ਸਨਮਾਨ ਸਮਾਰੋਹ ਸ਼੍ਰੋਮਣੀ ਅਕਾਲੀ ਦਲ ਦਫ਼ਤਰ ਜਗਰਾਓਂ ਵਿਖੇ ਕਰਵਾਇਆ ਗਿਆ। ਸਮਾਰੋਹ ਦੀ ਅਗਵਾਈ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ, ਸਾਬਕਾ ਵਿਧਾਇਕ ਅਤੇ ਹਲਕਾ ਜਗਰਾਓਂ ਦੇ ਇੰਚਾਰਜ ਐੱਸ. ਆਰ. ਕਲੇਰ



ਨੇ ਕੀਤੀ ਇਸ ਮੌਕੇ ਸਾਬਕਾ ਚੇਅਰਮੈਨ ਸ. ਕਮਲਜੀਤ ਸਿੰਘ ਮੱਲ੍ਹਾ ਨੂੰ ਪੰਜਾਬ ਦਾ ਜਥੇਬੰਦਕ ਸਕੱਤਰ, ਸ. ਪਰਮਿੰਦਰ ਸਿੰਘ ਚੀਮਾ ਨੂੰ ਪੀ.ਏ.ਸੀ. ਮੈਂਬਰ, ਕੌਂਸਲਰ ਸ. ਦਵਿੰਦਰਜੀਤ ਸਿੰਘ ਸਿੱਧੂ ਅਤੇ ਸ. ਦੀਪਇੰਦਰ ਸਿੰਘ ਭੰਡਾਰੀ ਨੂੰ ਪੀ.ਏ.ਸੀ. ਮੈਂਬਰ ਅਤੇ ਸ. ਜਤਿੰਦਰ ਸਿੰਘ ਜੱਟ ਗਰੇਵਾਲ ਤੇ ਸ. ਵਰਿੰਦਰਪਾਲ ਸਿੰਘ ਪਾਲੀ ਗਿੱਲ ਨੂੰ ਯੂਥ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਨਿਯੁਕਤ ਕੀਤੇ ਜਾਣ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐੱਸ. ਆਰ. ਕਲੇਰ ਨੇ ਕਿਹਾ ਕਿ ਪਾਰਟੀ ਵੱਲੋਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਦਿੱਤੀਆਂ ਗਈਆਂ ਜ਼ਿੰਮੇਵਾਰੀਆਂ ਨਾਲ ਜਥੇਬੰਦੀ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਸਾਰੇ ਅਹੁਦੇਦਾਰ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਦੇ ਨਾਲ-ਨਾਲ ਵਰਕਰਾਂ ਨਾਲ ਮਜ਼ਬੂਤ ਤਾਲਮੇਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ । ਭਾਈ ਗੁਰਚਰਨ ਸਿੰਘ ਗਰੇਵਾਲ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਆਗੂਆਂ ਅਤੇ ਵਰਕਰਾਂ ਦਾ ਇਕਜੁੱਟ ਹੋਣਾ ਬਹੁਤ ਜ਼ਰੂਰੀ ਹੈ । ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ ਨੇ ਕਿਹਾ ਕਿ ਪਾਰਟੀ ਵੱਲੋਂ ਨਵੀਆਂ ਜ਼ਿੰਮੇਵਾਰੀਆਂ ਦੇ ਕੇ ਆਗੂਆਂ ਨੂੰ ਅੱਗੇ ਲਿਆਉਣਾ ਜਥੇਬੰਦੀ ਨੂੰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਹੈ। ਕਮਲਜੀਤ ਸਿੰਘ ਮੱਲ੍ਹਾ ਨੇ ਸਨਮਾਨ ਲਈ ਹਲਕਾ ਜਗਰਾਓਂ ਦੀ ਸਮੁੱਚੀ ਲੀਡਰਸ਼ਿਪ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਉਨ੍ਹਾਂ ਲਈ ਸਨਮਾਨ ਦੇ ਨਾਲ-ਨਾਲ ਵੱਡੀ ਜ਼ਿੰਮੇਵਾਰੀ ਵੀ ਹੈ। ਪਰਮਿੰਦਰ ਸਿੰਘ ਚੀਮਾ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ। ਜਤਿੰਦਰ ਸਿੰਘ ਜੱਟ ਗਰੇਵਾਲ ਨੇ ਕਿਹਾ ਕਿ ਯੂਥ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨਾ ਅਤੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਪਾਰਟੀ ਨਾਲ ਜੋੜਨਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ । ਰੇਸ਼ਮ ਸਿੰਘ ਮਾਣੂੰਕੇ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਸਮਾਜ ਦੇ ਹਰ ਵਰਗ ਨੂੰ ਨਾਲ ਲੈ ਕੇ ਚੱਲਣ ਦੀ ਲੋੜ ਹੈ। ਸਮਰੋਹ ਦੌਰਾਨ ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ, ਦੀਪਇੰਦਰ ਸਿੰਘ ਭੰਡਾਰੀ ਅਤੇ ਵਰਿੰਦਰਪਾਲ ਸਿੰਘ ਪਾਲੀ ਗਿੱਲ ਸਮੇਤ ਹੋਰ ਆਗੂਆਂ ਅਤੇ ਅਹੁਦੇਦਾਰਾਂ ਦਾ ਵੀ ਸਨਮਾਨ ਕੀਤਾ ਗਿਆ।

# ਔਲਖ ਤੇ ਹੋਰ ਆਗੂ 'ਅਕਾਲੀ ਦਲ ਵਾਰਸ ਪੰਜਾਬ ਦੇ' 'ਚ ਸ਼ਾਮਲ



**ਮਾਨਸਾ/ਭੀਖੀ (ਆਤਮਾ ਸਿੰਘ ਪਮਾਰ)** - ਮਾਨਸਾ ਜ਼ਿਲ੍ਹੇ ਦੇ ਕਸਬਾ ਭੀਖੀ ਵਿਖੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਔਲਖ, ਮਨਜੀਤ ਸਿੰਘ ਬੱਪੀਆਣਾ ਅਤੇ ਪਰਮਜੀਤ ਸਿੰਘ ਭੀਖੀ ਦੀ ਅਗਵਾਈ ਹੇਠ ਬੀ ਐਮ ਜੀ ਪੈਲੇਸ ਵਿਖੇ ਅਕਾਲੀ ਦਲ ਵਾਰਸ ਪੰਜਾਬ ਦੀ ਇੱਕ ਮੀਟਿੰਗ ਰੱਖੀ ਗਈ ਜੋ ਇੱਕ ਰੈਲੀ ਦਾ ਰੂਪ ਧਾਰ ਗਈ। ਇਸ ਰੈਲੀ 'ਚ ਮੌਜੂਦਾ ਸਾਂਸਦ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਅਤੇ ਅਕਾਲੀ ਦਲ ਵਾਰਸ ਪੰਜਾਬ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਅਤੇ ਦਲ ਦੇ ਸੀਨੀਅਰ ਆਗੂ ਅਤੇ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਤੋਂ ਇਲਾਵਾ ਦਲ ਦੀ ਸੀਨੀਅਰ ਲੀਡਰਸ਼ਿਪ ਅਤੇ ਵੱਡੀ ਗਿਣਤੀ 'ਚ ਸਿੱਖ ਸੰਗਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਸਮੇਂ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਅਤੇ ਵਿਧਾਇਕ ਇਆਲੀ ਨੇ ਕਿਹਾ ਕਿ ਮੌਜੂਦਾ ਸਰਕਾਰ ਤੋਂ ਸੂਬੇ ਦਾ ਹਰ ਇੱਕ ਵਰਗ ਦੁਖੀ ਹੈ। ਸੂਬੇ ਦੀ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਅਸਤ ਵਿਅਸਤ ਹੋ ਚੁੱਕੀ ਹੈ। ਰੈਲੀ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਪੂ ਤਰਸੇਮ ਸਿੰਘ ਅਤੇ ਵਿਧਾਇਕ ਮਨਪ੍ਰੀਤ ਇਯਾਲੀ ਨੇ ਕਿਹਾ ਕਿ ਸੂਬੇ ਦੇ ਚਿਰਾਂ ਤੋਂ ਲਟਕ ਰਹੇ ਵੱਡੇ ਆਰਥਿਕ, ਸਮਾਜਿਕ ਅਤੇ ਰਾਜਨੀਤਕ ਮੁੱਦਿਆਂ ਨੂੰ ਲੈ ਕੇ ਆਗਾਮੀ ਚੋਣਾਂ ਲੜੀਆਂ ਜਾਣਗੀਆਂ। ਇਸ ਮੌਕੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਔਲਖ, ਮਨਜੀਤ ਸਿੰਘ ਬੱਪੀਆਣਾ ਸਮੇਤ ਪੁਨਰ ਸੁਰਜੀਤ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਵਰਕਰਾਂ ਨੇ ਅਕਾਲੀ ਦਲ ਵਾਰਸ ਪੰਜਾਬ ਦੇ ਵਿੱਚ ਸ਼ਮੂਲੀਅਤ ਕੀਤੀ। ਜਿਸ ਨੂੰ ਪੁਨਰ ਸੁਰਜੀਤ ਅਕਾਲੀ ਦਲ ਲਈ ਵੱਡਾ ਝਟਕਾ ਮੰਨਿਆ ਜਾ ਰਿਹਾ ਹੈ। ਵਾਰਸ ਦੀ ਲੀਡਰਸ਼ਿਪ ਵੱਲੋਂ ਇਸ ਸਮੇਂ ਸ਼ਾਮਲ ਹੋਣ ਵਾਲੇ ਆਗੂਆਂ ਅਤੇ ਵਰਕਰਾਂ ਨੂੰ ਭਰੋਸਾ ਦਿੱਤਾ ਕਿ ਪਾਰਟੀ 'ਚ ਉਹਨਾਂ ਨੂੰ ਢੁੱਕਵਾਂ ਸਥਾਨ ਦੇ ਕੇ ਨਿਵਾਜਿਆ ਜਾਵੇਗਾ। ਸਟੇਜ ਸਕੱਤਰ ਦੀ ਭੂਮਿਕਾ ਗੁਰਦਰਸ਼ਨ ਸਿੰਘ ਵੱਲੋਂ ਬਾਖੂਬੀ ਨਿਭਾਈ ਗਈ। ਪ੍ਰੋਗਰਾਮ ਦੌਰਾਨ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਮਨਜੀਤ ਸਿੰਘ ਸਿੱਧੂ, ਬਾਬਾ ਰਾਜਾ ਰਾਮ ਸਿੰਘ,ਚਰਨਜੀਤ ਕੌਰ ਬੀਰੋਕੇ ਕਲਾਂ, ਅਵਤਾਰ ਸਿੰਘ ਜਵਾਹਰਕੇ, ਅਮਰਜੀਤ ਸਿੰਘ ਅਤੇ ਲਵਪ੍ਰੀਤ ਸਿੰਘ ਨੇ ਵੀ ਸੰਬੋਧਨ ਕੀਤਾ।

# ਬੁੱਧ ਵਿਹਾਰ ਵਿਕਾਸ ਕਮੇਟੀ ਵੱਲੋਂ ਅਨੋਖੀ ਪਹਿਲ, ਨਵਜੰਮੇ ਬੱਚਿਆਂ ਦੀ ਖੁਸ਼ੀ ਮਨਾਈ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ ਪੂਜਾ/ ਪਰਮਜੀਤ ਸਿੰਘ)**- ਡੀ.ਸੀ. ਆਫਿਸ ਰੋਡ ਸਥਿਤ ਮੁਹੱਲਾ ਬੁੱਧ ਵਿਹਾਰ ਵਿਖੇ ਅਨੋਖੀ ਮਿਸਾਲ ਪੇਸ਼ ਕੀਤੀ ਗਈ।ਮੁਹੱਲੇ ਵਿੱਚ ਚਾਰ ਮਹੀਨੇ ਤੱਕ ਦੇ ਨਵ ਜੰਮੇ ਬੱਚਿਆਂ ਦੀ ਸਾਂਝੀ ਖੁਸ਼ੀ ਮਨਾਈ



ਗਈ।ਇਸ ਮੌਕੇ ਹਰਪਾਲ ਸਦਿਉੜਾ ਪਰਵਾਰ ਵਿੱਚ ਪੋਤੇ ਮਹਿਤਾਬ ਬੀਰ ਸਿੰਘ ਸਦਿਉੜਾ, ਭਾਰਤ ਭੂਸ਼ਣ ਸਿੰਗਲਾ ਦੇ ਪੋਤਰੇ ਵਿਹਾਨ ਸਿੰਗਲਾ ਤੇ ਜਸਪ੍ਰੀਤ ਜੱਸਲ ਦੇ ਗ੍ਰਹਿ ਵਿਖੇ ਬੇਟੇ ਜੀਵਾਂਸ਼ ਜੱਸਲ ਦੇ ਜਨਮ ਦੀ ਖੁਸ਼ੀ ਸਾਂਝੀ ਕੀਤੀ ਗਈ।

ਵਿਕਾਸ ਕਮੇਟੀ ਪ੍ਰਧਾਨ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠ ਉਕਤ ਪਰਵਾਰਾਂ, ਕਮੇਟੀ ਮੈਂਬਰਾਂ ਅਤੇ ਮੁਹੱਲਾ ਨਿਵਾਸੀਆਂ ਵੱਲੋਂ ਕਲੋਨੀ ਦੇ ਗਰੀਨ ਚੌਕ ਵਿਖੇ ਇਕ ਵਿਸ਼ੇਸ਼ ਮੀਟਿੰਗ ਆਯੋਜਤ ਕੀਤੀ ਗਈ।ਇਸ ਮੀਟਿੰਗ ਦੌਰਾਨ ਮਹਿਤਾਬ ਦੀ ਪੜਦਾਦੀ ਅਮਰਜੀਤ ਕੌਰ ਸਮੇਤ ਇੰਸ. ਗੁਰਮੇਲ ਸਿੰਘ ਬਰਾੜ, ਹਰਪਾਲ ਸਿੰਘ ਸਦਿਉੜਾ, ਜਨਕ ਜੌੜਾ, ਸੁਮਿਤ ਸਲੂਜਾ, ਰਾਹੁਲ ਗੋਇਲ, ਵਰੁਣ ਬੱਤਰਾ, ਇੰਜ. ਅਸ਼ੋਕ ਕੁਮਾਰ ਰਜੌਰੀਆ, ਗੌਰਵ ਰਜੌਰੀਆ, ਇੰਜ. ਕੁਨਾਲ ਢੋਸੀਵਾਲ, ਰਾਜਾ ਬਰਾੜ, ਮਾਧਵ, ਗੋਵਿੰਦ, ਹੇਜਲ, ਜਸਪ੍ਰੀਤ ਜੱਸਲ, ਪੂਨਮ ਕੌਰ ਜੱਸਲ, ਨਰਿੰਦਰ ਕਾਕਾ, ਮਨਜਿੰਦਰ ਸਦਿਉੜਾ, ਮਦਨ ਲਾਲ ਯਾਦਵ ਜੇ.ਈ., ਬਿਮਲਾ ਢੋਸੀਵਾਲ ਪ੍ਰੋ. ਵੰਦਨਾ, ਨੀਰੂ ਬਾਲਾ, ਰੇਨੂੰ ਗੋਇਲ, ਰਜਨੀ, ਸ਼ਿਵਾਨੀ, ਸੰਘ ਮਿੱਤਰਾ, ਗਰਿਮਾ, ਜੈਸਿਕਾ ਸਦਿਉੜਾ, ਦਲਜੀਤ ਕੌਰ, ਸੀਮਾ ਯਾਦਵ, ਨੰਦਿਤਾ, ਸ਼ਿਵਮ, ਸੁਖਬੀਰ ਕੌਰ ਤੇ ਸੁਖਦੀਪ ਕੌਰ ਆਦਿ ਸਮੇਤ ਕਈ ਹੋਰ ਮੁਹੱਲਾ ਨਿਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।ਇਸ ਅਨੋਖੇ ਸਮਾਰੋਹ ਦੌਰਾਨ ਬੁੱਧ ਵਿਹਾਰ ਵਿਕਾਸ ਕਮੇਟੀ ਵੱਲੋਂ ਉਕਤ ਸਾਰੇ ਬੱਚਿਆਂ ਨੂੰ ਫੈਂਸੀ ਸੂਟ,ਗਿਫ਼ਟ ਅਤੇ ਖਿਡੌਣੇ ਦਿੱਤੇ ਗਏ।

ਛੋਟੀ ਬੱਚੀ ਨੰਦਿਤਾ ਨੇ ਸਮੁੱਚੀ ਕਮੇਟੀ ਵੱਲੋਂ ਉਕਤ ਨਵ ਜੰਮੇ ਬੱਚਿਆਂ ਦੇ ਭੈਣ-ਭਰਾ ਦਾ ਪ੍ਰਤੀਕ ਵਜੋਂ ਰੱਖੜੀ ਬੰਨੀ।ਖੁਸ਼ੀ ਦੇ ਇਸ ਮੌਕੇ 'ਤੇ ਸਾਰਿਆਂ ਦਾ ਜਲੇਬੀਆਂ ਨਾਲ ਮੂੰਹ ਮਿੱਠਾ ਕਰਾਇਆ ਗਿਆ।ਉਕਤ ਜਾਣਕਾਰੀ ਦਿੰਦੇ ਢੋਸੀਵਾਲ ਨੇ ਦੱਸਿਆ ਹੈ ਕਿ ਵਿਕਾਸ ਕਮੇਟੀ ਦੇ ਸੀਨੀਅਰ ਆਗੂ ਇੰਸ. ਗੁਰਮੇਲ ਸਿੰਘ ਬਰਾੜ ਨੇ ਸਮੁੱਚੀ ਸੰਸਥਾ ਵੱਲੋਂ ਇਨ੍ਹਾਂ ਨਵਜੰਮੇ ਬੱਚਿਆਂ ਦੀ ਤੰਦਰੁਸਤੀ ਦੀ ਕਾਮਨਾ ਕਰਦੇ ਹੋਏ ਸਬੰਧਤ ਪਰਵਾਰਾਂ ਨੂੰ ਵਧਾਈ ਦਿੱਤੀ।ਮਹਿਤਾਬ ਦੀ ਦਾਦੀ ਸੁਖਬੀਰ ਕੌਰ ਨੇ ਇਸ ਖੁਸ਼ੀ ਦਮ ਮੌਕੇ ਭਾਵੁਕ ਅੰਦਾਜ਼ ਵਿੱਚ ਸਮੁੱਚੀ ਵਿਕਾਸ ਕਮੇਟੀ ਅਤੇ ਮੁਹੱਲਾ ਨਿਵਾਸੀਆਂ ਵੱਲੋਂ ਉਨ੍ਹਾਂ ਦੇ ਪੋਤਰੇ ਦੀ ਖੁਸ਼ੀ ਸਾਂਝੀ ਕਰਨ 'ਤੇ ਧੰਨਵਾਦ ਕੀਤਾ।ਇਸੇ ਤਰ੍ਹਾਂ ਨਵ ਜਨਮੇ ਬੱਚੇ ਜੀਵਾਂਸ਼ ਜੱਸਲ ਦੇ ਪਿਤਾ ਜਸਪ੍ਰੀਤ ਜੱਸਲ ਨੇ ਕਿਹਾ ਕਿ ਵਿਕਾਸ ਕਮੇਟੀ ਤੇ ਮੁਹੱਲਾ ਨਿਵਾਸੀਆਂ ਨੇ ਸਾਡੇ ਪਰਵਾਰ ਨਾਲ ਜੋ ਖੁਸ਼ੀ ਸਾਂਝੀ ਕੀਤੀ ਹੈ, ਉਹ ਸਾਡੇ ਲਈ ਬੇਹੱਦ ਮਾਣ ਵਾਲੀ ਗੱਲ ਹੈ।ਮੀਟਿੰਗ ਨੂੰ ਸਫ਼ਲ ਬਣਾਉਣ ਵਿੱਚ ਸਭ ਤੋਂ ਮਹੱਤਵ ਪੂਰਨ ਭੂਮਿਕਾ ਨਿਭਾਉਣ ਵਾਲੀ ਮੈਡਮ ਨੀਰੂ ਬਾਲਾ ਦਾ ਪ੍ਰਧਾਨ ਢੋਸੀਵਾਲ ਨੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਕਮੇਟੀ ਦੇ ਸੀਨੀਅਰ ਮੈਂਬਰ ਅਤੇ ਸਮਾਜ ਸੇਵੀ ਪਰਿਵਾਰ ਨਾਲ ਸਬੰਧਤ ਸ੍ਰੀ ਜਨਕ ਜੌੜਾ ਨੇ ਅਗਲੇ ਸਾਲ ਜਨਵਰੀ 2027 ਵਿੱਚ ਮਨਾਈ ਜਾਣ ਵਾਲੀ ਸਾਂਝੀ ਲੋਹੜੀ ਲਈ ਇਕੱਤੀ ਹਜ਼ਾਰ ਰੁਪਏ ਦਾ ਸਹਿਯੋਗ ਕਰਨ ਦਾ ਐਲਾਨ ਵੀ ਕੀਤਾ ਹੈ।

# ਪੈਰਾਡਾਈਜ਼ ਇੰਟਰਨੈਸ਼ਨਲ ਵਿਖੇ ਮਨਾਇਆ ਤੀਜ ਦਾ ਤਿਉਹਾਰ

**ਪਾਤੜਾਂ (ਨਿਸ਼ਾਨ ਸਿੰਘ ਵਣਵਾਲਾ)**- ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਦਾ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਘੱਗਾ ਵਿਖੇ ਹਰਿਆਲੀ ਤੀਜ ਦਾ ਤਿਉਹਾਰ ਬੜੇ ਹੀ ਉਤਸ਼ਾਹ, ਖੁਸ਼ੀ ਅਤੇ ਪੰਜਾਬੀ ਸੱਭਿਆਚਾਰਕ ਰੰਗਾਂ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਕੈਂਪਸ ਰਵਾਇਤੀ ਪੰਜਾਬੀ ਪਹਿਰਾਵਿਆਂ, ਰੰਗ-ਬਰੰਗੀਆਂ ਚੂੜੀਆਂ, ਲੰਬੇ ਪਰਾਂਦਿਆਂ, ਸੁੰਦਰ ਮਹਿੰਦੀ ਡਿਜ਼ਾਈਨਾਂ ਅਤੇ ਮਨਮੋਹਕ ਸਜਾਵਟ ਨਾਲ ਸਜਿਆ ਹੋਇਆ ਨਜ਼ਰ ਆਇਆ। ਸਮਾਗਮ ਦੌਰਾਨ ਵਿਦਿਆਰਥਣਾਂ ਵੱਲੋਂ ਗੀਤ, ਗਿੱਧਾ, ਭੰਗੜਾ ਅਤੇ ਹਾਸ-ਰਸ ਭਰਪੂਰ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਮਹਿੰਦੀ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਟਵਿੰਕਲ ਨੇ ਪਹਿਲਾ ਸਥਾਨ ਹਾਸਲ ਕੀਤਾ। ਅਸਮੀਨ ਕੌਰ ਨੂੰ ਪਹਿਲਾ ਰਨਰਅੱਪ ਅਤੇ ਜਸਮੀਤ ਸ਼ਰਮਾ ਨੂੰ ਦੂਜਾ ਰਨਰਅੱਪ ਐਲਾਨਿਆ ਗਿਆ। ਵਿਦਿਆਰਥਣਾਂ ਅਤੇ ਅਧਿਆਪਿਕਾਵਾਂ ਵੱਲੋਂ ਸੁੰਦਰ ਪੰਜਾਬੀ ਰਵਾਇਤੀ ਪਹਿਰਾਵਿਆਂ ਵਿੱਚ ਸ਼ਾਨਦਾਰ ਰੈਂਪ ਵਾਕ ਵੀ ਪੇਸ਼ ਕੀਤੀ ਗਈ। ਇਸ ਦੌਰਾਨ ਵੱਖ-ਵੱਖ ਸ਼੍ਰੇਣੀਆਂ ਵਿੱਚ ਵਿਦਿਆਰਥਣਾਂ ਨੂੰ ਵਿਸ਼ੇਸ਼ ਖਿਤਾਬ ਦਿੱਤੇ ਗਏ। ਮਿਸ ਤੀਜ 2026 ਦਾ ਖਿਤਾਬ ਖੁਸ਼ੀ ਅਤੇ ਸਮਰੀਤ ਨੇ ਹਾਸਲ ਕੀਤਾ, ਜਦਕਿ ਮਿਸ ਤੀਜ ਰਨਰਅੱਪ ਦਾ ਖਿਤਾਬ ਅਸ਼ਮੀਤ ਕੌਰ ਅਤੇ ਸ੍ਰਿਸ਼ਟੀ ਨੇ ਜਿੱਤਿਆ। ਸੋਹਣੀ ਮੁਟਿਆਰ



ਦਾ ਖਿਤਾਬ ਦਿਵਿਆ ਅਤੇ ਅੰਬਰਪ੍ਰੀਤ, ਮਿਸ ਮਜਾਜਣ ਨਵਜੋਤ ਕੌਰ ਅਤੇ ਮਹਿਕ, ਛਣ-ਛਣ ਕਰਦੀ ਝੰਕਾਰ ਮਨਮੀਤ ਕੌਰ, ਸੋਹਣਾ ਟਿੱਕਾ ਐਂਜਲ, ਸੁੰਦਰ ਪੰਜਾਬੀ ਜੁੱਤੀ ਹਰਸਿਮਰਤ ਕੌਰ, ਤੀਆਂ ਦੀ ਸ਼ਾਨ ਮਾਨਵਜੋਤ ਕੌਰ ਅਤੇ ਤਰਨਪ੍ਰੀਤ ਕੌਰ, ਬੈਸਟ ਪਰਾਂਦਾ ਸਿਮਰਨ ਅਤੇ ਮਿਸ ਪੰਜਾਬਣ ਨਵਦੀਪ ਕੌਰ ਅਤੇ ਜਸਮੀਤ ਸ਼ਰਮਾ ਨੇ ਹਾਸਲ ਕੀਤਾ। ਮਿਸ ਤੀਜ 2026 ਦਾ ਖਿਤਾਬ ਕੋਮਲਪ੍ਰੀਤ ਕੌਰ, ਰਨਰਅੱਪ ਜਸਵਿੰਦਰ ਕੌਰ, ਸੋਹਣੀ ਮੁਟਿਆਰ ਪਰਮਜੀਤ ਕੌਰ ਅਤੇ ਹਰਮੀਤ ਕੌਰ ਗਰੇਵਾਲ, ਮੈਕਸੀਮਮ ਚੂੜੀਆਂ ਵਿੱਚ ਸ਼ਵੇਤਾ, ਮਿਸ ਮਜਾਜਣ ਰਣਜੀਤ ਕੌਰ, ਛਣ-ਛਣ ਕਰਦੀ ਝੰਕਾਰ ਪੂਜਾ ਸ਼ਰਮਾ, ਸੋਹਣਾ ਟਿੱਕਾ ਮਨਪ੍ਰੀਤ ਕੌਰ, ਪੰਜਾਬੀ ਜੁੱਤੀ ਹਰਪ੍ਰੀਤ ਕੌਰ, ਤੀਆਂ ਦੀ ਸ਼ਾਨ ਸੋਨੀਆ, ਬੈਸਟ ਪਰਾਂਦਾ ਰਮਨਦੀਪ ਕੌਰ ਅਤੇ ਪੰਜਾਬਣ ਨਿਧੀ ਆਰੀਆ ਨੇ ਹਾਸਲ ਕੀਤੇ। ਸਕੂਲ ਦੇ ਚੇਅਰਮੈਨ ਡਾ. ਅੰਮ੍ਰਿਤਪਾਲ ਸਿੰਘ ਕਾਲੇਕਾ ਨੇ ਵਿਦਿਆਰਥਣਾਂ ਅਤੇ ਅਧਿਆਪਕਾਂ ਦੀ ਉਤਸ਼ਾਹਪੂਰਵਕ ਹਿੱਸੇਦਾਰੀ ਦੀ ਸ਼ਲਾਘਾ ਕੀਤੀ। ਸਕੂਲ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਸਾਰੀਆਂ ਵਿਦਿਆਰਥਣਾਂ ਅਤੇ ਅਧਿਆਪਕਾਂ ਨੂੰ ਹਰੀਆਲੀ ਤੀਜ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਤਿਉਹਾਰਾਂ ਰਾਹੀਂ ਵਿਦਿਆਰਥੀਆਂ ਵਿੱਚ ਖੁਸ਼ੀ, ਆਪਸੀ ਸਾਂਝ, ਮਿਲਵਰਤਣ ਅਤੇ ਸੱਭਿਆਚਾਰਕ ਮਾਣ ਦੀ ਭਾਵਨਾ ਮਜ਼ਬੂਤ ਹੁੰਦੀ ਹੈ।

# ਕਹਾਣੀਕਾਰ ਮੁਖ਼ਤਿਆਰ ਸਿੰਘ ਦਾ ਸਫ਼ਰਨਾਮਾ ਰਿਲੀਜ਼

ਸਮਰਾਲਾ, (ਸੁਰਜੀਤ ਸਿੰਘ)-ਸਾਹਿਤ ਸਭਾ ਸਮਰਾਲਾ ਦੀ ਪ੍ਰਧਾਨ ਸਿਮਰਜੀਤ ਸਿੰਘ ਕੰਗ ਦੀ ਪ੍ਰਧਾਨਗੀ ਵਿਚ ਹੋਈ ਮਾਸਿਕ ਮੀਟਿੰਗ ਦੌਰਾਨ ਪੰਜਾਬੀ ਦੇ ਉੱਘੇ ਕਹਾਣੀਕਾਰ ਮੁਖ਼ਤਿਆਰ ਸਿੰਘ ਦਾ ਸਫ਼ਰਨਾਮਾ 'ਬਚਦਿਆਂ ਬਚਾਉਂਦਿਆਂ' ਹਾਜ਼ਰ ਲੇਖਕਾਂ ਦੀ ਮੌਜੂਦਗੀ



ਵਿਚ ਰਿਲੀਜ਼ ਕੀਤਾ। ਕਹਾਣੀਕਾਰ ਬਲਵਿੰਦਰ ਸਿੰਘ ਗਰੇਵਾਲ ਨੇ ਦੱਸਿਆ ਕਿ ਇਸ ਕਿਤਾਬ ਵਿੱਚ "ਸ੍ਰੀ ਹੇਮਕੁੰਟ ਸਾਹਿਬ" ਅਤੇ "ਜਲਵੇ ਨੇਪਾਲ ਦੇ" ਦੋ ਸਫ਼ਰਨਾਮੇ ਸ਼ਾਮਿਲ ਹਨ। ਇਸੇ ਦੌਰਾਨ ਰਾਜਵੰਤ ਕੌਰ ਦਾ ਪਹਿਲਾ ਕਾਵਿ ਸੰਗ੍ਰਹਿ "ਚੁੱਪ ਦੀ ਸੀਸ" ਵੀ ਰਿਲੀਜ਼ ਕੀਤਾ ਗਿਆ। ਜਿਸ ਵਿੱਚੋਂ ਲੇਖਿਕਾ ਨੇ ਕੁਝ ਕਵਿਤਾਵਾਂ ਹਾਜ਼ਰੀਨ ਲੇਖਕਾਂ ਨਾਲ ਸਾਂਝੀਆਂ ਕੀਤੀਆਂ।ਰਚਨਾਵਾਂ ਦੇ ਦੌਰ ਦੀ ਸ਼ੁਰੂਆਤ ਲਾਲੀ ਕਰਤਾਰੀ ਨੇ ਆਪਣੀ ਖ਼ੂਬਸੂਰਤ ਗ਼ਜ਼ਲ ਤਰੰਨਮ ਵਿੱਚ ਗਾ ਕੇ ਕੀਤੀ। ਅਮਰਜੀਤ ਕੌਰ ਮੋਰਿੰਡਾ, ਜ਼ੋਰਾਵਰ ਸਿੰਘ ਪੰਛੀ ਅਤੇ ਮੀਤ ਪਾਣੀਪਤ ਨੇ ਵੀ ਆਪਣੀਆਂ ਗ਼ਜ਼ਲਾਂ ਪੇਸ਼ ਕੀਤੀਆਂ। ਬਲਵੰਤ ਮਾਂਗਟ ਨੇ ਰਮਾਇਣ ਦੀ ਇਕ ਮਿਥਿਹਾਸਕ ਪਾਤਰ "ਤਾਰਾ" ਦਾ ਜੀਵਨੀ ਮੂਲਕ ਲੇਖ ਪੜ੍ਹਿਆ। ਮਾ. ਤਰਸੇਮ ਕੁਮਾਰ ਸ਼ਰਮਾ ਸਮਰਾਲਾ ਨੇ ਕਵਿਤਾ, ਲਾਲੀ ਕਰਤਾਰੀ ਨੇ ਆਪਣੀ ਪੁਰਾਣੀ ਕਹਾਣੀ "ਅਸਮਾਨੀ ਰੰਗੀ ਜੀਨ" ਪੜ੍ਹੀ। ਪੜ੍ਹੀਆਂ ਗਈਆਂ ਰਚਨਾਵਾਂ ਉੱਤੇ ਵਿਚਾਰ ਚਰਚਾ ਵਿੱਚ ਉਪਰੋਕਤ ਤੋਂ ਇਲਾਵਾ ਕਹਾਣੀਕਾਰ ਬਲਵਿੰਦਰ ਸਿੰਘ ਗਰੇਵਾਲ, ਮੁਖ਼ਤਿਆਰ ਸਿੰਘ, ਸਭਾ ਦੇ ਪ੍ਰਧਾਨ ਸਿਮਰਜੀਤ ਸਿੰਘ ਕੰਗ, ਮੀਤ ਪ੍ਰਧਾਨ ਕਹਾਣੀਕਾਰ ਸੰਦੀਪ ਸਮਰਾਲਾ, ਯਤਿੰਦਰ ਕੌਰ ਮਾਹਲ, ਜਨਰਲ ਸਕੱਤਰ ਦੀਪ ਦਿਲਬਰ, ਵਿੱਤ ਸਕੱਤਰ ਅਮਨਦੀਪ ਸਮਰਾਲਾ, ਕਹਾਣੀਕਾਰ ਰਵਿੰਦਰ ਰੁਪਾਲ ਕੌਲਗੜ੍ਹ, ਬੁੱਧ ਸਿੰਘ ਨੀਲੋਂ, ਗੁਰਭਗਤ ਗਿੱਲ (ਸ੍ਰੀ ਭੈਣੀ ਸਾਹਿਬ), ਅਮਨ ਆਜ਼ਾਦ, ਸੰਤੋਖ ਸਿੰਘ ਕੋਟਾਲਾ, ਲਖਵੀਰ ਸਿੰਘ ਲੱਭਾ, ਨੇਤਰ ਸਿੰਘ ਮੁੱਤੋਂ, ਹਰਜਿੰਦਰ ਕੌਰ ਅਤੇ ਅਸ਼ਨੂਰਵੀਰ ਸਿੰਘ ਆਦਿ ਨੇ ਵੀ ਭਾਗ ਲਿਆ। ਸਮੁੱਚੀ ਮੀਟਿੰਗ ਦੀ ਕਾਰਵਾਈ ਦੀਪ ਦਿਲਬਰ ਨੇ ਨਿਭਾਈ।

# ਦਲਜੀਤ ਸਿੰਘ ਸੋਢੀ ਥਾਣੇਦਾਰ ਬਣਿਆ



ਬਾਘਾ ਪੁਰਾਣਾ (ਮਨੀ ਸਿੰਗਲਾ)-ਸਹਾਇਕ ਥਾਣੇਦਾਰ ਦਲਜੀਤ ਸਿੰਘ ਸੋਢੀ ਨੂੰ ਤਰੱਕੀ ਮਿਲਣ ਉਪਰੰਤ ਸਬ-ਇੰਸਪੈਕਟਰ ਬਣਾਇਆ ਗਿਆ ਹੈ। ਤਰੱਕੀ ਮਿਲਣ ਤੋਂ ਬਾਅਦ ਉਨ੍ਹਾਂ ਨੇ ਏ.ਐਸ.ਟੀ.ਐਫ. ਮੋਗਾ ਦਾ ਚਾਰਜ ਸੰਭਾਲ ਲਿਆ ਹੈ। ਇਸ ਮੌਕੇ ਏ.ਐਸ.ਟੀ.ਐਫ. ਦੇ ਏ.ਆਈ.ਜੀ. ਗੁਰਵਿੰਦਰਵੀਰ ਸਿੰਘ, ਡੀ.ਐਸ.ਪੀ. ਭੁਪਿੰਦਰ ਸਿੰਘ, ਡੀ.ਐਸ.ਪੀ. ਸਤਪਾਲ ਸਿੰਘ ਅਤੇ ਡੀ.ਐਸ.ਪੀ. ਪ੍ਰਿਥਵੀ ਪਾਲ ਸਿੰਘ ਵੱਲੋਂ ਉਨ੍ਹਾਂ ਦੇ ਮੋਢਿਆਂ 'ਤੇ ਸਟਾਰ ਲਗਾ ਕੇ ਤਰੱਕੀ ਦੀ ਵਧਾਈ ਦਿੱਤੀ ਗਈ। ਇਸ ਮੌਕੇ ਅਧਿਕਾਰੀਆਂ ਨੇ ਥਾਣੇਦਾਰ ਦਲਜੀਤ ਸਿੰਘ ਸੋਢੀ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਉਹ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਤਨਦੇਹੀ ਨਾਲ ਨਿਭਾਉਣਗੇ।

# ਭਸਮੜਾ 'ਚ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਆਖ ਕਈ ਪ੍ਰਮੁੱਖ ਆਗੂ ਤੇ ਪਰਵਾਰ ਆਪ 'ਚ ਸ਼ਾਮਲ

ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)- ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਭਸਮੜਾ ਵਿਖੇ ਵਿਸ਼ੇਸ਼ ਲੋਕ ਮਿਲਣੀ ਪ੍ਰੋਗਰਾਮ ਕੀਤਾ ਗਿਆ। ਇਸ ਦੌਰਾਨ ਰਵਾਇਤੀ ਪਾਰਟੀਆਂ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ, ਜਦੋਂ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਅਤੇ ਲਵਤਾਰ ਸਿੰਘ ਦੀ ਅਗਵਾਈ ਵਿੱਚ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਆਖ ਕੇ ਕਈ ਪ੍ਰਮੁੱਖ ਆਗੂ ਤੇ ਪਰਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਦਾ ਸਿਰੋਪਾਓ ਭੇਟ ਕਰਕੇ ਆਪ ਪਰਵਾਰ ਵਿੱਚ ਨਿੱਘਾ ਸਵਾਗਤ ਕੀਤਾ।ਇਸ ਮੌਕੇ ਉਨ੍ਹਾਂ ਨਾਲ ਬਲਾਕ ਪ੍ਰਧਾਨ ਪਰਮਪਾਲ ਸਿੰਘ, ਸਰਪੰਚ ਬਲਬੀਰ ਸਿੰਘ, ਸਰਪੰਚ ਅਮਰਜੀਤ ਕੌਰ ਆਪ ਦੇ ਸੀਨੀਅਰ ਆਗੂ, ਸਥਾਨਕ ਸਰਪੰਚ-ਪੰਚ, ਪਾਰਟੀ ਵਰਕਰ ਅਤੇ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ। ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਖਿਆ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ



ਸਰਕਾਰ ਵੱਲੋਂ ਬਿਨਾਂ ਕਿਸੇ ਭੇਦਭਾਵ ਦੇ ਕੀਤੇ ਜਾ ਰਹੇ ਲੋਕ-ਪੱਖੀ ਵਿਕਾਸ ਕਾਰਜਾਂ ਅਤੇ ਪਾਰਦਰਸ਼ੀ ਨੀਤੀਆਂ ਤੋਂ ਪ੍ਰਭਾਵਤ ਹੋ ਕੇ ਹਰ ਵਰਗ ਦੇ ਲੋਕ ਲਗਾਤਾਰ ਆਮ ਆਦਮੀ ਪਾਰਟੀ ਦਾ ਪੱਲਾ ਫੜ ਰਹੇ ਹਨ। ਪਿੰਡ ਭਸਮੜਾ ਵਿਖੇ ਹੋਈ ਇਸ ਜੁਆਇਨਿੰਗ ਨੇ ਸਾਬਤ ਕਰ ਦਿੱਤਾ ਹੈ ਕਿ ਲੋਕ ਰਵਾਇਤੀ ਸਿਆਸਤ ਨੂੰ ਨਕਾਰ ਕੇ ਕੇਵਲ ਵਿਕਾਸ ਦੇ ਨਾਲ ਖੜ੍ਹੇ ਹਨ। ਪਾਰਟੀ ਵਿੱਚ ਸ਼ਾਮਲ ਹੋਏ ਹਰੇਕ ਸਾਥੀ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ।

# ਯੂਥ ਵਿੰਗ ਨੂੰ ਬੂਥ ਪੱਧਰ 'ਤੇ ਮਜ਼ਬੂਤ ਕਰਨ ਲਈ ਯੂਥ ਅਕਾਲੀ ਆਗੂਆਂ ਦੀ ਮੀਟਿੰਗ

ਬਾਘਾ ਪੁਰਾਣਾ (ਮਨੀ ਸਿੰਗਲਾ)-ਸ਼੍ਰੋਮਣੀ ਅਕਾਲੀ ਦਲ ਦੇ ਯੂਥ ਵਿੰਗ ਦੀ ਇੱਕ ਅਹਿਮ ਮੀਟਿੰਗ ਯੂਥ ਆਗੂ ਜਗਸੀਰ ਸਿੰਘ ਸਿੱਧੂ ਸੀਰੂ ਕੌਮੀ ਯੂਥ ਪ੍ਰਧਾਨ ਅਤੇ ਰਣਜੀਤ ਸਿੰਘ ਝੀਤੇ ਦੀ ਅਗਵਾਈ ਹੇਠ ਉਨ੍ਹਾਂ ਦੇ ਦਫ਼ਤਰ ਵਿਖੇ ਹੋਈ। ਮੀਟਿੰਗ ਵਿਚ ਆਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਅਤੇ ਯੂਥ ਵਿੰਗ ਨੂੰ ਬੂਥ ਪੱਧਰ 'ਤੇ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿਚ ਜੇ.ਪੀ. ਬਰਾੜ ਕੌਮੀ ਵਾਈਸ ਪ੍ਰਧਾਨ ਯੂਥ ਵਿਸ਼ੇਸ਼ ਤੌਰ 'ਤੇ ਪਹੁੰਚੇ । ਜਗਸੀਰ ਸਿੰਘ ਸਿੱਧੂ, ਸ਼ਿਵਰਾਜ ਰਾਜੂ ਡੀ.ਪੀ., ਜੱਗੀ, ਹਰਿੰਦਰ ਹਿੰਦਾ, ਬਰਹਮ ਸਿੰਘ ਸ਼ੀਤਲ, ਗੋਲੂ, ਅਮਿਤ ਜਿੰਦਲ, ਸਾਹਿਲ ਪ੍ਰੀਤ, ਰਾਜੂ ਬਰਾੜ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਯੂਥ ਆਗੂਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਆਗੂਆਂ ਵੱਲੋਂ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਅਤੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਵਿਸ਼ੇਸ਼ ਮੁਹਿੰਮ ਚਲਾਉਣ 'ਤੇ ਜ਼ੋਰ ਦਿੱਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜਗਸੀਰ ਸਿੰਘ ਸੀਰੂ ਨੇ ਕਿਹਾ ਕਿ ਯੂਥ ਕਿਸੇ ਵੀ ਸਿਆਸੀ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦਾ ਹੈ ਅਤੇ ਨੌਜਵਾਨਾਂ ਦੀ ਸਰਗਰਮ ਭੂਮਿਕਾ ਤੋਂ ਬਿਨਾਂ ਸੰਗਠਨ ਨੂੰ ਮਜ਼ਬੂਤ ਕਰਨਾ ਸੰਭਵ ਨਹੀਂ। ਰਣਜੀਤ ਸਿੰਘ ਝੀਤੇ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿਚ ਰੱਖਦਿਆਂ ਯੂਥ ਵਿੰਗ ਦੇ ਵਰਕਰਾਂ



ਨੂੰ ਹਰ ਬੂਥ 'ਤੇ ਸਰਗਰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵਰਕਰਾਂ ਨਾਲ ਲਗਾਤਾਰ ਸੰਪਰਕ ਕਰਕੇ ਸੰਗਠਨ ਨੂੰ ਮਜ਼ਬੂਤ ਕੀਤਾ ਜਾਵੇਗਾ। ਇਸ ਮੌਕੇ ਹਾਜ਼ਰ ਯੂਥ ਆਗੂਆਂ ਨੇ ਜਥੇਦਾਰ ਤੀਰਥ ਸਿੰਘ ਮਾਹਲਾ ਨੂੰ ਬਾਘਾ ਪੁਰਾਣਾ ਵਿਧਾਨ ਸਭਾ ਹਲਕੇ ਤੋਂ ਵੱਡੀ ਲੀਡ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣ ਦਾ ਪ੍ਰਣ ਕੀਤਾ।

# ਕਾਂਗਰਸ ਦੀ ਖਿੱਚੋਤਾਣ ਤੋਂ ਵਰਕਰ ਦੁਖੀ : ਗੋਲਡੀ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਤੇ ਹਲਕਾ ਧੂਰੀ ਤੋਂ ਟਕਸਾਲੀ ਕਾਂਗਰਸੀ ਆਗੂ ਇੰਦਰਪਾਲ ਸਿੰਘ ਗੋਲਡੀ ਨੇ ਸੂਬਾ ਕਾਂਗਰਸ ਦੀ ਮੌਜੂਦਾ ਸਥਿਤੀ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਦੀ ਸੂਬਾਈ ਲੀਡਰਸ਼ਿਪ ਅੰਦਰ ਚੱਲ ਰਹੀ ਆਪਸੀ ਖਿੱਚੋਤਾਣ ਅਤੇ ਗੁੱਟਬੰਦੀ ਕਾਰਨ ਜ਼ਮੀਨੀ ਪੱਧਰ 'ਤੇ ਦਿਨ-ਰਾਤ ਮਿਹਨਤ ਕਰਨ ਵਾਲੇ ਵਰਕਰਾਂ ਦੇ ਹੌਸਲੇ ਪਸਤ ਹੋ ਰਹੇ ਹਨ। ਗੋਲਡੀ ਨੇ ਕਿਹਾ ਕਿ ਪੰਜਾਬ ਦਾ ਆਮ ਕਾਂਗਰਸੀ ਵਰਕਰ ਅਤੇ ਪਾਰਟੀ ਨਾਲ ਨਿਰੰਤਰ ਜੁੜਿਆ ਵੋਟਰ ਇਸ ਆਪਸੀ ਫੁੱਟ ਅਤੇ ਖਿੱਚੋਤਾਣ ਤੋਂ ਬੇਹੱਦ ਦੁੱਖੀ ਅਤੇ ਨਿਰਾਸ਼ ਹੈ। ਆਗੂਆਂ ਦੀ ਨਿੱਜੀ ਖਹਿਬਾਜ਼ੀ ਕਾਰਨ ਪਾਰਟੀ ਦੀ ਮਜ਼ਬੂਤ ਪਕੜ ਢਿੱਲੀ ਪੈ ਰਹੀ ਹੈ, ਜਿਸ ਦਾ ਸਿੱਧਾ ਅਸਰ ਪਾਰਟੀ ਦੇ ਆਧਾਰ ਅਤੇ ਵਰਕਰਾਂ ਦੇ ਮਨੋਬਲ 'ਤੇ ਪੈ ਰਿਹਾ ਹੈ।

# ਪੰਜਾਬ ਅੰਦਰ ਕਾਂਗਰਸ ਬੂਥ ਪੱਧਰ 'ਤੇ ਮਜ਼ਬੂਤ-ਸੰਧੂ



ਸਨੌਰ (ਪਟਿਆਲਾ) (ਰਜਿੰਦਰ ਸਿੰਘ ਥਿੰਦ) -ਵਿਧਾਨ ਸਭਾ ਹਲਕਾ ਸਨੌਰ 'ਚ ਕਾਂਗਰਸ ਦੇ ਸੀਨੀਅਰ ਆਗੂ ਅਤੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੀਨੀਅਰ ਵਾਇਸ ਪ੍ਰਧਾਨ ਗੌਰਵ ਸੰਧੂ ਨੇ ਆਪਣੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਸਨੌਰ ਵਿਖੇ ਕਾਂਗਰਸ ਦੇ ਆਗੂਆਂ ਅਤੇ ਵਰਕਰਾਂ ਨੂੰ ਸੰਬੋਧਨ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲ ਬਾਤ ਕਰਦੇ ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵਾਅਦੇ ਪੂਰੇ ਨਹੀਂ ਕੀਤੇ ਤੇ ਕੇਵਲ ਕਾਗਜ਼ੀ ਦਾਅਵੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਪੂਰੀ ਤਰਾਂ ਤਿਆਰ ਹੈ ਤੇ ਬੂਥ ਪੱਧਰ 'ਤੇ ਪਾਰਟੀ ਮਜਬੂਤ ਸਥਿਤੀ ਵਿਚ ਹੈ। ਇਸ ਮੌਕੇ ਕਾਂਗਰਸ ਦੇ ਬਹੁਤ ਸਾਰੇ ਆਗੂ ਮੌਜੂਦ ਸਨ

# ਅਗਰਵਾਲ ਧਰਮਸ਼ਾਲਾ 'ਚ ਮੁਫ਼ਤ ਹੋਮਿਓਪੈਥਿਕ ਕੈਂਪ ਸ਼ੁਰੂ

ਸਮਾਣਾ ( ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)-ਸਮਾਣਾ ਸ਼ਹਿਰ ਵਿੱਚ ਲੰਬੇ ਸਮੇਂ ਤੋਂ ਮੁਫ਼ਤ ਹੋਮਿਓਪੈਥਿਕ ਡਾਕਟਰੀ ਸੇਵਾਵਾਂ ਪ੍ਰਦਾਨ ਕਰ ਰਹੇ ਪ੍ਰਸਿੱਧ ਹੋਮਿਓਪੈਥਿਕ ਡਾਕਟਰ ਡਾ. ਨਿਰਮਲ ਸਿੰਘ ਵੱਲੋਂ ਹੁਣ ਅਗਰਵਾਲ ਧਰਮਸ਼ਾਲਾ ਸਮਾਣਾ ਵਿਖੇ ਮੁਫ਼ਤ



ਹੋਮਿਓਪੈਥਿਕ ਮੈਡੀਕਲ ਕੈਂਪ ਸ਼ੁਰੂ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਇਹ ਕੈਂਪ ਅਗਰਵਾਲ ਗਊਸ਼ਾਲਾ ਸਮਾਣਾ ਵਿਖੇ ਲਗਾਇਆ ਜਾਂਦਾ ਸੀ। ਹੁਣ ਅਗਰਵਾਲ ਗਊਸ਼ਾਲਾ ਅਤੇ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਸਾਂਝੇ ਸਹਿਯੋਗ ਨਾਲ ਇਲਾਕਾ ਵਾਸੀਆਂ ਨੂੰ ਇਹ ਸਿਹਤ ਸੇਵਾ ਅਗਰਵਾਲ ਧਰਮਸ਼ਾਲਾ ਵਿਖੇ ਹੀ ਉਪਲਬਧ ਕਰਵਾਈ ਜਾਵੇਗੀ।ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਰਸ਼ਨ ਮਿੱਤਲ ਅਤੇ ਸਾਬਕਾ ਪ੍ਰਧਾਨ ਜੀਵਨ ਗਰਗ ਨੇ ਕਿਹਾ ਕਿ ਡਾ. ਨਿਰਮਲ ਸਿੰਘ ਸਮਾਣਾ ਖੇਤਰ ਲਈ ਬਹੁਤ ਵੱਡੀ ਦੇਣ ਹਨ। ਉਨ੍ਹਾਂ ਕਿਹਾ ਕਿ ਡਾਕਟਰ ਸਾਹਿਬ ਨੇ ਸਰਕਾਰੀ ਸੇਵਾ ਦੌਰਾਨ ਵੀ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਅਤੇ ਸੇਵਾਮੁਕਤੀ ਤੋਂ ਬਾਅਦ ਵੀ ਆਪਣੇ ਤਜਰਬੇ ਅਤੇ ਮਾਹਿਰਤਾ ਦਾ ਲਾਭ ਆਮ ਲੋਕਾਂ ਨੂੰ ਮੁਫ਼ਤ ਦੇ ਰਹੇ ਹਨ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਿੱਥੇ ਸਿਹਤ ਸੇਵਾਵਾਂ ਲਗਾਤਾਰ ਮਹਿੰਗੀਆਂ ਹੁੰਦੀਆਂ ਜਾ ਰਹੀਆਂ ਹਨ, ਉੱਥੇ ਕਿਸੇ ਤਜਰਬੇਕਾਰ ਡਾਕਟਰ ਵੱਲੋਂ ਬਿਨਾਂ ਕਿਸੇ ਆਰਥਿਕ ਲਾਭ ਦੇ ਸਾਲਾਂ ਤੋਂ ਲੋਕਾਂ ਦੀ ਸੇਵਾ ਕਰਨਾ ਆਪਣੇ ਆਪ ਵਿੱਚ ਇੱਕ ਮਿਸਾਲ ਹੈ। ਉਨ੍ਹਾਂ ਦੱਸਿਆ ਕਿ ਇਹ ਹੋਮਿਓਪੈਥਿਕ ਕੈਂਪ ਇੱਕ ਸ਼ਨੀਵਾਰ ਛੱਡ ਕੇ ਮਹੀਨੇ ਵਿੱਚ ਦੋ ਵਾਰ ਅਗਰਵਾਲ ਧਰਮਸ਼ਾਲਾ ਵਿਖੇ ਲਗਾਇਆ ਜਾਵੇਗਾ।ਉਨ੍ਹਾਂ ਇਲਾਕੇ ਦੀਆਂ ਹੋਰ ਸਮਾਜਸੇਵੀ ਸੰਸਥਾਵਾਂ ਨੂੰ ਵੀ ਅਜਿਹੇ ਲੋਕ ਭਲਾਈ ਦੇ ਸੇਵਾ ਕਾਰਜਾਂ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ।ਇਸ ਮੌਕੇ ਵਿਕਾਸ ਗਰਗ ਵਿੱਕੀ, ਰਿਸ਼ੂ ਕਰਹਾਲੀ, ਸਾਜਨ ਜਿੰਦਲ, ਬ੍ਰਿਜਭਾਨ ਬੌਬੀ ਚੌਧਰੀ, ਰਵੀ ਕੁਮਾਰ ਟਿੰਮਾ, ਸੋਨੂੰ ਬਾਂਸਲ, ਤੇਜਿੰਦਰ ਕੁਮਾਰ, ਨਵੀਨ ਕੁਮਾਰ, ਨਿਸ਼ਾਂਤ ਕੁਮਾਰ ਆਦਿ ਹਾਜ਼ਰ ਸਨ।

# ਸਿੱਖਿਆ ਦੇ ਖੇਤਰ 'ਚ ਪੰਜਾਬ ਬਣਿਆ ਮੋਹਰੀ ਸੂਬਾ : ਕਾਉਣੀ

ਗਿੱਦੜਬਾਹਾ (ਜਸਵੰਤ ਗਿੱਲ)-ਸਿੱਖਿਆ ਦੇ ਖੇਤਰ ਵਿੱਚ ਪੰਜਾਬ ਸਰਕਾਰ ਵੱਲੋਂ ਲਿਆਂਦੀ ਜਾ ਰਹੀ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ. ਸੁਖਜਿੰਦਰ ਸਿੰਘ ਕਾਉਣੀ ਨੇ ਇੱਕ ਸੁਖਣਾ ਅਬਲੂ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ (ਸੰਧੂ ਪੱਤੀ) ਵਿੱਚ ਕੀਤਾ। ਸ. ਕਾਉਣੀ ਨੇ ਦੱਸਿਆ ਕਿ ਸਕੂਲ ਵਿੱਚ ਬੱਚਿਆਂ ਦੇ ਦੁਪਹਿਰ ਦੇ ਖਾਣੇ ਦੀ ਸੁਚੱਜੀ ਵਿਵਸਥਾ ਲਈ ਰਸੋਈ, ਸ਼ੈੱਡ ਅਤੇ ਸਟੋਰ ਬਣਾਉਣ ਵਾਸਤੇ ਉਨ੍ਹਾਂ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ 5.50 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਵਿਦਿਆਰਥੀਆਂ ਨੂੰ ਮਿਆਰੀ ਅਤੇ ਸੁਵਿਧਾਜਨਕ ਵਿੱਦਿਅਕ ਮਾਹੌਲ ਪ੍ਰਦਾਨ ਕਰਨਾ ਹੈ । ਇਸ ਮੌਕੇ ਮੁੱਖ ਅਧਿਆਪਕ ਜਸਵਿੰਦਰ ਕੌਰ, ਪਰਮਿੰਦਰਜੀਤ ਸਿੰਘ ਲਵਲੀ ਸਰਪੰਚ,



ਇੰਦਰਜੀਤ ਸਿੰਘ ਮੈਂਬਰ, ਕਾਲਾ ਅੰਤਰਰਾਸ਼ਟਰੀ ਕਬੱਡੀ ਖਿਡਾਰੀ, ਨਿੰਦਰ ਬਰਾੜ, ਗੁਰਪਿਆਰ ਫੌਜੀ, ਪ੍ਰਿਤਪਾਲ ਸਿੰਘ, ਰੇਸ਼ਮ ਬਰਾੜ, ਜਗਨ ਨਾਥ, ਬਲਦੇਵ ਸਿੰਘ, ਜਗਸੀਰ ਨੰਬਰਦਾਰ, ਗੁਰਜੰਟ ਸਿੰਘ, ਡਾ. ਗਗਨ, ਜਸਪ੍ਰੀਤ ਕੌਰ , ਮਾਸਟਰ ਮਨਦੀਪ ਸਿੰਘ ਤੋਂ ਇਲਾਵਾ ਸਮੂਹ ਸਟਾਫ ਅਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ

# ਸੈਂਪਲ ਫੇਲ੍ਹ ਹੋਇਆ ਤਾਂ ਫੈਕਟਰੀ ਬੰਦ ਕਰਵਾਵਾਂਗੇ: ਸਰਪੰਚ



ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ) —ਜਹਾਂਗੀਰ ਵਿਖੇ ਸਥਿਤ ਈਥਾਨੋਲ ਫੈਕਟਰੀ ਕਾਰਨ ਹਵਾ ਅਤੇ ਪਾਣੀ ਦੇ ਪ੍ਰਦੂਸ਼ਿਤ ਹੋਣ ਦੇ ਖਦਸ਼ਿਆਂ ਨੂੰ ਲੈ ਕੇ ਇਲਾਕੇ ਵਿੱਚ ਵਧ ਰਹੇ ਰੋਸ ਦਰਮਿਆਨ ਇਲਾਕੇ ਦੇ ਸਰਪੰਚਾਂ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਟੀਮ ਵੱਲੋਂ ਫੈਕਟਰੀ ਦਾ ਨਿਰੀਖਣ ਕੀਤਾ ਗਿਆ। ਜਾਂਚ ਦੌਰਾਨ ਫੈਕਟਰੀ ਵਿੱਚ ਕੋਈ ਖਾਮੀ ਨਹੀਂ ਮਿਲੀ। ਇਸ ਮੌਕੇ ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਹਰਜੀਤ ਸਿੰਘ ਬੁਗਰਾ, ਮਨਪ੍ਰੀਤ ਸਿੰਘ ਬੁਗਰਾ, ਜਗਤਾਰ ਸਿੰਘ ਬਾਦਸ਼ਾਹਪੁਰ, ਅਮਨ ਘਨੌਰ ਖੁਰਦ, ਜਸਵਿੰਦਰ ਸਿੰਘ ਘਨੌਰ ਕਲਾਂ, ਮਨਪ੍ਰੀਤ ਸ਼ਰਮਾ ਜਹਾਂਗੀਰ ਅਤੇ ਜਗਤਾਰ ਸਿੰਘ ਬਾਜਵਾ ਸਮੇਤ ਹੋਰ ਮੌਜੂਦ ਸਨ। ਸਰਪੰਚਾਂ ਨੇ ਕਿਹਾ ਕਿ ਫੈਕਟਰੀ ਦੇ ਤਿੰਨ ਬੋਰਾਂ ਦੇ ਨਮੂਨੇ ਵਿਭਾਗ ਵੱਲੋਂ ਲਏ ਗਏ ਹਨ। ਜੇਕਰ ਇੱਕ ਵੀ ਨਮੂਨਾ ਫੇਲ੍ਹ ਹੋਇਆ ਤਾਂ ਉਹ ਖੁਦ ਲੋਕਾਂ ਦੇ ਨਾਲ ਖੜ੍ਹ ਕੇ ਫੈਕਟਰੀ ਬੰਦ ਕਰਵਾਉਣ ਲਈ ਸੰਘਰਸ਼ ਕਰਨਗੇ।

# ਪਰਵੀਨ ਅਨੇਜਾ ਸਮੂਹ ਮੰਦਰਾਂ ਦੀ ਸਮਿਤੀ ਦੇ ਪ੍ਰਧਾਨ ਬਣੇ



ਰਾਜਪੁਰਾ ( ਰਮੇਸ਼ ਕਟਾਰੀਆ) : ਪ੍ਰਸਿੱਧ ਵਪਾਰੀ ਅਤੇ ਸਮਾਜ ਸੇਵੀ ਸ਼੍ਰੀ ਪਰਵੀਨ ਅਨੇਜਾ ਨੂੰ ਰਾਜਪੁਰਾ ਦੇ ਸਮੂਹ ਮੰਦਰਾਂ ਦੀ ਬਣੀ ਸੰਮਿਤੀ ਦਾ ਪ੍ਰਧਾਨ ਚੁਣਿਆ ਗਿਆ ਅਤੇ ਇਸ ਮੌਕੇ ਮੁਖੀ ਮਾਧੋ ਦਾਸ ਨੂੰ ਚੇਅਰਮੈਨ ਤੇ ਪ੍ਰਦੀਪ ਨੰਦਾ ਨੂੰ ਜਨਰਲ ਸਕੱਤਰ ਚੁਣਿਆ ਗਿਆ। ਇਸ ਮੌਕੇ ਵਿਸ਼ਵ ਹਿੰਦੂ ਪ੍ਰੀਸ਼ਦ ਪੰਜਾਬ ਦੇ ਸਹਿ ਮੰਤਰੀ ਵਿਜੈ ਛਾਬੜਾ ਵਿਸ਼ੇਸ਼ ਤੌਰ 'ਤੇ ਪੁੱਜੇ ਸਨ।ਚੋਣ ਉਪਰੰਤ ਪ੍ਰਧਾਨ ਸ਼੍ਰੀ ਪਰਵੀਨ ਅਨੇਜਾ ਨੇ ਕਿਹਾ ਕਿ ਸਨਾਤਨ ਨੂੰ ਬਚਾਉਣ ਲਈ ਸਾਰਿਆ ਨੂੰ ਇਕਜੁੱਟ ਹੋਣ ਦੀ ਲੋੜ ਹੈ ਇਸ ਕਰਕੇ ਸਾਨੂੰ ਵਿਸ਼ਵ ਹਿੰਦੂ ਪ੍ਰੀਸ਼ਦ, ਬਜਰੰਗ ਦਲ ਅਤੇ ਹੋਰ ਕਈ ਧਾਰਮਿਕ ਸੰਸਥਾਵਾਂ ਨੂੰ ਮੋਢੇ ਨਾਲ ਮੋਢਾ ਮਿਲਾ ਕੇ ਚਲਣਾ ਚਾਹੀਦਾ ਹੈ।


# ਸੁਤੰਤਰਤਾ ਦਿਵਸ ਮੌਕੇ ਵਿਰੇਂਦਰ ਕੁਮਾਰ ਈ ਟੀ ਟੀ ਅਧਿਆਪਕ ਸਨਮਾਨਤ



ਮਾਨਸਾ (ਆਤਮਾ ਸਿੰਘ ਪਮਾਰ)- ਸਰਕਾਰੀ ਪ੍ਰਾਇਮਰੀ ਸਕੂਲ ਕਰੀਪੁਰ ਡੁੰਬ ਦੇ ਅਧਿਆਪਕ ਵਰਿੰਦਰ ਕੁਮਾਰ ਨੂੰ ਸਿੱਖਿਆ ਵਿਭਾਗ 'ਚ ਵਧੀਆ ਸੇਵਾਵਾਂ ਨਿਭਾਉਣ ਲਈ ਅਤੇ ਸਕੂਲ 'ਚ ਬਿਹਤਰ ਕਾਰਗੁਜ਼ਾਰੀ ਲਈ ਐਸ ਡੀ ਐਮ ਸਰਦੂਲਗੜ੍ਹ ਹਰਜਿੰਦਰ ਸਿੰਘ ਜੱਸਲ ਵੱਲੋਂ ਤਹਿਸੀਲ ਪੱਧਰੀ ਆਜ਼ਾਦੀ ਸਮਾਗਮ ਦੌਰਾਨ ਸਨਮਾਨਤ ਕੀਤਾ ਗਿਆ।ਇਸ ਮੌਕੇ ਨਾਇਬ ਤਹਿਸੀਲਦਾਰ ਕਰਮਜੀਤ ਸਿੰਘ, ਕਾਰਜਸਾਧਕ ਅਫ਼ਸਰ ਸਰਦੂਲਗੜ੍ਹ, ਨਗਰਪਾਲਿਕਾ ਪ੍ਰਧਾਨ ਸਰਦੂਲਗੜ੍ਹ, ਕੌਂਸਲਰ ਸਾਹਿਬਾਨ, ਗੁਰਮੀਤ ਸਿੰਘ ਝੁਨੀਰ, ਜ਼ਿਲ੍ਹਾ ਪ੍ਰੀਸ਼ਦ ਮਾਨਸਾ ਦੇ ਵਾਇਸ ਚੇਅਰਮੈਨ ਗੁਰਮੀਤ ਸਿੰਘ ਫੱਤਾ ਮਾਲੋਕਾ,'ਖ ਵੱਖ ਸਕੂਲਾਂ ਦੇ ਅਧਿਆਪਕ, ਆਮ ਲੋਕ ਅਤੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀ ਵੀ ਹਾਜ਼ਰ ਸਨ।

# ਬਾਬਾ ਮੋਨੀ ਜੀ ਗਰੁੱਪ ਆਫ ਕਾਲਜਿਜ਼ ਵਿਖੇ ਤੀਜ ਦਾ ਤਿਉਹਾਰ ਮਨਾਇਆ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਬਾਬਾ ਮੋਨੀ ਜੀ ਗਰੁੱਪ ਆਫ ਕਾਲਜਿਜ਼ ਲਹਿਰਾ ਮੁਹੱਬਤ ਵਿਖੇ ਤੀਜ ਦਾ ਤਿਉਹਾਰ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ।



ਇਸ ਵਿੱਚ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਮਹਿੰਦੀ ਮੁਕਾਬਲੇ ਵਿੱਚ ਸਹਿਜਦੀਪ ਕੌਰ ਤੇ ਲਵਜੋਤ ਕੌਰ ਨੇ ਪਹਿਲਾ ਅਤੇ ਅਨਮੋਲਪ੍ਰੀਤ ਕੌਰ ਤੇ ਸਿਮਰਨਜੀਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। 'ਮਿਸ ਤੀਜ' ਦਾ ਖਿਤਾਬ ਮਹਿਕਦੀਪ ਕੌਰ ਤੇ ਖੁਸ਼ਪ੍ਰੀਤ ਕੌਰ ਅਤੇ 'ਮਿਸ ਪੰਜਾਬਣ' ਦਾ ਖਿਤਾਬ ਸੁਮਨਜੀਤ ਕੌਰ ਤੇ ਮਨਪਿੰਦਰ ਨੇ ਜਿੱਤਿਆ। ਵਿਦਿਆਰਥਣਾਂ ਨੇ ਪੰਜਾਬੀ ਲੋਕ ਗੀਤ, ਗਿੱਧਾ ਤੇ ਬੋਲੀਆਂ ਪਾ ਕੇ ਸਮਾਗਮ ਨੂੰ ਚਾਰ ਚੰਨ ਲਾ ਦਿੱਤੇ। ਪ੍ਰਿੰਸੀਪਲ ਅਤੇ ਕਾਲਜ ਦੀ ਮੈਨੇਜਮੈਂਟ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਨੂੰ ਆਪਣੀਆਂ ਜੜ੍ਹਾਂ ਰਿਵਾਜਾਂ ਅਤੇ ਪੰਜਾਬੀ ਸੱਭਿਆਚਾਰ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸਮਾਗਮ ਦੇ ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ਅਤੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਗਈ।

# ਮਜ਼ਦੂਰ ਪਰਵਾਰਾਂ ਨੂੰ ਪਲਾਟ ਦੇਣ ਬਾਰੇ ਐੱਸ ਡੀ ਐੱਮ ਵੱਲੋਂ ਮੀਟਿੰਗ


ਪਾਤੜਾਂ (ਨਿਸ਼ਾਨ ਸਿੰਘ ਵਣਵਾਲਾ)-ਐਸ ਡੀ ਐਮ ਪਾਤੜਾਂ ਦੇ ਕਾਲਾ ਰਾਮ ਕਾਂਸਲ ਦੀ ਅਗਵਾਈ ਵਿੱਚ ਮੀਟਿੰਗ ਹੋਈ। ਜਿਸ 'ਚ ਨੌਜਵਾਨ ਭਾਰਤ ਸਭਾ ਦੇ ਆਗੂਆਂ ਤੋਂ ਇਲਾਵਾ



ਨਗਰ ਪੰਚਾਇਤ ਘੱਗਾ ਦੇ ਜੇ ਈ ਅਤੇ ਪ੍ਰਧਾਨ ਸ਼ਾਮਲ ਹੋਏ। ਮੀਟਿੰਗ 'ਚ ਘੱਗਾ ਵਿੱਚ ਲੰਮੇ ਸਮੇਂ ਤੋਂ ਝੁੱਗੀਆਂ ਵਿੱਚ ਰਹਿੰਦੇ ਮਜ਼ਦੂਰ ਪਰਵਾਰਾਂ ਨੂੰ 5-5 ਮਰਲੇ ਦੇ ਪਲਾਟ ਦੇਣ ਸਬੰਧੀ ਨਗਰ ਪੰਚਾਇਤ ਵੱਲੋਂ ਪਾਏ ਗਏ ਮਤੇ ਦੀ ਕਾਪੀ ਨੌਜਵਾਨ ਭਾਰਤ ਸਭਾ ਦੇ ਆਗੂਆਂ ਨੂੰ ਸੌਂਪੀ ਗਈ।ਨੌਜਵਾਨ ਭਾਰਤ ਸਭਾ ਦੇ ਸੂਬਾ ਆਗੂ ਦਵਿੰਦਰ ਛਬੀਲਪੁਰ ਨੇ ਕਿਹਾ ਕਿ ਮਜ਼ਦੂਰ ਪਰਵਾਰ ਲੰਮੇ ਸਮੇਂ ਤੋਂ ਹੱਕ ਲਈ ਸੰਘਰਸ਼ ਕਰ ਰਹੇ ਹਨ। ਸਿਰਫ਼ ਮਤੇ ਪਾਉਣ ਨਾਲ ਮਸਲਾ ਹੱਲ ਨਹੀਂ ਹੋਵੇਗਾ। ਉਨ੍ਹਾਂ ਕਿਹਾ ਕਿ ਮਜ਼ਦੂਰ ਪਰਵਾਰਾਂ ਨੂੰ ਪਲਾਟ ਅਮਲੀ ਤੌਰ 'ਤੇ ਅਲਾਟ ਕੀਤੇ ਜਾਣ। ਸਭਾ ਦੇ ਜ਼ਿਲ੍ਹਾ ਆਗੂ ਗੁਰਦੀਪ ਕਰਵਾਨੂੰ ਤੇ ਜਸਵੀਰ ਘੱਗਾ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਮਜ਼ਦੂਰ ਪਰਵਾਰਾਂ ਨੂੰ 5-5 ਮਰਲੇ ਦੇ ਪਲਾਟ ਦੇਣ ਦੀ ਮੰਗ ਨੂੰ ਅਮਲੀ ਰੂਪ ਵਿੱਚ ਲਾਗੂ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਨਗਰ ਪੰਚਾਇਤ ਘੱਗਾ ਅਤੇ ਪਾਤੜਾਂ ਪ੍ਰਸ਼ਾਸਨ ਦੀ ਹੋਵੇਗੀ।ਇਸ ਮੀਟਿੰਗ ਵਿਚ ਬਿੱਟੂ, ਖਿੜਕੀ ਪ੍ਰਧਾਨ, ਬੌਬੀ ਸ਼ਾਮਲ ਹੋਏ ।

# ਨਸ਼ਾ ਮੁਕਤ ਅਭਿਆਨ ਤਹਿਤ ਕਿਰਤੀ ਕਾਲਜ 'ਚ ਲੈਕਚਰ ਕਰਵਾਇਆ

ਪਾਤੜਾਂ : (ਨਿਸ਼ਾਨ ਸਿੰਘ ਵਣਵਾਲਾ)-ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਪ੍ਰਿੰਸੀਪਲ ਪ੍ਰੋ. ਗਗਨਦੀਪ ਚੀਮਾ (ਡਾਕਟਰ) ਦੀ ਰਹਿਨੁਮਾਈ ਹੇਠ ਰੈੱਡ ਰਿੱਬਨ ਕਲੱਬ ਅਤੇ ਐੱਨ ਐੱਸ ਐੱਸ ਵਿਭਾਗ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਇੱਕ ਵਿਸ਼ੇਸ਼ ਲੈਕਚਰ ਅਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਨ ਲਈ ਸਹੁੰ ਚੁਕਾਈ ਗਈ । ਇਸ ਮੌਕੇ ਬ੍ਰਹਮਕੁਮਾਰੀ ਆਸ਼ਰਮ ਤੋਂ ਮਮਤਾ ਦੀਦੀ, ਆਰਜ਼ੂ



ਦੀਦੀ ਅਤੇ ਮਹੇਸ਼ ਭਾਈ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਰੈੱਡ ਰਿੱਬਨ ਕਲੱਬ ਦੇ ਇੰਚਾਰਜ ਪ੍ਰੋ. ਹਰਮੀਤ ਸਿੰਘ ਨੇ ਨਸ਼ਾ ਮੁਕਤ ਭਾਰਤ ਅਭਿਆਨ ਦੇ ਉਦੇਸ਼ ਬਾਰੇ ਦੱਸਿਆ।ਕਾਲਜ ਪ੍ਰਿੰਸੀਪਲ ਪ੍ਰੋ. ਗਗਨਦੀਪ ਚੀਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਲੈਕਚਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨਸ਼ਿਆਂ ਅਤੇ ਨਸ਼ੀਲੇ ਪਦਾਰਥਾਂ ਦੇ ਸਰੀਰਕ, ਮਾਨਸਿਕ, ਸਮਾਜਿਕ ਅਤੇ ਆਰਥਿਕ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਅਤੇ ਨੌਜਵਾਨਾਂ ਨੂੰ ਸਿਹਤਮੰਦ ਤੇ ਜ਼ਿੰਮੇਵਾਰ ਜੀਵਨ-ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ। ਬ੍ਰਹਮਕੁਮਾਰੀ ਆਰਜ਼ੂ ਦੀਦੀ ਨੇ ਕਿਹਾ ਕਿ ਮੈਡੀਟੇਸ਼ਨ ਅਤੇ ਓਮ ਸ਼ਾਂਤੀ ਦੇ ਸ਼ਬਦ ਨਾਲ ਨਸ਼ਿਆਂ ਵਰਗੀ ਵੱਡੀ ਅਲਾਮਤਾਂ ਤੋਂ ਬਚਿਆ ਜਾ ਸਕਦਾ ਹੈ। ਮਮਤਾ ਦੀਦੀ ਨੇ ਵਿਦਿਆਰਥੀਆਂ ਨੂੰ ਮੈਡੀਟੇਸ਼ਨ ਕਰਨ ਦਾ ਢੰਗ ਦੱਸਿਆ। ਅੰਤ ਵਿੱਚ ਡਾ. ਜਸਵਿੰਦਰ ਸ਼ਰਮਾ ਨੇ ਸਮੂਹ ਸਟਾਫ ਵਿਦਿਆਰਥੀਆਂ ਅਤੇ ਮੁੱਖ ਵਕਤਾ ਦਾ ਰਸਮੀ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਕਾਲਜ ਸਟਾਫ਼ ਡਾ. ਜਤਿੰਦਰ ਸਿੰਘ, ਪ੍ਰੋ. ਜਗਦੀਸ਼ ਸਿੰਘ ਪ੍ਰੋ. ਮਨਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਕਾਲਜ ਵਿਦਿਆਰਥੀਆਂ ਨੇ ਭਾਗ ਲਿਆ ।

# ਹਲਵਾਰਾ ਏਅਰਪੋਰਟ ਦੀ ਤਰੱਕੀ ਤੇ ਚੜ੍ਹਦੀ ਕਲਾ ਲਈ ਸੁਖਮਨੀ ਸਾਹਿਬ ਦੇ ਪਾਠ

ਰਾਏਕੋਟ (ਸੰਤੋਖ ਗਿੱਲ)-ਕੌਮਾਂਤਰੀ ਹਵਾਈ ਅੱਡਾ ਹਲਵਾਰਾ ਦੀ ਤਰੱਕੀ, ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਲਈ ਸਿਵਲ



ਟਰਮੀਨਲ ਵਿੱਚ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਇਸ ਧਾਰਮਿਕ ਸਮਾਗਮ ਵਿੱਚ ਏਅਰਪੋਰਟ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਸੰਗਤਾਂ ਨੇ ਹਾਜ਼ਰੀ ਭਰੀ। ਏਅਰਪੋਰਟ ਅਥਾਰਿਟੀ ਦੇ ਡਾਇਰੈਕਟਰ ਜਗੀਰ ਸਿੰਘ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਪੂਰੇ ਸਤਿਕਾਰ ਅਤੇ ਮਰਿਆਦਾ ਸਹਿਤ ਸਿਵਲ ਟਰਮੀਨਲ ਵਿੱਚ ਲਿਆਂਦਾ ਗਿਆ। ਇਸ ਉਪਰੰਤ ਏਅਰਪੋਰਟ ਸਮੁੱਚੇ ਸਟਾਫ਼ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ।ਪਾਠ ਦੀ ਸਮਾਪਤੀ ਉਪਰੰਤ ਹਲਵਾਰਾ ਏਅਰਪੋਰਟ ਦੀ ਤਰੱਕੀ, ਚੜ੍ਹਦੀ ਕਲਾ, ਇੱਥੇ ਆਉਣ ਵਾਲੇ ਯਾਤਰੀਆਂ ਦੀ ਸੁਖ-ਸਹੂਲਤ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਹਾਜ਼ਰ ਸੰਗਤਾਂ ਨੂੰ ਚਾਹ-ਪਾਣੀ ਦਾ ਲੰਗਰ ਵੀ ਛਕਾਇਆ ਗਿਆ। ਏਅਰਪੋਰਟ ਪ੍ਰਬੰਧਕਾਂ ਨੇ ਸਮਾਗਮ ਵਿੱਚ ਸ਼ਾਮਲ ਹੋਈਆਂ ਸੰਗਤਾਂ, ਅਧਿਕਾਰੀਆਂ, ਕਰਮਚਾਰੀਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ।

# ਭਾਰਤੀ ਹਵਾਈ ਸੈਨਾ ਹਲਵਾਰਾ ਸਟੇਸ਼ਨ ਨੇੜੇ ਗੋਦਾਮ 'ਚ ਲੱਖਾਂ ਦੀ ਚੋਰੀ

ਰਾਏਕੋਟ (ਸੰਤੋਖ ਗਿੱਲ)-ਅਤਿ ਸੁਰੱਖਿਅਤ ਸਮਝੇ ਜਾਂਦੇ ਭਾਰਤੀ ਹਵਾਈ ਸੈਨਾ ਕੇਂਦਰ ਹਲਵਾਰਾ ਦੇ ਮੁੱਖ ਗਾਰਡ ਰੂਮ ਦੇ ਨਾਲ ਲੱਗਦੇ ਇੱਕ ਗੋਦਾਮ ਵਿੱਚ ਦਾਖਲ ਹੋ ਕੇ ਚੋਰਾਂ ਨੇ ਲੱਖਾਂ ਰੁਪਏ ਦੀ ਮਸ਼ੀਨਰੀ ਅਤੇ ਹੋਰ ਸਾਮਾਨ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਭਾਰਤੀ ਹਵਾਈ ਸੈਨਾ ਕੇਂਦਰ ਦੇ ਮੁੱਖ ਗੇਟ ਤੋਂ ਮਹਿਜ਼ 50 ਤੋਂ 100 ਮੀਟਰ ਦੀ ਦੂਰੀ 'ਤੇ ਵਾਪਰਨ ਕਾਰਨ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਵੀ ਵੱਡੇ ਸਵਾਲ ਖੜ੍ਹੇ ਹੋ ਗਏ ਹਨ। ਗੋਦਾਮ ਦੇ ਮਾਲਕ ਅਸੀਸ ਚੌਧਰੀ ਵੱਲੋਂ ਥਾਣਾ ਸੁਧਾਰ ਪੁਲਸ ਨੂੰ ਦਿੱਤੀ ਲਿਖਤੀ ਸ਼ਿਕਾਇਤ ਅਨੁਸਾਰ ਚੋਰੀ 17 ਅਗਸਤ ਦੀ ਰਾਤ ਨੂੰ ਕਿਸੇ ਸਮੇਂ ਹੋਈ ਹੈ। ਸਵੇਰੇ ਗੋਦਾਮ ਖੋਲ੍ਹਣ 'ਤੇ ਚੋਰੀ ਦਾ ਪਤਾ ਲੱਗਾ, ਜਿਸ ਤੋਂ ਬਾਅਦ ਪੁਲਸ ਨੂੰ ਸੂਚਿਤ ਕੀਤਾ ਗਿਆ। ਮੁਢਲੇ ਅੰਦਾਜ਼ੇ ਮੁਤਾਬਕ ਚੋਰ ਕਰੀਬ 6 ਲੱਖ ਰੁਪਏ ਦਾ ਸਾਮਾਨ ਲੈ ਉੱਡੇ, ਜਿਸ ਵਿੱਚ 5 ਤੋਂ 6 ਲੱਖ ਰੁਪਏ ਮੁੱਲ ਦੀ ਮਹਿੰਗੀ ਮਸ਼ੀਨਰੀ ਵੀ ਸ਼ਾਮਲ ਦੱਸੀ ਜਾ ਰਹੀ ਹੈ।ਘਟਨਾ ਦੀ ਜਾਂਚ ਦੌਰਾਨ ਗੋਦਾਮ ਦੇ ਆਸਪਾਸ ਅਤੇ ਕਿਸਾਨ ਅਮਰਜੀਤ ਸਿੰਘ ਦੇ ਖੇਤ ਵਿੱਚ ਕੁਝ ਸਾਮਾਨ ਖਿੱਲਰਿਆ ਹੋਇਆ ਮਿਲਿਆ। ਉੱਥੋਂ ਪਾਣੀ ਦੀ ਮੋਟਰ ਸਮੇਤ ਹੋਰ ਸਾਮਾਨ ਬਰਾਮਦ ਹੋਣ ਤੋਂ ਬਾਅਦ ਪੁਲਸ ਨੂੰ ਸ਼ੱਕ ਹੈ ਕਿ ਚੋਰ ਕਾਹਲੀ ਵਿੱਚ ਕੁਝ ਵਸਤਾਂ ਉੱਥੇ ਹੀ ਛੱਡ ਕੇ ਫ਼ਰਾਰ ਹੋ ਗਏ। ਅਸੀਸ ਚੌਧਰੀ ਨੇ ਆਪਣੀ ਸ਼ਿਕਾਇਤ ਵਿੱਚ ਨੇੜਲੇ ਇਲਾਕੇ ਵਿੱਚ



ਰਹਿੰਦੇ ਕੁਝ ਨੌਜਵਾਨਾਂ 'ਤੇ ਚੋਰੀ ਵਿੱਚ ਸ਼ਾਮਲ ਹੋਣ ਦਾ ਸ਼ੱਕ ਜਤਾਇਆ ਹੈ। ਪੁਲਸ ਵੱਲੋਂ ਕੁਝ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਕੀਤੇ ਜਾਣ ਦੀ ਜਾਣਕਾਰੀ ਮਿਲੀ ਹੈ। ਥਾਣਾ ਸੁਧਾਰ ਮੁਖੀ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਸ਼ਿਕਾਇਤ ਮਿਲਦੇ ਹੀ ਪੁਲਸ ਪਾਰਟੀ ਨੂੰ ਮੌਕੇ 'ਤੇ ਭੇਜ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਨੇੜਲੇ ਸੀ.ਸੀ.ਟੀ.ਵੀ ਕੈਮਰਿਆਂ ਜਾਂਚ ਕੀਤੀ ਜਾ ਰਹੀ ਹੈ।

# 'ਇੱਕ ਸ਼ਾਮ ਧੀਆਂ ਦੇ ਨਾਮ' ਮੇਲੇ 'ਚ ਧੀਆਂ, ਸੱਸਾਂ ਤੇ ਨੂੰਹਾਂ ਦਾ ਸਨਮਾਨ

ਮੋਗਾ (ਇਕਬਾਲ ਸਿੰਘ ਖਹਿਰਾ)- ਬਾਬਾ ਮਹਿੰਗਾ ਸਿੰਘ ਪਾਰਕ ਟੀਮ ਵੱਲੋਂ ਇੱਕ ਸੱਭਿਆਚਾਰਕ ਵਿਰਾਸਤੀ ਤੀਆਂ ਅਤੇ ਇੱਕ ਸ਼ਾਮ ਧੀਆਂ ਦੇ ਨਾਮ ਮੇਲਾ ਕਰਵਾਇਆ ਗਿਆ ਜਿਸ ਵਿੱਚ 300 ਦੇ ਕਰੀਬ ਪਿੰਡ ਦੀਆਂ ਵਿਆਹੀਆਂ ਧੀਆਂ ਸ਼ਾਮਿਲ ਹੋਈਆਂ ਜਿਨ੍ਹਾਂ ਨੂੰ ਫੁਲਕਾਰੀਆਂ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ 20 ਦੇ ਕਰੀਬ ਉਹਨਾਂ ਮਾਵਾਂ ਨੂੰ ਸਨਮਾਨਿਤ ਕੀਤਾ ਜਿਨਾਂ ਦੇ ਦੋ ਜਾਂ ਇਸ ਤੋਂ ਵੱਧ ਧੀਆਂ ਹਨ । ਚਾਰ ਸਫਲ ਮਾਵਾਂ ਸੱਸਾਂ ਨੂੰ ਸਨਮਾਨਿਤ ਕੀਤਾ ਅਤੇ ਸਫਲ ਮਾਂ ਦਾ ਖਿਤਾਬ ਦਿੱਤਾ ਜਿਨ੍ਹਾਂ ਨੇ ਆਪਣੀਆਂ ਨੂਹਾਂ ਨੂੰ ਧੀਆਂ ਵਾਂਗ ਸਮਝਦਿਆਂ ਅਤੇ ਪਰਿਵਾਰ ਨੂੰ ਵਧੀਆ ਕਮਾਂਡ ਦੇ ਕੇ ਬੱਚਿਆਂ ਨੂੰ ਨਸ਼ਿਆਂ ਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖ ਕੇ ਘਰ ਨੂੰ ਸਫਲ ਬਨਾਇਆ । ਉਹਨਾਂ ਨੂੰਹ ਰਾਣੀਆਂ ਨੂੰ ਵੀ ਸਨਮਾਨਿਤ ਕੀਤਾ ਸਫਲ ਨੂੰਹ ਦਾ ਖਿਤਾਬ ਦਿੱਤਾ ਜੋ ਆਪਣੇ ਸੱਸ ਸਹੁਰੇ ਦੀ ਸੇਵਾ ਧੀਆਂ ਬਣ ਕੇ ਨਿਭਾਉਂਦੀਆਂ ਹਨ ਅਤੇ ਲੰਮੇ ਸਮੇਂ ਤੋਂ ਬਿਮਾਰ ਅਤੇ ਬਜ਼ੁਰਗਾਂ ਦੀ ਸਾਂਭ ਸੰਭਾਲ ਕੀਤੀ । ਚਾਰ ਉਹਨਾਂ ਬੱਚੀਆਂ ਨੂੰ ਸਨਮਾਨਿਤ ਕੀਤਾ ਤੇ ਸਫਲ ਧੀ



ਦਾ ਖਿਤਾਬ ਦਿੱਤਾ ਜੋ ਪੜ੍ਹ ਲਿਖ ਕੇ ਉੱਚੇ ਮਕਾਮ 'ਤੇ ਪਹੁੰਚੀਆਂ ਹਨ । ਪਹਿਲੀ ਤੋਂ ਪੰਜਵੀਂ ਤੱਕ ਕਲਾਸ ਦੇ ਬੱਚਿਆਂ ਨੂੰ ਸਕੂਲ ਬੈਗ ਦੇ ਕੇ ਸਨਮਾਨਿਤ ਕੀਤਾ ਅਤੇ ਛੇਵੀਂ ਤੋਂ ਪਲੱਸ ਟੂ ਤੱਕ ਦੀਆਂ ਬੱਚੀਆਂ ਨੂੰ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ । ਬੂਟਿਆਂ ਅਤੇ ਕਿਤਾਬਾਂ ਦਾ ਲੰਗਰ ਲਗਾਇਆ ਗਿਆ । ਮਾਸਟਰ ਤਜਿੰਦਰ ਸਿੰਘ ਜਸ਼ਨ ਸਟੇਟ ਅਵਾਰਡੀ ਵੱਲੋਂ ਨੌ ਫਲਦਾਰ ਹਾਈਬ੍ਰਿਡ ਬੂਟੇ ਦਿੱਤੇ ਗਏ ਜਿਨਾਂ ਨੂੰ ਪਾਰਕ ਵਿੱਚ ਲਗਾ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ । ਪ੍ਰੋਗਰਾਮ ਦਾ ਉਦਘਾਟਨ ਉੱਗੇ ਸਮਾਜ ਸੇਵੀ ਧਾਰਮਿਕ ਅਤੇ ਰਾਜਨੀਤਕ ਸ਼ਖਸ਼ੀਅਤ ਨਵਾਬ ਕਪੂਰ ਸਿੰਘ ਸੰਸਥਾ ਦੇ ਮੁਖੀ ਸਰਦਾਰ ਰਜਿੰਦਰ ਸਿੰਘ ਡੱਲਾ ਦੀ ਧਰਮ ਪਤਨੀ ਬੀਬਾ ਚਰਨਜੀਤ ਕੌਰ ਡੱਲਾ ਨੇ ਰੀਬਨ ਕੱਟ ਕੇ ਕੀਤਾ ਅਤੇ ਪਾਰਕ ਟੀਮ ਨੂੰ 11000 ਰੁਪਏ ਅਤੇ ਕਿਤਾਬਾਂ ਦੇ ਸੈਟ ਦਿੱਤੇ ।ਸਟੇਜ ਦੀ ਸ਼ੁਰੂਆਤ ਇਕਬਾਲ ਸਿੰਘ ਫੇਰੂਕੇ ਦੇ ਕਵਿਸ਼ਰੀ ਜਥੇ ਨੇ ਧਾਰਮਿਕ ਕਵਿਸ਼ਰੀ ਨਾਲ ਸ਼ੁਰੂ ਕੀਤੀ । ਸਕੂਲੀ ਬੱਚਿਆਂ ਵੱਲੋਂ ਸਟੇਜੀ ਗਿੱਧਾ ਭੰਗੜਾ ਅਤੇ ਕੋਰੀਓਗ੍ਰਾਫੀ ਪੇਸ਼ ਕੀਤੀ । ਉੱਗੇ ਸਮਾਜ ਸੇਵੀ ਅਤੇ ਐਨ ਆਰ ਆਈ ਕਰਮਜੀਤ ਸਿੰਘ ਵੱਲੋਂ ਬੱਚੀਆਂ ਦੇ ਸਨਮਾਨ ਲਈ 21000 ਦੀ ਰਾਸ਼ੀ ਦਿੱਤੀ ਗਈ । ਜਗਰੂਪ ਸਿੰਘ ਬਾਠ ਯੂ ਐਸ ਏ ਟੀਮ ਮੈਂਬਰ ਵੱਲੋਂ 10,000 ਟੀਮ ਨੂੰ ਦਿੱਤੇ ਗਏ। ਇਸ ਪ੍ਰੋਗਰਾਮ ਵਿੱਚ ਮੈਡਮ ਮਾਲਵਿਕਾਸੂਦ ਵਿਸ਼ੇਸ਼ ਕਰਕੇ ਪਹੁੰਚੇ ਅਤੇ 5100 ਦਾ ਯੋਗਦਾਨ ਪਾਇਆ। ਰੋਗ ਨਿਵਾਰਨ ਜੀਵਨ ਧਾਰਾ ਸੰਸਥਾ ਦੇ ਮੁਖੀ ਡਾਕਟਰ ਗੁਰਚਰਨ ਸਿੰਘ ਨੂਰਪੁਰ , ਡਾਕਟਰ ਅਨੀਤਾ ਗੁਪਤਾ , ਡਾਕਟਰ ਕਾਸ਼ਕ ਗੋਇਲ , ਮੈਡਮ ਅੱਜਤੀ ਗੁਪਤਾ ਡਿਸਟਕ ਅਟਾਰਨੀ ,ਐਨ ਜੀ ਓ ਜਿਲਾ ਕੁਆਰਡੀਨੇਟਰ ਐਸਕੇ ਬੰਸਲ ਨੇ ਵੀ ਸਮਾਗਮ ਨੂੰ ਸੰਬੋਧਨ ਕੀਤਾ।

# ਗੁਰਦੁਆਰਾ ਝਾੜ ਸਾਹਿਬ ਵਿਖੇ ਨਵੇਂ ਸਰੋਵਰ ਦੀ ਕਾਰ ਸੇਵਾ ਸ਼ੁਰੂ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ) - ਗੁਰਦੁਆਰਾ ਸ੍ਰੀ ਝਾੜ ਸਾਹਿਬ ਪਾਤਸ਼ਾਹੀ ਦਸਵੀਂ ਵਿਖੇ ਬਾਬਾ ਪਿਆਰਾ ਸਿੰਘ ਦੇ ਚਰਨ ਸੇਵਕ ਅਤੇ ਸੱਚਖੰਡ ਵਾਸੀ ਬਾਬਾ ਅਜੀਤ ਸਿੰਘ ਕਾਰ ਸੇਵਾ ਵਾਲੇ ਦੇ ਅਨੁਯਾਈ ਬਾਬਾ ਕਸ਼ਮੀਰ ਸਿੰਘ ਵੱਲੋਂ ਗੁਰੂ ਘਰ ਵਿਖੇ ਨਵਾਂ ਸਰੋਵਰ ਬਣਾਉਣ ਦੀ ਮਹਾਨ ਕਾਰ ਸੇਵਾ ਸ਼ੁਰੂ ਕਰ ਦਿੱਤੀ ਗਈ ਹੈ। ਇਸ ਕਾਰ ਸੇਵਾ ਦੀ ਸ਼ੁਰੂਆਤ ਪੰਜ ਸਿੰਘ ਸਾਹਿਬਾਨਾਂ ਵੱਲੋਂ ਅਰਦਾਸ ਉਪਰੰਤ ਟੱਕ ਲਗਾ ਕੇ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸਰਬੰਸ ਸਿੰਘ ਮਾਣਕੀ, ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ, ਗੁਰਦੁਆਰਾ ਸਾਹਿਬ ਝਾੜ ਸਾਹਿਬ ਦੇ ਇੰਚਾਰਜ ਜਸਵੀਰ ਸਿੰਘ, ਪ੍ਰਧਾਨ ਗੁਰਜੀਤ ਸਿੰਘ, ਹੈੱਡ ਗ੍ਰੰਥੀ ਭਾਈ ਜਗਤਾਰ ਸਿੰਘ ਹਾਜ਼ਰ ਸਨ। ਇਸ ਮੌਕੇ ਬਾਬਾ ਕਸ਼ਮੀਰ ਸਿੰਘ ਨੇ ਕਿਹਾ ਕਿ ਇਹ ਉਨ੍ਹਾਂ ਲਈ ਬਹੁਤ ਵੱਡਾ ਸਨਮਾਨ ਹੈ ਕਿ ਉਨ੍ਹਾਂ ਨੂੰ ਗੁਰਦੁਆਰਾ ਸ੍ਰੀ ਝਾੜ ਸਾਹਿਬ ਵਿਖੇ ਸਰੋਵਰ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ।

# ਕਣਕ ਚੋਰੀ ਦੇ ਮਾਮਲੇ 'ਚ 2 ਖਿਲਾਫ਼ ਪਰਚਾ , ਇੱਕ ਗ੍ਰਿਫ਼ਤਾਰ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ) - ਸਥਾਨਕ ਪੁਲਸ ਵਲੋਂ ਸਰਕਾਰੀ ਗੋਦਾਮਾਂ ਵਿਚ ਸਟਾਕ ਕੀਤੀ ਕਣਕ ਚੋਰੀ ਕਰਨ ਦੇ ਮਾਮਲੇ ਵਿਚ 2 ਵਿਅਕਤੀਆਂ ਮੰਗਲ ਸਾਹਨੀ, ਧਰਮਿੰਦਰ ਸਾਹਨੀ ਵਾਸੀ ਮਾਛੀਵਾੜਾ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਮੁਖੀ ਚਰਨਜੀਤ ਸਿੰਘ ਨੇ ਦੱਸਿਆ ਕਿ ਰਾਜਵਿੰਦਰ ਸਿੰਘ ਨੇ ਬਿਆਨ ਦਰਜ ਕਰਵਾਏ ਕਿ ਉਹ ਕਣਕ ਦੇ ਸਰਕਾਰੀ ਗੋਦਾਮਾਂ ਦੇ ਕਸਟੋਡੀਅਨ ਬ੍ਰਾਂਚ ਵਿਚ ਤਾਇਨਾਤ ਹੈ। ਉਸ ਦੀ ਡਿਊਟੀ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਹੁੰਦੀ ਹੈ। ਜਦੋਂ ਉਹ ਡਿਊਟੀ 'ਤੇ ਆਇਆ ਤਾਂ ਉਸ ਨੇ ਦੇਖਿਆ ਕਿ ਗੋਦਾਮ ਨੰਬਰ 4 ਦੇ ਚੱਕਰ ਨੰਬਰ 1 ਵਿਚ ਕਣਕ ਦੀ ਥੈਲਿਆਂ ਦੀ ਗਿਣਤੀ ਘੱਟ ਲੱਗ ਰਹੀ ਸੀ। ਜਾਂਚ ਕਰਨ 'ਤੇ ਪਤਾ ਲੱਗਾ ਕਿ 6 ਕਣਕ ਦੇ ਥੈਲੇ ਘੱਟ ਹਨ। ਜਦੋਂ ਇਸ ਸਬੰਧੀ ਪੜਤਾਲ ਕੀਤੀ ਤਾਂ ਪਤਾ ਲੱਗਾ ਕਿ ਮੰਗਲ ਸਾਹਨੀ ਤੇ ਧਰਮਿੰਦਰ ਸਾਹਨੀ ਨੇ ਸਰਕਾਰੀ ਗੋਦਾਮਾਂ 'ਚੋਂ ਕਣਕ ਚੋਰੀ ਕੀਤੀ ਹੈ। ਪੁਲਸ ਵਲੋਂ ਉਕਤ ਦੋਵੇਂ ਮੁਲਜਮਾਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ ਅਤੇ ਸਹਾਇਕ ਥਾਣੇਦਾਰ ਸੁਖਵਿੰਦਰ ਸਿੰਘ ਵਲੋਂ ਇੱਕ ਮੁਲਜਮ ਮੰਗਲ ਸਾਹਨੀ ਨੂੰ ਗ੍ਰਿਫ਼ਤਾਰ ਵੀ ਕਰ ਲਿਆ ਹੈ ਜਿਸ ਕੋਲੋਂ ਚੋਰੀ ਕੀਤੇ 6 ਥੈਲੇ ਵੀ ਬਰਾਮਦ ਕਰ ਲਏ ਗਏ। ਜਦਕਿ ਦੂਸਰੇ ਮੁਲਜਮ ਦੀ ਤਲਾਸ਼ ਜਾਰੀ ਹੈ।

# ਦੇਸ਼ ਦੀ ਰਾਜਨੀਤੀ ਨੂੰ ਨਵੀਂ ਦਿਸ਼ਾ ਦਿੱਤੀ ਅਰਵਿੰਦ ਕੇਜਰੀਵਾਲ ਨੇ : ਕੁੰਦਨ ਗੋਗੀਆ

ਪਟਿਆਲਾ (ਰਜਿੰਦਰ ਸਿੰਘ ਥਿੰਦ) : ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਦਾ ਜਨਮਦਿਨ ਵਿਖੇ ਪਾਰਟੀ ਆਗੂਆਂ ਅਤੇ ਵਲੰਟੀਅਰਾਂ ਵੱਲੋਂ ਬੜੇ ਉਤਸ਼ਾਹ ਤੇ ਪ੍ਰੇਮ ਭਾਵਨਾ ਨਾਲ ਮਨਾਇਆ ਗਿਆ। ਪਟਿਆਲਾ ਸ਼ਹਿਰੀ ਸੰਗਠਨ ਇੰਚਾਰਜ ਮੇਅਰ ਕੁੰਦਨ ਗੋਗੀਆ ਦੀ ਅਗਵਾਈ ਹੇਠ ਵਲੰਟੀਅਰਾਂ ਤੇ ਅਹੁਦੇਦਾਰਾਂ ਨੇ ਇਕੱਠੇ ਹੋ ਕੇ ਕੇਕ ਕੱਟਿਆ ਤੇ ਅਰਵਿੰਦ ਕੇਜਰੀਵਾਲ ਦੀ ਲੰਮੀ ਉਮਰ ਤੇ ਚੰਗੀ ਸਿਹਤ ਦੀ ਕਾਮਨਾ ਕੀਤੀ।ਸਮਾਗਮ ਦੌਰਾਨ ਪਟਿਆਲਾ ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਨਵਲਦੀਪ ਸਿੰਘ ਤੇ ਸੈਕਟਰੀ ਅਮੀਤ ਡਾਬੀ ਵਿਸ਼ੇਸ਼ ਤੌਰ 'ਤੇ



ਪਹੁੰਚੇ।ਸਮਾਗਮ ਦੌਰਾਨ ਮੇਅਰ ਕੁੰਦਨ ਗੋਗੀਆ ਨੇ ਆਪ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਇਮਾਨਦਾਰ ਸੋਚ ਅਤੇ ਲੋਕ-ਹਿਤੈਸ਼ੀ ਨੀਤੀਆਂ ਨੇ ਦੇਸ਼ ਦੀ ਰਾਜਨੀਤੀ ਨੂੰ ਇੱਕ ਨਵੀਂ ਦਿਸ਼ਾ ਦਿੱਤੀ ਹੈ। ਆਗੂਆਂ ਨੇ ਪਾਰਟੀ ਦੀ ਮਜ਼ਬੂਤੀ ਤੇ ਲੋਕ ਸੇਵਾ ਦੇ ਕੰਮਾਂ ਨੂੰ ਹੋਰ ਅੱਗੇ ਵਧਾਉਣ ਦਾ ਅਹਿਦ ਵੀ ਲਿਆ।ਹਾਜ਼ਰ ਸਮੂਹ ਪਾਰਟੀ ਆਗੂਆਂ ਤੇ ਵਲੰਟੀਅਰਾਂ ਨੇ ਸੰਗਠਨ ਇੰਚਾਰਜ ਮੇਅਰ ਕੁੰਦਨ ਗੋਗੀਆ ਦੀ ਅਗਵਾਈ ਵਿੱਚ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੇ ਸਰਕਾਰ ਦੀਆਂ ਵਿਕਾਸ ਸਕੀਮਾਂ ਨੂੰ ਆਮ ਲੋਕਾਂ ਤੱਕ ਪੁਚਾਉਣ ਦਾ ਸੰਕਲਪ ਲਿਆ।


ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਨਿਵਿਦਾ ਨੰਬਰ: 94, 95 & 97-2026-27-ADEN-1-FZR ਤਾਰੀਕ : 18.08.2026. ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜ਼ਪੁਰ ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟੀਲ ਵਾਲੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 07.09.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 11.08.2026 & 12.08.2026 | 24.08.2026 | 07.09.2026 15:00 ਵਜੇ |

ਲੜੀ ਨੰਬਰ: 1 | ਨਿਵਿਦਾ ਨੰਬਰ : 94-2026-27-ADEN-1-FZR

ਨਿਵਿਦਾ ਦਾ ਵੇਰਵਾ: ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ (2026-2027) ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ ਵਰਕਸ/ਫਿਰੋਜ਼ਪੁਰ ਸੈਕਸ਼ਨ ਵਿਚ ਫਿਰੋਜ਼ਪੁਰ (ਜੋਨ ਨੰਬਰ-2) ਦੀ ਕਾਲੋਨੀ ਨੰਬਰ 3 ਅਤੇ 4 ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚੇ ਵਿਚ ਬਦਲਾਅ ਅਤੇ ਜਰੂਰੀ ਕੰਮ।

| ਵਿਗਿਆਪਨ ਮੁੱਲ (₹) | ਬਿਆਨਾ ਰਾਸ਼ੀ (₹) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
|---|---|---|---|
| 8995514.01 | 179900.00 | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ: "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।"

ਲੜੀ ਨੰਬਰ: 2 | ਨਿਵਿਦਾ ਨੰਬਰ : 95-2026-27-ADEN-1-FZR

ਨਿਵਿਦਾ ਦਾ ਵੇਰਵਾ: ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ (2026-2027) ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ ਵਰਕਸ/ਫਿਰੋਜ਼ਪੁਰ ਸੈਕਸ਼ਨ ਵਿਚ ਫਿਰੋਜ਼ਪੁਰ-ਤਲਵੰਡੀ ਸੈਕਸ਼ਨ (ਜੋਨ ਨੰਬਰ-3) ਦੀ ਸਰਵਿਸ ਬਿਲਡਿੰਗਸ ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ ਹੀ ਮੌਜੂਦਾ ਢਾਂਚੇ ਵਿਚ ਨਵੇਂ ਕੰਮ ਜੋੜਨਾ, ਬਦਲਾਅ ਕਰਨਾ ਅਤੇ ਜਰੂਰੀ ਕੰਮ ਕਰਨਾ।

| ਵਿਗਿਆਪਨ ਮੁੱਲ (₹) | ਬਿਆਨਾ ਰਾਸ਼ੀ (₹) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
|---|---|---|---|
| 8999877.81 | 180000.00 | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ: "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।"

ਲੜੀ ਨੰਬਰ: 3 | ਨਿਵਿਦਾ ਨੰਬਰ : 97-2026-27-ADEN-1-FZR

ਨਿਵਿਦਾ ਦਾ ਵੇਰਵਾ: ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ (2026-2027) ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ ਵਰਕਸ/ਫਿਰੋਜ਼ਪੁਰ ਸੈਕਸ਼ਨ ਵਿਚ ਤਲਵੰਡੀ (ਇਸ ਨੂੰ ਛੱਡ ਕੇ)-ਲੁਧਿਆਣਾ (ਇਸ ਨੂੰ ਛੱਡ ਕੇ) ਸੈਕਸ਼ਨ (ਜੋਨ ਨੰਬਰ-5) ਵਿਚ ਮੌਜੂਦਾ ਢਾਂਚੇ ਦੀ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਵਾਧੂ ਉਸਾਰੀ, ਬਦਲਾਅ ਅਤੇ ਐਮਰਜੈਂਸੀ ਕੰਮ।

| ਵਿਗਿਆਪਨ ਮੁੱਲ (₹) | ਬਿਆਨਾ ਰਾਸ਼ੀ (₹) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
|---|---|---|---|
| 8999111.36 | 180000.00 | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ: "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। 2876/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਨਿਵਿਦਾ ਨੰਬਰ:— 96-2026-27-ADEN-1-FZR & 98, 99-2026-27-ADEN-2-FZR ਤਾਰੀਕ 17.08.2026

ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜ਼ਪੁਰ ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟੀਲ ਵਾਲੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 07.09.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 13.08.2026 | 24.08.2026 | 07.09.2026 15:00 ਵਜੇ |

| ਲ.ਨ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 1 | 96-2026-27-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ (2026-2027) ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ ਵਰਕਸ/ਕੋਟਕਪੁਰਾ ਸੈਕਸ਼ਨ ਵਿਚ ਫਿਰੋਜ਼ਪੁਰ (ਛੱਡਕੇ)-ਬਠਿੰਡਾ (ਛੱਡ ਕੇ) ਅਤੇ ਕੋਟਕਪੁਰਾ-ਫਾਜਿਲਕਾ (ਛੱਡ ਕੇ) ਸੈਕਸ਼ਨ (ਜੋਨ ਨੰਬਰ-4) ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਮੌਜੂਦਾ ਢਾਂਚਿਆਂ ਵਿਚ ਨਵੇਂ ਕੰਮ, ਵਿਸਥਾਰ ਅਤੇ ਬਦਲਾਅ ਅਤੇ ਐਮਰਜੈਂਸੀ ਕੰਮ। |
| 2 | 98-2026-27-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜ਼ਪੁਰ (2026-2027) ਦੇ ਤਹਿਤ ਅਧਿਕਾਰ ਖੇਤਰ ਵਿਚ ਸੀਨੀਅਰ ਅਨੁਭਾਗੀ ਇੰਜੀਨੀਅਰ/ਵਰਕਸ ਜਲਾਲਾਬਾਦ ਸੈਕਸ਼ਨ ਵਿਚ, ਫਿਰੋਜ਼ਪੁਰ ਸ਼ਹਿਰ ਤੋਂ ਫਾਜਿਲਕਾ ਅਤੇ ਅਬੋਹਰ ਤੋਂ ਫਾਜਿਲਕਾ (ਇਸ ਨੂੰ ਛੱਡ ਕੇ) ਤੋਂ ਫਿਰੋਜ਼ਪੁਰ ਸ਼ਹਿਰ ਸੈਕਸ਼ਨ (ਜੋਨ-1) ਤਕ ਸਟੇਸ਼ਨ ਬਿਲਡਿੰਗ ਅਤੇ ਹੋਰ ਸਰਵਿਸ ਬਿਲਡਿੰਗ ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਸਟ੍ਰਕਚਰ ਵਿਚ ਬਦਲਾਅ ਅਤੇ ਜਰੂਰੀ ਕੰਮ। |
| 3 | 99-2026-27-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ (2026-2027) ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ ਵਰਕਸ/ਲੋਹੀਆਂ ਖਾਸ ਦੇ ਤਹਿਤ ਫਿਰੋਜ਼ਪੁਰ (ਇਸ ਨੂੰ ਛੱਡ ਕੇ)-ਜਲੰਧਰ ਸਿਟੀ (ਇਸ ਨੂੰ ਛੱਡ ਕੇ) ਸੈਕਸ਼ਨ (ਜੋਨ ਨੰਬਰ-2) ਵਿਚ ਸਟੇਸ਼ਨ ਬਿਲਡਿੰਗ ਅਤੇ ਹੋਰ ਸਰਵਿਸ ਬਿਲਡਿੰਗ ਦੀ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਸੰਰਚਨਾਵਾਂ ਵਿਚ ਵਿਸਥਾਰ ਅਤੇ ਬਦਲਾਅ ਅਤੇ ਐਮਰਜੈਂਸੀ ਕੰਮ। |

| ਲ.ਨ. | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
|---|---|---|---|---|
| 1 | 8999356.59 | 180000.00 | 60 ਦਿਨ | 12 ਮਹੀਨੇ |
| 2 | 8997112.86 | 180000.00 | 60 ਦਿਨ | 12 ਮਹੀਨੇ |
| 3 | 4999576.49 | 100000.00 | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ: "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" (ਤਿੰਨਾਂ ਲਈ)

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। 2875/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# 8 ਪਿਸਤੌਲ, ਸਾਢੇ 8 ਕਿੱਲੋ ਹੈਰੋਇਨ ਤੇ ਲੱਖਾਂ ਰੁਪਏ ਡਰੱਗ ਮਨੀ ਬਰਾਮਦ

ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਨੌਂ ਮੁਲਜ਼ਮਾਂ ਨੂੰ ਅੱਠ ਗੈਰ-ਕਾਨੂੰਨੀ ਪਿਸਤੌਲਾਂ, 8.536 ਕਿੱਲੋ ਹੈਰੋਇਨ ਤੇ 12.95 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰਕੇ ਨਸ਼ਾ ਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਵਾਲੇ ਤਿੰਨ ਮੁੱਖ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਪਛਾਣ ਦਲਜੀਤ ਸਿੰਘ ਉਰਫ਼ ਚੈਨਾ (25) ਵਾਸੀ ਪਿੰਡ ਰਾਣੀਆ ਜੋ ਮੌਜੂਦਾ ਸਮੇਂ ਜ਼ੇਰ ਪੀਰ ਕਾਲੋਨੀ, ਅੰਮ੍ਰਿਤਸਰ ਵਿੱਚ ਰਹਿ ਰਿਹਾ ਸੀ; ਸਤਨਾਮ ਸਿੰਘ (46) ਵਾਸੀ ਪਿੰਡ ਮਾਂਝ, ਅੰਮ੍ਰਿਤਸਰ; ਮਹਾਬੀਰ ਸਿੰਘ (34) ਵਾਸੀ ਪਿੰਡ ਰਾਜੋਕੇ, ਤਰਨ ਤਾਰਨ; ਲਵਪ੍ਰੀਤ ਸਿੰਘ ਉਰਫ਼ ਫੁੱਲਾ ਉਰਫ਼ ਲਵ (24) ਵਾਸੀ ਕਰਤਾਰ ਨਗਰ, ਅੰਮ੍ਰਿਤਸਰ; ਹਰਮਨ ਸਿੰਘ ਉਰਫ਼ ਹੈਮਾ (23) ਤੇ ਨਰਿੰਦਰ ਸਿੰਘ ਉਰਫ਼ ਰੰਗਾ (26) ਦੋਵੇਂ ਵਾਸੀ ਕਾਲੋ ਘਣੂੰਪੁਰ, ਅੰਮ੍ਰਿਤਸਰ; ਕਰਨ ਸਿੰਘ ਉਰਫ਼ ਕਰਨ (22) ਵਾਸੀ ਪਿੰਡ ਭਿੱਖੀਵਿੰਡ, ਤਰਨ ਤਾਰਨ; ਗੁਰਜੰਟ ਸਿੰਘ ਉਰਫ਼ ਘੁੱਧਾ (24) ਤੇ ਗੁਰਪ੍ਰੀਤ ਸਿੰਘ ਉਰਫ਼ ਗੋਪੀ (21)



ਦੋਵੇਂ ਵਾਸੀ ਭੱਲਾ ਕਾਲੋਨੀ, ਅੰਮ੍ਰਿਤਸਰ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿਚ ਤਿੰਨ .30 ਬੋਰ, ਚਾਰ 9 ਐੱਮਐੱਮ ਗਲੋਕ, ਇਕ .32 ਬੋਰ ਤੇ ਚਾਰ ਜ਼ਿੰਦਾ ਕਾਰਤੂਸ ਸ਼ਾਮਲ ਹਨ। ਡੀਜੀਪੀ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਅਸਲੇ ਤੇ ਨਸ਼ੇ ਦੇ ਮਾਮਲਿਆਂ ਵਿਚ ਸ਼ਾਮਲ ਇਹ ਮੁਲਜ਼ਮ ਵਿਦੇਸ਼ ਬੈਠੇ ਹੈਂਡਲਰਾਂ ਦੇ ਸੰਪਰਕ ਵਿਚ ਸਨ, ਜਿਨ੍ਹਾਂ ਤੋਂ ਇਹ ਗੈਰ-ਕਾਨੂੰਨੀ ਹਥਿਆਰਾਂ ਤੇ ਹੈਰੋਇਨ ਦੀਆਂ ਖੇਪਾਂ ਪ੍ਰਾਪਤ ਕਰਕੇ ਅੱਗੇ ਹੋਰ ਅਪਰਾਧਿਕ ਅਨਸਰਾਂ ਨੂੰ ਸਪਲਾਈ ਕਰਦੇ ਸਨ। ਪਹਿਲੇ ਆਪ੍ਰੇਸ਼ਨ ਦੀ ਜਾਣਕਾਰੀ ਸਾਂਝੀ ਕਰਦਿਆਂ ਕਮਿਸ਼ਨਰ ਆਫ ਪੁਲਸ (ਸੀਪੀ) ਅੰਮ੍ਰਿਤਸਰ ਗੁਰਮਨਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਪੁਲਸ ਨੇ ਪੁਖ਼ਤਾ ਇਤਲਾਹ ਦੇ ਆਧਾਰ 'ਤੇ ਮੁਲਜ਼ਮ ਦਲਜੀਤ ਉਰਫ਼ ਚੈਨਾ ਤੇ ਸਤਨਾਮ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ ਤਿੰਨ ਗੈਰ-ਕਾਨੂੰਨੀ ਪਿਸਤੌਲ ਬਰਾਮਦ ਕੀਤੇ। ਗ੍ਰਿਫ਼ਤਾਰ ਮੁਲਜ਼ਮਾਂ ਵੱਲੋਂ ਕੀਤੇ ਖੁਲਾਸਿਆਂ ਦੇ ਆਧਾਰ 'ਤੇ ਉਨ੍ਹਾਂ ਦੇ ਦੋ ਸਾਥੀਆਂ ਮਹਾਬੀਰ ਸਿੰਘ ਤੇ ਲਵਪ੍ਰੀਤ ਉਰਫ਼ ਲਵ ਨੂੰ ਚਾਰ ਗੈਰ-ਕਾਨੂੰਨੀ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰ ਲਿਆ ਗਿਆ। ਇਨ੍ਹਾਂ ਮੁਲਜ਼ਮਾਂ ਖ਼ਿਲਾਫ਼ ਪਹਿਲਾਂ ਵੀ ਕਈ ਅਪਰਾਧਿਕ ਮਾਮਲੇ ਦਰਜ ਹਨ, ਜਿਨ੍ਹਾਂ ਵਿਚ ਹੈਰੋਇਨ ਦੇ ਵਪਾਰ ਲਈ ਐੱਨ.ਡੀ.ਪੀ.ਐੱਸ. ਐਕਟ ਅਧੀਨ ਮਾਮਲਿਆਂ ਤੋਂ ਇਲਾਵਾ ਅਸਲਾ ਐਕਟ ਤੇ ਚੋਰੀ ਦੇ ਕੇਸ ਸ਼ਾਮਲ ਹਨ। ਦੂਜੇ ਆਪ੍ਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਸੀਪੀ ਨੇ ਦੱਸਿਆ ਕਿ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਸ ਟੀਮ ਨੇ ਹਰਮਨ ਉਰਫ਼ ਹੈਮਾ, ਨਰਿੰਦਰ ਉਰਫ਼ ਰੰਗਾ ਤੇ ਕਰਨ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 3.5 ਕਿੱਲੋ ਹੈਰੋਇਨ, ਇਕ ਪਿਸਤੌਲ, ਚਾਰ ਜ਼ਿੰਦਾ ਕਾਰਤੂਸ ਤੇ 12.10 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਤੋਂ ਇਲਾਵਾ ਪੁਲਸ ਟੀਮਾਂ ਨੇ ਅਪਰਾਧਿਕ ਗਤੀਵਿਧੀਆਂ 'ਚ ਵਰਤਿਆ ਜਾ ਰਿਹਾ ਉਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਇਕ ਹੋਰ ਵੱਡੇ ਆਪ੍ਰੇਸ਼ਨ ਵਿੱਚ ਪੁਲਸ ਟੀਮਾਂ ਨੇ ਗੁਰਜੰਟ ਉਰਫ਼ ਘੁੱਧਾ ਤੇ ਗੁਰਪ੍ਰੀਤ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 5.01 ਕਿੱਲੋ ਹੈਰੋਇਨ, ਇਕ ਪਿਸਤੌਲ ਤੇ 85,000 ਰੁਪਏ ਡਰੱਗ ਮਨੀ ਬਰਾਮਦ ਕੀਤੀ ਹੈ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਸਕੇ ਭਰਾ ਹਨ ਤੇ ਗੈਰ-ਕਾਨੂੰਨੀ ਤੌਰ 'ਤੇ ਹੈਰੋਇਨ ਦੀ ਤਸਕਰੀ ਵਿਚ ਸ਼ਾਮਲ ਸਨ। ਇਸ ਸਬੰਧੀ ਥਾਣਾ ਕੰਟੋ, ਅੰਮ੍ਰਿਤਸਰ ਤੇ ਥਾਣਾ ਛੇਹਰਟਾ ਵਿਚ ਤਿੰਨ ਵੱਖ-ਵੱਖ ਮਾਮਲੇ ਦਰਜ ਕੀਤੇ ਗਏ ਹਨ।

# ਵਿਸ਼ਵ ਫੋਟੋਗ੍ਰਾਫੀ ਦਿਵਸ ਮਨਾਇਆ

ਜਲੰਧਰ (ਸ਼ੈਲੀ ਐਲਬਰਟ)-ਜਲੰਧਰ ਪ੍ਰੋਫੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਵੱਲੋਂ 187ਵਾਂ ਵਿਸ਼ਵ ਫੋਟੋਗ੍ਰਾਫੀ ਦਿਵਸ ਆਪਣੇ ਦਫ਼ਤਰ 537 ਨਿਊ ਜਵਾਹਰ ਨਗਰ ਨੇੜੇ ਗੁਰੂ ਨਾਨਕ ਮਿਸ਼ਨ ਚੌਕ ਜਲੰਧਰ ਵਿਖੇ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਫੋਟੋਗ੍ਰਾਫੀ ਦੇ ਖੇਤਰ ਵਿੱਚ ਆਪਣੇ ਯੋਗਦਾਨ ਅਤੇ ਇਸ ਕਲਾ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਰਾਜੇਸ਼ ਥਾਪਾ ਨੇ ਵਿਸ਼ਵ ਫੋਟੋਗ੍ਰਾਫੀ ਦਿਵਸ ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫੋਟੋਗ੍ਰਾਫੀ ਦਿਵਸ ਦੀ ਸ਼ੁਰੂਆਤ ਕਿਵੇਂ ਹੋਈ ਅਤੇ ਫੋਟੋਗ੍ਰਾਫੀ ਨੇ ਦੁਨੀਆ ਦੇ ਇਤਿਹਾਸ, ਸੱਭਿਆਚਾਰ ਅਤੇ ਸਮਾਜ ਨੂੰ ਤਸਵੀਰਾਂ ਰਾਹੀਂ ਸੰਭਾਲ ਕੇ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਫੋਟੋਗ੍ਰਾਫੀ ਸਿਰਫ ਤਸਵੀਰ ਖਿੱਚਣ ਦੀ ਕਲਾ ਹੀ ਨਹੀਂ, ਸਗੋਂ ਯਾਦਾਂ ਅਤੇ ਇਤਿਹਾਸ ਨੂੰ ਹਮੇਸ਼ਾ ਲਈ ਸਾਂਭ ਕੇ ਰੱਖਣ ਦਾ ਇੱਕ ਮਹੱਤਵਪੂਰਨ ਸਾਧਨ ਹੈ।



ਐਸੋਸੀਏਸ਼ਨ ਦੇ ਜਨਰਲ ਸਕੱਤਰ ਰਮੇਸ਼ ਗਾਬਾ ਨੇ ਕਿਹਾ ਕਿ ਐਸੋਸੀਏਸ਼ਨ ਵੱਲੋਂ ਲਗਾਤਾਰ ਵਿਸ਼ਵ ਫੋਟੋਗ੍ਰਾਫੀ ਦਿਵਸ ਮਨਾਉਣ ਦਾ ਮੁੱਖ ਉਦੇਸ਼ ਫੋਟੋਗ੍ਰਾਫਰਾਂ ਨੂੰ ਇਕਜੁੱਟ ਕਰਨਾ ਅਤੇ ਉਨ੍ਹਾਂ ਵਿੱਚ ਫੋਟੋਗ੍ਰਾਫੀ ਪ੍ਰਤੀ ਨਵਾਂ ਜੋਸ਼ ਤੇ ਉਤਸ਼ਾਹ ਪੈਦਾ ਕਰਨਾ ਹੈ। ਇਸ ਮੌਕੇ ਜਲੰਧਰ ਪ੍ਰੋਫੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੇ ਨੂਰਮਹਿਲ ਯੂਨਿਟ ਦੇ ਪ੍ਰਧਾਨ ਅਜੈ ਬੱਤਰਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਵੱਲੋਂ ਕੇਕ ਕੱਟ ਕੇ ਵਿਸ਼ਵ ਫੋਟੋਗ੍ਰਾਫੀ ਦਿਵਸ ਨੂੰ ਯਾਦਗਾਰ ਬਣਾਇਆ ਗਿਆ। ਇਸ ਮੌਕੇ ਪ੍ਰਧਾਨ ਰਾਜੇਸ਼ ਥਾਪਾ, ਜਨਰਲ ਸਕੱਤਰ ਰਮੇਸ਼ ਗਾਬਾ, ਕੈਸ਼ੀਅਰ ਸੰਦੀਪ ਕੁਮਾਰ, ਸੀਨੀਅਰ ਵਾਈਸ ਪ੍ਰਧਾਨ ਰਿਸ਼ੀ ਸ਼ਰਮਾ, ਵਾਈਸ ਪ੍ਰਧਾਨ ਤ੍ਰਿਲੋਕ ਢੁੱਪਰ, ਅਵਤਾਰ ਚੰਦ, ਬਲਰਾਜ ਸਿੰਘ, ਸੁਨੀਲ ਕੁਮਾਰ, ਸੁਰਿੰਦਰ ਕੁਮਾਰ, ਨੂਰਮਹਿਲ ਯੂਨਿਟ ਦੇ ਪ੍ਰਧਾਨ ਅਜੈ ਬੱਤਰਾ, ਕਮਲੇਸ਼ ਕੁਮਾਰ, ਜਸਵਿੰਦਰ ਕੁਮਾਰ, ਸੰਦੀਪ ਸਿੰਘ, ਸੂਰਜ ਮਹਿਰਾ, ਸੋਨੂੰ, ਅਮਿਤ ਕੁਮਾਰ, ਰਾਜਿੰਦਰ ਕੁਮਾਰ, ਰਵੀ ਸ਼ਰਮਾ, ਕਮਾਜੀਤ, ਜਤਿੰਦਰ ਕੁਮਾਰ ਸਮੇਤ ਹੋਰ ਫੋਟੋਗ੍ਰਾਫਰ ਹਾਜ਼ਰ ਸਨ।


## ਕੇ.ਜੇ. ਕਾਲਜ ਆਫ਼ ਐਜੂਕੇਸ਼ਨ, ਰਸੂਲਪੁਰ (ਪਟਿਆਲਾ) ਪੰਜਾਬੀ ਯੂਨੀਵਰਸਿਟੀ,

ਪਟਿਆਲਾ ਨਾਲ ਮਾਨਤਾ ਪ੍ਰਾਪਤ ਬੀ.ਐੱਡ. ਕੋਰਸ ਲਈ ਨਿਯਮਤ ਅਧਾਰ 'ਤੇ ਹੇਠ ਲਿਖੇ ਅਹੁਦਿਆਂ ਲਈ ਯੋਗ ਉਮੀਦਵਾਰਾਂ ਤੋਂ ਅਰਜ਼ੀਆਂ ਮੰਗੀਆਂ ਜਾਂਦੀਆਂ ਹਨ ਸਹਾਇਕ ਪ੍ਰੋਫੈਸਰ ਸਿੱਖਿਆ (Education) - 4 ਅਸਾਮੀਆਂ, ਗਣਿਤ (Maths), ਵਿਗਿਆਨ (Science), ਕੰਪਿਊਟਰ ਸਾਇੰਸ (Computer Science), ਅੰਗਰੇਜ਼ੀ (English), ਕਾਮਰਸ (Commerce), ਅਰਥ ਸ਼ਾਸਤਰ (Economics), ਸਰੀਰਕ ਸਿੱਖਿਆ (Physical Education), ਰਾਜਨੀਤੀ ਵਿਗਿਆਨ (Political Science), ਸੰਗੀਤ (Music), ਲਾਇਬ੍ਰੇਰੀਅਨ (Librarian)

ਨੋਟ: ਅਸਾਮੀਆਂ ਦੀ ਗਿਣਤੀ ਲੋੜ ਅਨੁਸਾਰ ਵਧਾਈ ਜਾਂ ਘਟਾਈ ਜਾ ਸਕਦੀ ਹੈ।

ਯੋਗਤਾ ਅਤੇ ਤਨਖਾਹ ਸਕੇਲ : UGC/NCTE/ਪੰਜਾਬ ਸਰਕਾਰ/ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਨਿਯਮਾਂ ਅਨੁਸਾਰ।ਯੋਗ ਉਮੀਦਵਾਰ ਆਪਣਾ ਬਾਇਓਡਾਟਾ/ਰਿਜ਼ਿਊਮੇ 10 ਦਿਨਾਂ ਦੇ ਅੰਦਰ ਹੇਠ ਲਿਖੇ ਈ-ਮੇਲ 'ਤੇ ਭੇਜਣ: E-mail:kayjayrasulpur@gmail.com

Portal:collegejobs.punjabiuniversity.ac.in

ਸੰਪਰਕ: 8146846070, 9988109895


# ਕਲਾਸੀਫਾਈਡ ਇਸ਼ਤਿਹਾਰ

## Change of Name

I, Hardev Singh S/o Surjit Singh R/o VTC Harike, PO Harike, Sub District Patti, Distt. TarnTaran, Punjab-143412 have changed my name from Hardev Singh to Singh is my surname and Hardev is my given name.

I, Gurdeep Singh S/o Gareeb Das R/o Village Chella PO Kotfathui Tehsil Garhshankar Distt. Hoshiarpur Punjab declare that my surname is Singh and my given name is Gurdeep. Concerned note.

I, Kiranjeet Kaur D/O Gian Singh R/O V.p.o. Aur, Teh. Nawanshahr, Distt. S.b.s Nagar Pin. 144417, Punjab Have Changed My Name Spelling From Kiranjeet Kaur To Kiranjit Kaur. All Concerned Please Note.

I Jatinder Kaur D/O Robin Kumar R/O Village Bhathe, Po. Rahimpur, Jalandhar - 144801, Punjab, India, Have Changed My Name From Jatinder Kaur To Kaur Jatinder (Surname As Kaur). All Please Note.

I, Chanan Singh S/o Waryam Singh R/o Vill.Kathana, Po.Jhinger Kalan, Teh.Dasuya, Punjab, 144205, I have changed my name from Chanan Singh to Singh Chanan and declare that Chanan is my given name and Singh is my Surname.

I, Manjit Kaur D/o Darshan Singh W/o Chanan Singh R/o Vill.Kathana, Po.Jhinger Kalan, Teh.Dasuya, Punjab, 144205, I have changed my name from Manjit Kaur to Kaur Manjit and declare that Manjit is my given name and Kaur is my Surname.

I, Amarjit Singh S/o Balwant Singh R/o 2877, Wadali Road, Gali No.3, Hargobindpura, Chheharta, Distt. Amritsar, Punjab-143001 have changed my name from Amarjit Singh to Singh is my surname and Amarjit is my given name.

I, Kusum Verma W/o Sh. Rahul Verma, residing at House No. 1A, Singh Colony, DC Nagar, Mithapur, Jalandhar- 144022, Punjab, India, declare that I have changed my name from Kusum Verma to Kusam Verma. Please note.

I Sharanjit Kaur D/o Balwinder Singh of Vill. Toti,Tehsil Sultanpur Lodhi, Distt. Kapurthala, (Punjab), Have Changed My Name Sharanjit Kaur to Sharnjit Kaur Concerned May Note.

I, Jagroop Singh S/o Gurmej Singh R/o L-12/504, Gali No.10, Kot Harnam Dass, Sultanwind Road, Amritsar have declare that Jagroop is my given name and Singh is my Surname

I, Bhavnoor Singh S/o Harpal Singh resident of Vill Kot Razada, PO Gaggo Mahal, Teh Ajnala, Amritsar have changed my name from Singh is my surname and given name is Bhavnoor.

I, Raphalpreet Singh S/o Mangal Singh R/o VPO Akalgarh Dhapian Via Tarsikka Amritsar have declare that Raphalpreet is my given name and Singh is my Surname.

I, Rajwinder Singh S/o Harjinder Singh R/o VPO Akalgarh Dhapian, Amritsar have declare that Rajwinder is my Given name and Singh is my Surname.

I, Manpreet Singh S/o Nirmal Singh R/o Takhtu Chak, Tarn Tarn have declare that Manpreet is my Given name and Singh is my Surname.

I, Gurjit Singh Dhillon S/o Angrej Singh R/o VPO Sur Singh Patti Nangal Ke Tehsil Patti District Tarn Taran have changed my name from Gurjit Singh Dhillon to Gurjit Singh.

I, Barinder Kaur W/o Pargat Singh Gill R/o Village Kakar District Amritsar have changed my name from Barinder Kaur to Barinderjit Kaur Gill.

I, Sukhjit Kaur W/o Satnam Singh R/o H.No.155C (Corner) Rani Ka Bagh, Opp Lane HP Jewellers, Amritsar have changed my name from Sukhjeet Kaur to Sukhjit Kaur.

I, Ranjodh Singh S/o Satnam Singh R/o Village Nathupur, PO Gandiwind Dhattal Tehsil Patti District Tarn Taran have declare that Ranjodh is my Given name and Singh is my Surname.

I Gourav S/O Sarabjit R/O Vpo Khurdpur Distt. Jalandhar Punjab. Have changed my name from Gaurav to Gaurav Singh.

I Harjeet Singh S/o. Prem Singh, Vill. Dhandour, PO Isharwal, Distt Jalandhar-144102 have changed my name to Harjeet as my given name and Singh as surname.

I, Sushma Rani w/o Gurnek Singh r/o Vill. Bhajjal, Po. Rampur Bilron, Teh. Garhshankar, Distt. Hoshiarpur have changed my name from Sushma Rani to Shushma Rani. All Please Note.

I, Pooja Chopra w/o Anil Gupta r/o h.no. 5, New Aman Nagar, Industrial Town, Jalandhar have changed my name from Pooja Chopra to Pooja Gupta, after marriage. All Please Note.

I, Gurbax Kaur w/o Balkar Singh r/o VPO. Daduwal, Distt. Jalandhar have changed my name from Gurbax Kaur to Gurbaksh Kaur. All Please Note.

## Change of Name

I, Jaspal Singh s/o Kulwinder Singh r/o Near Purewal Palace, Patti Purewal, VPO. Shankar, Tehsil Nakodar, Distt. Jalandhar have changed my Given name as Jaspal & Surname as Singh. All Please Note.

I, Gurpreet Singh s/o Manjit Singh r/o VPO. Bariar, P.O. Begowal, Tehsil Bholath, Distt. Kapurthala-144621, Punjab declare that I have been known by the name Gurpreet Singh since birth plz note.

I, Kartik s/o Kulwinder Lal r/o Vill. Alipur, Po. Kukar Pind, Distt.Jalandhar, Punjab have changed my name from Kartik to Kartik Singh. All Please Note.

I, Vickey s/o Chuni Lal r/o H.No. 2569, Bhargo Nagar, Distt.Jalandhar-144001, Punjab have changed my name from Vickey to Vicky. All Please Note.

I, Carina Ignetius Bechri W/o Baljit Singh R/o VPO. Madhopur, Tehsil Phagwara, Distt. Kapurthala, Punjab, India have changed my name from Carina Ignetius Bechri to Kirandeep Kaur. All Please Note.

I, Sukhvir Kaur W/o Daljit Singh R/o Patti Burra, VPO. Sarai Khas, Jalandhar, Punjab-144805 have changed my name from Sukhvir Kaur to Sukhbir Kaur. All concerned please note.

I, Daljeet Singh S/o Harcharanjit Singh R/o Patti Burra, VPO. Sarai Khas, Jalandhar, Punjab-144805 have changed my name from Daljeet Singh to Daljit Singh. All concerned please note.

I, Sarabjit Singh S/o Saun Singh R/o VPO. Zahura, Tehsil Tanda, Distt. Hoshiarpur, Punjab have changed my name from Sarbjit Singh to Sarabjit Singh. Concerned Note.

I, Pooja Sabharwal W/o Tilak Raj Thapar R/o H No. N.M. 199, Mohalla Karar Khan, Jalandhar-144008, Punjab, have changed my name from Pooja Sabharwal to Pooja Thapar, in which given name Pooja and Surname as Thapar. All concerned please note.

I, Daljit Singh S/o Harcharanjit Singh R/o Patti Burra, VPO. Sarai Khas, Jalandhar, Punjab-144805 declare that my father's true and correct name is Harcharanjit Singh instead of Harcharanjeet Singh. Both the names are of one and the same person. All concerned please note.

I, Rekha Kaul W/o Jatinder Kumar R/o Nahal, PO: Basti Guzan, Jalandhar, Punjab-144002 declare that Rekha Kaul and Rekha both names are one and the same person. All concerned please note.

I, Yogesh, S/o Surinder Kumar residing at B-9, 409/3, Santokhpura, Jalandhar, Punjab, have adopted Kumar as my surname. Henceforth, my name shall be Yogesh Kumar for all purposes.

I, Rajbir Singh S/o Satnam Singh R/o Bedi Colony, Dhariwal, Tehsil & Distt. Gurdaspur, Punjab have changed my name from Rajbir Singh to Singh Rajbir. That Singh is my Surname & Rajbir is my Given Name.

I, Sanjeewan Sharma S/O Jagdish Chander, R/o M.I.G - 1097, Sector-32, Chandigarh Road, VTC: Focal Point, PO: Focal Point, Sub District: Ludhiana, District: Ludhiana, State: Punjab- 141010, have changed my name and shall hereafter be Known as Sanjay Attri.

I, Ashok Kumar Gupta S/O Yoginder Lal, R/o 100, Gulmohar Avenue, Zirakpur, Dhakauji, SAS Nagar (Mohalla), Punjab- 140603, have changed my name and shall hereafter be Known as Ashok Kumar.

I, Aditi Sethi, D/O Anupam Sethi R/o H-No-B-34-2876/465, ST-No-9, Ludhiana, New Tagore Nagar Haibowal Kalan, PO: Ludhiana, DIST: Ludhiana, Punjab- 141001. have changed my name and shall hereafter be Known as Jasmyra Kaur.

I Satnam Singh S/O Tarlok Singh R/O H No 17/3A, 3/A Baba Deep Singh Nagar Jalandhar, Punjab 144012 Have Changed My Name From Satnam Singh To Satnam As My Given Name And Singh As My Surname. All Concerned Please Note.

I, Satyavva is Mother of No. 15816421A Rank - L/NK Name - Siddharood Dudagi presently residing at C/o: Shivappa Padanur, Bijapur, Indi, Karnataka-586211 declare that Satyavva and Satyavva Dudagi pertain to one and the same person. Wide affidavit Dated 29/5/2026 before. ADDITIONAL. CIVIL JUDGE(JUNIER DIVISION)

I, Shivappa is Father of No. 15816421A Rank - L/NK Name - Siddharood Dudagi presently residing at C/o: Dundappa Dudagi, Padanur, Vijaypur, Karnataka-586211 declare that Shivappa and Shivappa Dundappa Dudagi pertain to one and the same person. Wide affidavit Dated 29/5/2026 before. ADDITIONAL. CIVIL JUDGE (JUNIER DIVISION).

I, hitherto known as Gurjit Singh S/o Sukhdev Singh R/o Village Tihara, PO. Passi Kandi, Teh. Dasuya, Distt. Hoshiarpur, Punjab-144205 have changed my name and shall hereafter be known as Singh Gurjit.

## ਬੇਦਖਲੀ ਨੋਟਿਸ

ਮੈਂ, ਕੁਲਦੀਪ ਸਿੰਘ ਪੁੱਤਰ ਸੰਤ ਰਾਮ ਵਾਸੀ ਮਕਾਨ ਨੰ: 96, ਗਲੀ ਨੰ: 02, ਨੰਦ ਸਿੰਘ ਨਗਰ, ਮੋਗਾ, ਤਹਿ. ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਿੰਸ ਉਰਫ ਕਾਲੂ ਅਤੇ ਉਸ ਦੀ ਪਤਨੀ ਪੂਨਮ, ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਅਤੇ ਮੇਰੇ ਪਰਵਾਰ ਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਮਨਜੀਤ ਕੌਰ ਪਤਨੀ ਗੋਰਾ ਵਾਸੀ ਕੇ 24/275, ਅਹਾਤਾ ਨੰਬਰ 100, ਘਾਹ ਮੰਡੀ ਰਾਮਬਾਗ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜੱਜ ਸਿੰਘ ਅਤੇ ਉਸ ਦੀ ਪਤਨੀ ਸੰਦੀਪ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਅਤੇ ਗਾਲੀ-ਗਲੋਚ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਦੌਲਤ ਰਾਮ ਪੁੱਤਰ ਰਾਮ ਪ੍ਰਕਾਸ਼ ਅਤੇ ਰਾਜ ਰਾਣੀ ਪਤਨੀ ਦੌਲਤ ਰਾਮ ਵਾਸੀ ਮਕਾਨ ਨੰ: ਡੀ-2/805, ਛੋਟਾ ਹਰੀਪੁਰਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਭੀ ਅਤੇ ਉਸ ਦੀ ਪਤਨੀ ਜੋਤੀ ਮਹਿਰਾ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ, ਲੜਾਈ-ਝਗੜਾ ਕਰਦੇ ਹਨ। ਅਸੀਂ ਉਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਅਸੀਂ ਤੇ ਸਾਡਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਣਗੇ। ਸਾਡਾ ਤੇ ਸਾਡੇ ਪਰਵਾਰ ਦਾ ਉਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ

ਮੈ ਅਜੈ ਕੁਮਾਰ ਪੁੱਤਰ ਗੇਜਾ ਸਿੰਘ ਵਾਸੀ 4012, ਨਵਾਂ ਹਮੀਦਪੁਰਾ, ਛੇਹਰਟਾ, ਤਹਿਸੀਲ ਅਤੇ ਜਿਲ੍ਹਾਂ ਅੰਮ੍ਰਿਤਸਰ ਆਪਣੇ ਬੇਟੇ ਰਾਜਨ ਕੁਮਾਰ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰੇ ਪਰਿਵਾਰ ਦਾ ਕੋਈ ਮੈਬਰ ਜਿੰਮੇਵਾਰ ਨਹੀ ਹੋਵੇਗਾ। ਮੇਰਾ ਹੁਣ ਰਾਜਨ ਕੁਮਾਰ ਨਾਲ ਕੋਈ ਸੰਬਧ ਨਹੀ ਹੈ।

ਮੈਂ ਸਰਬਜੀਤ ਕੌਰ ਵਿਧਵਾ ਦਲਬੀਰ ਸਿੰਘ ਵਾਸੀ ਪਿੰਡ ਮਹਾਵਾ, ਪੁਲਿਸ ਥਾਣਾ ਘਰਿੰਡਾ, ਸਬ ਤਹਿ: ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ ਇਹ ਬਿਆਨ ਕਰਦੀ ਹਾ ਕਿ ਮੇਰਾ ਲੜਕਾ ਮਨਪ੍ਰੀਤ ਸਿੰਘ ਮੇਰੇ ਕਹਿਣੇ ਸੁਨਣੇ ਤੋਂ ਬਾਹਰ ਹੈ। ਇਸ ਨੂੰ ਮੈਂ ਆਪਣੀ ਚੱਲ- ਅਚੱਲ ਜਾਇਦਾਦ ਤੋ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜਿੰਮੇਦਾਰ ਹੋਵੇਗਾ ਸੰਬੰਧਤ ਨੋਟ ਕਰਨ।

ਮੈ ਰਜਵੰਤ ਕੌਰ ਪਤਨੀ ਜਸਵੰਤ ਸਿੰਘ ਵਾਸੀ ਕੈਰੋ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦੀ ਰਹਿਣ ਵਾਲੀ ਹਾਂ। ਮੇਰਾ ਲੜਕਾ ਅਵਤਾਰ ਸਿੰਘ ਤੇ ਇਸਦੀ ਪਤਨੀ ਮਨਜੀਤ ਕੌਰ ਤੇ ਇਹਨਾਂ ਦੀ ਲੜਕੀ ਕਿਰਨਦੀਪ ਕੌਰ ਤਿੰਨੇ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਆਪਣੇ ਲੜਕੇ ਤੇ ਇਸਦੀ ਪਤਨੀ ਇਹਨਾਂ ਦੀ ਲੜਕੀ ਤਿੰਨਾਂ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੀ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ, ਬਲਜਿੰਦਰ ਸਿੰਘ ਪੁੱਤਰ ਬਚਿੱਤਰ ਸਿੰਘ ਵਾਸੀ ਭੈਣੀ ਬਾਘਾ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਵੀਰ ਸਿੰਘ ਅਤੇ ਨੂੰਹ ਅਮਨ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਬਲਵਿੰਦਰ ਕੌਰ ਪਤਨੀ ਲੇਟ ਮਹਿੰਦਰ ਸਿੰਘ ਵਾਸੀ ਪਿੰਡ ਪੱਡੇ ਬੇਟ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਚਰਨਜੀਤ ਸਿੰਘ, ਜੋ ਮੇਰੇ ਕਹਿਣੇ ਤੇ ਕੰਟਰੋਲ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ਤੇ ਅੱਜ ਤੋਂ ਮੈਂ ਇਸ ਨਾਲੋਂ ਸਾਰੇ ਰਿਸ਼ਤੇ ਤੋੜਦੀ ਹਾਂ। ਮੇਰਾ ਜਾਂ ਮੇਰੇ ਪਰਵਾਰ ਦਾ ਇਸ ਨਾਲ ਅੱਜ ਤੋਂ ਕੋਈ ਰਿਸ਼ਤਾ ਨਹੀਂ ਹੋਵੇਗਾ, ਜੋ ਵੀ ਇਸ ਨਾਲ ਕਿਸੇ ਕਿਸਮ ਦਾ ਲੈਣ-ਦੇਣ ਜਾਂ ਸੰਬੰਧ ਰੱਖੇਗਾ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਇਸ ਵਿਚ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਅਮਨ ਢੀਂਗਰਾ ਪੁੱਤਰ ਪੁਰਸ਼ੋਤਮ ਲਾਲ, ਵਾਸੀ ਮਕਾਨ ਨੰਬਰ ਬੀ-6/15, ਮੁਹੱਲਾ ਮਲਕਾਨਾ, ਕਪੂਰਥਲਾ, ਹਾਲ ਵਾਸੀ ਮੁਹੱਲਾ ਅਰਫਵਾਲਾ, ਕੋਟੂ ਚੌਕ, ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸਿਮਰਨ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਜਸਵਿੰਦਰ ਕੌਰ ਪਤਨੀ ਸਵ. ਵਕੀਲ ਸਿੰਘ ਵਾਸੀ ਰੋੜੇਵਾਲਾ, ਤਹਿ. ਲਹਿਰਾ, ਜ਼ਿਲ੍ਹਾ ਸੰਗਰੂਰ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਪਰਮਿੰਦਰ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਬਲਵਿੰਦਰ ਕੌਰ ਪਤਨੀ ਸੋਢੀ ਸਿੰਘ ਵਾਸੀ ਪਿੰਡ ਮੱਲੀਆਂ ਕਲਾਂ, ਡਾਕਖਾਨਾ ਤਲਵੰਡੀ ਸਲੇਮ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਕੁਲਵੰਤ ਸਿੰਘ ਪੁੱਤਰ ਸੰਪੂਰਨ ਸਿੰਘ ਵਾਸੀ ਮਕਾਨ ਨੰਬਰ 1190 ਪੱਤੀ ਚੰਬਲ ਦੀ ਬਲਾਕ ਵੇਰਕਾ, ਗੁਰੂ ਕੀ ਵਡਾਲੀ ਛੇਹਰਟਾ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਜੀਤ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਮੈਨੂੰ ਅਤੇ ਮੇਰੇ ਪਰਵਾਰ ਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਆਪਣੇ ਲੜਕੇ ਗੁਰਜੀਤ ਸਿੰਘ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। (ਆਰ)

ਮੈ ਰਤਨੋ ਪਤਨੀ ਵਿਧਵਾ ਕਰਤਾਰ ਚੰਦ ਵਾਸੀ ਜੋੜਾ ਫਾਟਕ ਰਸੂਲਪੁਰ ਕਲਰ, ਅੰਮ੍ਰਿਤਸਰ । ਮੇਰਾ ਲੜਕਾ ਦਲਜੀਤ ਕੁਮਾਰ ਅਤੇ ਨੂੰਹ ਸੁਮਨ ਜੋ ਕਿ ਮੇਰੇ ਕਹਿਣੇ ਤੋ ਬਾਹਰ ਹਨ । ਮੈਂ ਇਹਨਾ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਇਹਨਾ ਦੇ ਨਾਲ ਕਿਸੇ ਪ੍ਰਕਾਰ ਦਾ ਲੈਣ ਦੇਣ ਕਰੇਗਾ ਉਹ ਖੁਦ ਜਿੰਮੇਵਾਰ ਹੋਵੇਗਾ । ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ । ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਅਸੀਂ ਜਸਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਅਤੇ ਤਰਵਿੰਦਰ ਕੌਰ ਪਤਨੀ ਜਸਵਿੰਦਰ ਸਿੰਘ ਵਾਸੀ ਮੁਹੱਲਾ ਕੇਸਰੀ ਬਾਗ, ਕਪੂਰਥਲਾ ਘੋਸ਼ਣਾ ਕਰਦੇ ਹਾਂ ਕਿ ਸਾਡਾ ਲੜਕਾ ਨਵਪ੍ਰੀਤ ਸਿੰਘ ਉਰਫ ਲਵਲੀ ਅਤੇ ਨੂੰਹ ਸਨੇਹਾ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜੀ ਕਰਦੇ ਹਨ।ਅਸੀਂ ਆਪਣੇ ਲੜਕੇ ਅਤੇ ਨੂੰਹ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ ਪਰਮਜੀਤ ਕੌਰ ਪਤਨੀ ਸ਼ਰਨਜੀਤ ਸਿੰਘ ਵਾਸੀ 77, ਪਟੇਲ ਨਗਰ, ਕਪੂਰਥਲਾ ਘੋਸ਼ਣਾ ਕਰਦੀ ਹਾਂ ਕਿ ਮੇਰਾ ਲੜਕਾ ਰਾਜਬੀਰ ਸਿੰਘ ਬੱਲ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜੀ ਕਰਦਾ ਹੈ। ਮੈਂ ਆਪਣੇ ਲੜਕੇ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਅਸੀਂ, ਮੇਜਰ ਸਿੰਘ ਪੁੱਤਰ ਸਰੂਪ ਸਿੰਘ ਅਤੇ ਬਲਵਿੰਦਰ ਕੌਰ ਪਤਨੀ ਮੇਜਰ ਸਿੰਘ, ਵਾਸੀ ਮਕਾਨ ਨੰ. ਐੱਫ-449/13, ਨਹਿਰੂ ਕਾਲੋਨੀ, ਨੇੜੇ ਹਰਕ੍ਰਿਸ਼ਨ ਗੁਰਦੁਆਰਾ, ਮਜੀਠਾ ਰੋਡ, ਤਹਿ. ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਗਗਨਦੀਪ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ। ਸਾਡੇ ਨਾਲ ਲੜਾਈ-ਝਗੜਾ ਤੇ ਸਾਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਦੀਪਕ ਕੁਮਾਰ ਪੁੱਤਰ ਬਾਲ ਸਰੂਪ ਧੀਰ ਵਾਸੀ ਮਕਾਨ ਨੰ: ਐਨ.ਡੀ-92, ਵਿਕਰਮਪੁਰਾ, ਮਾਈ ਹੀਰਾ ਗੇਟ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਜੀਵੇਸ਼ ਧੀਰ ਅਤੇ ਨਰਾਇਣ ਧੀਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਜਗਜੀਵਨ ਭੱਟੀ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਬਡਿਆਲ, ਜ਼ਿਲ੍ਹਾ ਹੁਸ਼ਿਆਰਪੁਰ ਦਾ ਹਾਂ ਅਤੇ ਸ੍ਰੀ ਜਗਦੀਸ਼ ਰਾਮ ਪੁੱਤਰ ਨਾਨਕ ਚੰਦ ਵਾ ਸ੍ਰੀਮਤੀ ਰਣਜੀਤ ਕੌਰ ਪਤਨੀ ਜਗਦੀਸ਼ ਰਾਮ ਦੋਨੋਂ ਵਾਸੀਆਨ ਪਿੰਡ ਦਰਾਵਾਂ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ ਵੱਲੋਂ ਮੁਖਤਿਆਰਆਮ ਨਿਯੁਕਤ ਹਾਂ, ਜੋ ਕਿ ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਜੀ ਦੇ ਦਫਤਰ ਵੱਲੋਂ ਉਨ੍ਹਾਂ ਦੇ ਦਫ਼ਤਰ ਦੇ ਕ੍ਰਮਵਾਰ ਨੰਬਰ 329 ਮਿਤੀ 21-07-2026 ਅਤੇ ਨੰਬਰ 330 ਮਿਤੀ 21-07-2026 ਰਾਹੀਂ ਮੋਹਰ-ਯਾਫਤਾ ਹੈ, ਜਿਸ ਦੇ ਅਧਾਰ 'ਤੇ ਇਸ ਨੋਟਿਸ ਰਾਹੀਂ ਹਰੇਕ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਨ੍ਹਾਂ ਦਾ ਲੜਕਾ ਨਾਂਅ ਸੰਦੀਪ ਕੁਮਾਰ ਪੁੱਤਰ ਜਗਦੀਸ਼ ਰਾਮ ਨੇ ਆਪਣੀ ਮਰਜ਼ੀ ਨਾਲ ਖੁਦ ਆਪਣਾ ਵਿਆਹ ਕਰਵਾਇਆ ਹੈ ਅਤੇ ਵਿਆਹ ਕਰਾਉਣ ਉਪਰੰਤ ਸਾਡਾ ਇਹ ਉਕਤ ਲੜਕਾ ਸੰਦੀਪ ਕੁਮਾਰ ਵਾ ਮਨਪ੍ਰੀਤ ਕੌਰ ਪਤਨੀ ਸੰਦੀਪ ਕੁਮਾਰ ਵਾ ਇਨ੍ਹਾਂ ਦੀ ਲੜਕੀ ਅੰਮ੍ਰਿਤ ਕੌਰ ਸਾਡੇ ਕਹਿਣੇ ਤੋਂ ਬਾਹਰ ਹੋ ਚੁੱਕੇ ਹਨ, ਜਿਸ ਕਰਕੇ ਇਨ੍ਹਾਂ ਨੂੰ ਆਪਣੀ ਜਾਇਦਾਦ ਜੋ ਕਿ ਵਾਕਿਆ ਪਿੰਡ ਦਰਾਵਾਂ, ਜ਼ਿਲ੍ਹਾ ਜਲੰਧਰ ਅਤੇ ਹੋਰ ਸੰਪੂਰਨ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਕਿਸੇ ਵੀ ਆਮ ਜਾਂ ਖਾਸ ਵਿਅਕਤੀਆਂ ਵੱਲੋਂ ਕੀਤਾ ਲੈਣ-ਦੇਣ ਦੇ ਇਹ ਖੁਦ ਹੀ ਜ਼ਿੰਮੇਵਾਰ ਹੋਣਗੇ।ਸਾਡਾ ਇਨ੍ਹਾਂ ਨਾਲ ਕੋਈ ਵਾਸਤਾ ਜਾਂ ਸਰੋਕਾਰ ਨਹੀਂ ਹੈ।ਇਹ ਹਰੇਕ ਦੀ ਸੂਚਨਾ ਹਿੱਤ ਹੈ ਜੀ।

## ਆਮ ਸੂਚਨਾ

ਗੁਰਦਿੱਤ ਸਿੰਘ ਪੁੱਤਰ ਰੋੜਾ ਸਿੰਘ, ਪਿੰਡ ਕਾਲੇਕੇ (ਅੰਮ੍ਰਿਤਸਰ) ਵਾਲਾ ਟਿਊਬਵੈਲ ਕੁਨੈਕਸ਼ਨ ਏ.ਪੀ. 18/402 ਨੂੰ ਵੀਰ ਕੌਰ ਪਤਨੀ ਜੈਇੰਦਰ ਸਿੰਘ, ਵਾਸੀ ਕਾਲੇਕੇ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ, ਇਤਰਾਜ 15 ਦਿਨਾਂ ਅੰਦਰ ਦਫਤਰ ਉਪ ਮੰਡਲ ਅਫਸਰ ਬੁਟਾਰੀ ਸਾਹਿਬ ਪੁੱਜਣ।

ਮੈਂ, ਮੋਹੰਮਦ ਵਾਸਿਮ ਪੁੱਤਰ ਸਾਰਾਦਾਰ ਖਾਨ ਵਾਸੀ ਮਕਾਨ ਨੰ: 380, ਗਲੀ ਨੰ: 7, ਨਿਊ ਸ਼ਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਵਿਕਰੀ ਡੀਡ ਨੰਬਰ 9656 ਮਿਤੀ 10-03-2004 ਸਬ ਰਜਿਸਟਰਾਰ ਜਲੰਧਰ ਜੋ ਕਿ 3 ਮਰਲੇ ਨਿਊ ਰਤਨ ਨਗਰ, ਬਾਬੂ ਲਾਭ ਸਿੰਘ ਨਗਰ ਵਿੱਚ ਹੈ, ਉਕਤ ਵਿਕਰੀ ਡੀਡ ਕਿੱਧਰੇ ਗੁੰਮ ਹੋ ਗਈ ਹੈ । ਜਿਸ ਦਾ ਪੁਲਿਸ ਕੰਪਲੈਂਟ ਨੰਬਰ LAR-2026-JALC-774459 ਹੈ। ਜੇਕਰ ਕਿਸੇ ਵਿਅਕਤੀ ਨੂੰ ਦਸਤਾਵੇਜ ਮਿਲਣ ਜਾਂ ਕੋਈ ਇਤਰਾਜ ਹੋਵੇ ਤਾਂ ਐਡਵੋਕੇਟ ਵਿਕਾਸ ਸੂਦ ਨਾਲ ਮੋ: 98140-94356 ਤੇ ਸੰਪਰਕ ਕਰੇ।

## PUBLIC NOTICE

I Monica Rai Wife of Abdul Masih R/O Killi, Tehsil Shahkot, Distt. Jalandhar, Punjab-144702, India declare that some documents pertains my name Monica Rai and some pertains Monica Rani . Monica Rai and Monica Rani is one and the same lady. Note Please.

Mohit Korotania S/o Ram Pal, R/o Mohalla and PO Salwara, Tehsil and Distt Hoshiarpur, Punjab, India, declare that my 10+2 class certificate my father name has been wrongly mentioned as Rampal, but the correct name of my father in all documents is Ram Pal. Concerned note.

## ਨਾਂਅ ਦੀ ਬਦਲੀ

ਮੈਂ, ਪੁਸ਼ਪਿੰਦਰ ਸਿੰਘ ਪੁੱਤਰ ਪ੍ਰਿਤਪਾਲ ਸਿੰਘ ਵਾਸੀ ਵਾਰਡ ਨੰ.3, ਗਾਂਧੀ ਨਗਰ ਜਲਾਲਾਬਾਦ ਤਹਿਸੀਲ ਜਲਾਲਾਬਾਦ (ਪੱ.) ਜਿਲ੍ਹਾ ਫਾਜਿਲਕਾ ਬਿਆਨ ਕਰਦਾ ਹਾਂ ਕਿ ਮੇਰੇ ਅਧਾਰ ਕਾਰਡ, ਪੈਨ ਕਾਰਡ ਅਤੇ ਬਾਕੀ ਸਾਰੇ ਡਾਕੂਮੈਂਟਸ ਵਿੱਚ ਮੇਰਾ ਨਾਮ ਪੁਸ਼ਪਿੰਦਰ ਸਿੰਘ ਦਰਜ ਹੈ ਅਤੇ 10ਵੀਂ ਅਤੇ 12ਵੀਂ ਕਲਾਸ ਦੇ ਸਰਟੀਫਿਕੇਟ ਉਪਰ ਮੇਰਾ ਨਾਮ ਪੁਸ਼ਪਿੰਦਰ ਦਰਜ ਹੋ ਗਿਆ ਹੈ। ਅਸਲ ਵਿੱਚ ਮੇਰਾ ਨਾਮ ਪੁਸ਼ਪਿੰਦਰ ਸਿੰਘ ਹੈ ਅਤੇ ਮੈਨੂੰ ਪੁਸ਼ਪਿੰਦਰ ਸਿੰਘ ਦੇ ਨਾਮ ਨਾਲ ਜਾਣਿਆ ਜਾਵੇ। ਸੰਬਧਤ ਨੋਟ ਕਰਨ।

ਮੈਂ, ਅਨਿਲ ਕੁਮਾਰ ਪੁੱਤਰ ਪ੍ਰੇਮ ਨਾਥ ਵਾਸੀ 115, ਗਲੀ ਨੰ: 1, ਸ਼ਾਸਤਰੀ ਨਗਰ, ਗੋਪਾਲ ਨਗਰ, ਮਜੀਠਾ ਰੋਡ, ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਅਨਿਲ ਵਲਿਆਟ ਅਤੇ ਅਨਿਲ ਕੁਮਾਰ ਦੋਵੇਂ ਮੇਰੇ ਨਾਂਅ ਹਨ ਅਤੇ ਇਕੋ ਹੀ ਵਿਅਕਤੀ ਦੇ ਹਨ ਅਤੇ ਬਰਾਬਰ ਮਹੱਤਤਾ ਰੱਖਦੇ ਹਨ।

ਮੈਂ ਸਤੀਸ਼ ਕੁਮਾਰ, ਪੁੱਤਰ ਬਾਬੂ ਰਾਮ, ਵਾਸੀ ਪਿੰਡ ਤੇ ਡਾਕ ਸਲੇਮਪੁਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਘੋਸ਼ਣਾ ਕਰਦਾ ਹਾਂ ਕਿ ਮੈਂ ਆਪਣਾ ਨਾਮ ਸਤੀਸ਼ ਕੁਮਾਰ ਤੋਂ ਬਦਲ ਕੇ ਸਤਵਿੰਦਰ ਸਿੰਘ ਰੱਖ ਲਿਆ ਹੈ। ਸੰਬਧਤ ਨੋਟ ਕਰਨ।

ਮੈਂ ਹਰਜਿੰਦਰ ਸਿੰਘ ਪੁੱਤਰ ਨਸੀਬ ਸਿੰਘ ਵਾਸੀ ਪਿੰਡ ਇੱਬਣ ਜ਼ਿਲ੍ਹਾ ਕਪੂਰਥਲਾ ਆਪਣੀ ਨਾਬਾਲਿਗ ਲੜਕੀ ਸਿਮਰਨ ਦਾ ਨਾਂ ਬਦਲ ਕੇ ਸਿਮਰਨ ਕੌਰ ਰੱਖ ਲਿਆ ਹੈ। ਸੰਬਧਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਜਿੰਨਸੂ ਬਾਂਸਲ, ਜ਼ਿਲ੍ਹਾ ਮਾਲ ਅਫ਼ਸਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼, ਕਪੂਰਥਲਾ।

ਕੇਸ ਨੰਬਰ 63/DRO/FTC/NRI ਤਾਰੀਖ ਦਾਇਰ : 23/04/2026, ਕਿਸਮ ਮੁਕੱਦਮਾ ਤਕਸੀਮ ਖੇਵਟ ਨੰਬਰ 34 ਖਤੌਨੀ ਨੰਬਰ 39 ਮੁਤਾਬਕ ਜਮ੍ਹਾਂਬੰਦੀ ਸਾਲ 2018-2019 ਵਾਕਿਆ ਅਰਾਜੀ ਪਿੰਡ ਸੰਧੂ ਚੱਠਾ, ਹੱਦਬਸਤ ਨੰਬਰ 192 ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ।

1. ਕਮਲਜੀਤ ਕੌਰ ਪੁੱਤਰੀ ਸੁਰਿੰਦਰ ਸਿੰਘ ਪੁੱਤਰ ਵਰਿਆਮ ਸਿੰਘ ਵਾਸੀ ਮਹੇੜੂ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਹਾਲ ਵਾਸੀ 2 40. RADCKUFFE ROAD BARNSLEY,S71 3DX, UK ਰਾਹੀਂ ਮੁਖਤਾਰ ਸੁਰਿੰਦਰ ਸਿੰਘ ਪੁੱਤਰ ਵਰਿਆਮ ਸਿੰਘ ਪੁੱਤਰ ਭਗਤ ਸਿੰਘ ਵਾਸੀ ਪਿੰਡ ਮਹੇੜੂ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ। (ਧਿਰ ਅੱਵਲ)

ਬਨਾਮ :

1. ਦਰਸ਼ਨ ਸਿੰਘ ਪੁੱਤਰ ਅੱਛਰ ਸਿੰਘ ਪੁੱਤਰ ਪ੍ਰੀਤਮ ਸਿੰਘ, 2. ਸਾਥੋ ਪਤਨੀ ਲਾਲ ਹੁਸੈਨ ਪੁੱਤਰ ਯੂਸਫ

ਉਪਰ ਦਿੱਤੇ ਅਨੁਵਾਨ ਸੰਬੰਧੀ ਸਮੂਹ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਧਿਰ ਅੱਵਲ/ਮੁਦੱਈ ਨੇ ਤੁਹਾਡੇ ਖਿਲਾਫ ਇਸ ਅਦਾਲਤ ਵਿੱਚ ਮੁਕੱਦਮੇ (ਤਕਸੀਮ) ਦਾ ਕੇਸ ਦਾਇਰ ਕੀਤਾ ਹੋਇਆ ਹੈ।ਜੋ ਕਿ ਅਦਾਲਤ ਵਿੱਚ ਸੁਣਵਾਈ ਅਧੀਨ ਹੈ।ਅਦਾਲਤ ਨੂੰ ਤਸੱਲੀ ਹੋ ਚੁੱਕੀ ਹੈ ਕਿ ਕੁਝ ਧਿਰ ਦੋਮਾਂ ਦੀ ਆਮ ਤਰੀਕੇ ਨਾਲ (ਸੰਮਨ) ਰਾਹੀਂ ਤਾਮੀਲ ਨਹੀਂ ਹੋ ਸਕਦੀ ਜਾਂ ਧਿਰਾਂ ਜਾਣ-ਬੁੱਝ ਕੇ ਅਦਾਲਤੀ ਨੋਟਿਸ ਲੈਣ ਤੋਂ ਬਚ ਰਹੀਆਂ ਹਨ।ਇਸ ਲਈ ਮਾਣਯੋਗ ਅਦਾਲਤ ਦੇ ਹੁਕਮਾਂ ਅਨੁਸਾਰ ਇਹ ਜਨਤਕ ਇਸ਼ਤਿਹਾਰ (Subtituted Service) ਜਾਰੀ ਕੀਤਾ ਗਿਆ ਹੈ।

ਇਸ ਸੰਮਨ ਰਾਹੀਂ ਧਿਰ ਦੋਮਾਂ ਨੂੰ ਇਤਲਾਹ ਕੀਤੀ ਜਾਂਦੀ ਹੈ ਕਿ ਤੁਸੀਂ ਖੁਦ ਜਾਂ ਆਪਣੇ ਕਿਸੇ ਕਾਨੂੰਨੀ ਵਕੀਲ ਰਾਹੀਂ ਮਿਤੀ 27/08/2026 ਦਿਨ ਵੀਰਵਾਰ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਹੋ ਕੇ ਕੇਸ ਦਾ ਜਵਾਬ ਦਾਇਰ ਕਰੋ।ਨਿਰਧਾਰਿਤ ਮਿਤੀ 'ਤੇ ਜੇਕਰ ਕੋਈ ਧਿਰ ਹਾਜ਼ਰ ਨਹੀਂ ਆਉਂਦੀ ਤਾਂ ਉਸ ਦੇ ਖਿਲਾਫ ਇੱਕਤਰਫਾ ਕਾਰਵਾਈ (Ex parte) ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਕੇਸ ਦਾ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿੱਚ ਕਾਨੂੰਨ ਅਨੁਸਾਰ ਕਰ ਦਿੱਤਾ ਜਾਵੇਗਾ।ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਅਤੇ ਅਖਬਾਰ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 14/08/2026 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਹੋਇਆ।

ਸਹੀ/- ਜ਼ਿਲ੍ਹਾ ਮਾਲ ਅਫ਼ਸਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐੱਨ.ਆਰ.ਆਈਜ਼, ਕਪੂਰਥਲਾ

ਨੰਬਰ 153 /ਰੀਡਰ ਮਿਤੀ : 14/08/2026

## ਉੱਤਰ ਰੇਲਵੇ

### ਖੁਲੀ ਟੈਂਡਰ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਅਤੇ ਉਨ੍ਹਾਂ ਦੇ ਉਪ ਮੁੱਖ ਬਿਜਲੀ ਇੰਜੀਨੀਅਰ/ਨਿਰਮਾਣ, ਜੰਮੂ-ਤਵੀ ਹੇਠਾ ਲਿਖੇ ਕੰਮ ਦੇ ਲਈ Single packet System ਦੇ ਅਨੁਸਾਰ ਈ-ਟੈਂਡਰਾ ਮੰਗ ਕਰਦੇ ਹਨ :

| | |
|---|---|
| ਟੈਂਡਰ ਨੰ: | 17-Elect-C-GPS-SSB-26R5 dated 18.08.2026 |
| ਕੰਮਾਂ ਦਾ ਨਾਮ : | ਬਨਿਹਾਲ-ਬਾਰਾਮੂਲਾ ਖੰਡ ਵਿਚ ਸ੍ਰੀਨਗਰ ਰੇਲਵੇ ਸਟੇਸ਼ਨ ਉਤੇ ਅਤਿਰਿਕਤ ਕੋਚਿੰਗ ਸੁਵਿਧਾਵਾਂ ਦੇ ਸਬੰਧ ਵਿਚ ਬਿਜਲੀ ਕੰਮ, ਸੋਪੋਰ ਸਟੇਸ਼ਨ ਉਤੇ ਮਾਲ ਸੁਵਿਧਾਵਾਂ ਦੇ ਨਾਲ ਕਰੋਸਿੰਗ ਸਟੇਸ਼ਨ ਅਤੇ ਬਾਰਾਮੂਲਾ ਸਟੇਸ਼ਨ ਉਤੇ ਇਕ ਅਤਿਰਿਕਤ ਲੂਪ ਲਾਇਨ ਦੇ ਲਈ ਬਿਜਲੀ ਕੰਮਾਂ ਲਈ। |
| ਅਨੁਮਾਨਿਤ ਲਾਗਤ : | ਰੁ: 2,05,11,502.88 |
| ਬਿਆਨਾ ਰਾਸ਼ੀ : | ਰੁ: 4,10,200.00 |
| ਕੰਮ ਦਾ ਸਮਾਂ : | 12 ਮਹੀਨੇ |
| ਈ-ਟੈਂਡਰਾ ਅਪਲੋਡ ਕਰਨਾ ਅਤੇ ਖੁਲਣ ਦੀ ਮਿਤੀ ਅਤੇ ਸਮਾਂ : | ਟੈਂਡਰਾ ireps ਦੀ ਵੈੱਬਸਾਈਟ www.ireps.gov.in ਮਿਤੀ 28.08.2026 ਤੋਂ 11.09.2026 ਉਤੇ 15:00 ਵਜੇ ਤਕ ਅਪਲੋਡ ਕਰਨੀ ਹੋਵੇਗੀ ਅਤੇ ਉਸੀ ਦਿਨ 15:00 ਵਜੇ ਦੇ ਬਾਦ ਖੋਲੀ ਜਾਵੇਗੀ। |
| ਪੂਰੀ ਟੈਂਡਰ ਸੂਚਨਾ ਅਤੇ ਟੈਂਡਰ ਦਸਤਾਵੇਜ : | ਟੈਂਡਰ ਸੂਚਨਾ ireps ਦੀ ਵੈੱਬਸਾਈਟ www.ireps.gov.in ਮਿਤੀ 19.08.2026 ਤੋਂ ਉਪਲਬਧ ਰਹਿਣਗੇ ਅਤੇ ਟੈਂਡਰ ਦਸਤਾਵੇਜ ਮਿਤੀ 28.08.2026 ਤੋਂ 11.09.2026 15:00 ਵਜੇ ਤਕ ਅਪਲੋਡਿੰਗ ਦੇ ਲਈ ਉਪਲਬਧ ਰਹਿਣਗੇ। ਹੋਰ ਸਾਰੇ ਨਿਯਮ ਅਤੇ ਸ਼ਰਤਾਂ ਉਪਰੋਕਤ ਟੈਂਡਰ ਦਸਤਾਵੇਜ ਵਿਚ ਦਿਤੀ ਗਈ ਹੈ, ਕੇਵਲ ਈ-ਟੈਂਡਰਾਂ ਨੂੰ ਸਵੀਕਾਰ ਕੀਤਾ ਜਾਵੇਗਾ ਅਤੇ ਕਿਸੀ ਹੋਰ ਰੂਪ ਤੋਂ ਪੇਸ਼ ਕੀਤੇ ਗਏ ਟੈਂਡਰਾਂ ਨੂੰ ਸਰਸਰੀ ਤੌਰ ਉਤੇ ਖਾਰਿਜ ਕਰ ਦਿਤਾ ਜਾਵੇਗਾ। ਟੈਂਡਰ ਸੂਚਨਾ ਦਾ ਪੂਰਾ ਵੇਰਵਾ ਉਪ ਮੁੱਖ ਵਿਦ੍ਯੁਤ ਇੰਜੀਨੀਅਰ/ਨਿਰਮਾਣ/ਜੰਮੂ-ਤਵੀ ਦਫਤਰ ਦੇ ਨੋਟਿਸ ਬੋਰਡ ਉਤੇ ਦੇਖਿਆ ਜਾਂ ਸਕਦਾ ਹੈ। |

ਨੰ: 17-Elect-C-GPS-SSB-26 Dated: 18 08 2026 2863/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## AXIS BANK

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਅਤੇ ਪਤਾ : 1. ਜਨਤਾ ਟ੍ਰੇਡਿੰਗ ਏਜੰਸੀਜ਼ ਰਾਹੀਂ ਇਸ ਦੇ ਮਾਲਕ 2. ਨਰਿੰਦਰ ਅੰਗਰਿਸ਼ ਪੁੱਤਰ ਰਾਮਜੀ ਦਾਸ 3. ਨਰਿੰਦਰਪਾਲ ਅੰਗਰਿਸ਼ ਪੁੱਤਰ ਰਾਮਜੀ ਦਾਸ 4. ਮਨੀਸ਼ ਕੁਮਾਰ ਅੰਗਰਿਸ਼ ਪੁੱਤਰ ਨਰਿੰਦਰਪਾਲ ਅੰਗਰਿਸ਼।

ਅਚੱਲ ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਮਕਾਨ ਨੰ. ਡਬਲਯੂ 9/40 ਪੁਰਾਣਾ, ਡਬਲਯੂ 9/118 ਨਵਾਂ, ਜ਼ਮੀਨੀ ਰਕਬਾ 15-1/2* 62-1/2, ਰਾਮ ਗਲੀ 'ਚ ਸਥਿਤ, ਦੋਰਾਹਾ, ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ ਬੈਨਾਮਾ ਨੰ. 1788 ਮਿਤੀ 28.11.1997, ਨਰਿੰਦਰਪਾਲ ਪੁੱਤਰ ਰਾਮਜੀ ਦਾਸ ਦੇ ਨਾਂਅ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਰਾਮਜੀ ਦਾਸ, ਪੱਛਮ : ਰਾਮ ਗਲੀ, ਉੱਤਰ : ਪਾਲ ਸਿੰਘ ਮਿਸਤਰੀ, ਦੱਖਣ : ਮਨੋਹਰ ਲਾਲ ਬੈਕਟਰ।

13-2 ਨੋਟਿਸ ਅਨੁਸਾਰ ਬਕਾਇਆ ਰਕਮ : ਰੁਪਏ 21,12,226/- (ਇੱਕੀ ਲੱਖ ਬਾਰਾਂ ਹਜ਼ਾਰ ਦੋ ਸੌ ਛੱਬੀ ਰੁਪਏ ਕੇਵਲ)

| ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਮਿਤੀ | ਕਬਜ਼ੇ ਦੀ ਮਿਤੀ |
|---|---|---|
| 16 ਅਕਤੂਬਰ 2025 | 05 ਸਤੰਬਰ 2025 | 14 ਅਗਸਤ 2026 |

ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਅਤੇ ਪਤਾ : 1. ਰਾਮਜੀ ਦਾਸ ਐਂਡ ਸੰਨਜ਼ ਰਾਹੀਂ ਇਸ ਦੇ ਭਾਈਵਾਲਾਂ 2. ਨਰਿੰਦਰਪਾਲ ਅੰਗਰਿਸ਼ ਪੁੱਤਰ ਰਾਮਜੀ ਦਾਸ 3. ਮਨੀਸ਼ ਕੁਮਾਰ ਅੰਗਰਿਸ਼ ਪੁੱਤਰ ਨਰਿੰਦਰਪਾਲ ਅੰਗਰਿਸ਼ 4. ਪਵਨ ਕੁਮਾਰ ਪੁੱਤਰ ਰਾਮਜੀ ਦਾਸ 5. ਪਵਨ ਕੁਮਾਰ ਪੁੱਤਰ ਰਾਮਜੀ ਦਾਸ 6. ਨਰਿੰਦਰਪਾਲ ਅੰਗਰਿਸ਼ ਪੁੱਤਰ ਰਾਮ ਜੀ ਦਾਸ।

ਅਚੱਲ ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਮਕਾਨ ਨੰ. ਡਬਲਯੂ 9/40 ਪੁਰਾਣਾ, ਡਬਲਯੂ 9/118 ਨਵਾਂ, ਜ਼ਮੀਨੀ ਰਕਬਾ 15-1/2 x 62-1/2, ਰਾਮ ਗਲੀ 'ਚ ਸਥਿਤ, ਦੋਰਾਹਾ, ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ ਬੈਨਾਮਾ ਨੰ. 1788 ਮਿਤੀ 28.11.1997, ਨਰਿੰਦਰਪਾਲ ਪੁੱਤਰ ਰਾਮਜੀ ਦਾਸ ਦੇ ਨਾਂਅ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਰਾਮਜੀ ਦਾਸ, ਪੱਛਮ : ਰਾਮ ਗਲੀ, ਉੱਤਰ : ਪਾਲ ਸਿੰਘ ਮਿਸਤਰੀ, ਦੱਖਣ : ਮਨੋਹਰ ਲਾਲ ਬੈਕਟਰ।

13-2 ਨੋਟਿਸ ਅਨੁਸਾਰ ਬਕਾਇਆ ਰਕਮ : ਰੁਪਏ 15,36,318/- (ਪੰਦਰਾਂ ਲੱਖ ਛੱਤੀ ਹਜ਼ਾਰ ਤਿੰਨ ਸੌ ਅਠਾਰਾਂ ਰੁਪਏ ਕੇਵਲ)

| ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਮਿਤੀ | ਕਬਜ਼ੇ ਦੀ ਮਿਤੀ |
|---|---|---|
| 30 ਅਪ੍ਰੈਲ 2025 | 31 ਮਾਰਚ 2025 | 14 ਅਗਸਤ 2026 |

ਮਿਤੀ : 20 ਅਗਸਤ 2026 — ਸਹੀ/- ਅਧਿਕਾਰਤ ਅਫ਼ਸਰ

ਸਥਾਨ : ਪੰਜਾਬ — ਐਕਸਿਸ ਬੈਂਕ ਲਿਮਟਿਡ

## Punjab & Sind Bank

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ

(A Govt. of India Undertaking)

B/O:- Bhamian Khurd Ludhiana (B1342) E-mail:b1342@psb.co.in

### ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਪੰਜਾਬ ਐਂਡ ਸਿੰਧ ਬੈਂਕ, ਭਾਮੀਆਂ ਖੁਰਦ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਤਹਿਤ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ/ਗਰੰਟਰਾਂ ਨੂੰ ਨੋਟਿਸ 'ਚ ਦਰਸਾਈ ਰਕਮ, ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ ਡਿਮਾਂਡ ਨੋਟਿਸ ਸੈਕਸ਼ਨ 13 (2) ਹੇਠਾਂ ਦਰਸਾਈ ਮਿਤੀ ਨੂੰ ਜਾਰੀ ਕੀਤਾ ਸੀ।

ਕਰਜ਼ਦਾਰ ਅਤੇ ਗਰੰਟਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤੇ ਵਿਰੁੱਧ ਦਰਸਾਈ ਮਿਤੀ 'ਤੇ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ, ਰਹਿਣਕਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਪੰਜਾਬ ਐਂਡ ਸਿੰਧ ਬੈਂਕ ਭਾਮੀਆਂ ਖੁਰਦ, ਲੁਧਿਆਣਾ ਦੀ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਹੇਠ ਹੋਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਰਹਿਣਕਾਰਾਂ/ਗਰੰਟਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ-ਬਕਾਇਆ ਰਕਮ |
|---|---|---|---|---|
| ਕਰਜ਼ਦਾਰ (1) ਸ੍ਰੀਮਤੀ ਸ਼ੀਲਾ ਦੇਵੀ ਪਤਨੀ ਮੁਕੇਸ਼ ਕੁਮਾਰ ਵਾਸੀ ਮਕਾਨ ਨੰ. 40, ਗਲੀ ਨੰ. 1 (33 ਫੁੱਟ ਰੋਡ) ਰਾਮ ਨਗਰ, ਸਾਈ ਇਨਕਲੇਵ, ਮੁੰਡੀਆਂ ਕਲਾਂ, ਲੁਧਿਆਣਾ, ਪੰਜਾਬ-141015, ਨਾਲ ਹੀ : ਮਕਾਨ ਨੰ. 91, ਗਲੀ ਨੰ.1, 33 ਫੁੱਟ ਰੋਡ, ਭਗਤ ਸਿੰਘ ਕਾਲੋਨੀ, ਫੋਕਲ ਪੁਆਇੰਟ, ਲੁਧਿਆਣਾ-141010 (2) (ਕਰਜ਼ਦਾਰ) : ਸ੍ਰੀ ਮੁਕੇਸ਼ ਕੁਮਾਰ ਪੁੱਤਰ ਸਤੀਸ਼ ਚੌਰਸੀਆ ਵਾਸੀ ਮਕਾਨ ਨੰ. 365, ਗਲੀ ਨੰ. 5, ਭਗਤ ਸਿੰਘ ਕਾਲੋਨੀ, ਸ਼ੇਰਪੁਰ, ਫੋਕਲ ਪੁਆਇੰਟ, ਲੁਧਿਆਣਾ, ਪੰਜਾਬ-141010, ਨਾਲ ਹੀ : ਮਕਾਨ ਨੰ. 40, ਗਲੀ ਨੰ. 1, ਰਾਮ ਨਗਰ ਸਾਈ ਇਨਕਲੇਵ 33 ਫੁੱਟ ਰੋਡ, ਮੁੰਡੀਆਂ ਕਲਾਂ, ਲੁਧਿਆਣਾ-141015 (3) (ਗਰੰਟਰ) ਸ੍ਰੀ ਸੰਨੀ ਕੁਮਾਰ ਪੁੱਤਰ ਮੰਗਲੇਸ਼ ਕੁਮਾਰ ਵਾਸੀ ਬੀ-XXI-510/10/77, ਭਾਮੀਆਂ ਰੋਡ, ਕੁਲੀਏਵਾਲ, ਸਾਵਨ ਵਿਹਾਰ ਕਾਲੋਨੀ, ਫੋਕਲ ਪੁਆਇੰਟ ਲੁਧਿਆਣਾ, ਪੰਜਾਬ-141010 | ਜਾਇਦਾਦ/ਮਕਾਨ ਨੰ. 40 ਮਿੰਨ ਰਕਬਾ 57.5 ਵਰਗ ਗਜ਼, ਖਸਰਾ ਨੰ. 162, ਖੱਤਾ ਨੰ. 306/327, ਜਮ੍ਹਾਂਬੰਦੀ ਸਾਲ 2009-10, ਪਿੰਡ ਮੁੰਡੀਆਂ ਕਲਾਂ ਵਿਖੇ ਸਥਿਤ, ਹੱਦਬਸਤ ਨੰ. 179, ਸਾਈ ਇਨਕਲੇਵ ਵਜੋਂ ਜਾਣੀ ਜਾਂਦੀ ਜਗ੍ਹਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਬੈਨਾਮਾ ਵਸੀਕਾ ਨੰ. 6864 ਮਿਤੀ 29-07-2015 ਸ੍ਰੀਮਤੀ ਸ਼ੀਲਾ ਦੇਵੀ ਪਤਨੀ ਸ੍ਰੀ ਮੁਕੇਸ਼ ਕੁਮਾਰ ਦੇ ਨਾਂਅ ਬਕਾਇਦਾ ਸਬ-ਰਜਿਸਟਰਾਰ ਲੁਧਿਆਣਾ ਕੋਲ ਦਰਜ। ਹੱਦਾਂ : ਉੱਤਰ ਵਾਲੇ ਪਾਸੇ : ਗੁਆਂਢ 40', ਦੱਖਣ ਵਾਲੇ ਪਾਸੇ : ਗੁਆਂਢ 36'-6", ਪੂਰਬ ਵਾਲੇ ਪਾਸੇ : ਗੁਆਂਢ 14', ਪੱਛਮ ਵਾਲੇ ਪਾਸੇ : ਸੜਕ 14'-2" | 07.05.2026 | 14.08.2026 | ਸੰਕੇਤਕ ਕਬਜ਼ਾ — ਰੁਪਏ 4,13,351.44/- (ਚਾਰ ਲੱਖ ਤੇਰਾਂ ਹਜ਼ਾਰ ਤਿੰਨ ਸੌ ਇਕਵੰਜਾ ਰੁਪਏ ਅਤੇ ਚੁਤਾਲੀ ਪੈਸੇ ਕੇਵਲ) ਜਮ੍ਹਾਂ 30.04.2026 ਤੱਕ ਇਸ 'ਤੇ ਵਿਆਜ ਅਤੇ ਚਾਰਜਿਜ਼ |

ਮਿਤੀ : 19.08.2026 — ਸਥਾਨ : ਲੁਧਿਆਣਾ — ਅਧਿਕਾਰਤ ਅਫਸਰ

## COURT NOTICE

(U/o 5 Rule 20 CPC)

In the Court of Sh. Jagmohan Singh Sanghe Principal Judge Family Court, Jalandhar

DMC/378/2026

CNR No. PBJL01-005064-2026

Next Date :- 05-10-2026

Rajni W/o Dupinder Singh D/o Avtar Singh, Address : 335 Main Bazar Garha Jalandhar

Vs

Dupinder Singh S/o Gurdeep Singh Address : 5953 Ist floor near Ryan School Urban Estate Phase 2 Patiala Petition under section 13 of Hindu Marriage Act for dissolution of marriage by a decree of divorce.

Publication Issued To :- Dupinder Singh Father : Gurdeep Singh 5953 Ist floor near Ryan School Urban Estate Phase 2 Patiala

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 05-10-2026 at 10:00 a.m.

For details logon to https://highcourtchd.gov.in/?mod=district_notice&district=Jalandhar

Principal Judge Family Court, Jalandhar

Dated this day of 14-07-2026

## COURT NOTICE

(U/o 5 Rule 20 CPC)

In the Court of Meenakshi Gupta Additional Civil Judge (Senior Division), Pathankot

CNR No. PBPO02-000598-2026

Next Date:- 07-10-2026

Neelam Bharti through her special power of attorney holder Sh. Vijay Pal Singh

Vs. Ajay Bali

Application under order 9 rule 9 read with section 151 CPC for restoration of suit dismissed in default

Publication Issued To: Ajay Bali :- S/o Late Harman Singh Gali, resident of Village Akhwana Tehsil and District Pathankot, Punjab

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 07-10-2026 at 10:00 a.m.

For details logon to https://highcourtchd.gov.in/?mod=district_notice&district=Pathankot

Additional Civil Judge (Senior Division), Pathankot

Dated, this day of 19-08-2026

## COURT NOTICE

(U/o 5 Rule 20 CPC)

In the Court of Mandeep Kaur Civil Judge (Junior Division), Amritsar

CNR No. PBAS02-001811-2024

Next Date :- 25-09-2026

Punjab National Bank

Vs.

Sarabjit Kaur

Publication Issued To:

1. Sarabjit Kaur W/o Harjinder Singh R/o VPO Dhanoa Kalan, Tehsil and Distt. Amritsar

2. Gurinder Singh @ Gurpinder Singh S/o Harjinder Singh R/O VPO Dhanoa Kalan, Tehsil and Distt. Amritsar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 25-09-2026 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division) Amritsar

Dated, this day of 14-08-2026

## COURT NOTICE

(U/o 5 Rule 20 CPC)

In the Court of Sh. Jagdeep Sood Additional District and Sessions Judge, Ludhiana

CNR No. PBLD01-005302-2024

Next Date :- 11-09-2026

Gursimran Singh

Vs. Pal Singh

Publication Issued To:

6. Hargobind Singh Dhaliwal (I.P.S.) S/O Nrimal Singh, R/o 95-B, Sarabha Nagar, Grid Road, Bhadson Road, Patiala. 10. Satish Kumar S/o Des Raj R/o # 2088, Sec-15-C, Chandigarh, 11. Gurjeet Singh (now Deceased) S/o Kalha Singh Through Lr. Amarjit Kaur, VPO Badowal, Distt. Ludhiana, 12. Sukhjeet Singh S/o Kalha Singh S/o Mahinder Singh R/o VPO Badowal, Distt. Ludhiana, 15. Jaswinder Singh S/o Nath Singh C/o Hargobind Singh Dhaliwal, # 95-B, Sarabha Nagar, Grid Road, Bhadson Road, Patiala

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 11-09-2026 at 10:00 a.m.

For details logon to https://highcourtchd.gov.in/?mod=district_notice&district=mogacourt

Additional District and Sessions Judge, Ludhiana

Dated this day of 14-08-2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ

ਵਿਸ਼ਾ :- ਮਾਲ ਰਿਕਾਰਡ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬੰਧੀ।

ਨੋਟਿਸ ਬਨਾਮ ਪਬਲਿਕ

ਸ੍ਰੀ ਸੁਰਿੰਦਰ ਪਾਲ ਪੁੱਤਰ ਬਿਸ਼ਨ ਦਾਸ ਵਾਸੀ ਪਿੰਡ ਖਡਿਆਲਾ (ਮਿਰਜਾਪੁਰ), ਡਾਕਖਾਨਾ ਉਸਮਾਨਪੁਰ ਲਾਲੋਵਾਲ, ਤਹਿਸੀਲ ਦਸੂਹਾ ਜ਼ਿਲ੍ਹਾ ਹੁਸ਼ਿਆਰਪੁਰ ਨੇ ਇਕ ਦਰਖਾਸਤ ਦਿੱਤੀ ਹੈ ਕਿ ਮਾਲ ਰਿਕਾਰਡ ਵਾਕਿਆ ਰਕਬਾ ਪਿੰਡ ਕੰਧਾਲਾ ਜੱਟਾਂ/31, ਤਹਿਸੀਲ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਉਸ ਦਾ ਨਾਂਅ ਖੇਵਟ ਨੰਬਰ 479/544 ਵਿੱਚ ਸੁਰਿੰਦਰਪਾਲ ਪੁੱਤਰ ਰੂਪ ਲਾਲ ਪੁੱਤਰ ਬਿਸ਼ਨ ਦਾਸ ਅਤੇ ਖੇਵਟ ਨੰਬਰ 489/554 ਵਿੱਚ ਸੁਰਿੰਦਰਪਾਲ ਸਿੰਘ ਪੁੱਤਰ ਰੂਪ ਲਾਲ ਪੁੱਤਰ ਬਿਸ਼ਨ ਦਾਸ ਗਲਤ ਦਰਜ ਹੋ ਗਿਆ ਹੈ, ਜਦ ਕਿ ਉਸ ਦਾ ਅਸਲ ਨਾਂਅ ਸੁਰਿੰਦਰਪਾਲ ਪੁੱਤਰ ਬਿਸ਼ਨ ਦਾਸ ਪੁੱਤਰ ਗਰੀਬ ਦਾਸ ਹੈ। ਪ੍ਰਾਰਥੀ ਨੇ ਇਸ ਨਾਂਅ ਦੀ ਦਰੁਸਤੀ ਲਈ ਦਰਖਾਸਤ ਪੇਸ਼ ਕੀਤੀ ਹੈ। ਪ੍ਰਾਰਥੀ ਵੱਲੋਂ ਦਰਖਾਸਤ ਦੇ ਨਾਲ ਹਲਫੀਆ ਬਿਆਨ ਅਤੇ ਹੋਰ ਸਬੂਤ ਪੇਸ਼ ਕੀਤੇ ਗਏ ਹਨ। ਪ੍ਰਾਰਥੀ ਦਰਖਾਸਤ ਦੇ ਨਾਲ ਲੋੜੀਂਦੇ ਦਸਤਾਵੇਜ਼ ਲਗਾਏ ਹਨ। ਪ੍ਰਾਰਥੀ ਦੇ ਆਧਾਰ 'ਤੇ ਮਾਲ ਰਿਕਾਰਡ ਪਿੰਡ ਕੰਧਾਲਾ ਜੱਟਾਂ/31, ਵਿਚ ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਦਰੁਸਤੀ ਕੀਤੀ ਜਾਣੀ ਹੈ। ਇਸ ਨਾਂਅ ਦੀ ਦਰੁਸਤੀ ਬਾਰੇ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਇਸ ਇਸ਼ਤਿਹਾਰ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਪੇਸ਼ ਹੋ ਕੇ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਇਤਰਾਜ਼ ਕਾਬਲੇ ਸਮਾਇਤ ਨਹੀਂ ਹੋਵੇਗਾ ਅਤੇ ਨਾਂਅ ਦੀ ਦਰੁਸਤੀ ਕਰ ਦਿੱਤੀ ਜਾਵੇਗੀ।

ਅੱਜ ਮਿਤੀ 19.08.2026 ਨੂੰ ਮੇਰੇ ਦਸਤਖ਼ਤਾਂ ਅਤੇ ਮੋਹਰ ਨਾਲ ਜਾਰੀ ਹੋਇਆ।

ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਟਾਂਡਾ

ਨੰਬਰ 1140/ਰੀਡਰ ਮਿਤੀ : 19/08/2026

## PUBLIC NOTICE

Under the instruction of AU Small Finance bank, I hereby informed the general public that Gurjant Singh so Mukhtiar Singh is absolute owner of Property measuring 4 marlas and 111 ft bearing Khasra no 13//12/1, 13/13/1/1, 13//19/3 min as per Jamabndi situated at village Kazikot Tehsil & District Tarn-Taran Bounded East: Balwinder Singh, West: Empty Plot, North: Empty Plot, South: Passage. In the Jamabandi for the year 2010/11 Mahinder singh s/o Jagir Singh transferred 5K-8M of property to Jaswinder singh s/o Mahinder singh of which mutation no 3502 has been sanctioned by the revenue authorities. Then Jaswinder singh s/o Mahinder singh exchanged 5K-5M of property with Jaswant Singh so Nand Singh and Palwinder Kaur w/o Jaswant Singh of which mutation no 4159 has been sanctioned by the revenue authorities. Then Palwinder Kaur w/o Jaswant Singh sold 4 marlas and 111 ft of property to Kuldeep Kaur w/o Sukhwant Singh of which mutation no 4185 has been sanctioned by the revenue authorities vide sale deed regd dt 12.6.2021 as doc no 2021-22/168/1/690 Then Kuldeep Kaur w/o Sukhwant Singh sold 4 marlas and 111 ft of property to Gurjant Singh so Mukhtiar Singh vide sale deed regd dt 4.1.2022 as doc no 2021-22/108/1/2715 of which mutation no 4319 has been sanctioned by the revenue authorities. Khasra no's are not mentioned in the sale deed hence correction deed regarding the same be procured. Then Gurjant Singh so Mukhtiar Singh transferred his 4 Marlas 111 feet of property to Mukhtar Singh s/o Mahinder Singh vide transfer deed regd dated 29.07.2026 as doc no. 2026-27/168/1/1824 of which mutation is pending in revenue records. Kulwant Singh s/o Inder Singh has lost Following Original Documents. 1 Original sale deed executed by Palwinder Kaur w/o Jaswant Singh in favor of Kuldeep Kaur w/o Sukhwant Singh regd dt 12.6.2021 as doc no 2021-22/168/1/690. DDR no 26 dt 11.8.2025 has been lodged with PS City Tarn-Taran has also been got registered in this respect to it, Anybody having claim or claiming any prior rights or interest in any manner in this property or has raised loan by depositing the aforesaid sale deed to any person/bank/corporation/financial institution may approach the undersigned and may submit objection in writing 7 days from the date of this public notice. After the expiry of the period of this notice, no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with AU Small Finance bank.

ADV. VIKAS VERMA MB. 9815156302

# ਟੈਕਨੀਕਲ ਸਰਵਿਸਿਜ਼ ਯੂਨੀਅਨ ਵੱਲੋਂ ਰੋਸ ਧਰਨਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਟੈਕਨੀਕਲ ਸਰਵਿਸਜ਼ ਯੂਨੀਅਨ, ਪੈਨਸ਼ਨ ਐਸੋਸੀਏਸ਼ਨ, ਕੋਆਰਡੀਨੇਸ਼ਨ ਕਮੇਟੀ ਆਫ ਪਾਵਰਕਾਮ ਐਂਡ ਟਰਾਂਸਕੋ ਆਊਟਸੋਰਸਡ ਮੁਲਾਜ਼ਮ ਪੰਜਾਬ ਵੱਲੋਂ ਸਾਰੇ ਪੰਜਾਬ ਵਿੱਚ ਟੀ ਐਸ.ਯੂ. ਸੂਬਾ ਕਮੇਟੀ ਦੀ ਕਾਲ ਅਨੁਸਾਰ ਡਵੀਜ਼ਨ ਪੱਧਰ ਰੋਸ ਧਰਨਾ ਮੁਹਾਲੀ ਸਪੈਸ਼ਲ



ਡਵੀਜ਼ਨ ਵਿਖੇ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਨੇ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਜਿਵੇਂ ਕਿ ਨਿਜੀਕਰਨ ਦੀ ਨੀਤੀ, ਕੱਚੇ ਕਾਮੇ ਪੱਕੇ ਨਾ ਕਰਨਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਨਾ ਕਰਨਾ, ਡੀ ਏ ਮਹਿੰਗਾਈ ਭੱਤਾ ਜਾਰੀ ਨਾ ਕਰਨਾ, ਅਤੇ 20/7/20 ਤੋਂ ਬਾਅਦ ਮਹਿਕਮੇ ਵਿੱਚ ਭਰਤੀ ਹੋਏ ਕਰਮਚਾਰੀਆਂ ਤੇ ਛੇਵੇਂ ਪੇ ਕਮੀਸ਼ਨ ਦੀਆਂ ਸਿਫਾਰਸ਼ਾਂ ਨਾ ਲਾਗੂ ਕਰਨ, 35400 ਸਕੇਲ ਨਾ ਦੇਣਾ, ਪੱਕੀ ਭਰਤੀ ਨਾ ਕਰਨਾ, ਪ੍ਰੋਵੇਸ਼ਨ ਪੀਰੀਅਡ ਖਤਮ ਨਾ ਕਰਨ ਸੰਬੰਧੀ, ਆਰ ਟੀ ਐਮ ਤੋਂ ਐਸ ਐਸ ਏ ਦੀ ਪ੍ਰਮੋਸ਼ਨ ਨਾ ਕਰਨ, ਪੈਨਸ਼ਨਰਾਂ ਨੂੰ 2.59 ਗੁਣਾਕ ਨਾਲ ਪੈਨਸ਼ਨਾ ਨਾ ਸੋਧਣਾ, ਮੈਡੀਕਲ ਕੈਸ਼ਲੈਸ ਸਕੀਮ ਲਾਗੂ ਨਾ ਕਰਨਾ ਸੰਬੰਧੀ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਖਿਲਾਫ਼ ਵਿਚਾਰ ਦਿੱਤੇ ਗਏ। ਟੀ ਐਸ ਯੂ ਸੂਬਾ ਕਮੇਟੀ ਵੱਲੋਂ ਆਉਣ ਵਾਲੇ ਸਮੇਂ ਵਿੱਚ 27 ਅਗਸਤ ਨੂੰ ਪੰਜਾਬ ਸਰਕਾਰ ਦੇ ਸਮੂਹ ਮੁਲਾਜ਼ਮਾਂ ਵੱਲੋਂ ਸਮੂਹਕ ਛੁੱਟੀ ਲੈ ਕੇ ਸੰਘਰਸ਼ ਦੀ ਕਾਲ ਨੂੰ ਦੇਖਦੇ ਹੋਏ ਭਰਾਤਰੀ ਜੱਥੇਬੰਦੀਆਂ ਨੂੰ ਪੱਤਰ ਲਿਖ ਕੇ ਮੰਗ ਕੀਤੀ ਜਾਏਗੀ ਕਿ ਪਾਵਰਕਾਮ ਅੰਦਰ ਵੀ ਸਰਕਾਰ ਦੇ ਮੁਲਾਜ਼ਮਾਂ ਦੀ ਹਮਾਇਤ ਵਿੱਚ ਸਮੂਹਕ ਛੁੱਟੀ ਲੈ ਕੇ ਇੱਕਜੁਟਤਾ ਪ੍ਰਗਟ ਕੀਤੀ ਜਾਵੇ ਅਤੇ ਟੀ.ਐਸ.ਯੂ. ਵੱਲੋਂ 27 ਅਗਸਤ ਨੂੰ ਸਰਕਾਰ ਖਿਲਾਫ਼ ਮੁਹਾਲੀ ਵਿਖੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਅਤੇ ਅੱਗੇ ਵੀ ਤਿੱਖੇ ਸੰਘਰਸ਼ ਲਈ ਤਿਆਰ ਰਹਿਣ ਲਈ ਅਪੀਲ ਕੀਤੀ ਗਈ।ਧਰਨੇ ਨੂੰ ਟੈਕਨੀਕਲ ਸਰਵਿਸਜ਼ ਯੂਨੀਅਨ ਸਰਕਲ ਪ੍ਰਧਾਨ ਗੁਰਬਖਸ਼ ਸਿੰਘ, ਲੱਖਾ ਸਿੰਘ ਮੁੱਖ ਸਲਾਹਕਾਰ, ਜਤਿੰਦਰ ਸਿੰਘ ਐਸ ਡੀ ਓ, ਬਲਵੀਰ ਸਿੰਘ, ਗੁਰਮੀਤ ਸਿੰਘ, ਹਰਜੀਤ ਸਿੰਘ, ਸੌਦਾਗਰ ਸਿੰਘ, ਜਸਪਾਲ ਸਿੰਘ, ਪਰਮਜੀਤ ਸਿੰਘ, ਰਜਿੰਦਰ ਸਿੰਘ ਸਾਬਕਾ ਸੂਬਾ ਆਗੂ, ਸੀ ਐਚ ਬੀ ਪਾਵਰ ਕਾਮ ਅਤੇ ਟਰਾਂਸਕੋ ਠੇਕਾ ਕਾਮਿਆਂ ਦੀ ਜੱਥੇਬੰਦੀ ਆਗੂ ਜੋਰਾਵਰ ਸਿੰਘ, ਭਰਾਤਰੀ ਜਥੇਬੰਦੀ ਐਸੋਸੀਏਸ਼ਨਾਂ ਦੇ ਜੂਨੀਅਰ ਇੰਜੀ. ਸੁਬਾਈ ਆਗੂ ਰਣਜੀਤ ਸਿੰਘ ਢਿੱਲੋਂ, ਰਵਿੰਦਰ ਸਿੰਘ, ਗਿੱਲ, ਅੰਮ੍ਰਿਤਪਾਲ ਸਿੰਘ ਵੱਲੋਂ ਸੰਬੋਧਨ ਕਰਦੇ ਹੋਏ ਸਰਕਾਰ ਨੂੰ ਤਿੱਖੇ ਸੰਘਰਸ਼ ਦੀ ਚੇਤਾਵਨੀ ਦਿੱਤੀ ਗਈ।

# ਪੰਜਾਬ ਪੈਨਸ਼ਨ ਯੂਨੀਅਨ 27 ਦੇ ਬੰਦ 'ਚ ਸ਼ਮੂਲੀਅਤ ਕਰੇਗੀ : ਤਾਰੀ

**ਮੇਹਟਿਆਣਾ/ਜਲੰਧਰ (ਜਗਤਾਰ ਸਿੰਘ ਭੁੰਗਰਨੀ /ਰਾਜੇਸ਼ ਥਾਪਾ)**- ਪੰਜਾਬ ਪੈਨਸ਼ਨ ਦੀ ਮਹੀਨਾਵਾਰ ਮੀਟਿੰਗ ਜੋ ਕਾਮਰੇਡ ਜਸਵੰਤ ਸਿੰਘ ਸਮਰਾ ਹਾਲ ਜਲੰਧਰ ਵਿਖੇ ਚੇਅਰਮੈਨ ਕਾਮਰੇਡ ਮਦਨ ਲਾਲ ਚੀਮਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਸੀਨੀਅਰ ਮੀਤ ਦਵਿੰਦਰ



ਪਾਲ ਸਿੰਘ, ਅਵਤਾਰ ਸਿੰਘ ਤਾਰੀ, ਹਰਿੰਦਰ ਸਿੰਘ ਚੀਮਾ, ਜਨਰਲ ਸਕੱਤਰ ਵਿਜੇ ਕੁਮਾਰ ਸ਼ਰਮਾ, ਸੂਬਾ ਸਕੱਤਰ ਸੰਤੋਖ ਸਿੰਘ, ਕੈਸ਼ੀਅਰ ਸੰਤੋਖ ਸਿੰਘ, ਅਤੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਗੁਰਜੀਤ ਸਿੰਘ, ਪ੍ਰਧਾਨ ਸੰਦੀਪ ਸਿੰਘ,ਕਸ਼ਮੀਰ ਚੰਦ ਨੇ ਸਾਂਝੇ ਤੌਰ ਤੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਸਰਾਸਰ ਧੱਕਾ ਕੀਤਾ ਜਾ ਰਿਹਾ ਹੈ ਇਸ ਦਾ ਜਵਾਬ ਦੇਣ ਲਈ ਪੰਜਾਬ ਦਾ ਸਮੁੱਚਾ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਇਕ ਮੰਚ ਤੇ ਇਕੱਠਾ ਹੋ ਗਿਆ ਹੈ ਅਤੇ ਅੱਗਲੇ ਸਖ਼ਤ ਸੰਘਰਸ਼ਾਂ ਦਾ ਬਿਗਲ ਵਜਾ ਦਿੱਤਾ ਗਿਆ ਹੈ। ਇਸ ਮੌਕੇ ਬੁਲਾਰਿਆਂ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵਲੋਂ ਮਾਨਤਾ ਪ੍ਰਾਪਤ ਜਥੇਬੰਦੀਆਂ ਨੂੰ ਸਰਕਾਰ ਵਿਰੋਧੀ ਕਹਿਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਜਥੇਬੰਦੀ ਵੱਲੋਂ ਆਪਣੇ ਸਰਗਰਮ ਮੈਂਬਰ ਸਾਥੀ ਬਲਵੀਰ ਸਿੰਘ ਸਾਬਕਾ ਕੰਡਕਟਰ ਉਮਰ 75 ਸਾਲ ਅਤੇ ਬਖਸ਼ੀਸ਼ ਸਿੰਘ ਉਮਰ 70 ਸਾਲ ਨੂੰ ਯਾਦਗਾਰੀ ਚਿੰਨ੍ਹ ਅਤੇ ਇਕ ਲੋਈ ਦੇ ਕੇ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਦੀ ਲੰਮੀ ਉਮਰ ਦੀਆਂ ਸ਼ੁਭ ਕਾਮਨਾਵਾਂ ਭੇਂਟ ਕਰਦਿਆਂ ਵਧਾਈ ਦਿੱਤੀ।

ਇਸ ਮੌਕੇ ਚੇਅਰਮੈਨ ਕਾਮਰੇਡ ਮਦਨ ਲਾਲ ਚੀਮਾ ਵਲੋਂ ਮੀਟਿੰਗ ਵਿੱਚ ਪਹੁੰਚੇ ਸਮੂਹ ਸਾਥੀਆਂ ਦਾ ਧੰਨਵਾਦ ਕੀਤਾ।ਹੋਰਨਾਂ ਤੋਂ ਇਲਾਵਾ ਐਨ ਆਰ ਆਈ ਅਵਤਾਰ ਸਿੰਘ ਵਿਰਕ, ਵਾਈਸ ਪ੍ਰਧਾਨ ਰੇਸ਼ਮ ਸਿੰਘ ਕੰਗ, ਗੁਰਦਿਆਲ ਸਿੰਘ ਜਲਵੇਹੜਾ, ਭੁਪਿੰਦਰ ਸਿੰਘ ਮੁਖਿਲਆਣਾ, ਜਗਦੇਵ ਸਿੰਘ ਕੁਕੋਵਾਲ, ਬਲਵਿੰਦਰ ਸਿੰਘ ਮੁਲਤਾਨੀ, ਪ੍ਰਭੂ ਸਿੰਘ, ਹਰਿੰਦਰ ਸਿੰਘ ਦਿਲਵਾਂ, ਸਵਰਨ ਸਿੰਘ, ਸੋਮ ਸਿੰਘ, ਸੁਰਿੰਦਰ ਸਿੰਘ, ਗੁਰਜਿੰਦਰ ਸਿੰਘ, ਪ੍ਰਸ਼ੋਤਮ ਸਿੰਘ, ਜਸਵੀਰ ਸਿੰਘ, ਪ੍ਰਤਾਪ ਸਿੰਘ ਬਹਾਦਰ, ਸ਼ਾਮ ਲਾਲ, ਬਾਬਾ ਹਰਭਜਨ ਸਿੰਘ, ਯੋਗਰਾਜ ਮੱਸਾ ਸਿੰਘ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਨੇ ਚਰਨ ਗੰਗਾ ਖੱਡ ਦਾ ਲਿਆ ਜਾਇਜ਼ਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਪਿੰਡ ਲੋਧੀਪੁਰ ਦੇ ਨਜ਼ਦੀਕ ਚਰਨ ਗੰਗਾ ਖੱਡ ਦਾ ਜਾਇਜ਼ਾ ਲਿਆ ਅਤੇ ਇਲਾਕੇ ਵਿੱਚ ਹੜ੍ਹਾਂ ਤੋਂ ਬਚਾਅ ਲਈ ਕੀਤੇ



ਗਏ ਪ੍ਰਬੰਧਾਂ ਦਾ ਮੌਕੇ 'ਤੇ ਨਿਰੀਖਣ ਕੀਤਾ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਲਾਂ ਦੌਰਾਨ ਆਏ ਹੜ੍ਹਾਂ ਤੋਂ ਨੂੰ ਧਿਆਨ ਵਿਚ ਰੱਖਦਿਆਂ ਦਰਿਆਵਾਂ, ਨਹਿਰਾਂ ਅਤੇ ਖੱਡਾਂ ਦੇ ਕੰਢਿਆਂ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਕੰਮ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਦੀ ਜਾਨ-ਮਾਲ ਅਤੇ ਪਿੰਡਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸਤਲੁਜ ਦਰਿਆ ਦੇ ਕੰਢਿਆਂ ਦੀ ਮਜ਼ਬੂਤੀ ਲਈ ਕਰੋੜਾਂ ਰੁਪਏ ਦੀ ਲਾਗਤ ਨਾਲ ਵੱਖ-ਵੱਖ ਕੰਮ ਮੁਕੰਮਲ ਕੀਤੇ ਗਏ ਹਨ। ਇਨ੍ਹਾਂ ਕੰਮਾਂ ਨਾਲ ਦਰਿਆ ਦੇ ਪਾਣੀ ਦੇ ਤੇਜ਼ ਵਹਾਅ ਕਾਰਨ ਹੋਣ ਵਾਲੇ ਕਟਾਅ ਨੂੰ ਰੋਕਣ ਅਤੇ ਆਲੇ-ਦੁਆਲੇ ਦੇ ਪਿੰਡਾਂ ਨੂੰ ਹੜ੍ਹਾਂ ਦੇ ਸੰਭਾਵਿਤ ਖਤਰੇ ਤੋਂ ਬਚਾਉਣ ਵਿੱਚ ਮੱਦਦ ਮਿਲੇਗੀ। ਬੈਂਸ ਨੇ ਕਿਹਾ ਕਿ ਪਿੰਡ ਲੋਧੀਪੁਰ ਵਿਖੇ ਲਗਭਗ 10 ਕਰੋੜ ਰੁਪਏ ਦੀ ਲਾਗਤ ਨਾਲ ਡੰਗਿਆਂ ਦਾ ਨਿਰਮਾਣ ਕੀਤਾ ਗਿਆ ਹੈ। ਇਹ ਡੰਗੇ ਇਲਾਕੇ ਨੂੰ ਹੜ੍ਹ ਦੇ ਪਾਣੀ ਅਤੇ ਦਰਿਆਈ ਕਟਾਅ ਤੋਂ ਸੁਰੱਖਿਅਤ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਕੈਬਨਿਟ ਮੰਤਰੀ ਨੇ ਦੱਸਿਆ ਕਿ ਡੰਗਿਆਂ ਦੀ ਹੋਰ ਮਜ਼ਬੂਤੀ ਲਈ ਇਨ੍ਹਾਂ ਦੇ ਪਿੱਛੇ ਇੱਕ ਮਜ਼ਬੂਤ ਸੜਕ ਦਾ ਨਿਰਮਾਣ ਵੀ ਕਰਵਾਇਆ ਜਾਵੇਗਾ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਹੜ੍ਹਾਂ ਦੀ ਰੋਕਥਾਮ ਅਤੇ ਲੋਕਾਂ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਗੰਭੀਰ ਹੈ। ਉਨ੍ਹਾਂ ਕਿਹਾ ਕਿ ਦਰਿਆਵਾਂ ਅਤੇ ਨਹਿਰਾਂ ਦੇ ਕੰਢਿਆਂ ਦੀ ਮਜ਼ਬੂਤੀ ਦੇ ਨਾਲ-ਨਾਲ ਸੰਵੇਦਨਸ਼ੀਲ ਪਿੰਡਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।

# ਨਸ਼ੇ ਦੀਆਂ ਗੋਲੀਆਂ ਸਮੇਤ ਔਰਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਪੁਲਿਸ ਵਲੋਂ ਇੱਕ ਐਕਟਿਵਾ ਸਵਾਰ ਔਰਤ ਨੂੰ 30 ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ ਕੀਤਾ ਗਿਆ। ਪੁਲਿਸ ਥਾਣਾ ਔੜ ਵਿਖੇ ਦਰਜ ਮਾਮਲੇ ਅਨੁਸਾਰ ਐਸ ਐਚ ਓ ਸਤਨਾਮ ਸਿੰਘ ਨੇ ਦੱਸਿਆ ਕਿ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਪਿੰਡ ਔੜ ਤੋਂ ਪਿੰਡ ਗਰਚਾ ਤੋ ਹੁੰਦੇ ਹੋਏ ਪਿੰਡ ਬਹਾਦਰਪੁਰ ਅਤੇ ਪਿੰਡ ਗੜ੍ਹਪਧਾਣਾ ਵੱਲ ਨੂੰ ਜਾ ਰਹੇ ਸੀ ਤਾਂ ਪੁਰਾਣੇ ਇੱਟਾ ਵਾਲੇ ਭੱਠੇ ਦੇ ਨਜ਼ਦੀਕ ਸੂਆ ਨਹਿਰ ਪੁਲੀ 'ਤੇ ਪੁੱਜੇ ਤਾਂ ਸਾਹਮਣੇ ਤੋਂ ਇੱਕ ਔਰਤ ਕਾਲੀ ਐਕਟਿਵਾ 'ਤੇ ਪਿੰਡ ਬਹਾਦਰਪੁਰ ਵੱਲੋ ਆਉਂਦੀ ਦਿਖਾਈ ਦਿੱਤੀ, ਜਿਸ ਨੇ ਸਾਹਮਣੇ ਪੁਲਿਸ ਦੀ ਸਰਕਾਰੀ ਗੱਡੀ ਆਉਦੀ ਦੇਖ ਕੇ ਆਪਣੀ ਐਕਟਿਵਾ ਸੂਆ ਨਹਿਰ ਪੁਲੀ ਦੇ ਨਾਲ ਖੱਬੇ ਪਾਸੇ ਰੋਕ ਕੇ ਇਕਦਮ ਇੱਕ ਚਿੱਟੇ ਰੰਗ ਦਾ ਮੋਮੀ ਲਿਫਾਫਾ ਪੁੱਲੀ ਪਾਸ ਸੁੱਟ ਕੇ ਆਪਣੀ ਐਕਟਿਵਾ ਪਿੱਛੇ ਨੂੰ ਮੋੜਨ ਲੱਗੀ। ਪੁਲਸ ਨੇ ਸ਼ੱਕ ਦੇ ਆਧਾਰ 'ਤੇ ਉਸ ਔਰਤ ਨੂੰ ਕਾਬੂ ਕਰ ਕੇ ਉਸ ਦਾ ਨਾਂਅ ਪਤਾ ਪੁੱਛਿਆ। ਉਸ ਨੇ ਆਪਣਾ ਨਾਂਅ ਹਰਜਿੰਦਰ ਪਾਲ ਕੌਰ ਪੁੱਤਰੀ ਦੀਦਾਰ ਸਿੰਘ ਵਾਸੀ ਗੜ੍ਹਪਧਾਣਾ ਦੱਸਿਆ। ਉਸ ਵੱਲੋ ਸੁੱਟੇ ਚਿੱਟੇ ਰੰਗ ਦੇ ਲਿਫਾਫੇ ਵਿਚੋਂ 30 ਨਸ਼ੇ ਦੀਆਂ ਗੋਲੀਆਂ ਬਰਾਮਦ ਹੋਣ 'ਤੇ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ।

# ਮਕਾਨ ਦੀ ਵੰਡ ਨੂੰ ਲੈ ਕੇ ਬਜ਼ੁਰਗ ਦਾ ਕਤਲ, ਦੋ ਦੋਸ਼ੀ ਗ੍ਰਿਫ਼ਤਾਰ

**ਬੰਗਾ (ਅਵਤਾਰ ਕਲੇਰ)**- ਥਾਣਾ ਸਿਟੀ ਬੰਗਾ ਅਧੀਨ ਪੈਂਦੇ ਪਿੰਡ ਹੀਓ ਵਿਖੇ ਘਰੇਲੂ ਮਕਾਨ ਦੀ ਵੰਡ ਨੂੰ ਲੈ ਕੇ ਹੋਏ ਝਗੜੇ ਦੌਰਾਨ ਇੱਕ ਬਜ਼ੁਰਗ ਦਾ ਕਤਲ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਨੇ ਇਸ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਮਨਜੀਤ ਸਿੰਘ ਪੁੱਤਰ ਸਵ. ਗੁਰਮੇਲ ਸਿੰਘ ਵਾਸੀ ਹੀਓ ਨੇ ਦੱਸਿਆ ਕਿ 16 ਅਗਸਤ ਦੀ ਦਰਮਿਆਨੀ ਰਾਤ ਨੂੰ ਫਤਿਹ ਮਾਨ ਸਿੰਘ ਪੁੱਤਰ ਸ਼ੀਤਲ ਸਿੰਘ



ਅਤੇ ਸੰਦੀਪ ਸਿੰਘ ਪੁੱਤਰ ਰਣਜੀਤ ਸਿੰਘ ਦੋਵੇਂ ਵਾਸੀ ਪਿੰਡ ਹੀਓ ਵੱਲੋਂ ਘਰੇਲੂ ਮਕਾਨ ਦੀ ਵੰਡ ਨੂੰ ਲੈ ਕੇ ਕੁਲਵਿੰਦਰ ਸਿੰਘ ਪੁੱਤਰ ਸਵ. ਗੁਰਮੇਲ ਸਿੰਘ ਵਾਸੀ ਹੀਓ ਨਾਲ ਝਗੜਾ ਕੀਤਾ ਗਿਆ।ਇਸ ਦੌਰਾਨ ਉਸ ਦੀ ਕੁੱਟਮਾਰ ਕਰਕੇ ਗੰਭੀਰ ਸੱਟਾਂ ਮਾਰੀਆਂ ਗਈਆਂ ਜਿਸ ਕਾਰਨ ਉਸ ਦੀ ਮੌਤ ਹੋ ਗਈ।ਪੁਲਸ ਵੱਲੋਂ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰਕੇ ਫਤਿਹ ਮਾਨ ਸਿੰਘ ਅਤੇ ਸੰਦੀਪ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਪੁਲਸ ਅਨੁਸਾਰ ਮਾਮਲੇ ਦੀ ਅਗਲੇਰੀ ਤਫ਼ਤੀਸ਼ ਜਾਰੀ ਹੈ ਅਤੇ ਘਟਨਾ ਨਾਲ ਸਬੰਧਤ ਹੋਰ ਤੱਥਾਂ ਦੀ ਜਾਂਚ ਕੀਤੀ ਜਾ ਰਹੀ ਹੈ।

# ਵਿਜਯਾ ਰਹਾਟਕਰ ਨੇ ਮਹਿਲਾ ਏ ਆਈ ਸਸ਼ਕਤੀਕਰਨ ਮੁਹਿੰਮ ਦੀ ਕੀਤੀ ਅਗਵਾਈ



**ਜਲੰਧਰ (ਸ਼ੈਲੀ ਐਲਬਰਟ)**; ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਨੇ ਭਾਰਤ ਦੀ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਕ੍ਰਾਂਤੀ ਵਿੱਚ ਔਰਤਾਂ ਨੂੰ ਸਭ ਤੋਂ ਅੱਗੇ ਰੱਖਣ ਦਾ ਇੱਕ ਸ਼ਕਤੀਸ਼ਾਲੀ ਸੰਦੇਸ਼ ਦਿੱਤਾ। ਰਾਸ਼ਟਰੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਵਿਜਯਾ ਰਹਾਟਕਰ ਨੇ ਯਸ਼ੋਦਾ ਏਆਈ - ਮਹਿਲਾਵਾਂ ਦਾ ਏ ਆਈ ਸਸ਼ਕਤੀਕਰਨ ਦਾ ਮਾਰਗ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਪ੍ਰੋਗਰਾਮ ਨੇ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਅਤੇ ਨੌਜਵਾਨ ਉਮੀਦਵਾਰਾਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ, ਕਾਨੂੰਨੀ ਸਾਖਰਤਾ, ਸਾਈਬਰ ਸੁਰੱਖਿਆ ਅਤੇ ਮਹਿਲਾ ਲੀਡਰਸ਼ਿਪ 'ਤੇ ਚਰਚਾ ਕਰਨ ਲਈ ਇਕੱਠੇ ਕੀਤਾ। ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ 'ਵਿਕਸਤ ਭਾਰਤ 2047' ਵੱਲ ਭਾਰਤ ਦੀ ਯਾਤਰਾ ਉਦੋਂ ਤੱਕ ਅਧੂਰੀ ਰਹੇਗੀ ਜਦੋਂ ਤੱਕ ਔਰਤਾਂ ਦੇਸ਼ ਦੇ ਤਕਨੀਕੀ ਭਵਿੱਖ ਦੀ ਅਗਵਾਈ ਨਹੀਂ ਕਰਦੀਆਂ।ਐਲ ਪੀ ਯੂ ਦੇ ਸੰਸਥਾਪਕ ਚਾਂਸਲਰ ਅਤੇ ਰਾਜ ਸਭਾ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਆਧੁਨਿਕ ਜੀਵਨ [illegible]

# 'ਆਪਣਾ ਪਿੰਡ ਸੰਭਾਲੋ' ਮੁਹਿੰਮ ਤਹਿਤ ਲੋਕ ਮਿਲਣੀ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਖ਼ਿਲਾਫ਼ ਸ਼ੁਰੂ ਕੀਤੀ ਗਈ 'ਆਪਣਾ ਪਿੰਡ ਸੰਭਾਲੋ' ਮੁਹਿੰਮ ਤਹਿਤ ਪਿੰਡ ਮਹਿਰਾਜਵਾਲਾ ਵਿਖੇ ਲੋਕ ਮਿਲਣੀ ਕਰਵਾਈ ਗਈ। ਇਸ ਮੌਕੇ ਇਲਾਕੇ ਦੇ ਪੰਚਾਂ, ਸਰਪੰਚਾਂ, ਮੋਹਤਬਰਾਂ ਅਤੇ ਹੋਰ ਸ਼ਖ਼ਸ਼ੀਅਤਾਂ ਨੇ ਪੁਲੀਸ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਆਪਣੇ ਇਲਾਕੇ ਦੀਆਂ ਸਮੱਸਿਆਵਾਂ ਖੁੱਲ੍ਹ ਕੇ ਸਾਂਝੀਆਂ ਕੀਤੀਆਂ। ਲੋਹੀਆਂ ਇਲਾਕੇ ਵਿੱਚ ਨਸ਼ਿਆਂ ਕਾਰਨ ਵੱਧ ਰਹੀਆਂ ਲੁੱਟਾਂ-ਖੋਹਾਂ ਅਤੇ ਹੋਰ ਅਪਰਾਧਿਕ ਘਟਨਾਵਾਂ 'ਤੇ ਚਿੰਤਾ ਜ਼ਾਹਿਰ ਕਰਦਿਆਂ ਲੋਕਾਂ ਨੇ ਨਸ਼ਿਆਂ ਦੀ ਸਪਲਾਈ 'ਤੇ ਸਖ਼ਤੀ ਨਾਲ ਨਕੇਲ ਪਾਉਣ ਦੀ ਅਪੀਲ



ਕੀਤੀ। ਲੋਕਾਂ ਦਾ ਕਹਿਣਾ ਸੀ ਕਿ ਨਸ਼ੇ ਦੀ ਜੜ੍ਹ 'ਤੇ ਵਾਰ ਕੀਤੇ ਬਿਨਾਂ ਇਲਾਕੇ ਵਿੱਚੋਂ ਇਸ ਸਮਾਜਿਕ ਬੁਰਾਈ ਨੂੰ ਖ਼ਤਮ ਕਰਨਾ ਮੁਸ਼ਕਲ ਹੈ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਲੋਕਾਂ ਨੂੰ ਸਿੰਥੈਟਿਕ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਸੁਚੇਤ ਕਰਦਿਆਂ ਕਿਹਾ ਕਿ ਕੈਮੀਕਲਾਂ ਨਾਲ ਤਿਆਰ ਕੀਤੇ ਜਾਂਦੇ ਇਹ ਨਸ਼ੇ ਮਨੁੱਖੀ ਸਰੀਰ ਨੂੰ ਅੰਦਰੋਂ ਖੋਖਲਾ ਕਰ ਦਿੰਦੇ ਹਨ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਜੀਭ ਥੱਲੇ ਰੱਖੀ ਜਾਣ ਵਾਲੀ ਗੋਲੀ ਦਾ ਜ਼ਿਕਰ ਕਰਦਿਆਂ ਇਸ ਨੂੰ ਸਿਹਤ ਲਈ ਘਾਤਕ ਦੱਸਿਆ। ਸ਼ਰਾਬ ਨੂੰ ਵੀ ਨਸ਼ਾ ਕਰਾਰ ਦਿੰਦਿਆਂ ਸੰਤ ਸੀਚੇਵਾਲ ਨੇ ਇਸ 'ਤੇ ਪੂਰਨ ਪਾਬੰਦੀ ਲਗਾਉਣ ਦੀ ਮੰਗ ਕੀਤੀ।ਸੰਤ ਸੀਚੇਵਾਲ ਨੇ ਕਿਹਾ ਕਿ 'ਆਪਣਾ ਪਿੰਡ ਸੰਭਾਲੋ' ਮੁਹਿੰਮ ਹੁਣ ਜਲੰਧਰ ਅਤੇ ਕਪੂਰਥਲਾ ਜ਼ਿਲ੍ਹੇ ਦੇ 75 ਪਿੰਡਾਂ ਤੱਕ ਪਹੁੰਚ ਚੁੱਕੀ ਹੈ। ਇਸ ਮੁਹਿੰਮ ਦੀ ਸ਼ੁਰੂਆਤ 29 ਜੁਲਾਈ ਨੂੰ ਪਿੰਡ ਸੀਚੇਵਾਲ ਤੋਂ ਕੀਤੀ ਗਈ ਸੀ। ਲੋਕਾਂ ਵੱਲੋਂ ਨਸ਼ਿਆਂ ਦੀ ਖੁੱਲ੍ਹੇਆਮ ਵਿਕਰੀ ਲਈ ਚਰਚਾ ਵਿੱਚ ਰਹਿੰਦੇ ਲਾਟੀਆ ਵਾਲ ਅਤੇ ਤੋਤੀ ਪਿੰਡਾਂ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਗਿਆ। ਇਸ ਮੌਕੇ ਹਾਜ਼ਰ ਜਲੰਧਰ ਦਿਹਾਤੀ ਦੇ ਐਸ ਐਸ ਪੀ ਹਰਜਿੰਦਰ ਸਿੰਘ ਵਿਰਕ ਨੇ ਦਾਅਵਾ ਕੀਤਾ ਕਿ ਪਾਕਿਸਤਾਨ ਵੱਲੋਂ ਡਰੋਨਾਂ ਰਾਹੀਂ ਨਸ਼ਿਆਂ ਦੀ ਤਸਕਰੀ ਕਰਕੇ ਪੰਜਾਬ ਰਾਹੀਂ ਦੇਸ਼ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਪੁਲੀਸ ਵੱਲੋਂ ਸਖ਼ਤ ਕਦਮ ਚੁੱਕੇ ਜਾ ਰਹੇ ਹਨ।

# ਪੰਜਾਬੀ ਸਾਹਿਤ ਸਭਾ ਨੇ ਕਰਵਾਇਆ ਸਾਵਣ ਕਵੀ ਦਰਬਾਰ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**- ਪੰਜਾਬੀ ਸਾਹਿਤ ਸਭਾ [illegible] ਦਫ਼ਤਰ, ਜ਼ਿਲ੍ਹਾ [illegible] ਸਹਿਯੋਗ ਨਾਲ [illegible] ਵਿਖੇ ਸਾਵਣ ਕਵੀ ਦਰਬਾਰ [illegible] ਜਿਸ ਦੀ ਪ੍ਰਧਾਨਗੀ [illegible] ਧੀਮਾਨ ਨੇ ਕੀਤੀ [illegible] ਵਿਦਵਾਨਾਂ ਲਈ [illegible] ਡਾ. ਜਸਵੰਤ ਰਾਏ [illegible] ਕਿਹਾ ਕਿ ਇਸ [illegible] ਸੁਣਨ ਸੁਣਾਉਣ [illegible] ਇਨ੍ਹਾਂ ਵਿੱਚ ਭਾਗ [illegible] ਮੁੱਦਿਆਂ ਪ੍ਰਤੀ ਚਿੰਤਾ, ਚੇਤਨਾ ਤੇ ਚਿੰਤਨ ਕਰਨ ਦਾ ਵੀ ਸੁਭਾਗ ਪ੍ਰਾਪਤ ਹੁੰਦਾ ਹੈ। ਪ੍ਰਸਿੱਧ ਕਵੀ ਮਦਨ ਵੀਰਾ ਨੇ ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ ਦੀ ਲਗਾਤਾਰ ਸਕਿਰਿਆ ਰਹਿਣ ਕਰਕੇ ਸਰਾਹਨਾ ਕੀਤੀ।ਉਪਰੰਤ ਕਵੀ ਦਰਬਾਰ ਦੀ ਸ਼ੁਰੂਆਤ ਸੁਰਿੰਦਰ ਕੰਗਵੀ ਨੇ ਗੁਰਬਾਣੀ ਵਿੱਚੋਂ ਸਾਵਣ ਮਹੀਨੇ ਨਾਲ ਸੰਬੰਧਤ ਸ਼ਬਦ ਰਾਗ ਮਲਹਾਰ [illegible] ਕੌਰ, ਹਰਪ੍ਰੀਤ ਕੌਰ ਤੇ ਪਿੰਕਲ ਨੇ ਵੀ ਹਾਜ਼ਰੀ ਲੁਆਈ। ਸਾਰੇ ਸਮਾਗਮ ਨੂੰ ਸਭਾ ਦੇ ਮੈਂਬਰ ਜਸਵੰਤ ਸਿੰਘ ਨੇ ਆਪਣੇ ਕੈਮਰੇ 'ਚ ਕੈਦ ਕੀਤਾ। ਪ੍ਰਧਾਨਗੀ ਸ਼ਬਦ ਜਸਬੀਰ ਸਿੰਘ ਧੀਮਾਨ ਨੇ ਪੇਸ਼ ਨਜ਼ਮਾਂ 'ਤੇ ਆਪਣੀਆਂ ਟਿੱਪਣੀਆਂ ਸਾਂਝੀਆਂ ਕਰਦਿਆਂ ਆਖੇ। ਸਮਾਗਮ ਦੌਰਾਨ ਸਟੇਜ ਦੀ ਕਾਰਵਾਈ ਡਾ. ਜਸਵੰਤ ਰਾਏ ਨੇ ਬਾਖ਼ੂਬੀ ਨਿਭਾਈ।

# ਸਰਕਾਰੀ ਸਮਾਰਟ ਸਕੂਲ ਵਿਖੇ ਲੇਖ ਤੇ ਕਲਾ ਮੁਕਾਬਲਾ

**ਆਦਮਪੁਰ (ਪਰਮਜੀਤ ਸਿੰਘ)**- ਆਜ਼ਾਦੀ ਦਿਵਸ ਦੇ ਸ਼ੁਭ ਮੌਕੇ 'ਤੇ ਏਅਰਪੋਰਟ ਅਥਾਰਟੀ ਆਫ਼ ਇੰਡੀਆਸ਼੍ਰੀ ਗੁਰੂ ਰਵਿਦਾਸ ਮਹਾਰਾਜ ਹਵਾਈ ਅੱਡਾ [illegible]



[illegible] ਆਪਣੇ ਵਿਚਾਰ ਪੇਸ਼ ਕੀਤੇ।ਕਲਾ ਮੁਕਾਬਲੇ ਵਿੱਚ, ਵਿਦਿਆਰਥੀਆਂ ਨੇ ਤਿਰੰਗੇ, ਆਜ਼ਾਦੀ ਘੁਲਾਟੀਆਂ, ਦੇਸ਼ ਭਗਤੀ ਅਤੇ ਇੱਕ ਸਵੱਛ ਭਾਰਤ ਵਰਗੇ ਵਿਸ਼ਿਆਂ 'ਤੇ ਆਕਰਸ਼ਕ ਅਤੇ ਪ੍ਰੇਰਨਾਦਾਇਕ ਪੇਂਟਿੰਗਾਂ ਬਣਾਈਆਂ। ਏਅਰਪੋਰਟ ਅਥਾਰਟੀ ਆਫ਼ ਇੰਡੀਆ ਵੱਲੋਂ, ਏਅਰਪੋਰਟ ਡਾਇਰੈਕਟਰ ਸ੍ਰੀ ਪੁਸ਼ਪੇਂਦਰ ਕੁਮਾਰ ਨਿਰਾਲਾ, ਮੈਨੇਜਰ (ਇਲੈਕਟ੍ਰੀਕਲ) ਸੂਰਜ ਯਾਦਵ, ਜੇ ਈ (ਓਪਰੇਸ਼ਨ) ਸੁਰਿਆ ਪ੍ਰਤਾਪ, ਅਤੇ ਮੁੱਖ ਸੁਰੱਖਿਆ ਅਧਿਕਾਰੀ ਮੋਹਨ ਪਵਾਰ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ ਅਤੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ। [illegible] ਕੀਤਾ, ਜਦੋਂਕਿ ਧਰਮਸ਼ੀਲਾ ਕੁਮਾਰੀ, ਹਰਮਨਦੀਪ ਕੌਰ ਤੇ ਤਨਿਸ਼ ਕੁਮਾਰ ਨੇ ਕਲਾ ਮੁਕਾਬਲੇ ਵਿੱਚ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸਕੂਲ ਦੇ ਪ੍ਰਿੰਸੀਪਲ ਅਤੇ ਅਧਿਆਪਕਾਂ ਨੇ ਇਸ ਸ਼ਲਾਘਾਯੋਗ ਪਹਿਲਕਦਮੀ ਲਈ ਏਅਰਪੋਰਟ ਅਥਾਰਟੀ ਆਫ਼ ਇੰਡੀਆ ਦਾ ਧੰਨਵਾਦ ਕੀਤਾ।

# ਸੁਤੰਤਰਤਾ ਦਿਵਸ ਮੌਕੇ ਬਾਸਕਟਬਾਲ ਦਾ ਨੁਮਾਇਸ਼ੀ ਮੈਚ ਤੇ ਰਿਲੇਅ ਦੌੜ

**ਕਪੂਰਥਲਾ (ਮਨਜੀਤ ਮਾਨ)**- [illegible]



[illegible] ਡਿਪਟੀ ਕਮਿਸ਼ਨਰ (ਵਿਕਾਸ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜ਼ਿਲ੍ਹਾ ਖੇਡ ਅਫ਼ਸਰ ਕਪੂਰਥਲਾ ਕੁਲਵਿੰਦਰ ਸਿੰਘ ਨੇ ਸਭ ਤੋਂ ਪਹਿਲਾਂ ਮੁੱਖ ਮਹਿਮਾਨ, ਅਧਿਕਾਰੀਆਂ ਅਤੇ ਖਿਡਾਰੀਆਂ ਨੂੰ ਜੀ ਆਇਆਂ ਆਖਿਆ। ਉਪਰੰਤ ਮੁੱਖ ਮਹਿਮਾਨ ਵੱਲੋਂ ਖਿਡਾਰੀਆਂ ਨੂੰ ਆਸ਼ੀਰਵਾਦ ਦਿੰਦੇ ਹੋਏ ਉਨ੍ਹਾਂ ਦੇ ਚੰਗੇ ਭਵਿੱਖ ਦੀ ਆਸ ਕੀਤੀ। ਮੁੱਖ ਮਹਿਮਾਨ ਵੱਲੋਂ ਖਿਡਾਰੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਵੀ ਕੀਤਾ ਗਿਆ। ਇਸ ਬਾਸਕਟਬਾਲ ਦੇ ਨੁਮਾਇਸ਼ੀ ਮੈਚ ਵਿਚ ਪੀ.ਆਈ.ਐਸ ਕੋਚਿੰਗ ਸੈਂਟਰ ਦਬੁਲੀਆਂ ਅਤੇ ਕੋਚਿੰਗ ਸੈਂਟਰ ਗੁਰੂ ਨਾਨਕ ਸਟੇਡੀਅਮ ਕਪੂਰਥਲਾ ਦੇ ਲੜਕਿਆਂ ਦੀਆਂ ਬਾਸਕਟਬਾਲ ਟੀਮਾਂ ਨੇ ਭਾਗ ਲਿਆ।ਇਸ ਤੋਂ ਇਲਾਵਾ 4*100 ਰਿਲੇਅ ਦੌੜ ਵੀ ਕਰਵਾਈ ਗਈ। ਨੁਮਾਇਸ਼ੀ ਮੈਚ ਖਤਮ ਹੋਣ ਦੇ ਖਿਡਾਰੀਆਂ ਨੂੰ ਇਨਾਮ ਵਜੋਂ ਟੀ-ਸ਼ਰਟਾਂ ਦਿੱਤੀਆਂ ਗਈਆਂ। ਇਸ ਨੁਮਾਇਸ਼ੀ ਮੈਚ ਅਤੇ ਰਿਲੇ ਰੇਸ ਸਮੇਂ ਵਿਭਾਗ ਦੇ ਸਮੂਹ ਕੋਚਿਜ਼, ਦਫ਼ਤਰੀ ਸਟਾਫ਼ ਅਤੇ ਹੋਰ ਖੇਡ ਪ੍ਰੇਮੀ ਹਾਜ਼ਰ ਸਨ।

# ਸੰਤ ਬਾਬਾ ਬਾਗ ਸਿੰਘ 'ਵਰਸਿਟੀ ਵਿਖੇ ਹਰ ਘਰ ਤਿਰੰਗਾ ਸਮਾਗਮ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਬਾਗ ਸਿੰਘ ਯੂਨੀਵਰਸਿਟੀ ਖਿਆਲਾ ਜਲੰਧਰ ਵਿਖੇ ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਅਤੇ 'ਮੇਰਾ ਭਾਰਤ' ਪੋਰਟਲ ਤਹਿਤ 'ਹਰ ਘਰ ਤਿਰੰਗਾ' ਸਮਾਗਮ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਹ ਸਮਾਗਮ ਕੁਲਪਤੀ ਸੰਤ ਮਨਮੋਹਨ ਸਿੰਘ ,ਉਪ-ਕੁਲਪਤੀ ਪ੍ਰੋ. (ਡਾ.) ਪਲਵਿੰਦਰ ਸਿੰਘ ਦੀ



ਅਗਵਾਈ ਹੇਠ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਦੇਸ਼ ਭਗਤੀ, ਰਾਸ਼ਟਰੀ ਏਕਤਾ ਅਤੇ ਤਿਰੰਗੇ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਕਰਨਾ ਸੀ।ਸਮਾਗਮ ਦੀ ਸ਼ੁਰੂਆਤ ਉਪ-ਕੁਲਪਤੀ ਪ੍ਰੋ. (ਡਾ.) ਪਲਵਿੰਦਰ ਸਿੰਘ ਅਤੇ ਡੀਨ ਅਕਾਦਮਿਕ ਡਾ. ਵਿਜੇ ਧੀਰ ਦੇ ਰਸਮੀ ਸਵਾਗਤ ਨਾਲ ਹੋਈ। ਇਸ ਤੋਂ ਬਾਅਦ ਮੇਰਾ ਭਾਰਤ ਪੋਰਟਲ ਦੀ ਨੋਡਲ ਅਫਸਰ ਡਾ. ਅਮਿਤਾ ਧਵਨ ਨੇ ਰਾਸ਼ਟਰੀ ਝੰਡਾ ਜ਼ਾਬਤਾ 2002 'ਤੇ ਵਿਸ਼ੇਸ਼ ਭਾਸ਼ਣ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਤਿਰੰਗੇ ਦੇ ਇਤਿਹਾਸਕ ਮਹੱਤਵ, ਅਸ਼ੋਕ ਚੱਕਰ ਦੇ ਪ੍ਰਤੀਕਾਤਮਕ ਅਰਥ ਅਤੇ ਝੰਡਾ ਲਹਿਰਾਉਣ ਦੇ ਜ਼ਰੂਰੀ ਨਿਯਮਾਂ ਤੋਂ ਜਾਣੂ ਕਰਵਾਇਆ। ਇਹ ਸਮਾਗਮ ਨੌਜਵਾਨਾਂ ਨੂੰ ਦੇਸ਼ ਦੇ ਵਿਕਾਸ ਅਤੇ ਸਮਾਜਿਕ ਜ਼ਿੰਮੇਵਾਰੀਆਂ ਨਾਲ ਜੋੜਨ ਵਿੱਚ ਮੇਰਾ ਭਾਰਤ ਪੋਰਟਲ ਅਤੇ ਯੂਨੀਵਰਸਿਟੀ ਦੇ ਸਾਂਝੇ ਯਤਨਾਂ ਦਾ ਪ੍ਰਤੱਖ ਪ੍ਰਮਾਣ ਬਣਿਆ। ਪ੍ਰੋਗਰਾਮ ਦਾ ਸਮਾਪਨ ਰਾਸ਼ਟਰੀ ਗਾਨ ਨਾਲ ਕੀਤਾ ਗਿਆ।

# ਐੱਨ ਸੀ ਸੀ ਕੈਡਿਟਸ ਨੇ ਕੱਢਿਆ ਤਿਰੰਗਾ ਮਾਰਚ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਇੰਟਰਨੈਸ਼ਨਲ ਸਕੂਲ ਖਿਆਲਾ ਵਿਖੇ ਅੱਠ ਪੰਜਾਬ ਬਟਾਲੀਅਨ ਫਗਵਾੜਾ ਅਧੀਨ ਦੇ ਐੱਨ ਸੀ ਸੀ ਕੈਡਿਟਸ ਵੱਲੋਂ ਐਨ.ਸੀ.ਸੀ. ਇੰਚਾਰਜ ਸੀ ਟੀ ਓ ਚਰਨਜੀਤ ਤੇ ਪੀ ਆਈ ਸਟਾਫ ਹਵਲਦਾਰ ਮਨਦੀਪ ਸਿੰਘ ਦੀ ਅਗਵਾਈ ਵਿੱਚ ਆਜ਼ਾਦੀ ਦਿਹਾੜੇ ਨੂੰ ਸਮਰਪਿਤ ਤਿਰੰਗਾ ਮਾਰਚ ਕੱਢਿਆ ਗਿਆ। ਸੰਤ ਬਾਬਾ ਮਨਮੋਹਨ ਸਿੰਘ, ਸੰਤ ਬਾਬਾ



ਜਨਕ ਸਿੰਘ, ਸੰਤ ਬਾਬਾ ਸਰਵਣ ਸਿੰਘ ਜੀ ਦੀ ਸਰਪ੍ਰਸਤੀ ਹੇਠ 'ਹਰ ਘਰ ਤਿਰੰਗਾ ਮੁਹਿੰਮ' ਲਈ ਐੱਨ ਸੀ ਸੀ ਕੈਡੀਟਸ ਅਤੇ ਵਿਦਿਆਰਥੀਆਂ ਨੂੰ ਤਿਰੰਗੇ ਵੰਡੇ ਗਏ। ਆਜ਼ਾਦੀ ਦਿਹਾੜੇ ਨੂੰ ਸਮਰਪਿਤ ਦੇਸ਼ ਭਗਤੀ ਅਤੇ ਸੱਭਿਆਚਾਰ ਰੰਗ ਨਾਲ ਭਰਪੂਰ ਰੰਗਾਰੰਗ ਪ੍ਰੋਗਰਾਮ ਵੀ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ। ਇਸ ਮੌਕੇ ਤੇ ਸਕੂਲ ਪ੍ਰਿੰਸੀਪਲ ਰਣਜੀਤ ਸਿੰਘ, ਵਾਈਸ ਪ੍ਰਿੰਸੀਪਲ ਸਰਦਾਰ ਬਲਜੀਤ ਸਿੰਘ ਤੇ ਸਮੂਹ ਸਟਾਫ ਹਾਜ਼ਰ ਸਨ।

# ਵਿਸ਼ਵ ਫੋਟੋਗ੍ਰਾਫੀ ਦਿਵਸ ਮਨਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੂਰਮਹਿਲ ਵਿੱਚ ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ (ਰਜਿ) ਯੂਨਿਟ ਨੂਰਮਹਿਲ ਵੱਲੋਂ ਨੂਰ ਰੈਸੋਰੈਂਟ ਵਿੱਚ ਵਰਲਡ ਫੋਟੋਗ੍ਰਾਫੀ ਦਿਨ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਨਗਰ ਕੌਂਸਲ ਦੇ ਪ੍ਰਧਾਨ ਦੀਪਕ ਕੁਮਾਰ ਦੀਪੂ ਨੇ ਰੀਬਨ ਦੀ ਰਸਮ ਅਦਾ ਕਰ ਕੇ ਕੀਤੀ। ਉਪਰੰਤ ਫੋਟੋਗ੍ਰਾਫਰਾਂ ਵੱਲੋਂ ਪਹੁੰਚੇ ਹਲਕਾ ਵਿਧਾਇਕ



ਬੀਬੀ ਇੰਦਰਜੀਤ ਕੋਰ ਮਾਨ ਨੂੰ ਜੀ ਆਇਆਂ ਆਖਿਆ।ਸਮਾਗਮ ਦੌਰਾਨ ਕੇਕ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਬੋਲਦਿਆਂ ਬੀਬੀ ਇੰਦਰਜੀਤ ਕੋਰ ਮਾਨ ਨੇ ਆਏ ਸਾਰੇ ਫੋਟੋਗ੍ਰਾਫਰਾਂ ਨੂੰ ਇਸ ਦਿਨ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਫੋਟੋਗ੍ਰਾਫਰ ਵੱਲੋਂ ਖਿੱਚੀ ਗਈ ਤਸਵੀਰ ਪਰਵਾਰਾਂ ਲਈ ਯਾਦਗਾਰ ਬਣ ਜਾਂਦੀ ਹੈ।ਯੂਨਿਟ ਨੂਰਮਹਿਲ ਦੇ ਫੋਟੋਗ੍ਰਾਫਰਾਂ ਵੱਲੋਂ ਮੁੱਖ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਆਏ ਹੋਏ ਫੋਟੋਗ੍ਰਾਫਰਾਂ ਤੇ ਮੁੱਖ ਮਹਿਮਾਨਾਂ ਦਾ ਯੂਨਿਟ ਦੇ ਪ੍ਰਧਾਨ ਜਸਵਿੰਦਰ ਸਿੰਘ ਲਾਂਬਾ ਵੱਲੋਂਧੰਨਵਾਦ ਕੀਤਾ ਗਿਆ।ਇਸ ਮੌਕੇ ਯੂਨਿਟ ਦੇ ਸਾਰੇ ਫੋਟੋਗ੍ਰਾਫਰ ਹਾਜ਼ਰ ਸਨ।

# ਮਸੀਤਾਂ ਵਿਖੇ ਲਾਇਬ੍ਰੇਰੀ ਤੇ ਜਿੰਮ ਦਾ ਉਦਘਾਟਨ

**ਸੁਲਤਾਨਪੁਰ ਲੋਧੀ(ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ [illegible]



[illegible] ਵਿਖੇ ਲਾਇਬ੍ਰੇਰੀ ਅਤੇ ਜਿੰਮ ਦਾ ਉਦਘਾਟਨ ਕੀਤਾ ਗਿਆ। ਇਹ ਉਦਘਾਟਨ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਵੱਲੋਂ ਕੀਤਾ ਗਿਆ।ਇਸ ਮੌਕੇ ਸੱਜਣ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਵਰਗੇ ਉਪਰਾਲਿਆਂ ਰਾਹੀਂ ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੀ ਸ਼ੁਰੂਆਤ ਕੀਤੀ ਗਈ ਹੈ। ਇਸੇ ਸੋਚ ਨੂੰ ਅੱਗੇ ਵਧਾਉਂਦਿਆਂ ਪਿੰਡਾਂ ਵਿੱਚ ਖੇਡ ਮੈਦਾਨਾਂ, ਜਿੰਮਾਂ ਅਤੇ ਲਾਇਬ੍ਰੇਰੀਆਂ [illegible] ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਲਈ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣਾ ਬੇਹੱਦ ਜ਼ਰੂਰੀ ਹੈ। ਖੇਡਾਂ, ਸਿੱਖਿਆ ਅਤੇ ਸਿਹਤ ਨਾਲ ਜੁੜੀਆਂ ਇਹ ਸਹੂਲਤਾਂ ਪੰਜਾਬ ਦੇ ਨੌਜਵਾਨਾਂ ਦੇ ਉਜਵਲ ਭਵਿੱਖ ਦੀ ਨੀਂਹ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।


# ਮੈਰਾਥਨ ਦੌੜ 23 ਨੂੰ



**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਦੇ ਨੌਜਵਾਨਾਂ ਅਤੇ ਹਰ ਉਮਰ ਵਰਗ ਦੇ ਲੋਕਾਂ ਨੂੰ ਫਿਟਨੈੱਸ, ਖੇਡਾਂ ਅਤੇ ਸਿਹਤਮੰਦ ਜੀਵਨਸ਼ੈਲੀ ਨਾਲ ਜੋੜਨ ਦੇ ਉਦੇਸ਼ ਨਾਲ 'ਹੱਸਦਾ, ਖੇਡਦਾ ਅਤੇ ਰੰਗਲਾ ਪੰਜਾਬ' ਮੁਹਿੰਮ ਤਹਿਤ ਹੁਣ ਜਲੰਧਰ ਵਿੱਚ ਕਰਵਾਈ ਜਾ ਰਹੀ ਹੈ। ਮੋਹਾਲੀ ਵਿੱਚ ਮਿਲੇ ਭਰਵੇਂ ਹੁੰਗਾਰੇ ਤੋਂ ਬਾਅਦ ਇਹ ਦੌੜ 23 ਅਗਸਤ ਨੂੰ ਜਲੰਧਰ ਵਿੱਚ ਹੋਵੇਗੀ।ਇਸ ਸਬੰਧੀ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਆਮ ਆਦਮੀ ਪਾਰਟੀ ਪੰਜਾਬ ਯੂਥ ਵਿੰਗ ਦੇ ਸੂਬਾ ਉਪ ਪ੍ਰਧਾਨ ਬੀਰ ਦਵਿੰਦਰ ਸਿੰਘ ਨੇ ਦੱਸਿਆ ਕਿ ਦੌੜ ਦੀ ਸ਼ੁਰੂਆਤ ਮੋਹਾਲੀ ਤੋਂ ਕੀਤੀ ਗਈ ਸੀ, ਜਿਸ ਨੂੰ ਲੋਕਾਂ ਵੱਲੋਂ ਜ਼ਬਰਦਸਤ ਹੁੰਗਾਰਾ ਮਿਲਿਆ। ਉਨ੍ਹਾਂ ਦੱਸਿਆ ਕਿ ਮੋਹਾਲੀ ਵਿੱਚ 5 ਸਾਲ ਦੇ ਬੱਚੇ ਤੋਂ ਲੈ ਕੇ 85 ਸਾਲ ਦੇ ਬਜ਼ੁਰਗਾਂ ਤੱਕ ਨੇ ਮੈਰਾਥਨ ਵਿੱਚ ਹਿੱਸਾ ਲਿਆ ਅਤੇ ਇਹ ਸਾਬਤ ਕੀਤਾ ਕਿ ਫਿਟਨੈੱਸ ਅਤੇ ਖੇਡਾਂ ਦੀ ਕੋਈ ਉਮਰ ਨਹੀਂ ਹੁੰਦੀ। ਬੀਰ ਦਵਿੰਦਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ 'ਰੰਗਲਾ ਪੰਜਾਬ' ਦੇ ਸੁਪਨੇ ਨੂੰ ਅੱਗੇ ਵਧਾਉਂਦੇ ਹੋਏ ਹੁਣ ਜਲੰਧਰ ਵਿੱਚ ਕਰਵਾਈ ਜਾ ਰਹੀ ਹੈ। ਇਹ 5 ਕਿਲੋਮੀਟਰ ਦੀ ਮੈਰਾਥਨ ਹੋਵੇਗੀ, ਜੋ ਸਵੇਰੇ 6 ਵਜੇ ਸ਼ਿਵਾਨੀ ਪਾਰਕ, ਮਾਡਲ ਟਾਊਨ ਤੋਂ ਸ਼ੁਰੂ ਹੋਵੇਗੀ।ਇਸ ਮੌਕੇ ਮੇਅਰ ਵਿਨੀਤ ਧੀਰ, ਹਲਕਾ ਇੰਚਾਰਜ ਨਿਤਿਨ ਕੋਹਲੀ, ਪੰਜਾਬ ਖਾਦੀ ਐਂਡ ਵਿਲੇਜ ਇੰਡਸਟਰੀਜ਼ ਬੋਰਡ ਦੇ ਚੇਅਰਮੈਨ ਕਾਕੂ ਅਹਲੂਵਾਲੀਆ, ਯੂਥ ਵਿੰਗ ਸ਼ਹਿਰੀ ਪ੍ਰਧਾਨ ਰੂਬਲ ਸੰਧੂ, ਦਿਹਾਤੀ ਪ੍ਰਧਾਨ ਗਗਨਦੀਪ, ਗੁਰਪ੍ਰੀਤ ਬੈਂਸ, ਸੰਜੀਵ ਚੌਧਰੀ, ਹਰਦੀਪ ਹੈਰੀ, ਬਲਕਾਰਨ ਸਿੰਘ (ਜ਼ਿਲ੍ਹਾ ਉਪ ਪ੍ਰਧਾਨ), ਰਿਸ਼ਭ ਸਹੋਤਾ (ਹਲਕਾ ਸੈਂਟਰਲ ਕੋਆਰਡੀਨੇਟਰ), ਜਾਗਰਾਜ ਸਿੰਘ (ਹਲਕਾ ਕੈਂਟ ਕੋਆਰਡੀਨੇਟਰ), ਇੰਦਰਜੀਤ ਸਿੰਘ (ਹਲਕਾ ਨਾਰਥ ਕੋਆਰਡੀਨੇਟਰ), ਮਨਪ੍ਰੀਤ ਸਿੰਘ (ਜ਼ਿਲ੍ਹਾ ਜੁਆਇੰਟ ਸਕੱਤਰ) ਅਤੇ ਨੀਰਜ ਸ਼ੁਭ (ਜ਼ਿਲ੍ਹਾ ਜੁਆਇੰਟ ਸਕੱਤਰ) ਸਮੇਤ ਪਾਰਟੀ ਦੇ ਹੋਰ ਅਹੁਦੇਦਾਰ ਵੀ ਮੌਜੂਦ ਸਨ।

# ਸੇਂਟ ਸੋਲਜਰ ਗਰੁੱਪ ਦੇ ਵਿਦਿਆਰਥੀਆਂ ਦਾ ਸਮੈਸਟਰ ਪ੍ਰੀਖਿਆਵਾਂ 'ਚ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਇੰਸਟੀਚਿਊਟ ਆਫ ਬਿਜ਼ਨਸ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਵਿਦਿਆਰਥੀਆਂ ਨੇ ਪੰਜਾਬ ਟੈਕਨੀਕਲ ਯੂਨੀਵਰਸਿਟੀ ਵੱਲੋਂ ਐਲਾਨੇ ਮਈ-ਜੂਨ-2026 ਸਮੈਸਟਰ ਪ੍ਰੀਖਿਆ ਨਤੀਜਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਸਥਾ ਦਾ ਨਾਮ ਰੋਸ਼ਨ ਕੀਤਾ। ਵੱਖ-ਵੱਖ ਵਿਭਾਗਾਂ, ਜਿਨ੍ਹਾਂ 'ਚ ਬੀ ਬੀ ਏ, ਬੀ ਸੀ ਏ, ਬੀ ਐੱਸ ਸੀ ਐੱਫ ਡੀ, ਬੀ ਐੱਸ ਸੀ ਐੱਮ ਐੱਲ ਐੱਸ ਤੇ ਪੀ ਜੀ ਡੀ ਸੀ ਏ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਐੱਸ ਜੀ ਪੀ ਏ ਹਾਸਲ ਕੀਤੇ। ਇਨ੍ਹਾਂ ਨਤੀਜਿਆਂ 'ਚ ਲਵਪ੍ਰੀਤ ਨੇ 8.86 ਐੱਸ ਜੀ ਪੀ ਏ, ਸਿਮਰਨ ਨੇ 8.62, ਦਿਲਪ੍ਰੀਤ ਨੇ 8.24, ਕਿਰਨਦੀਪ ਕੌਰ ਨੇ 7.95, ਮਨਜੋਤ ਕੌਰ ਨੇ 8.19, ਗੁਲਰਾਗੀਆ ਨੇ 8.38, ਪਿੰਕੀ ਨੇ 8.19, ਜੋਤੀ ਨੇ 7.57, ਸੁਨੇਹਾ ਨੇ 8.00, ਨਵਜੋਤ ਕੌਰ



ਨੇ 8.25, ਰਜਨੀਤ ਨੇ 8.54, ਅਨੀਸ਼ਾ ਨੇ 7.35, ਹਰਮਨਜੋਤ ਨੇ 7.76, ਸੁਮਨ ਨੇ 8.28, ਨਿਤਿਨ ਨੇ 7.56, ਰੁਪਿੰਦਰ ਕੌਰ ਨੇ 7.28, ਸੋਨੀਆ ਨੇ 7.35, ਮੁਸਕਾਨ ਨੇ 8.04, ਮਨਦੀਪ ਕੌਰ ਨੇ 7.88, ਮਨਜਿੰਦਰ ਕੌਰ ਨੇ 8.32, ਅੰਜਲੀ ਨੇ 8.04, ਦੀਪਿਕਾ ਨੇ 8.52, ਜਸਵੀਰ ਜੰਜੂ ਨੇ 7.88, ਮਨਪ੍ਰੀਤ ਕੌਰ ਨੇ 8.04, ਪਰਵੀਨ ਨੇ 7.76, ਵੰਸ਼ਿਕਾ ਨੇ 7.75 ਅਤੇ ਗੁਰਲੀਨ ਕੌਰ ਨੇ 7.28 ਐੱਸ ਜੀ ਪੀ ਏ ਪ੍ਰਾਪਤ ਕੀਤੇ। ਇਸ ਮੌਕੇ 'ਤੇ ਕਾਲਜ ਪ੍ਰਿੰਸੀਪਲ ਡਾ. ਇੰਦਰਪਾਲ ਸਿੰਘ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਪੜ੍ਹਾਈ ਪ੍ਰਤੀ ਨਿਰੰਤਰ ਸਮਰਪਿਤ ਰਹਿਣ ਲਈ ਪ੍ਰੇਰਿਤ ਕੀਤਾ। ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਫੈਕਲਟੀ ਮੈਂਬਰਾਂ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਮਿਹਨਤ, ਲਗਨ ਅਤੇ ਸਮਰਪਣ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

# ਚੱਬੇਵਾਲ ਨੂੰ ਮਿਲੀ 5 ਕਰੋੜ ਦੀ ਗ੍ਰਾਂਟ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਸਾਡੇ ਪਿੰਡਾਂ ਵਿੱਚ ਲੋਕਾਂ ਦੀਆਂ ਰੋਜ਼ਾਨਾ ਲੋੜਾਂ ਨਾਲ ਜੁੜੀਆਂ ਬੁਨਿਆਦੀ ਸਹੂਲਤਾਂ ਅਤੇ ਜਨਤਕ ਸੁਵਿਧਾਵਾਂ ਹੋਣੀਆਂ ਚਾਹੀਦੀਆਂ ਹਨ। ਵਿਕਾਸ ਹਰ ਪਿੰਡ ਤੱਕ ਪਹੁੰਚਣਾ ਚਾਹੀਦਾ ਹੈ ਅਤੇ ਇਹ ਵਿਕਾਸ ਲੋਕਾਂ ਦੀਆਂ



ਅਸਲ ਲੋੜਾਂ ਦੇ ਅਨੁਸਾਰ ਹੋਣਾ ਚਾਹੀਦਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਹੁਸ਼ਿਆਰਪੁਰ ਸਥਿਤ ਬੀ ਡੀ ਪੀ ਓ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਕੀਤਾ। ਇਸ ਮੀਟਿੰਗ ਵਿੱਚ ਡੀ ਡੀ ਪੀ ਓ ਸੰਦੀਪ ਸਿੰਘ, ਬੀ ਡੀ ਪੀ ਓ ਮਾਹਿਲਪੁਰ ਕੰਵਲਜੀਤ ਸਿੰਘ, ਬੀ ਡੀ ਪੀ ਓ ਹੁਸ਼ਿਆਰਪੁਰ-2 ਪਲਵਿੰਦਰ ਸਿੰਘ ਵੀ ਸ਼ਾਮਲ ਹੋਏ।ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਚੱਬੇਵਾਲ ਵਿਧਾਨ ਸਭਾ ਹਲਕੇ ਦੇ ਪਿੰਡਾਂ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਲਈ ਜਾਰੀ ਕੀਤੀ ਜਾ ਰਹੀ 5 ਕਰੋੜ ਰੁਪਏ ਦੀ ਗ੍ਰਾਂਟ ਸਬੰਧੀ ਬੀ ਡੀ ਪੀ ਓ ਅਧਿਕਾਰੀਆਂ, ਪਿੰਡਾਂ ਦੇ ਸਰਪੰਚਾਂ, ਪੰਚਾਂ ਅਤੇ ਹੋਰ ਨੁਮਾਇੰਦਿਆਂ ਨਾਲ ਇਹ ਵਿਸਥਾਰਪੂਰਵਕ ਮੀਟਿੰਗ ਕੀਤੀ। ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਇਸ ਗ੍ਰਾਂਟ ਦੀ ਵਰਤੋਂ ਵੱਖ-ਵੱਖ ਪਿੰਡਾਂ ਦੀਆਂ ਲੋੜਾਂ ਅਤੇ ਤਰਜੀਹਾਂ ਦੇ ਅਨੁਸਾਰ ਵਿਕਾਸ ਕਾਰਜਾਂ ਲਈ ਕੀਤੀ ਜਾਵੇਗੀ। ਇਸ ਤਹਿਤ ਗਲੀਆਂ, ਨਾਲੀਆਂ ਅਤੇ ਸੀਵਰੇਜ, ਸਟੇਡੀਅਮ, ਖੇਡ ਮੈਦਾਨ , ਧਰਮਸ਼ਾਲਾ , ਕਮਿਊਨਿਟੀ ਹਾਲ, ਪਾਰਕ, ਝੂਲੇ, ਓਪਨ ਜਿਮ, ਜਿਮ ਦਾ ਸਾਮਾਨ, ਛੱਪੜਾਂ ਦੀ ਚਾਰਦੀਵਾਰੀ, ਪੁਲੀਆਂ, ਪੀਣ ਵਾਲੇ ਪਾਣੀ ਲਈ ਟਿਊਬਵੈੱਲ ਅਤੇ ਹੋਰ ਜ਼ਰੂਰੀ ਜਨਤਕ ਬੁਨਿਆਦੀ ਢਾਂਚੇ ਨਾਲ ਸਬੰਧਤ ਕੰਮ ਕਰਵਾਏ ਜਾਣਗੇ। ਇਸ ਤੋਂ ਇਲਾਵਾ ਲਾਇਬ੍ਰੇਰੀਆਂ ਅਤੇ ਲੋਕਾਂ ਲਈ ਹੋਰ ਸਾਂਝੀਆਂ ਸਹੂਲਤਾਂ ਨੂੰ ਵੀ ਵਿਕਸਿਤ ਕਰਨ 'ਤੇ ਧਿਆਨ ਦਿੱਤਾ ਜਾਵੇਗਾ। ਮੀਟਿੰਗ ਦੌਰਾਨ ਵੱਖ-ਵੱਖ ਪਿੰਡਾਂ ਦੇ ਵਿਕਾਸ ਕਾਰਜਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਉਪਲਬਧ ਫੰਡਾਂ ਦੀ ਵਰਤੋਂ ਲੋਕਾਂ ਨੂੰ ਸਿੱਧਾ ਲਾਭ ਪਹੁੰਚਾਉਣ ਵਾਲੇ ਕੰਮਾਂ ਲਈ ਪ੍ਰਭਾਵਸ਼ਾਲੀ ਢੰਗ ਨਾਲ ਕੀਤੀ ਜਾਵੇ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਉਨ੍ਹਾਂ ਦੀਆਂ ਮੁੱਖ ਤਰਜੀਹਾਂ ਵਿੱਚੋਂ ਇੱਕ ਹੈ।

# ਐੱਨ ਐੱਚ ਐੱਮ ਕਰਮਚਾਰੀਆਂ ਨੇ ਸਰਕਾਰ ਦੀਆਂ ਨੀਤੀਆਂ ਦਾ ਕੀਤਾ ਵਿਰੋਧ



**ਫਗਵਾੜਾ (ਡਾ ਰਮਨ)** ਸਿਹਤ ਵਿਭਾਗ ਵਿਚ ਕੰਮ ਕਰਦੇ ਨੈਸ਼ਨਲ ਹੈਲਥ ਮਿਸ਼ਨ ਦੇ ਕਰਮਚਾਰੀਆਂ ਦੀ ਹੜਤਾਲ ਨਿਰੰਤਰ ਜਾਰੀ ਹੈ।ਸਿਵਲ ਸਰਜਨ ਦਫ਼ਤਰ ਵਿਖੇ ਲੱਗੇ ਧਰਨੇ ਦੌਰਾਨ ਯੂਨੀਅਨ ਦੇ ਆਗੂਆਂ ਨੇ ਜਮ ਕੇ ਨਾਅਰੇਬਾਜ਼ੀ ਕੀਤੀ ਤੇ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਕੀਤਾ।ਯੂਨੀਅਨ ਦੇ ਜਨਰਲ ਸਕੱਤਰ ਰਾਮ ਸਿੰਘ ਨੇ ਕਿਹਾ ਕਿ ਇੰਨੀ ਮਹਿੰਗਾਈ ਹੋਣ ਦੇ ਬਾਵਜੂਦ ਸਰਕਾਰ ਐੱਨ ਐੱਚ ਐੱਮ ਦੇ ਕਰਮਚਾਰੀਆਂ ਦੀਆਂ ਮੰਗਾਂ ਤੋਂ ਪਾਸਾ ਵਟੀ ਬੈਠੀ ਹੈ। ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਜਿਵੇਂ ਸਿਹਤ ਕਰਮਚਾਰੀਆਂ ਵੱਲੋਂ ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਵਿਚ ਹਰ ਤਰ੍ਹਾਂ ਨਾਲ ਸੇਵਾਵਾਂ ਨਿਭਾਈਆਂ ਜਾਂਦੀਆਂ ਹਨ ਓਸੇ ਤਰ੍ਹਾਂ ਸਰਕਾਰ ਨੂੰ ਵੀ ਐੱਨ ਐੱਚ ਐੱਮ ਕਰਮਚਾਰੀਆਂ ਦੀਆਂ ਤਨਖਾਹਾਂ ਵਿਚ ਬਿਨਾ ਦੇਰੀ ਵਾਧਾ ਕਰਨਾ ਚਾਹੀਦਾ ਹੈ।ਇਸ ਮੌਕੇ ਤੇ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਵਿਨੈ ਮਲਣ, ਡਾ. ਨਵਪ੍ਰੀਤ, ਡਾ. ਭੁਵਨੇਸ਼ਵਰੀ, ਰਣਜੀਤ ਕੌਰ, ਮਨੀਸ਼ ਕੁਮਾਰ, ਗੁਰਵਿੰਦਰ, ਪੰਕਜ ਵਾਲੀਆ, ਪ੍ਰਿਯੰਕਾ, ਕਮਲਜੀਤ ਸਿੰਘ ਤੋਂ ਇਲਾਵਾ ਬਲਾਕਾਂ ਤੋਂ ਆਏ ਯੂਨੀਅਨ ਦੇ ਨੁਮਾਇੰਦੇ ਹਾਜ਼ਰ ਸਨ।

# ਦੇਸ਼-ਭਗਤੀ ਦੇ ਜਜ਼ਬੇ ਨਾਲ ਮਨਾਇਆ ਆਜ਼ਾਦੀ ਦਿਵਸ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਡੇਰਾਬੱਸੀ ਵਿਖੇ ਦੇਸ਼ ਦਾ ਆਜ਼ਾਦੀ ਦਿਹਾੜਾ ਪੂਰੇ ਉਤਸ਼ਾਹ, ਸ਼ਾਨੋ-ਸ਼ੌਕਤ ਅਤੇ ਦੇਸ਼-ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਸਮਾਰੋਹ ਵਿੱਚ ਕਾਲਜ ਦੇ ਵਿਦਿਆਰਥੀਆਂ, ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਨੇ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਦੇਸ਼ ਦੇ ਸ਼ਹੀਦਾਂ ਨੂੰ ਆਪਣੀ ਨਿੱਘੀ ਸ਼ਰਧਾਂਜਲੀ ਭੇਟ ਕੀਤੀ। ਸਮਾਰੋਹ ਦੀ ਆਰੰਭਤਾ ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਦੇ ਵਾਈਸ ਚੇਅਰਮੈਨ ਡਾ. ਕਪਿਲ ਕਤਿਆਲ ਵੱਲੋਂ ਰਾਸ਼ਟਰੀ ਝੰਡਾ (ਤਿਰੰਗਾ) ਲਹਿਰਾਉਣ ਦੀ ਰਸਮ ਨਾਲ ਹੋਈ। ਤਿਰੰਗਾ ਲਹਿਰਾਉਣ ਤੋਂ ਬਾਅਦ ਰਾਸ਼ਟਰੀ ਗਾਨ ਗਾਇਆ ਗਿਆ, ਜਿਸ ਨਾਲ ਪੂਰਾ ਕੈਂਪਸ ਦੇਸ਼-ਭਗਤੀ ਦੇ ਰੰਗ ਵਿੱਚ ਰੰਗਿਆ ਗਿਆ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਕਪਿਲ ਕਤਿਆਲ ਨੇ ਸਮੂਹ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਅਤੇ ਸਟਾਫ਼ ਨੂੰ ਆਜ਼ਾਦੀ ਦਿਵਸ ਦੀਆਂ ਵਧਾਈਆਂ ਦਿੱਤੀਆਂ। ?ਇਸ ਸਮਾਰੋਹ ਦੌਰਾਨ ਲੌਂਗੋਵਾਲ ਅਕੈਡਮਿਕ ਕਾਲਜ, ਲੌਂਗੋਵਾਲ ਪੌਲੀਟੈਕਨਿਕ ਕਾਲਜ ਅਤੇ 'ਡਬਲਯੂ ਸੀ ਆਈ ਟੀ ਆਈ' ਕਾਲਜ ਦੇ ਵਿਦਿਆਰਥੀਆਂ ਨੇ ਮਿਲ ਕੇ ਰੰਗਾਰੰਗ ਸੱਭਿਆਚਾਰਕ ਅਤੇ ਦੇਸ਼-ਭਗਤੀ ਨਾਲ ਓਤ-ਪੋਤ ਪ੍ਰੋਗਰਾਮ ਪੇਸ਼ ਕੀਤਾ। ਵਿਦਿਆਰਥੀਆਂ



ਵੱਲੋਂ ਦੇਸ਼ ਦੀ ਆਜ਼ਾਦੀ ਸੰਗਰਾਮ ਨਾਲ ਸਬੰਧਤ ਪ੍ਰੇਰਨਾਦਾਇਕ ਭਾਸ਼ਣ, ਦੇਸ਼-ਭਗਤੀ ਦੇ ਗੀਤ ਅਤੇ ਕੋਰੀਓਗ੍ਰਾਫੀ ਪੇਸ਼ ਕੀਤੀ ਗਈ। ਇਸ ਦੇ ਨਾਲ ਹੀ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੀਆਂ ਰੰਗਾਰੰਗ ਪੇਸ਼ਕਾਰੀਆਂ ਨੇ ਵੀ ਸਮਾਗਮ ਵਿੱਚ ਮੌਜੂਦ ਸਭ ਦਾ ਮਨ ਮੋਹ ਲਿਆ। ?ਸਮਾਰੋਹ ਵਿੱਚ ਲੌਂਗੋਵਾਲ ਪੌਲੀਟੈਕਨਿਕ ਐਂਡ ਫਾਰਮੇਸੀ ਕਾਲਜ ਦੀ ਪ੍ਰਿੰਸੀਪਲ ਡਾ. ਰੋਜ਼ੀ ਕਤਿਆਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਵਿਦਿਆਰਥੀਆਂ ਅਤੇ ਸਟਾਫ਼ ਦੁਆਰਾ ਦਿੱਤੀਆਂ ਗਈਆਂ ਸ਼ਾਨਦਾਰ ਪੇਸ਼ਕਾਰੀਆਂ ਦੀ ਭਰਪੂਰ ਸ਼ਲਾਘਾ ਕੀਤੀ।

# ਕੋਰੀਓਗ੍ਰਾਫੀ 'ਛੱਲਾ' ਨੇ ਮੋਹਿਆ ਦਰਸ਼ਕਾਂ ਦਾ ਮਨ

**ਬਲਾਚੌਰ (ਜਸਵਿੰਦਰ ਬੈਂਸ)**- ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਆਜ਼ਾਦੀ ਦਿਵਸ ਮੌਕੇ ਦਾਣਾ ਮੰਡੀ ਬਲਾਚੌਰ ਵਿਖੇ ਤਹਿਸੀਲਦਾਰ ਬਲਾਚੌਰ ਦੀ ਅਗਵਾਈ ਹੇਠ ਵਿਸ਼ਾਲ ਸਰਕਾਰੀ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਉਪ ਮੰਡਲ ਮੈਜਿਸਟਰੇਟ ਬਲਾਚੌਰ



ਸੁਨੀਲ ਫੋਗਾਟ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਮੁੱਖ ਮਹਿਮਾਨ ਵੱਲੋਂ ਕੌਮੀ ਝੰਡਾ ਲਹਿਰਾਉਣ ਅਤੇ ਸਲਾਮੀ ਪਰੇਡ ਦਾ ਨਿਰੀਖਣ ਕਰਨ ਉਪਰੰਤ ਸੱਭਿਆਚਾਰਕ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਸਮਾਗਮ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ। ਇਸ ਮੌਕੇ ਲਿਟਲ ਸਟਾਰ ਮਾਡਲ ਹਾਈ ਸਕੂਲ ਨਾਨੋਵਾਲ ਬੇਟ ਦੀਆਂ ਵਿਦਿਆਰਥਣਾਂ ਨਵਦੀਪ ਕੌਰ ਅਤੇ ਉਸ ਦੀਆਂ ਸਾਥਣਾਂ ਵੱਲੋਂ ਪੰਜਾਬੀ ਵਿਰਸੇ ਨੂੰ ਦਰਸਾਉਂਦੀ ਕੋਰੀਓਗ੍ਰਾਫੀ 'ਛੱਲਾ' ਬੇਹੱਦ ਖ਼ੂਬਸੂਰਤ ਅੰਦਾਜ਼ ਵਿੱਚ ਪੇਸ਼ ਕੀਤੀ ਗਈ। ਪੰਜਾਬੀ ਪਹਿਰਾਵੇ ਅਤੇ ਰਵਾਇਤੀ ਗਹਿਣਿਆਂ ਨਾਲ ਸਜੀਆਂ ਵਿਦਿਆਰਥਣਾਂ ਦੀ ਪੇਸ਼ਕਾਰੀ ਵਿੱਚ ਪੰਜਾਬੀ ਸੱਭਿਆਚਾਰ ਦੀ ਝਲਕ ਸਾਫ਼ ਨਜ਼ਰ ਆ ਰਹੀ ਸੀ। ਪੇਸ਼ਕਾਰੀ ਨੇ ਸਮਾਗਮ ਵਿੱਚ ਮੌਜੂਦ ਦਰਸ਼ਕਾਂ ਨੂੰ ਭਾਵੁਕ ਕਰ ਦਿੱਤਾ ਅਤੇ ਵਿਦਿਆਰਥਣਾਂ ਦੀ ਖ਼ੂਬ ਸ਼ਲਾਘਾ ਹੋਈ। ਪੇਸ਼ਕਾਰੀ ਤੋਂ ਪ੍ਰਭਾਵਿਤ ਹੋ ਕੇ ਮੁੱਖ ਮਹਿਮਾਨ ਵੱਲੋਂ ਇਨ੍ਹਾਂ ਵਿਦਿਆਰਥਣਾਂ ਨੂੰ ਪ੍ਰਸ਼ੰਸਾ ਪੱਤਰ ਅਤੇ ਟਰਾਫੀ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਵਾਪਸੀ ਉਪਰੰਤ ਸਵੇਰ ਦੀ ਪ੍ਰਾਰਥਨਾ ਸਭਾ ਦੌਰਾਨ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸਜੀਤ ਰਾਮ ਧੀਮਾਨ ਵੱਲੋਂ ਵਿਦਿਆਰਥਣਾਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਵਧਾਈ ਦਿੱਤੀ ਗਈ। ਇਸ ਮੌਕੇ ਮੁੱਖ ਅਧਿਆਪਕਾ ਸ਼ਸ਼ੀ ਬਾਲਾ ਤੋਂ ਇਲਾਵਾ ਰਣਜੀਤ ਸਿੰਘ, ਸਵਿਤਾ ਸ਼ਰਮਾ, ਸੁਮਨ ਬਾਲਾ, ਸਨਪ੍ਰੀਤ ਕੌਰ, ਨਿਧੀ ਸ਼ਰਮਾ, ਪੂਜਾ, ਨੇਹਾ (ਡੁਗਰੀ), ਜਤਿੰਦਰਾ, ਨੇਹਾ (ਸੁੱਜੋਵਾਲ), ਭਾਗਿਆ ਸ੍ਰੀ, ਅਮਨਦੀਪ ਕੌਰ ਗੰਗੜ, ਗੁਰਚਰਨਜੀਤ ਕੌਰ, ਮੀਨਾ ਕੁਮਾਰੀ, ਪੂਨਮ ਦੇਵੀ, ਗਗਨਦੀਪ ਕੌਰ, ਸਿਮਰਨਜੀਤ ਕੌਰ, ਆਸ਼ਾ ਦੇਵੀ ਅਤੇ ਜਸਵਿੰਦਰ ਕੌਰ ਸਮੇਤ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਫੁੱਟਬਾਲ ਖਿਡਾਰਨ ਮਨੀਸ਼ਾ ਕਲਿਆਣ ਸਨਮਾਨਤ

**ਮਾਹਿਲਪੁਰ (ਸ਼ਫ਼ਰੀ)**- ਪਿੰਡ ਮੁੱਗੋਵਾਲ ਦੇ ਮਜ਼ਦੂਰ ਪਰਵਾਰ ਨਾਲ ਸਬੰਧਿਤ ਭਾਰਤੀ ਫੁੱਟਬਾਲ ਦੀ ਸਟਾਰ ਖਿਡਾਰਨ ਪੂਰੀ ਦੁਨੀਆਂ ਵਿੱਚ ਆਪਣੇਂ ਬਾਪ ਨਰਿੰਦਰਪਾਲ ਤੇ ਮਾਤਾ



ਰਾਜਕੁਮਾਰੀ ਦਾ ਸਿਰ ਫ਼ਖ਼ਰ ਨਾਲ ਉੱਚਾ ਕਰ ਰਹੀ ਹੈ।ਮਹਿਜ਼ 13 ਸਾਲ ਦੀ ਉਮਰ ਤੋਂ ਐਥਲੈਟਿਕਸ ਰਾਹੀਂ ਸ਼ੁਰੂਆਤ ਕਰਨ ਵਾਲੀ ਮਨੀਸ਼ਾ ਕਲਿਆਣ ਤੇ ਜਦੋਂ ਮਾਹਿਰ ਕੋਚ ਸਾਹਿਬਾਨਾਂ ਦੀਆਂ ਪਾਰਖੂ ਨਜ਼ਰਾਂ ਪਈਆਂ ਤਾਂ ਉਨਾਂ ਮਨੀਸ਼ਾ ਨੂੰ ਫੁੱਟਬਾਲ ਦੀ ਖੇਡ ਨਾਲ ਜੁੜਨ ਲਈ ਪ੍ਰੇਰਿਤ ਕੀਤਾ।ਬੱਸ ਫਿਰ ਦ੍ਰਿੜ ਇਰਾਦੇ ਤੇ ਧੁਨ ਦੀ ਪੱਕੀ ਮਨੀਸ਼ਾ ਕਲਿਆਣ ਨੇ ਮੁੜ ਪਿਛਾਂਹ ਨਹੀਂ ਦੇਖਿਆ।ਆਰਥਿਕ ਤੰਗੀਆਂ ਤੇ ਸਮਾਜਿਕ ਪਾਬੰਦੀਆਂ ਦੀਆਂ ਅੜਚਨਾਂ ਨੂੰ ਸਿਦਕ ਤੇ ਮਿਹਨਤ ਨਾਲ ਉਲੰਘ ਕੇ ਮਨੀਸ਼ਾ ਕਲਿਆਣ ਨੇ ਫੁੱਟਬਾਲ ਦੀ ਨਰਸਰੀ ਇਲਾਕਾ ਮਾਹਿਲਪੁਰ ਸੂਬੇ ਪੰਜਾਬ ਤੇ ਦੇਸ਼ ਭਾਰਤ ਦੇ ਨਾਂ ਨੂੰ ਚਾਰ ਚੰਦ ਲਾਏ।ਉਹ 2018 ਤੋਂ ਲੈ ਕੇ 2026 ਤੱਕ ਲਗਾਤਾਰ ਭਾਰਤੀ ਫੁੱਟਬਾਲ ਟੀਮ ਦੀ ਸਟਾਰ ਖਿਡਾਰਨ ਹੈ।ਉਸ ਨੂੰ ਦੋ ਵਾਰ ਇੰਡੀਆ ਦੀ ਸਾਲ ਦੀ ਸਭ ਤੋਂ ਵਧੀਆ ਫੁੱਟਬਾਲਰ ਚੁਣੇ ਜਾਣ ਦਾ ਸੁਭਾਗ ਪ੍ਰਾਪਤ ਹੋਇਆ।ਸੈਫ਼ ਖੇਡਾਂ ਦੀ ਚੈਂਪੀਅਨ ਰਹੀ ਮੈਡਲ ਜਿੱਤੇ ਤੇ ਏਸੀਅਨ ਖੇਡਾਂ ਵਿੱਚ ਵੀ ਆਪਣੀ ਖੇਡ ਕਲਾ ਦੇ ਜੌਹਰ ਦਿਖਾਏ।

ਉਸ ਨੇ ਰੂਸ ਤੇ ਬ੍ਰਾਜ਼ੀਲ ਖਿਲਾਫ਼ ਖੇਡਦਿਆਂ ਬਹੁਤ ਵਧੀਆ ਪ੍ਰਦਰਸ਼ਨ ਕੀਤਾ।ਉਸ ਨੇ ਸਾਈਪ੍ਰਸ ਤੇ ਪੇਰੂ ਵਰਗੇ ਦੇਸ਼ਾਂ 'ਚ ਖੇਡਣ ਉਪਰੰਤ ਹੁਣ ਉਸ ਨੂੰ ਗ੍ਰੀਸ ਦੇ ਏ ਈ ਕੇ ਕਲੱਬ ਨੇ ਆਪਣੇ ਵਲੋਂ ਖੇਡਣ ਲਈ ਬੁਲਾਇਆ ਹੈ। ਫੁੱਟਬਾਲ ਪਲੇਅਰਜ਼ ਵੈਲਫੇਅਰ ਸੁਸਾਇਟੀ ਮਾਹਿਲਪੁਰ ਵੱਲੋਂ ਮਹਾਨ ਫੁੱਟਬਾਲਰ ਮਨੀਸ਼ਾ ਕਲਿਆਣ ਨੂੰ ਜੱਦੀ ਘਰ ਜਾ ਕੇ ਸਨਮਾਨਤ ਕੀਤਾ ਤੇ ਉੱਜਵਲ ਭਵਿੱਖ ਲਈ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ।ਇਸ ਮੌਕੇ ਦਲਜੀਤ ਸਿੰਘ ਬਿੱਟੂ, ਸੰਦੀਪ ਸੈਣੀ, ਯਸ਼ਪਾਲ ਜੱਸੀ, ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਤੇ ਮਨਜਿੰਦਰ ਸਿੰਘ ਮਾਹਿਲਪੁਰ ਮੌਜੂਦ ਸਨ।

# ਸ਼ਟਰ ਤੋੜ ਕੇ 92 ਹਜ਼ਾਰ ਦੀ ਨਕਦੀ ਤੇ ਸਾਮਾਨ ਚੋਰੀ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਮਹਾਨਗਰ ਵਿੱਚ ਚੋਰੀ ਦੀਆਂ ਵਾਰਦਾਤਾਂ ਦਾ ਗ੍ਰਾਫ਼ ਲਗਾਤਾਰ ਵਧ ਰਿਹਾ ਹੈ। ਤਾਜ਼ਾ ਮਾਮਲਾ ਥਾਣਾ ਨੰਬਰ 7 ਦੇ ਅਧੀਨ ਆਉਂਦੇ ਇਲਾਕੇ ਤੋਂ ਸਾਹਮਣੇ ਆਇਆ ਹੈ, ਜਿੱਥੇ ਗੜ੍ਹਾ ਰੋਡ 'ਤੇ ਸਥਿਤ ਬੀਕਾਨੇਰ ਸਵੀਟਸ ਐਂਡ ਬੇਕਰ ਦੀ ਦੁਕਾਨ ਨੂੰ ਦੇਰ ਰਾਤ ਚੋਰਾਂ ਨੇ ਆਪਣਾ ਨਿਸ਼ਾਨਾ ਬਣਾਇਆ। ਇਸ ਘਟਨਾ ਦਾ ਪਤਾ ਦੁਕਾਨਦਾਰ ਨੂੰ ਸਵੇਰੇ ਦੁਕਾਨ ਖੋਲ੍ਹਣ ਸਮੇਂ ਲੱਗਾ। ਚੋਰਾਂ ਵੱਲੋਂ ਦੁਕਾਨ ਦਾ ਸ਼ਟਰ ਪੁੱਟ ਕੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ। ਪੀੜਤ ਦੁਕਾਨਦਾਰ ਗਣੇਸ਼ ਨੇ ਦੱਸਿਆ ਕਿ ਜਦੋਂ ਉਹ ਸਵੇਰੇ ਪਹੁੰਚੇ ਤਾਂ ਸ਼ਟਰ ਉਖੜਿਆ ਹੋਇਆ ਸੀ, ਅੰਦਰ ਸਾਮਾਨ ਖਿਲਰਿਆ ਪਿਆ ਸੀ ਅਤੇ ਦੁਕਾਨ ਦੀ ਤਿਜੋਰੀ ਵਿੱਚੋਂ ਨਕਦੀ ਤੇ ਡੀ ਵੀ ਆਰ



ਗਾਇਬ ਸਨ। ਇਸ ਤੋਂ ਬਾਅਦ ਦੁਕਾਨਦਾਰ ਵੱਲੋਂ ਤੁਰੰਤ ਪੁਲਿਸ ਨੂੰ ਸੂਚਨਾ ਦਿੱਤੀ ਗਈ। ਪੀੜਤ ਅਨੁਸਾਰ ਚੋਰ ਤਿਜੋਰੀ ਵਿੱਚੋਂ 92 ਹਜ਼ਾਰ ਰੁਪਏ ਦੀ ਨਕਦੀ ਅਤੇ ਡੀ ਵੀ ਆਰ ਲੈ ਕੇ ਫ਼ਰਾਰ ਹੋ ਗਏ ਹਨ। ਗਣੇਸ਼ ਨੇ ਦੱਸਿਆ ਕਿ ਉਹ ਰਾਤ ਨੂੰ ਕਰੀਬ 11 ਵਜੇ ਦੁਕਾਨ ਬੰਦ ਕਰਕੇ ਗਏ ਸਨ। ਸਵੇਰੇ ਜਦੋਂ ਉਨ੍ਹਾਂ ਦੇ ਭਰਾ ਨੇ ਦੁਕਾਨ ਖੋਲ੍ਹੀ ਤਾਂ ਸ਼ਟਰ ਟੁੱਟਿਆ ਹੋਇਆ ਮਿਲਿਆ। ਮੌਕੇ 'ਤੇ ਪਹੁੰਚੀ ਪੁਲਸ ਨੇ ਅੰਦਰ ਜਾਣ ਤੋਂ ਮਨ੍ਹਾ ਕਰ ਦਿੱਤਾ ਅਤੇ ਫਿੰਗਰਪ੍ਰਿੰਟ ਲੈ ਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਾਂਚ ਅਧਿਕਾਰੀ ਏ ਐੱਸ ਆਈ ਬਲਵਿੰਦਰ ਪਾਲ ਨੇ ਦੱਸਿਆ ਕਿ ਉਨ੍ਹਾਂ ਨੂੰ ਦੁਕਾਨ ਵਿੱਚ ਚੋਰੀ ਦੀ ਸੂਚਨਾ ਮਿਲੀ ਸੀ। ਮੌਕੇ 'ਤੇ ਪਹੁੰਚ ਕੇ ਦੇਖਿਆ ਕਿ ਚੋਰਾਂ ਨੇ ਸ਼ਟਰ ਉਖਾੜ ਕੇ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਪੁਲਿਸ ਮੁਤਾਬਕ ਫ਼ੋਰੈਂਸਿਕ ਟੀਮ ਵੱਲੋਂ ਫਿੰਗਰਪ੍ਰਿੰਟ ਲਏ ਜਾ ਰਹੇ ਹਨ। ਪੁਲਿਸ ਟੀਮ ਵੱਲੋਂ ਆਸ-ਪਾਸ ਲੱਗੇ ਸੀ ਸੀ ਟੀ ਵੀ ਕੈਮਰੇ ਖੰਘਾਲੇ ਜਾ ਰਹੇ ਹਨ।

# ਲੋਕ-ਪੱਖੀ ਕਾਰਗੁਜ਼ਾਰੀ ਤੇ ਜਵਾਬਦੇਹੀ ਤੋਂ ਭਗੌੜੇ ਹੋਣ ਦੀ ਗਵਾਹੀ ਦਿੰਦਾ ਮੋਦੀ ਦਾ ਨੀਰਸ ਭਾਸ਼ਣ : ਪਾਸਲਾ

**ਜਲੰਧਰ (ਰਾਜੇਸ਼ ਥਾਪਾ)**- "ਸੁਤੰਤਰਤਾ ਦਿਵਸ ਮੌਕੇ ਲਾਲ ਕਿਲ੍ਹੇ ਦੀ ਫਸੀਲ 'ਤੋਂ ਦਿੱਤਾ ਪ੍ਰਧਾਨ ਮੰਤਰੀ ਮੋਦੀ ਦਾ ਭਾਸ਼ਣ ਵਿਕਾਸ ਦੇ ਫਰੇਬੀ ਦਾਅਵਿਆਂ ਤੇ ਝੂਠੇ ਤੱਥਾਂ ਦਾ ਮਿਲਗੋਭਾ ਸੀ। ਕੇਂਦਰ ਸਰਕਾਰ ਦੀਆਂ ਸਾਮਰਾਜ ਨਿਰਦੇਸ਼ਤ ਲੋਕ ਮਾਰੂ ਆਰਥਿਕ ਨੀਤੀਆਂ ਤੇ ਸੰਘ ਦੀ ਫਿਰਕੂ-ਫਾਸ਼ੀ ਵਿਚਾਰਧਾਰਾ ਦਾ ਵਿਰੋਧ ਕਰਨ ਵਾਲੇ ਸੰਘਰਸ਼ਸ਼ੀਲ ਕਰੋੜਾਂ ਲੋਕਾਂ ਨੂੰ 'ਦਿਮਾਗੀ ਨਕਸਲ' ਦੱਸਣਾ, ਅਸਲ 'ਚ ਮੋਦੀ ਸਰਕਾਰ ਦੇ ਫਿਰਕੂ-ਫਾਸ਼ੀ ਚਿਹਰੇ ਨੂੰ ਬੇਪਰਦ ਕਰਦਾ ਹੈ। ਪ੍ਰਧਾਨ ਮੰਤਰੀ ਨੇ ਸਪੱਸ਼ਟ ਸੰਕੇਤ ਦੇ ਦਿੱਤਾ ਹੈ ਕਿ ਉਹ ਦੇਸ਼ ਦੇ ਸੰਵਿਧਾਨ ਅਤੇ ਧਰਮ ਨਿਰਪੱਖ, ਲੋਕ ਰਾਜੀ, ਸੰਘਾਤਮਕ ਢਾਂਚੇ ਨੂੰ ਹਰ ਹੀਲੇ ਤਬਾਹ ਕਰਕੇ ਭਾਰਤ ਨੂੰ ਇਕ ਧਰਮ ਅਧਾਰਤ ਗੈਰ ਲੋਕ ਰਾਜੀ ਤੇ ਮਨੂੰਵਾਦੀ ਫਿਰਕੂ-ਫਾਸ਼ੀ ਰਾਸ਼ਟਰ 'ਚ ਤਬਦੀਲ ਕਰਕੇ ਹੀ ਦਮ ਲੈਣਗੇ।" ਉਕਤ ਸ਼ਬਦ ਆਰ ਐੱਮ ਪੀ ਆਈ. ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਪਾਰਟੀ ਦੀ ਸੂਬਾ ਕਮੇਟੀ ਦੀ ਮੀਟਿੰਗ 'ਚ ਬੋਲਦਿਆਂ ਕਹੇ। ਇਹ ਭਾਸ਼ਣ ਅਸਲ 'ਚ ਦੇਸ਼ ਦੇ ਕਰੋੜਾਂ ਲੋਕਾਂ ਪ੍ਰਤੀ ਦਿਖਾਏ ਗਏ ਹੰਕਾਰੀ ਵਤੀਰੇ ਤੇ ਦੇਸ਼ ਵਾਸੀਆਂ ਦਾ ਨਿਰਾਦਰ ਕਰਨ ਦਾ ਸੰਕੇਤ ਸੀ। ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ



ਜਾਮਾਰਾਏ ਨੇ ਕਿਹਾ ਹੈ ਕਿ "ਆਰ ਐੱਸ ਐੱਸ, ਭਾਜਪਾ ਤੇ ਮੋਦੀ ਸਰਕਾਰ ਪੰਜਾਬ ਦੇ ਨਰੋਏ ਵਿਰਸੇ, ਅਨਿਆਂ ਖਿਲਾਫ ਜੂਝ ਮਰਨ ਦੇ ਪੰਜਾਬੀਆਂ ਦੇ ਜੁਝਾਰੂ ਜਜ਼ਬੇ ਤੇ ਨਾਬਰੀ ਦੇ ਸੁਭਾਅ ਤੋਂ ਡਾਢੇ ਭੈਭੀਤ ਹਨ।

ਸੰਘੀ ਬ੍ਰਿਗੇਡ ਪੰਜਾਬੀਆਂ ਦੀ ਇਨਕਲਾਬੀ ਸੋਚ ਨੂੰ ਤਾਨਾਸ਼ਾਹੀ ਤਰਜ਼ ਦਾ, ਧਰਮ ਅਧਾਰਤ, ਕੱਟੜ-ਪਿਛਾਖੜੀ ਰਾਸ਼ਟਰ ਕਾਇਮ ਕਰਨ ਦੀ ਆਪਣੀ ਕੋਝੀ ਯੋਜਨਾਬੰਦੀ ਦੇ ਰਾਹ ਦਾ ਸਭ ਤੋਂ ਵੱਡਾ ਵਿਚਾਰਧਾਰਕ ਅੜਿੱਕਾ ਸਮਝਦੀ ਹੈ।" ਉਨ੍ਹਾਂ ਐਲਾਨ ਕੀਤਾ ਹੈ ਕਿ "ਰਾਜ ਕਮੇਟੀ ਮੋਦੀ ਸਰਕਾਰ ਦੇ ਲੋਕ-ਮਾਰੂ, ਦੇਸ਼-ਵਿਰੋਧੀ ਨੀਤੀ ਚੌਖ਼ਟੇ ਖਿਲਾਫ ਸੂਬੇ ਦੇ ਪਿੰਡਾਂ-ਸ਼ਹਿਰਾਂ 'ਚ ਸੰਘਣੀ ਸਿਆਸੀ-ਵਿਚਾਰਧਾਰਕ ਮੁਹਿੰਮ ਚਲਾਵੇਗੀ।" ਰਾਜ ਕਮੇਟੀ ਨੇ ਦੇਸ਼ ਪੱਧਰੀ ਸੰਗਠਨ 'ਕੁਲ ਹਿੰਦ ਕਿਸਾਨ ਮਹਾਸਭਾ' ਦਾ 5ਵਾਂ ਕੌਮੀ ਡੈਲੀਗੇਟ ਸਮਾਗਮ ਸੂਬੇ ਦੀਆਂ ਦੋ ਮਜ਼ਬੂਤ ਤੇ ਮਕਬੂਲ ਕਿਸਾਨ ਜਥੇਬੰਦੀਆਂ, 'ਜਮਹੂਰੀ ਕਿਸਾਨ ਸਭਾ ਪੰਜਾਬ' ਅਤੇ 'ਪੰਜਾਬ ਕਿਸਾਨ ਯੂਨੀਅਨ' ਦੀ ਸਾਂਝੀ ਮੇਜ਼ਬਾਨੀ 'ਚ ਜਲੰਧਰ ਵਿਖੇ ਕੀਤੇ ਜਾਣ ਦੇ ਸੁਵੱਲੇ ਫੈਸਲੇ ਦਾ ਭਰਵਾਂ ਸਵਾਗਤ ਕੀਤਾ ਹੈ। ਮੀਟਿੰਗ ਦੀ ਪ੍ਰਧਾਨਗੀ ਸਾਥੀ ਰਤਨ ਸਿੰਘ ਰੰਧਾਵਾ ਨੇ ਕੀਤੀ। ਸ਼ੁਰੂ 'ਚ ਸੁਤੰਤਰਤਾ ਸੰਗਰਾਮ ਦੇ ਮਹਾਨ ਜਰਨੈਲ ਮਦਨ ਲਾਲ ਢੀਂਗਰਾ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ ਮੌਕੇ ਸਿਜਦਾ ਕੀਤਾ ਗਿਆ। ਉੱਘੇ ਇਤਿਹਾਸਕਾਰ ਸੁਮਿਤ ਸਰਕਾਰ ਤੇ ਹੋਰ ਵਿਛੜੇ ਆਗੂਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

# 'ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-4' ਦੀ ਮਸ਼ਾਲ ਮਾਰਚ ਦਾ ਸਵਾਗਤ

**ਮੁਹਾਲੀ (ਗੁਰਜੀਤ ਬਿੱਲਾ)**- 'ਖੇਡਾਂ ਵਤਨ ਪੰਜਾਬ ਦੀਆਂ—ਸੀਜ਼ਨ-4' ਦੀ ਮਸ਼ਾਲ ਮਾਰਚ ਦਾ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਤੋਂ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਪ੍ਰਵੇਸ਼ ਕਰਨ 'ਤੇ ਸਵਾਗਤ ਕੀਤਾ ਗਿਆ। ਮਸ਼ਾਲ ਮਾਰਚ ਸੈਕਟਰ 78, ਮੋਹਾਲੀ



ਸਥਿਤ ਸਪੋਰਟਸ ਕੰਪਲੈਕਸ ਵਿਖੇ ਪਹੁੰਚਿਆ, ਜਿੱਥੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ, ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ, ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ, ਸਾਲ 2016 ਦੀ ਜੂਨੀਅਰ ਹਾਕੀ ਵਿਸ਼ਵ ਕੱਪ ਜੇਤੂ ਭਾਰਤੀ ਟੀਮ ਦੇ ਕਪਤਾਨ ਹਰਜੀਤ ਸਿੰਘ ਤੁਲੀ ਅਤੇ ਦਰੋਣਾਚਾਰੀਆ ਐਵਾਰਡੀ ਜੀਵਨਜੋਤ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਮਸ਼ਾਲ ਮਾਰਚ ਦੀ ਜ਼ਿਲ੍ਹੇ ਵਿੱਚ ਪ੍ਰਜਣ ਤੇ ਖੇਡ ਕੰਪਲੈਕਸ ਤੱਕ ਅਗਵਾਈ ਕੀਤੀ।ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਪ੍ਰਭਜੋਤ ਕੌਰ, ਜ਼ਿਲ੍ਹਾ ਵਪਾਰ ਕਮਿਸ਼ਨ ਦੇ ਚੇਅਰਮੈਨ ਰਣਜੀਤ ਪਾਲ ਸਿੰਘ, ਐੱਸ ਡੀ ਐੱਮ ਮੋਹਾਲੀ ਸ੍ਰੀਮਤੀ ਦਮਨਦੀਪ ਕੌਰ, ਜ਼ਿਲ੍ਹਾ ਖੇਡ ਅਫ਼ਸਰ ਉਮੇਸ਼ਵਰੀ ਸ਼ਰਮਾ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਗਿੰਨੀ ਦੁੱਗਲ ਵੀ ਮਸ਼ਾਲ ਮਾਰਚ ਦੇ ਸਵਾਗਤ ਲਈ ਮੌਜੂਦ ਸਨ। ਸਮਾਗਮ ਦੌਰਾਨ ਖਿਡਾਰੀਆਂ, ਵਿਦਿਆਰਥੀਆਂ ਅਤੇ ਖੇਡ ਪ੍ਰੇਮੀਆਂ ਨੇ ਉਤਸ਼ਾਹ ਨਾਲ ਸ਼ਿਰਕਤ ਕੀਤੀ। ਉੱਭਰਦੇ ਜਿਮਨਾਸਟਿਕ ਖਿਡਾਰੀਆਂ ਅਤੇ ਭੰਗੜਾ ਟੀਮਾਂ ਦੀਆਂ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਹੋਰ ਵੀ ਜੋਸ਼ ਅਤੇ ਰੰਗ ਭਰ ਦਿੱਤਾ।'ਖੇਡਾਂ ਵਤਨ ਪੰਜਾਬ ਦੀਆਂ—ਸੀਜ਼ਨ-4' ਦੇ ਮੁਕਾਬਲੇ ਵੱਖ-ਵੱਖ ਪੱਧਰਾਂ 'ਤੇ ਕਰਵਾਏ ਜਾਣਗੇ। ਬਲਾਕ ਪੱਧਰੀ ਮੁਕਾਬਲੇ 3 ਤੋਂ 15 ਸਤੰਬਰ, ਜ਼ਿਲ੍ਹਾ ਪੱਧਰੀ ਮੁਕਾਬਲੇ 20 ਤੋਂ 30 ਸਤੰਬਰ ਅਤੇ ਸੂਬਾ ਪੱਧਰੀ ਮੁਕਾਬਲੇ 10 ਅਕਤੂਬਰ ਤੋਂ 28 ਨਵੰਬਰ 2026 ਤੱਕ ਹੋਣਗੇ।

# ਚੰਦਨ ਗਰੇਵਾਲ ਨੇ ਸੁਣੀਆਂ ਸਫ਼ਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ

**ਅਧਿਕਾਰੀਆਂ ਨੂੰ ਢੁਕਵਾਂ ਹੱਲ ਯਕੀਨੀ ਬਣਾਉਣ ਦੀ ਹਦਾਇਤ**

**ਸ਼ਾਹਕੋਟ, ਲੋਹੀਆਂ ਖਾਸ (ਗਿਆਨ ਸੈਦਪੁਰੀ, ਯੋਗੇਸ਼ਵਰ, ਗੌਰਾ ਸ਼ਰਮਾ)**- ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਵੱਲੋਂ ਸ਼ਾਹਕੋਟ ਵਿਖੇ ਪਹੁੰਚ ਕੇ ਅਧਿਕਾਰੀਆਂ ਅਤੇ ਸਫ਼ਾਈ



ਕਰਮਚਾਰੀ ਯੂਨੀਅਨਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਚੇਅਰਮੈਨ ਚੰਦਨ ਗਰੇਵਾਲ ਨੇ ਸਫ਼ਾਈ ਕਰਮਚਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਸੁਣੀਆਂ ਅਤੇ ਮੌਕੇ 'ਤੇ ਮੌਜੂਦ ਅਧਿਕਾਰੀਆਂ ਨੂੰ ਇਨ੍ਹਾਂ ਦਾ ਜਲਦ ਤੋਂ ਜਲਦ ਢੁੱਕਵਾਂ ਹੱਲ ਕਰਨ ਦੀਆਂ ਹਦਾਇਤਾਂ ਕੀਤੀਆਂ। ਗਰੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਅਤੇ ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਸਫ਼ਾਈ ਕਰਮਚਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਠੇਕੇ ਦੇ ਆਧਾਰ 'ਤੇ ਕੰਮ ਕਰ ਰਹੇ ਸਫ਼ਾਈ ਕਰਮਚਾਰੀਆਂ ਦੇ ਹਿੱਤ ਵਿੱਚ ਇਤਿਹਾਸਿਕ ਫ਼ੈਸਲਾ ਲੈਂਦਿਆਂ ਇਨ੍ਹਾਂ ਦੀ ਮਹੀਨਾਵਾਰ ਤਨਖ਼ਾਹ 20,500 ਰੁਪਏ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਫ਼ਾਈ ਕਰਮਚਾਰੀਆਂ ਦੀ ਭਲਾਈ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੀ ਬਿਹਤਰੀ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਸ੍ਰੀ ਗਰੇਵਾਲ ਨੇ ਠੇਕੇ ਦੇ ਆਧਾਰ 'ਤੇ ਕੰਮ ਕਰਦੇ ਸਫ਼ਾਈ ਕਰਮਚਾਰੀਆਂ ਦੀ ਤਨਖਾਹ ਵਿੱਚ ਵਾਧੇ ਸੰਬੰਧੀ ਲਏ ਗਏ ਫ਼ੈਸਲੇ ਲਈ ਪੰਜਾਬ ਸਰਕਾਰ ਦਾ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਸਫ਼ਾਈ ਕਰਮਚਾਰੀ ਯੂਨੀਅਨਾਂ ਦੀ ਵੀ ਸ਼ਲਾਘਾ ਕੀਤੀ ਕਿ ਜਿਨ੍ਹਾਂ ਪੰਜਾਬ ਸਰਕਾਰ ਦੀ ਪਹਿਲਕਦਮੀ ਉਪਰੰਤ ਤੁਰੰਤ ਹੜਤਾਲਾਂ ਖ਼ਤਮ ਕਰਕੇ ਸੂਬੇ ਦੇ ਸ਼ਹਿਰਾਂ ਦੀ ਸੁਚੱਜੇ ਢੰਗ ਨਾਲ ਸਾਫ਼-ਸਫ਼ਾਈ ਨੂੰ ਯਕੀਨੀ ਬਣਾਇਆ।ਇਸ ਮੌਕੇ ਹੋਰਨਾਂ ਤੋਂ ਇਲਾਵਾ 'ਆਪ' ਆਗੂ ਪਰਮਿੰਦਰ ਸਿੰਘ ਪੰਡੋਰੀ, ਕਾਰਜ ਸਾਧਕ ਅਫ਼ਸਰ ਸ਼ਾਹਕੋਟ ਜਗਤਾਰ ਸਿੰਘ, ਕੌਂਸਲਰ ਪ੍ਰਵੀਨ ਗਰੋਵਰ, ਸਤੀਸ਼ ਰਿਹਾਨ, ਬੂਟਾ ਸਿੰਘ ਤੇ ਹਲਕਾ ਕੋਆਰਡੀਨੇਟਰ ਜਤਿੰਦਰ ਪਾਲ ਬੱਲਾਂ ਤੋਂ ਇਲਾਵਾ ਹੋਰ ਸ਼ਖ਼ਸੀਅਤਾਂ ਮੌਜੂਦ ਸਨ।

## ਆਜ਼ਾਦੀ ਦਿਵਸ ਧੂਮਧਾਮ ਨਾਲ ਮਨਾਇਆ



**ਮੁਹਾਲੀ (ਗੁਰਜੀਤ ਬਿੱਲਾ)**- ਸਥਾਨਕ ਸੈਕਟਰ 66 ਦੇ 'ਜ਼ੁੰਬਾ ਫਿਟਨੈਸ ਕਲੱਬ' ਵੱਲੋਂ ਦੇਸ਼ ਦਾ 80ਵਾਂ ਆਜ਼ਾਦੀ ਦਿਵਸ ਬੜੇ ਹੀ ਉਤਸ਼ਾਹ, ਦੇਸ਼ ਭਗਤੀ ਦੀ ਭਾਵਨਾ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਸ਼ੁਭ ਅਵਸਰ 'ਤੇ ਕਲੱਬ ਦੇ ਸਮੂਹ ਮੈਂਬਰਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਪੂਰੇ ਮਾਹੌਲ ਨੂੰ ਦੇਸ਼ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ।ਆਜ਼ਾਦੀ ਦਿਹਾੜੇ ਮੌਕੇ ਕਲੱਬ ਦੇ ਸਾਰੇ ਮੈਂਬਰਾਂ ਵੱਲੋਂ ਸੈਕਟਰ 66 ਵਿੱਚ ਦੇਸ਼ ਭਗਤੀ ਰੈਲੀ ਕੱਢੀ ਗਈ। ਹੱਥਾਂ ਵਿੱਚ ਦੇਸ਼ ਦੀ ਸ਼ਾਨ ਤਿਰੰਗਾ ਫੜ ਮੈਂਬਰਾਂ ਨੇ ਪੂਰੇ ਜੋਸ਼ ਨਾਲ ਇਲਾਕੇ ਵਿੱਚ ਮਾਰਚ ਕੀਤਾ। ਇਸ ਦੌਰਾਨ ਮੈਂਬਰਾਂ ਵੱਲੋਂ ਦੇਸ਼ ਭਗਤੀ ਦੇ ਸਲੋਗਨ ਗਾਏ ਗਏ, ਜਿਸ ਨਾਲ ਪੂਰਾ ਸੈਕਟਰ ਦੇਸ਼ ਭਗਤੀ ਦੇ ਰੰਗ ਵਿੱਚ ਗੂੰਜ ਉੱਠਿਆ।ਰੈਲੀ ਦੇ ਅਖੀਰ ਵਿੱਚ ਸਮੂਹ ਹਾਜ਼ਰੀਨ ਵੱਲੋਂ ਬੜੇ ਹੀ ਸਨਮਾਨ ਨਾਲ ਰਾਸ਼ਟਰੀ ਗਾਨ ਗਾਇਆ ਗਿਆ।

## ਆਜ਼ਾਦੀ ਦਿਵਸ ਮਨਾਇਆ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਪਿੰਡ ਲੜੋਆ (ਭੋਗਪੁਰ) ਵਿਖੇ ਸਵਤੰਤਰ ਦਿਵਸ ਦੀ 80ਵੀਂ ਵਰ੍ਹੇਗੰਢ ਦੀ ਲੜੋਆ ਵੈਲਫੇਅਰ ਟਰੱਸਟ (ਰਜਿ ) ਅਤੇ ਪਿੰਡ ਵਾਸੀਆਂ ਵਲੋਂ ਸਾਂਝੇ ਤੌਰ 'ਤੇ ਮਨਾਈ ਗਈ । ਜਿਸ ਵਿਚ ਨੰਬਰਦਾਰ ਸਤਪਾਲ ਸਿੰਘ, ਸੂਬੇਦਾਰ ਸ਼ਾਮ ਸਿੰਘ ਸੱਗੀ, ਇੰਜੀ . ਗੁਰਮੇਲ ਸਿੰਘ ਸੈਣੀ (ਪ੍ਰਧਾਨ ਵੈਲਫ਼ੇਅਰ ਟਰੱਸਟ ਲੜੋਆ ) ਵਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ । ਜਿਸ ਵਿਚ ਮਾ.ਪੰਜਾਬ ਸਿੰਘ, ਬੀਬੀ ਰਾਜਵਿੰਦਰ ਕੌਰ, ਹਰਜੀਤ ਸਿੰਘ, ਸੁਰਜੀਤ ਸਿੰਘ, ਜਤਿੰਦਰ ਕੁਮਾਰ, ਦਲਜੀਤ ਸਿੰਘ, ਕੈਪਟਨ ਗੁਰਵਿੰਦਰਾ ਸਿੰਘ, ਜਤਿੰਦਰ ਸਿੰਘ, ਬ੍ਰਹਮਦੱਤ ਸ਼ਰਮਾ, ਪਰਮਜੀਤ ਸਿੰਘ ਸੈਣੀ, ਸਰਪੰਚ ਅਮਰਜੀਤ ਸਿੰਘ, ਪਰਮਜੀਤ ਸਿੰਘ (ਪੰਮਾ ), ਪ੍ਰਭਜੋਤ ਸਿੰਘ, ਕੁਲਦੀਪ ਸਿੰਘ, ਇੰਦਰਜੀਤ ਸਿੰਘ, ਪਰਵਿੰਦਰ ਸਿੰਘ , ਹਰਪ੍ਰੀਤ ਸਿੰਘ , ਆਰੀਅਨ ਸੈਣੀ ਅਤੇ ਬੱਚੇ ਸ਼ਾਮਲ ਹੋਏ ।



# ਆਊਟਸੋਰਸ ਕਰਮਚਾਰੀਆਂ ਨੇ ਮੰਗਾਂ ਸੰਬੰਧੀ ਐੱਸ ਡੀ ਓ ਨੂੰ ਮੰਗ ਪੱਤਰ ਸੌਂਪਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮੁਕੇਰੀਆਂ ਹਾਈਡਲ ਚੈਨਲ ਦੇ ਆਊਟਸੋਰਸ ਮੁਲਾਜ਼ਮਾਂ ਨੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਵਿਭਾਗ ਦੇ ਐੱਸ ਡੀ



ਓ ਨੂੰ ਮੰਗ ਪੱਤਰ ਸੌਂਪਿਆ ਹੈ। ਆਊਟਸੋਰਸ ਠੇਕਾ ਕਰਮਚਾਰੀ ਯੂਨੀਅਨ ਦੇ ਆਗੂ ਰਾਜੇਸ਼ ਕੁਮਾਰ, ਰਾਕੇਸ਼ ਕੁਮਾਰ, ਮਨਜੀਤ ਸਿੰਘ, ਭਜਨ ਸਿੰਘ, ਮੁਨੀਸ਼ ਕੁਮਾਰ ਆਦਿ ਨੇ ਦਸਿਆ ਕਿ ਉਹ ਪਿਛਲੇ ਕਰੀਬ 7-8 ਸਾਲਾਂ ਤੋਂ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਹਨ। ਕਰਮਚਾਰੀਆਂ ਨੇ ਵਿਭਾਗ ਤੋਂ ਪਹਿਲੀ ਜੁਲਾਈ 2018 ਤੋਂ ਲਾਗੂ ਜਾਬ ਐਕਟੀਵਿਟੀ ਅਤੇ ਮੈਨਪਾਵਰ ਐਕਟੀਵਿਟੀ ਪ੍ਰਬੰਧਾਂ ਤਹਿਤ ਕਰਮਚਾਰੀਆਂ 'ਤੇ ਕੰਮ ਦੀ ਅਸਲ ਪ੍ਰਕਿਰਤੀ ਲਾਗੂ ਕਰਨ ਦੀ ਮੰਗ ਕੀਤੀ ਹੈ। ਇਸ ਤੋਂ ਇਲਾਵਾ ਜ਼ੋਖਿਮ ਭਰੇ ਹਲਾਤਾਂ 'ਚ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਖਤਰਨਾਕ/ਜ਼ੋਖਮ ਭੱਤਾ ਦੇਣ, ਸਰਕਾਰੀ ਛੁੱਟੀਆਂ ਅਤੇ ਹੋਰ ਬਣਦੇ ਲਾਭ ਦੇਣ, ਕਰਮਚਾਰੀਆਂ ਦੀਆਂ ਸੇਵਾਵਾਂ ਬਿਨਾਂ ਸ਼ਰਤ ਰੈਗੂਲਰ ਕਰਨ ਆਦਿ ਮੁੱਖ ਮੰਗਾਂ ਸ਼ਾਮਲ ਹਨ। ਇਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ,ਪੰਜਾਬ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਸਿੰਘ ਸਿੰਬਲੀ ਨੇ ਆਊਟਸੋਰਸ ਠੇਕਾ ਕਰਮਚਾਰੀਆਂ ਦੀਆਂ ਮੰਗਾਂ ਦਾ ਸਮਰਥਨ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁਕੇਰੀਆਂ ਹਾਈਡਲ ਚੈਨਲ 'ਤੇ ਆਊਟਸੋਰਸ ਕਰਮਚਾਰੀ ਬੇਹੱਦ ਔਖੇ ਹਲਾਤਾਂ 'ਚ ਜ਼ੋਖਮ ਭਰੇ ਕੰਮ ਕਰ ਰਹੇ ਹਨ। ਉਨ੍ਹਾਂ ਸਰਕਾਰ ਅਤੇ ਪ੍ਰਸ਼ਾਸਨ ਨੂੰ ਇਨ੍ਹਾਂ ਦੀਆਂ ਮੰਗਾਂ ਪਹਿਲ ਦੇ ਅਧਾਰ 'ਤੇ ਹੱਲ ਕਰਨ ਦੀ ਮੰਗ ਕੀਤੀ ਹੈ। ਉਪਰੰਤ ਕਰਮਚਾਰੀਆਂ ਨੇ ਧਰਮਿੰਦਰ ਸਿੰਘ ਸਿੰਬਲੀ ਦੀ ਅਗਵਾਈ ਹੇਠ ਪੀ ਐੱਸ ਪੀ ਸੀ ਐੱਲ ਦੇ ਐੱਸ ਡੀ ਓ ਸਟਾਲਨਪ੍ਰੀਤ ਸਿੰਘ ਨੂੰ ਮੰਗ ਪੱਤਰ ਸੌਂਪਿਆ।

# ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਸਮੀਖਿਆ ਮੀਟਿੰਗ

**ਮੁਹਾਲੀ (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਅਧਿਕਾਰੀਆਂ ਨੂੰ ਜ਼ਿਲ੍ਹੇ ਦੀਆਂ ਮੁੱਖ ਸੜਕਾਂ ਉੱਪਰ



ਬਲੈਕ ਸਪੋਟ (ਦੁਰਘਟਨਾ ਸੰਭਾਵੀ ਥਾਵਾਂ) ਜਿਨ੍ਹਾਂ ਕਾਰਨ ਲੋਕਾਂ ਨੂੰ ਮੁਸ਼ਕਲਾਂ ਆ ਰਹੀਆਂ ਹਨ, ਉਨ੍ਹਾਂ ਨੂੰ ਪਹਿਲ ਦੇ ਆਧਾਰ ਤੇ ਠੀਕ ਕਰਨ, ਸੜਕ ਸੁਰੱਖਿਆ ਦੇ ਲੋੜੀਂਦੇ ਪ੍ਰਬੰਧ ਕਰਨ, ਟ੍ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸੜਕ ਸੁਰੱਖਿਆ ਲਈ ਵੱਖ-ਵੱਖ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਨਾਲ ਕੰਮ ਕਰਨਾ ਬੇਹੱਦ ਜ਼ਰੂਰੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ ਸੜਕ ਦੁਰਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਹੈ। ਉਨ੍ਹਾਂ ਸੰਬੰਧਤ ਅਧਿਕਾਰੀਆਂ ਨੂੰ ਸਕੂਲਾਂ, ਕਾਲਜਾਂ, ਜਨਤਕ ਥਾਵਾਂ ਅਤੇ ਹੋਰ ਸੰਵੇਦਨਸ਼ੀਲ ਸਥਾਨਾਂ 'ਤੇ ਸੜਕ ਸੁਰੱਖਿਆ ਸਬੰਧੀ ਜਾਗਰੂਕਤਾ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਵੀ ਕਿਹਾ। ਇਸ ਤੋਂ ਇਲਾਵਾ ਜਿਹੜੀਆਂ ਵੀ ਸੜਕਾਂ ਦੀ ਰੇਲਿੰਗ ਟੁੱਟੀ ਹੋਈ ਹੈ, ਦੀ ਰਿਪੇਅਰ ਕਰਨ ਅਤੇ ਨਵੀਆਂ ਰੇਲਿੰਗ ਲਗਾਉਣ ਲਈ ਵੀ ਕਿਹਾ ਤਾਂ ਜੋ ਸੜਕਾਂ ਤੇ ਆਵਾਜਾਈ ਸੁਰੱਖਿਅਤ ਹੋਵੇ। ਉਨ੍ਹਾਂ ਵੱਲੋਂ ਜ਼ਿਲ੍ਹੇ ਦੀਆਂ ਸੜਕਾਂ ਤੇ ਬਲੈਕ ਸਪੋਟਾਂ (ਦੁਰਘਟਨਾਵਾਂ ਵਾਲੀਆ ਥਾਵਾਂ) ਨੂੰ ਤੁਰੰਤ ਸਹੀ ਕਰਨ ਲਈ ਜ਼ਿਲ੍ਹੇ ਦੇ ਵੱਖ-ਵੱਖ ਅਦਾਰਿਆਂ ਐਨ.ਐਚ.ਏ.ਆਈ, ਗਮਾਡਾ, ਬੀ.ਐਂਡ.ਆਰ ਅਤੇ ਮਿਊਂਸੀਪਲ ਕਾਰਪੋਰੇਸ਼ਨ ਦੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਅਤੇ ਕਿਹਾ ਗਿਆ ਕਿ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਆਉਂਦੀਆਂ ਸੜਕਾਂ ਤੇ ਟ੍ਰੈਫਿਕ ਲਾਈਟਾਂ, ਸਲਿੱਪ ਰੋਡ, ਸਰਵਿਸ ਲਾਇਨ ਆਦਿ ਜਿਹੜਾ ਵੀ ਕੰਮ ਹੋਣ ਵਾਲਾ ਹੈ, ਤੁਰੰਤ ਕਰਵਾਇਆ ਜਾਵੇ।

# ਫਰੀਡਮ ਰਨ 'ਚ ਸੀ ਟੀ ਗਰੁੱਪ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਸ਼ਾਹਪੁਰ ਕੈਂਪਸ ਦੇ ਵਿਦਿਆਰਥੀਆਂ ਨੇ ਆਜ਼ਾਦੀ ਦਿਵਸ ਮੌਕੇ ਅਨਪਲੱਗਡ ਐਕਸਪੀਰੀਅੰਸ ਅਤੇ ਦੌੜ ਰਨਰਜ਼ ਵੱਲੋਂ ਕਰਵਾਈ ਗਈ ਫ੍ਰੀਡਮ ਰਨ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਮਾਣ ਵਧਾਇਆ। 66 ਫੁੱਟ ਰੋਡ ਸਥਿਤ ਅਮੀਰਾਜ਼ ਮੈਨਸ਼ਨਜ਼ ਵਿਖੇ ਹੋਏ ਇਸ ਸਮਾਗਮ ਵਿੱਚ 700 ਤੋਂ ਵੱਧ ਦੌੜਾਕਾਂ, ਫਿਟਨੈੱਸ ਪ੍ਰੇਮੀਆਂ ਅਤੇ ਸ਼ਹਿਰ ਵਾਸੀਆਂ ਨੇ ਜੋਸ਼ ਨਾਲ ਭਾਗ ਲੈਂਦਿਆਂ ਫਿਟਨੈੱਸ, ਆਜ਼ਾਦੀ ਅਤੇ ਰਾਸ਼ਟਰੀ ਮਾਣ ਦਾ ਸੰਦੇਸ਼ ਦਿੱਤਾ। ਇਸ ਸਮਾਗਮ ਨੂੰ ਅੰਮ੍ਰਿਤ ਮਾਲਵਾ ਕੈਪੀਟਲ ਲਿਮਿਟੇਡ ਨੇ ਟਾਈਟਲ ਸਪਾਂਸਰ, ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਐਜੂਕੇਸ਼ਨ ਪਾਰਟਨਰ, ਅਮੀਰਾਜ਼ ਮੈਨਸ਼ਨਜ਼ ਨੇ ਵੇਨਿਊ ਪਾਰਟਨਰ ਅਤੇ ਯੂ ਐੱਸ ਆਈ ਨੇ ਸਪੋਰਟਸ ਪਾਰਟਨਰ ਵਜੋਂ ਸਹਿਯੋਗ ਦਿੱਤਾ। ਇਸ ਦਾ ਉਦੇਸ਼ ਨੌਜਵਾਨਾਂ ਵਿੱਚ ਫਿਟਨੈੱਸ, ਸਰਗਰਮ ਜੀਵਨਸ਼ੈਲੀ ਅਤੇ ਦੇਸ਼ਭਗਤੀ ਦੀ ਭਾਵਨਾ ਨੂੰ ਪ੍ਰੋਤਸਾਹਿਤ ਕਰਨਾ ਸੀ।ਮੁਕਾਬਲੇ ਵਿੱਚ ਸੀਟੀ ਗਰੁੱਪ ਦੇ ਵਿਦਿਆਰਥੀਆਂ ਨੇ ਕਾਬਿਲੇ-ਤਾਰੀਫ਼ ਪ੍ਰਦਰਸ਼ਨ ਕੀਤਾ। ਐਮਬੀਏ ਦੇ ਵਿਦਿਆਰਥੀ ਗਗਨਦੀਪ ਨੇ ਦੂਜਾ ਅਤੇ ਡਿਪਲੋਮਾ ਦੇ ਵਿਦਿਆਰਥੀ ਸੰਦੀਪ ਕੁਮਾਰ ਨੇ ਤੀਜਾ ਸਥਾਨ ਹਾਸਲ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ। ਉਨ੍ਹਾਂ ਦੀ ਇਸ ਸਫਲਤਾ ਨੇ ਉਨ੍ਹਾਂ ਦੇ ਦ੍ਰਿੜ ਨਿਸ਼ਚੇ, ਅਨੁਸ਼ਾਸਨ ਅਤੇ ਖੇਡ ਭਾਵਨਾ ਨੂੰ ਦਰਸਾਇਆ।700 ਤੋਂ ਵੱਧ ਦੌੜਾਕਾਂ ਦੀ ਭਾਗੀਦਾਰੀ ਨੇ ਫ੍ਰੀਡਮ ਰਨ ਨੂੰ ਯਾਦਗਾਰ ਬਣਾਇਆ।

## ਧੂਮਧਾਮ ਨਾਲ ਮਨਾਇਆ ਆਜ਼ਾਦੀ ਦਿਵਸ

**ਅਲਾਵਲਪੁਰ (ਮਦਨ ਬੰਗੜ)**: ਸੈਪਰ ਸ਼ਹੀਦ ਦਲਜੀਤ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਕੋਹਾ ਵਿਖੇ ਦੇਸ਼ ਦਾ 80ਵਾਂ ਆਜ਼ਾਦੀ ਦਿਵਸ ਬੜੀ ਧੂਮਧਾਮ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਕਰਵਾਏ ਗਏ ਵਿਸ਼ੇਸ਼ ਸਮਾਗਮ ਵਿੱਚ ਮਿਊਂਸਪਲ ਕਾਰਪੋਰੇਸ਼ਨ ਜਲੰਧਰ ਦੇ ਸੀਨੀਅਰ [illegible]



[illegible]

## ਨਰਾਤਿਆਂ 'ਤੇ ਸ੍ਰੀ ਰਾਮ ਕਥਾ ਕਰਵਾਉਣ ਦੇ ਸੰਬੰਧ 'ਚ ਮੀਟਿੰਗ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਨਰਾਤਿਆਂ 'ਤੇ ਡੇਰਾ ਬਾਪੂ ਗੰਗਾ ਦਾਸ ਵਿਖੇ ਸ੍ਰੀ ਰਾਮ ਕਥਾ ਕਰਵਾਉਣ ਦੇ ਸੰਬੰਧ ਵਿੱਚ ਇੱਕ ਵਿਸ਼ੇਸ਼ ਮੀਟਿੰਗ ਹੋਈ। [illegible]



[illegible]

## ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਦਾ ਬੀ ਬੀ ਏ ਦਾ ਨਤੀਜਾ ਰਿਹਾ ਸ਼ਾਨਦਾਰ

**ਫਿਲੌਰ (ਨਿਰਮਲ)**- ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ 13 ਅਗਸਤ ਨੂੰ ਐਲਾਨੇ ਗਏ ਬੀ ਬੀ ਏ [illegible]



[illegible] ਕੌਰ ਹੁੰਦਲ ਨੇ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਦੇ ਵਿਦਿਆਰਥੀਆਂ ਦੀ ਇਹ ਸ਼ਾਨਦਾਰ ਪ੍ਰਾਪਤੀ ਸਾਡੇ ਲਈ ਬੇਹੱਦ ਮਾਣ, ਖੁਸ਼ੀ ਅਤੇ ਸੰਤੁਸ਼ਟੀ ਦਾ ਪਲ ਹੈ।

## ਲੈਫਟੀਨੈਂਟ ਜਨਰਲ ਬੀ ਨਾਇਰ ਦਾ ਚਾਰਜ ਤਬਦੀਲ

**ਜਲੰਧਰ (ਸੁਰਿੰਦਰ ਕੁਮਾਰ)**- ਲੈਫਟੀਨੈਂਟ ਜਨਰਲ ਅਨਿੰਦਿਆ ਸੇਨਗੁਪਤਾ, ਜੀ ਓ ਸੀ-ਇਨ-ਸੀ, ਸੈਂਟਰਲ ਕਮਾਂਡ ਅਤੇ ਪੰਜਾਬ ਰੈਜੀਮੈਂਟ ਦੇ ਕਰਨਲ, ਨੇ ਪੰਜਾਬ ਰੈਜੀਮੈਂਟਲ ਸੈਂਟਰ ਵਿਖੇ ਆਯੋਜਿਤ ਇੱਕ ਸੰਜੀਦਾ ਅਤੇ ਗੌਰਵਮਈ ਸਮਾਰੋਹ ਵਿੱਚ, ਦ ਇਨਫੈਂਟਰੀ ਸਕੂਲ, ਮਹੂ ਦੇ ਕਮਾਂਡੈਂਟ, ਲੈਫਟੀਨੈਂਟ ਜਨਰਲ ਵਿਜੇ [illegible]

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੌਦੇ ਲਗਾਉਣ ਦੀ ਮੁਹਿੰਮ

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ, ਲਖਵਿੰਦਰ ਸਿੰਘ ਅਧੀ)**- ਵਾਤਾਵਰਣ ਦੀ ਸੰਭਾਲ ਅਤੇ ਹਰਿਆਵਲ ਵਧਾਉਣ ਦੇ ਉਪਰਾਲਿਆਂ ਵੱਲ ਇੱਕ ਵੱਡਾ ਕਦਮ ਚੁੱਕਦਿਆਂ [illegible] ਕਰਦਿਆਂ, ਜਲੰਧਰ ਸੈਸ਼ਨ ਡਿਵੀਜ਼ਨ ਦੇ ਸਮੂਹ ਨਿਆਇਕ ਅਧਿਕਾਰੀਆਂ ਨੇ ਇਸ ਸਮਾਗਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਨਿਰਧਾਰਤ ਸਕੂਲਾਂ ਦੇ ਵਿਹੜਿਆਂ ਵਿੱਚ ਪੌਦੇ ਲਗਾਏ। [illegible]



[illegible]

# 27 ਨੂੰ ਸਮੂਹਿਕ ਛੁੱਟੀ ਲੈਣ ਦਾ ਨੋਟਿਸ ਡੀ ਈ ਓ ਨੂੰ ਸੌਂਪਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਹੁਸ਼ਿਆਰਪੁਰ ਦੀਆਂ ਸਮੂਹ ਅਧਿਆਪਕ ਸਮੂਹ ਜਥੇਬੰਦੀਆਂ ਦੇ ਆਗੂਆਂ ਨੇ ਪੰਜਾਬ ਦੀਆਂ ਸਮੂਹ ਮੁਲਾਜ਼ਮ ਜਥੇਬੰਦੀਆਂ ਵੱਲੋਂ 27 ਅਗਸਤ ਨੂੰ ਪੰਜਾਬ ਬੰਦ [illegible] ਬਹਾਦਰ ਸਿੰਘ ਅਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ, ਜਨਰਲ ਸਕੱਤਰ ਬਲਜੀਤ ਸਿੰਘ ਮਹਿਮੋਵਾਲ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਸੰਜੀਵ ਧੂਤ [illegible]



[illegible]

# ਆਜ਼ਾਦੀ ਦਿਵਸ ਮਨਾਇਆ




**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- [illegible] ਦਲ ਬਾਦਲ ਦੇ ਇੰਚਾਰਜ ਐਡਵੋਕੇਟ ਰਾਜਕਮਲ ਭੁੱਲਰ, ਬਸਪਾ ਦੇ ਇੰਚਾਰਜ ਦੇਵਰਾਜ ਸੁੰਮਨ, ਜ਼ਿਲ੍ਹਾ 321-ਡੀ ਦੇ ਗਵਰਨਰ ਰਛਪਾਲ ਸਿੰਘ ਬੱਚਾਜੀਵੀ (2023-24), ਡਿਸਟ੍ਰਿਕਟ ਚੇਅਰਪਰਸਨ ਐਨਵਾਇਰਮੈਂਟ ਭਾਰਤ ਗੁਪਤਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸਮਾਗਮ ਦਾ ਸ਼ੁੱਭਆਰੰਭ [illegible] ਸੇਵੀ, ਜੰਡਿਆਲਾ ਦੇ ਜੋਗਿੰਦਰ ਸਿੰਘ ਰਿਟਾਇਰਡ ਐੱਸ ਡੀ ਓ ਨੂੰ 'ਮਾਣ ਵਤਨ ਦੇ' ਅਵਾਰਡ ਨਾਲ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਮਹਿਲਾਵਾਂ ਨੇ ਵੀ ਵੱਡੀ ਗਿਣਤੀ ਵਿੱਚ ਆਪਣੀ ਦੇਸ਼ ਭਗਤੀ ਦਿਖਾਈ। ਬੱਚਿਆਂ ਵੱਲੋਂ ਰੰਗਾ ਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਯਾਤਰੀ ਨਿਵਾਸ ਦੇ ਅਗਲੇ ਪੜਾਅ ਦੀ ਉਸਾਰੀ ਦਾ ਕਾਰਜ ਆਰੰਭ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿਲੀ)**- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਯਾਤਰੀ ਨਿਵਾਸ ਦੇ ਅਗਲੇ ਪੜਾਅ [illegible]





[illegible] ਸੇਵਾ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੂੰ ਸੌਂਪੀ ਗਈ ਸੀ। ਬਾਬਾ ਸੁਖਵਿੰਦਰ ਸਿੰਘ ਦੀ ਸੁਚੱਜੀ ਦੇਖ-ਰੇਖ ਹੇਠ ਇਸ ਸੇਵਾ ਦਾ ਕਾਰਜ ਲਗਾਤਾਰ ਅੱਗੇ ਵਧ ਰਿਹਾ ਹੈ।ਸੰਪਰਦਾਇ ਭੂਰੀ ਵਾਲਿਆਂ ਵੱਲੋਂ ਕੀਤੀ ਜਾ ਰਹੀ ਇਸ ਮਹਾਨ ਸੇਵਾ ਤਹਿਤ ਯਾਤਰੀ ਨਿਵਾਸ ਦੀਆਂ ਪੰਜ ਮੰਜ਼ਲਾਂ ਮੁਕੰਮਲ ਕਰਕੇ ਪਹਿਲਾ ਬਲਾਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੌਂਪਿਆ ਜਾ [illegible] ਭੂਰੀ ਵਾਲਿਆਂ ਨੂੰ ਸੌਂਪੀ ਗਈ ਇਹ ਸੇਵਾ ਪੂਰੀ ਸ਼ਰਧਾ ਅਤੇ ਸੇਵਾ-ਭਾਵਨਾ ਨਾਲ ਨਿਭਾਈ ਜਾ ਰਹੀ ਹੈ। ਇਸ ਮੌਕੇ ਮੈਨੇਜਰ ਗੁਰਜਿੰਦਰ ਸਿੰਘ, ਰਣਧੀਰ ਸਿੰਘ ਸੋਨੂੰ, ਅਕਾਸ਼ਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਪ੍ਰੀਤ ਸਿੰਘ , ਸੀਰਾ ਸਿੰਘ, ਪਵਨ ਕੁਮਾਰ, ਸੁਖਬੀਰ ਸਿੰਘ, ਸਰਬਜੀਤ ਸਿੰਘ, ਮੰਨਾ ਸਿੰਘ ਤੇ ਬਾਬਾ ਕਰਨਵੀਰ ਸਿੰਘ ਵੀ ਮੌਜੂਦ ਸਨ।

# ਪੁਨੀਤ ਬੱਸੀ ਨੂੰ ਸਮਾਜਿਕ ਸੇਵਾਵਾਂ ਪ੍ਰਤੀ ਸਨਮਾਨਤ ਕੀਤਾ



**ਦਸੂਹਾ (ਕਰਨੈਲ ਮਾਂਗਟ)**- ਵਿਸ਼ਵ ਪੰਜਾਬੀ ਸੱਭਿਆਚਾਰਕ ਮੰਚ ਵੱਲੋਂ [illegible] ਸਾਮ ਚੁਰਾਸੀ ਵਿਖੇ ਹੋ ਰਹੇ ਜੋੜ ਮੇਲੇ ਸੰਬੰਧੀ ਜੋ ਯੋਗਦਾਨ ਪਾਇਆ ਗਿਆ ਹੈ , ਇਸ ਸਬੰਧੀ ਵੀ ਦਰਬਾਰ ਕਮੇਟੀ ਦੇ ਪ੍ਰਧਾਨ ਬਾਬਾ ਪ੍ਰਿਥੀ ਸਿੰਘ ਬਾਲੀ, ਜਨਰਲ ਸਕੱਤਰ ਰਜਨੀਸ਼ ਕੁਮਾਰ ਝਾਵਰ ਨੇ ਵੀ ਉਨਾਂ ਦੀ ਸ਼ਲਾਘਾ ਕੀਤੀ ਹੈ। ਉਨਾਂ ਨੂੰ ਪ੍ਰਸ਼ਾਦ ਵੀ ਦਿੱਤਾ ਗਿਆ। ਇਸ ਮੌਕੇ ਤੇ ਵਿਜੇ ਕੁਮਾਰ ਗੋਲਡੀ ,ਅੰਮ੍ਰਿਤ ਪਾਲ ਸਿੰਘ, ਕੁਲਵੀਰ ਸਿੰਘ ਸ਼ਾਹੀ, ਮਨਜੀਤ ਸਿੰਘ ਮਾਂਗਟ ਆਦਿ ਵੀ ਹਾਜ਼ਰ ਸਨ।

## ਵਿਦਿਆਰਥਣਾਂ ਨੇ ਹਰ ਘਰ ਤਿਰੰਗਾ ਮੁਹਿੰਮ 'ਚ ਹਿੱਸਾ ਲਿਆ

**ਸੁਲਤਾਨਪੁਰ ਲੋਧੀ (ਹਨੀ)**- ਆਜ਼ਾਦੀ ਦਿਵਸ ਦੇ ਮੌਕੇ ਐੱਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਵਿਖੇ ਦੇਸ਼ ਭਗਤੀ, ਰਾਸ਼ਟਰੀ ਏਕਤਾ ਅਤੇ ਤਿਰੰਗੇ ਪ੍ਰਤੀ ਸਨਮਾਨ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਲਈ 'ਹਰ ਘਰ ਤਿਰੰਗਾ' ਮੁਹਿੰਮ ਉਤਸ਼ਾਹ ਨਾਲ ਮਨਾਈ ਗਈ।ਇਹ ਮੁਹਿੰਮ ਕਾਲਜ ਦੇ ਐੱਨ ਐੱਸ ਐੱਸ ਵਿਭਾਗ, ਈਕੋ ਕਲੱਬ ਅਤੇ ਰੈੱਡ ਰਿਬਨ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਇਸ ਮੌਕੇ ਵਿਦਿਆਰਥਣਾਂ ਨੇ ਉਤਸ਼ਾਹ ਨਾਲ 'ਤਿਰੰਗਾ ਸੈਲਫੀ' ਗਤੀਵਿਧੀ ਵਿੱਚ ਭਾਗ ਲਿਆ। ਵਿਦਿਆਰਥਣਾਂ ਨੇ ਰਾਸ਼ਟਰੀ ਝੰਡੇ ਤਿਰੰਗੇ ਨਾਲ ਸੈਲਫੀਆਂ ਖਿੱਚ ਕੇ ਆਪਣੇ ਦੇਸ਼ ਪ੍ਰਤੀ ਪਿਆਰ, ਸਤਿਕਾਰ ਅਤੇ ਮਾਣ ਦਾ ਪ੍ਰਗਟਾਵਾ ਕੀਤਾ। ਇਸ ਗਤੀਵਿਧੀ ਰਾਹੀਂ ਵਿਦਿਆਰਥਣਾਂ ਨੂੰ ਤਿਰੰਗੇ ਦੀ ਮਹੱਤਤਾ, ਸਨਮਾਨ ਅਤੇ ਰਾਸ਼ਟਰੀ ਏਕਤਾ ਦਾ ਸੰਦੇਸ਼ ਦਿੱਤਾ ਗਿਆ। ਵਿਦਿਆਰਥਣਾਂ ਦੀ ਜੋਸ਼ ਭਰੀ ਭਾਗੀਦਾਰੀ ਨੇ ਪੂਰੇ ਮਾਹੌਲ ਨੂੰ ਦੇਸ਼ ਭਗਤੀ ਦੇ ਜਜ਼ਬੇ ਨਾਲ ਭਰ ਦਿੱਤਾ। ਇਸ ਉਪਰਾਲੇ ਨੇ ਨੌਜਵਾਨ ਪੀੜ੍ਹੀ ਵਿੱਚ ਦੇਸ਼ ਪ੍ਰੇਮ, ਏਕਤਾ ਅਤੇ ਰਾਸ਼ਟਰੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਐੱਨ ਐੱਸ ਐੱਸ ਵਿਭਾਗ, ਈਕੋ ਕਲੱਬ ਅਤੇ ਰੈੱਡ ਰਿਬਨ ਕਲੱਬ ਦੀ ਇੰਚਾਰਜ ਸੁਨੀਤਾ ਕਲੇਰ ਅਤੇ ਸਮੂਹ ਸਟਾਫ਼ ਨੇ ਸਰਗਰਮ ਭੂਮਿਕਾ ਨਿਭਾਈ।



## ਮਾਤਾ ਜਸਵੀਰ ਕੌਰ ਦੀ ਅੰਤਿਮ ਅਰਦਾਸ 26 ਨੂੰ



**ਆਦਮਪੁਰ (ਪਰਮਜੀਤ ਸਿੰਘ)** ਮਾਤਾ ਜਸਵੀਰ ਕੌਰ ਸੁਪਤਨੀ ਸਵ. ਸਰਦਾਰ ਸਾਧਾ ਸਿੰਘ 17 ਅਗਸਤ ਨੂੰ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ ।ਮਾਤਾ ਜਸਵੀਰ ਕੌਰ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸਹਿਜ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ 26 ਅਗਸਤ ਨੂੰ ਗੁਰਦੁਆਰਾ ਸਿੰਘ ਸਭਾ ਪਿੰਡ ਭੇਲਾਂ ਨਜਦੀਕ ਆਦਮਪੁਰ (ਜਲੰਧਰ) ਵਿਖੇ ਪਾਏ ਜਾਣਗੇ।ਪਰਵਾਰ ਵੱਲੋਂ ਸਮੂਹ ਸਾਕ-ਸੰਬੰਧੀਆਂ, ਰਿਸ਼ਤੇਦਾਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਅੰਤਿਮ ਅਰਦਾਸ ਸਮਾਗਮ ਵਿੱਚ ਪਹੁੰਚ ਕੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਨ ਦੀ ਅਪੀਲ ਕੀਤੀ ਗਈ ਹੈ।

# ਆਕਾਸ਼ ਐਜੂਕੇਸ਼ਨਲ ਨੇ ਲਾਂਚ ਕੀਤਾ 'ਐਂਥੇ 2026'

**ਹੁਸ਼ਿਆਰਪੁਰ (ਓ ਪੀ ਰਾਣਾ)**- ਆਕਾਸ਼ ਐਜੂਕੇਸ਼ਨਲ ਨੇ ਸੋਮਵਾਰ ਨੂੰ 'ਐਂਥੇ 2026' ਦਾ ਆਗਾਜ਼ ਕੀਤਾ। ਇਹ ਦੇਸ਼ ਦੀ ਸਭ ਤੋਂ ਵੱਡੀ ਟੇਲੈਂਟ ਹੰਟ ਪ੍ਰੀਖਿਆ ਹੈ, ਜੋ ਵਿਦਿਆਰਥੀਆਂ ਨੂੰ ਆਪਣੀ ਸਮਰੱਥਾ ਸਮਝਣ ਅਤੇ



ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸਫਲਤਾ ਦੀ ਤਿਆਰੀ ਕਰਨ ਵਿੱਚ ਮਦਦ ਕਰਦੀ ਹੈ।ਇਸਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ 1 ਕਰੋੜ ਤੋਂ ਵੱਧ ਵਿਦਿਆਰਥੀ 'ਐਂਥੇ' ਲਈ ਰਜਿਸਟ੍ਰੇਸ਼ਨ ਕਰਵਾ ਚੁੱਕੇ ਹਨ। ਇਸ ਦੇ ਨਾਲ ਹੀ ਇਹ ਪ੍ਰੀਖਿਆ ਭਾਰਤ ਦੇ ਸਭ ਤੋਂ ਵੱਡੇ ਅਤੇ ਸਭ ਤੋਂ ਲੰਬੇ ਸਮੇਂ ਤੋਂ ਚੱਲ ਰਹੇ ਵਿਦਿਆਰਥੀ ਮੁਲਾਂਕਣ ਪਲੇਟਫਾਰਮਾਂ ਵਿੱਚੋਂ ਇੱਕ ਬਣ ਚੁੱਕੀ ਹੈ। ਹੁਨਰ ਦੀ ਪਛਾਣ ਕਰਨ ਦੀ ਇਹ ਪਹਿਲਕਦਮੀ ਇੱਕ ਅਜਿਹੇ ਨਿਯਮਿਤ ਅਕਾਦਮਿਕ ਮਾਪਦੰਡ ਵਜੋਂ ਵਿਕਸਤ ਹੋਈ ਹੈ, ਜੋ ਵਿਦਿਆਰਥੀਆਂ ਨੂੰ ਆਪਣੀ ਤਿਆਰੀ ਦਾ ਮੁਲਾਂਕਣ ਕਰਨ, ਆਪਣੀ ਪ੍ਰਤੀਯੋਗੀ ਸਮਰੱਥਾ ਨੂੰ ਸਮਝਣ ਅਤੇ ਅੱਗੇ ਦੇ ਸਫ਼ਰ ਲਈ ਇੱਕ ਮਜ਼ਬੂਤ ਨੀਂਹ ਬਣਾਉਣ ਵਿੱਚ ਮਦਦ ਕਰਦੀ ਹੈ।ਆਕਾਸ਼ ਐਜੂਕੇਸ਼ਨਲ ਦੇ ਐੱਮ ਡੀ ਅਤੇ ਸੀ ਈ ਓ ਚੰਦਰਸ਼ੇਖਰ ਗਰੀਸਾ ਰੈੱਡੀ ਨੇ ਕਿਹਾ ਕਿ ਐਂਥੇ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਉਸ ਪੜਾਅ 'ਤੇ ਉਨ੍ਹਾਂ ਦੀ ਅਕਾਦਮਿਕ ਸਮਰੱਥਾ ਨੂੰ ਸਮਝਣ ਵਿੱਚ ਮਦਦ ਕਰਨਾ ਹੈ, ਜਦੋਂ ਸਹੀ ਮਾਰਗਦਰਸ਼ਨ ਇੱਕ ਸਾਰਥਕ ਬਦਲਾਅ ਲਿਆ ਸਕਦਾ ਹੈ। ਅਸੀਂ ਚਾਹੁੰਦੇ ਹਾਂ ਕਿ ਐਂਥੇ ਵਿੱਚ ਹਿੱਸਾ ਲੈਣ ਵਾਲਾ ਹਰ ਵਿਦਿਆਰਥੀ ਆਪਣੀ ਅਕਾਦਮਿਕ ਯਾਤਰਾ ਪ੍ਰਤੀ ਵਧੇਰੇ ਸਪੱਸ਼ਟਤਾ ਅਤੇ ਅੱਗੇ ਦੇ ਰਸਤੇ ਲਈ ਇੱਕ ਬਿਹਤਰ ਦ੍ਰਿਸ਼ਟੀਕੋਣ ਲੈ ਕੇ ਨਿਕਲੇ। 'ਐਂਥੇ 2026' ਲਈ ਰਜਿਸਟ੍ਰੇਸ਼ਨ ਹੁਣ ਅਧਿਕਾਰਤ ਐਂਥੇ ਪੋਰਟਲ ਅਤੇ ਦੇਸ਼ ਭਰ ਦੇ ਆਕਾਸ਼ ਕੇਂਦਰਾਂ ਰਾਹੀਂ ਸ਼ੁਰੂ ਹੋ ਚੁੱਕੀ ਹੈ।

ਆਨਲਾਈਨ ਪ੍ਰੀਖਿਆ 27 ਅਕਤੂਬਰ ਤੋਂ 1 ਨਵੰਬਰ 2026 ਤੱਕ ਆਯੋਜਿਤ ਕੀਤੀ ਜਾਵੇਗੀ, ਜਦੋਂ ਕਿ ਆਫਲਾਈਨ ਪ੍ਰੀਖਿਆ 11 ਅਕਤੂਬਰ, 25 ਅਕਤੂਬਰ ਅਤੇ 1 ਨਵੰਬਰ 2026 ਨੂੰ ਹੋਵੇਗੀ।

# ਖੇਡਾਂ ਵਤਨ ਪੰਜਾਬ ਦੀਆਂ ਭਲਕੇ

**ਜਲੰਧਰ (ਸੁਰਿੰਦਰ ਕੁਮਾਰ)**- ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਨੇ ਅੱਜ ਪੰਜਾਬ ਸਰਕਾਰ ਵਲੋਂ ਸੂਬੇ ਵਿੱਚ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ 21 ਅਗਸਤ ਨੂੰ ਜ਼ਿਲ੍ਹਾ ਜਲੰਧਰ ਵਿਖੇ ਪੁੱਜਣ ਵਾਲੀ ਮਸ਼ਾਲ (ਟਾਰਚ ਰਿਲੇਅ) ਦੇ ਸਵਾਗਤ ਅਤੇ ਅਗਲੇ ਪੜਾਅ ਲਈ ਰਵਾਨਾ ਕਰਨ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਮਸ਼ਾਲ 21 ਅਗਸਤ ਨੂੰ ਸ਼ਹੀਦ ਭਗਤ ਸਿੰਘ ਨਗਰ ਤੋਂ ਜਲੰਧਰ ਵਿਖੇ ਪਹੁੰਚ ਰਹੀ ਹੈ ਅਤੇ 22 ਅਗਸਤ ਨੂੰ ਅਗਲੇ ਪੜਾਅ ਕਪੂਰਥਲਾ ਜ਼ਿਲ੍ਹੇ ਲਈ ਰਵਾਨਾ ਹੋਵੇਗੀ। ਉਨ੍ਹਾਂ ਦੱਸਿਆ ਕਿ 21 ਅਗਸਤ ਨੂੰ ਮਸ਼ਾਲ ਦਾ ਜਲੰਧਰ ਵਿਖੇ ਠਹਿਰਾਅ ਹੋਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ 'ਖੇਡਾਂ ਵਤਨ ਪੰਜਾਬ ਦੀਆਂ' ਸਬੰਧੀ ਪੁੱਜ ਰਹੀ ਮਸ਼ਾਲ ਦੇ ਸ਼ਾਨਦਾਰ ਢੰਗ ਨਾਲ ਸਵਾਗਤ, ਠਹਿਰਾਅ ਅਤੇ ਰਵਾਨਗੀ ਲਈ ਲੋੜੀਂਦੇ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਏ ਜਾਣ। ਉਨ੍ਹਾਂ ਨਗਰ ਨਿਗਮ ਨੂੰ ਮਸ਼ਾਲ ਰੈਲੀ ਦੇ ਰੂਟ ਦੌਰਾਨ ਸਾਫ਼-ਸਫ਼ਾਈ, ਪਾਣੀ ਦੇ ਛਿੜਕਾਅ ਸਮੇਤ ਹੋਰ ਇੰਤਜ਼ਾਮ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਪੁਲਿਸ ਵਿਭਾਗ ਨੂੰ ਮਸ਼ਾਲ ਰੈਲੀ ਦੌਰਾਨ ਸੁਰੱਖਿਆ ਅਤੇ ਆਵਾਜਾਈ ਦੇ ਸੁਚੱਜੇ ਪ੍ਰਬੰਧ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਇਸ ਤੋਂ ਇਲਾਵਾ ਸਿਹਤ ਵਿਭਾਗ ਨੂੰ ਮਸ਼ਾਲ ਰੈਲੀ ਦੇ ਸ਼ੁਰੂਆਤੀ ਸਥਾਨ ਤੋਂ ਲੈ ਕੇ ਮੁੱਖ ਸਮਾਗਮ ਵਾਲੇ ਸਥਾਨ ਤੱਕ ਮੈਡੀਕਲ ਟੀਮਾਂ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ।

# ਗਿਲਜੀਆਂ ਨੇ ਪੰਡੋਰੀ ਵਾਸੀਆਂ ਨੂੰ ਕੀਤਾ ਲਾਮਬੰਦ



**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਪੰਡੋਰੀ ਵਿਚ ਕਾਂਗਰਸ ਪਾਰਟੀ ਦੀ ਇਕ ਵਿਸ਼ੇਸ਼ ਮੀਟਿੰਗ ਹੋਈ । ਮੀਟਿੰਗ ਦੌਰਾਨ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਨੇ ਪਿੰਡ ਵਾਸੀਆਂ ਨੂੰ ਕਾਂਗਰਸ ਪਾਰਟੀ ਦੇ ਹੱਕ ਵਿਚ ਲਾਮਬੰਦ ਕਰਦੇ ਹੋਏ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਦੀ ਪੋਲ ਖੋਲ੍ਹੀ ।ਇਸ ਮੌਕੇ ਗਿਲਜੀਆਂ ਨੇ ਆਖਿਆ ਕਿ ਮੌਜੂਦਾ ਸਰਕਾਰ ਨੇ ਆਪਣੀਆਂ ਨਕਾਰਾ ਨੀਤੀਆਂ ਕਾਰਨ ਪੰਜਾਬ ਦੀ ਆਰਥਿਕਤਾ ਤਬਾਹ ਕਰਦੇ ਹੋਏ ਪੰਜਾਬ 'ਤੇ ਕਰਜ਼ ਦਾ ਵੱਡਾ ਭਾਰ ਪਾ ਦਿੱਤਾ ਹੈ ਅਤੇ ਕਰਜ਼ ਲੈ ਕੇ ਆਪਣੀਆਂ ਮਸ਼ਹੂਰੀਆਂ 'ਤੇ ਪੈਸੇ ਲੁਟਾਇਆ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਪਹਿਲੀ ਵਾਰ ਹੋਇਆ ਹੈ ਕਿ ਸਰਕਾਰ ਗਮਾਡਾ ਰਾਹੀਂ 15 ਹਜ਼ਾਰ ਕਰੋੜ ਦਾ ਕਰਜ਼ ਲੈਣ ਲਈ ਗੁਜਰਾਤ ਦੀ ਕੰਪਨੀ ਨੂੰ ਵਿਚੋਲਗੀ ਲਈ 191 ਕਰੋੜ ਰੁਪਏ ਦੇਣ ਦੇ ਮਨਸੂਬੇ ਘੜ ਰਹੀ ਹੈ। ਗਿਲਜੀਆਂ ਨੇ ਆਖਿਆ ਕਿ ਪਿੰਡ ਵਿਚ ਵਿਕਾਸ ਠੱਪ ਹੈ ਅਤੇ ਸੰਪਰਕ ਸੜਕਾਂ ਦੀ ਹਾਲਤ ਬੇਹੱਦ ਖਰਾਬ ਹੈ । ਉਨ੍ਹਾਂ ਆਖਿਆ ਕਿ ਪੰਜਾਬ ਦਾ ਹਰੇਕ ਵਰਗ ਇਸ ਨਕਾਰਾ ਸਰਕਾਰ ਤੋਂ ਨਿਰਾਸ਼ ਹੈ ਅਤੇ ਉਹ ਜਲਦ ਤੋਂ ਜਲਦ ਇਸ ਸਰਕਾਰ ਤੋਂ ਮੁਕਤੀ ਚਾਹੁੰਦੇ ਹਨ।ਇਸ ਮੌਕੇ ਉਨ੍ਹਾਂ ਕਾਂਗਰਸ ਟੀਮ ਨੂੰ ਪਾਰਟੀ ਦੀ ਮਜ਼ਬੂਤੀ ਲਈ ਤਨਦੇਹੀ ਨਾਲ ਕੰਮ ਕਰਨ ਦੀ ਪ੍ਰੇਰਨਾ ਦਿੱਤੀ ।ਇਸ ਮੌਕੇ ਗੁਰਦੀਪ ਸਿੰਘ, ਅਮਰਜੀਤ ਸਿੰਘ ਸਾਬਕਾ ਸਰਪੰਚ ਜਸਵੀਰ ਕੌਰ, ਸਾਬਕਾ ਸਰਪੰਚ ਪਰਮਜੀਤ ਸਿੰਘ, ਬਲਦੇਵ ਰਾਜ, ਜਸਵਿੰਦਰ ਕੌਰ, ਬਲਜਿੰਦਰ ਕੌਰ, ਮਨਜੀਤ ਕੌਰ, ਕੋਮਲ ਜਸਰਾਏ, ਲਖਵਿੰਦਰ ਸਿੰਘ, ਸੰਤੋਖ ਸਿੰਘ, ਸੁਰਿੰਦਰ ਸਿੰਘ, ਸਿਮਰ ਕੌਰ, ਜੀਤ ਰਾਮ, ਗੁਰਮੇਜ ਸਿੰਘ, ਬਲਦੇਵ ਸਿੰਘ ,ਦਵਿੰਦਰ ਸਿੰਘ, ਰਿੰਕੂ, ਹਰਜਿੰਦਰ ਸਿੰਘ, ਗਗਨਦੀਪ ਸਿੰਘ, ਛੋਟੂ, ਸਰਬਜੀਤ ਸਿੰਘ, ਮਾਣਾ, ਭਿੰਦਾ, ਦੀਪੂ, ਹਰੀ ਸਿੰਘ, ਮੱਖਣ ਸਿੰਘ ਅਤੇ ਅਨਿਲ ਪਿੰਕਾ ਆਦਿ ਮੌਜੂਦ ਸਨ।

## ਸ਼ਿਵਾਲਿਕ ਮਾਡਲ ਸਕੂਲ 'ਚ ਮਨਾਇਆ ਤੀਜ ਦਾ ਤਿਉਹਾਰ

**ਜਗਰਾਉਂ (ਅਮਿਤ ਖੰਨਾ)** ਸ਼ਿਵਾਲਿਕ ਮਾਡਲ ਸਕੂਲ 'ਚ ਤੀਜ ਦਾ ਤਿਉਹਾਰ ਰਵਾਇਤੀ ਰੰਗਾਂ, ਉਮੰਗ ਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੰਜਾਬ ਦੀ ਅਮੀਰ ਲੋਕ-ਸੱਭਿਆਚਾਰ ਤੇ ਪ੍ਰੰਪਰਾਵਾਂ ਨਾਲ ਜਾਣੂ ਕਰਾਉਣਾ ਤੇ ਸੱਭਿਆਚਾਰਕ ਵਿਰਾਸਤ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕਰਨਾ ਸੀ। ਸਮਾਰੋਹ ਦੌਰਾਨ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਮਨਮੋਹਕ ਸੋਲੋ ਡਾਂਸ ਪੇਸ਼ਕਾਰੀਆਂ ਨਾਲ ਸਭ ਦਾ ਮਨ ਮੋਹ ਲਿਆ।ਇਸ ਦੇ ਨਾਲ ਹੀ ਅੱਠਵੀਂ ਤੋਂ ਦਸਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਆਕਰਸ਼ਕ ਮਾਡਲਿੰਗ ਰਾਹੀਂ ਆਪਣੀ ਪ੍ਰਤਿਭਾ, ਆਤਮਵਿਸ਼ਵਾਸ ਤੇ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ।ਨੌਵੀਂ ਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਵੱਖ-ਵੱਖ ਗਰੁੱਪ ਡਾਂਸ ਪੇਸ਼ ਕਰਕੇ ਪ੍ਰੋਗਰਾਮ ਵਿੱਚ ਜੋਸ਼ ਤੇ ਉਤਸ਼ਾਹ ਭਰ ਦਿੱਤਾ।ਪ੍ਰੋਗਰਾਮ ਨੂੰ ਖ਼ਾਸ ਤੌਰ 'ਤੇ ਯਾਦਗਾਰ ਬਣਾਉਣ ਵਿੱਚ ਸਕੂਲ ਦੇ ਸਟਾਫ ਮੈਂਬਰਾਂ ਦਾ ਵੀ ਅਹਿਮ ਯੋਗਦਾਨ ਰਿਹਾ।ਕਿੰਡਰਗਾਰਟਨ, ਪ੍ਰਾਇਮਰੀ ਤੇ ਸੈਕੰਡਰੀ ਵਿਭਾਗ ਦੇ ਅਧਿਆਪਕਾਂ ਨੇ ਆਪਣੀਆਂ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਸਭ ਦਾ ਮਨ ਮੋਹ ਲਿਆ।ਪ੍ਰੋਗਰਾਮ ਦੇ ਸਮਾਪਨ 'ਤੇ ਚੌਥੀ ਤੋਂ ਸੱਤਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਸੁੰਦਰ ਗਿੱਧਾ ਪੇਸ਼ ਕਰਕੇ ਪੰਜਾਬੀ ਸੱਭਿਆਚਾਰ ਦੀ ਖ਼ੂਬਸੂਰਤ ਝਲਕ ਪੇਸ਼ ਕੀਤੀ।ਮਾਡਲਿੰਗ ਮੁਕਾਬਲੇ ਦੌਰਾਨ ਵਿਦਿਆਰਥੀਆਂ ਦੇ ਆਤਮਵਿਸ਼ਵਾਸ ਤੇ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਸ਼੍ਰੇਣੀਆਂ ਵਿੱਚ ਇਨਾਮ ਦਿੱਤੇ ਗਏ।ਮਿਸ ਤੀਜ, ਬੈਸਟ ਸਮਾਈਲ, ਬੈਸਟ ਜੁੱਤੀ, ਬੈਸਟ ਪਰਾਂਦਾ, ਬੈਸਟ ਡਰੈੱਸ ਅੱਪ ਸਮੇਤ ਹੋਰ ਵਿਸ਼ੇਸ਼ ਇਨਾਮਾਂ ਦੇ ਜੇਤੂਆਂ ਨੂੰ ਸਕੂਲ ਦੀ ਮੁੱਖ ਅਧਿਆਪਕਾ ਸ਼੍ਰੀਮਤੀ ਨੀਲਮ ਸ਼ਰਮਾ ਜੀ ਅਤੇ ਵਾਈਸ ਪ੍ਰੈਜ਼ੀਡੈਂਟ ਇਸ਼ਿਤਾ ਮੈਮ ਵੱਲੋਂ ਸਨਮਾਨਤ ਕੀਤਾ ਗਿਆ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਨੀਲਮ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਤੀਜ ਦੇ ਇਤਿਹਾਸਕ ਤੇ ਸੱਭਿਆਚਾਰਕ ਮਹੱਤਵ 'ਤੇ ਚਾਨਣਾ ਪਾਇਆ।



## ਹੈਰੀਟੇਜ ਪਬਲਿਕ ਸਕੂਲ ਵਿਖੇ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਭਵਾਨੀਗੜ੍ਹ, (ਰਾਜ ਖੁਰਮੀ)**-ਸਥਾਨਕ ਹੈਰੀਟੇਜ ਪਬਲਿਕ ਸਕੂਲ ਭਵਾਨੀਗੜ੍ਹ ਵਿਖੇ ਪ੍ਰਿੰਸੀਪਲ ਡਾ. ਗੁਰਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ।ਸਮਾਗਮ ਵਿੱਚ ਐੱਸ.ਡੀ.ਐੱਮ. ਸ੍ਰੀਮਤੀ ਮਨਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਗਮ ਵਿੱਚ ਪ੍ਰੈਪ-2 ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੀਆਂ ਮਾਤਾਵਾਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਪੰਜਾਬੀ ਵਿਰਸੇ ਦੀਆਂ ਸਿੱਠਣੀਆਂ, ਬੋਲੀਆਂ, ਗਿੱਧਾ ਤੇ ਸਾਵਣ ਮਹੀਨੇ ਨਾਲ ਸਬੰਧਤ ਗੀਤਾਂ ਦੀਆਂ ਪੇਸ਼ਕਾਰੀਆਂ ਤੋਂ ਇਲਾਵਾ ਵੱਖ-ਵੱਖ ਮੁਕਾਬਲੇ ਵੀ ਕਰਵਾਏ ਗਏ।ਪ੍ਰੋਗਰਾਮ ਦੀ ਸ਼ੁਰੂਆਤ ਨੰਨ੍ਹੀਆਂ-ਮੁੰਨੀਆਂ ਵਿਦਿਆਰਥਣਾਂ ਵੱਲੋਂ ਗਿੱਧੇ ਦੀ ਮਨਮੋਹਕ ਪੇਸ਼ਕਾਰੀ ਨਾਲ ਹੋਈ।ਮਾਤਾਵਾਂ ਦੀ ਮਾਡਲਿੰਗ ਤੇ ਪੰਜਾਬੀ ਵਿਰਸੇ ਨਾਲ ਸੰਬੰਧਤ ਪ੍ਰਸ਼ਨੋਤਰੀ ਵੀ ਕਰਵਾਈ ਗਈ।ਤੀਆਂ ਦੀ ਰਾਣੀ ਵਜੋਂ ਰਾਜਵਿੰਦਰ ਕੌਰ ਦੀ ਚੋਣ ਕੀਤੀ ਗਈ।ਇਸ ਤੋਂ ਇਲਾਵਾ ਸਿਮਰਨਪ੍ਰੀਤ ਕੌਰ ਨੂੰ 'ਮੋਰਨੀ ਤੋਰ', ਪ੍ਰਿਅੰਕਾ ਨੂੰ 'ਸੋਹਣੇ ਨੈਣ', ਕਰਮਜੀਤ ਕੌਰ ਨੂੰ 'ਹਸਮੁੱਖ ਮੁਟਿਆਰ', ਕਰਨਜੀਤ ਕੌਰ ਨੂੰ 'ਰੂਪ ਦੀ ਰਾਣੀ', ਸਲਮਾ ਨੂੰ 'ਕੱਢਵੀ ਫੁਲਕਾਰੀ', ਸ਼ਾਹਨੀਮ ਨੂੰ 'ਗਿੱਧੇ ਦੀ ਸ਼ਾਨ', ਸਵਰਨਜੀਤ ਕੌਰ ਨੂੰ 'ਪੰਜਾਬਣ ਮੁਟਿਆਰ', ਰਾਜ ਰਾਣੀ ਬਾਵਾ ਨੂੰ 'ਸੋਹਣਾ ਪੰਜਾਬੀ ਪਹਿਰਾਵਾ', ਪ੍ਰਭ ਕੌਰ ਨੂੰ 'ਮਜਾਜਣ' ਤੇ ਗੁਰਪ੍ਰੀਤ ਕੌਰ ਨੂੰ 'ਬੋਲੀਆਂ ਦੀ ਮਲਿਕਾ' ਦੇ ਖ਼ਿਤਾਬ ਨਾਲ ਸਨਮਾਨਤ ਕੀਤਾ ਗਿਆ।ਜੇਤੂ ਮਾਤਾਵਾਂ ਨੂੰ ਫੁਲਕਾਰੀਆਂ ਤੇ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਗਿਆ।ਇਸ ਦੌਰਾਨ ਮਾਤਾਵਾਂ ਨੇ ਗਿੱਧੇ ਦਾ ਖ਼ੂਬ ਆਨੰਦ ਮਾਣਿਆ।ਅੰਤ ਵਿੱਚ ਸਕੂਲ ਦੇ ਚੇਅਰਮੈਨ ਅਨਿਲ ਮਿੱਤਲ ਤੇ ਸ੍ਰੀਮਤੀ ਆਸ਼ਿਮਾ ਮਿੱਤਲ ਨੇ ਮੁੱਖ ਮਹਿਮਾਨ ਸਮੇਤ ਸਮਾਗਮ ਵਿੱਚ ਪਹੁੰਚੇ ਸਾਰੇ ਮਹਿਮਾਨਾਂ, ਮਾਤਾਵਾਂ ਤੇ ਵਿਦਿਆਰਥੀਆਂ ਦਾ ਦਿਲੋਂ ਧੰਨਵਾਦ ਕੀਤਾ।



## 70ਵੀਆਂ ਗਰਮ ਰੁੱਤ ਜ਼ਿਲ੍ਹਾ ਸਕੂਲ ਖੇਡਾਂ ਦਾ ਹੋਇਆ ਸ਼ਾਨਦਾਰ ਆਗਾਜ਼



**ਮਾਨਸਾ, (ਆਤਮਾ ਸਿੰਘ ਪਮਾਰ)**- ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰ.ਸਿੱ.) ਨੀਲਮ ਰਾਣੀ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰ. ਸਿੱ) ਡਾ. ਪਰਮਜੀਤ ਸਿੰਘ ਭੋਗਲ ਦੇ ਦਿਸ਼ਾ-ਨਿਰਦੇਸ਼ਾਂ ਹੇਠ 70ਵੀਆਂ ਗਰਮ ਰੁੱਤ ਜ਼ਿਲ੍ਹਾ ਸਕੂਲ ਖੇਡਾਂ ਦਾ ਮਾਨਸਾ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ 'ਚ ਸ਼ਾਨੋ-ਸ਼ੌਕਤ ਨਾਲ ਆਗਾਜ਼ ਹੋਇਆ। ਹਾਕੀ ਲੜਕੀਆਂ ਦੇ ਮੁਕਾਬਲੇ ਭਾਈ ਬਹਿਲੋ ਸਰਕਾਰੀ ਸੈਕੰਡਰੀ ਸਕੂਲ ਮੁੰਡੇ ਫਫੜੇ ਭਾਈਕੇ ਵਿਖੇ ਕਰਾਏ ਗਏ। ਸਕੂਲ ਪ੍ਰਿੰਸੀਪਲ ਤੇ ਬਲਾਕ ਨੋਡਲ ਅਫ਼ਸਰ ਕੁਲਦੀਪ ਸਿੰਘ ਚਹਿਲ ਨੇ ਖਿਡਾਰੀਆਂ ਨੂੰ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਮਹੱਤਵਪੂਰਨ ਹਨ।ਉਨ੍ਹਾਂ ਕਿਹਾ ਕਿ ਖੇਡਾਂ ਨਾਲ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਅਨੁਸ਼ਾਸਨ, ਆਤਮ-ਵਿਸ਼ਵਾਸ, ਟੀਮ ਭਾਵਨਾ ਤੇ ਸੰਘਰਸ਼ ਕਰਨ ਦੀ ਭਾਵਨਾ ਵੀ ਪੈਦਾ ਹੁੰਦੀ ਹੈ।ਉਨ੍ਹਾਂ ਖਿਡਾਰੀਆਂ ਨੂੰ ਪੂਰੀ ਮਿਹਨਤ, ਲਗਨ ਅਤੇ ਖੇਡ ਭਾਵਨਾ ਨਾਲ ਮੁਕਾਬਲਿਆਂ 'ਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸੇ ਤਰ੍ਹਾਂ ਬਾਸਕਟਬਾਲ ਲੜਕੀਆਂ ਦੇ ਮੁਕਾਬਲੇ ਪੀ.ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਖਿਆਲਾ ਕਲਾਂ ਵਿਖੇ ਕਰਾਏ ਗਏ।ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਅੰਮ੍ਰਿਤਪਾਲ ਸਿੰਘ ਨੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਸਕੂਲ ਪੱਧਰ ਦੀਆਂ ਖੇਡਾਂ ਵਿਦਿਆਰਥੀਆਂ ਅੰਦਰ ਛੁਪੀ ਪ੍ਰਤਿਭਾ ਨੂੰ ਨਿਖਾਰਨ ਤੇ ਉਨ੍ਹਾਂ ਨੂੰ ਉੱਚ ਪੱਧਰੀ ਮੁਕਾਬਲਿਆਂ ਲਈ ਤਿਆਰ ਕਰਨ ਦਾ ਅਹਿਮ ਮੰਚ ਹਨ। ਮੁਕਾਬਲਿਆਂ 'ਚ ਫੁੱਟਬਾਲ ਅੰਡਰ 14 ਮੁੰਡੇ 'ਚ ਜੋਗਾ ਜ਼ੋਨ ਨੇ ਬੁਢਲਾਡਾ ਜ਼ੋਨ ਨੂੰ, ਮੂਸਾ ਜ਼ੋਨ ਨੇ ਬੋਹਾ ਨੂੰ, ਸਰਦੂਲਗੜ੍ਹ ਨੇ ਬਰੇਟਾ ਜ਼ੋਨ ਨੂੰ, ਬਾਸਕਿਟਬਾਲ ਅੰਡਰ 14 ਕੁੜੀਆਂ 'ਚ ਭੀਖੀ ਜ਼ੋਨ ਨੇ ਬਰੇਟਾ ਜ਼ੋਨ ਨੂੰ, ਜੋਗਾ ਜ਼ੋਨ ਨੇ ਮਾਨਸਾ ਜ਼ੋਨ ਨੂੰ, ਸਰਦੂਲਗੜ੍ਹ ਜ਼ੋਨ ਨੇ ਮੂਸਾ ਜ਼ੋਨ ਨੂੰ, ਅੰਡਰ 19 ਕੁੜੀਆਂ ਵਿੱਚ ਭੀਖੀ ਜ਼ੋਨ ਨੇ ਬੁਢਲਾਡਾ ਜ਼ੋਨ ਨੂੰ, ਮਾਨਸਾ ਜ਼ੋਨ ਨੇ ਝੁਨੀਰ ਜ਼ੋਨ ਨੂੰ, ਸਰਦੂਲਗੜ੍ਹ ਜ਼ੋਨ ਨੇ ਮੂਸਾ ਜ਼ੋਨ ਨੂੰ ਹਰਾ ਦਿੱਤਾ ਪ੍ਰਾਪਤ ਕੀਤੀ।

## ਡਾਕਟਰ ਮੁਹੰਮਦ ਸ਼ਬੀਰ ਸਿਹਤ ਮੰਤਰੀ ਵੱਲੋਂ ਸਨਮਾਨਤ



**ਮਲੇਰਕੋਟਲਾ (ਅਸਗਰ ਪਰਿਹਾਰ)**- ਦੇਸ਼ ਦੇ ਮਸ਼ਹੂਰ ਡਾਕਟਰ ਮੁਹੰਮਦ ਸ਼ਬੀਰ ਨੂੰ ਦੇਸ਼ ਦੀ 80ਵੀਂ ਵਰ੍ਹੇਗੰਢ ਦੇ ਮੌਕੇ ਜ਼ਿਲ੍ਹਾ ਪੱਧਰੀ ਸੁਤੰਤਰਤਾ ਦਿਵਸ ਸਮਾਰੋਹ ਦੌਰਾਨ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪ੍ਰਸ਼ੰਸਾ ਪੱਤਰ ਤੇ ਯਾਦਗਾਰੀ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਡਾਕਟਰ ਮੁਹੰਮਦ ਸ਼ਬੀਰ ਜਿੱਥੇ ਸਿਹਤ ਸੇਵਾ ਦੇ ਖੇਤਰ ਵਿੱਚ ਲਗਾਤਾਰ ਆਪਣਾ ਵਡਮੁੱਲਾ ਯੋਗਦਾਨ ਪਾਉਂਦੇ ਆ ਰਹੇ ਹਨ, ਉੱਥੇ ਹੀ ਉਨ੍ਹਾਂ ਨੇ ਸਰਕਾਰੀ ਹਸਪਤਾਲ ਮਾਲੇਰਕੋਟਲਾ ਵਿਖੇ ਲਗਾਤਾਰ 35 ਸਾਲਾਂ ਦੀਆਂ ਅਣਥੱਕ ਸੇਵਾਵਾਂ ਦੌਰਾਨ ਦੰਦਾਂ ਦੀਆਂ ਬਿਮਾਰੀਆਂ ਤੋਂ ਪੀੜਤ ਲੱਖਾਂ ਹੀ ਰੋਗੀਆਂ ਦਾ ਸਫ਼ਲਤਾਪੂਰਵਕ ਇਲਾਜ ਕੀਤਾ ਹੈ।ਇਸੇ ਦੌਰਾਨ ਉਹ ਇੱਕ ਹਜ਼ਾਰ ਤੋਂ ਵੱਧ ਗਰੀਬ ਅਤੇ ਲੋੜਵੰਦ ਬਜ਼ੁਰਗਾਂ ਦੇ ਦੰਦਾਂ ਦੇ ਪੂਰੇ ਬੀੜ ਮੁਫ਼ਤ ਲਗਾ ਚੁੱਕੇ ਹਨ ਤੇ ਆਪਣੇ ਸੇਵਾਕਾਲ ਦੌਰਾਨ ਕਰੀਬ 300 ਸਕੂਲੀ ਬੱਚਿਆਂ ਦੇ ਦੰਦਾਂ ਦੀ ਜਾਂਚ ਵੀ ਕਰ ਚੁੱਕੇ ਹਨ।ਆਪਣੇ 35 ਸਾਲਾਂ ਦੇ ਸਰਕਾਰੀ ਸੇਵਾਕਾਲ ਦੌਰਾਨ ਉਨ੍ਹਾਂ ਨੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਨਾਲ ਮਿਲ ਕੇ ਦੰਦਾਂ ਦੀਆਂ ਬਿਮਾਰੀਆਂ ਦੇ ਵੀ ਚੈੱਕਅਪ ਲਈ ਵਿਸ਼ੇਸ਼ ਮੁਫ਼ਤ ਕੈਂਪ ਵੀ ਲਗਾਏ ਹਨ।

## ਕਾਲਜ 'ਚ ਤਿਰੰਗਾ ਜਾਗਰੂਕਤਾ ਤੇ ਸਹੁੰ ਚੁੱਕ ਸਮਾਗਮ ਕਰਾਇਆ

**ਸਮਰਾਲਾ, (ਸੁਰਜੀਤ ਸਿੰਘ)**- ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਵਿਖੇ ਪ੍ਰਿੰਸੀਪਲ ਡਾ.ਰਜਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਨ.ਐਸ.ਐਸ ਯੂਨਿਟ ਵੱਲੋਂ ਆਜ਼ਾਦੀ ਦਿਵਸ ਨੂੰ ਸਮਰਪਤ ਤਿਰੰਗਾ ਜਾਗਰੂਕਤਾ ਤੇ ਸਹੁੰ ਸਮਾਗਮ ਕਰਾਇਆ ਗਿਆ, ਜਿਸ ਦਾ ਉਦੇਸ਼ ਵਿਦਿਆਰਥਣਾਂ ਵਿੱਚ ਰਾਸ਼ਟਰੀ ਝੰਡੇ ਪ੍ਰਤੀ ਸਤਿਕਾਰ, ਦੇਸ਼, ਪ੍ਰੇਮ, ਏਕਤਾ ਅਤੇ ਜ਼ਿੰਮੇਵਾਰ ਨਾਗਰਿਕਤਾ ਦੀ ਭਾਵਨਾ ਪੈਦਾ ਕਰਨਾ ਸੀ।ਸਮਾਗਮ ਦੌਰਾਨ ਵਿਦਿਆਰਥਣਾਂ ਨੂੰ ਭਾਰਤੀ ਤਿਰੰਗੇ ਦੀ ਮਹੱਤਤਾ ਅਤੇ ਇਸ ਵਿੱਚ ਮੌਜੂਦ ਤਿੰਨ ਰੰਗਾਂ ਤੇ ਅਸ਼ੋਕ ਚੱਕਰ ਦੇ ਅਰਥਾਂ ਬਾਰੇ ਜਾਣਕਾਰੀ ਦਿੱਤੀ।ਕੇਸਰੀ ਰੰਗ ਹਿੰਮਤ ਤੇ ਬਲੀਦਾਨ, ਚਿੱਟਾ ਰੰਗ ਸ਼ਾਂਤੀ ਤੇ ਸੱਚਾਈ ਜਦਕਿ ਹਰਾ ਰੰਗ ਵਿਕਾਸ ਤੇ ਖੁਸ਼ਹਾਲੀ ਦਾ ਪ੍ਰਤੀਕ ਹੈ। ਅਸ਼ੋਕ ਚੱਕਰ ਸਾਨੂੰ ਧਰਮ, ਕਰਤੱਵ ਅਤੇ ਨਿਰੰਤਰ ਅੱਗੇ ਵਧਣ ਦਾ ਸੰਦੇਸ਼ ਦਿੰਦਾ ਹੈ।ਡਾ. ਸੁਨੀਤਾ ਕੌਸ਼ਲ ਤੇ ਐਨ.ਐਸ.ਐਸ ਪ੍ਰੋਗਰਾਮ ਅਫਸਰ ਡਾ.ਮਨਦੀਪ ਕੌਰ ਤੇ ਪ੍ਰੋ ਸੁਖਨਪ੍ਰੀਤ ਕੌਰ ਦੇ ਸਹਿਯੋਗ ਨਾਲ ਸਮੂਹ ਵਿਦਿਆਰਥਣਾਂ ਤੇ ਐਨ.ਐਸ.ਐਸ ਵਲੰਟੀਅਰਾਂ ਵੱਲੋਂ ਤਿਰੰਗੇ ਦੇ ਸਨਮਾਨ, ਦੇਸ਼ ਦੀ ਏਕਤਾ ਤੇ ਅਖੰਡਤਾ ਅਤੇ ਸੰਵਿਧਾਨਕ ਮੁੱਲਾਂ ਦੀ ਪਾਲਣਾ ਕਰਨ ਦੀ ਸਹੁੰ ਚੁੱਕੀ ਗਈ।ਵਿਦਿਆਰਥਣਾਂ ਨੇ ਦੇਸ਼ ਦੀ ਤਰੱਕੀ, ਸਫਾਈ, ਸ਼ਾਂਤੀ ਤੇ ਜ਼ਿੰਮੇਵਾਰ ਨਾਗਰਿਕਤਾ ਵਿੱਚ ਆਪਣਾ ਯੋਗਦਾਨ ਪਾਉਣ ਦਾ ਸੰਕਲਪ ਲਿਆ।ਸਮਾਗਮ ਦੀ ਪ੍ਰਸੰਸਾ ਕਰਦੇ ਹੋਏ ਕਾਲਜ ਪ੍ਰਿੰਸੀਪਲ ਡਾ ਰਾਜਿੰਦਰ ਕੌਰ ਨੇ ਕਿਹਾ ਕਿ ਵਿਦਿਆਰਥਣਾਂ ਵਿੱਚ ਤਿਰੰਗਾ ਸਾਡੀ ਸ਼ਾਨ, ਭਾਰਤ ਸਾਡੀ ਜਾਨ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਇਹੋ ਜਿਹੇ ਪ੍ਰੋਗਰਾਮ ਬਹੁਤ ਸਹਾਈ ਹੁੰਦੇ ਹਨ।



## ਗੁਰੂ ਰਾਮਦਾਸ ਸਕੂਲ 'ਚ ਆਜ਼ਾਦੀ ਦਿਵਸ ਤੇ ਤੀਆਂ ਦਾ ਤਿਉਹਾਰ ਮਨਾਇਆ



**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)**- ਗੁਰੂ ਰਾਮਦਾਸ ਪਬਲਿਕ ਸਕੂਲ ਵਿਖੇ 80ਵਾਂ ਆਜ਼ਾਦੀ ਦਿਵਸ ਤੇ ਤੀਆਂ ਤੀਜ ਦੀਆਂ ਤਿਉਹਾਰ ਬੜੇ ਧੂਮ-ਧਾਮ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਪ੍ਰਿੰਸੀਪਲ ਮੈਡਮ ਹਰਦੀਪ ਕੌਰ ਨੇ ਰਾਸ਼ਟਰੀ ਝੰਡਾ ਲਹਿਰਾ ਕੇ ਕੀਤੀ। ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਰੰਗ ਬਿਖੇਰਦਿਆਂ ਗੀਤ, ਕਵਿਤਾਵਾਂ, ਨਾਟਕ ਤੇ ਕੋਰਿਓਗ੍ਰਾਫ਼ੀ ਆਦਿ ਪੇਸ਼ ਕੀਤੀ ਤੇ ਪੁਰਾਤਨ ਸੱਭਿਆਚਾਰ ਦਾ ਪ੍ਰਤੀਕ 'ਤੀਆਂ ਤੀਜ ਦੀਆਂ' ਸਮਾਗਮ ਮੌਕੇ ਵਿਦਿਆਰਥਣਾਂ ਨੇ ਲੋਕ ਗੀਤ ਗਾਏ, ਬੋਲੀਆਂ ਪਾਈਆਂ, ਗਿੱਧੇ ਤੇ ਕਿੱਕਲੀਆਂ ਪਾ ਕੇ ਰੌਣਕ ਲਾਈ। ਸਕੂਲ ਪ੍ਰਿੰਸੀਪਲ ਹਰਦੀਪ ਕੌਰ ਨੇ ਕਿਹਾ ਕਿ ਇਹ ਆਜ਼ਾਦੀ ਸਾਨੂੰ ਸਾਡੇ ਬਜ਼ੁਰਗਾਂ ਦੇ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਅਤੇ ਸੰਘਰਸ਼ਾਂ ਬਾਅਦ ਮਿਲੀ ਹੈ। ਸਾਨੂੰ ਉਨ੍ਹਾਂ ਦੇਸ਼ ਭਗਤਾਂ ਦੇ ਦੇਸ਼ ਸ਼ਹੀਦਾਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ, ਕਿਉਂਕਿ ਉਨ੍ਹਾਂ ਦੀ ਬਦੌਲਤ ਹੀ ਅਸੀਂ ਅੱਜ ਆਪਣੇ ਸੱਭਿਆਚਾਰਕ ਤਿਉਹਾਰਾਂ ਨੂੰ ਆਜ਼ਾਦੀ ਨਾਲ ਖ਼ੁਸ਼ੀ-ਖ਼ੁਸ਼ੀ ਮਨਾ ਰਹੇ ਹਾਂ, ਸਾਨੂੰ ਸਾਡੇ ਦੇਸ਼ ਅਤੇ ਅਮੀਰ ਸੱਭਿਆਚਾਰ 'ਤੇ ਮਾਣ ਹੋਣਾ ਚਾਹੀਦਾ ਹੈ।

## ਆਜ਼ਾਦੀ ਹਫ਼ਤਾ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ

**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)**- ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਭੁੱਚੋ ਖੁਰਦ ਨੇ ਆਜ਼ਾਦੀ ਦਿਵਸ ਮਨਾਉਣ ਲਈ ਆਜ਼ਾਦੀ ਹਫ਼ਤਾ ਬਹੁਤ ਉਤਸ਼ਾਹ, ਜੋਸ਼ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ। ਹਫ਼ਤੇ ਦੌਰਾਨ ਵਿਦਿਆਰਥੀਆਂ ਲਈ ਵੱਖ-ਵੱਖ ਰਚਨਾਤਮਕ, ਸੱਭਿਆਚਾਰਕ ਤੇ ਦੇਸ਼ ਭਗਤੀ ਦੀਆਂ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਨੇ ਸਮੂਹ ਗਾਇਨ ਮੁਕਾਬਲੇ, ਸ਼ਿਲਪਕਾਰੀ, ਦੇਸ਼ ਭਗਤੀ ਦੀਆਂ ਕਵਿਤਾਵਾਂ, ਆਜ਼ਾਦੀ ਘੁਲਾਟੀਆਂ 'ਤੇ ਆਧਾਰਤ ਰੋਲ ਪਲੇਅ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ। ਆਪਣੀ ਕਲਾ ਤੇ ਸਿਰਜਣਾਤਮਕਤਾ ਦਾ ਪ੍ਰਦਰਸ਼ਨ ਕਰਦੇ ਹੋਏ ਵਿਦਿਆਰਥੀਆਂ ਨੇ ਮਹਾਨ ਆਜ਼ਾਦੀ ਘੁਲਾਟੀਆਂ ਦੇ ਆਕਰਸ਼ਕ ਪੋਰਟਰੇਟ ਵੀ ਬਣਾਏ। ਇਸ ਸਮਾਗਮ ਦੌਰਾਨ ਐਨ.ਸੀ.ਸੀ. ਦੇ ਵਿਦਿਆਰਥੀਆਂ ਨੇ ਸ਼ਾਨਦਾਰ 'ਗਾਰਡ ਆਫ਼ ਆਨਰ' ਪੇਸ਼ ਕੀਤਾ। ਵਿਦਿਆਰਥੀਆਂ ਤੇ ਸਟਾਫ਼ ਨੇ ਰਾਸ਼ਟਰੀ ਝੰਡੇ ਨੂੰ ਸਲਾਮੀ ਦੇ ਕੇ ਰਾਸ਼ਟਰ ਪ੍ਰਤੀ ਆਪਣੇ ਸਤਿਕਾਰ ਅਤੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਦੇਸ਼ ਭਗਤੀ ਦੇ ਨਾਅਰਿਆਂ ਤੇ ਗੀਤਾਂ ਨੇ ਪੂਰੇ ਸਕੂਲ ਕੈਂਪਸ ਨੂੰ ਜੋਸ਼ ਦੇ ਮਾਹੌਲ ਨਾਲ ਭਰ ਦਿੱਤਾ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਪ੍ਰੋ. ਐੱਸ. ਐੱਲ. ਅਰੋੜਾ, ਡਾਇਰੈਕਟਰ ਮੈਡਮ ਡਾ. ਨੰਦਿਤਾ ਗਰੋਵਰ, ਪ੍ਰਿੰਸੀਪਲ ਮੈਡਮ ਕੰਚਨ, ਮੁੱਖ ਅਧਿਆਪਕਾ ਮੈਡਮ ਸੋਨੀਆ ਧਵਨ, ਮੈਡਮ ਰਚਨਾ ਜਿੰਦਲ ਨੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਤੇ ਸਰਗਰਮ ਭਾਗੀਦਾਰੀ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਤੇ ਸਮੁੱਚੇ ਸਟਾਫ਼ ਨੂੰ ਆਜ਼ਾਦੀ ਹਫ਼ਤੇ ਦੀਆਂ ਸਫਲ ਗਤੀਵਿਧੀਆਂ ਲਈ ਵਧਾਈ ਦਿੱਤੀ।



## ਸ਼ਹਿਰ ਦੇ ਸਰਬਪੱਖੀ ਵਿਕਾਸ ਨੂੰ ਦਿੱਤੀ ਜਾ ਰਹੀ ਤਰਜੀਹ : ਕੋਹਲੀ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)**- ਪਟਿਆਲਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਟਿਆਲਾ ਸ਼ਹਿਰ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਕੰਮ ਕਰਾਏ ਜਾ ਰਹੇ ਹਨ ਤੇ ਕਰੋੜਾਂ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਰਾਹੀਂ ਸ਼ਹਿਰ ਦੀ ਨੁਹਾਰ ਬਦਲਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਕਾਰਨ ਵਿਧਾਇਕ ਅਜੀਤਪਾਲ ਕੋਹਲੀ ਸ਼ਹਿਰ ਵਾਸੀਆਂ ਦੀ ਪਹਿਲੀ ਪਸੰਦ ਬਣ ਗਏ ਹਨ। ਵਿਧਾਇਕ ਕੋਹਲੀ ਨੇ ਕਿਹਾ ਕਿ ਲੋਕਾਂ ਦੀ ਸੇਵਾ ਤੇ ਸ਼ਹਿਰ ਦਾ ਸਰਵਪੱਖੀ ਵਿਕਾਸ ਕਰਨਾ ਉਨ੍ਹਾਂ ਦੀ ਸਭ ਤੋਂ ਵੱਡੀ ਪਹਿਲ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਵਾਰਡਾਂ ਦੀਆਂ ਸਾਰੀਆਂ ਸੜਕਾਂ, ਜੋ ਪਿਛਲੇ ਲੰਮੇ ਸਮੇਂ ਤੋਂ ਕੱਚੀਆਂ ਸਨ, ਦਾ ਉਦਘਾਟਨ ਕਰਨ ਦੌਰਾਨ ਕੀਤਾ।ਉਨ੍ਹਾਂ ਨਾਲ ਵਾਰਡ ਇੰਚਾਰਜ ਰੁਪਿੰਦਰ ਸਿੰਘ ਵੀ ਮੌਜੂਦ ਸਨ। ਇਸ ਦੌਰਾਨ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਤਰਜੀਹ ਸ਼ਹਿਰ ਵਾਸੀਆਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਦੇਣ ਦੇ ਨਾਲ-ਨਾਲ ਪਟਿਆਲਾ ਦੇ ਇਤਿਹਾਸਕ ਤੇ ਵਿਰਾਸਤੀ ਸਰੂਪ ਨੂੰ ਹੋਰ ਸੁੰਦਰ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਸੜਕਾਂ, ਪਾਰਕਾਂ, ਸਫ਼ਾਈ, ਸੁੰਦਰੀਕਰਨ ਤੇ ਹੋਰ ਜ਼ਰੂਰੀ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ।



## 8 ਪੁਲਸ ਮੁਲਾਜ਼ਮ ਏ ਐੱਸ ਆਈ ਤੋਂ ਸਬ-ਇੰਸਪੈਕਟਰ ਪਦ-ਉੱਨਤ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)**-ਆਪਣੀ ਸ਼ਾਨਦਾਰ ਕਾਰਗੁਜ਼ਾਰੀ, ਇਮਾਨਦਾਰੀ ਤੇ ਵਧੀਆ ਡਿਊਟੀ ਨਿਭਾਉਣ ਸਦਕਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਸ ਦੇ ਅੱਠ ਪੁਲਸ ਮੁਲਾਜ਼ਮਾਂ ਨੂੰ ਏਐੱਸਆਈ ਤੋਂ ਰੈਗੂਲਰ ਸਬ ਇੰਸਪੈਕਟਰ ਦੇ ਅਹੁਦੇ 'ਤੇ ਤਰੱਕੀ ਦਿੱਤੀ ਗਈ।ਇਸ ਮੌਕੇ ਅਭਿਮੰਨਿਊ ਰਾਣਾ, ਸੀਨੀਅਰ ਕਪਤਾਨ ਪੁਲਸ, ਸ੍ਰੀ ਮੁਕਤਸਰ ਸਾਹਿਬ, ਅਸ਼ੋਕ ਮੀਨਾ, ਐੱਸਪੀ (ਡੀ), ਗੁਰਿੰਦਰਜੀਤ ਸਿੰਘ, ਐੱਸਪੀ (ਹੈੱਡਕੁਆਰਟਰ) ਤੇ ਮਹੇਸ਼ ਸੈਣੀ, ਐੱਸਪੀ (ਪੀਬੀਆਈ ਤੇ ਆਪ੍ਰੇਸ਼ਨ) ਵੱਲੋਂ ਤਰੱਕੀ ਪ੍ਰਾਪਤ ਪੁਲਸ ਮੁਲਾਜ਼ਮਾਂ ਦੇ ਮੋਢਿਆਂ 'ਤੇ ਸਟਾਰ ਲਗਾ ਕੇ ਉਨ੍ਹਾਂ ਨੂੰ ਵਧਾਈ ਦਿੱਤੀ ਗਈ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਤਰੱਕੀ ਪ੍ਰਾਪਤ ਕਰਨ ਵਾਲੇ ਪੁਲਸ ਮੁਲਾਜ਼ਮਾਂ ਵਿੱਚ ਐੱਸਆਈ (ਲੋਕਲ) ਸੁਖਦੇਵ ਸਿੰਘ, ਐੱਸਆਈ (ਲੋਕਲ) ਬਲਵਿੰਦਰ ਸਿੰਘ, ਏਐੱਸਆਈ ਗੁਰਾਂ ਦਿੱਤਾ ਸਿੰਘ, ਏਐੱਸਆਈ ਪ੍ਰੀਤਮ ਸਿੰਘ, ਏਐੱਸਆਈ ਸੁਖਵਿੰਦਰ ਸਿੰਘ, ਏਐੱਸਆਈ ਗੁਰਮੀਤ ਸਿੰਘ, ਏਐੱਸਆਈ ਚਰਨਜੀਤ ਸਿੰਘ ਤੇ ਏਐੱਸਆਈ ਰਾਜਦਵਿੰਦਰ ਸਿੰਘ ਸ਼ਾਮਲ ਹਨ, ਜਿਨ੍ਹਾਂ ਨੂੰ ਤਰੱਕੀ ਦੇ ਕੇ ਰੈਗੂਲਰ ਸਬ ਇੰਸਪੈਕਟਰ ਦੇ ਅਹੁਦੇ 'ਤੇ ਨਿਯੁਕਤ ਕੀਤਾ ਗਿਆ। ਸੀਨੀਅਰ ਕਪਤਾਨ ਪੁਲਸ ਨੇ ਤਰੱਕੀ ਪ੍ਰਾਪਤ ਅਧਿਕਾਰੀਆਂ ਨੂੰ ਭਵਿੱਖ ਵਿੱਚ ਵੀ ਲੋਕਾਂ ਦੀ ਸੁਰੱਖਿਆ, ਕਾਨੂੰਨ-ਵਿਵਸਥਾ ਨੂੰ ਬਰਕਰਾਰ ਰੱਖਣਗੇ।



## ਕੇਂਦਰੀ ਜੇਲ੍ਹ 'ਚ 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ ਜਾਗਰੂਕਤਾ ਸੈਮੀਨਾਰ ਤੇ ਕੌਂਸਲਿੰਗ ਕੈਂਪ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)**- ਕੇਂਦਰੀ ਜੇਲ੍ਹ ਵਿਖੇ ਭਾਰਤ ਸਰਕਾਰ ਵੱਲੋਂ ਚਲਾਏ ਜਾ ਰਹੇ 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ ਜੇਲ੍ਹ ਦੇ ਬੰਦੀ ਕੈਦੀਆਂ ਤੇ ਹਵਾਲਾਤੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਤੇ ਕੌਂਸਲਿੰਗ ਕੈਂਪ ਲਾਇਆ ਗਿਆ।ਜੇਲ੍ਹ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਕਰਾਏ ਗਏ ਇਸ ਸੈਮੀਨਾਰ ਦੌਰਾਨ ਬ੍ਰਹਮ ਕੁਮਾਰੀ ਡਾ. ਰਮਾ ਨੇ ਬੰਦੀਆਂ ਨੂੰ ਨਸ਼ਿਆਂ ਕਾਰਨ ਸਰੀਰਕ ਤੇ ਮਾਨਸਿਕ ਸਿਹਤ 'ਤੇ ਪੈਣ ਵਾਲੇ ਘਾਤਕ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਕਿਸੇ ਵੀ ਪ੍ਰਕਾਰ ਦੇ ਨਸ਼ੇ ਤੋਂ ਦੂਰ ਰਹਿਣ ਅਤੇ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ।

ਬੰਦੀਆਂ ਤੇ ਜੇਲ੍ਹ ਸਟਾਫ਼ ਨੂੰ ਨਸ਼ਾ-ਮੁਕਤੀ ਦੀ ਸਹੁੰ ਵੀ ਚੁਕਾਈ ਗਈ ਤੇ ਭਵਿੱਖ ਵਿੱਚ ਨਸ਼ੇ ਤੋਂ ਦੂਰ ਰਹਿਣ ਦੇ ਨਾਲ-ਨਾਲ ਸਮਾਜ ਨੂੰ ਨਸ਼ਾ-ਮੁਕਤ ਬਣਾਉਣ ਵਿੱਚ ਯੋਗਦਾਨ ਪਾਉਣ ਦਾ ਪ੍ਰਣ ਲਿਆ ਗਿਆ।ਜੇਲ੍ਹ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ ਨੇ ਦੱਸਿਆ ਕਿ ਪੰਜਾਬ ਦੇ ਵਧੀਕ ਡਾਇਰੈਕਟਰ ਜਨਰਲ ਆਫ ਪੁਲਿਸ (ਜੇਲ੍ਹਾਂ) ਆਰ. ਕੇ. ਜੈਸਵਾਲ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਦੀਆਂ ਜੇਲ੍ਹਾਂ ਨੂੰ ਪੂਰੀ ਤਰ੍ਹਾਂ ਨਸ਼ਾ-ਮੁਕਤ ਰੱਖਣ ਲਈ ਸੁਰੱਖਿਆ ਦੇ ਸਖ਼ਤ ਪ੍ਰਬੰਧ ਅਮਲ ਵਿੱਚ ਲਿਆਂਦੇ ਜਾ ਰਹੇ ਹਨ।ਇਸ ਦੇ ਨਾਲ ਹੀ ਬੰਦੀਆਂ ਦੇ ਮਾਨਸਿਕ ਤੇ ਸਮਾਜਿਕ ਸੁਧਾਰ ਲਈ ਜੇਲ੍ਹ ਵਿਭਾਗ ਵੱਲੋਂ ਵੱਖ-ਵੱਖ ਉਪਰਾਲੇ ਵੀ ਕੀਤੇ ਜਾ ਰਹੇ ਹਨ।ਸੁਪਰਡੈਂਟ ਧਾਲੀਵਾਲ ਨੇ ਦੱਸਿਆ ਕਿ ਹਾਲ ਹੀ ਵਿੱਚ ਪੰਜਾਬ ਪ੍ਰੀਜ਼ਨ ਉਲੰਪਿਕਸ ਕਰਾਈਆਂ ਗਈਆਂ ਸਨ, ਜਿਸ ਵਿੱਚ ਪੰਜਾਬ ਰਾਜ ਦੀਆਂ ਸਾਰੀਆਂ ਜੇਲ੍ਹਾਂ ਦੇ ਬੰਦੀਆਂ ਨੇ ਵੱਖ-ਵੱਖ ਖੇਡਾਂ ਵਿੱਚ ਹਿੱਸਾ ਲਿਆ।ਇਸ ਤੋਂ ਇਲਾਵਾ ਜੇਲ੍ਹਾਂ ਵਿੱਚ ਕੈਦੀਆਂ ਦੇ ਹੁਨਰ ਵਿਕਾਸ ਲਈ ਆਈ.ਟੀ.ਆਈਜ਼ ਨਾਲ ਤਾਲਮੇਲ ਕਰਕੇ ਵੱਖ-ਵੱਖ ਕੋਰਸ ਵੀ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਬੰਦੀਆਂ ਦੇ ਸੁਧਾਰ ਤੇ ਪੁਨਰਵਾਸ ਲਈ ਅਜਿਹੇ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਸੈਮੀਨਾਰ ਦੌਰਾਨ 'ਸਿੱਖਿਆ ਦਾਤ' ਪ੍ਰੋਗਰਾਮ ਅਧੀਨ ਵੱਖ-ਵੱਖ ਕਲਾਸਾਂ ਦੇ ਸਮੈਸਟਰ ਪਾਸ ਕਰਨ ਵਾਲੇ ਬੰਦੀਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ।ਵਧੀਕ ਸੁਪਰਡੈਂਟ ਅਰਪਨਜੋਤ ਸਿੰਘ ਤੇ ਜੈਦੀਪ ਸਿੰਘ, ਡਿਪਟੀ ਸੁਪਰਡੈਂਟ ਆਦਰਸ਼ਪਾਲ ਸਿੰਘ ਤੇ ਸਹਾਇਕ ਸੁਪਰਡੈਂਟ ਗੁਰਜਿੰਦਰ ਸਿੰਘ ਵੀ ਮੌਜੂਦ ਸਨ।



## ਮਾਤਾ ਗੁਰਮੇਲ ਕੌਰ ਦੀਆਂ ਅੱਖਾਂ ਦਾਨ ਕੀਤੀਆਂ

**ਲੁਧਿਆਣਾ (ਸਤੀਸ਼ ਸਚਦੇਵਾ)**-ਮਾਤਾ ਸ਼੍ਰੀਮਤੀ ਗੁਰਮੇਲ ਕੌਰ ਅਚਾਨਕ ਸਦੀਵੀ ਵਿਛੋੜਾ ਦੇ ਗਏ।ਉਨ੍ਹਾਂ ਦੇ ਦੇਹਾਂਤ ਤੋਂ ਬਾਅਦ ਪਰਵਾਰ ਵੱਲੋਂ ਮਨੁੱਖਤਾ ਦੀ ਸੇਵਾ ਨੂੰ ਸਮਰਪਤ ਇੱਕ ਮਹੱਤਵਪੂਰਨ ਫ਼ੈਸਲਾ ਲੈਂਦਿਆਂ ਉਨ੍ਹਾਂ ਦੀਆਂ ਅੱਖਾਂ ਪੁਨਰਜੋਤ ਆਈ ਬੈਂਕ ਨੂੰ ਦਾਨ ਕੀਤੀਆਂ ਗਈਆਂ।ਇਸ ਨੇਕ ਉਪਰਾਲੇ ਸਦਕਾ ਮਾਤਾ ਜੀ ਦੀਆਂ ਦਾਨ ਕੀਤੀਆਂ ਅੱਖਾਂ ਰਾਹੀਂ ਦੋ ਨੇਤਰਹੀਣ ਵਿਅਕਤੀਆਂ ਨੂੰ ਇਸ ਸੁੰਦਰ ਦੁਨੀਆ ਨੂੰ ਦੇਖਣ ਦਾ ਸੁਭਾਗ ਪ੍ਰਾਪਤ ਹੋ ਸਕੇਗਾ।ਇਸ ਤਰ੍ਹਾਂ ਮਾਤਾ ਜੀ ਦੇ ਸਰੀਰਕ ਵਿਛੋੜੇ ਤੋਂ ਬਾਅਦ ਵੀ ਉਨ੍ਹਾਂ ਦੀਆਂ ਅੱਖਾਂ ਕਿਸੇ ਹੋਰ ਦੀ ਜ਼ਿੰਦਗੀ ਵਿੱਚ ਰੌਸ਼ਨੀ ਦਾ ਕਾਰਨ ਬਣਨਗੀਆਂ।ਦੁੱਖ ਦੀ ਇਸ ਘੜੀ ਵਿੱਚ ਪਰਵਾਰ ਵੱਲੋਂ ਲਿਆ ਗਿਆ ਇਹ ਫ਼ੈਸਲਾ ਸਮਾਜ ਲਈ ਇੱਕ ਪ੍ਰੇਰਨਾਦਾਇਕ ਉਦਾਹਰਣ ਹੈ।ਇਹ ਦਰਸਾਉਂਦਾ ਹੈ ਕਿ ਕਿਸੇ ਆਪਣੇ ਦੇ ਸਦੀਵੀ ਵਿਛੋੜੇ ਤੋਂ ਬਾਅਦ ਵੀ ਉਸ ਦੀ ਯਾਦ ਨੂੰ ਮਨੁੱਖਤਾ ਦੀ ਸੇਵਾ ਨਾਲ ਜੋੜ ਕੇ ਅਮਰ ਕੀਤਾ ਜਾ ਸਕਦਾ ਹੈ।ਇਸ ਮਹਾਨ ਕਾਰਜ ਸਮੇਂ ਹਾਜ਼ਰ ਸ਼ਖ਼ਸੀਅਤਾਂ ਇਸ ਮੌਕੇ ਬਲਾਕ ਪ੍ਰੇਮੀ ਸੇਵਕ ਪੂਰਨ ਚੰਦ ਇੰਸਾਂ ਸਮੇਤ ਪਰਿਵਾਰਕ ਮੈਂਬਰ, ਪੱਤਰਕਾਰ ਤੇ ਸੇਵਾਦਾਰ ਹਾਜ਼ਰ ਸਨ।ਪ੍ਰਗਟ ਸਿੰਘ, ਨਿਰਮਲ ਸਿੰਘ, ਪਾਲਾ ਸਿੰਘ, ਸਰਬਜੀਤ ਕੌਰ, ਅਮਨ, ਹਰਦੀਪ ਕੌਰ, ਪੂਰਨ ਚੰਦ ਇੰਸਾਂ, ਤਰੁਣ ਇੰਸਾਂ, ਹੈਪੀ ਇੰਸਾਂ, ਜਗਪ੍ਰੀਤ ਸਿੰਘ, ਸੰਤੋਸ਼ ਕੁਮਾਰੀ ਇੰਸਾਂ, ਚਰਨਜੀਤ ਕੌਰ ਇੰਸਾਂ, ਸਰਬਜੀਤ ਕੌਰ ਇੰਸਾਂ, ਬੂਟਾ ਸਿੰਘ ਨੇ ਮਾਤਾ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪਰਵਾਰ ਵੱਲੋਂ ਕੀਤੇ ਇਸ ਮਹਾਨ ਕਾਰਜ ਦੀ ਸ਼ਲਾਘਾ ਕੀਤੀ।ਸਮਾਜ ਲਈ ਅਪੀਲ ਪੁਨਰਜੋਤ ਆਈ ਬੈਂਕ ਵੱਲੋਂ ਸਮਾਜ ਦੇ ਹਰ ਵਰਗ ਨੂੰ ਅਪੀਲ ਕੀਤੀ ਗਈ ਹੈ ਕਿ ਅੱਖਾਂ ਦਾਨ ਸੰਬੰਧੀ ਫੈਲੀਆਂ ਗਲਤ ਧਾਰਨਾਵਾਂ ਤੇ ਭਰਮਾਂ ਨੂੰ ਦੂਰ ਕੀਤਾ ਜਾਵੇ ਅਤੇ ਵੱਧ ਤੋਂ ਵੱਧ ਲੋਕ ਇਸ ਮਹਾਨ ਕਾਰਜ ਲਈ ਅੱਗੇ ਆਉਣ।

## ਐੱਸ ਡੀ ਐੱਮ ਦਫਤਰ ਵਿਖੇ ਰੋਸ ਰੈਲੀ

**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਮੰਚ ਕੁਆਰਡੀਨੇਸ਼ਨ ਕਮੇਟੀ ਦੇ ਸੱਦੇ 'ਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਐੱਸ ਡੀ ਐੱਮ ਦਫਤਰ ਸੁਨਾਮ ਵਿਖੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਪੰਜਾਬ ਸਰਕਾਰ ਵੱਲੋਂ ਮਹਿੰਗਾਈ ਭੱਤੇ ਦਾ ਬਕਾਇਆ ਜਾਰੀ ਨਾ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਨਾ ਕਰਨ, ਪੰਜਾਬ ਦੇ ਮੁਲਾਜ਼ਮਾਂ 'ਤੇ ਜ਼ਬਰਦਸਤੀ ਕੇਂਦਰੀ ਤਨਖਾਹ ਸਕੇਲ ਥੋਪਣ, ਕੱਚੇ ਮੁਲਾਜ਼ਮਾਂ ਨੂੰ ਪੱਕੇ ਨਾ ਕਰਨ ਵਿਰੁੱਧ ਰਾਮ ਸਰੂਪ ਢੈਪਈ ਕ੍ਰਿਸ਼ਨ ਲਾਲ ਬੱਤਰਾ, ਹਰਪਾਲ ਸਿੰਘ, ਸੁਰਿੰਦਰ ਸਿੰਘ, ਚੇਤ ਰਾਮ ਢਿੱਲੋਂ ਦੀ ਅਗਵਾਈ ਹੇਠ ਰੋਸ ਰੈਲੀ ਕੀਤੀ ਗਈ। ਰੈਲੀ ਨੂੰ ਜੀਤ ਸਿੰਘ ਬੰਗਾ, ਜਗਦੇਵ ਸਿੰਘ ਬਾਹੀਆ, ਕ੍ਰਿਸ਼ਨ ਲਾਲ ਬੱਤਰਾ, ਸੁਰਿੰਦਰ ਸਿੰਘ, ਹਰਪਾਲ ਸਿੰਘ, ਦਰਸ਼ਨ ਸਿੰਘ ਮੱਟੂ, ਸਵਿੰਦਰ ਸਿੰਘ, ਭੁਪਿੰਦਰ ਸਿੰਘ ਛਾਜਲੀ, ਦਰਸ਼ਨ ਸਿੰਘ ਥਾਣੇਦਾਰ, ਪਵਨ ਸ਼ਰਮਾ, ਸੁਰਿੰਦਰ ਸਿੰਘ, ਨਰਿੰਦਰ ਸਿੰਘ, ਹਰਮੇਲ ਸਿੰਘ, ਸੋਮ ਸਿੰਘ ਤੇ ਕਾਮਰੇਡ ਮੋਹਨ ਲਾਲ ਸੰਬੋਧਨ ਕਰਦਿਆਂ ਖਜ਼ਾਨਾ ਮੰਤਰੀ ਵੱਲੋਂ ਸੰਘਰਸ਼ੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਐਂਟੀ ਸਟੇਟ ਕਹਿਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਰੈਲੀ ਤੋਂ ਬਾਅਦ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਮੁੱਖ ਮੰਤਰੀ ਦੀ ਅਰਥੀ ਫੂਕੀ ਗਈ।ਰਾਮ ਸਰੂਪ ਢੈਪਈ ਨੇ ਆਖਿਰ ਵਿੱਚ ਰੈਲੀ ਵਿੱਚ ਪੁੱਜੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਧੰਨਵਾਦ ਕਰਦੀਆਂ 27 ਅਗਸਤ ਨੂੰ ਕੀਤੇ ਜਾਣ ਵਾਲੇ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।



## 'ਸਿਹਤਮੰਦ ਸਮਾਜ, ਸਿਹਤਮੰਦ ਭਵਿੱਖ' ਤਹਿਤ ਪਿੰਡਾਂ 'ਚ ਲਾਏ ਜਾ ਰਹੇ ਮੁਫ਼ਤ ਮੈਡੀਕਲ ਕੈਂਪ

**ਮਾਨਸਾ, (ਆਤਮਾ ਸਿੰਘ ਪਮਾਰ)**- ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਤੇ ਗੰਭੀਰ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਕੇ ਉਨ੍ਹਾਂ ਤੋਂ ਬਚਾਅ ਲਈ ਡਾ. ਜਨਕ ਰਾਜ ਸਿੰਗਲਾ ਦੇ, ਜਨਕ ਨਰਸਿੰਗ ਹੋਮ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ 'ਚ ਮੁਫ਼ਤ ਮੈਡੀਕਲ ਕੈਂਪਾਂ ਦੀ ਲੜੀ ਚਲਾਈ ਜਾ ਰਹੀ ਹੈ।ਇਨ੍ਹਾਂ ਕੈਂਪਾਂ ਰਾਹੀਂ ਪਿੰਡਾਂ ਦੇ ਲੋਕਾਂ ਨੂੰ ਮੁਫ਼ਤ ਸਿਹਤ ਜਾਂਚ ਤੇ ਲੋੜੀਂਦੀਆਂ ਸਿਹਤ ਸਹੂਲਤਾਂ ਮੁਹੱਈਆ ਕਰਾਈਆਂ ਜਾ ਰਹੀਆਂ ਹਨ। ਇਸ ਮੁਹਿੰਮ ਤਹਿਤ ਲਾਏ ਜਾ ਰਹੇ ਮੈਡੀਕਲ ਕੈਂਪਾਂ 'ਚ ਮਰੀਜ਼ਾਂ ਦੀ ਮੁਫ਼ਤ ਸਿਹਤ ਜਾਂਚ ਦੇ ਨਾਲ-ਨਾਲ ਅੱਖਾਂ ਦੀ ਵਿਸ਼ੇਸ਼ ਜਾਂਚ, ਸ਼ੂਗਰ ਟੈਸਟ ਅਤੇ ਈ.ਸੀ.ਜੀ. ਦੀ ਸਹੂਲਤ ਵੀ ਮੁਫ਼ਤ ਮੁੱਹਈਆ ਕਰਾਈ ਜਾ ਰਹੀ ਹੈ।ਇਸ ਤੋਂ ਇਲਾਵਾ ਜਾਂਚ ਦੌਰਾਨ ਡਾਕਟਰਾਂ ਵੱਲੋਂ ਜਿਨ੍ਹਾਂ ਮਰੀਜ਼ਾਂ ਨੂੰ ਦਵਾਈਆਂ ਦੀ ਲੋੜ ਹੁੰਦੀ ਹੈ, ਉਨ੍ਹਾਂ ਨੂੰ ਦਵਾਈਆਂ ਵੀ ਬਿਲਕੁਲ ਮੁਫ਼ਤ ਦਿੱਤੀਆਂ ਜਾਂਦੀਆਂ ਹਨ।ਡਾ. ਸਿੰਗਲਾ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਅਤੇ ਗੰਭੀਰ ਬਿਮਾਰੀਆਂ ਦੀ ਸਮੇਂ ਸਿਰ ਸ਼ਨਾਖਤ ਕਰਕੇ ਉਨ੍ਹਾਂ ਤੋਂ ਬਚਾਅ ਲਈ ਉਚਿਤ ਕਦਮ ਚੁੱਕਣ ਲਈ ਪ੍ਰੇਰਿਤ ਕਰਨਾ ਹੈ। ਡਾ. ਸਿੰਗਲਾ ਨੇ ਕਿਹਾ ਕਿ ਸਿਹਤਮੰਦ ਵਿਅਕਤੀ ਹੀ ਸਿਹਤਮੰਦ ਪਰਵਾਰ ਤੇ ਸਿਹਤਮੰਦ ਸਮਾਜ ਦੀ ਨੀਂਹ ਰੱਖ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਪਹਿਲਾ ਅੱਜ ਕੱਲ੍ਹ ਬਿਮਾਰੀਆਂ ਵਧਣ ਦਾ ਇੱਕ ਵੱਡਾ ਕਾਰਨ ਸਾਡੀ ਬਦਲ ਰਹੀ ਜੀਵਨ-ਸ਼ੈਲੀ ਵੀ ਹੈ। ਘਰਾਂ ਵਿੱਚ ਰੋਜ਼ਾਨਾ ਹੋਣ ਵਾਲਾ ਕਲੇਸ਼, ਤਣਾਅ ਅਤੇ ਚਿੰਤਾ ਵਿਅਕਤੀ ਦੀ ਮਾਨਸਿਕ ਸਿਹਤ 'ਤੇ ਮਾੜਾ ਅਸਰ ਪਾ ਸਕਦੇ ਹਨ। ਲਗਾਤਾਰ ਤਣਾਅ ਕਾਰਨ ਨੀਂਦ, ਮਨ ਦੀ ਸ਼ਾਂਤੀ ਤੇ ਸਰੀਰਕ ਸਿਹਤ ਵੀ ਪ੍ਰਭਾਵਤ ਹੋ ਸਕਦੀ ਹੈ।ਇਸ ਲਈ ਪਰਿਵਾਰ 'ਚ ਆਪਸੀ ਪਿਆਰ, ਸਹਿਯੋਗ ਅਤੇ ਸ਼ਾਂਤਮਈ ਮਾਹੌਲ ਬਣਾਈ ਰੱਖਣਾ ਵੀ ਬਹੁਤ ਜ਼ਰੂਰੀ ਹੈ।ਇਸ ਦੇ ਨਾਲ ਗਲਤ ਖਾਣ-ਪੀਣ ਦੀਆਂ ਆਦਤਾਂ ਵੀ ਸਿਹਤ ਲਈ ਨੁਕਸਾਨਦੇਹ ਹਨ। ਕੋਲਡ ਡ੍ਰਿੰਕ, ਪੀਜ਼ਾ, ਬਰਗਰ, ਜ਼ਿਆਦਾ ਤਲੀਆਂ ਤੇ ਤੇਲ ਵਾਲੀਆਂ ਚੀਜ਼ਾਂ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ।ਸਵੇਰ ਦੀ ਸੈਰ ਜਾਂ ਕਸਰਤ ਨਾ ਕਰਨਾ, ਸਮੇਂ ਸਿਰ ਅਤੇ ਸੰਤੁਲਿਤ ਭੋਜਨ ਨਾ ਖਾਣਾ ਅਤੇ ਆਪਣੀ ਸਿਹਤ ਦਾ ਧਿਆਨ ਨਾ ਰੱਖਣਾ ਵੀ ਕਈ ਸਿਹਤ ਸਮੱਸਿਆਵਾਂ ਦਾ ਕਾਰਨ ਬਣ ਸਕਦਾ ਹੈ। ਡਾ. ਜਨਕ ਰਾਜ ਸਿੰਗਲਾ ਨੇ ਦੱਸਿਆ ਕਿ ਹੁਣ ਤੱਕ ਉਨ੍ਹਾਂ ਦੀ ਟੀਮ ਵੱਲੋਂ ਮਾਨਸਾ ਜ਼ਿਲ੍ਹੇ ਦੇ ਤਕਰੀਬਨ 10 ਪਿੰਡਾਂ ਚ ਮੁਫ਼ਤ ਮੈਡੀਕਲ ਕੈਂਪ ਲਾਏ ਜਾ ਚੁੱਕੇ ਹੈ, ਜਿਨ੍ਹਾਂ 'ਚ ਦਲੇਲ ਸਿੰਘ ਵਾਲਾ, ਖਾਰਾ, ਬਰਨਾਲਾ, ਹੀਰੇਵਾਲਾ, ਡੇਲੂਆਣਾ, ਸਹਾਰਨਾ, ਖਿਲਣ, ਢੈਪਈ, ਬੀੜ ਖੁਰਦ ਤੇ ਖੀਵਾ ਖੁਰਦ ਸਮੇਤ ਹੋਰ ਪਿੰਡ ਵੀ ਸ਼ਾਮਲ ਹਨ।ਪਿੰਡਾਂ ਦੇ ਲੋਕਾਂ 'ਚ ਸਿਹਤ ਜਾਂਚ ਕਰਾਉਣ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।



## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵਿਖੇ ਖਾਲੜਾ ਦੇ ਜੀਵਨ ਤੇ ਯੋਗਦਾਨ ਵਿਸ਼ੇ 'ਤੇ ਵਿਸ਼ੇਸ਼ ਭਾਸ਼ਣ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵਿਖੇ ਮਨੁੱਖੀ ਹੱਕਾਂ ਦੇ ਰਾਖੇ ਸ਼ਹੀਦ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ ਯੋਗਦਾਨ ਵਿਸ਼ੇ 'ਤੇ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ। ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਵੱਲੋਂ ਕਰਵਾਏ ਗਏ ਇਸ ਸਮਾਗਮ ਵਿੱਚ 'ਮਰਜੀਵੜਾ ਜਸਵੰਤ ਸਿੰਘ ਖਾਲੜਾ' ਦੀ ਲੇਖਕ ਅਤੇ ਪ੍ਰਸਿੱਧ ਬਿਰਤਾਂਤਕਾਰ ਗੁਰਮੀਤ ਕੌਰ ਮੁੱਖ ਵਕਤਾ ਵਜੋਂ ਸ਼ਾਮਲ ਹੋਏ।ਸਮਾਗਮ ਦੀ ਪ੍ਰਧਾਨਗੀ ਕਰਦਿਆਂ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਕਿਹਾ ਕਿ ਭਾਈ ਜਸਵੰਤ ਸਿੰਘ ਖਾਲੜਾ ਦਾ ਸੰਘਰਸ਼ ਗੁਰਮਤਿ ਦੇ ਬਰਾਬਰੀ ਅਤੇ ਆਜ਼ਾਦੀ ਦੇ ਸਿਧਾਂਤਾਂ ਦੀ ਰਾਖੀ ਨਾਲ ਜੁੜਿਆ ਹੋਇਆ ਹੈ।ਇਸ ਮੌਕੇ ਮੁੱਖ ਵਕਤਾ ਗੁਰਮੀਤ ਕੌਰ, ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਵੀ ਵਿਚਾਰ ਪੇਸ਼ ਕੀਤੇ। ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਦੇ ਕਨਵੀਨਰ ਅਤੇ ਡੀਨ, ਫੈਕਲਟੀ ਆਫ਼ ਸ੍ਰੀ ਗੁਰੂ ਗ੍ਰੰਥ ਸਾਹਿਬ ਸਟੱਡੀਜ਼ ਡਾ. ਹਰਦੇਵ ਸਿੰਘ ਨੇ ਸਮਾਗਮ ਦੀ ਰੂਪ-ਰੇਖਾ ਪੇਸ਼ ਕਰਦਿਆਂ ਕਿਹਾ ਕਿ ਪੰਜਾਬ ਦੇ ਅਸਲ ਸਰੋਕਾਰਾਂ ਨੂੰ ਅਕਾਦਮਿਕ ਜਗਤ ਵਿੱਚ ਵਿਚਾਰਨਾ ਬੇਹੱਦ ਜ਼ਰੂਰੀ ਹੈ।ਡੀਨ ਰਿਸਰਚ ਪ੍ਰੋ. (ਡਾ.) ਨਵਦੀਪ ਕੌਰ ਨੇ ਵਿਦਵਾਨ ਵਕਤਾ, ਮਹਿਮਾਨਾਂ ਅਤੇ ਸਰੋਤਿਆਂ ਦਾ ਧੰਨਵਾਦ ਕਰਦਿਆਂ ਵਿਚਾਰ-ਚਰਚਾ ਨੂੰ ਸਾਰਥਕ ਦੱਸਿਆ ਅਤੇ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਮੰਚ ਸਕੱਤਰ ਦੀ ਭੂਮਿਕਾ ਡਾ. ਪਲਵਿੰਦਰ ਕੌਰ, ਸਹਾਇਕ ਪ੍ਰੋਫੈਸਰ, ਧਰਮ ਅਧਿਐਨ ਵਿਭਾਗ ਨੇ ਨਿਭਾਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਖੁਸ਼ਹਾਲ ਸਿੰਘ, ਸਕੱਤਰ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ, ਚੰਡੀਗੜ੍ਹ; ਸਿੱਖ ਵਿਦਵਾਨ ਰਾਜਵਿੰਦਰ ਸਿੰਘ ਰਾਹੀ; ਗੁਰੂ ਗੋਬਿੰਦ ਸਿੰਘ ਸਟਡੀ ਸਰਕਲ ਦੇ ਸਤਨਾਮ ਸਿੰਘ ਤੋਂ ਇਲਾਵਾ ਡਾਇਰੈਕਟਰ ਆਈ.ਕਿਊ.ਏ.ਸੀ. ਡਾ. ਅੰਕਦੀਪ ਕੌਰ ਅਟਵਾਲ, ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ, ਡਿਪਟੀ ਰਜਿਸਟਰਾਰ ਜਗਜੀਤ ਸਿੰਘ, ਮੁਖੀ, ਰਾਜਨੀਤੀ ਸ਼ਾਸਤਰ ਵਿਭਾਗ ਡਾ. ਰਮਨਦੀਪ ਕੌਰ, ਇੰਚਾਰਜ, ਇਤਿਹਾਸ ਵਿਭਾਗ ਡਾ. ਜਸਪ੍ਰੀਤ ਕੌਰ, ਮੁਖੀ, ਸਰੀਰਕ ਸਿੱਖਿਆ ਵਿਭਾਗ ਡਾ. ਵਰਿੰਦਰ ਸਿੰਘ ਭੁੱਲਰ ਅਤੇ ਲੋਕ ਸੰਪਰਕ ਅਫਸਰ ਜਸਪ੍ਰੀਤ ਕੌਰ ਹਾਜ਼ਰ ਸਨ।

## ਸਰਕਾਰੀ ਖੇਤਰ 'ਚ ਰੁਜ਼ਗਾਰ ਦੇ ਮੌਕੇ ਵਿਸ਼ੇ 'ਤੇ ਵਿਸ਼ੇਸ਼ ਲੈਕਚਰ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)**- ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਦੇ ਕੈਮੀਕਲ ਇੰਜੀਨੀਅਰਿੰਗ ਵਿਭਾਗ ਦੀ ਕੈਮੀਕਲ ਇੰਜੀਨੀਅਰਿੰਗ ਸਟੂਡੈਂਟਸ ਸੁਸਾਇਟੀ ਵੱਲੋਂ ਸਰਕਾਰੀ ਖੇਤਰ ਵਿੱਚ ਰੁਜ਼ਗਾਰ ਦੇ ਮੌਕੇ ਵਿਸ਼ੇ 'ਤੇ ਲੈਕਚਰ ਕਰਾਇਆ ਗਿਆ।ਇਸ ਪ੍ਰੋਗਰਾਮ ਦਾ ਸੰਯੋਜਨ ਮਿਸਟਰ ਸੁਰਿੰਦਰ ਸਿੰਘ ਵੱਲੋਂ ਕੀਤਾ ਗਿਆ, ਜਿਸ ਵਿੱਚ ਭਾਰਤ ਸਰਕਾਰ ਦੇ ਰਿਹਾਇਸ਼ ਤੇ ਸ਼ਹਿਰੀ ਮਾਮਲਿਆਂ ਦੇ ਮੰਤਰਾਲੇ ਦੇ ਵਿੱਤੀ ਸਲਾਹਕਾਰ ਡਾ. ਨਰਿੰਦਰ ਸਿੰਘ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਡਾ. ਪੰਕਜ ਕਾਲੜਾ ਨੇ ਮੁੱਖ ਬੁਲਾਰੇ ਦੀ ਜਾਣ-ਪਛਾਣ ਕਰਾਈ ਤੇ ਵਿਦਿਆਰਥੀਆਂ ਲਈ ਰਵਾਇਤੀ ਪਲੇਸਮੈਂਟ ਤੋਂ ਇਲਾਵਾ ਹੋਰ ਕੈਰੀਅਰ ਮੌਕਿਆਂ ਸੰਬੰਧੀ ਮਾਰਗਦਰਸ਼ਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਆਪਣੇ ਸੰਬੋਧਨ ਦੌਰਾਨ, ਡਾ. ਨਰਿੰਦਰ ਸਿੰਘ ਨੇ ਆਪਣੇ ਵਿਸ਼ਾਲ ਪ੍ਰਸ਼ਾਸਨਿਕ ਤਜ਼ਰਬੇ ਦੇ ਆਧਾਰ 'ਤੇ ਵੱਖ-ਵੱਖ ਸਰਕਾਰੀ ਨੌਕਰੀਆਂ, ਪ੍ਰਤੀਯੋਗੀ ਪ੍ਰੀਖਿਆਵਾਂ, ਭਰਤੀ ਪ੍ਰਕਿਰਿਆਵਾਂ, ਤਿਆਰੀ ਦੀਆਂ ਰਣਨੀਤੀਆਂ ਅਤੇ ਡਿਜ਼ੀਟਲ ਪੋਰਟਲਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਇਸ ਲੈਕਚਰ ਵਿੱਚ ਬੀ.ਟੈੱਕ ਕੈਮੀਕਲ, ਸਿਵਲ, ਮਕੈਨੀਕਲ ਤੇ ਐਗਰੀਕਲਚਰ ਵਿਭਾਗਾਂ ਦੇ ਲਗਭਗ 70 ਵਿਦਿਆਰਥੀਆਂ ਤੇ 10 ਫੈਕਲਟੀ ਮੈਂਬਰਾਂ ਨੇ ਹਿੱਸਾ ਲਿਆ।ਬੁਲਾਰੇ ਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦੇ ਕੇ ਉਨ੍ਹਾਂ ਦੇ ਸ਼ੰਕੇ ਦੂਰ ਕੀਤੇ।ਸਮਾਗਮ ਦੇ ਅੰਤ ਵਿੱਚ, ਯੂਨੀਵਰਸਿਟੀ ਦੇ ਡੀਨ ਅਕਾਦਮਿਕ ਡਾ. ਰਾਜੀਵ ਕੁਮਾਰ ਗਰਗ ਨੇ ਡਾ. ਨਰਿੰਦਰ ਸਿੰਘ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਉਨ੍ਹਾਂ ਦਾ ਧੰਨਵਾਦ ਕੀਤਾ।



## ਕਹੌਰੀਆ ਤੇ ਖੜਿਆਲੀ ਪੀ ਏ ਸੀ ਮੈਂਬਰ ਬਣੇ





**ਦਿੜ੍ਹਬਾ (ਜਸਵੀਰ ਲਾਡੀ)**- ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪਰਟੀ ਵਰਕਰਾਂ ਨੂੰ ਨਵੀਂਆਂ ਜ਼ਿੰਮੇਵਾਰੀ ਦਿੱਤੀਆਂ ਗਈਆਂ ਹਨ।ਇਸ ਲੜੀ ਤਹਿਤ ਮਾਸਟਰ ਬਲਵਿੰਦਰ ਸਿੰਘ ਕਹੌਰੀਆ ਤੇ ਹਰਪਾਲ ਸਿੰਘ ਖੜਿਆਲ ਨੂੰ ਪੀ.ਏ.ਸੀ. ਦੇ ਮੈਂਬਰ ਨਿਯੁਕਤ ਕੀਤਾ ਗਿਆ ਹੈ।ਦੱਸ ਦੇਈਆ ਕਿ ਇਹ ਦੋਵੇਂ ਆਗੂ ਪਹਿਲਾਂ ਤੋਂ ਹੀ ਵੱਖ-ਵੱਖ ਅਹੁਦਿਆਂ 'ਤੇ ਕੰਮ ਕਰਦੇ ਆ ਰਹੇ ਹਨ ਤੇ ਸਿਆਸਤ ਦੀਆਂ ਬਰੀਕੀਆਂ ਦੀ ਸਮਝ ਰੱਖਦੇ ਹਨ।ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਬਣੇਗੀ ਕਿਉਂਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋ ਚੁੱਕੀ ਹੈ।ਉਨ੍ਹਾਂ ਹਲਕਾ ਇੰਚਾਰਜ ਗੁਲਜ਼ਾਰ ਸਿੰਘ ਮੂਨਕ ਤੇ ਅਕਾਲੀ ਦਲ ਦੀ ਸਮੁੱਚੀ ਲੀਡਰਸਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਜੋ ਜ਼ਿੰਮੇਵਾਰੀ ਲਾਈ ਗਈ ਹੈ, ਉਸ ਨੂੰ ਨਿਭਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

## ਡੀ ਏ ਵੀ ਸਕੂਲ ਰਾਜਪੁਰਾ ਵਿਖੇ ਮਨਾਇਆ ਤੀਆਂ ਦਾ ਤਿਉਹਾਰ




**ਰਾਜਪੁਰਾ (ਰਮੇਸ਼ ਕਟਾਰੀਆ)** - ਡੀ ਏ ਵੀ ਪਬਲਿਕ ਸਕੂਲ, ਰਾਜਪੁਰਾ ਵਿਖੇ ਤੀਜ ਬਹੁਤ ਉਤਸ਼ਾਹ ਅਤੇ ਰਵਾਇਤੀ ਰੰਗਾਂ ਨਾਲ ਮਨਾਇਆ। ਇਸ ਮੌਕੇ ਵਿਦਿਆਰਥੀਆਂ ਦੀਆਂ ਮਾਵਾਂ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ ਸੀ। ਪ੍ਰੋਗਰਾਮ ਦੌਰਾਨ ਮਾਵਾਂ ਨੇ ਉਤਸ਼ਾਹ ਨਾਲ ਵੱਖ-ਵੱਖ ਮਨੋਰੰਜਕ ਖੇਡਾਂ, ਨਾਚ ਪ੍ਰਦਰਸ਼ਨਾਂ ਅਤੇ ਦਿਲਚਸਪ ਗਤੀਵਿਧੀਆਂ ਵਿੱਚ ਹਿੱਸਾ ਲਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ, ਸ਼੍ਰੀਮਤੀ ਅਲਪਨਾ ਪਾਠਕ ਨੇ ਸਾਰਿਆਂ ਨੂੰ ਤੀਜ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਸਾਡੀਆਂ ਪਰੰਪਰਾਵਾਂ ਨੂੰ ਜੀਂਦਾ ਰੱਖਦੇ ਹਨ ।

## ਨਵ-ਨਿਯੁਕਤ ਚੇਅਰਮੈਨ ਪ੍ਰਦੀਪ ਮਿੱਤਲ ਨੇ ਸੰਭਾਲਿਆ ਚਾਰਜ

**ਭਵਾਨੀਗੜ੍ਹ (ਰਾਜ ਖੁਰਮੀ)**-ਸਥਾਨਕ ਮਾਰਕੀਟ ਕਮੇਟੀ ਭਵਾਨੀਗੜ੍ਹ ਦੇ ਨਵ-ਨਿਯੁਕਤ ਚੇਅਰਮੈਨ ਪ੍ਰਦੀਪ ਮਿੱਤਲ ਵੱਲੋਂ ਅੱਜ ਆਪਣੇ ਅਹੁਦੇ ਦਾ ਚਾਰਜ ਸੰਭਾਲਣ ਮੌਕੇ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ, ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਆਗੂਆਂ, ਸਰਪੰਚਾਂ, ਵਰਕਰਾਂ ਅਤੇ ਪਤਵੰਤਿਆਂ ਨੇ ਸ਼ਿਰਕਤ ਕੀਤੀ।ਇਸ ਮੌਕੇ ਚੇਅਰਮੈਨ ਪ੍ਰਦੀਪ ਮਿੱਤਲ ਨੇ ਸਮਾਗਮ ਵਿੱਚ ਪਹੁੰਚੇ ਸਮੂਹ ਆਗੂਆਂ, ਵਰਕਰਾਂ ਅਤੇ ਇਲਾਕਾ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਭਵਾਨੀਗੜ੍ਹ ਬਲਾਕ ਅਧੀਨ ਆਉਂਦੀਆਂ ਮੰਡੀਆਂ ਦੇ ਵਿਕਾਸ ਅਤੇ ਕਿਸਾਨਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।ਇਸ ਦੌਰਾਨ ਹਾਜ਼ਰ ਆਗੂਆਂ ਅਤੇ ਪਤਵੰਤਿਆਂ ਵੱਲੋਂ ਚੇਅਰਮੈਨ ਪ੍ਰਦੀਪ ਮਿੱਤਲ ਨੂੰ ਅਹੁਦੇ ਦਾ ਚਾਰਜ ਸੰਭਾਲਣ 'ਤੇ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐਸ ਡੀ ਰਾਜਵੀਰ ਸਿੰਘ ਘੁੰਮਣ ਨੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਸੁਖਬੀਰ ਸਿੰਘ ਸੁੱਖੀ, ਪੁਲੀਟੀਕਲ ਸੈਕਟਰੀ ਪੰਜਾਬ, ਹਰਚੰਦ ਸਿੰਘ ਬਰਸੱਟ ਚੇਅਰਮੈਨ ਮੰਡੀ ਬੋਰਡ, ਹਲਕਾ ਵਿਧਾਇਕਾ ਬੀਬੀ ਨਰਿੰਦਰ ਕੌਰ ਭਰਾਜ, ਮਹਿੰਦਰ ਸਿੰਘ ਸਿੱਧੂ ਚੇਅਰਮੈਨ ਪਨਸੀਡ, ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਚੇਅਰਮੈਨ ਇਨਫੋਟੈਕ ਪੰਜਾਬ, ਗੁਰਮੇਲ ਸਿੰਘ ਘਰਾਚੋਂ ਚੇਅਰਮੈਨ ਪਲੈਨਿੰਗ ਬੋਰਡ, ਟਰੱਕ ਯੂਨੀਅਨ ਦੇ ਪ੍ਰਧਾਨ ਮਾਲਵਿੰਦਰ ਸਿੰਘ ਮਾਲਾ, ਸਾਬਕਾ ਪ੍ਰਧਾਨ ਜਤਿੰਦਰ ਸਿੰਘ ਵਿੱਕੀ, ਗੁਰਮੀਤ ਸਿੰਘ ਭਵਾਨੀਗੜ੍ਹ, ਸਰਪੰਚ ਦਲਜੀਤ ਸਿੰਘ ਘਰਾਚੋਂ, ਸਰਪੰਚ ਜਸਪਾਲ ਸਿੰਘ ਮੱਟਰਾਂ, ਸਾਬਕਾ ਸਰਪੰਚ ਕੁਲਵੰਤ ਸਿੰਘ ਬਖੋਪੀਰ, ਅਨਿਲ ਕਾਂਸਲ, ਚੇਅਰਮੈਨ ਧਰਮਵੀਰ ਗਰਗ ਅਤੇ ਈਸ਼ਵਰ ਬਾਂਸਲ ਸਮੇਤ ਵੱਖ-ਵੱਖ ਪਿੰਡਾਂ ਤੋਂ ਸਰਪੰਚ, ਪੰਚ, ਪਾਰਟੀ ਵਰਕਰ ਅਤੇ ਪਤਵੰਤੇ ਹਾਜ਼ਰ ਸਨ।



## ਸ਼ਹਿਰ ਦੀਆਂ ਸਮੱਸਿਆਵਾਂ ਨੂੰ ਲੈ ਕੇ ਜਾਇੰਟ ਐਕਸ਼ਨ ਕਮੇਟੀ ਨੇ ਡਿਪਟੀ ਕਮਿਸ਼ਨਰ ਨਾਲ ਕੀਤੀ ਮੁਲਾਕਾਤ

**ਮੋਗਾ (ਇਕਬਾਲ ਸਿੰਘ ਖਹਿਰਾ)**-ਸਿਵਲ ਸੁਸਾਇਟੀ ਮੋਗਾ ਦੀ ਅਪੀਲ 'ਤੇ ਮੋਗਾ ਸ਼ਹਿਰ ਦੀਆਂ ਗੰਭੀਰ ਸਮੱਸਿਆਵਾਂ ਦੇ ਹੱਲ ਲਈ ਬਣੀ ਜਾਇੰਟ ਐਕਸ਼ਨ ਕਮੇਟੀ ਨੇ ਡਿਪਟੀ ਕਮਿਸ਼ਨਰ ਮੋਗਾ, ਜਾਇੰਟ ਕਮਿਸ਼ਨਰ ਨਗਰ ਨਿਗਮ ਮੋਗਾ ਅਤੇ ਚੇਅਰਮੈਨ ਮਾਰਕਿਟ ਕਮੇਟੀ ਮੋਗਾ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਝੁੱਗੀ ਝੌਂਪੜੀ, ਨਜਾਇਜ਼ ਕਬਜ਼ੇ, ਗੰਦਗੀ ਅਤੇ ਅਪਰਾਧ ਨੂੰ ਹਟਾਉਣ ਲਈ ਜੰਗੀ ਪੱਧਰ 'ਤੇ ਕੰਮ ਕਰਨ ਦੀ ਅਪੀਲ ਕਰਦਿਆਂ ਉਨ੍ਹਾਂ ਨੂੰ ਆਮ ਸ਼ਹਿਰੀਆਂ ਦਾ ਹੱਕ-ਪੱਤਰ ਸੌਂਪਿਆ। ਡਿਪਟੀ ਕਮਿਸ਼ਨਰ ਮੋਗਾ ਨੇ ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਗੰਭੀਰਤਾ ਵਿਖਾਉਂਦਿਆਂ ਐਕਸ਼ਨ ਕਮੇਟੀ ਨੂੰ ਜਲਦ ਹੱਲ ਦਾ ਭਰੋਸਾ ਦਿੱਤਾ। ਉਪਰੰਤ ਐਕਸ਼ਨ ਕਮੇਟੀ ਨੇ ਮਾਰਕੀਟ ਕਮੇਟੀ ਮੋਗਾ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ ਨਾਲ ਮੁਲਾਕਾਤ ਕਰਕੇ ਦਾਣਾ ਮੰਡੀ ਵਿੱਚ ਨਜਾਇਜ਼ ਕਬਜ਼ੇ ਕਰਕੇ ਬਣਾਈਆਂ ਗਈਆਂ 1000 ਦੇ ਕਰੀਬ ਝੁੱਗੀਆਂ ਅਤੇ ਗੰਦਗੀ ਨੂੰ ਸਾਫ ਕਰਨ ਦੀ ਅਪੀਲ ਕੀਤੀ ਤਾਂ ਜੋ ਮੰਡੀ ਦੀ ਦਿੱਖ ਅਤੇ ਆਲਾ ਦੁਆਲਾ ਸਾਫ ਸੁਥਰਾ ਦਿਖੇ। ਚੇਅਰਮੈਨ ਹਰਜਿੰਦਰ ਰੋਡੇ ਨੇ ਕਮੇਟੀ ਨੂੰ ਜਾਣਕਾਰੀ ਦਿੱਤੀ ਕਿ ਅਸੀਂ ਲੋੜੀਂਦੇ ਪ੍ਰਬੰਧ ਕਰ ਰਹੇ ਹਾਂ ਤੇ ਜਲਦ ਹੀ ਝੁੱਗੀਆਂ ਹਟਾਉਣ ਦੀ ਕਾਰਵਾਈ ਜਲਦ ਸ਼ੁਰੂ ਕੀਤੀ ਜਾਵੇਗੀ। ਇਸ ਤੋਂ ਬਾਅਦ ਐਕਸ਼ਨ ਕਮੇਟੀ ਨੇ ਰਮਨ ਕੌਸ਼ਲ ਜਾਇੰਟ ਕਮਿਸ਼ਨਰ ਨਗਰ ਨਿਗਮ ਮੋਗਾ ਨਾਲ ਮੁਲਾਕਾਤ ਕਕਕੇ ਮੋਗਾ ਸ਼ਹਿਰ ਦੀ ਹਦੂਦ ਅੰਦਰ ਬਣੀਆਂ ਝੁੱਗੀਆਂ ਅਤੇ ਉਨ੍ਹਾਂ ਕਾਰਨ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਬਾਰੇ ਚਰਚਾ ਕੀਤੀ। ਉਨ੍ਹਾਂ ਐਕਸ਼ਨ ਕਮੇਟੀ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਜਲਦ ਹੀ ਉਹ ਇਸ ਸਬੰਧੀ ਕਮਿਸ਼ਨਰ ਨਗਰ ਨਿਗਮ, ਡਿਪਟੀ ਕਮਿਸ਼ਨਰ ਮੋਗਾ ਅਤੇ ਚੇਅਰਮੈਨ ਮਾਰਕੀਟ ਕਮੇਟੀ ਮੋਗਾ ਨਾਲ ਤਾਲਮੇਲ ਕਰਕੇ ਜਾਇੰਟ ਐਕਸਨ ਉਲੀਕਣਗੇ। ਇਸ ਸਬੰਧੀ ਅਜੇ ਗੋਰਾ ਸੂਦ, ਮਹਿੰਦਰ ਪਾਲ ਲੂੰਬਾ ਨੇ ਦੱਸਿਆ ਕਿ ਮੋਗਾ ਸ਼ਹਿਰ ਅਣਗਿਣਤ ਸਮੱਸਿਆਵਾਂ ਨਾਲ ਘਿਰਿਆ ਹੋਇਆ ਹੈ ਤੇ ਐਕਸ਼ਨ ਕਮੇਟੀ ਉਹਨਾਂ ਸਮੱਸਿਆਵਾਂ ਦੇ ਹੱਲ ਲਈ ਦਿਨ ਰਾਤ ਇੱਕ ਕਰ ਰਹੀ ਹੈ। ਇਸ ਮੌਕੇ ਉਕਤ ਤੋਂ ਇਲਾਵਾ ਅਮਰਜੀਤ ਸਿੰਘ ਜੱਸਲ, ਮਨਿੰਦਰ ਸਿੰਘ ਬੇਦੀ, ਲੀਗਲ ਐਡਵਾਈਜਰ ਐਡ. ਰਵਿੰਦਰ ਕੌਰ, ਨਿਹੰਗ ਜੱਥੇਬੰਦੀ ਦਲ ਪੰਥ ਤੋਂ ਬਾਬਾ ਕਰਮਜੀਤ ਸਿੰਘ, ਰਮਨਦੀਪ ਸਿੰਘ, ਸੁਰਿੰਦਰ ਬਾਵਾ, ਜਸਪ੍ਰੀਤ ਸਿੰਘ ਵਿੱਕੀ ਸਾਬਕਾ ਐਮ ਸੀ, ਵੀ ਪੀ ਸੇਠੀ, ਜਸਵੰਤ ਸਿੰਘ, ਦਲਜੀਤ ਸਿੰਘ ਭੁੱਲਰ, ਜਸਵੰਤ ਸਿੰਘ ਪਟਵਾਰੀ, ਗੁਰਜੰਟ ਸਿੰਘ, ਇਕਬਾਲ ਸਿੰਘ ਅਤੇ ਜਸਵਿੰਦਰ ਸਿੰਘ, ਅਮਰਦੀਪ ਅਨੇਜਾ, ਕੰਵਲਜੀਤ ਸਿੰਘ ਮਹੇਸਰੀ, ਕਿਰਪਾਲ ਸਿੰਘ, ਇਕਬਾਲ ਸਿੰਘ, ਪਵਨ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀ ਹਾਜ਼ਰ ਸਨ।



# ਸੇਰੋਂ ਖੰਡ ਮਿੱਲ ਲੱਗਾ ਪੱਕਾ ਮੋਰਚਾ 91ਵੇਂ ਦਿਨ 'ਚ ਦਾਖਲ: ਸੰਯੁਕਤ ਕਿਸਾਨ ਮੋਰਚਾ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਸੇਰੋਂ ਖੰਡ ਮਿੱਲ ਮੋਰਚੇ ਦੇ 91ਵੇਂ ਦਿਨ 'ਤੇ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਤਰਸੇਮ ਸਿੰਘ ਲੁਹਾਰ, ਨਛੱਤਰ ਸਿੰਘ ਪੰਨੂ, ਹਰਜਿੰਦਰ ਸਿੰਘ ਟਾਂਡਾ, ਮਨਜੀਤ ਸਿੰਘ ਬੱਗੂ, ਇੰਦਰਜੀਤ ਸਿੰਘ ਮਰਹਾਣਾ, ਅਜੈਬ ਸਿੰਘ ਦੀਨਪੁਰ, ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਅੱਜ ਕਿਸਾਨੀ ਦੀ ਮੁੱਖ ਲੋੜ ਐੱਨ ਪੀ ਕੇ ਖਾਦ 1100 ਰੁਪਏ ਪ੍ਰਤੀ ਕੁਇੰਟਲ ਵਧ ਗਈ ਹੈ, ਖੰਡ 65 ਰੁਪਏ ਪ੍ਰਤੀ ਕਿੱਲੋ ਨੂੰ ਪਹੁੰਚ ਗਈ,ਜੋ ਲੱਗਭੱਗ ਦੋ ਰੁਪਏ ਪ੍ਰਤੀ ਕਿੱਲੋ ਰੋਜ਼ਾਨਾ ਦਾ ਵਾਧਾ ਹੈ।ਪੈਟਰੋਲ/ਡੀਜ਼ਲ ਪਹਿਲਾਂ ਹੀ ਕੰਨਾਂ ਨੂੰ ਹੱਥ ਲਵਾਈ ਖੜ੍ਹੇ ਹਨ।

ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਦੇ ਰੇਟ ਅਸਮਾਨ ਛੂਹ ਰਹੇ ਹਨ ਪਰ ਦੇਸ਼ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਲੁੱਟ ਕਰਨ ਦਾ ਪੂਰਾ ਮੌਕਾ ਦੇ ਰਹੀ ਹੈ।ਕਿਸਾਨ, ਮਜ਼ਦੂਰ ਅਤੇ ਆਮ ਮਿਹਨਤਕਸ਼ ਜਨਤਾ ਦਾ ਜਿਊਣਾ ਮੁਹਾਲ ਹੋਇਆ ਪਿਆ ਹੈ।ਜੇਕਰ ਸਹਿਕਾਰੀ ਖੰਡ ਮਿੱਲਾਂ ਬੰਦ ਨਾ ਕੀਤੀਆਂ ਹੁੰਦੀਆਂ ਤਾਂ ਵੱਡੇ ਘਰਾਣੇ ਆਪਣੀ ਮਰਜ਼ੀ ਨਾ ਕਰਦੇ।ਹੁਣ ਵੀ ਵੇਲਾ ਹੈ ਭਗਵੰਤ ਮਾਨ ਸਰਕਾਰ ਆਪਣਾ ਕੀਤਾ ਵਾਅਦਾ ਪੂਰਾ ਕਰਕੇ ਸੇਰੋਂ ਖੰਡ ਮਿੱਲ ਮੁੜ ਚਾਲੂ ਕਰੇ ਜੋ ਕਿ ਸਭ ਤੋਂ ਵੱਧ ਖੰਡ ਪੈਦਾ ਕਰਨ ਵਾਲੀ ਮਿੱਲ ਸੀ।ਆਗੂਆਂ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਕੰਧ 'ਤੇ ਲਿਖਿਆ ਪੜ੍ਹਨ ਤੇ ਵੱਧ ਤੋਂ ਵੱਧ ਸਹਿਕਾਰੀ ਤੇ ਸਰਕਾਰੀ ਅਦਾਰੇ ਮੁੜ ਚਾਲੂ ਕੀਤੇ ਜਾਣ ਅਤੇ ਨਵੇਂ ਵੀ ਲਾਏ ਜਾਣ ਜਿਸ ਨਾਲ ਵਿਦੇਸ਼ੀ ਕੰਪਨੀਆਂ ਤੋਂ ਲੋੜੀਂਦੀਆਂ ਚੀਜ਼ਾਂ ਖਰੀਦਣ ਦੀ ਬਜਾਏ ਆਪ ਪੈਦਾ ਕਰਕੇ ਜਨਤਾ ਨੂੰ ਠੀਕ ਰੇਟ 'ਤੇ ਖਾਧ ਪਦਾਰਥ ਵੇਚਣ।ਉਨ੍ਹਾਂ ਮੰਗ ਕੀਤੀ ਕਿ ਸਰਕਾਰ ਖਾਦਾਂ, ਖੰਡ, ਤੇਲ ਤੇ ਹੋਰ ਜ਼ਰੂਰੀ ਵਸਤਾਂ ਦਾ ਵਪਾਰ ਆਪਣੇ ਹੱਥ ਲਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਚੈਨ ਸਿੰਘ ਸਰਹਾਲੀ, ਜਸਬੀਰ ਸਿੰਘ ਨਿੱਜਰਪੁਰਾ, ਬਲਵਿੰਦਰ ਸਿੰਘ ਨਿਹੰਗ, ਜੱਸਾ ਸਿੰਘ ਕੱਦਗਿੱਲ, ਮੇਜਰ ਸਿੰਘ, ਰਾਜਬੀਰ ਸਿੰਘ, ਕੈਪਟਨ ਸਿੰਘ ਬਘਿਆੜੀ, ਕਸ਼ਮੀਰ ਸਿੰਘ ਸ਼ੇਰੋਂ, ਬਲਦੇਵ ਸਿੰਘ ਰਟੌਲ ਵੀ ਹਾਜ਼ਰ ਸਨ।

# ਨਸ਼ਾ ਤਸਕਰਾਂ ਨੂੰ ਐੱਸ ਐੱਸ ਪੀ ਚਾਹਲ ਦੀ ਸਖ਼ਤ ਚੇਤਾਵਨੀ



ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ): ਨਸ਼ਿਆਂ ਦੇ ਖ਼ਾਤਮੇ ਨੂੰ ਲੈ ਕੇ ਐੱਸਐੱਸਪੀ ਦਿਹਾਤੀ ਕੰਵਲਪ੍ਰੀਤ ਚਾਹਲ ਨਾਲ ਵਿਸ਼ੇਸ਼ ਗੱਲਬਾਤ ਕੀਤੀ ਗਈ।ਇਸ ਮੌਕੇ ਯੂਥ ਵਿੰਗ ਹਲਕਾ ਮਜੀਠਾ ਦੇ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਅਤੇ ਬਲਾਕ ਪ੍ਰਧਾਨ ਸਰਦਾਰ ਜਗਦੀਸ਼ ਸਿੰਘ ਸ਼ਹਿਜ਼ਾਦਾ ਵੀ ਮੌਜੂਦ ਰਹੇ।ਗੱਲਬਾਤ ਦੌਰਾਨ ਨਸ਼ਾ ਤਸਕਰਾਂ ਅਤੇ ਨਸ਼ੇ ਦੇ ਕਾਰੋਬਾਰ ਨਾਲ ਜੁੜੇ ਸ਼ਰਾਰਤੀ ਅਨਸਰਾਂ ਖ਼ਿਲਾਫ਼ ਪੁਲਸ ਕਾਰਵਾਈ ਨੂੰ ਹੋਰ ਸਖ਼ਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਆਗੂਆਂ ਨੇ ਪੁਲਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੀ ਸਪਲਾਈ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਇਲਾਕੇ ਵਿੱਚ ਚੌਕਸੀ ਹੋਰ ਵਧਾਈ ਜਾਵੇ ਅਤੇ ਨਸ਼ਾ ਵੇਚਣ ਵਾਲਿਆਂ ਨਾਲ ਕਿਸੇ ਵੀ ਤਰ੍ਹਾਂ ਦੀ ਨਰਮੀ ਨਾ ਵਰਤੀ ਜਾਵੇ।ਐਸਐਸਪੀ ਦਿਹਾਤੀ ਕੰਵਲਪ੍ਰੀਤ ਚਾਹਲ ਨੇ ਨਸ਼ਾ ਤਸਕਰਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਹਰਕਤਾਂ ਤੋਂ ਤੁਰੰਤ ਬਾਜ਼ ਆ ਜਾਣ।ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਖ਼ਿਲਾਫ਼ ਜ਼ੀਰੋ ਟਾਲਰੈਂਸ ਦੀ ਨੀਤੀ ਤਹਿਤ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਉਨ੍ਹਾਂ ਨੂੰ ਖੇਡਾਂ, ਸਿੱਖਿਆ ਅਤੇ ਸਿਹਤਮੰਦ ਗਤੀਵਿਧੀਆਂ ਨਾਲ ਜੋੜਨ 'ਤੇ ਵੀ ਜ਼ੋਰ ਦਿੱਤਾ ।

# ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਥਾਣਾ ਝਬਾਲ ਦੇ ਘਿਰਾਓ ਦੀ ਚੇਤਾਵਨੀ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਦਫ਼ਤਰ ਝਬਾਲ ਵਿਖੇ ਕਾਮਰੇਡ ਗੁਰਦੀਪ ਸਿੰਘ ਭਿੱਖੀਵਿੰਡ ਦੀ ਪ੍ਰਧਾਨਗੀ ਹੇਠ ਅਹਿਮ ਮੀਟਿੰਗ ਹੋਈ।ਮੀਟਿੰਗ ਦੌਰਾਨ ਝਬਾਲ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਨਸ਼ਿਆਂ ਦੀ ਵਿਕਰੀ ਨੂੰ ਲੈ ਕੇ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਖ਼ਿਲਾਫ਼ ਰੋਸ ਪ੍ਰਗਟ ਕਰਦਿਆਂ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਕਾਮਰੇਡ ਮਨਜੀਤ ਸਿੰਘ ਝਬਾਲ ਨੇ ਪੱਤਰਕਾਰਾਂ ਨਾਲ ਨਸ਼ਿਆਂ ਦੀ ਵਿਕਰੀ ਨਾਲ ਸਬੰਧਤ ਵੀਡੀਓ ਸਾਂਝੀ ਕਰਦਿਆਂ ਕਿਹਾ ਕਿ ਝਬਾਲ ਇਲਾਕੇ ਵਿੱਚ ਨਸ਼ਾ ਸ਼ਰੇਆਮ ਵਿਕਣ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ ਅਤੇ ਨਸ਼ਾ ਵੇਚਣ ਵਾਲਿਆਂ ਵਿੱਚ ਪੁਲਸ ਦਾ ਕੋਈ ਡਰ ਨਜ਼ਰ ਨਹੀਂ ਆ ਰਿਹਾ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਸ਼ਿਆਂ ਨੂੰ ਖ਼ਤਮ ਕਰਨ ਦੇ ਦਾਅਵਿਆਂ ਦੇ ਬਾਵਜੂਦ ਜ਼ਮੀਨੀ ਹਕੀਕਤ ਚਿੰਤਾਜਨਕ ਹੈ।ਆਗੂਆਂ ਨੇ ਕਿਹਾ ਕਿ ਨਸ਼ਿਆਂ ਦੀ ਵਿਕਰੀ ਸਬੰਧੀ ਥਾਣਾ ਝਬਾਲ ਦੇ ਐੱਸਐੱਚਓ ਨੂੰ ਕਈ ਵਾਰ ਦਰਖ਼ਾਸਤਾਂ ਦੇ ਕੇ ਜਾਣੂ ਕਰਵਾਇਆ ਗਿਆ ਹੈ।ਇਸ ਤੋਂ ਇਲਾਵਾ ਐੱਸਐੱਸਪੀ ਤਰਨਤਾਰਨ ਨੂੰ ਵੀ ਲਿਖਤੀ ਦਰਖ਼ਾਸਤ ਦੇ ਕੇ ਨਸ਼ਿਆਂ ਦੀ ਵਿਕਰੀ 'ਤੇ ਰੋਕ ਲਗਾਉਣ ਅਤੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਜਾ ਚੁੱਕੀ ਹੈ ਪਰ ਆਗੂਆਂ ਅਨੁਸਾਰ ਅਜੇ ਤੱਕ ਕੋਈ ਠੋਸ ਕਾਰਵਾਈ ਨਹੀਂ ਹੋਈ।ਕਾਮਰੇਡ ਗੁਰਦੀਪ ਸਿੰਘ ਭਿੱਖੀਵਿੰਡ ਅਤੇ ਕਾਮਰੇਡ ਮਨਜੀਤ ਸਿੰਘ ਝਬਾਲ ਨੇ ਪੱਤਰਕਾਰਾਂ ਰਾਹੀਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਵਰਗੀ ਭਿਆਨਕ ਬੁਰਾਈ ਨੂੰ ਸਮਾਜ ਵਿੱਚੋਂ ਖ਼ਤਮ ਕਰਨ ਲਈ ਸਾਰੇ ਲੋਕ ਇਕੱਠੇ ਹੋ ਕੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦਾ ਸਾਥ ਦੇਣ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣਾ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।ਇਸ ਮੌਕੇ ਮਾਸਟਰ ਬਲਦੇਵ ਸਿੰਘ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਰੇ ਪਰਿਵਾਰ ਅਤੇ ਸਮਾਜ ਦੇ ਲੋਕ ਇਕਜੁੱਟ ਹੋ ਕੇ ਨਸ਼ਿਆਂ ਦੀ ਇਸ ਭਿਆਨਕ ਦਲਦਲ ਵਿੱਚ ਫਸ ਰਹੀ ਨੌਜਵਾਨ ਪੀੜ੍ਹੀ ਨੂੰ ਬਾਹਰ ਕੱਢਣ ਲਈ ਸਾਂਝੇ ਤੌਰ 'ਤੇ ਯਤਨ ਕਰਨ।ਉਨ੍ਹਾਂ ਕਿਹਾ ਕਿ ਨਸ਼ਿਆਂ ਤੋਂ ਮੁਕਤ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਹਰ ਪਰਿਵਾਰ ਅਤੇ ਹਰ ਇਨਸਾਨ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।ਆਗੂਆਂ ਨੇ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਝਬਾਲ ਵਿੱਚ ਨਸ਼ਿਆਂ ਦੀ ਵਿਕਰੀ ਸਬੰਧੀ ਸ਼ਿਕਾਇਤਾਂ ਅਤੇ ਸਾਂਝੀ ਕੀਤੀ ਗਈ ਵੀਡੀਓ ਦੀ ਗੰਭੀਰਤਾ ਨਾਲ ਜਾਂਚ ਕਰਕੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।ਕਾਮਰੇਡ ਗੁਰਦੀਪ ਸਿੰਘ ਭਿੱਖੀਵਿੰਡ ਅਤੇ ਕਾਮਰੇਡ ਮਨਜੀਤ ਸਿੰਘ ਝਬਾਲ ਨੇ ਚੇਤਾਵਨੀ ਦਿੱਤੀ ਕਿ ਜੇਕਰ ਝਬਾਲ ਇਲਾਕੇ ਵਿੱਚ ਨਸ਼ਿਆਂ ਦੀ ਵਿਕਰੀ ਨੂੰ ਤੁਰੰਤ ਬੰਦ ਨਾ ਕੀਤਾ ਗਿਆ ਅਤੇ ਪਹਿਲਾਂ ਦਿੱਤੀਆਂ ਦਰਖ਼ਾਸਤਾਂ 'ਤੇ ਕਾਰਵਾਈ ਨਾ ਹੋਈ ਤਾਂ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਥਾਣਾ ਝਬਾਲ ਦਾ ਘਿਰਾਓ ਕਰਕੇ ਸੰਘਰਸ਼ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਬਲਕਾਰ ਸਿੰਘ ਭੱਟੀ, ਸੁਖਜਿੰਦਰ ਸਿੰਘ ਭੱਟੀ, ਕਾਮਰੇਡ ਕਲਦੀਪ ਸਿੰਘ, ਕਾਮਰੇਡ ਮੇਜਰ ਸਿੰਘ, ਮਾਸਟਰ ਬਲਦੇਵ ਸਿੰਘ, ਹਰਜੀਤ ਕੌਰ, ਬਲਬੀਰ ਕੌਰ, ਮੈਂਬਰ ਪੰਚਾਇਤ ਪ੍ਰਗਟ ਸਿੰਘ, ਮੈਂਬਰ ਪੰਚਾਇਤ ਸੀਤਾ ਅਤੇ ਚਰਨ ਸਿੰਘ ਭੱਟੀ ਸਮੇਤ ਵੱਡੀ ਗਿਣਤੀ ਵਿੱਚ ਸਮੂਹ ਪਿੰਡ ਵਾਸੀ ਹਾਜ਼ਰ ਸਨ।

# ਕਾਮਰੇਡ ਚਰਨ ਸਿੰਘ ਨੂੰ ਸਦਮਾ; ਪੁੱਤ ਦੀ ਮੌਤ



ਤਰਨਤਾਰਨ (ਨਜ਼ਸ)-ਭਾਰਤੀ ਕਮਿਊਨਿਸਟ ਪਾਰਟੀ ਬਲਾਕ ਤਰਨ ਤਾਰਨ ਦੇ ਸਕੱਤਰ ਕਾਮਰੇਡ ਚਰਨ ਸਿੰਘ ਦੇ ਪੁੱਤਰ ਬਲਜਿੰਦਰ ਸਿੰਘ ਰਿੱਕੂ (48 ਸਾਲ) ਦੀ ਬੀਤੇ ਦਿਨੀਂ ਸੰਖੇਪ ਬੀਮਾਰੀ ਦੇ ਚਲਦਿਆਂ ਇਲਾਜ ਦੌਰਾਨ ਮੌਤ ਹੋ ਗਈ। ਭਾਰਤੀ ਕਮਿਊਨਿਸਟ ਪਾਰਟੀ ਸਮੇਤ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਕਾਮਰੇਡ ਹਰਭਜਨ ਸਿੰਘ, ਸੁਖਚੈਨ ਸਿੰਘ, ਦਵਿੰਦਰ ਸੋਹਲ , ਤਾਰਾ ਸਿੰਘ ਖਹਿਰਾ, ਪ੍ਰਿਥੀਪਾਲ ਸਿੰਘ ਮਾੜੀਮੇਘਾ, ਦੇਵੀ ਕੁਮਾਰੀ, ਗੁਰਦਿਆਲ ਸਿੰਘ ਖਡੂਰ ਸਾਹਿਬ, ਬਲਕਾਰ ਸਿੰਘ ਵਲਟੋਹਾ, ਕਿਰਨਜੀਤ ਕੌਰ ਵਲਟੋਹਾ, ਸੀਮਾ ਸੋਹਲ, ਬਲਜੀਤ ਸਿੰਘ ਫਤਿਆਬਾਦ, ਬਲਵਿੰਦਰ ਸਿੰਘ ਦਦੇਹਰ ਸਾਹਿਬ , ਨਰਿੰਦਰ ਸਿੰਘ ਅਲਗੋਂ, ਗੁਰਬਿੰਦਰ ਸਿੰਘ ਸੋਹਲ, ਇਸਤਰੀ ਸਭਾ ਦੀ ਸੂਬਾ ਪ੍ਰਧਾਨ ਰਾਜਿੰਦਰਪਾਲ ਕੌਰ, ਅਧਿਆਪਕ ਆਗੂ ਕਾਰਜ ਸਿੰਘ ਕੈਰੋਂ, ਅੰਮ੍ਰਿਤਪਾਲ ਸਿੰਘ ਬਾਕੀਪੁਰ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਪੂਰਨ ਸਿੰਘ ਮਾੜੀਮੇਘਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਸਰਬ ਭਾਰਤ ਨੌਜਵਾਨ ਸਭਾ ਦੇ ਆਗੂ ਵਿਸ਼ਾਲਦੀਪ ਸਿੰਘ ਵਲਟੋਹਾ, ਫੈਡਰੇਸ਼ਨ ਏਟਕ ਦੇ ਆਗੂ ਕੁਲਵਿੰਦਰ ਸਿੰਘ ਬਾਗੜੀਆਂ ਆਦਿ ਨੇ ਕਾਮਰੇਡ ਚਰਨ ਸਿੰਘ ਦੇ ਸਮੁੱਚੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਪਰਿਵਾਰਕ ਮੈਂਬਰਾਂ ਦੀ ਜਾਣਕਾਰੀ ਅਨੁਸਾਰ ਬਲਜਿੰਦਰ ਸਿੰਘ ਦੀ ਅੰਤਿਮ ਅਰਦਾਸ ਅੱਜ 20 ਅਗਸਤ ਨੂੰ ਸਥਾਨਕ ਰਾਮਗੜ੍ਹੀਆ ਬੁੰਗਾ ਵਿਖੇ 12 ਤੋਂ 1 ਵਜੇ ਤੱਕ ਹੋਵੇਗੀ ।ਆਗੂਆਂ ਨੇ ਅਫਸੋਸ ਜ਼ਾਹਰ ਕਰਦਿਆਂ ਕਿਹਾ ਕਿ ਛੋਟੇ-ਛੋਟੇ ਬੱਚੇ ਛੱਡ ਕੇ ਪੁੱਤਰ ਦੇ ਬੇਵਕਤੀ ਵਿਛੋੜਾ ਦੇ ਜਾਣ ਨਾਲ ਕਾਮਰੇਡ ਚਰਨ ਸਿੰਘ ਅਤੇ ਉਸਦੇ ਪਰਿਵਾਰ ਲਈ ਭਵਿੱਖ ਬਹੁਤ ਦੁੱਖਦਾਈ ਰਹੇਗਾ।

# ਸੇਂਟ ਸੋਵਰੇਨ ਕਾਨਵੈਂਟ ਸਕੂਲ ਦੇ ਅਧਿਆਪਕ ਤੇ ਵਿਦਿਆਰਥੀ ਸਨਮਾਨਿਤ



ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ): ਸੇਂਟ ਸੋਵਰੇਨ ਕਾਨਵੈਂਟ ਸਕੂਲ ਚਵਿੰਡਾ ਦੇਵੀ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਭਾਰਤ ਦੇ ਸੁਤੰਤਰਤਾ ਦਿਵਸ ਸਮਾਰੋਹ ਮੌਕੇ 15 ਅਗਸਤ ਨੂੰ ਉਪ-ਮੰਡਲ ਪੱਧਰ 'ਤੇ ਮਜੀਠਾ ਵਿਖੇ ਸਨਮਾਨਿਤ ਕੀਤਾ ਗਿਆ।ਇਹ ਪ੍ਰੋਗਰਾਮ ਮਜੀਠਾ ਦਾਣਾ ਮੰਡੀ ਵਿਖੇ ਕਰਵਾਇਆ ਗਿਆ।ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਰਜਨੀਸ਼ ਅਰੋੜਾ (ਪੀ.ਪੀ.ਐੱਸ.), ਐੱਸ.ਡੀ.ਐੱਮ. ਮਜੀਠਾ ਨੇ ਅਧਿਆਪਕ ਰਮਨਦੀਪ ਕੌਰ ਅਤੇ ਵਿਦਿਆਰਥੀ ਏਕਮ ਪ੍ਰੀਤ ਕੌਰ, ਹੇਮਨਜੋਤ ਸਿੰਘ ਅਤੇ ਪਰਮਜੋਤ ਕੌਰ ਨੂੰ ਸਨਮਾਨਿਤ ਕੀਤਾ।ਇਨ੍ਹਾਂ ਵਿਦਿਆਰਥੀਆਂ ਨੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਮੱਲਾਂ ਮਾਰੀਆਂ ਹਨ।ਇਸ ਦੇ ਨਾਲ ਹੀ ਸਕੂਲ ਨੂੰ ਐਪਰੀਸੀਏਸ਼ਨ ਐਵਾਰਡ ਨਾਲ ਵੀ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਚੇਅਰਮੈਨ ਸ਼੍ਰੀ ਅਸ਼ਵਨੀ ਕਪੂਰ, ਐੱਮ.ਡੀ. ਕੋਮਲ ਕਪੂਰ, ਡਾਇਰੈਕਟਰ ਸ਼ਵੀ ਕਪੂਰ ਅਤੇ ਪ੍ਰਿੰਸੀਪਲ ਨਿਤਿਕਾ ਸੇਠੀ ਨੇ ਗੱਲਬਾਤ ਕਰਦਿਆਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਤਰੱਕੀ ਕਰਨ ਲਈ ਹੱਲਾਸ਼ੇਰੀ ਦਿੱਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਨੂੰ ਭਵਿੱਖ ਵਿੱਚ ਅਜਿਹੇ ਅਧਿਆਪਕਾਂ ਅਤੇ ਬੱਚਿਆਂ ਤੋਂ ਸਿੱਖਿਆ ਲੈਣੀ ਚਾਹੀਦੀ ਹੈ ਤਾਂ ਜੋ ਅਸੀਂ ਵੀ ਅੱਗੇ ਤਰੱਕੀ ਕਰਕੇ ਆਪਣੇ ਮਾਤਾ-ਪਿਤਾ ਅਤੇ ਸਕੂਲ ਦਾ ਨਾਮ ਰੌਸ਼ਨ ਕਰ ਸਕੀਏ।ਇਸ ਮੌਕੇ ਸਕੂਲ ਦੇ ਡਾਇਰੈਕਟਰ ਸ਼ਵੀ ਕਪੂਰ ਨੇ ਐੱਸ.ਡੀ.ਐੱਮ. ਮਜੀਠਾ ਅਤੇ ਸਮੁੱਚੀ ਮੈਨੇਜਮੈਂਟ ਕਮੇਟੀ ਦਾ ਧੰਨਵਾਦ ਕੀਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਨਿਤਿਕਾ ਸੇਠੀ, ਕੋਆਰਡੀਨੇਟਰ ਪਾਰੁਲ ਸੁੰਦਰ, ਕੋਚ ਅੰਗਰੇਜ਼ ਸਿੰਘ, ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਪੰਜਾਬ ਦੀ ਤਰੱਕੀ ਲਈ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਜ਼ਰੂਰੀ : ਬਿੱਲਾ ਸ਼ੇਰੋਂ



ਚੋਹਲਾ ਸਾਹਿਬ (ਰਮਨ ਚੱਢਾ)-ਸ਼੍ਰੋਮਣੀ ਅਕਾਲੀ ਦਲ ਦੇ ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਤੋਂ ਸੀਨੀਅਰ ਅਕਾਲੀ ਆਗੂ ਸਰਪੰਚ ਅਵਤਾਰ ਸਿੰਘ ਬਿੱਲਾ ਸ਼ੇਰੋਂ ਨੇ ਕਿਹਾ ਕਿ ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਸਰਵਪੱਖੀ ਵਿਕਾਸ ਲਈ ਸੂਬੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨੀ ਬੇਹੱਦ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਅਕਾਲੀ ਦਲ ਨੇ ਹਮੇਸ਼ਾ ਪੰਜਾਬ ਦੇ ਹਿੱਤਾਂ, ਕਿਸਾਨਾਂ, ਨੌਜਵਾਨਾਂ ਅਤੇ ਹਰ ਵਰਗ ਦੀ ਭਲਾਈ ਲਈ ਕੰਮ ਕੀਤਾ ਹੈ।ਪੰਜਾਬ ਨੂੰ ਮਜ਼ਬੂਤ ਆਰਥਿਕਤਾ, ਬਿਹਤਰ ਬੁਨਿਆਦੀ ਢਾਂਚੇ, ਰੁਜ਼ਗਾਰ ਦੇ ਵੱਧ ਮੌਕਿਆਂ ਅਤੇ ਨੌਜਵਾਨਾਂ ਦੇ ਸੁਨਹਿਰੀ ਭਵਿੱਖ ਦੀ ਲੋੜ ਹੈ।ਇਸ ਲਈ ਲੋਕਾਂ ਨੂੰ ਅਜਿਹੀ ਸਰਕਾਰ ਦੀ ਚੋਣ ਕਰਨੀ ਚਾਹੀਦੀ ਹੈ ਜੋ ਪੰਜਾਬ ਦੇ ਹਿੱਤਾਂ ਨੂੰ ਸਭ ਤੋਂ ਉਪਰ ਰੱਖੇ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਮਿੱਟੀ ਨਾਲ ਜੁੜੀ ਪਾਰਟੀ ਹੈ ਅਤੇ ਪੰਜਾਬ ਦੇ ਹੱਕਾਂ ਲਈ ਹਮੇਸ਼ਾ ਡਟ ਕੇ ਆਵਾਜ਼ ਬੁਲੰਦ ਕਰਦੀ ਰਹੀ ਹੈ।ਉਨ੍ਹਾਂ ਵਰਕਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਪਿੰਡ-ਪਿੰਡ ਜਾ ਕੇ ਲੋਕਾਂ ਨਾਲ ਸੰਪਰਕ ਮਜ਼ਬੂਤ ਕਰਨ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਪੰਜਾਬ ਦੇ ਲੋਕ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਮੁੜ ਮਜ਼ਬੂਤ ਕਰਕੇ ਸੂਬੇ ਨੂੰ ਤਰੱਕੀ ਅਤੇ ਖੁਸ਼ਹਾਲੀ ਦੀ ਰਾਹ 'ਤੇ ਲੈ ਕੇ ਜਾਣ ਵਿੱਚ ਆਪਣੀ ਭੂਮਿਕਾ ਨਿਭਾਉਣਗੇ।

# ਆਲ ਕੇਡਰਜ਼ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਵਧੀਕ ਨਿਗਰਾਨ ਇੰਜੀਨੀਅਰ ਨਾਲ ਮੀਟਿੰਗ



ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਪੰਜਾਬ ਰਾਜ ਬਿਜਲੀ ਬੋਰਡ ਆਲ ਕੇਡਰਜ਼ ਪੈਨਸ਼ਨਰਜ਼ ਐਸੋਸੀਏਸ਼ਨ ਅਜਨਾਲਾ ਮੰਡਲ ਯੂਨਿਟ ਦੀ ਮੀਟਿੰਗ ਵਧੀਕ ਨਿਗਰਾਨ ਇੰਜੀਨੀਅਰ ਅਜਨਾਲਾ ਮੰਡਲ ਨਾਲ ਹੋਈ। ਜਥੇਬੰਦੀ ਵੱਲੋਂ ਦਿੱਤੇ ਮੰਗ ਪੱਤਰ ਅਨੁਸਾਰ ਪੈਨਸ਼ਨਰ ਅਤੇ ਫੈਮਲੀ ਪੈਨਸ਼ਨਰ ਦੀ ਮੰਗਾਂ ਪ੍ਰਤੀ ਦਫ਼ਤਰੀ ਅਮਲਾ ਵਧੀਕ ਨਿਗਰਾਨ ਇੰਜੀਨੀਅਰ ਅਨੀਸ਼ਦੀਪ ਸਿੰਘ, ਕਿਰਨਦੀਪ ਮੰਡਲ ਲੇਖਾਕਾਰ, ਮਨਦੀਪ ਕੌਰ ਔਡੀਟਰ ਐੱਲਡੀਸੀ, ਪੈਨਸ਼ਨਰ ਐਡੀਟਰ ਦਵਿੰਦਰ ਕੌਰ ਯੂਡੀਸੀ, ਹਰਜਿੰਦਰ ਸਿੰਘ ਯੂਡੀਸੀ, ਜਥੇਬੰਦੀ ਦੇ ਮੈਂਬਰ ਸਤਪਾਲ ਸਿੰਘ ਪੁਰਬਾ ਡਿਪਟੀ ਸਕੱਤਰ, ਲਖਵਿੰਦਰ ਸਿੰਘ ਮਾਨਾਂਵਾਲੀ ਮੀਤ ਪ੍ਰਧਾਨ, ਵਿਰਸਾ ਸਿੰਘ ਰਮਦਾਸ ਤੇ ਕੁਲਦੀਪ ਸਿੰਘ ਰਮਦਾਸ ਮੀਤ ਪ੍ਰਧਾਨ, ਓਮ ਪ੍ਰਕਾਸ਼ ਸਲਾਹਕਾਰ, ਤਰਸੇਮ ਸਿੰਘ ਤੇੜੀ ਸੀਨੀਅਰ ਮੀਤ ਪ੍ਰਧਾਨ, ਭਾਸਕਰ ਪਟੇਲ ਸਰਗਰਮ ਮੈਂਬਰ, ਸੋਮਨਾਥ ਮਰਵਾਹਾ ਪ੍ਰਧਾਨ ਅਜਨਾਲਾ ਮੰਡਲ, ਹਰਭਜਨ ਸਿੰਘ ਝੰਜੋਟੀ ਸੀਨੀਅਰ ਮੀਤ ਪ੍ਰਧਾਨ ਪੰਜਾਬ ਕਮੇਟੀ ਸ਼ਾਮਿਲ ਹੋਏ।ਪੈਨਸ਼ਨਰ ਤੇ ਫੈਮਲੀ ਪੈਨਸ਼ਨਰਾਂ ਦੇ ਮੰਡਲ ਵਿੱਚ ਪਏ ਪੈਂਡਿੰਗ ਕੰਮ, ਮੈਡੀਕਲ ਬਿੱਲ, ਪੇ-ਕਮਿਸ਼ਨ ਰਿਪੋਰਟ ਅਨੁਸਾਰ ਏਰੀਆ ਦਾ ਬਕਾਇਆ 1-1-16 ਤੋਂ ਬਾਅਦ ਰਿਟਾਇਰ ਹੋਏ ਕਰਮਚਾਰੀਆਂ ਨੂੰ ਅਪ੍ਰੈਲ 26 ਤੋਂ ਮਿਲਣਾ ਸੀ ਜਿਹੜਾ ਅਜੇ ਤੱਕ ਨਹੀਂ ਮਿਲਿਆ,31-12-15 ਤੋਂ ਪਹਿਲੇ ਪੈਨਸ਼ਨਰਾਂ ਨੂੰ ਪਹਿਲੀਆਂ 15 ਕਿਸ਼ਤਾਂ ਖ਼ਤਮ ਹੋ ਗਈਆਂ ਸਨ ਤੇ ਜੁਲਾਈ 26 ਤੋਂ ਦੁਬਾਰਾ ਚਾਲੂ ਹੋਣੀਆਂ ਸਨ ਪਰ ਪੈਨਸ਼ਨਰ ਤੇ ਫੈਮਲੀ ਪੈਨਸ਼ਨਰਾਂ ਨੂੰ ਉਹ ਵੀ ਨਹੀਂ ਮਿਲਿਆ । ਵਧੀਕ ਨਿਗਰਾਨ ਯੂਨੀਅਨ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਸਤੰਬਰ ਦੇ ਮਹੀਨੇ ਵਿੱਚ ਪਿਛਲੀਆਂ ਸਾਰੀਆਂ ਅਦਾਇਗੀਆਂ ਕੀਤੀਆਂ ਜਾਣਗੀਆਂ ।ਮੀਟਿੰਗ ਬਹੁਤ ਸ਼ਾਂਤਮਈ ਮਾਹੌਲ 'ਚ ਹੋਈ।

# ਮੋਦੀ ਰਾਜ ਦੇ ਰੰਗ, ਮਹਿੰਗੀ ਖਾਦ ਤੇ ਖੰਡ: ਕਿਸਾਨ ਸਭਾ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਖਾਦ 550 ਰੁਪਏ ਪ੍ਰਤੀ ਤੋੜਾ ਇੱਕਦਮ ਮਹਿੰਗੀ ਹੋ ਗਈ। ਉਧਰ ਖੰਡ ਪਿਛਲੇ ਦਿਨਾਂ ਤੋਂ ਰੋਜ਼ਾਨਾ 200 ਰੁਪਏ ਪ੍ਰਤੀ ਕੁਇੰਟਲ ਮਹਿੰਗੀ ਹੁੰਦਿਆਂ 40 ਰੁਪਏ ਤੋਂ 65 ਰੁਪਏ ਪ੍ਰਤੀ ਕਿੱਲੋ ਨੂੰ ਪਹੁੰਚ ਗਈ।ਪਹਿਲਾਂ ਪੈਟਰੋਲ/ਡੀਜ਼ਲ ਮਹਿੰਗਾ ਹੋਣ ਤੇ ਪੈਟਰੋਲ ਵਿੱਚ ਈਥਾਨੋਲ ਦੀ ਮਿਲਾਵਟ ਨੇ ਆਮ ਲੋਕ ਸੁੱਕਣੇ ਪਾਏ ਸਨ, ਹੁਣ ਇਸ ਤਾਜ਼ਾ ਖਾਦ ਤੇ ਖੰਡ ਦੀ ਮਹਿੰਗਾਈ ਨੇ ਕਿਸਾਨਾਂ, ਮਜ਼ਦੂਰਾਂ ਤੇ ਹੋਰ ਮਿਹਨਤਕਸ਼ ਲੋਕਾਂ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ।ਕੇਂਦਰ ਤੇ ਪੰਜਾਬ ਸਰਕਾਰ ਇਸ ਤਾਜ਼ਾ ਮਹਿੰਗਾਈ 'ਤੇ ਚੁੱਪ ਹਨ। ਇੱਥੋਂ ਸਾਬਤ ਹੁੰਦਾ ਹੈ ਕਿ ਸਮੇਂ ਦੀਆਂ ਸਰਕਾਰਾਂ ਖ਼ਾਸ ਕਰਕੇ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਲੁੱਟ ਦੀ ਖੁੱਲ੍ਹੀ ਛੁੱਟੀ ਦੇ ਰਹੀ ਹੈ ਜੋ ਕਿ ਬਰਦਾਸ਼ਤ ਕਰਨ ਯੋਗ ਨਹੀਂ ਹੈ।ਸਰਕਾਰ ਵੱਲੋਂ ਮਹਿੰਗਾਈ ਨੂੰ ਕਾਬੂ ਕਰਨ ਦੀ ਥਾਂ ਖੁੱਲ੍ਹ ਦੇਣ ਦੀ ਨਿੰਦਾ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ, ਸੂਬਾ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਜ਼ਿਲ੍ਹਾ ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ, ਸਕੱਤਰ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਕਿਸਾਨਾਂ ਨੂੰ ਐੱਮ ਐੱਸ ਪੀ ਤਾਂ ਸਰਕਾਰ ਦਿੰਦੀ ਨਹੀਂ ਪਰ ਕਾਰਪੋਰੇਟ ਘਰਾਣਿਆਂ ਨੂੰ ਆਪਣੀ ਮਨਮਰਜ਼ੀ ਨਾਲ ਖਾਦਾਂ, ਖੰਡ ਤੇ ਹੋਰ ਜ਼ਰੂਰੀ ਚੀਜ਼ਾਂ ਮਹਿੰਗੀਆਂ ਕਰਨ ਦੀ ਪੂਰੀ ਖੁੱਲ੍ਹ ਦਿੱਤੀ ਹੋਈ ਹੈ।ਉਨ੍ਹਾਂ ਮੰਗ ਕੀਤੀ ਕਿ ਖਾਦ, ਖੰਡ ਤੇ ਹੋਰ ਮਹਿੰਗੀਆਂ ਹੋਈਆਂ ਵਸਤਾਂ ਦਾ ਵਪਾਰ ਸਰਕਾਰ ਆਪਣੇ ਹੱਥ ਲਵੇ ਤੇ ਵਧੀਆਂ ਕੀਮਤਾਂ ਨੂੰ ਘਟਾ ਕੇ ਪਹਿਲੀ ਜਗ੍ਹਾ 'ਤੇ ਲਿਆਵੇ।ਉਨ੍ਹਾਂ ਕਿਹਾ ਕਿ ਜੇਕਰ ਇਸੇ ਤਰ੍ਹਾਂ ਕਾਰਪੋਰੇਟ ਘਰਾਣਿਆਂ ਨੂੰ ਖੁੱਲ੍ਹ ਦੇ ਕੇ ਲੋਕਾਂ ਦਾ ਲਹੂ ਚੂਸਿਆ ਜਾਂਦਾ ਰਿਹਾ ਤਾਂ ਫਿਰ ਵੱਡੀਆਂ ਬਗਾਵਤਾਂ ਹੋਣੀਆਂ ਅਟੱਲ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਦੇਵ ਸਿੰਘ ਧੂੰਦਾ, ਰਣਜੀਤ ਸਿੰਘ ਬਹਾਦਰ ਨਗਰ, ਗੁਰਦਿਆਲ ਸਿੰਘ ਵਰਨਾਲਾ, ਦਰਸ਼ਨ ਸਿੰਘ ਬਿਹਾਰੀਪੁਰ, ਦਵਿੰਦਰ ਸੋਹਲ, ਪਰਮਜੀਤ ਸਿੰਘ ਚੋਹਲਾ, ਸੁਰਜੀਤ ਸਿੰਘ ਠੱਠੀ ਸੋਹਲ, ਰਛਪਾਲ ਸਿੰਘ ਬਾਠ, ਗੁਰਬਿੰਦਰ ਸਿੰਘ ਨੌਰੰਗਾਬਾਦ, ਜੋਗਾ ਸਿੰਘ ਮਾਨੋਚਾਹਲ, ਦਿਲਬਾਗ ਸਿੰਘ ਪੱਟੀ, ਸੁਖਜੀਤ ਸਿੰਘ ਡੁਗਰੀ, ਕਾਮਰੇਡ ਚਰਨ ਸਿੰਘ ਵੀ ਹਾਜ਼ਰ ਸਨ।

# ਹੇਤਮਪੁਰ ਵਿਖੇ ਦੋ ਦਿਨਾ ਮੈਡੀਕਲ ਤੇ ਖੂਨਦਾਨ ਕੈਂਪ ਲਗਾਇਆ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਹੇਤਮਪੁਰ ਵਿਖੇ ਹਰ ਸਾਲ ਦੀ ਤਰ੍ਹਾਂ ਦੋ ਦਿਨਾ ਧਾਰਮਿਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਏਡ ਸੇਵਾ ਸੁਸਾਇਟੀ ਅਤੇ ਅੰਮ੍ਰਿਤ ਬਲੱਡ ਸੈਂਟਰ ਵੱਲੋਂ ਮੈਡਮ ਪਵਨਜੀਤ ਕੌਰ ਮਾਨ ਅਤੇ ਗੁਰਦੁਆਰਾ ਬਾਬਾ ਨਿਹੰਗ ਸਿੰਘ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਮੈਡੀਕਲ ਅਤੇ ਖੂਨਦਾਨ ਕੈਂਪ ਲਗਾਇਆ ਗਿਆ।

ਕੈਂਪ ਦੌਰਾਨ ਡਾਕਟਰਾਂ ਦੀ ਟੀਮ ਵੱਲੋਂ ਲੋੜਵੰਦ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ।

ਇਸ ਤੋਂ ਇਲਾਵਾ ਸੰਗਤਾਂ ਵੱਲੋਂ ਉਤਸ਼ਾਹ ਨਾਲ ਖੂਨਦਾਨ ਵੀ ਕੀਤਾ ਗਿਆ।ਖੂਨਦਾਨ ਕਰਨ ਵਾਲਿਆਂ ਨੂੰ ਡਾ: ਗੁਰਪ੍ਰੀਤ ਸਿੰਘ ਕੰਬੋ ਵਾਈਸ ਚੇਅਰਮੈਨ, ਡਾ: ਗੁਰਪ੍ਰੀਤ ਸਿੰਘ ਕਲੇਵਾਲ ਪ੍ਰਧਾਨ, ਡਾ: ਜਗਰੂਪ ਸਿੰਘ, ਡਾ: ਨੀਰਜ, ਮੈਡਮ ਪਰਵੀਨ ਅਤੇ ਮੈਡਮ ਨਿੱਕੀ ਸਿੰਘ ਵੱਲੋਂ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਵੱਲੋਂ ਡਾਕਟਰਾਂ ਦੀ ਟੀਮ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਮੈਡੀਕਲ ਅਤੇ ਖੂਨਦਾਨ ਕੈਂਪ ਲੋੜਵੰਦ ਲੋਕਾਂ ਲਈ ਵੱਡੀ ਸਹਾਇਤਾ ਦਾ ਸਾਧਨ ਹਨ ਅਤੇ ਸਮਾਜ ਸੇਵਾ ਲਈ ਸੰਗਤਾਂ ਨੂੰ ਅੱਗੇ ਵੱਧ ਕੇ ਯੋਗਦਾਨ ਪਾਉਣਾ ਚਾਹੀਦਾ ਹੈ।

# ਰਸੂਲਪੁਰ ਟੱਪਰੀਆਂ 'ਚ ਧੂਮਧਾਮ ਨਾਲ ਮਨਾਇਆ ਤੀਆਂ ਦਾ ਤਿਉਹਾਰ



ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ)-ਫਤਿਹਗੜ੍ਹ ਚੂੜੀਆਂ ਦੇ ਨਜ਼ਦੀਕ ਪਿੰਡ ਰਸੂਲਪੁਰ ਟੱਪਰੀਆਂ 'ਚ ਮੈਡਮ ਮਨਦੀਪ ਕੌਰ ਦੀ ਅਗਵਾਈ ਹੇਠ ਮਹਿਲਾਵਾਂ ਵੱਲੋਂ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਰਵਾਇਤੀ ਅੰਦਾਜ਼ ਵਿੱਚ ਮਨਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਡੀ. ਡੀ. ਆਈ. ਸਕੂਲ ਫਤਿਹਗੜ੍ਹ ਚੂੜੀਆਂ ਦੀ ਪ੍ਰਿੰਸੀਪਲ ਮੈਡਮ ਸਵਲੀਨ ਕੌਰ ਭਾਟੀਆ ਨੇ ਸ਼ਿਰਕਤ ਕੀਤੀ।ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਅਤੇ ਮੁਟਿਆਰਾਂ ਨੇ ਸ਼ਮੂਲੀਅਤ ਕੀਤੀ।ਰੰਗ-ਬਿਰੰਗੇ ਰਵਾਇਤੀ ਪਹਿਰਾਵਿਆਂ ਵਿੱਚ ਸਜੀਆਂ ਮਹਿਲਾਵਾਂ ਨੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਅਤੇ ਇੱਕ-ਦੂਜੇ ਨੂੰ ਤੀਆਂ ਦੀਆਂ ਵਧਾਈਆਂ ਦਿੱਤੀਆਂ। ਸਮਾਗਮ ਦੌਰਾਨ ਮਹਿਲਾਵਾਂ ਨੇ ਆਪਣੇ ਹੱਥਾਂ 'ਤੇ ਮਹਿੰਦੀ ਲਗਵਾਈ ਅਤੇ ਸਾਉਣ ਦੇ ਰਵਾਇਤੀ ਗੀਤ ਗਾ ਕੇ ਤਿਉਹਾਰ ਦੀ ਰੌਣਕ ਨੂੰ ਹੋਰ ਵਧਾ ਦਿੱਤਾ। ਪੰਜਾਬੀ ਲੋਕ ਸੱਭਿਆਚਾਰ ਦੀ ਝਲਕ ਪੇਸ਼ ਕਰਦਿਆਂ ਮਹਿਲਾਵਾਂ ਵੱਲੋਂ ਗਿੱਧਾ, ਕਿੱਕਲੀ ਅਤੇ ਹੋਰ ਲੋਕ ਕਲਾਵਾਂ ਦੀਆਂ ਪੇਸ਼ਕਾਰੀਆਂ ਵੀ ਕੀਤੀਆਂ ਗਈਆਂ।ਪੂਰਾ ਮਾਹੌਲ ਪੰਜਾਬੀ ਲੋਕ ਸੰਗੀਤ ਅਤੇ ਖੁਸ਼ੀਆਂ ਨਾਲ ਭਰਿਆ ਰਿਹਾ।ਇਸ ਮੌਕੇ ਗੱਲਬਾਤ ਕਰਦਿਆਂ ਪ੍ਰਿੰ. ਸਵਲੀਨ ਕੌਰ ਭਾਟੀਆ ਨੇ ਕਿਹਾ ਕਿ ਮਹਿਲਾਵਾਂ ਵਲੋਂ ਤੀਜ ਸੈਲੀਬਰੇਸ਼ਨ ਦਾ ਆਯੋਜਨ ਕੀਤਾ ਗਿਆ ਹੈ ਜਿਸ ਵਿਚ ਮਹਿਲਾਵਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਹੈ।ਉਨ੍ਹਾਂ ਕਿਹਾ ਕਿ ਤੀਆਂ ਦਾ ਤਿਉਹਾਰ ਉਨ੍ਹਾਂ ਨੂੰ ਆਪਣੀਆਂ ਪੁਰਾਣੀਆਂ ਰਵਾਇਤਾਂ ਅਤੇ ਲੋਕ ਵਿਰਸੇ ਨਾਲ ਜੋੜਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਕਰਵਾਉਣ ਦਾ ਮਕਸਦ ਪੰਜਾਬੀ ਲੋਕ ਵਿਰਸੇ ਨੂੰ ਸੰਭਾਲਣਾ ਅਤੇ ਨਵੀਂ ਪੀੜ੍ਹੀ ਨੂੰ ਆਪਣੀਆਂ ਰਵਾਇਤਾਂ ਨਾਲ ਜੋੜਨਾ ਹੈ।ਤੀਆਂ ਸਿਰਫ਼ ਖੁਸ਼ੀਆਂ ਮਨਾਉਣ ਦਾ ਮੌਕਾ ਹੀ ਨਹੀਂ, ਸਗੋਂ ਮਹਿਲਾਵਾਂ ਦੇ ਆਪਸੀ ਮਿਲਾਪ ਅਤੇ ਸੱਭਿਆਚਾਰਕ ਸਾਂਝ ਦਾ ਵੀ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ 'ਚ ਸਾਡੀ ਨੌਜਵਾਨ ਪੀੜ੍ਹੀ ਆਪਣੀ ਭਾਰਤੀ ਸੰਸਕ੍ਰਿਤੀ ਨੂੰ ਭੁੱਲਦੀ ਜਾ ਰਹੀ ਹੈ, ਜੋ ਕਿ ਗੰਭੀਰ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਜਿਥੇ ਸਾਨੂੰ ਆਪਣੀ ਸੰਸਕ੍ਰਿਤੀ ਨਾਲ ਜੋੜਦੇ ਹਨ, ਉਥੇ ਨਾਲ ਹੀ ਸਾਨੂੰ ਮਿਲ ਜੁਲ ਕੇ ਸਾਰੇ ਤਿਉਹਾਰ ਮਨਾਉਣ ਦਾ ਸੰਦੇਸ਼ ਵੀ ਦਿੰਦੇ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ 'ਚ ਮਹਿਲਾਵਾਂ ਹਰ ਖੇਤਰ 'ਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਇਸ ਲਈ ਮਾਪਿਆਂ ਨੂੰ ਆਪਣੀਆਂ ਬੇਟੀਆਂ ਨੂੰ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਮੌਕਾ ਪ੍ਰਦਾਨ ਕਰਨਾ ਚਾਹੀਦਾ ਹੈ ਅਤੇ ਉਨ੍ਹਾਂ ਦਾ ਹਰ ਕਦਮ 'ਤੇ ਸਾਥ ਦੇਣਾ ਚਾਹੀਦਾ ਹੈ।ਇਸ ਮੌਕੇ ਮਹਿਲਾਵਾਂ ਵਲੋਂ ਪ੍ਰਿੰ. ਸਵਲੀਨ ਕੌਰ ਭਾਟੀਆ ਨੂੰ ਸਨਮਾਨਿਤ ਵੀ ਕੀਤਾ ਗਿਆ।

# ਸ਼ਵੇਤ ਮਲਿਕ ਵੱਲੋਂ ਭਾਜਪਾ ਦੀਆਂ ਨੀਤੀਆਂ ਘਰ-ਘਰ ਪਹੁੰਚਾਉਣ ਦਾ ਸੱਦਾ



ਛੇਹਰਟਾ, (ਮਨੋਜ ਕੁਮਾਰ) : ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਤੇ ਰਾਜ ਸਭਾ ਮੈਂਬਰ ਸ਼ਵੇਤ ਮਲਿਕ ਨੇ ਕਿਹਾ ਹੈ ਕਿ ਜੇਕਰ ਲੋਕ ਰੁਜ਼ਗਾਰ, ਨਸ਼ਾ ਮੁਕਤ ਪੰਜਾਬ, ਵਿਕਾਸ ਤੇ ਖੁਸ਼ਹਾਲੀ ਚਾਹੁੰਦੇ ਹਨ ਤਾਂ ਇਥੇ ਵੀ ਭਾਜਪਾ ਦੀ ਸਰਕਾਰ ਬਣਾਉਣ। ਭਾਜਪਾ ਸਪੋਰਟਸ ਸੈੱਲ ਦੇ ਸੂਬਾ ਕੋ-ਕਨਵੀਨਰ ਅਰੁਣ ਭੱਲਾ ਦੀ ਰਹਿਨੁਮਾਈ ਤੇ ਦੇਸ ਰਾਜ ਦੀ ਅਗਵਾਈ ਵਿਚ ਵਿਧਾਨ ਸਭਾ ਹਲਕਾ ਉੱਤਰੀ ਵਿਚ 'ਚਾਹ 'ਤੇ ਚਰਚਾ' ਪ੍ਰੋਗਰਾਮ ਦੌਰਾਨ ਸੰਬੋਧਨ ਕਰਦਿਆਂ ਸ਼ਵੇਤ ਮਲਿਕ ਨੇ ਕਿਹਾ ਕਿ ਪੰਜਾਬ ਵਿਚ ਇਸ ਸਮੇਂ ਨਸ਼ਾ ਤੇ ਗੈਂਗਸਟਰਵਾਦ ਕਾਰਨ ਮਾਪੇ ਆਪਣੇ ਬੱਚੇ ਵਿਦੇਸ਼ ਭੇਜਣ ਲਈ ਮਜ਼ਬੂਰ ਹਨ।

ਪੰਜਾਬ ਵਿਚ ਪਹਿਲੇ ਪੰਜ ਸਾਲ ਕਾਂਗਰਸ ਤੇ ਬਾਅਦ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਹੋਣ ਕਾਰਨ ਵਿਕਾਸ ਦੀ ਗਤੀ ਵਿਚ ਖੜੋਤ ਆ ਗਈ ਹੈ। ਖ਼ਜ਼ਾਨਾ ਖਾਲੀ ਹੋਣ ਕਾਰਨ ਮੌਜੂਦਾ ਸਰਕਾਰ ਮੁਲਾਜ਼ਮਾਂ ਨੂੰ ਅਦਾਲਤੀ ਹੁਕਮਾਂ ਦੇ ਬਾਵਜੂਦ ਡੀ.ਏ ਦਾ ਭੁਗਤਾਨ ਨਹੀਂ ਕਰ ਰਹੀ। ਵਿਕਾਸ ਦੇ ਕੰਮ ਠੱਪ ਪਏ ਹੋਏ ਹਨ। ਦੂਜੇ ਪਾਸੇ ਚੋਣਾਂ ਵਾਅਦੇ ਪੂਰੇ ਕਰਨ ਲਈ ਪੰਜਾਬ ਨੂੰ ਕਰਜ਼ਾਈ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੀਆਂ ਮੁਸ਼ਕਲਾਂ ਦਾ ਹੱਲ ਪੰਜਾਬ ਵਿਚ ਭਾਜਪਾ ਦੀ ਸਰਕਾਰ ਬਣਾ ਕੇ ਹੋ ਸਕਦਾ ਹੈ, ਜਿਸ ਲਈ ਸਾਨੂੰ ਹੁਣ ਤੋਂ ਹੀ ਤਿਆਰੀ ਆਰੰਭ ਦੇਣੀ ਚਾਹੀਦੀ ਹੈ। ਸ਼ਵੇਤ ਮਲਿਕ ਨੇ ਆਗੂਆਂ ਤੇ ਵਰਕਰਾਂ ਨੂੰ ਸੱਦਾ ਦਿੱਤਾ ਕਿ ਉਹ ਪਾਰਟੀ ਦੀਆਂ ਨੀਤੀਆਂ ਘਰ-ਘਰ ਪਹੁੰਚਾਉਣ ਅਤੇ ਜਨਤਾ ਨੂੰ ਕਾਂਗਰਸ ਤੇ 'ਆਪ' ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਜਾਣੂ ਕਰਵਾਉਣ, ਤਾਂ ਜੋ ਸੂਬੇ ਵਿਚ ਭਾਜਪਾ ਦੀ ਸਰਕਾਰ ਦਾ ਆਉਣਾ ਯਕੀਨੀ ਬਣਾਇਆ ਜਾ ਸਕੇ। ਇਸ ਮੌਕੇ ਅਰੁਣ ਭੱਲਾ ਤੇ ਦੇਸ ਰਾਜ ਤੋਂ ਇਲਾਵਾ ਤਰਸੇਮ ਸਿੰਘ, ਰਮਨ ਕੁਮਾਰ, ਸਵਰਨ ਸਿੰਘ, ਦੀਪੂ, ਵਿੱਕੀ, ਅਜੈ ਪਹਿਲਵਾਨ, ਨਵਨੀਤ, ਪਵਨ, ਸਰਬਜੀਤ ਸਿੰਘ ਆਦਿ ਹਾਜ਼ਰ ਸਨ।

# ਇੰਜੀ. ਪਰਮੀਤ ਸਿੰਘ ਖੇੜਾ ਦੇ ਸਿਰ ਸਜਿਆ ਪ੍ਰਧਾਨਗੀ ਦਾ ਤਾਜ, ਮਨਿੰਦਰ ਕੌਰ ਅਰੋੜਾ ਬਣੀ ਸਕੱਤਰ



**ਅੰਮ੍ਰਿਤਸਰ (ਅਰੋੜਾ):** ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਿਤ ਨਿਯਮਾਂ ਦੇ ਅਨੁਸਾਰ ਹਰੇਕ ਰੋਟਰੀ ਕਲੱਬ ਦੇ ਪ੍ਰਧਾਨ ਅਤੇ ਸਕੱਤਰ ਦਾ ਕਾਰਜਕਾਲ ਸੰਪੰਨ ਹੋਣ ਦੇ ਬਾਅਦ ਨਵੇਂ ਪ੍ਰਧਾਨ ਨੂੰ ਸੁਸ਼ੋਭਿਤ ਕੀਤੇ ਜਾਣ ਦੀ ਪ੍ਰਥਾ ਚੱਲਦੀ ਆ ਰਹੀ ਹੈ।ਇਸੇ ਪ੍ਰਥਾ ਦੇ ਚੱਲਦੇ ਰੋਟਰੀ ਕਲੱਬ ਨਾਰਥ ਦੇ ਸਾਲ 2025-26 ਦੇ ਪ੍ਰਧਾਨ ਵਰੁਣ ਕੱਕੜ ਦਾ ਕਾਰਜਕਾਲ ਸੰਪੰਨ ਹੋਣ ਦੇ ਬਾਅਦ ਸਾਲ 2026-27 ਦੇ ਲਈ ਇੰਜੀ. ਪਰਮੀਤ ਸਿੰਘ ਖੇੜਾ ਨੂੰ ਪ੍ਰਧਾਨਗੀ ਦਾ ਤਾਜ ਪਹਿਨਾਇਆ ਗਿਆ।ਸਕੱਤਰ ਦੇ ਅਹੁੱਦੇ ਲਈ ਸਮਾਜ ਸੇਵਿਕਾ ਮਨਿੰਦਰ ਕੌਰ ਅਰੋੜਾ ਨੂੰ ਸੁਸ਼ੋਭਿਤ ਕੀਤਾ ਗਿਆ। ਰੋਟਰੀ ਦੇ ਵੱਲੋਂ ਸਮਾਗਮ ਦਾ ਆਯੋਜਨ ਰਾਮ ਬਾਗ ਸਥਿਤ ਸਰਵਿਸ ਕਲੱਬ ਵਿਖੇ ਕੀਤਾ ਗਿਆ।ਸਮਾਗਮ ਵਿੱਚ ਰੋਟਰੀ 3070 ਦੇ ਗਵਰਨਰ ਅਨਿਲ ਸਿੰਗਲ ਮੁੱਖ ਮਹਿਮਾਨ ਅਤੇ ਰੋਟਰੀ ਦੇ ਜ਼ਿਲ੍ਹਾ ਸਕੱਤਰ ਐਡਮੀਨ ਵਿਜੇ ਭਸੀਨ, ਸਹਾਇਕ ਗਵਰਨਰ ਕੇ. ਐੱਸ. ਚੱਠਾ, ਜ਼ਿਲ੍ਹਾ ਸਕੱਤਰ ਗਵਰਨਰ ਵਿਜਿਟ ਨਰੇਸ਼ ਆਨੰਦ ਖਾਸ ਮਹਿਮਾਨ ਵੱਜੋਂ ਸ਼ਾਮਿਲ ਹੋਏ।

ਨਵੇਂ ਪ੍ਰਧਾਨ ਅਤੇ ਸਕੱਤਰ ਨੂੰ ਦੇਸ਼ ਅਤੇ ਸਮਾਜ ਭਲਾਈ ਕੰਮਾਂ ਵਿੱਚ ਹਮੇਸ਼ਾ ਅੱਗੇ ਰਹਿਣ ਦੀ ਸਹੁੰ ਚੁਕਾਈ। ਪ੍ਰਧਾਨ ਪਰਮੀਤ ਸਿੰਘ ਅਤੇ ਸਕੱਤਰ ਮਨਿੰਦਰ ਕੌਰ ਨੇ ਆਪਣੇ ਕਾਰਜਕਾਲ ਵਿੱਚ ਕੀਤੇ ਜਾਣ ਵਾਲੇ ਪ੍ਰਾਜੈਕਟਾਂ, ਦੇਸ਼ ਅਤੇ ਸਮਾਜ ਭਲਾਈ ਕੰਮਾਂ ਦੀ ਰੂਪ ਰੇਖਾ ਰੋਟਰੀ ਮੈਂਬਰਾਂ ਦੇ ਸਾਹਮਣੇ ਰੱਖੀ।ਮੇਜਰ ਡੋਨਰ ਡਾ. ਜੀ. ਐੱਸ. ਮਦਾਨ ਨੇ ਰੋਟਰੀ ਨਾਰਥ ਵੱਲੋਂ ਚਲਾਏ ਜਾ ਰਹੇ ਸਥਾਈ ਪ੍ਰਾਜੈਕਟਾਂ ਦੇ ਬਾਰੇ ਗਵਰਨਰ ਨੂੰ ਜਾਣਕਾਰੀ ਦਿੱਤੀ।ਮੁੱਖ ਮਹਿਮਾਨ ਅਤੇ ਖਾਸ ਮਹਿਮਾਨਾਂ ਨੂੰ ਖਾਸ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ।

# ਪਰਲ ਪੀੜਤਾਂ ਦਾ ਵੱਡਾ ਇਕੱਠ 27 ਨੂੰ : ਦਾਨਗੜ੍ਹ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪਰਲ ਪੀੜਤਾਂ ਦੇ ਹੱਕਾਂ ਲਈ ਲਗਾਤਾਰ ਸੰਘਰਸ਼ ਕਰ ਰਹੀ ਇਨਸਾਫ ਦੀ ਆਵਾਜ਼ ਜਥੇਬੰਦੀ ਦੀ ਹੰਗਾਮੀ ਮੀਟਿੰਗ ਕੌਮੀ ਪ੍ਰਧਾਨ ਮਹਿੰਦਰ ਪਾਲ ਸਿੰਘ ਦਾਨਗੜ੍ਹ ਦੀ ਅਗਵਾਈ ਹੇਠ ਗੁਰਦੁਆਰਾ ਜਾਗੋ ਸ਼ਹੀਦ, ਪਿੰਡ ਕੋਹਾਲੀ ਵਿਖੇ ਹੋਈ।ਮੀਟਿੰਗ ਸਮੇਂ ਵੱਖ-ਵੱਖ ਪਿੰਡਾਂ ਤੋਂ ਪਹੁੰਚੇ ਪਰਲ ਪੀੜਤਾਂ ਨੇ ਆਪਣੀਆਂ ਮੁਸ਼ਕਿਲਾਂ ਆਗੂਆਂ ਨਾਲ ਸਾਂਝੀਆਂ ਕੀਤੀਆਂ।ਇਸ ਮੌਕੇ ਪੀੜਤਾਂ ਨੇ ਕਿਹਾ ਕਿ ਉਹ ਸਾਲ 2014 ਤੋਂ ਪਰਲ ਕੰਪਨੀ ਵਿੱਚ ਫਸੇ ਆਪਣੇ ਪੈਸੇ ਵਾਪਸ ਲੈਣ ਲਈ ਲਗਾਤਾਰ ਯਤਨ ਕਰ ਰਹੇ ਹਨ, ਪਰ ਅਜੇ ਤੱਕ ਉਨ੍ਹਾਂ ਨੂੰ ਬਣਦਾ ਇਨਸਾਫ ਨਹੀਂ ਮਿਲਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮਹਿੰਦਰ ਪਾਲ ਸਿੰਘ ਦਾਨਗੜ੍ਹ ਨੇ ਕਿਹਾ ਕਿ ਜਥੇਬੰਦੀ ਵੱਲੋਂ ਵਿੱਢੇ ਸੰਘਰਸ਼ ਸਦਕਾ ਕੁਝ ਪੀੜਤਾਂ ਦੇ ਖਾਤਿਆਂ ਵਿੱਚ ਰਕਮ ਆਈ ਹੈ, ਜਦਕਿ ਜਿਨ੍ਹਾਂ ਲੋਕਾਂ ਨੂੰ ਅਜੇ ਤੱਕ ਉਨ੍ਹਾਂ ਦੀ ਰਕਮ ਨਹੀਂ ਮਿਲੀ, ਉਨ੍ਹਾਂ ਲਈ ਸੰਘਰਸ਼ ਲਗਾਤਾਰ ਜਾਰੀ ਰਹੇਗਾ।ਉਨ੍ਹਾਂ ਦੱਸਿਆ ਕਿ ਜਥੇਬੰਦੀ ਵੱਲੋਂ 27 ਸਤੰਬਰ ਨੂੰ ਲੁਧਿਆਣਾ ਵਿਖੇ ਵੱਡਾ ਇਕੱਠ ਕੀਤਾ ਜਾ ਰਿਹਾ ਹੈ, ਜਿਸ ਵਿੱਚ ਸਮੂਹ ਪਰਲ ਪੀੜਤਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਮਾਝਾ ਜ਼ੋਨ ਦੇ ਆਗੂ ਜੋਧ ਸਿੰਘ ਥਾਂਦੀ ਨੇ ਕਿਹਾ ਕਿ ਇਸ ਸੰਘਰਸ਼ ਨੂੰ ਸਫ਼ਲ ਬਣਾਉਣ ਲਈ ਲੋਕਾਂ ਦੇ ਸਹਿਯੋਗ ਦੀ ਬਹੁਤ ਜ਼ਰੂਰਤ ਹੈ। ਮੰਚ ਸੰਚਾਲਕ ਦੇ ਫਰਜ਼ ਸੂਬਾ ਆਗੂ ਧਰਵਿੰਦਰ ਸਿੰਘ ਔਲਖ ਵੱਲੋਂ ਨਿਭਾਏ ਗਏ।ਇਸ ਮੌਕੇ ਰਜਵੰਤ ਬਾਲਾ, ਡਾ. ਜਸਵਿੰਦਰ ਸਿੰਘ ਬੋਪਾਰਾਏ, ਜਸਵਿੰਦਰ ਕੌਰ ਚੈਨਪੁਰ, ਗੁਰਬਚਨ ਸਿੰਘ, ਮਨਜੀਤ ਕੌਰ ਅਟਾਰੀ, ਮਨਪ੍ਰੀਤ ਕੌਰ ਖਾਸਾ, ਸੰਤੋਖ ਸਿੰਘ ਬੋਪਾਰਾਏ, ਗੁਰਮੀਤ ਸਿੰਘ ਬੋਪਾਰਾਏ, ਗੁਰਪਾਲ ਸਿੰਘ ਵਡਾਲੀਆ, ਹੀਰਾ ਸਿੰਘ ਲੋਪੋਕੇ, ਮਨਜੀਤ ਕੌਰ, ਕਰਨੈਲ ਸਿੰਘ ਖੁਰਮਣੀਆ, ਜਤਿੰਦਰ ਸਿੰਘ ਕੋਹਾਲੀ, ਪ੍ਰਤਾਪ ਸਿੰਘ ਅਚਿੰਤਕੋਟ ਸਮੇਤ ਵੱਡੀ ਗਿਣਤੀ ਵਿੱਚ ਜਥੇਬੰਦੀ ਦੇ ਵਰਕਰ ਅਤੇ ਪਰਲ ਪੀੜਤ ਹਾਜ਼ਰ ਸਨ।

# ਬਲਾਕ ਤਰਸਿੱਕਾ ਦੀਆਂ 52 ਪੰਚਾਇਤਾਂ ਨੂੰ 5 ਕਰੋੜ ਰੁਪਏ ਦੀ ਗ੍ਰਾਂਟ ਦੇ ਚੈੱਕ ਤਕਸੀਮ



ਅੰਮ੍ਰਿਤਸਰ/ਤਰਸਿੱਕਾ, (ਜਸਬੀਰ ਸਿੰਘ ਪੱਟੀ/ਕੰਵਲਜੀਤ ਸਿੰਘ/ਤਰਸੇਮ ਸਿੰਘ ਸਾਧਪੁਰ)-ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਬਲਾਕ ਤਰਸਿੱਕਾ ਦੀਆਂ 52 ਪੰਚਾਇਤਾਂ ਨੂੰ ਰੰਗਲਾ ਪੰਜਾਬ ਯੋਜਨਾ ਤਹਿਤ 5 ਕਰੋੜ ਰੁਪਏ ਦੀ ਗ੍ਰਾਂਟ ਦੇ ਚੈੱਕ ਤਕਸੀਮ ਕੀਤੇ।ਇਸ ਰਾਸ਼ੀ ਨਾਲ ਪਿੰਡਾਂ ਵਿੱਚ ਵੱਖ-ਵੱਖ ਬੁਨਿਆਦੀ ਅਤੇ ਲੋਕ-ਭਲਾਈ ਦੇ ਵਿਕਾਸ ਕਾਰਜ ਕਰਵਾਏ ਜਾਣਗੇ।ਇਸ ਮੌਕੇ ਈ.ਟੀ.ਓ. ਨੇ ਦੱਸਿਆ ਕਿ ਗ੍ਰਾਂਟ ਦੀ ਰਾਸ਼ੀ ਨਾਲ ਪਿੰਡਾਂ ਵਿੱਚ ਇੰਟਰਲਾਕਿੰਗ ਟਾਈਲਾਂ ਵਾਲੀਆਂ ਗਲੀਆਂ, ਨਾਲੀਆਂ ਅਤੇ ਸੀਵਰੇਜ ਦੇ ਕੰਮ, ਖੇਡ ਮੈਦਾਨ, ਇਨਡੋਰ ਤੇ ਓਪਨ ਜਿਮ, ਆਂਗਣਵਾੜੀ ਕੇਂਦਰਾਂ ਦੀ ਉਸਾਰੀ, ਛੱਪੜਾਂ ਦੀ ਸਫ਼ਾਈ ਅਤੇ ਮੁਰੰਮਤ, ਪੰਚਾਇਤ ਘਰਾਂ ਅਤੇ ਡਿਸਪੈਂਸਰੀਆਂ ਦੀਆਂ ਇਮਾਰਤਾਂ ਦੀ ਉਸਾਰੀ, ਸਕੂਲਾਂ ਵਿੱਚ ਕਲਾਸ ਰੂਮ, ਸੋਲਰ ਲਾਈਟਾਂ, ਸੀਮੈਂਟ ਦੇ ਬੈਂਚ, ਧਰਮਸ਼ਾਲਾਵਾਂ, ਲਾਇਬ੍ਰੇਰੀਆਂ, ਪਾਰਕਾਂ, ਸ਼ਮਸ਼ਾਨਘਾਟਾਂ ਅਤੇ ਸੀ. ਸੀ. ਟੀ. ਵੀ. ਕੈਮਰੇ ਲਗਾਉਣ ਸਮੇਤ ਹੋਰ ਲੋੜੀਂਦੇ ਵਿਕਾਸ ਕਾਰਜ ਕਰਵਾਏ ਜਾਣਗੇ।ਲੋਕ ਨਿਰਮਾਣ ਮੰਤਰੀ ਨੇ ਪੰਚਾਇਤੀ ਨੁਮਾਇੰਦਿਆਂ ਨੂੰ ਗ੍ਰਾਂਟ ਦੇ ਚੈੱਕ ਤਕਸੀਮ ਕਰਦਿਆਂ ਕਿਹਾ ਕਿ ਉਹ ਇਸ ਰਾਸ਼ੀ ਨੂੰ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਆਪਣੇ-ਆਪਣੇ ਪਿੰਡਾਂ ਦੇ ਵਿਕਾਸ ਲਈ ਖਰਚ ਕਰਨ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡਾਂ ਦੇ ਵਿਕਾਸ ਵਿੱਚ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਹਲਕੇ ਦੇ ਦੂਸਰੇ ਬਲਾਕਾਂ ਦੀਆਂ ਪੰਚਾਇਤਾਂ ਨੂੰ ਵੀ ਜਲਦ ਹੀ ਰੰਗਲਾ ਪੰਜਾਬ ਯੋਜਨਾ ਤਹਿਤ ਗ੍ਰਾਂਟਾਂ ਦਿੱਤੀਆਂ ਜਾਣਗੀਆਂ, ਤਾਂ ਜੋ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਗਤੀ ਦਿੱਤੀ ਜਾ ਸਕੇ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਜਿੰਨਾ ਵਿਕਾਸ ਹੋਇਆ ਹੈ, ਉਨ੍ਹਾਂ ਵਿਕਾਸ ਰਿਵਾਇਤੀ ਪਾਰਟੀਆਂ ਦੀਆਂ ਸਰਕਾਰਾਂ 75 ਸਾਲਾਂ ਵਿੱਚ ਵੀ ਨਹੀਂ ਕਰਵਾ ਸਕੀਆਂ। ਉਨ੍ਹਾਂ ਕਿਹਾ ਕਿ ਅੱਜ ਜੰਡਿਆਲਾ ਗੁਰੂ ਹਲਕਾ ਵਿਕਾਸ ਪੱਖੋਂ ਸੂਬੇ ਦੇ ਮੋਹਰੀ ਹਲਕਿਆਂ ਵਿੱਚ ਸ਼ੁਮਾਰ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਸਨੀਕ ਉਨ੍ਹਾਂ ਦੇ ਪਰਿਵਾਰ ਦਾ ਹਿੱਸਾ ਹਨ ਅਤੇ ਉਹ ਆਪਣੇ ਲੋਕਾਂ ਦੀ ਬਿਹਤਰੀ ਲਈ ਹਮੇਸ਼ਾਂ ਯਤਨਸ਼ੀਲ ਰਹਿਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਲੋਕਾਂ ਨੂੰ ਆਧੁਨਿਕ ਸਹੂਲਤਾਂ ਦੇਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਇਸ ਮੌਕੇ ਵੱਖ-ਵੱਖ ਪੰਚਾਇਤਾਂ ਦੇ ਨੁਮਾਇੰਦਿਆਂ ਨੇ ਗ੍ਰਾਂਟ ਦੇ ਚੈੱਕ ਪ੍ਰਾਪਤ ਕਰਨ ਉਪਰੰਤ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਗ੍ਰਾਂਟਾਂ ਨਾਲ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਹੋਰ ਹੁਲਾਰਾ ਮਿਲੇਗਾ।

# ਫੋਰਟਿਸ ਜਲੰਧਰ ਵੱਲੋਂ ਰੇਜ਼ੂਮ ਥੈਰੇਪੀ ਨਾਲ 62 ਸਾਲਾ ਮਰੀਜ਼ ਦਾ ਸਫਲ ਇਲਾਜ


**ਜਲੰਧਰ :** ਫੋਰਟਿਸ ਹਸਪਤਾਲ ਜਲੰਧਰ ਦੇ ਡਾਕਟਰਾਂ ਨੇ ਪ੍ਰੋਸਟੇਟ ਦੇ ਵਧਣ ਕਾਰਨ ਪਿਸ਼ਾਬ ਦੀਆਂ ਗੰਭੀਰ ਸਮੱਸਿਆਵਾਂ ਨਾਲ ਪੀੜਤ 62 ਸਾਲਾ ਮਰੀਜ਼ ਦਾ ਰੇਜ਼ੂਮ ਵਾਟਰ ਵੇਪਰ ਥੈਰੇਪੀ ਰਾਹੀਂ ਸਫਲ ਇਲਾਜ ਕੀਤਾ। ਯੂਰੋਲੋਜੀ ਵਿਭਾਗ ਦੇ ਐਸੋਸੀਏਟ ਕੰਸਲਟੈਂਟ ਡਾ. ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਕੀਤੇ ਇਲਾਜ ਦੌਰਾਨ ਜਾਂਚ ਵਿੱਚ ਮਰੀਜ਼ ਦਾ ਪ੍ਰੋਸਟੇਟ 32 ਸੀਸੀ ਵਧਿਆ ਹੋਇਆ ਪਾਇਆ ਗਿਆ ਅਤੇ ਪਿਸ਼ਾਬ ਦਾ ਵਹਾਅ ਬਹੁਤ ਹੌਲੀ ਸੀ।

ਡਾ. ਹਰਪ੍ਰੀਤ ਸਿੰਘ ਨੇ ਦੱਸਿਆ ਕਿ ਮਰੀਜ਼ 'ਤੇ ਦਵਾਈਆਂ ਦਾ ਅਸਰ ਘੱਟ ਹੋ ਗਿਆ ਸੀ, ਜਿਸ ਕਾਰਨ ਉਸ ਦੀ ਨੀਂਦ ਅਤੇ ਰੋਜ਼ਾਨਾ ਜੀਵਨ ਪ੍ਰਭਾਵਿਤ ਹੋ ਰਿਹਾ ਸੀ। ਫੋਰਟਿਸ ਜਲੰਧਰ ਦੇ ਫੈਸਿਲਟੀ ਡਾਇਰੈਕਟਰ ਡਾ. ਅੰਕੁਸ਼ ਮਹਿਤਾ ਨੇ ਕਿਹਾ ਕਿ ਪ੍ਰੋਸਟੇਟ ਦੇ ਇਲਾਜ ਵਿੱਚ ਮਿਨਿਮਲੀ ਇਨਵੈਸਿਵ ਤਰੀਕੇ ਮਰੀਜ਼ਾਂ ਨੂੰ ਜਲਦੀ ਰਿਕਵਰੀ ਅਤੇ ਬਿਹਤਰ ਜੀਵਨ ਵੱਲ ਲੈ ਜਾ ਰਹੇ ਹਨ।

# ਸਕੋਡਾ ਆਟੋ ਇੰਡੀਆ ਵੱਲੋਂ ਨਵਾਂ ਸਲਾਵੀਆ ਨਾਲ ਅਗਲਾ ਅਧਿਆਇ ਸ਼ੁਰੂ

ਅੰਮ੍ਰਿਤਸਰ-ਸਕੋਡਾ ਆਟੋ ਇੰਡੀਆ ਨੇ ਨਵੀਂ ਸਲਾਵੀਆ ਦਾ ਪਰਦਾਫਾਸ਼ ਕੀਤਾ ਹੈ, ਜੋ ਉਨ੍ਹਾਂ ਗਾਹਕਾਂ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਾ ਹੈ ਜੋ ਆਧੁਨਿਕ ਤਕਨਾਲੋਜੀ, ਸੁਰੱਖਿਆ ਅਤੇ ਡਰਾਈਵਿੰਗ ਅਨੰਦ ਦੇ ਨਾਲ ਸੇਡਾਨ ਦੀ ਸਦੀਵੀ ਅਪੀਲ ਦੀ ਕਦਰ ਕਰਦੇ ਹਨ।ਭਾਰਤ ਦੇ ਸਭ ਤੋਂ ਮਸ਼ਹੂਰ ਸੇਡਾਨ ਪਲੇਟਫਾਰਮਾਂ ਵਿੱਚੋਂ ਇੱਕ ਦੀ ਸਫਲਤਾ ਦੇ ਆਧਾਰ 'ਤੇ ਨਵੀਂ ਸਲਾਵੀਆ ਯੂਰਪੀਅਨ ਇੰਜੀਨੀਅਰਿੰਗ ਪ੍ਰਦਾਨ ਕਰਨ ਦੀ ਬ੍ਰਾਂਡ ਦੀ ਪਰੰਪਰਾ ਨੂੰ ਜਾਰੀ ਰੱਖਦੀ ਹੈ ਜੋ ਡਰਾਈਵਿੰਗ ਲਈ ਦਿਲਚਸਪ, ਮਾਲਕੀ ਲਈ ਵਿਹਾਰਕ ਅਤੇ ਭਾਰਤ ਦੇ ਚੋਣਵੇਂ ਗਾਹਕਾਂ ਲਈ ਤਿਆਰ ਕੀਤੀ ਗਈ ਹੈ। ਉਦਘਾਟਨ ਨੇ ਸਕੋਡਾ ਦੀ ਗਲੋਬਲ ਸੇਡਾਨ ਵਿਰਾਸਤ ਦਾ ਜਸ਼ਨ ਵੀ ਮਨਾਇਆ, ਨਵੀਂ ਸਲਾਵੀਆ ਦੋ ਪ੍ਰਤੀਕ ਨੇਮ ਪਲੇਟਾਂ - ਔਕਟਾਵੀਆ ਆਰਐੱਸ ਅਤੇ ਬਿਲਕੁਲ ਨਵੀਂ ਸੁਪਰਬ-ਦੇ ਨਾਲ ਕੇਂਦਰ ਵਿੱਚ ਆ ਗਈ-ਭਾਰਤ ਵਿੱਚ ਆਪਣੀ ਵਾਪਸੀ ਨੂੰ ਦਰਸਾਉਂਦੀ ਹੈ।ਸਕੋਡਾ ਆਟੋ ਦੇ ਸੀਈਓ ਕਲੌਸ ਜ਼ੈਲਮਰ ਨੇ ਕਿਹਾ ਕਿ ਭਾਰਤ ਸਾਡੇ ਸਭ ਤੋਂ ਮਹੱਤਵਪੂਰਨ ਗਲੋਬਲ ਵਿਕਾਸ ਬਾਜ਼ਾਰਾਂ ਵਿੱਚੋਂ ਇੱਕ ਬਣਿਆ ਹੋਇਆ ਹੈ ਅਤੇ ਇਹ ਇਸ ਗੱਲ ਦੀ ਇੱਕ ਵਧੀਆ ਉਦਾਹਰਣ ਹੈ ਕਿ ਜਦੋਂ ਅਸੀਂ ਆਪਣੇ ਗਾਹਕਾਂ ਦੀ ਗੱਲ ਧਿਆਨ ਨਾਲ ਸੁਣਦੇ ਹਾਂ ਤਾਂ ਸਕੋਡਾ ਆਟੋ ਕੀ ਪ੍ਰਾਪਤ ਕਰ ਸਕਦਾ ਹੈ।ਮੈਨੂੰ ਵਿਸ਼ਵਾਸ ਹੈ ਕਿ ਅਸੀਂ ਭਾਰਤ ਵਿੱਚ ਆਪਣੀ ਵਿਕਾਸ ਕਹਾਣੀ ਦਾ ਅਗਲਾ ਅਧਿਆਇ ਲਿਖ ਰਹੇ ਹਾਂ।

# ਅੱਖਾਂ ਦੀ ਜਾਂਚ ਦਾ ਮੁਫਤ ਕੈਂਪ ਲਗਾਇਆ



ਮੋਰਿੰਡਾ (ਨਿਹਾਲ ਸਿੰਘ ਕਲਸੀ)-ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸ੍ਰੀ ਚਮਕੌਰ ਸਾਹਿਬ ਦੀ ਅਗਵਾਈ ਆਯੁਸ਼ਮਾਨ ਆਰੋਗਿਆ ਕੇਂਦਰ ਓਇੰਦ ਅਧੀਨ ਪਿੰਡ ਚੱਕਲਾਂ ਵਿਖੇ 45 ਸਾਲ ਤੋਂ ਵੱਧ ਉਮਰ ਦੇ ਲੋਕਾਂ ਲਈ ਵਿਸ਼ੇਸ਼ ਅੱਖਾਂ ਦੀ ਜਾਂਚ ਕੈਂਪ ਦਾ ਸਫਲ ਆਯੋਜਨ ਕੀਤਾ ਗਿਆ।ਇਸ ਮੌਕੇ ਤੇ ਡਾ.ਗੋਬਿੰਦ ਟੰਡਨ ਨੇ ਕਿਹਾ ਕਿ ਇਸ ਕੈਂਪ ਦਾ ਮੁੱਖ ਉਦੇਸ਼ ਵੱਧ ਉਮਰ ਦੇ ਲੋਕਾਂ ਵਿੱਚ ਨਜ਼ਰ ਸੰਬੰਧੀ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਕਰਕੇ ਉਨ੍ਹਾਂ ਨੂੰ ਲੋੜੀਂਦੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਸੀ।ਅਜਿਹੇ ਕੈਂਪ ਪ੍ਰਾਇਮਰੀ ਪੱਧਰ 'ਤੇ ਅੱਖਾਂ ਦੀ ਸੰਭਾਲ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਸਮੇਂ ਸਿਰ ਇਲਾਜ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਇਸ ਮੌਕੇ ਓਪਥੈਲਮਿਕ ਅਫਸਰ ਤਨਵੀਰ ਕੌਰ ਨੇ ਦੱਸਿਆ ਕਿ ਕੈਂਪ ਦੌਰਾਨ ਕੁੱਲ 50 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਜਾਂਚ ਉਪਰੰਤ 46 ਮਰੀਜ਼ਾਂ ਵਿੱਚ ਰਿਫਰੈਕਟਿਵ ਐਰਰ (ਨਜ਼ਰ ਦੀ ਕਮੀ) ਪਾਈ ਗਈ, ਜਿਨ੍ਹਾਂ ਵਿੱਚੋਂ 44 ਮਰੀਜ਼ਾਂ ਨੂੰ ਮੁਫ਼ਤ ਐਨਕਾਂ ਵੰਡੀਆਂ ਗਈਆਂ ਅਤੇ 2 ਮਰੀਜ਼ਾਂ ਨੂੰ ਮੁਫ਼ਤ ਸਰਜਰੀ ਐੱਸ ਡੀ ਐੱਚ ਸ੍ਰੀ ਚਮਕੌਰ ਸਾਹਿਬ ਵਿਖੇ ਰੈਫਰ ਕੀਤਾ ਗਿਆ।ਉਨ੍ਹਾਂ ਕਿਹਾ ਕਿ 45 ਸਾਲ ਤੋਂ ਵੱਧ ਉਮਰ ਦੇ ਹਰ ਵਿਅਕਤੀ ਨੂੰ ਆਪਣੀਆਂ ਅੱਖਾਂ ਦੀ ਨਿਯਮਿਤ ਜਾਂਚ ਜ਼ਰੂਰ ਕਰਵਾਉਣੀ ਚਾਹੀਦੀ ਹੈ ਤਾਂ ਜੋ ਨਜ਼ਰ ਦੀ ਕਮੀ, ਮੋਤੀਆਬਿੰਦ ਅਤੇ ਹੋਰ ਅੱਖਾਂ ਦੀਆਂ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਕੇ ਇਲਾਜ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸਮੇਂ ਸਿਰ ਇਲਾਜ ਨਾਲ ਅੰਨ੍ਹੇਪਣ ਵਰਗੀਆਂ ਗੰਭੀਰ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ।ਇਸ ਮੌਕੇ ਤੇ ਨਰੰਜਣ ਸਿੰਘ ਆਈ.ਸੀ.ਟੀ.ਸੀ ਕਾਉਂਸਲਰ ਵੱਲੋਂ ਐੱਚ ਆਈ ਵੀ ਏਡਜ਼ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

# ਆਮ ਆਦਮੀ ਪਾਰਟੀ ਦੇ ਪਰਵਾਰ 'ਚ ਵਾਧਾ



ਬਟਾਲਾ, (ਤਰਲੋਕ ਬੱਗਾ)-ਦਿਨੋਂ ਦਿਨ ਆਮ ਆਦਮੀ ਪਾਰਟੀ ਦੇ ਪਰਿਵਾਰ ਵਿੱਚ ਵਾਧਾ ਹੋ ਰਿਹਾ ਹੈ ਅਤੇ ਲੋਕ 'ਆਪ' ਨਾਲ ਜੁੜ ਰਹੇ ਹਨ ਜਿਸ ਦੇ ਚੱਲਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਰਵਾਇਤੀ ਪਾਰਟੀਆਂ ਦੇ ਵੱਖ-ਵੱਖ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਹਨ।ਵਿਧਾਇਕ ਸ਼ੈਰੀ ਕਲਸੀ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਬਟਾਲੇ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਵਿੱਚ ਵਧਦਾ ਵਿਸ਼ਵਾਸ ਇਹ ਸਪੱਸ਼ਟ ਕਰਦਾ ਹੈ ਕਿ ਲੋਕ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹਨ।ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੇ ਸਰਬਪੱਖੀ ਵਿਕਾਸ ਤੇ ਭਲਾਈ ਸਕੀਮਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਦੇਣ ਲਈ ਵਚਨਬੱਧ ਹੈ।ਉਨ੍ਹਾਂ ਪੰਜਾਬ ਸਰਕਾਰ ਵਲੋਂ ਮਹਿਜ ਚਾਰ ਸਾਲਾਂ ਦੇ ਅੰਦਰ ਲਏ ਵੱਡੇ ਇਤਿਹਾਸਕ ਫੈਸਲਿਆਂ ਦੀ ਗੱਲ ਕਰਦਿਆਂ ਦੱਸਿਆ ਕਿ ਸਿੱਖਿਆ ਦਾ ਮਿਆਰ ਹੋ ਉਚਾ ਚੁੱਕਣ ਲਈ ਸਕੂਲ ਆਫ ਐਮੀਨੈਂਸ ਖੋਲ੍ਹੇ ਗਏ, ਸਿੱਖਿਆ ਦੇ ਖੇਤਰ ਵਿੱਚ ਹੋ ਸੁਧਾਰ ਦੇ ਮੰਤਵ ਨਾਲ ਅਧਿਆਪਕਾਂ ਨੂੰ ਸਿੰਗਾਪੁਰ ਵਿਖੇ ਭੇਜਿਆ।ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਰੱਖਦਿਆਂ ਆਮ ਆਦਮੀ ਕਲੀਨਿਕ ਖੋਲ੍ਹੇ, 600 ਯੂਨਿਟ ਬਿਜਲੀ ਦੇ ਬਿੱਲ ਮਾਫ ਕੀਤੇ, ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ, 10 ਲੱਖ ਰੁਪਏ ਤੱਕ ਇਲਾਜ ਕਰਵਾਉਣ ਲਈ ਸਿਹਤ ਯੋਜਨਾ ਲਾਗੂ ਕੀਤੀ, ਔਰਤਾਂ ਨੂੰ ਮੁਫਤ ਬੱਸ ਦੀ ਸਹੂਲਤ ਸਮੇਤ ਜ਼ਿਕਰਯੋਗ ਫੈਸਲੇ ਲਏ ਗਏ ਹਨ।

ਬਟਾਲਾ ਹਲਕੇ ਦੇ ਵਿਕਾਸ ਦੀ ਗੱਲ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਹਲਕੇ ਅੰਦਰ ਵੱਖ-ਵੱਖ ਵਿਕਾਸ ਕੰਮ ਕਰਵਾਏ ਜਾ ਚੁੱਕੇ ਹਨ ਅਤੇ ਕਈ ਵਿਕਾਸ ਕੰਮ ਪ੍ਰਗਤੀ ਅਧੀਨ ਹਨ।ਉਨ੍ਹਾਂ ਦੁਹਰਾਇਆ ਕਿ ਹਲਕੇ ਦਾ ਚਹੁੰ-ਪੱਖੀ ਵਿਕਾਸ ਕੰਮ ਕਰਵਾਉਣ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।

# ਬਜਾਜ ਫਿਨਸਰਵ ਫਲੈਕਸੀ ਕੈਪ ਫੰਡ ਨੇ 3 ਸਾਲਾਂ 'ਚ ਦਿੱਤਾ 18.21% ਸਾਲਾਨਾ ਰਿਟਰਨ

ਚੰਡੀਗੜ੍ਹ : ਬਜਾਜ ਫਿਨਸਰਵ ਮਿਊਚੁਅਲ ਫੰਡ ਦੇ ਫਲੈਕਸੀ ਕੈਪ ਫੰਡ ਨੇ ਤਿੰਨ ਸਾਲ ਪੂਰੇ ਕਰ ਲਏ ਹਨ।14 ਅਗਸਤ 2023 ਤੋਂ 13 ਅਗਸਤ 2026 ਤੱਕ ਫੰਡ ਦੇ ਡਾਇਰੈਕਟ ਪਲਾਨ-ਗ੍ਰੋਥ ਵਿਕਲਪ ਨੇ 18.21% ਦੀ ਸਾਲਾਨਾ ਸੀਏਜੀਆਰ ਰਿਟਰਨ ਦਿੱਤੀ, ਜਦਕਿ ਬੀਐੱਸਈ 500 ਟੀਆਰਆਈ ਦਾ ਰਿਟਰਨ 12.74% ਰਿਹਾ।ਇਸੇ ਮਿਆਦ ਵਿੱਚ ਫੰਡ ਨੇ 65.2% ਐਬਸੋਲਿਊਟ ਰਿਟਰਨ ਦਿੱਤਾ।31 ਜੁਲਾਈ 2026 ਤੱਕ ਫੰਡ ਦੀ ਪ੍ਰਬੰਧਨ ਅਧੀਨ ਸੰਪਤੀ (ਏਯੂਐੱਮ) 8,100 ਕਰੋੜ ਰੁਪਏ ਤੋਂ ਵੱਧ ਹੋ ਗਈ ਅਤੇ ਇਸ ਨਾਲ 3 ਲੱਖ ਤੋਂ ਵੱਧ ਨਿਵੇਸ਼ਕ ਫੋਲੀਓਜ਼ ਜੁੜੇ ਹਨ।ਬਜਾਜ ਐਸੈਟ ਮੈਨੇਜਮੈਂਟ ਦੇ ਐਮਡੀ ਗਣੇਸ਼ ਮੋਹਨ ਨੇ ਕਿਹਾ ਕਿ ਫੰਡ ਦੀ ਕਾਰਗੁਜ਼ਾਰੀ ਅਨੁਸ਼ਾਸਿਤ ਨਿਵੇਸ਼ ਅਤੇ ਮੈਗਾਟ੍ਰੈਂਡਜ਼-ਅਧਾਰਿਤ ਰਣਨੀਤੀ ਨੂੰ ਦਰਸਾਉਂਦੀ ਹੈ।

# ਰੱਖੜ ਪੁੰਨਿਆਂ ਦੇ ਮੌਕੇ ਰਈਆ ਦਾਣਾ ਮੰਡੀ ਵਿਖੇ ਹੋਵੇਗਾ ਰਾਜ ਪੱਧਰੀ ਸਮਾਗਮ : ਟੌਂਗ



ਬਿਆਸ (ਪਰਮਜੀਤ ਸਿੰਘ ਰੱਖੜਾ) ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਨਗਰ ਰਈਆ ਦੀ ਦਾਣਾ ਮੰਡੀ ਵਿਖੇ 28 ਅਗਸਤ ਨੂੰ ਰੱਖੜ ਪੁੰਨਿਆਂ ਦੇ ਪਾਵਨ ਤਿਉਹਾਰ ਨੂੰ ਸਮਰਪਤ ਰਾਜ ਪੱਧਰੀ ਸਮਾਗਮ ਕਰਵਾਇਆ ਜਾਵੇਗਾ। ਇਸ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਬੁੱਧਵਾਰ ਵਿਧਾਇਕ ਬਾਬਾ ਬਕਾਲਾ ਸਾਹਿਬ ਦਲਬੀਰ ਸਿੰਘ ਟੌਂਗ, ਬਟਾਲਾ ਦੇ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦਾਣਾ ਮੰਡੀ ਰਈਆ ਵਿਖੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਲੋੜੀਂਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ।ਇਸ ਮੌਕੇ ਵਿਧਾਇਕ ਟੌਂਗ ਨੇ ਦੱਸਿਆ ਕਿ ਬਾਬਾ ਬਕਾਲਾ ਸਾਹਿਬ ਦੇ ਪਵਿੱਤਰ ਰੱਖੜ ਪੁੰਨਿਆਂ ਦੇ ਤਿਉਹਾਰ ਨੂੰ ਸਮਰਪਤ ਦਾਣਾ ਮੰਡੀ ਰਈਆ ਵਿਖੇ ਵਿਸ਼ਾਲ ਰਾਜ ਪੱਧਰੀ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਸ਼ਾਮਲ ਹੋਵੇਗੀ। ਉਨ੍ਹਾ ਕਿਹਾ ਕਿ ਸੰਗਤ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਇਹ ਸਮਾਗਮ ਦਾਣਾ ਮੰਡੀ ਰਈਆ ਵਿਖੇ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ।ਇਸ ਰਾਜ ਪੱਧਰੀ ਸਮਾਗਮ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਪੰਜਾਬ ਵਜ਼ਾਰਤ ਦੇ ਮੰਤਰੀ ਵੀ ਸ਼ਾਮਿਲ ਹੋਣਗੇ।ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਦੇ ਪਹੁੰਚਣ ਦੀ ਸੰਭਾਵਨਾ ਹੈ, ਜਿਸ ਦੇ ਮੱਦੇਨਜ਼ਰ ਸੰਗਤਾਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਮੁੱਖ ਰੱਖਦਿਆਂ ਸਾਰੇ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣ।ਉਨ੍ਹਾ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੰਗਤ ਲਈ ਲੰਗਰ, ਪੀਣ ਵਾਲੇ ਸਾਫ਼ ਪਾਣੀ, ਛਾਂ, ਪੱਖਿਆਂ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦਾ ਢੁਕਵਾਂ ਪ੍ਰਬੰਧ ਕੀਤਾ ਜਾਵੇ। ਇਸ ਤੋਂ ਇਲਾਵਾ ਦਾਣਾ ਮੰਡੀ ਦੀ ਸਫ਼ਾਈ, ਬਿਜਲੀ, ਪਾਣੀ, ਆਵਾਜਾਈ ਅਤੇ ਹੋਰ ਜ਼ਰੂਰੀ ਪ੍ਰਬੰਧਾਂ ਨੂੰ ਵੀ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਐੱਸ ਡੀ ਐੱਮ ਬਾਬਾ ਬਕਾਲਾ ਸਾਹਿਬ ਜਸ਼ਨਜੀਤ ਸਿੰਘ, ਲੋਕ ਨਿਰਮਾਣ ਵਿਭਾਗ ਦੇ ਐਕਸੀਅਨ ਨਿਰਮਲਜੀਤ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਹੋਰ ਅਧਿਕਾਰੀ ਹਾਜ਼ਰ ਸਨ।

# ਕ੍ਰਿਕਟਰ ਮਨਪ੍ਰੀਤ ਸਿੰਘ ਗੋਨੀ ਤੇ ਐਥਲੀਟ ਕੁਨਾਰ 'ਆਪ' 'ਚ ਸ਼ਾਮਲ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਦੀਆਂ ਲੋਕ-ਪੱਖੀ ਨੀਤੀਆਂ ਅਤੇ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਬੁੱਧਵਾਰ ਨੂੰ ਇੰਡੀਅਨ ਕ੍ਰਿਕਟਰ ਮਨਪ੍ਰੀਤ ਸਿੰਘ (ਗੋਨੀ) ਅਤੇ ਐਥਲੀਟ ਕੁਨਾਰ (ਅੰਤਰਰਾਸ਼ਟਰੀ ਗੋਲਡ ਮੈਡਲਿਸਟ) ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਦੋਵੇਂ ਖਿਡਾਰੀਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ। ਮੁੱਖ ਮੰਤਰੀ ਮਾਨ ਨੇ ਗੋਨੀ ਅਤੇ ਕੁਨਾਰ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਅਤੇ ਉਨ੍ਹਾਂ ਨੂੰ ਪਾਰਟੀ ਵਿੱਚ ਰਸਮੀ ਤੌਰ 'ਤੇ ਸ਼ਾਮਲ ਕਰਵਾਇਆ। ਇਸ ਮੌਕੇ ਮੰਤਰੀ ਗੁਰਮੀਤ ਖੁੱਡੀਆਂ ਵੀ ਮੌਜੂਦ ਸਨ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਪਰਵਾਰ ਵਿੱਚ



ਅੱਜ ਇੱਕ ਹੋਰ ਬਹੁਤ ਹੀ ਸ਼ਾਨਦਾਰ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਖੇਡ ਮੈਦਾਨਾਂ ਵਿੱਚ ਪੰਜਾਬ ਦਾ ਨਾਂਅ ਰੌਸ਼ਨ ਕਰਨ ਵਾਲੇ ਅਜਿਹੇ ਨੌਜਵਾਨਾਂ ਦਾ ਸਾਥ ਸਾਨੂੰ 'ਰੰਗਲਾ ਪੰਜਾਬ' ਸਿਰਜਣ ਦੀ ਮੁਹਿੰਮ ਵਿੱਚ ਹੋਰ ਤਾਕਤ ਦੇਵੇਗਾ। ਉਨ੍ਹਾਂ ਦੇ ਤਜਰਬੇ ਨਾਲ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਵਿੱਚ ਵੱਡੀ ਮਦਦ ਮਿਲੇਗੀ।

ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਗੋਨੀ ਅਤੇ ਕੁਨਾਰ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਨੀਤੀਆਂ ਅਤੇ ਸੂਬੇ ਦੇ ਵਿਕਾਸ ਲਈ ਕੀਤੇ ਜਾ ਰਹੇ ਕਾਰਜਾਂ ਤੋਂ ਬੇਹੱਦ ਪ੍ਰਭਾਵਿਤ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਅਤੇ ਪੰਜਾਬ ਦੇ ਭਲੇ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ।

# 'ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਤੇ ਸਮਾਜਿਕ ਸਮਾਨਤਾ' ਵਿਸ਼ੇ 'ਤੇ ਸੈਮੀਨਾਰ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਪਵਿੱਤਰ ਬਾਣੀ ਸਰਬ ਸਾਂਝੀਵਾਲਤਾ, ਮਨੁੱਖੀ ਬਰਾਬਰੀ, ਸਮਾਜਿਕ ਨਿਆਂ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦੀ ਹੈ,



ਜਿਸ ਨੂੰ ਆਪਣੇ ਜੀਵਨ ਵਿੱਚ ਅਪਣਾਉਂਦਿਆਂ ਸਾਨੂੰ ਸਭ ਨੂੰ ਆਦਰਸ਼ ਸਮਾਜ ਦੀ ਸਿਰਜਣਾ ਵਿੱਚ ਸਰਗਰਮ ਯੋਗਦਾਨ ਪਾਉਣਾ ਚਾਹੀਦਾ ਹੈ।ਕੈਬਨਿਟ ਮੰਤਰੀ ਮੋਹਿੰਦਰ ਭਗਤ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਸਥਾਨਕ ਡੀ.ਏ.ਵੀ. ਯੂਨੀਵਰਸਿਟੀ ਵਿਖੇ 'ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਅਤੇ ਸਮਾਜਿਕ ਸਮਾਨਤਾ' ਵਿਸ਼ੇ 'ਤੇ ਕਰਵਾਏ ਗਏ ਸੈਮੀਨਾਰ ਨੂੰ ਸੰਬੋਧਨ ਕਰ ਰਹੇ ਸਨ। ਆਪਣੇ ਸੰਬੋਧਨ ਦੌਰਾਨ ਬਾਗਬਾਨੀ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਅਜਿਹੇ ਸਮਾਜ ਦਾ ਸੰਕਲਪ ਦਿੱਤਾ ਹੈ, ਜਿਸ ਵਿੱਚ ਕਿਸੇ ਕਿਸਮ ਦਾ ਵਿਤਕਰਾ, ਸ਼ੋਸ਼ਣ ਅਤੇ ਅਸਮਾਨਤਾ ਨਾ ਹੋਵੇ, ਅਜਿਹਾ ਸਮਾਜ ਜੋ ਬਰਾਬਰੀ, ਨਿਆਂ, ਦਿਆ ਅਤੇ ਆਪਸੀ ਸਨਮਾਨ 'ਤੇ ਆਧਾਰਿਤ ਹੋਵੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਨੇ ਮਨੁੱਖਤਾ ਨੂੰ ਸੱਚਾ ਰਾਹ ਦਿਖਾਇਆ ਅਤੇ ਉਨ੍ਹਾਂ ਦਾ ਬਰਾਬਰੀ ਵਾਲੇ ਸਮਾਜ ਦਾ ਸੰਕਲਪ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ। ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਵੱਖ-ਵੱਖ ਸਮਾਗਮ ਉਲੀਕੇ ਗਏ ਹਨ। ਉਨ੍ਹਾਂ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੇ ਹਿੱਸੇ ਵਜੋਂ ਡੇਰਾ ਸੱਚਖੰਡ ਬੱਲਾਂ ਨੇੜੇ ਨੌਗੱਜਾ ਫਰੀਦਪੁਰਾ ਵਿਖੇ 10.4 ਏਕੜ ਰਕਬੇ ਵਿੱਚ 37 ਕਰੋੜ ਦੀ ਲਾਗਤ ਨਾਲ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਇਸ ਦੌਰਾਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਕਰਵਾਏ ਗਏ ਲੇਖ ਅਤੇ ਪੋਸਟਰ ਮੇਕਿੰਗ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਐੱਸ ਡੀ ਐੱਮ ਸ਼ਾਇਰੀ ਮਲਹੋਤਰਾ, ਪੰਜਾਬੀ ਲੋਕ ਗਾਇਕ ਦਲਵਿੰਦਰ ਦਿਆਲਪੁਰੀ, ਯੂਨੀਵਰਸਿਟੀ ਦੇ ਫੈਕਲਟੀ ਮੈਂਬਰ ਤੇ ਵਿਦਿਆਰਥੀ ਵੀ ਮੌਜੂਦ ਸਨ।

# ਯੁਵਕ ਸੇਵਾਵਾਂ ਵਿਭਾਗ ਨੇ ਕਰਵਾਈ ਜ਼ਿਲ੍ਹਾ ਪੱਧਰੀ ਰੈੱਡ ਰਨ ਮੈਰਾਥਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਡਾਇਰੈਕਟਰ ਯੁਵਕ ਸੇਵਾਵਾਂ ਪੰਜਾਬ ਦੀ ਨਿਰਦੇਸ਼ਨਾ ਤਹਿਤ ਪੰਜਾਬ ਰਾਜ ਏਡਜ਼ ਕੰਟਰੋਲ ਸੁਸਾਇਟੀ ਦੇ



ਸਹਿਯੋਗ ਨਾਲ ਸਥਾਨਕ ਅਮਿਟੀ ਯੂਨੀਵਰਸਿਟੀ ਮੋਹਾਲੀ ਵਿਖੇ ਕੈਪਟਨ (ਸੇਵਾਮੁਕਤ) ਮਨਤੇਜ ਸਿੰਘ ਚੀਮਾ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਦੀ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਰੈਡ ਰਨ ਮੈਰਾਥਨ ਕਰਵਾਈ ਗਈ। ਜਿਸ ਵਿੱਚ ਵੱਖ-ਵੱਖ ਕਾਲਜਾਂ, ਯੂਨੀਵਰਸਿਟੀਆਂ ਨੇ ਭਾਗ ਲਿਆ। ਇਸ ਮੌਕੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਮਨਤੇਜ ਸਿੰਘ ਚੀਮਾ ਨੇ ਕਿਹਾ ਕਿ ਮੈਰਾਥਨ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਪ੍ਰਭਾਵ ਤੋਂ ਦੂਰ ਰੱਖਣਾ, ਐੱਚ.ਆਈ.ਵੀ. ਤੋਂ ਨਿਜਾਤ ਦਿਵਾਉਣਾ, ਵਲੰਟਰੀ ਬਲੱਡ ਡੂਨੇਸ਼ਨ ਕੰਪੇਨ ਨੂੰ ਉਤਸ਼ਾਹਿਤ ਕਰਨਾ ਅਤੇ ਟੀ.ਵੀ. ਮੁਕਤ ਭਾਰਤ ਮੁਹਿੰਮ ਨੂੰ ਕਾਮਯਾਬ ਕਰਨ ਵਿੱਚ ਵਡਮੁੱਲਾ ਯੋਗਦਾਨ ਦੇਣਾ ਹੈ। ਯੂਨੀਵਰਸਿਟੀ ਵਲੋਂ ਡਾ. ਦਲੀਪ ਕੁਮਾਰ ਰਜਿਸਟਰਾਰ ਅਤੇ ਡਾ. ਪੁਨੀਤ ਸ਼ਰਮਾ ਵਾਈਸ ਚਾਂਸਲਰ ਵਲੋਂ ਪੂਰਨ ਸਹਿਯੋਗ ਦਿੱਤਾ ਗਿਆ। ਡਾ. ਦਮਨਪ੍ਰੀਤ ਸਿੰਘ ਚੁਘ ਐਸੋਸੀਏਟ ਪ੍ਰੋਫੈਸਰ, ਪ੍ਰੋਗਰਾਮ ਕੋਆਡੀਨੇਟਰ ਰੈਡ ਰਿਬਨ ਕਲੱਬ ਵਲੋਂ ਪ੍ਰੋਗਰਾਮ ਨੂੰ ਸੰਚਾਰੂ ਢੰਗ ਨਾਲ ਨੇਪਰੇ ਚਾੜਨ ਲਈ ਵਡਮੁੱਲਾ ਯੋਗਦਾਨ ਦਿੱਤਾ ਗਿਆ। ਰੈਡ ਰਨ ਮੈਰਾਥਨ ਵਿੱਚ ਲੜਕੀਆਂ ਅਤੇ ਲੜਕਿਆਂ ਦੇ ਅਲੱਗ ਅਲੱਗ ਮੁਕਾਬਲੇ ਕਰਵਾਏ ਗਏ। ਲੜਕੀਆਂ ਦੀ ਮੈਰਾਥਨ ਵਿਚੋਂ ਸਨੇਹਾ ਝਾਅ ਸਰਕਾਰੀ ਕਾਲਜ ਡੇਰਾਬੱਸੀ ਨੇ ਪਹਿਲਾ, ਸੰਤੋਸ਼ ਝਾਅ ਸਰਕਾਰੀ ਕਾਲਜ ਡੇਰਾਬੱਸੀ ਨੇ ਦੂਸਰਾ ਅਤੇ ਹਰਕੀਰਤ ਕੌਰ ਚੰਡੀਗੜ੍ਹ ਯੂਨੀਵਰਸਿਟੀ ਘੜੂਆਂ ਨੇ ਤੀਸਰਾ ਸਥਾਨ ਹਾਸਲ ਕੀਤਾ। ਲੜਕਿਆਂ ਦੀ ਮੈਰਾਥਨ ਵਿੱਚੋਂ ਆਦਿਤਿਆ ਰਾਏ ਸਰਕਾਰੀ ਬਹੁਤਕਨੀਕੀ ਕਾਲਜ ਖੂਨੀਮਾਜਰਾ ਨੇ ਪਹਿਲਾ, ਪ੍ਰਵੇਜ਼ ਅਨਸਾਰੀ ਚੰਡੀਗੜ੍ਹ ਯੂਨੀਵਰਸਿਟੀ ਘੜੂਆਂ ਨੇ ਦੂਸਰਾ, ਅਭਿਉਦਿਤ ਸਿੰਘ ਚੰਡੀਗੜ੍ਹ ਯੂਨੀਵਰਸਿਟੀ ਘੜੂਆਂ ਨੇ ਤੀਸਰਾ ਸਥਾਨ ਹਾਸਲ ਕੀਤਾ। ਜੱਜਮੈਂਟ ਦੀ ਭੂਮਿਕਾ ਕੁਲਵਿੰਦਰ ਕੌਰ ਅਥਲੈਟਿਕ ਕੋਚ, ਪ੍ਰੀਤਪਾਲ ਸਿੰਘ ਅਥਲੈਟਿਕ ਕੋਚ, ਰਾਹੁਲ ਅਥਲੈਟਿਕ ਕੋਚ ਵੱਲੋਂ ਨਿਭਾਈ ਗਈ। ਜੇਤੂ ਟੀਮਾਂ ਨੂੰ ਮੈਡਲ, ਸਰਟੀਫਿਕੇਟ ਅਤੇ ਰਾਸ਼ੀ ਆਦਿ ਨਾਲ ਸਨਮਾਨਤ ਕੀਤਾ ਗਿਆ ਅਤੇ ਭਾਗੀਦਾਰਾਂ ਨੂੰ ਸਰਟੀਫਿਕੇਟ ਦਿੱਤੇ ਗਏ। ਇਸ ਮੌਕੇ ਗੁਰਬਖਸ਼ੀਸ਼ ਸਿੰਘ ਪ੍ਰੋਗਰਾਮ ਕੋਆਡੀਨੇਟਰ ਰੈਡ ਰਿਬਨ ਕਲੱਬ ਸਰਕਾਰੀ ਬਹੁਤਕਨੀਕੀ ਕਾਲਜ ਹਾਜ਼ਿਰ ਸਨ। ਚਰਨਜੀਤ ਕੌਰ ਸਟੈਨੋ ਵੱਲੋਂ ਪ੍ਰੋਗਰਾਮ ਨੂੰ ਸਫਲਤਾਪੂਰਵਕ ਕਰਾਉਣ ਵਿਚ ਅਹਿਮ ਭੂਮਿਕਾ ਨਿਭਾਈ ਗਈ। ਇਹ ਜ਼ਿਲ੍ਹਾ ਪੱਧਰੀ ਜੇਤੂ ਟੀਮਾਂ ਭਾਗ ਲੈਣਗੀਆਂ ਸਟੇਟ ਪੱਧਰੀ ਰੈਡ ਰਨ ਮੈਰਾਥਨ ਵਿੱਚ ਭਾਗ ਲੈਣਗੀਆਂ।

## ਪਛੜੀਆਂ ਸ਼੍ਰੇਣੀਆਂ ਦੇ ਹੱਕਾਂ 'ਤੇ ਪਹਿਰਾ ਦੇਣਗੇ ਭੁਪਿੰਦਰ ਸਿੰਘ : ਸੰਜੀਵ ਤਲਵਾੜ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਵੱਲੋਂ ਭੁਪਿੰਦਰ ਸਿੰਘ ਮਹਿੰਦੀਪੁਰ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਛੜੀਆਂ ਸ਼੍ਰੇਣੀਆਂ ਸੈੱਲ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਪਾਰਟੀ ਆਗੂਆਂ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਹਲਕਾ ਇੰਚਾਰਜ ਹੁਸ਼ਿਆਰਪੁਰ ਸੰਜੀਵ



ਤਲਵਾੜ ਨੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ।ਸੰਜੀਵ ਤਲਵਾੜ ਨੇ ਸਨਮਾਨਤ ਕਰਦਿਆਂ ਆਖਿਆ ਕਿ ਭੁਪਿੰਦਰ ਸਿੰਘ ਦੇ ਜ਼ਿਲ੍ਹਾ ਪ੍ਰਧਾਨ ਬਣਨ ਨਾਲ ਪਛੜੀਆਂ ਸ਼੍ਰੇਣੀਆਂ ਦੇ ਹੱਕਾਂ ਦੀ ਮਜ਼ਬੂਤੀ ਨਾਲ ਪੈਰਵੀ ਹੋਵੇਗੀ। [illegible]

## ਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਵੱਲੋਂ ਨਗਰ ਕੌਂਸਲ ਪ੍ਰਧਾਨ ਨਾਲ ਮੀਟਿੰਗ

**ਆਦਮਪੁਰ (ਪਰਮਜੀਤ ਸਿੰਘ)**- ਸ੍ਰੀ ਗੁਰੂ ਰਵਿਦਾਸ ਜੀ ਵੈਲਫੇਅਰ ਸੋਸਾਇਟੀ ਆਦਮਪੁਰ ਦੇ ਮੈਂਬਰਾਂ ਵੱਲੋਂ ਨਗਰ ਕੌਂਸਲ ਆਦਮਪੁਰ ਦੇ ਪ੍ਰਧਾਨ ਚਰਨਜੀਤ ਸਿੰਘ ਸ਼ੈਰੀ ਨਾਲ ਇੱਕ ਵਿਸ਼ੇਸ਼



ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਆਦਮਪੁਰ ਸ਼ਹਿਰ ਨਾਲ ਸਬੰਧਤ ਅਹਿਮ ਮੁੱਦਿਆਂ 'ਤੇ ਗੰਭੀਰ ਚਰਚਾ ਹੋਈ। ਮੀਟਿੰਗ ਦੌਰਾਨ ਸੋਸਾਇਟੀ ਦੇ ਨੁਮਾਇੰਦਿਆਂ ਵੱਲੋਂ ਸ਼ਹਿਰ ਵਿੱਚ ਸੀਵਰੇਜ ਦੀ ਨਿਘਰਦੀ ਹਾਲਤ, ਪੀਣ ਵਾਲੇ ਸਾਫ਼ ਪਾਣੀ ਦੀ ਘਾਟ, ਵਾਹਨਾਂ ਦੀ ਰਫ਼ਤਾਰ 'ਤੇ ਠੱਲ੍ਹ ਪਾਉਣ ਲਈ ਸਪੀਡ ਬ੍ਰੇਕਰ ਬਣਾਉਣ ਅਤੇ ਰਾਤ ਸਮੇਂ ਸੁਰੱਖਿਆ ਯਕੀਨੀ ਬਣਾਉਣ ਲਈ ਵੱਖ-ਵੱਖ ਥਾਵਾਂ 'ਤੇ ਸਟਰੀਟ ਲਾਈਟਾਂ ਲਗਾਉਣ ਸਬੰਧੀ ਮੰਗਾਂ ਪ੍ਰਧਾਨ ਅੱਗੇ ਰੱਖੀਆ ਗਈਆਂ। ਨਗਰ ਕੌਂਸਲ ਪ੍ਰਧਾਨ ਚਰਨਜੀਤ ਸਿੰਘ ਸ਼ੈਰੀ ਨੇ ਸੋਸਾਇਟੀ ਮੈਂਬਰਾਂ ਦੀਆਂ ਮੰਗਾਂ ਨੂੰ ਧਿਆਨਪੂਰਵਕ ਸੁਣਿਆ ਅਤੇ ਵਿਸ਼ਵਾਸ ਦਿਵਾਇਆ ਕਿ ਸ਼ਹਿਰ ਵਾਸੀਆਂ ਦੀਆਂ ਇਹਨਾਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਰਵੀ ਵਾਲੀਆ, ਰਵਿੰਦਰ ਕੁਮਾਰ, ਸੰਨੀ, ਕੁਲਵੰਤ ਸੋਨੂ, ਰਵੀ ਕੁਮਾਰ, ਨਰਿੰਦਰ ਕੁਮਾਰ, ਜਤਿੰਦਰ ਕੁਮਾਰ, ਹਰਪ੍ਰੀਤ ਸੰਧੂ, ਭੁਪਿੰਦਰ ਪਾਲ ਅਤੇ ਮਨੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# 'ਹਰ ਘਰ ਝੰਡਾ, ਹਰ ਘਰ ਪੰਜਾ' ਮੁਹਿੰਮ ਦੀ ਸ਼ੁਰੂਆਤ

**ਬਲਾਚੌਰ (ਜਸਵਿੰਦਰ ਬੈਂਸ)**- ਕਾਂਗਰਸ ਪਾਰਟੀ ਦਫ਼ਤਰਵਿਖੇ ਸ਼ੁਭਮ ਸ਼ਰਮਾ ਸ਼ੁਭੀ ਪ੍ਰਧਾਨ ਯੂਥ ਕਾਂਗਰਸ ਪੰਜਾਬ ਆਪਣੇ ਸਾਥੀਆਂ ਸਮੇਤ ਯੂਥ ਨੂੰ ਸੰਬੋਧਨ ਕਰਨ ਲਈ ਪਹੁੰਚਣ ਤੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਵੱਲੋਂ ਨਿੱਘਾ [illegible]



[illegible] ਹਰ ਘਰ ਝੰਡਾ, ਹਰ ਘਰ ਪੰਜਾ ਮੁਹਿੰਮ ਨਾਲ ਜੁੜਨ ਲਈ ਅਪੀਲ ਕੀਤੀ ਗਈ। ਇਸ ਮੌਕੇ ਅਜੇ ਮੰਗੂਪੁਰ ਨੇ ਕਿਹਾ ਕਿ ਸ਼ੁਭਮ ਸ਼ਰਮਾ ਇੱਕ ਬਹੁਤ ਹੀ ਹੋਣਹਾਰ ਅਤੇ ਊਰਜਾ ਨਾਲ ਭਰਪੂਰ ਨੌਜਵਾਨ ਹੈ, ਜਿਸ ਨੇ ਕਾਂਗਰਸ ਪਾਰਟੀ ਲਈ ਹਮੇਸ਼ਾ ਨਿਸਵਾਰਥ ਭਾਵ ਨਾਲ ਸੇਵਾ ਨਿਭਾਈ ਹੈ। ਮੈਨੂੰ ਪੂਰਨ ਵਿਸ਼ਵਾਸ ਹੈ ਕਿ ਮੇਰਾ ਭਰਾ ਸ਼ੁਭੀ ਆਪਣੀ ਮਿਹਨਤ ਸਦਕਾ ਨੌਜਵਾਨਾਂ ਦੇ ਦਿਲਾਂ ਵਿੱਚ ਕਾਂਗਰਸ ਪਾਰਟੀ ਲਈ ਵਧੇਰਾ ਵਿਸ਼ਵਾਸ ਕਾਇਮ ਕਰੇਗਾ ਅਤੇ ਕਾਂਗਰਸ ਪਾਰਟੀ ਦਾ ਝੰਡਾ ਬੁਲੰਦ ਕਰੇਗਾ। ਇਸ ਮੌਕੇ ਸ਼ੁਭਮ ਸ਼ਰਮੀ ਸ਼ੁਭੀ ਯੂਥ ਪ੍ਰਧਾਨ ਕਾਂਗਰਸ ਪੰਜਾਬ, ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ [illegible] ਲਾਲ ਚੇਚੀ ਜਨਰਲ ਸਕੱਤਰ ਡੀ ਸੀ ਸੀ, ਬਲਵੀਰ ਚੌਧਰੀ ਵਾਈਸ ਚੇਅਰਪਰਸਨ ਸੜੋਆ, ਹਰਪ੍ਰੀਤ ਹੈਰੀ ਯੂਥ ਪ੍ਰਧਾਨ ਸ਼ਹਿਰੀ, ਅਭਿਸ਼ੇਕ ਰਾਣਾ ਯੂਥ ਆਗੂ, ਦਿਨੇਸ਼ ਕੁਮਾਰ ਆਗੂ ਐਸ ਸੀ ਸੈੱਲ, ਪ੍ਰਿੰਸ ਪਵਾਰ ਯੂਥ ਆਗੂ, ਸੁੱਖਾ ਝੰਡੂਪੁਰ, ਜਸਦੇਵ ਭੂੰਬਲਾ, ਵਿਵੇਕ ਰਾਣਾ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।

# ਵਾਤਾਵਰਣ ਸ਼ੁਧਤਾ ਲਈ ਕਿਸਾਨਾਂ ਨੂੰ ਵੰਡੇ ਮੁਫਤ ਬੂਟੇ

**ਨਵਾਂਸ਼ਹਿਰ (ਮਨੋਜ ਲਾਡੀ)**- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਬਲਾਕ ਬੰਗਾ ਵਲੋਂ ਕਿਸਾਨਾਂ ਨੂੰ ਖੇਤੀ ਤਕਨੀਕਾਂ ਸੰਬੰਧੀ ਨਵੀਨਤਮ ਜਾਣਕਾਰੀ ਹਿੱਤ ਚਲਾਈ ਜਾ ਰਹੀ ਆਤਮਾ ਸਕੀਮ [illegible] ਏਕੜ ਅਤੇ ਵਡੇ ਪੱਧਰ ਤੇ ਖੇਤੀ ਮਸ਼ੀਨਰੀ ਉਪਦਾਨ ਤੇ ਦਿਤੀ ਜਾ ਰਹੀ ਹੈ ਕਿਸਾਨ ਇਹਨਾਂ ਸਕੀਮਾਂ ਦਾ ਵੱਧ ਤੋ ਵੱਧ ਲਾਭ ਪ੍ਰਾਪਤ ਕਰਨ । ਸਮਾਗਮ ਦੇ ਵਿਸ਼ੇਸ਼ ਮਹਿਮਾਨ ਡਾ. ਸੁਰਿੰਦਰ ਕੁਮਾਰ ਜਿਲਾ [illegible]



[illegible] ਰਾਜ ਮੁੱਖ ਖੇਤੀਬਾੜੀ ਅਫਸਰ , ਸ਼ਹੀਦ ਭਗਤ ਸਿੰਘ ਨਗਰ ਨੇ ਕਿਸਾਨਾਂ ਨੂੰ ਜ਼ਿਲ੍ਹੇ ਵਿੱਚ ਚੱਲ ਰਹੀਆਂ ਕਿਸਾਨ ਭਲਾਈ ਸਕੀਮਾਂ ਜਿਵੇ ਕਿ ਫਸਲੀ ਵਿਭਿੰਨਤਾ ਸਕੀਮ ਤਹਿਤ ਕਿਸਾਨਾਂ ਨੂੰ ਪ੍ਰਤੀ ਏਕੜ 7000/- ਰੁਪਏ ਰਾਹਤ ਰਾਸ਼ੀ ਦਿੱਤੀ ਜਾ ਰਹੀ ਹੈ, ਝੋਨੇ ਦੀ ਸਿੱਧੀ ਬਿਜਾਈ ਤੇ 1500/- ਰੁਪਏ ਪ੍ਰਤੀ [illegible] ਸੁਖਦੀਪ ਸਿੰਘ ਸੱਲ ਕਲਾਂ, ਸੁਰਜੀਤ ਸਿੰਘ ਰਾਏ ਲੰਗੇਰੀ, ਹਰਦੀਪ ਸਿੰਘ ਢੰਢੂਹਾ, ਸਤਨਾਮ ਸਿੰਘ ਬੀਸਲਾ, ਚਰਨਜੀਤ ਸਿੰਘ ਮੰਡੇਰ, ਸੁਰਜੀਤ ਸਿੰਘ ਚੱਕ ਮੰਡੇਰ, ਗੁਰਦੀਪ ਸਿੰਘ ਕਟਾਰੀਆ, ਵਰਿੰਦਰ ਕੁਮਾਰ ਸਰਪੰਚ ਕਟਾਰੀਆ, ਹਰਜੀਤ ਸਿੰਘ ਝਿੱਕਾ, ਸੁਖਵਿੰਦਰ ਸਿੰਘ ਝਿੱਕਾ ਆਦਿ ਹਾਜ਼ਰ ਸਨ।

# ਪੰਜਾਬੀ ਸ਼ਾਰਟਹੈਂਡ ਕੋਰਸ ਲਈ ਦਾਖਲਾ ਪ੍ਰਕਿਰਿਆ ਸ਼ੁਰੂ

**ਮੁਹਾਲੀ (ਗੁਰਜੀਤ ਬਿੱਲਾ)**- ਸਹਾਇਕ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਪੰਜਾਬੀ ਸੈੱਲ ਚੰਡੀਗੜ੍ਹ ਵੱਲੋਂ ਸੈਸ਼ਨ 2026-27 ਦੇ ਲਈ ਪੰਜਾਬੀ ਸ਼ਾਰਟਹੈਂਡ ਦੀ ਮੁਫ਼ਤੀ ਸਿਖਲਾਈ [illegible] 2026-27 ਲਈ ਪੰਜਾਬੀ ਸ਼ਾਰਟਹੈਂਡ ਲਈ ਫਾਰਮ 24 ਅਗਸਤ ਤੱਕ ਭਰੇ ਜਾ ਰਹੇ ਹਨ। [illegible] ਵਧੇਰੇ ਜਾਣਕਾਰੀ ਲਈ ਉਮੀਦਵਾਰ 24 ਅਗਸਤ ਤੱਕ ਕਿਸੇ ਵੀ ਕੰਮ-ਕਾਜ ਵਾਲੇ ਦਿਨ ਦਫਤਰੀ ਸਮੇਂ (ਸੋਮਵਾਰ ਤੋਂ ਸ਼ੁੱਕਰਵਾਰ) ਦਫ਼ਤਰ ਸਹਾਇਕ ਡਾਇਰੈਕਟਰ ਪੰਜਾਬੀ ਸੈੱਲ ਸਰਕਾਰੀ ਕਾਲਜ, ਫੇਜ-6 (ਸਾਹਮਣੇ ਸਰਕਾਰੀ ਹਸਪਤਾਲ) ਮੋਹਾਲੀ ਵਿਖੇ ਸੰਪਰਕ ਕਰ ਸਕਦੇ ਹਨ।

## ਤੀਆਂ ਦਾ ਤਿਉਹਾਰ ਮਨਾ ਕੇ ਖੁਸ਼ੀਆਂ ਮਨਾਈਆਂ

**ਜੇਜੋ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੀ.ਐਚ.ਸੀ. ਪੋਸੀ ਦੇ ਸਮੁੱਚੇ ਸਟਾਫ ਵੱਲੋਂ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਤੀਆਂ ਦਾ ਤਿਉਹਾਰ ਓਸ਼ਿਸ਼ ਰਿਜ਼ੋਰਟ ਗੜ੍ਹਸ਼ੰਕਰ ਵਿਖੇ ਉਤਸ਼ਾਹ ਪੂਰਵਕ



ਢੰਗ ਨਾਲ ਮਨਾਇਆ ਗਿਆ। ਤੀਆਂ ਦੇ ਇਸ ਸਮਾਗਮ ਵਿੱਚ ਡਾਕਟਰ ਹਰਪੁਨੀਤ ਕੌਰ, ਡਾਕਟਰ ਮਾਰੀਆ, ਡਾਕਟਰ ਰਮਨ, ਦੀਪਿਕਾ ਨਰਸਿੰਗ ਸਿਸਟਰ, ਅਮਨਦੀਪ ਕੌਰ ਸਟਾਫ ਨਰਸ, ਮਮਤਾ ਰਾਣੀ, ਜੋਗਿੰਦਰ ਕੌਰ ਐਲ.ਐਚ.ਵੀ, ਰਜਿੰਦਰ ਕੌਰ, ਸੰਤੋਸ਼, ਪੂਜਾ, ਰਾਜਵੀਰ ਕੌਰ, ਰਜਿੰਦਰ ਕੌਰ, ਸਮੇਤ ਰਿਟਾਇਰਡ ਸਟਾਫ ਵਿੱਚੋਂ ਪਰਮਜੀਤ ਕੌਰ ਨਰਸਿੰਗ ਸਿਸਟਰ, ਸਤਵਿੰਦਰ ਕੌਰ, ਪਰਮਜੀਤ ਕੌਰ ਨਰਸਿੰਗ ਸਿਸਟਰ ਗੜ੍ਹਸ਼ੰਕਰ, ਨੀਲਮ ਰਾਣੀ, ਹਰਮਨਜੀਤ, ਵਿਨੋਦ ਬਾਲਾ, ਸੁਰਿੰਦਰ ਕੌਰ, ਰੇਸ਼ਮ ਕੌਰ ਆਦਿ ਹਾਜ਼ਰ ਸਨ। ਇਸ ਮੌਕੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਾਰਿਆਂ ਨੇ ਰਲ ਮਿਲ ਕੇ ਇਕੱਠੇ ਬੈਠ ਕੇ ਖਾਣਾ ਖਾਧਾ। ਪੰਜਾਬੀ ਪਹਿਰਾਵੇ ਵਿੱਚ ਆਪਣੀ ਪੁਰਾਤਨ ਸੰਸਕ੍ਰਿਤੀ ਨੂੰ ਯਾਦ ਕੀਤਾ। ਇਸ ਮੌਕੇ ਡਾਕਟਰ ਹਰਪੁਨੀਤ ਨੇ ਕਿਹਾ ਕਿ ਤੀਆਂ ਦਾ ਇਹ ਤਿਉਹਾਰ ਸਾਨੂੰ ਹਰ ਸਾਲ ਰਲ ਮਿਲ ਕੇ ਮਨਾਉਂਦੇ ਰਹਿਣਾ ਚਾਹੀਦਾ ਹੈ। ਇਸ ਮੌਕੇ ਡਾਕਟਰ ਰਮਨ ਅਤੇ ਡਾਕਟਰ ਮਾਰੀਆ ਨੇ ਆਏ ਸਟਾਫ ਅਤੇ ਰਿਟਾਇਰਡ ਸਟਾਫ ਦਾ ਧੰਨਵਾਦ ਕੀਤਾ।

# ਗੁਰੂ ਰਵਿਦਾਸ ਮਹਾਰਾਜ ਦੇ ਆਗਮਨ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ 22 ਨੂੰ

**ਫਿਲੌਰ (ਨਿਰਮਲ)**- ਧੰਨ ਧੰਨ ਸ੍ਰੀ ਸਤਿਗੁਰੂ ਰਵਿਦਾਸ ਮਹਾਰਾਜ ਦੇ 650 ਸਾਲਾ ਆਗਮਨ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਤੇ ਆਮ ਆਦਮੀ ਪਾਰਟੀ ਹਲਕਾ ਫਿਲੌਰ ਵੱਲੋਂ ਇੱਕ ਮਹਾਨ ਧਾਰਮਿਕ ਸਮਾਗਮ



ਕਰਵਾਇਆ ਜਾ ਰਿਹਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਹਲਕਾ ਫਿਲੌਰ ਦੇ ਇੰਚਾਰਜ ਬੀਬੀ ਹਰਜੋਤ ਕੌਰ ਲੋਹਟੀਆ ਨੇ ਦੱਸਿਆ ਕਿ ਇਹ ਸਮਾਗਮ ਦਿਨ ਸ਼ਨੀਵਾਰ, 22 ਅਗਸਤ ਨੂੰ ਦਾਣਾ ਮੰਡੀ, ਸੈਫਾਬਾਦ ਵਿਖੇ ਬੜੀ ਸ਼ਰਧਾ, ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਹਲਕਾ ਇੰਚਾਰਜ ਬੀਬੀ ਹਰਜੋਤ ਕੌਰ ਲੋਹਟੀਆ ਨੇ ਦੱਸਿਆ ਕਿ ਸਮਾਗਮ ਦੌਰਾਨ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਪਾਠ ਅਤੇ ਵਿਸ਼ੇਸ਼ ਕੀਰਤਨ ਦੀਵਾਨ ਸਜਾਏ ਜਾਣਗੇ। ਇਸ ਮੌਕੇ ਪ੍ਰਸਿੱਧ ਰਾਗੀ-ਢਾਡੀ ਅਤੇ ਪ੍ਰਚਾਰਕ ਜਥੇ ਸੰਗਤਾਂ ਨੂੰ ਗੁਰਬਾਣੀ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਇਲਾਹੀ ਬਾਣੀ ਨਾਲ ਜੋੜਨਗੇ। ਸਮਾਗਮ ਦੌਰਾਨ ਗੁਰੂ ਦਾ ਲੰਗਰ ਅਟੁੱਟ ਵਰਤਾਇਆ ਜਾਵੇਗਾ। ਇਸ ਮੌਕੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਪ੍ਰਦੀਪ ਦੁਗਲ, ਸੰਗਠਨ ਇੰਚਾਰਜ ਵਰਿੰਦਰ ਸੈਣੀ, ਜ਼ਿਲ੍ਹਾ ਦਿਹਾਤੀ ਮੀਡੀਆ ਇੰਚਾਰਜ ਮੇਲਾ ਸਿੰਘ ਰੁੜਕਾ, ਮਾਰਕੀਟ ਕਮੇਟੀ ਦੇ ਚੇਅਰਮੈਨ ਸੁਖਦੀਪ ਅੱਪਰਾ, ਹਲਕਾ ਕੋਆਰਡੀਨੇਟਰ, ਐੱਮ.ਸੀ. ਸਾਹਿਬਾਨ, ਬਲਾਕ ਪ੍ਰਧਾਨ, ਵੱਖ-ਵੱਖ ਵਿੰਗਾਂ ਦੇ ਅਹੁਦੇਦਾਰ, ਸੀਨੀਅਰ ਆਗੂ ਅਤੇ ਮੀਡੀਆ ਇੰਚਾਰਜ ਮਨਦੀਪ ਸਿੰਘ ਸ਼ਾਹਪੁਰ ਵੀ ਮੌਜੂਦ ਸਨ।

# ਡਾ. ਬਲਵੀਰ ਮੰਨਣ ਦੀ ਪੁਸਤਕ 'ਉਪਜਿਓ ਗਿਆਨੁ ਹੂਆ ਪਰਗਾਸ' ਜਾਰੀ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਰਵਿਦਾਸੀਆ ਕੌਮ ਦੇ ਮਹਾਨ ਤੀਰਥ ਅਸਥਾਨ ਡੇਰਾ ਬ੍ਰਹਮਲੀਨ ਸੰਤ ਸਰਵਨ ਦਾਸ ਜੀ ਸੱਚਖੰਡ ਬੱਲਾਂ ਵਿਖੇ ਇੱਕ ਵਿਸ਼ੇਸ਼ ਧਾਰਮਿਕ ਸਮਾਗਮ ਦੌਰਾਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪਾਵਨ ਪ੍ਰਕਾਸ਼ ਪੁਰਬ ਅਤੇ ਉਹਨਾਂ ਦੇ ਜੀਵਨ, ਬਾਣੀ ਅਤੇ ਵਿਚਾਰਧਾਰਾ ਨੂੰ ਸਮਰਪਿਤ ਵਿਸ਼ੇਸ਼ ਧਾਰਮਿਕ



ਪੁਸਤਕ 'ਉਪਜਿਓ ਗਿਆਨੁ ਹੂਆ ਪਰਗਾਸ' ਸਿਰਲੇਖ ਹੇਠ ਪ੍ਰਸਿੱਧ ਲੇਖਕ ਤੇ ਵਿਦਵਾਨ ਡਾ. ਬਲਵੀਰ ਮੰਨਣ ਵੱਲੋਂ ਤਿਆਰ ਕੀਤੀ ਪੁਸਤਕ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀ ਨਸ਼ੀਨ ਪਦਮ ਸ੍ਰੀ ਸੰਤ ਨਿਰੰਜਨ ਦਾਸ ਮਹਾਰਾਜ ਵੱਲੋਂ ਸੰਤ ਸਮਾਜ 'ਤੇ ਸੰਗਤਾਂ ਦੀ ਸਮੂਲੀਅਤ ਵਿੱਚ ਲੋਕ ਅਰਪਣ ਕੀਤੀ ਗਈ। ਜ਼ਿਕਰਯੋਗ ਹੈ ਕਿ ਉਕਤ ਪੁਸਤਕ ਵਿੱਚ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਬਾਣੀ ਤੇ ਵਿਚਾਰਧਾਰਾ ਸਬੰਧੀ 650 ਬਹੁ- ਵਿਕਲਪੀ ਪ੍ਰਸ਼ਨ -ਉੱਤਰ ਹਨ। ਜ਼ਿਕਰਯੋਗ ਹੈ ਕਿ ਉਕਤ ਪੁਸਤਕ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋਣ ਵਾਲੇ ਪ੍ਰਤੀਯੋਗਤਾ ਮੁਕਾਬਲਿਆਂ ਲਈ ਲੇਖਕ ਡਾ. ਬਲਵੀਰ ਮੰਨਣ ਵੱਲੋਂ ਤਿਆਰ ਕੀਤੀ ਗਈ ਹੈ। ਇਸ ਮੌਕੇ 'ਤੇ ਬੋਲਦਿਆਂ ਸੰਤ ਨਿਰੰਜਨ ਦਾਸ ਮਹਾਰਾਜ ਨੇ ਆਖਿਆ ਕਿ ਡਾ. ਬਲਵੀਰ ਮੰਨਣ 'ਤੇ ਸਤਿਗੁਰੂ ਰਵਿਦਾਸ ਮਹਾਰਾਜ ਦੀ ਆਪਾਰ ਕਿਰਪਾ ਹੈ ਜੋ ਪਹਿਲਾਂ ਵੀ ਡੇਰਾ ਸੱਚਖੰਡ ਬੱਲਾਂ ਦੇ ਮਹਾਨ ਸੰਤ ਮਹਾਂਪੁਰਸ਼ਾਂ ਤੇ ਸਤਿਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਵਿਚਾਰਧਾਰਾ ਤੇ ਕਈ ਕਿਤਾਬਾਂ ਰਾਹੀ ਸੰਗਤਾਂ ਦੇ ਰੂਬਰੂ ਹੋ ਚੁੱਕੇ ਹਨ। ਡਾਕਟਰ ਬਲਵੀਰ ਮੰਨਣ ਨੇ ਉਕਤ ਧਾਰਮਿਕ ਪੁਸਤਕ ਵਾਰੇ ਦੋ ਸ਼ਬਦ ਬੋਲਦਿਆਂ ਆਖਿਆ ਕਿ ਇਹ ਪੁਸਤਕ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਪਬਲਿਕ ਚੈਰੀਟੇਬਲ ਟਰਸਟ ਵਾਰਾਣਸੀ ਯੂਪੀ ਦੇ ਵਿਸ਼ੇਸ਼ ਸਹਿਯੋਗ ਨਾਲ ਫਰਵਰੀ 2027 'ਚ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪਾਵਨ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖ ਕੇ ਉਨਾਂ ਦੇ ਜੀਵਨ ਮਿਸ਼ਨ, ਪਾਵਨ ਬਾਣੀ ਤੇ ਵਿਚਾਰਧਾਰਾ ਦੇ ਕਰੀਬ 650 ਪ੍ਰਸ਼ਨ- ਉੱਤਰਾਂ ਨਾਲ ਗਿਆਨ ਭਰਪੂਰ ਸਮਗਰੀ 'ਤੇ ਆਧਰਿਤ ਹੈ ਜੋ ਕਿ ਉਨਾਂ ਦਿਨਾਂ ਵਿੱਚ ਹੋਣ ਵਾਲੇ ਪ੍ਰਤੀਯੋਗਤਾ ਮੁਕਾਬਲੇ ਲਈ ਅਹਿਮ ਭੂਮਿਕਾ ਨਿਭਾਏਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਨਿਰੰਜਨ ਦਾਸ ਮਹਾਰਾਜ, ਸੰਤ ਲੇਖਰਾਜ ਨੂਰਪੁਰ ਵਾਲੇ, ਸੰਤ ਲੇਖਰਾਜ ਨੂਰਪੁਰ ਵਾਲੇ, ਬਲਵੀਰ ਬੰਗੜ, ਦੇਸ਼ਰਾਜ ਤਲਵੰਡੀ (ਦੋਨੋਂ ਸਪਤਾਹਿਕ ਬੇਗਮਪੁਰਾ ਅੰਕ ਪਰਿਵਾਰ) ਵਿੱਚੋਂ, ਨੰਬਰਦਾਰ ਮਨਜੀਤ ਸਿੰਘ ਰਾਏਪੁਰ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਸਾਲਾਨਾ ਲੰਗਰ ਭੰਡਾਰਾ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਰਿਹਾਣਾ ਜੱਟਾਂ ਵਿਖੇ ਹੁਸ਼ਿਆਰਪੁਰ ਤੋਂ ਫਗਵਾੜਾ ਜੀ ਟੀ ਰੋਡ ਤੇ ਮਾਂ ਚਿੰਤਪੁਰਨੀ ਲੰਗਰ ਕਮੇਟੀ ਵੱਲੋਂ ਸ਼ਾਵਰ ਮਾਰਕੀਟ ਰਿਹਾਣਾ ਜੱਟਾਂ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ



ਮਾਂ ਚਿੰਤਪੁਰਨੀ ਦਾ ਸਾਲਾਨਾ ਲੰਗਰ ਭੰਡਾਰਾ ਲਗਾਇਆ ਗਿਆ। ਇਸ ਮੌਕੇ ਸੇਵਾਦਾਰ ਰਾਜ ਕੁਮਾਰ ਭੁੰਗਰਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ ਲੰਗਰ ਭੰਡਾਰੇ ਦੌਰਾਨ ਸਭ ਤੋਂ ਪਹਿਲਾਂ ਮਾਤਾ ਜੀ ਦੀ ਪੂਜਾ ਅਰਚਨਾ ਕੀਤੀ ਗਈ। ਉਪਰੰਤ ਮਾਤਾ ਜੀ ਦੀਆਂ ਕੰਜਕਾਂ ਦੀ ਪੂਜਾ ਅਰਚਨਾ ਕੀਤੀ ਗਈ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਮਾਂ ਚਿੰਤਪੁਰਨੀ ਮੰਦਰ ਹਿਮਾਚਲ ਪ੍ਰਦੇਸ਼ ਨੂੰ ਆਉਣ ਜਾਣ ਵਾਲੀਆਂ ਸੰਗਤਾਂ ਲਈ ਸਲਾਨਾ ਲੰਗਰ ਭੰਡਾਰਾ ਛਕਾਇਆ ਗਿਆ। ਇਸ ਮੌਕੇ ਲੰਬਰਦਾਰ ਸੁਖਚੈਨ ਸਿੰਘ ਬਘਾਣਾ, ਰਾਜ ਕੁਮਾਰ ਭੁੰਗਰਨੀ, ਕਮਲਦੀਪ ਸਿੰਘ ਸੋਨੂੰ, ਰਮਨੀਕ ਜਲੋਟਾ, ਹਰਮਨ,ਅਮਨ, ਲੱਕੀ, ਨਿੱਕਾ ਬਘਾਣਾ, ਤਿਲਕ ਰਾਜ ਸ਼ਰਮਾ, ਮਾਸਟਰ ਹਰਪ੍ਰੀਤ ਸਿੰਘ ਭੁੰਗਰਨੀ, ਗੁਰੂ ਦੱਤ, ਡਿਪਟੀ ਰਾਏ, ਜਲੋਟਾ, ਰੋਹਿਤ ਕੁਮਾਰ, ਰਾਜਨ ਵਰਮਾ, ਨੀਸ਼ਾ ਡੁਮੇਲੀ, ਜੋਤੀ ਭੁੰਗਰਨੀ, ਆਸੂ ਫਗਵਾੜਾ,ਗੋਲੂ ਸਿੰਬਲੀ, ਲਾਟੀ ਕਪੂਰ, ਜੀਤ ਸਿੰਬਲੀ, ਪੰਮਾ ਸਪੇਨ, ਹਰਬੰਸ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

## ਕਸਬਾ ਕਾਲਾ ਸੰਘਿਆਂ 'ਚ ਮੱਝ ਚੋਰਾਂ ਦਾ ਗਰੋਹ ਸਰਗਰਮ

**ਕਪੂਰਥਲਾ (ਮਨਜੀਤ ਮਾਨ)**- ਕਸਬਾ ਕਾਲਾ ਸੰਘਿਆਂ 'ਚ ਨਿਤ ਹੋ ਰਹੀਆਂ ਮੱਝਾਂ ਚੋਰੀ ਦੀਆਂ ਘਟਨਾਵਾਂ ਨੂੰ ਲੈ ਕੇ ਲੋਕਾਂ ਵਿੱਚ ਡਰ ਤੇ ਸਹਿਮ ਵਾਲਾ ਮਾਹੌਲ ਬਣਿਆ ਹੋਇਆ ਹੈ। ਬੀਤੀ ਰਾਤ ਕਸਬਾ ਕਾਲਾ ਸੰਘਿਆਂ ਤੋਂ ਕਿਸਾਨ ਦੀਆਂ ਮੱਝਾਂ ਚੋਰੀ ਹੋ ਗਈਆਂ ਸਨ ਤੇ ਚੋਰ ਤੜਕਸਾਰ ਮੱਝਾਂ ਚੋਰੀ ਕਰਕੇ ਪਿੰਡ ਬਨਵਾਲੀਪੁਰ ਵੱਲ ਨੂੰ ਲੈ ਕੇ ਜਾ ਰਹੇ ਸਨ ਕਿ ਅਚਾਨਕ ਪਿੰਡ ਬਨਵਾਲੀਪੁਰ ਦੇ ਨੇੜੇ ਗੱਡੀ ਖ਼ਰਾਬ ਹੋ ਗਈ ਤੇ ਲੋਕਾਂ ਨੂੰ ਮੱਝਾਂ ਚੋਰੀ ਹੋਣ ਦੀ ਸ਼ੱਕ ਪੈ ਗਈ ਤੇ ਲੋਕਾਂ ਦਾ ਹਜ਼ੂਮ ਇਕੱਠਾ ਹੋਣਾ ਸ਼ੁਰੂ ਹੋ ਗਿਆ। ਮੌਕਾ ਤਾੜਦੇ ਹੀ ਮੱਝ ਚੋਰਾਂ ਦਾ ਗ੍ਰੋਹ ਮੌਕੇ ਤੋਂ ਫ਼ਰਾਰ ਹੋਣ ਵਿੱਚ ਸਫ਼ਲ ਹੋ ਗਿਆ। ਲੋਕਾਂ ਨੇ ਕਾਲਾ ਸੰਘਿਆਂ ਪੁਲਿਸ ਚੌਂਕੀ ਦੇ ਇੰਚਾਰਜ ਏ ਐਸ ਆਈ ਅਮਰਜੀਤ ਸਿੰਘ ਨੂੰ ਇਸ ਘਟਨਾ ਸੰਬੰਧੀ ਜਾਣਕਾਰੀ ਦਿੱਤੀ ਤੇ ਮੌਕੇ 'ਤੇ ਹੀ ਪੁਲਸ ਚੌਂਕੀ ਇੰਚਾਰਜ ਏ ਐਸ ਆਈ ਅਮਰਜੀਤ ਸਿੰਘ ਘਟਨਾ ਸਥਾਨ 'ਤੇ ਪਹੁੰਚ ਕੇ ਮੱਝਾਂ ਵਾਲੀ ਲੱਦੀ ਗੱਡੀ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਤਫਤੀਸ਼ ਸ਼ੁਰੂ ਕਰ ਦਿੱਤੀ।

## ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਸੰਬੰਧੀ ਡਾਕੂਮੈਂਟਰੀ ਦਿਖਾਈ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਤਿਆਰ ਕੀਤੀ ਗਈ ਵਿਸ਼ੇਸ਼ ਡਾਕੂਮੈਂਟਰੀ ਤਹਿਸੀਲ ਨੰਗਲ



ਦੇ ਨਜਦੀਕੀ ਪਿੰਡ ਮੋਜੋਵਾਲ, ਬੇਲਾ ਧਿਆਨੀ ਗੁੱਜਰ ਬਸਤੀ, ਬੇਲਾ ਧਿਆਨੀ ਲੋਅਰ ਆਦਿ ਪਿੰਡਾਂ ਵਿੱਚ ਐੱਲ ਈ ਡੀ ਸਕਰੀਨਾਂ ਦਿਖਾਈ ਗਈ।ਕਰੀਬ 30 ਮਿੰਟ ਦੀ ਇਸ ਦਸਤਾਵੇਜ਼ੀ ਨੂੰ ਦੇਖਣ ਲਈ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋਏ।ਇਸ ਮੌਕੇ ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਨੇ ਵੀ ਉਤਸ਼ਾਹ ਨਾਲ ਡਾਕੂਮੈਂਟਰੀ ਦੇਖੀ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੀ ਮਹਾਨ ਵਿਚਾਰਧਾਰਾ ਨਾਲ ਜਾਣੂ ਹੋਏ।ਪੰਜਾਬ ਸਰਕਾਰ ਵੱਲੋਂ ਸੂਬੇ ਭਰ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਇਹ ਵਿਸ਼ੇਸ਼ ਡਾਕੂਮੈਂਟਰੀ ਲਗਾਤਾਰ ਦਿਖਾਈ ਜਾ ਰਹੀ ਹੈ ਤਾਂ ਜੋ ਵੱਧ ਤੋਂ ਵੱਧ ਲੋਕ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਤੋਂ ਪ੍ਰੇਰਣਾ ਲੈ ਸਕਣ। ਇਸ ਉਪਰਾਲੇ ਨੂੰ ਲੋਕਾਂ ਵੱਲੋਂ ਭਰਪੂਰ ਸਹਿਯੋਗ ਅਤੇ ਸਰਾਹਨਾ ਮਿਲ ਰਹੀ ਹੈ।

# ਸਤਿੰਦਰ ਜੈਨ ਦੀ ਗ੍ਰਿਫ਼ਤਾਰੀ ਭਾਜਪਾ ਦਾ ਸਿਆਸੀ ਸਟੰਟ

**ਭਾਜਪਾ ਨੂੰ ਪੰਜਾਬ 'ਚ ਆਪਣਾ ਕੋਈ ਭਵਿੱਖ ਨਜ਼ਰ ਨਹੀਂ ਆ ਰਿਹਾ : ਕੰਗ**

**ਅੰਧੇਰੀ (ਮਾਜਰੀ)/ਮੁਹਾਲੀ (ਗੁਰਜੀਤ ਬਿੱਲਾ)**- ਸ੍ਰੀ ਆਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ 'ਤੇ ਭਾਜਪਾ ਦੀ ਫਿਰਕੂ ਸਿਆਸਤ ਲਈ ਕੋਈ ਥਾਂ ਨਹੀਂ ਹੈ,



ਕਿਉਂਕਿ ਪੰਜਾਬ ਦੇ ਲੋਕ ਹਮੇਸ਼ਾ ਆਪਸੀ ਭਾਈਚਾਰੇ, ਸਦਭਾਵਨਾ ਅਤੇ ਲੋਕਤੰਤਰਿਕ ਕਦਰਾਂ-ਕੀਮਤਾਂ ਦੇ ਹੱਕ ਵਿੱਚ ਖੜ੍ਹੇ ਰਹੇ ਹਨ। ਖਰੜ ਵਿਧਾਨ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ ਦੇ ਦੌਰੇ ਦੌਰਾਨ ਮੀਡੀਆ ਨਾਲ ਗੱਲਬਾਤ ਕਰਦਿਆਂ ਐੱਮ ਪੀ ਕੰਗ ਨੇ ਕਿਹਾ ਕਿ ਭਗਵਾਨ ਸ੍ਰੀ ਰਾਮ ਦੇ ਨਾਮ 'ਤੇ ਸਿਆਸਤ ਕਰਨ ਵਾਲੀ ਭਾਜਪਾ ਅਯੁੱਧਿਆ ਵਿਖੇ ਰਾਮ ਮੰਦਰ ਲਈ ਪ੍ਰਾਪਤ ਦਾਨ ਵਿੱਚ ਕਥਿਤ ਬੇਨਿਯਮੀਆਂ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਵਿਅਕਤੀਆਂ ਖ਼ਿਲਾਫ਼ ਕੋਈ ਮਿਸਾਲੀ ਕਾਰਵਾਈ ਕਰਨ ਵਿੱਚ ਨਾਕਾਮ ਰਹੀ ਹੈ। ਅਯੁੱਧਿਆ ਰਾਮ ਮੰਦਰ ਟਰੱਸਟ ਦੇ ਦੋ ਟਰੱਸਟੀਆਂ ਨੂੰ ਵਿਸ਼ੇਸ਼ ਜਾਂਚ ਟੀਮ ਵੱਲੋਂ ਕਲੀਨ ਚਿੱਟ ਦਿੱਤੇ ਜਾਣ 'ਤੇ ਟਿੱਪਣੀ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਕਾਰਵਾਈ ਪਹਿਲਾਂ ਹੀ ਉਮੀਦ ਅਨੁਸਾਰ ਸੀ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਰਾਮ ਭਗਤਾਂ ਦੀ ਆਸਥਾ ਅਤੇ ਸ਼ਰਧਾ ਨਾਲ ਖਿਲਵਾੜ ਕਰ ਰਹੀ ਹੈ। ਐਮ.ਪੀ. ਕੰਗ ਨੇ ਕਿਹਾ ਕਿ ਭਾਜਪਾ ਵੱਲੋਂ ਪੰਜਾਬ ਦੇ ਇੰਚਾਰਜ ਵਾਰ-ਵਾਰ ਬਦਲੇ ਜਾਣਾ ਵੀ ਇਸ ਗੱਲ ਦਾ ਸੰਕੇਤ ਹੈ ਕਿ ਪਾਰਟੀ ਨੂੰ ਸੂਬੇ ਵਿੱਚ ਆਪਣੀ ਕੋਈ ਸਿਆਸੀ ਜ਼ਮੀਨ ਤਿਆਰ ਹੁੰਦੀ ਨਜ਼ਰ ਨਹੀਂ ਆ ਰਹੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਭਗਵੰਤ ਸਿੰਘ ਮਾਨ ਸਰਕਾਰ ਦੀ ਕਾਰਗੁਜ਼ਾਰੀ ਤੋਂ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਲੋਕ-ਪੱਖੀ ਯੋਜਨਾਵਾਂ, ਪਾਰਦਰਸ਼ੀ ਪ੍ਰਸ਼ਾਸਨ ਅਤੇ ਸਰਬਪੱਖੀ ਵਿਕਾਸ ਭਗਵੰਤ ਸਿੰਘ ਮਾਨ ਸਰਕਾਰ ਦੀਆਂ ਮੁੱਖ ਤਰਜੀਹਾਂ ਹਨ ਅਤੇ ਲੋਕ ਇਨ੍ਹਾਂ ਨੀਤੀਆਂ ਦੀ ਸ਼ਲਾਘਾ ਕਰ ਰਹੇ ਹਨ।ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਤਿੰਦਰ ਜੈਨ ਦੀ ਗ੍ਰਿਫ਼ਤਾਰੀ ਨੂੰ ਭਾਜਪਾ ਦਾ ਮਹਿਜ਼ ਸਿਆਸੀ ਸਟੰਟ ਕਰਾਰ ਦਿੰਦਿਆਂ ਐਮ ਪੀ ਕੰਗ ਨੇ ਕਿਹਾ ਕਿ ਪਿਛਲੇ ਸਮੇਂ ਵਿੱਚ ਵੀ ਅਜਿਹੀਆਂ ਗ੍ਰਿਫ਼ਤਾਰੀਆਂ ਦਾ ਨਤੀਜਾ ਸਿਆਸੀ ਬਦਲਾਖੋਰੀ ਅਤੇ ਪਰੇਸ਼ਾਨੀ ਤੋਂ ਇਲਾਵਾ ਕੁਝ ਨਹੀਂ ਨਿਕਲਿਆ। ਉਨ੍ਹਾਂ ਕਿਹਾ ਕਿ ਮੌਜੂਦਾ ਕਾਰਵਾਈ ਪੰਜਾਬ ਵਿੱਚ ਭਗਵੰਤ ਸਿੰਘ ਮਾਨ ਸਰਕਾਰ ਦੀ ਚੰਗੀ ਕਾਰਗੁਜ਼ਾਰੀ ਤੋਂ ਭਾਜਪਾ ਦੀ ਘਬਰਾਹਟ ਦਾ ਨਤੀਜਾ ਜਾਪਦੀ ਹੈ।

# ਸੜਕ ਹਾਦਸੇ 'ਚ ਬਾਈਕ ਸਵਾਰ ਲੜਕੀ ਦੀ ਮੌਤ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਪੰਚਕੂਲਾ ਜ਼ਿਲ੍ਹੇ ਦੇ ਜ਼ੀਰਕਪੁਰ-ਸ਼ਿਮਲਾ ਨੈਸ਼ਨਲ ਹਾਈਵੇ 'ਤੇ ਮੱਲਾਹ ਮੋੜ ਨੇੜੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਬਾਈਕ ਸਵਾਰ ਲੜਕੀ ਦੀ ਮੌਤ ਹੋ ਗਈ। ਇਹ ਹਾਦਸਾ ਪੰਚਕੂਲਾ ਵੱਲ ਜਾਣ ਵਾਲੇ



ਮਾਰਗ 'ਤੇ ਵਾਪਰਿਆ। ਜਾਣਕਾਰੀ ਅਨੁਸਾਰ, ਲੜਕੀ ਬਾਈਕ 'ਤੇ ਸਵਾਰ ਸੀ। ਇਸ ਦੌਰਾਨ ਇੱਕ ਤੇਜ਼ ਰਫ਼ਤਾਰ ਟਰੱਕ ਨੇ ਉਸ ਦੀ ਬਾਈਕ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ। ਟੱਕਰ ਤੋਂ ਬਾਅਦ ਟਰੱਕ ਚਾਲਕ ਮੌਕੇ ਤੋਂ ਫਰਾਰ ਹੋ ਗਿਆ। ਹਾਦਸੇ ਵਿੱਚ ਲੜਕੀ ਦਾ ਸਿਰ ਬੁਰੀ ਤਰ੍ਹਾਂ ਕੁਚਲਿਆ ਗਿਆ। ਮੌਕੇ ਤੋਂ ਹੈਲਮੈਟ ਵੀ ਮਿਲਿਆ, ਪਰ ਲੜਕੀ ਦੀ ਜਾਨ ਨਹੀਂ ਬਚ ਸਕੀ।ਚਸ਼ਮਦੀਦਾਂ ਮੁਤਾਬਕ ਲੜਕੀ ਦੀ ਮੌਕੇ 'ਤੇ ਹੀ ਮੌਤ ਹੋ ਗਈ ਸੀ। ਹਾਦਸੇ ਤੋਂ ਬਾਅਦ ਮੌਕੇ 'ਤੇ ਲੋਕਾਂ ਦੀ ਭੀੜ ਇਕੱਠੀ ਹੋ ਗਈ। ਸੂਚਨਾ ਮਿਲਣ 'ਤੇ ਸਥਾਨਕ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਐੱਨ ਐੱਚ ਏ ਆਈ ਦੀ ਐਂਬੂਲੈਂਸ ਦੀ ਮਦਦ ਨਾਲ ਲੜਕੀ ਦੀ ਲਾਸ਼ ਨੂੰ ਪੰਚਕੂਲਾ ਹਸਪਤਾਲ ਪਹੁੰਚਾਇਆ ਗਿਆ।ਪੁਲਸ ਨੇ ਟੱਕਰ ਮਾਰਨ ਵਾਲੇ ਟਰੱਕ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ। ਮ੍ਰਿਤਕ ਲੜਕੀ ਦੀ ਪਛਾਣ ਅਜੇ ਤੱਕ ਨਹੀਂ ਹੋ ਸਕੀ ਹੈ। ਪੁਲਸ ਵੱਲੋਂ ਉਸ ਦੀ ਪਛਾਣ ਸੰਬੰਧੀ ਜਾਂਚ ਕੀਤੀ ਜਾ ਰਹੀ ਹੈ।

# ਵਪਾਰੀਆਂ ਵੱਲੋਂ ਉਠਾਈਆਂ ਮੰਗਾਂ ਦਾ ਜਲਦ ਕੀਤਾ ਜਾਵੇਗਾ ਨਿਪਟਾਰਾ : ਕਾਂਸਲ

**ਮੁਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਹਾਇਕ ਕਮਿਸ਼ਨਰ (ਜ) ਡਾ.ਅੰਕਿਤਾ ਕਾਂਸਲ ਅਤੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਰਣਜੀਤ ਪਾਲ ਸਿੰਘ ਦੀ ਅਗਵਾਈ



ਵਿੱਚ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਜ਼ਿਲ੍ਹੇ ਦੇ ਵੱਖ-ਵੱਖ ਬਾਜ਼ਾਰਾਂ ਅਤੇ ਵਪਾਰਕ ਸੰਸਥਾਵਾਂ ਨਾਲ ਸਬੰਧਤ ਨੁਮਾਇੰਦਿਆਂ ਵੱਲੋਂ ਕਮਿਸ਼ਨ ਦੀਆਂ ਮੀਟਿੰਗਾਂ ਦੌਰਾਨ ਧਿਆਨ ਵਿੱਚ ਲਿਆਂਦੀਆਂ ਮੰਗਾਂ ਅਤੇ ਸ਼ਿਕਾਇਤਾਂ ਦੇ ਵਿਭਾਗ ਵਾਰ ਨਿਪਟਾਰੇ ਬਾਰੇ ਜਾਇਜ਼ਾ ਲਿਆ ਗਿਆ। ਡਾ. ਅੰਕਿਤਾ ਕਾਂਸਲ ਨੇ ਵਪਾਰੀਆਂ ਅਤੇ ਦੁਕਾਨਦਾਰਾਂ ਨੂੰ ਪੰਜਾਬ ਦੇ ਵੱਖ-ਵੱਖ ਵਿਭਾਗਾਂ ਜਿਵੇਂ ਕਿ ਪਾਵਰਕਾਮ, ਪੁਲਸ ਵਿਭਾਗ, ਨਗਰ ਨਿਗਮ, ਸਥਾਨਕ ਸਰਕਾਰਾਂ ਵਿਭਾਗ, ਡਰੇਨੇਜ ਵਿਭਾਗ, ਗਮਾਡਾ, ਪੀ.ਡਬਲਿਊ.ਡੀ., ਸਨਅਤ ਵਿਭਾਗ ਅਤੇ ਹੋਰ ਵਿਭਾਗਾਂ ਨਾਲ ਸਬੰਧਤ ਪੈਂਡਿੰਗ ਕੰਮਾਂ ਦੀ ਸਮੀਖਿਆ ਕਰਦਿਆਂ ਵਿਭਾਗਾਂ ਨੂੰ ਸਬੰਧਤ ਅਧਿਕਾਰੀਆਂ ਨੂੰ ਸਖਤ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਵਪਾਰੀਆਂ ਦੇ ਲੰਬੇ ਸਮੇਂ ਤੋਂ ਲੰਬਿਤ ਪਏ ਕੰਮਾਂ ਦਾ ਤੁਰੰਤ ਨਿਪਟਾਰਾ ਕਰਕੇ ਪੋਰਟਲ ਤੇ ਅਪਲੋਡ ਕੀਤਾ ਜਾਵੇ। ਉਨ੍ਹਾਂ ਪਾਵਰਕਾਮ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਬਰਸਾਤਾਂ ਦੇ ਮੌਸਮ ਨੂੰ ਦੇਖਦੇ ਹੋਏ ਉਨ੍ਹਾਂ ਪਾਸ ਜੋ ਵੀ ਬਿਜਲੀ ਦੀਆਂ ਲਟਕਦੀਆਂ ਤਾਰਾਂ ਆਦਿ ਦੀ ਰਿਪੇਅਰ ਸਬੰਧੀ ਸ਼ਿਕਾਇਤਾਂ ਪੈਂਡਿੰਗ ਹਨ, ਦਾ ਨਿਪਟਾਰਾ ਤੁਰੰਤ ਕੀਤਾ ਜਾਵੇ ਤਾਂ ਜੋ ਕੋਈ ਅਣਸੁਖਾਂਵੀ ਘਟਨਾ ਵਾਪਰਨ ਤੋਂ ਬਚਿਆ ਜਾ ਸਕੇ। ਇਸ ਤੋਂ ਇਲਾਵਾ ਉਨ੍ਹਾਂ ਨੇ ਹਰ ਵਿਭਾਗ ਨੂੰ ਉਨ੍ਹਾਂ ਪਾਸ ਲੰਬਿਤ ਪਈਆਂ ਸ਼ਿਕਾਇਤਾਂ ਦਾ ਤੁਰੰਤ ਗੰਭੀਰਤਾ ਨਾਲ ਹੱਲ ਕਰਨ ਲਈ ਕਿਹਾ। ਵਪਾਰੀਆਂ ਵੱਲੋਂ ਬਾਜ਼ਾਰਾਂ ਵਿੱਚ ਲਗਦੀਆਂ ਅਣਅਧਿਕਾਰਤ ਰੇਹੜੀਆਂ ਫੜੀਆਂ ਤੁਰੰਤ ਹਟਾਉਣ ਦੀ ਮੰਗ ਵੀ ਕੀਤੀ, ਤਾਂ ਜੋ ਟ੍ਰੈਫਿਕ ਜਾਮ ਤੋਂ ਛੁਟਕਾਰਾ ਪਾਇਆ ਜਾ ਸਕੇ।

# ਸਿੱਖਿਆ ਮੰਤਰੀ ਨੇ ਸਕੂਲ ਦਾ ਕੀਤਾ ਅਚਨਚੇਤ ਨਿਰੀਖਣ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਸਿੱਖਿਆ ਮੰਤਰੀ ਮਹੀਪਾਲ ਢਾਂਡਾ ਪ੍ਰਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਸੁਧਾਰਨ ਅਤੇ ਜ਼ਮੀਨੀ ਹਾਲਤ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਐਕਸ਼ਨ ਮੋਡ ਵਿੱਚ ਹਨ। ਇਸੇ ਕੜੀ ਤਹਿਤ ਬੁੱਧਵਾਰ ਨੂੰ ਸਿੱਖਿਆ ਮੰਤਰੀ ਨੇ ਸੋਨੀਪਤ ਜ਼ਿਲ੍ਹੇ ਦੇ ਗੰਨੌਰ ਖੇਤਰ ਦੇ ਦਾਤੌਲੀ ਪਿੰਡ ਸਥਿਤ ਪੀ.ਐਮ. ਸ੍ਰੀ ਜੀ ਜੀ ਐਸ ਐਸ ਐਸ ਦਾ ਅਚਨਚੇਤ ਨਿਰੀਖਣ ਕੀਤਾ। ਨਿਰੀਖਣ ਦੌਰਾਨ ਉਨ੍ਹਾਂ ਨੇ ਸਕੂਲ ਕੰਪਲੈਕਸ ਦੀ ਸਾਫ਼-ਸਫ਼ਾਈ, ਬੁਨਿਆਦੀ ਸਹੂਲਤਾਂ ਅਤੇ ਪ੍ਰਸ਼ਾਸਕੀ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ। ਸਕੂਲ ਪਹੁੰਚੇ ਸਿੱਖਿਆ ਮੰਤਰੀ ਨੇ ਨਾ ਸਿਰਫ਼ ਭੌਤਿਕ ਪ੍ਰਬੰਧਾਂ ਦੀ ਜਾਂਚ ਕੀਤੀ, ਸਗੋਂ ਕਲਾਸਾਂ ਵਿੱਚ ਜਾ ਕੇ ਵਿਦਿਆਰਥੀਆਂ ਨਾਲ ਸਿੱਧਾ ਸੰਵਾਦ ਵੀ ਕਾਇਮ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਤੋਂ ਪੜ੍ਹਾਈ ਦੇ ਪੱਧਰ, ਅਧਿਆਪਕਾਂ ਦੀ ਹਾਜ਼ਰੀ, ਪੜ੍ਹਾਈ-ਲਿਖਾਈ ਦੀ ਸਮੱਗਰੀ ਅਤੇ ਸਕੂਲ ਵਿੱਚ ਮਿਲਣ ਵਾਲੀਆਂ ਸਹੂਲਤਾਂ ਬਾਰੇ ਖੁੱਲ੍ਹ ਕੇ ਗੱਲਬਾਤ ਕੀਤੀ। ਮੰਤਰੀ ਨੇ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਵਿਦਿਆਰਥੀਆਂ ਦੀ ਹਰ ਲੋੜ ਅਤੇ ਸਮੱਸਿਆ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ। ਪ੍ਰਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਦੇਖਣ ਨੂੰ ਮਿਲ ਰਿਹਾ ਹੈ ਜਦੋਂ ਕੋਈ ਸਿੱਖਿਆ ਮੰਤਰੀ ਖ਼ੁਦ ਜ਼ਮੀਨੀ ਪੱਧਰ 'ਤੇ ਉਤਰ ਕੇ ਸਰਕਾਰੀ ਸਕੂਲਾਂ ਅਤੇ ਕਾਲਜਾਂ ਦੇ ਪ੍ਰਬੰਧਾਂ ਦੀ ਸਿੱਧੀ ਮਾਨੀਟਰਿੰਗ ਕਰ ਰਿਹਾ ਹੈ।


ਜਨਮ ਦਿਨ ਮੁਬਾਰਕ



ਆਸੀਸ ਕੌਰ ਚੀਮਾ
ਚੀਮਾ ਮੰਡੀ


# ਗੁਰੂ ਕੇ ਵਜ਼ੀਰ ਚੜ੍ਹਦੀਕਲਾ ਸੇਵਾ ਸੁਸਾਇਟੀ 'ਚ 2 ਰਿਟਾਇਰਡ ਕੈਪਟਨ ਹੋਏ ਸ਼ਾਮਿਲ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)** ਭੋਗਪੁਰ ਦੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰੂ ਕੇ ਵਜ਼ੀਰ ਚੜ੍ਹਦੀਕਲਾ ਸੇਵਾ ਸੋਸਾਇਟੀ ਦੇ ਮੁੱਖ ਸੇਵਾਦਾਰ ਅਮਨਪ੍ਰੀਤ ਸਿੰਘ ਮਾਨ ਨੇ ਦਸਿਆਂ ਕੇ ਗੁਰੂ ਗ੍ਰੰਥ ਸਾਹਿਬ ਜੀ ਕੀ ਅਪਾਰ ਕਿਰਪਾ ਦੇ ਨਾਲ ਤੇ ਸੰਗਤ ਦੇ ਅਥਾਹ ਸਹਿਯੋਗ ਦੇ ਨਾਲ ਸਾਡੀ ਸੇਵਾ ਸੋਸਾਇਟੀ 2022 ਤੋਂ ਲਗਾਤਾਰ ਹਰ ਮਹੀਨੇ ਭੋਗਪੁਰ ਦੇ ਗ੍ਰੰਥੀ ਸਿੰਘਾਂ ਨੂੰ ਨਿਰਵਿਘਨਤਾ ਸਹਿਤ ਸਹਿਯੋਗ ਕਰ ਰਹੀ ਹੈ । ਕਿਉਕਿ ਪ੍ਰਬੰਧਕ ਕਮੇਟੀਆਂ ਗ੍ਰੰਥੀ ਸਿੰਘਾਂ ਨੂੰ ਘੱਟ ਤਨਖਾਹ ਦਿੰਦੇ ਹਨ ।ਜਿਨ੍ਹਾਂ ਨਾਲ ਗ੍ਰੰਥੀ ਸਿੰਘ ਆਰਥਿਕ ਤੌਰ ਤੇ ਮਜਬੂਤ ਨਹੀਂ ਹੋ ਰਹੇ, ਜੋ ਖਰਚੇ ਇਕ ਆਮ ਇਨਸਾਨ ਦੇ ਹੁੰਦੇ ਹਨ ਓਹੀ ਖਰਚੇ ਗ੍ਰੰਥੀ ਸਿੰਘਾਂ ਦੇ ਪਰਵਾਰਾਂ ਦੇ ਵੀ ਹੁੰਦੇ ਹਨ ਪਰ ਇਹ ਗੱਲ ਕਮੇਟੀਆਂ ਦੇ ਸਮਝ ਤੋਂ ਬਾਹਰ ਹੈ,ਤੇ ਮਹਿਜ 6 ਹਜ਼ਾਰ ਤੋਂ 8 ਹਜ਼ਾਰ ਦੀ ਤਨਖਾਹ ਨਾਲ ਘਰ ਦੇ ਗੁਜਾਰੇ ਨਹੀਂ ਚੱਲਦੇ। ਸੇਵਾ ਸੋਸਾਇਟੀ ਵਿਚ ਜਿੰਨੇ ਵੀ ਮੈਂਬਰ ਹਨ ਉਹ 300 ਰੁ ਤੋਂ 500 ਰੁ ਮਹੀਨਾ ਪਰਚੀ ਕਟਵਾ ਕੇ ਦਸਵੰਦ ਸਫਲਾ ਕਰ ਰਹੇ ਹਨ । ਸੇਵਾ ਸੋਸਾਇਟੀ ਹਰ ਮਹੀਨੇ ਗੁਰਦਵਾਰਾ ਸ੍ਰੀ ਰਵਿਦਾਸ ਜੀ ਮਹਾਰਾਜ ਦੇ ਗ੍ਰੰਥੀ ਸਿੰਘ ਜੀ ਨੂੰ 2100 ਰੁ ਮਹੀਨਾ, ਗੁਰਦਵਾਰਾ ਸੁਖ ਸਾਗਰ ਸਾਹਿਬ ਰੂਪ ਨਗਰ ਭੋਗਪੁਰ ਦੇ ਗ੍ਰੰਥੀ ਸਿੰਘ ਨੂੰ 3100ਰੁ ਮਹੀਨਾ, ਗੁਰਦਵਾਰਾ ਯਾਦਗਾਰ ਗੁਰੂ ਤੇਗ ਬਹਾਦਰ ਜੀ ਆਦਰਸ਼ ਨਗਰ ਭੋਗਪੁਰ ਅਤੇ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਦੇ ਗ੍ਰੰਥੀ ਸਿੰਘਾਂ ਨੂੰ 4100,4100 ਰੁ



ਮਹੀਨਾ,ਅਤੇ ਗੁਰਦਵਾਰਾ ਸ੍ਰੀ ਅਕਾਲ ਗੜ੍ਹ ਸਾਹਿਬ ਦੇ ਗ੍ਰੰਥੀ ਸਿੰਘ ਨੂੰ 5100 ਰੁ ਮਹੀਨਾ, ਸੇਵਾ ਸੋਸਾਇਟੀ ਵਲੋਂ ਹਰ ਮਹੀਨੇ ਨਿਰਵਿਘਨਤਾ ਸਹਿਤ ਸੇਵਾ ਦਿਤੀ ਜਾਂਦੀ ਹੈ ਅਤੇ ਆਉਣ ਵਾਲੇ ਮਹੀਨਿਆਂ ਵਿਚ ਹੋਰ ਵੀ ਗ੍ਰੰਥੀ ਸਿੰਘਾਂ ਨੂੰ ਇਸ ਸੇਵਾ ਸੋਸਾਇਟੀ ਨਾਲ ਜੋੜਣ ਦਾ ਉਪਰਾਲਾ ਕਰਦੇ ਰਹਾਂਗੇ । ਸੇਵਾ ਸੋਸਾਇਟੀ ਦੇ ਇਸੇ ਕਾਰਜਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਹਿਮਾਚਲ ਸਟੇਟ ਦੇ ਕਾਂਗੜੇ ਜਿਲ੍ਹੇ ਤੋਂ ਆਰਮੀ ਵਿੱਚੋ ਰਿਟਾਇਰਡ ਕੈਪਟਨ ਪਰਵਿੰਦਰ ਸਿੰਘ ਤੇ ਸਤਵਿੰਦਰ ਸਿੰਘ ਆਪਣੇ 2 ਹੋਰ ਸਾਥੀਆਂ ਸਮੇਤ ਹਰਪ੍ਰੀਤ ਸਿੰਘ ਫੌਜ 'ਚੋਂ, ਬਲਜਿੰਦਰ ਸਿੰਘ ਬੱਲੀ ਨੂੰ ਸੇਵਾ ਸੋਸਾਇਟੀ ਦੇ ਮੈਂਬਰ ਬਣਾਇਆ। ਇਸੇ ਤਰਾਂ ਅਗਸਤ ਮਹੀਨੇ ਵਿਚ ਕੁਝ ਨਵੇਂ ਮੈਂਬਰ ਵੀ ਸ਼ਾਮਿਲ ਹੋਏ ਜਿਨ੍ਹਾਂ ਵਿਚ ਜਸਪਾਲ ਸਿੰਘ ਭੋਗਪੁਰ, ਸੁਖਦੀਪ ਸਿੰਘ ਸੁਖ, ਬਲਪ੍ਰੀਤ ਸਿੰਘ ਤਬਲਾ ਵਾਦਕ, ਹਰਜੋਤ ਸਿੰਘ ਇਟਲੀ ਵਾਲੇ, ਕੁਲਦੀਪ ਸਿੰਘ ਪਿੰਡ ਮੋਗੇ ਤੋਂ, ਅਮਰਜੀਤ ਸਿੰਘ ਗੁਰੂ ਕਿਰਪਾ ਗਲਾਸ ਵਾਲੇ ਬਜਾਜਾ ਵਾਲੇ, ਇੰਦਰਜੀਤ ਸਿੰਘ ਭੋਗਲ ਲੁਹਾਰਾਂ ਵਾਲੇ, ਮਨਪ੍ਰੀਤ ਸਿੰਘ ਲੁਹਾਰਾਂ ਵਾਲੇ ਹਨ।

# ਬੋਹਣ ਵਿਖੇ 'ਪਰਾਧੀਨਤਾ ਦਾ ਅੰਤ, ਬੇਗਮਪੁਰੇ ਦਾ ਸੰਕਲਪ' ਯਾਤਰਾ ਦਾ ਸਵਾਗਤ

**ਹੁਸ਼ਿਆਰਪੁਰ (ਓ ਪੀ ਰਾਣਾ)**- ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਪਰਾਧੀਨਤਾ ਦਾ ਅੰਤ ਅਤੇ ਬੇਗਮਪੁਰੇ ਦਾ ਸੰਕਲਪ' ਗੁਰੂ ਰਵਿਦਾਸ ਸਨਮਾਨ ਯਾਤਰਾ ਵੱਖ-ਵੱਖ ਵਿਧਾਨ ਸਭਾ ਹਲਕਿਆਂ, ਸ਼ਹਿਰਾਂ ਤੋਂ ਹੁੰਦੀ ਹੋਈ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਪਿੰਡ ਬੋਹਣ ਵਿਖੇ ਪਹੁੰਚੀ ਜਿਥੇ ਯਾਤਰਾ ਦਾ ਨਿੱਘਾ ਭਰਪੂਰ ਸਵਾਗਤ ਕਰਦਿਆਂ ਡੇਰਾ 108 ਸੰਤ ਸੀਤਲ ਦਾਸ ਬੋਹਣ



ਦੇ ਗੱਦੀ ਨਸ਼ੀਨ ਸੰਤ ਸੁਆਮੀ ਸਰਵਣ ਦਾਸ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ.ਪੰਜਾਬ ਵਲੋਂ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ, ਵਿਪੁਲ ਕੁਮਾਰ ਇੰਚਾਰਜ ਪੰਜਾਬ,ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ ਪੰਜਾਬ, ਇੰਚਾਰਜ ਲੋਕ ਸਭਾ ਹੁਸ਼ਿਆਰਪੁਰ ਤੇ ਲੀਡਰਸ਼ਿਪ ਨੂੰ ਸਿਰੋਪੇ ਭੇਟ ਕਰਕੇ ਸਨਮਾਨਤ ਕੀਤਾ। ਇਸ ਮੌਕੇ ਡਾ. ਕਰੀਮਪੁਰੀ ਨੇ ਸੰਤ ਸਮਾਜ ਦਾ ਧੰਨਵਾਦ ਕਰਦਿਆਂ ਕਿਹਾ ਸੰਤ ਸਮਾਜ ਨੂੰ 2027 ਵਿੱਚ ਪੰਜਾਬ ਵਿੱਚ ਬੇਗਮਪੁਰਾ ਦੇ ਸੁਪਨਿਆਂ ਨੂੰ ਪੂਰਾ ਕਰਨ ਵਾਲੀ ਸਰਕਾਰ ਬਣਾਉਣ ਲਈ ਬਹੁਜਨ ਸਮਾਜ ਦੀ ਅਗਵਾਈ ਕਰਨੀ ਚਾਹੀਦੀ ਹੈ। ਇਤਿਹਾਸਕ ਸ੍ਰੀ ਗੁਰੂ ਰਵਿਦਾਸ ਮੰਦਿਰ ਤੁਗਲਕਾਬਾਦ ਦਿੱਲੀ ਤੋਂ ਸ਼ੁਰੂ ਹੋਈ 'ਪ੍ਰਾਧੀਨਤਾ ਦਾ ਅੰਤ ਬੇਗਮਪੁਰੇ ਦਾ ਸੰਕਲਪ' ਯਾਤਰਾ ਲਈ ਸੰਤ ਸਮਾਜ ਵਲੋਂ ਮਿਲ ਰਿਹਾ ਭਾਰੀ ਅਸ਼ੀਰਵਾਦ 2027 'ਚ ਵੱਡਾ ਬਦਲਾਅ ਲਿਆਵੇਗਾ। ਇਸ ਮੌਕੇ ਪਰਜਾਪਤੀ ਅਜੀਤ ਸਿੰਘ ਭੈਣੀ ਸਟੇਟ ਕੁਆਡੀਨੇਟਰ, ਠੇਕੇਦਾਰ ਹਰਭਜਨ ਸਿੰਘ ਬਜਹੇੜੀ, ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ ਪੰਜਾਬ, ਚੋਧਰੀ ਗੁਰਨਾਮ ਸਿੰਘ ਜੋਨ ਇੰਚਾਰਜ ਪੰਜਾਬ, ਇੰਜੀ.ਜਸਵੰਤ ਰਾਏ ਦਫਤਰ ਇੰਚਾਰਜ, ਮਨਿੰਦਰ ਸ਼ੇਰਪੁਰੀ ਸਕੱਤਰ ਪੰਜਾਬ, ਦਲਜੀਤ ਰਾਏ ਜਿਲਾ ਪ੍ਰਧਾਨ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਚੱਬੇਵਾਲ, ਸੋਮ ਲਾਲ ਬੋਹਣ, ਡੇਰਾ ਬੋਹਣ ਦੇ ਸੇਵਾਦਾਰ ਲਵਪ੍ਰੀਤ, ਮਦਨ ਸਿੰਘ ਬੈਸ ਇੰਚਾਰਜ ਹੁਸ਼ਿਆਰਪੁਰ, ਸੋਮ ਨਾਥ ਬੈਸ , ਯਸ਼ ਭੱਟੀ ਪ੍ਰਧਾਨ ਚੱਬੇਵਾਲ, ਇੰਜੀ. ਜਗਦੀਸ਼ ਬੱਧਣ ਪ੍ਰਧਾਨ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ, ਸਰਪੰਚ ਬਲਵੀਰ ਸਿੰਘ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਭਾ, ਬੀ ਆਰ ਬੱਧਣ ਮੈਨੇਜਰ, ਮੁੱਖੀ ਰਾਮ ਰੱਲ ਕੌਂਸਲਰ, ਹਰਜੀਤ ਲਾਡੀ, ਪਾਲੀ ਬੇਗਮਪੁਰੀਆ, ਐਡਵੋਕੇਟ ਧਰਮਿੰਦਰ ਦਾਦਰਾ, ਇੰਜੀ. ਸੱਤਪਾਲ ਭਾਰਦਵਾਜ, ਇੰਜੀ.ਇੰਦਰ ਜੀਤ ਬੱਧਣ, ਪ੍ਰੋਫੈਸਰ ਮੇਜਰ ਸਿੰਘ, ਲੈਕਚਰਾਰ ਲਖਵਿੰਦਰ ਰਾਮ, ਡਾ. ਸੁਰਿੰਦਰ ਕੁਮਾਰ, ਕਸ਼ਮੀਰ ਲੱਧੜ, ਲੈਕਚਰਾਰ ਪੂਰਨ ਸਿੰਘ, ਹੈੱਡ ਮਾਸਟਰ ਸੁਰਿੰਦਰ ਕੁਮਾਰ, ਡਾ. ਚਰਨਜੀਤ ਸਿੰਘ,ਬਲਵਿੰਦਰ ਕੁਮਾਰ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ।